ਵੀਰਵਾਰ, 16 ਅਪ੍ਰੈਲ, 2026
3 ਵਿਸਾਖ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 74
ਅੰਕ/NO. : 315

ਰੋਜ਼ਾਨਾ
ਨਵਾਂ ਜ਼ਮਾਨਾ

DAILY NAWAN ZAMANA • THURSDAY, 16 APRIL, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 14

ਪਵਨ ਖੇੜਾ ਨੂੰ ਸੁਪਰੀਮ ਕੋਰਟ ਤੋਂ ਝਟਕਾ

ਨਵੀਂ ਦਿੱਲੀ : ਕਾਂਗਰਸੀ ਆਗੂ ਪਵਨ ਖੇੜਾ ਨੂੰ ਵੱਡਾ ਝਟਕਾ ਦਿੰਦਿਆਂ ਸੁਪਰੀਮ ਕੋਰਟ ਨੇ ਬੁੱਧਵਾਰ ਤੇਲੰਗਾਨਾ ਹਾਈ ਕੋਰਟ ਦੇ ਉਸ ਫੈਸਲੇ 'ਤੇ ਰੋਕ ਲਗਾ ਦਿੱਤੀ ਹੈ, ਜਿਸ ਵਿੱਚ ਉਨ੍ਹਾ ਨੂੰ ਇੱਕ ਹਫਤੇ ਦੀ ਆਰਜ਼ੀ ਪੇਸ਼ਗੀ ਜ਼ਮਾਨਤ ਦਿੱਤੀ ਗਈ ਸੀ। ਇਹ ਮਾਮਲਾ ਅਸਾਮ ਦੇ ਮੁੱਖ ਮੰਤਰੀ ਹਿਮੰਤ ਬਿਸਵਾ ਸਰਮਾ ਦੀ ਪਤਨੀ ਵਿਰੁੱਧ ਲਗਾਏ ਗਏ ਦੋਸ਼ਾਂ ਨਾਲ ਸੰਬੰਧਤ ਹੈ।

ਸੁਪਰੀਮ ਕੋਰਟ ਨੇ ਅਸਾਮ ਸਰਕਾਰ ਵੱਲੋਂ ਤਿਲੰਗਾਨਾ ਹਾਈ ਕੋਰਟ ਦੇ ਫੈਸਲੇ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ 'ਤੇ ਖੇੜਾ ਅਤੇ ਹੋਰਾਂ ਨੂੰ ਨੋਟਿਸ ਜਾਰੀ ਕਰਕੇ ਜਵਾਬ ਮੰਗਿਆ ਹੈ। ਕਾਂਗਰਸੀ ਆਗੂ ਨੇ 5 ਅਪਰੈਲ ਨੂੰ ਦੋਸ਼ ਲਾਇਆ ਸੀ ਕਿ ਅਸਾਮ ਦੇ ਮੁੱਖ ਮੰਤਰੀ ਦੀ ਪਤਨੀ ਰਿੰਕੀ ਭੂਈਆਂ ਸਰਮਾ ਕੋਲ ਕਈ ਪਾਸਪੋਰਟ ਅਤੇ ਵਿਦੇਸ਼ੀ ਜਾਇਦਾਦ ਹੈ, ਜਿਸ ਦਾ ਐਲਾਨ ਮੁੱਖ ਮੰਤਰੀ ਦੇ ਚੋਣ ਹਲਫਨਾਮੇ ਵਿੱਚ ਨਹੀਂ ਕੀਤਾ ਗਿਆ ਸੀ। ਸਰਮਾ ਪਰਵਾਰ ਨੇ ਕਾਂਗਰਸ ਨੇਤਾ ਵਿਰੁੱਧ ਗੁਹਾਟੀ ਵਿੱਚ ਕੇਸ ਦਰਜ ਕਰਵਾਇਆ ਸੀ।

ਮ੍ਰਿਤਕ ਮਜ਼ਦੂਰਾਂ ਦੀ ਗਿਣਤੀ 19

ਸ਼ਕਤੀ : ਛੱਤੀਸਗੜ੍ਹ ਦੇ ਸਕਤੀ ਜ਼ਿਲ੍ਹੇ ਵਿੱਚ ਵੇਦਾਂਤਾ ਪਾਵਰ ਪਲਾਂਟ ਵਿੱਚ ਹੋਏ ਧਮਾਕੇ ਵਿੱਚ ਮਰਨ ਵਾਲਿਆਂ ਦੀ ਗਿਣਤੀ 19 ਹੋ ਗਈ। ਚਾਰ ਮੌਕੇ 'ਤੇ ਮਾਰੇ ਗਏ ਸਨ, ਜਦਕਿ 13 ਨੇ ਰਾਇਗੜ੍ਹ ਦੇ ਵੱਖ-ਵੱਖ ਹਸਪਤਾਲਾਂ ਤੇ 2 ਨੇ ਰਾਇਪੁਰ ਦੇ ਹਸਪਤਾਲ ਵਿੱਚ ਦਮ ਤੋੜਿਆ। ਧਮਾਕਾ ਮੰਗਲਵਾਰ ਦੁਪਹਿਰ ਨੂੰ ਸਿੰਘੀਤਰਾਈ ਪਿੰਡ ਵਿੱਚ ਸਥਿਤ ਵੇਦਾਂਤਾ ਲਿਮਟਿਡ ਪਾਵਰ ਪਲਾਂਟ ਵਿੱਚ ਬਾਇਲਰ ਤੋਂ ਟਰਬਾਈਨ ਤੱਕ ਉੱਚ-ਦਬਾਅ ਵਾਲੀ ਭਾਫ ਲੈ ਕੇ ਜਾਣ ਵਾਲੀ ਸਟੀਲ ਦੀ ਪਾਈਪ ਵਿੱਚ ਹੋਇਆ ਸੀ।

ਸਮਰਾਟ ਦੇ ਨਾਲ ਜੇ ਡੀ ਯੂ ਦੇ ਦੋ ਉਪ ਮੁੱਖ ਮੰਤਰੀ

ਪਟਨਾ : ਸਮਰਾਟ ਚੌਧਰੀ ਨੇ ਬੁੱਧਵਾਰ ਬਿਹਾਰ ਵਿੱਚ ਭਾਜਪਾ ਦੇ ਪਹਿਲੇ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ। ਰਾਜ ਭਵਨ ਵਿੱਚ ਰਾਜਪਾਲ ਲੈਫਟੀਨੈਂਟ ਜਨਰਲ ਸਈਅਦ ਅਤਾ ਹਸਨੈਨ (ਸੇਵਾਮੁਕਤ) ਨੇ ਚੌਧਰੀ ਤੋਂ ਇਲਾਵਾ ਜਨਤਾ ਦਲ (ਯੂ) ਦੇ ਵਿਜੇ ਕੁਮਾਰ ਚੌਧਰੀ ਤੇ ਬਿਜੇਂਦਰ ਪ੍ਰਸਾਦ ਯਾਦਵ ਨੂੰ ਮੰਤਰੀਆਂ ਵਜੋਂ ਸਹੁੰ ਚੁਕਾਈ, ਜਿਹੜੇ ਉਪ ਮੁੱਖ ਮੰਤਰੀ ਵਜੋਂ ਕੰਮ ਕਰਨਗੇ।

ਸਕਾਰਪੀਓ 'ਚ ਨੌਜਵਾਨ ਦੀ ਗੋਲੀ ਲੱਗਣ ਨਾਲ ਮੌਤ

ਮੋਗਾ, (ਇਕਬਾਲ ਸਿੰਘ ਖਹਿਰਾ) ਧਰਮਕੋਟ-ਜਲੰਧਰ ਰੋਡ 'ਤੇ ਪੈਂਦੇ ਪੰਡੋਰੀ ਰੋਡ ਸਾਹਮਣੇ ਇੱਕ ਸਕਾਰਪੀਓ 'ਚ ਸਵਾਰ



ਨੌਜਵਾਨ ਦੀ ਗੋਲੀ ਲੱਗਣ ਕਾਰਨ ਮੌਤ ਹੋ ਗਈ। ਮ੍ਰਿਤਕ ਦੀ ਪਹਿਚਾਣ ਗੁਰਪ੍ਰੀਤ ਸਿੰਘ ਉਰਫ਼ ਗੈਰੀ ਪੁੱਤਰ ਕੁਲਵੰਤ ਸਿੰਘ ਵਾਸੀ ਧਰਮਕੋਟ ਵਜੋਂ ਹੋਈ। ਗੁਰਪ੍ਰੀਤ ਸਿੰਘ ਧਰਮਕੋਟ ਵਿੱਚ ਗੈਰੀ ਕੁਲੈਕਸ਼ਨ ਨਾਂਅ ਨਾਲ ਰੈਡੀਮੇਡ ਕੱਪੜਿਆਂ ਦੀ ਦੁਕਾਨ ਚਲਾਉਂਦਾ ਸੀ। ਮ੍ਰਿਤਕ ਘਰੋਂ ਇਹ ਕਹਿ ਕੇ ਨਿਕਲਿਆ ਸੀ ਕਿ ਉਹ ਆਪਣੀ ਗੱਡੀ ਧੁਲਵਾਉਣ ਜਾ ਰਿਹਾ ਹੈ। ਕਾਫੀ ਸਮਾਂ ਬੀਤ ਜਾਣ ਦੇ ਬਾਵਜੂਦ ਜਦੋਂ ਉਸ ਨਾਲ ਸੰਪਰਕ ਨਹੀਂ ਹੋ ਸਕਿਆ ਤਾਂ ਪਰਵਾਰਕ ਮੈਂਬਰਾਂ ਨੇ ਉਸ ਦੀ ਭਾਲ ਸ਼ੁਰੂ ਕੀਤੀ। ਇਸ ਦੌਰਾਨ ਦੁਕਾਨ ਦੇ ਇੱਕ ਕਰਮਚਾਰੀ ਨੇ ਮੌਕੇ 'ਤੇ ਪਹੁੰਚ ਕੇ ਦੇਖਿਆ ਕਿ ਗੁਰਪ੍ਰੀਤ ਸਿੰਘ ਗੱਡੀ ਵਿੱਚ ਖੂਨ ਨਾਲ ਲਥਪਥ ਹਾਲਤ ਵਿੱਚ ਪਿਆ ਹੋਇਆ ਸੀ। ਪਰਵਾਰਕ ਮੈਂਬਰ ਤੁਰੰਤ ਮੌਕੇ 'ਤੇ ਪਹੁੰਚੇ ਅਤੇ ਉਸੇ ਗੱਡੀ ਵਿੱਚ ਗੈਰੀ ਨੂੰ ਮੋਗਾ ਦੇ ਸਰਕਾਰੀ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਪੁਲਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

ਪੋਤੀ 'ਤੇ ਜ਼ੁਲਮ ਢਾਹੁਣ ਦੇ ਦੋਸ਼ 'ਚ ਮਹਿਲਾ ਏ ਐੱਸ ਆਈ ਮੁਅੱਤਲ

ਫਰੀਦਕੋਟ : ਇੱਥੋਂ ਦੀ ਡੋਗਰ ਬਸਤੀ ਵਿੱਚ ਆਪਣੀ 5 ਸਾਲਾ ਪੋਤੀ ਨੂੰ ਕੜਕਦੀ ਧੁੱਪ ਵਿੱਚ ਘਰ ਦੇ ਗੇਟ ਨਾਲ ਬੰਨ੍ਹ ਕੇ ਰੱਖਣ ਦੇ ਦੋਸ਼ ਵਿੱਚ ਏ ਐੱਸ ਆਈ ਸਰਬਜੀਤ ਕੌਰ ਨੂੰ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰ ਦਿੱਤਾ ਗਿਆ ਹੈ। ਘਟਨਾ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋਣ ਤੋਂ ਬਾਅਦ ਇਲਾਕੇ ਵਿੱਚ ਭਾਰੀ ਰੋਸ ਹੈ। ਸਰਬਜੀਤ ਕੌਰ ਥਾਣਾ ਸਦਰ ਵਿਖੇ 'ਵਿਮੈਨ ਹੈਲਪ ਡੈਸਕ' ਵਜੋਂ ਤਾਇਨਾਤ ਸੀ। ਬੱਚੀ ਦੇ ਮਾਪੇ ਰੋਜ਼ੀ-ਰੋਟੀ ਲਈ ਪੁਰਤਗਾਲ ਰਹਿੰਦੇ ਹਨ ਅਤੇ ਬੱਚੀ ਦਾਦੀ ਕੋਲ ਰਹਿ ਰਹੀ ਸੀ। ਦਾਦੀ ਨੇ ਕਥਿਤ ਤੌਰ 'ਤੇ ਮਾਸੂਮ ਦੇ ਹੱਥ-ਪੈਰ ਬੰਨ੍ਹ ਕੇ ਉਸ ਨੂੰ ਕਈ ਘੰਟਿਆਂ ਤੱਕ ਬਾਹਰ ਧੁੱਪ ਵਿੱਚ ਛੱਡ ਦਿੱਤਾ। ਇਹ ਬੇਰਹਿਮੀ ਉਸ ਵੇਲੇ ਸਾਹਮਣੇ ਆਈ, ਜਦੋਂ ਗੁਆਂਢੀਆਂ ਨੇ ਬੱਚੀ ਦੇ ਰੋਣ ਦੀ ਆਵਾਜ਼ ਸੁਣੀ। ਜਦੋਂ ਲੋਕਾਂ ਨੇ ਬੱਚੀ ਨੂੰ ਛੁਡਾਉਣ ਦੀ ਕੋਸ਼ਿਸ਼ ਕੀਤੀ ਅਤੇ ਦਰਵਾਜ਼ਾ ਖੜਕਾਇਆ ਤਾਂ ਮਹਿਲਾ ਅਧਿਕਾਰੀ ਨੇ ਪਹਿਲਾਂ ਦਰਵਾਜ਼ਾ ਖੋਲ੍ਹਣ ਤੋਂ ਇਨਕਾਰ ਕਰ ਦਿੱਤਾ। ਡੀ ਐੱਸ ਪੀ ਤਰਲੋਚਨ ਸਿੰਘ ਨੇ ਕਿਹਾ, "ਬੱਚੀ ਨਾਲ ਅਜਿਹਾ ਵਿਵਹਾਰ ਨਾ-ਕਾਬਿਲੇ ਬਰਦਾਸ਼ਤ ਹੈ। ਮਾਮਲਾ ਬਾਲ ਭਲਾਈ ਕਮੇਟੀ ਨੂੰ ਭੇਜ ਦਿੱਤਾ ਗਿਆ ਹੈ।"

ਲੋਕ ਨਾਇਕ ਭਵਨ ਨੂੰ ਧਮਕੀ

ਨਵੀਂ ਦਿੱਲੀ : ਇੱਥੇ ਖਾਨ ਮਾਰਕੀਟ ਦੇ ਕੋਲ ਸਥਿਤ ਲੋਕ ਨਾਇਕ ਭਵਨ ਨੂੰ ਬੁੱਧਵਾਰ 12 ਵੱਜ ਕੇ 35 ਮਿੰਟ 'ਤੇ ਈਮੇਲ ਰਾਹੀਂ ਬੰਬ ਸੰਬੰਧੀ ਧਮਕੀ ਮਿਲੀ, ਜਿਸ ਤੋਂ ਬਾਅਦ ਕੰਪਲੈਕਸ ਨੂੰ ਖਾਲੀ ਕਰਵਾਇਆ ਗਿਆ ਅਤੇ ਕਈ ਐਮਰਜੈਂਸੀ ਟੀਮਾਂ ਨੂੰ ਤਾਇਨਾਤ ਕੀਤਾ ਗਿਆ। ਤਲਾਸ਼ੀ ਵਿੱਚ ਕੁਝ ਵੀ ਸ਼ੱਕੀ ਨਹੀਂ ਮਿਲਿਆ ਹੈ।

ਜੰਗ ਮੁੱਕਣ ਹੀ ਵਾਲੀ : ਟਰੰਪ

ਵਾਸ਼ਿੰਗਟਨ : ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਇਸ਼ਾਰਾ ਕੀਤਾ ਹੈ ਕਿ ਈਰਾਨ ਨਾਲ ਜੰਗ ਮੁੱਕਣ ਵਾਲੀ ਹੀ ਹੈ। ਗੱਲਬਾਤ ਇੱਕ-ਦੋ ਦਿਨਾਂ ਵਿੱਚ ਹੋਣ ਜਾ ਰਹੀ ਹੈ ਤੇ ਜੰਗਬੰਦੀ ਹੋਰ ਵਧਾਉਣ ਦੀ ਲੋੜ ਨਹੀਂ ਪੈਣੀ। ਮੀਡੀਆ ਨਾਲ ਗੱਲਬਾਤ ਵਿੱਚ ਉਨ੍ਹਾ ਕਿਹਾ ਕਿ ਅਗਲੇ ਦੋ ਦਿਨ ਹੈਰਾਨਕੁੰਨ ਹੋਣਗੇ। ਦੱਸਿਆ ਜਾ ਰਿਹਾ ਹੈ ਕਿ ਪਰਦੇ ਪਿੱਛੇ ਚੱਲ ਰਹੀਆਂ ਕੋਸ਼ਿਸ਼ਾਂ ਵਿੱਚ ਮਤਭੇਦ ਘਟਾ ਲਏ ਗਏ ਹਨ ਤੇ ਸਮਝੌਤੇ ਦੀ ਆਸ ਬੱਝ ਗਈ ਹੈ। ਈਰਾਨੀ ਬੰਦਰਗਾਹਾਂ ਦੀ ਨਾਕਾਬੰਦੀ ਵਿਚਾਲੇ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਦੂਜੇ ਦੌਰ ਦੀ ਗੱਲਬਾਤ ਦੇ ਸੰਕੇਤ ਦਿੱਤੇ ਹਨ। ਹਾਲਾਂਕਿ ਨਾਕਾਬੰਦੀ ਕਰਕੇ ਤਣਾਅ ਵਧਣ ਨਾਲ ਈਰਾਨ ਨੇ ਖੇਤਰ ਵਿੱਚ ਹਮਲੇ ਕਰਨ ਦੀ ਧਮਕੀ ਦਿੱਤੀ ਹੈ। ਉੱਥੇ ਹੀ ਅਮਰੀਕੀ ਉਪ-ਰਾਸ਼ਟਰਪਤੀ ਜੇ ਡੀ ਵੈਂਸ ਨੇ ਇਸਲਾਮਾਬਾਦ ਵਿੱਚ ਅਮਰੀਕਾ ਅਤੇ ਈਰਾਨ ਵਿਚਾਲੇ ਹੋਈ ਪਹਿਲੇ ਦੌਰ ਦੀ ਗੱਲਬਾਤ ਵਿੱਚ ਕੋਈ ਨਤੀਜਾ ਨਾ ਨਿਕਲਣ ਦਾ ਵੱਡਾ ਕਾਰਨ ਦੋਵਾਂ ਦੇਸ਼ਾਂ ਵਿਚਾਲੇ ਡੂੰਘੀ ਬੇਭਰੋਸਗੀ ਨੂੰ ਦੱਸਿਆ ਹੈ।

ਅਮਰੀਕਾ ਦੀ ਸੈਂਟਰਲ ਕਮਾਂਡ (ਸੈਂਟਕਾਮ) ਨੇ ਬੁੱਧਵਾਰ ਐਲਾਨ ਕੀਤਾ ਕਿ ਈਰਾਨ ਦੀਆਂ ਬੰਦਰਗਾਹਾਂ ਦੀ ਪੂਰੀ ਨਾਕਾਬੰਦੀ ਸਫਲਤਾਪੂਰਵਕ ਲਾਗੂ ਕਰ ਦਿੱਤੀ ਗਈ ਹੈ, ਜਿਸ ਵਿੱਚ ਅਮਰੀਕੀ ਫੌਜਾਂ ਨੇ ਖੇਤਰੀ ਜਲ ਮਾਰਗਾਂ, ਖਾਸ ਕਰਕੇ ਹਾਰਮੁਜ਼ ਜਲਮਾਰਗ ਵਿੱਚ ਆਪਣਾ ਸਮੁੰਦਰੀ ਦਬਦਬਾ ਕਾਇਮ ਕਰ ਲਿਆ ਹੈ।

ਸੈਂਟਕਾਮ ਦੇ ਕਮਾਂਡਰ ਐਡਮਿਰਲ ਬਰੈਡ ਕੂਪਰ ਨੇ ਕਿਹਾ ਕਿ ਨਾਕਾਬੰਦੀ ਸ਼ੁਰੂ ਕਰਨ ਦੇ ਕੇਵਲ 36 ਘੰਟਿਆਂ ਦੇ ਅੰਦਰ ਅਮਰੀਕੀ ਫੌਜਾਂ ਨੇ ਈਰਾਨ ਦੇ ਅੰਦਰ ਅਤੇ ਬਾਹਰ ਹੋਣ ਵਾਲੇ ਸਾਰੇ ਸਮੁੰਦਰੀ ਵਪਾਰ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਰੋਕ ਦਿੱਤਾ ਹੈ। ਇੱਕ ਅੰਦਾਜ਼ੇ ਅਨੁਸਾਰ ਈਰਾਨ ਦੀ 90 ਫੀਸਦੀ ਆਰਥਿਕਤਾ ਸਮੁੰਦਰ ਰਾਹੀਂ ਹੋਣ ਵਾਲੇ ਕੌਮਾਂਤਰੀ ਵਪਾਰ 'ਤੇ ਨਿਰਭਰ ਹੈ। ਨਾਕਾਬੰਦੀ ਲਾਗੂ ਹੋਣ ਤੋਂ ਬਾਅਦ 36 ਘੰਟਿਆਂ ਤੋਂ ਵੀ ਘੱਟ ਸਮੇਂ ਵਿੱਚ ਅਮਰੀਕੀ ਫੌਜ ਨੇ ਸਮੁੰਦਰ ਦੇ ਰਸਤੇ ਈਰਾਨ ਆਉਣ-ਜਾਣ ਵਾਲੇ ਸਾਰੇ ਆਰਥਿਕ ਵਪਾਰ ਨੂੰ ਮੁਕੰਮਲ ਤੌਰ 'ਤੇ ਠੱਪ ਕਰ ਦਿੱਤਾ ਹੈ।

ਇਸੇ ਦੌਰਾਨ ਇੰਗਲੈਂਡ ਦੇ ਫਾਇਨੈਂਸ਼ੀਅਲ ਟਾਈਮਜ਼ ਦੀ ਬੁੱਧਵਾਰ ਦੀ ਰਿਪੋਰਟ ਮੁਤਾਬਕ ਈਰਾਨ ਨੇ ਗੁਪਤ ਤਰੀਕੇ ਨਾਲ ਇੱਕ ਚੀਨੀ ਜਾਸੂਸੀ ਸੈਟੇਲਾਈਟ ਦੀ ਵਰਤੋਂ ਕੀਤੀ ਹੈ। ਇਸ ਸੈਟੇਲਾਈਟ ਰਾਹੀਂ ਈਰਾਨ ਨੂੰ ਹਾਲੀਆ ਜੰਗ ਦੌਰਾਨ ਪੂਰੇ ਮੱਧ ਪੂਰਬ ਵਿੱਚ ਬਣੇ ਅਮਰੀਕੀ ਫੌਜੀ ਅੱਡਿਆਂ ਨੂੰ ਨਿਸ਼ਾਨਾ ਬਣਾਉਣ ਵਿੱਚ ਵੱਡੀ ਮਦਦ ਮਿਲੀ ਅਤੇ ਉਸ ਦੀ ਤਾਕਤ ਵਿੱਚ ਵਾਧਾ ਹੋਇਆ।

ਲਵਲੀ ਗਰੁੱਪ 'ਤੇ ਛਾਪਿਆਂ ਦੀ ਮਾਨ ਤੇ ਕੇਜਰੀਵਾਲ ਵੱਲੋਂ ਕਰੜੀ ਨਿੰਦਾ

ਜਲੰਧਰ : ਐਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਦੀ ਦਿੱਲੀ ਟੀਮ ਨੇ ਬੁੱਧਵਾਰ ਤੜਕੇ ਜਲੰਧਰ ਅਤੇ ਫਗਵਾੜਾ ਵਿੱਚ ਲਵਲੀ ਗਰੁੱਪ ਦੇ ਸਾਰੇ ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰ ਅਸ਼ੋਕ ਮਿੱਤਲ ਇਸ ਗਰੁੱਪ ਦੇ ਪ੍ਰਧਾਨ ਹਨ ਅਤੇ ਉਨ੍ਹਾ ਨੂੰ ਹਾਲ ਹੀ ਵਿੱਚ ਰਾਘਵ ਚੱਢਾ ਨੂੰ ਹਟਾ ਕੇ ਰਾਜ ਸਭਾ ਦੇ ਡਿਪਟੀ ਲੀਡਰ ਦੇ ਅਹੁਦੇ 'ਤੇ ਤਾਇਨਾਤ ਕੀਤਾ ਗਿਆ ਸੀ।

ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ), ਲਵਲੀ ਆਟੋਜ਼, ਲਵਲੀ ਸਵੀਟਸ ਅਤੇ ਲਵਲੀ ਡਿਸਟੈਂਸ ਐਜੂਕੇਸ਼ਨ ਸੈਂਟਰ ਦੇ ਇਲਾਵਾ ਅਸ਼ੋਕ ਮਿੱਤਲ ਦੇ ਭਰਾਵਾਂ ਰਮੇਸ਼ ਮਿੱਤਲ ਅਤੇ ਨਰੇਸ਼ ਮਿੱਤਲ ਸਮੇਤ ਪਰਵਾਰ ਦੇ ਵੱਖ-ਵੱਖ ਰਿਹਾਇਸ਼ੀ ਸਥਾਨਾਂ ਅਤੇ ਦਫਤਰਾਂ ਦੀ ਫਾਰੇਨ ਐਕਸਚੇਂਜ ਮੈਨੇਜਮੈਂਟ ਐਕਟ (ਫੇਮਾ) ਦੀਆਂ ਕਥਿਤ ਉਲੰਘਣਾਵਾਂ ਦੇ ਸੰਬੰਧ 'ਚ ਛਾਪੇ ਮਾਰੇ ਗਏ। ਅਸ਼ੋਕ ਮਿੱਤਲ ਐੱਲ ਪੀ ਯੂ ਦੇ ਬਾਨੀ ਚਾਂਸਲਰ ਵੀ ਹਨ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਸ਼ੋਕ ਮਿੱਤਲ ਦੇ ਘਰ ਅਤੇ ਦਫਤਰਾਂ 'ਤੇ ਹੋਈ ਛਾਪੇਮਾਰੀ ਇਸ ਗੱਲ ਦਾ ਸਪੱਸ਼ਟ ਸੰਕੇਤ ਹੈ ਕਿ ਭਾਜਪਾ ਨੇ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਆਪਣੀ ਚੋਣ ਮੁਹਿੰਮ ਸ਼ੁਰੂ ਕਰ ਦਿੱਤੀ ਹੈ। ਛਾਪੇਮਾਰੀ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਭਾਜਪਾ ਨੇ ਪੰਜਾਬ ਵਿੱਚ ਚੋਣ ਬਿਗਲ ਵਜਾ ਦਿੱਤਾ ਹੈ। ਇਹ ਮੋਦੀ ਦਾ ਖਾਸ ਅੰਦਾਜ਼ ਹੈ। ਉਨ੍ਹਾ ਕੇਂਦਰ ਸਰਕਾਰ ਨੂੰ ਖਬਰਦਾਰ ਕਰਦਿਆਂ ਕਿਹਾ, "ਹਮ ਵੋ ਪੱਤੇ ਨਹੀਂ ਜੋ ਸ਼ਾਖ ਸੇ ਟੂਟ ਕਰ ਗਿਰ ਜਾਏਂਗੇ, ਆਂਧੀਓਂ ਸੇ ਕਹੋ ਔਕਾਤ ਮੇਂ ਰਹੇਂ।" 'ਆਪ' ਸੁਪਰੀਮੋ ਅਰਵਿੰਦ ਕੇਜਰੀਵਾਲ ਨੇ ਵੀ ਕਿਹਾ ਕਿ ਪੰਜਾਬ ਦੇ ਲੋਕ 'ਆਪ' ਆਗੂਆਂ ਨੂੰ ਨਿਸ਼ਾਨਾ ਬਣਾਉਣ ਲਈ ਕੇਂਦਰੀ ਏਜੰਸੀਆਂ ਦੀ ਵਰਤੋਂ ਨੂੰ ਬਰਦਾਸ਼ਤ ਨਹੀਂ ਕਰਨਗੇ। ਲੋਕ ਇਸ ਦਾ ਭਾਜਪਾ ਨੂੰ ਮੂੰਹ ਤੋੜਵਾਂ ਜਵਾਬ ਦੇਣਗੇ।

'ਆਪ' ਦੇ ਪੰਜਾਬ ਮਾਮਲਿਆਂ ਦੇ ਇੰਚਾਰਜ ਮਨੀਸ਼ ਸਿਸੋਦੀਆ ਨੇ ਕਿਹਾ, "ਈ ਡੀ ਅਤੇ ਸੀ ਬੀ ਆਈ ਭਾਜਪਾ ਦੇ ਚੋਣ ਪ੍ਰਚਾਰਕਾਂ ਦਾ ਪਹਿਲਾ ਬੈਚ ਹਨ, ਜੋ ਚੋਣਾਂ ਵਾਲੇ ਕਿਸੇ ਵੀ ਰਾਜ ਵਿੱਚ ਪਹੁੰਚਦੇ ਹਨ। ਫਿਰ ਉਹ ਉਨ੍ਹਾਂ ਲੋਕਾਂ ਨੂੰ ਭੇਜਦੇ ਹਨ, ਜੋ ਦੰਗੇ ਕਰਵਾਉਂਦੇ ਹਨ ਅਤੇ ਉਸ ਤੋਂ ਬਾਅਦ ਭਾਜਪਾ ਦੇ ਦੋ ਚੋਟੀ ਦੇ ਨੇਤਾ ਮੋਦੀ ਅਤੇ ਸ਼ਾਹ ਚੋਣ ਪ੍ਰਚਾਰ ਲਈ ਜਾਂਦੇ ਹਨ। ਇਸ ਵਾਰ ਉਨ੍ਹਾਂ ਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਇਹ ਪੰਜਾਬ ਹੈ, ਜਿੱਥੇ ਭਗਤ ਸਿੰਘ ਅਤੇ ਡਾ. ਬੀ ਆਰ ਅੰਬੇਡਕਰ ਨਾਲ ਨਫਰਤ ਕਰਨ ਵਾਲਿਆਂ ਨੂੰ ਕੋਈ (ਸਿਆਸੀ) ਥਾਂ ਨਹੀਂ ਮਿਲੇਗੀ।"

ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ ਵਿੱਚ ਕਈ ਠੱਗ ਮੈਂਬਰ ਵਜੋਂ ਸ਼ਾਮਲ ਹਨ। ਉਨ੍ਹਾਂ ਕਿਹਾ, ਸੂਬੇ ਦੇ ਲੋਕ ਆਪ ਸਰਕਾਰ ਦੇ ਮੌਜੂਦਾ ਮੰਤਰੀਆਂ ਖਿਲਾਫ ਐੱਫ ਆਈ ਆਰ ਦਰਜ ਕਰਵਾ ਰਹੇ ਹਨ। ਆਪ ਦੇ ਭ੍ਰਿਸ਼ਟ ਸੰਸਦ ਮੈਂਬਰਾਂ ਨੂੰ ਕੇਂਦਰੀ ਜਾਂਚ ਏਜੰਸੀਆਂ ਵੱਲੋਂ ਜਵਾਬਦੇਹ ਠਹਿਰਾਇਆ ਜਾ ਰਿਹਾ ਹੈ। ਮੋਦੀ ਜੀ 'ਸਵੱਛ ਭਾਰਤ' ਦੀ ਨੀਤੀ 'ਤੇ ਚੱਲਦੇ ਹਨ... ਉਨ੍ਹਾਂ ਨੂੰ ਇਹ ਗੰਦਗੀ ਸਾਫ ਕਰਨੀ ਹੀ ਪਵੇਗੀ।

ਭਾਜਪਾ ਦੇ ਪੰਜਾਬ ਪ੍ਰਧਾਨ ਸੁਨੀਲ ਜਾਖੜ ਨੇ ਕਿਹਾ ਕਿ ਜਦੋਂ 'ਆਪ' ਵਿਧਾਇਕਾਂ ਦੀਆਂ ਕਰਤੂਤਾਂ ਰੋਜ਼ਾਨਾ ਸਾਹਮਣੇ ਆਉਂਦੀਆਂ ਹਨ ਅਤੇ ਸੂਬਾ ਸਰਕਾਰ ਕੋਈ ਕਾਰਵਾਈ ਨਹੀਂ ਕਰਦੀ, ਤਾਂ ਭਾਰਤ ਸਰਕਾਰ ਨੂੰ ਕਾਰਵਾਈ ਕਰਨੀ ਹੀ ਪਵੇਗੀ।

ਟਾਂਡਾ ਉੜਮੁੜ ਖੇਤਰ 70 ਸਾਲਾਂ ਤੋਂ ਰਾਜਨੀਤਿਕ ਵਿਤਕਰੇ ਦਾ ਸ਼ਿਕਾਰ ਰਿਹਾ : ਭਗਵੰਤ ਮਾਨ

150 ਕਰੋੜ ਦੇ ਪ੍ਰੋਜੈਕਟਾਂ ਦਾ ਉਦਘਾਟਨ, ਸੜਕਾਂ-ਸਿਹਤ ਸਹੂਲਤਾਂ ਨੂੰ ਮਿਲੇਗੀ ਨਵੀਂ ਰਫ਼ਤਾਰ

ਟਾਂਡਾ (ਹੁਸ਼ਿਆਰਪੁਰ) (ਜਸਵਿੰਦਰ ਸੰਧੂ, ਮਿਥਲੇਸ਼ ਗਰਗ, ਓ ਪੀ ਰਾਣਾ, ਬਲਬੀਰ ਸਿੰਘ ਸੈਣੀ)

ਪੰਜਾਬ ਦੇ ਕੰਢੀ ਖੇਤਰ ਵਿੱਚ ਦਹਾਕਿਆਂ ਦੀ ਅਣਦੇਖੀ ਨੂੰ ਦੂਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਟਾਂਡਾ ਉੜਮੁੜ ਵਿੱਚ 150 ਕਰੋੜ ਰੁਪਏ ਦੇ ਵਿਕਾਸ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ।ਉਨ੍ਹਾਂ ਨੇ ਲਗਭਗ 70 ਸਾਲਾਂ ਤੋਂ ਸਹੂਲਤਾਂ ਪੱਖੋਂ ਵਾਂਝੇ ਪਿੰਡਾਂ ਲਈ ਆਧੁਨਿਕ ਸੜਕੀ ਬੁਨਿਆਦੀ ਢਾਂਚਾ, ਉੱਚ ਪੱਧਰੀ ਪੁਲ ਅਤੇ ਅਤਿ-ਆਧੁਨਿਕ ਸਿਹਤ ਸਹੂਲਤਾਂ ਦੇ ਵਿਆਪਕ ਨੈੱਟਵਰਕ ਦਾ ਐਲਾਨ ਕੀਤਾ।ਮੁੱਖ ਮੰਤਰੀ ਨੇ ਕਿਹਾ ਕਿ ਇਹ ਪਹਿਲਕਦਮੀ ਪਿਛਲੀਆਂ ਸਰਕਾਰਾਂ ਦੇ ਸਿਆਸੀ ਵਿਤਕਰੇ ਨੂੰ ਦੂਰ ਕਰਕੇ ਫੈਸਲਾਕੁੰਨ ਬਦਲਾਅ ਲਿਆਏਗੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਸਰਕਾਰ ਲੰਬੇ ਸਮੇਂ ਤੋਂ ਅਣਗੌਲਿਆਂ ਕੀਤੇ ਇਸ ਖੇਤਰ ਨੂੰ ਬਿਹਤਰ ਬੁਨਿਆਦੀ ਢਾਂਚਾ ਅਤੇ ਮਾਣ-ਸਨਮਾਨ ਪ੍ਰਦਾਨ ਕਰਨ ਲਈ ਵਚਨਬੱਧ ਹੈ।ਮੁੱਖ ਮੰਤਰੀ ਨੇ ਅਕਾਲੀ ਦਲ ਨੂੰ ਜਨਤਾ ਦੇ ਭਰੋਸੇ ਨੂੰ ਤੋੜਨ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਨਿਰਾਦਰ ਕਰਨ ਲਈ ਵੀ ਜ਼ਿੰਮੇਵਾਰ ਠਹਿਰਾਇਆ।ਉਨ੍ਹਾਂ ਅੱਜ ਦੀ ਇਸ ਪਹਿਲਕਦਮੀ ਨੂੰ ਵਿਕਾਸ ਵਿੱਚ ਵਾਧੇ ਅਤੇ ਸੂਬੇ ਦੀ ਸਿਆਸਤ ਲਈ ਨੈਤਿਕ ਮੁਲਾਂਕਣ ਵਜੋਂ ਦਰਸਾਇਆ।ਸਮਾਗਮ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਨੇ ਐਕਸ ਹੈਂਡਲ 'ਤੇ ਲਿਖਿਆ: 'ਅੱਜ ਮੈਂ ਹੁਸ਼ਿਆਰਪੁਰ ਜ਼ਿਲ੍ਹੇ ਦੇ ਟਾਂਡਾ ਵਿੱਚ 150 ਕਰੋੜ ਰੁਪਏ ਦੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦੇ ਉਦਘਾਟਨ ਸੰਬੰਧੀ ਕਰਵਾਏ ਗਏ ਸੂਬਾ ਪੱਧਰੀ ਸਮਾਗਮ ਵਿੱਚ ਹਿੱਸਾ ਲਿਆ। ਸਾਡੀ ਸਰਕਾਰ ਸੂਬੇ ਦੇ ਬੁਨਿਆਦੀ ਢਾਂਚੇ ਅਤੇ ਸਿਹਤ ਸਹੂਲਤਾਂ ਨੂੰ ਨਵੀਆਂ ਉਚਾਈਆਂ 'ਤੇ ਲੈ ਕੇ ਜਾ ਰਹੀ ਹੈ।'

ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਹੁਸ਼ਿਆਰਪੁਰ ਦੇ ਕੰਢੀ ਖੇਤਰ ਵਿੱਚ 70 ਸਾਲਾਂ ਬਾਅਦ ਸ਼ਾਨਦਾਰ ਸੜਕਾਂ ਬਣਾਈਆਂ ਜਾਣਗੀਆਂ।ਟਾਂਡਾ ਉੜਮੁੜ ਵਿੱਚ ਲਿੰਕ ਸੜਕਾਂ ਦਾ ਨਵੀਨੀਕਰਨ ਅਤੇ ਅਪਗ੍ਰੇਡ ਕੀਤਾ ਜਾਵੇਗਾ। ਉਨ੍ਹਾਂ ਅੱਗੇ ਕਿਹਾ, ਛੇ ਪਿੰਡਾਂ ਕੰਧਾਲਾ ਸ਼ੇਖਾਂ, ਰਾਜਪੁਰ, ਧੁੱਗਾ ਕਲਾਂ, ਪ੍ਰੇਮਪੁਰ, ਗਿਲਜੀਆਂ ਅਤੇ ਜਹੂਰਾ ਵਿੱਚ ਆਧੁਨਿਕ ਹੈਲਥ ਐਂਡ ਵੈਲਨੈਸ ਸੈਂਟਰ ਵਿਕਸਤ ਕੀਤੇ ਜਾ ਰਹੇ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 70 ਸਾਲਾਂ ਤੋਂ ਟਾਂਡਾ ਉੜਮੁੜ ਇਲਾਕਾ ਸਿਆਸੀ ਵਿਤਕਰੇ ਦਾ ਸ਼ਿਕਾਰ ਰਿਹਾ ਕਿਉਂਕਿ ਪਿਛਲੀਆਂ ਸਰਕਾਰਾਂ ਇੱਥੇ ਵਿਕਾਸ ਕਾਰਜ ਕਰਨ ਵਿੱਚ ਅਸਫਲ ਰਹੀਆਂ। ਸਾਡੀ ਸਰਕਾਰ ਨੇ ਇਲਾਕੇ ਦੀ ਤਰੱਕੀ ਅਤੇ ਲੋਕਾਂ ਦੀ ਖੁਸ਼ਹਾਲੀ ਯਕੀਨੀ ਬਣਾਉਣ ਲਈ ਕਈ ਸ਼ਾਨਦਾਰ ਪਹਿਲਕਦਮੀਆਂ ਕੀਤੀਆਂ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅਕਾਲੀ ਦਲ ਸ੍ਰੀ ਗੁਰੂ ਸਾਹਿਬ ਜੀ ਦੀ ਬੇਅਦਬੀ ਲਈ ਦੋਸ਼ੀ ਹੈ। ਉਨ੍ਹਾਂ ਨੂੰ ਵੋਟ ਪਾਉਣ ਦਾ ਮਤਲਬ ਹੈ ਉਸ ਬੇਅਦਬੀ ਦਾ ਸਮਰਥਨ ਕਰਨਾ। ਇਨ੍ਹਾਂ ਆਗੂਆਂ ਦੇ ਪਾਪ ਮੁਆਫ਼ ਨਹੀਂ ਕੀਤੇ ਜਾ ਸਕਦੇ ਅਤੇ ਉਨ੍ਹਾਂ ਨੂੰ ਆਪਣੇ ਮਾੜੇ ਕੰਮਾਂ ਲਈ ਲੋਕ ਕਦੇ ਵੀ ਮੁਆਫ਼ ਨਹੀਂ ਕਰ ਸਕਦੇ। ਇਹ ਮੌਕਾਪ੍ਰਸਤ ਆਗੂ ਹਨ ਜੋ ਆਪਣੀ ਸਹੂਲਤ ਅਤੇ ਨਿੱਜੀ ਸਿਆਸੀ ਹਿੱਤਾਂ ਅਨੁਸਾਰ ਗਿਰਗਿਟ ਵਾਂਗ ਆਪਣੇ ਰੰਗ ਅਤੇ ਰੁਖ਼ ਬਦਲਦੇ ਰਹਿੰਦੇ ਹਨ।

ਆਪ ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ ਨੇ ਕਿਹਾ, ਲੋਕਾਂ ਦਾ ਭਾਰੀ ਹੁੰਗਾਰਾ ਆਪ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪ੍ਰਤੀ ਉਨ੍ਹਾਂ ਦੇ ਪਿਆਰ ਨੂੰ ਦਰਸਾਉਂਦਾ ਹੈ। ਉਨ੍ਹਾਂ ਅੱਗੇ ਕਿਹਾ, ਉਹ ਪੰਜਾਬ ਦੇ ਸਭ ਤੋਂ ਪ੍ਰਸਿੱਧ ਅਤੇ ਮਿਹਨਤੀ ਮੁੱਖ ਮੰਤਰੀ ਹਨ, ਜੋ ਲੋਕਾਂ ਲਈ ਦਿਲੋਂ ਕੰਮ ਕਰ ਰਹੇ ਹਨ। ਇਸ ਮੌਕੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਡਾ. ਰਵਜੋਤ, ਸੀਨੀਅਰ ਆਪ ਨੇਤਾ ਮਨੀਸ਼ ਸਿਸੋਦੀਆ ਅਤੇ ਹੋਰ ਮੌਜੂਦ ਸਨ।

ਮੈਣੀ ਮਾਜਰੀ ਦੇ 11 ਸ਼ਰਧਾਲੂਆਂ ਦੀ ਮੌਤ

ਮੋਰਿੰਡਾ (ਨਿਹਾਲ ਸਿੰਘ ਕਲਸੀ)

ਵਿਸਾਖੀ 'ਤੇ ਆਨੰਦਪੁਰ ਸਾਹਿਬ ਵਿਖੇ ਮੱਥਾ ਟੇਕਣ ਤੋਂ ਬਾਅਦ ਮੰਗਲਵਾਰ ਰਾਤ ਵਾਪਸ ਆਉਂਦਿਆਂ ਸ਼ਰਧਾਲੂਆਂ ਦੀ ਬੱਸ ਪਲਟ ਜਾਣ ਕਾਰਨ 11 ਵਿਅਕਤੀਆਂ ਦੀ ਮੌਤ ਹੋ ਗਈ। ਹਾਦਸੇ ਵੇਲੇ ਛੇ ਵਿਅਕਤੀਆਂ ਦੀ ਮੌਤ ਹੋਈ ਸੀ ਅਤੇ 15 ਜ਼ਖ਼ਮੀ ਹੋ ਗਏ ਸਨ, ਪਰ ਬੁੱਧਵਾਰ ਸਵੇਰ 5 ਹੋਰ ਵਿਅਕਤੀਆਂ ਨੇ ਦਮ ਤੋੜ ਦਿੱਤਾ। ਇਹ ਘਟਨਾ ਰਾਤ ਕਰੀਬ 10 ਵਜੇ ਮੋਰਿੰਡਾ-ਚੁੰਨੀ ਰੋਡ ਇਲਾਕੇ ਵਿੱਚ ਭਟੇੜੀ ਨੇੜੇ ਵਾਪਰੀ। ਸਾਰੇ ਸ਼ਰਧਾਲੂ ਫਤਿਹਗੜ੍ਹ ਸਾਹਿਬ ਦੇ ਮੈਣ ਮਾਜਰੀ ਦੇ ਰਹਿਣ ਵਾਲੇ ਸਨ। ਮੁੱਢਲੀ ਜਾਣਕਾਰੀ ਅਨੁਸਾਰ ਕੁੱਝ ਤਕਨੀਕੀ ਖਰਾਬੀ ਤੋਂ ਬਾਅਦ ਡਰਾਈਵਰ ਕੰਟਰੋਲ ਗੁਆ ਬੈਠਾ, ਜਿਸ ਕਾਰਨ ਬੱਸ ਬਿਜਲੀ ਦੇ ਖੰਭੇ ਨਾਲ ਟਕਰਾਉਣ ਤੋਂ ਬਾਅਦ ਪਲਟ ਗਈ। ਪੁਲਸ ਅਧਿਕਾਰੀ ਨੇ ਦੱਸਿਆ ਕਿ ਹਾਦਸੇ ਦੌਰਾਨ ਬੱਸ ਵਿੱਚ 40 ਦੇ ਕਰੀਬ ਸ਼ਰਧਾਲੂ ਸਫਰ ਕਰ ਰਹੇ ਸਨ। ਜ਼ਖਮੀਆਂ ਨੂੰ ਸ਼ੁਰੂ ਵਿੱਚ ਮੋਰਿੰਡਾ ਅਤੇ ਫਤਿਹਗੜ੍ਹ ਸਾਹਿਬ ਦੇ ਹਸਪਤਾਲਾਂ ਵਿੱਚ ਭੇਜਿਆ ਗਿਆ, ਜਦੋਂ ਕਿ ਗੰਭੀਰ ਜ਼ਖ਼ਮੀਆਂ ਨੂੰ ਇਲਾਜ ਲਈ ਚੰਡੀਗੜ੍ਹ ਪੀ ਜੀ ਆਈ ਰੈਫਰ ਕਰ ਦਿੱਤਾ ਗਿਆ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੌਤਾਂ 'ਤੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਪਰਮਾਤਮਾ ਵਿਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਅਤੇ ਪਿੱਛੇ ਪਰਵਾਰਾਂ ਨੂੰ ਭਾਣਾ ਮੰਨਣ ਦਾ ਬਲ ਦੇਵੇ। ਮੁੱਖ ਮੰਤਰੀ ਨੇ ਪ੍ਰਸ਼ਾਸਨ ਨੂੰ ਹਦਾਇਤ ਕੀਤੀ ਹੈ ਕਿ ਜ਼ਖਮੀਆਂ ਦੇ ਇਲਾਜ ਵਿੱਚ ਕੋਈ ਕਮੀ ਨਾ ਆਉਣ ਦਿੱਤੀ ਜਾਵੇ। ਇਸ ਦੇ ਨਾਲ ਹੀ ਮੁੱਖ ਮੰਤਰੀ ਨੇ ਮੁਸ਼ਕਲ ਦੇ ਸਮੇਂ ਜ਼ਖ਼ਮੀਆਂ ਨੂੰ ਹਸਪਤਾਲ ਪਹੁੰਚਾਉਣ ਵਾਲੇ ਸਥਾਨਕ ਲੋਕਾਂ ਦਾ ਧੰਨਵਾਦ ਕੀਤਾ। ਉਨ੍ਹਾ ਪੀੜਤ ਪਰਵਾਰਾਂ ਨੂੰ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਇਸ ਦੁੱਖ ਦੀ ਘੜੀ ਵਿੱਚ ਉਨ੍ਹਾਂ ਨਾਲ ਖੜ੍ਹੀ ਹੈ।

ਰਾਜਸੱਤਾ 'ਤੇ ਕਾਬਜ਼ ਸੰਵਿਧਾਨ ਵਿਰੋਧੀ ਤਾਕਤਾਂ ਨੂੰ ਲਾਂਭੇ ਕਰਕੇ ਹੀ ਡਾ. ਅੰਬੇਡਕਰ ਦੇ ਸੁਪਨਿਆਂ ਦੀ ਹੋ ਸਕਦੀ ਹੈ ਪੂਰਤੀ : ਧਾਲੀਵਾਲ

ਕਾਲੇ ਕਾਨੂੰਨਾਂ ਦੀ ਸਿਰਜਣਾ ਤੇ ਰਾਖਵਾਂਕਰਨ ਖਤਮ ਕਰਨਾ ਮੁੜ ਗੁਲਾਮੀ ਵੱਲ ਧੱਕਣ ਦੀ ਸਾਜ਼ਿਸ਼ : ਅਰਸ਼ੀ

ਮਾਨਸਾ (ਆਤਮਾ ਸਿੰਘ ਪਮਾਰ)-ਭਾਰਤੀ ਸੰਵਿਧਾਨ ਦੇ ਨਿਰਮਾਤਾ, ਯੁੱਗ ਪੁਰਸ਼ ਤੇ ਭਾਰਤ ਰਤਨ ਬਾਬਾ ਸਾਹਿਬ ਡਾ. ਬੀ ਆਰ ਅੰਬੇਡਕਰ ਦੇ 135ਵੇਂ ਜਨਮ ਦਿਨ ਮੌਕੇ ਵਿਸ਼ਾਲ ਕਨਵੈਨਸ਼ਨ ਪੰਜਾਬ ਖੇਤ ਮਜ਼ਦੂਰ ਸਭਾ ਦੇ ਸੀਤਾਰਾਮ ਗੋਬਿੰਦਪੁਰਾ ਤੇ ਏਟਕ ਆਗੂ ਕਰਨੈਲ ਸਿੰਘ ਭੀਖੀ ਦੇ ਪ੍ਰਧਾਨਗੀ ਮੰਡਲ ਹੇਠ ਹੋਈ। ਇਸ ਮੌਕੇ ਸਮੁੱਚੀ ਲੀਡਰਸ਼ਿਪ ਵੱਲੋਂ ਬਾਬਾ ਸਾਹਿਬ ਦੀ ਤਸਵੀਰ ਨੂੰ ਫੁੱਲ ਮਾਲਾਵਾਂ ਭੇਟ ਕਰਕੇ ਸ਼ਰਧਾਂਜਲੀ ਅਰਪਿਤ ਕੀਤੀ ਗਈ ਅਤੇ ਨਾਅਰਿਆਂ ਦੀ ਗੂੰਜ ਨਾਲ ਸਿਜਦਾ ਕੀਤਾ। ਸਕੱਤਰ ਸੀ ਪੀ ਆਈ ਪੰਜਾਬ ਨਿਰਮਲ ਸਿੰਘ ਧਾਲੀਵਾਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਦੇਸ਼ ਦੀ ਰਾਜਸੱਤਾ 'ਤੇ ਸੰਵਿਧਾਨ ਵਿਰੋਧੀ ਤਾਕਤਾਂ ਕਾਬਜ਼ ਹਨ, ਜਿਨ੍ਹਾਂ ਨੂੰ ਲਾਂਭੇ ਕਰਨਾ ਅਤੇ ਸੰਵਿਧਾਨ ਤੇ ਦੇਸ਼ ਦੀ ਰਾਖੀ ਕਰਕੇ ਹੀ ਬਾਬਾ ਸਾਹਿਬ ਦੇ ਸੁਪਨਿਆਂ ਨੂੰ ਪੂਰਾ ਕੀਤਾ ਜਾ ਸਕਦਾ ਹੈ। ਉਹਨਾ ਕਿਹਾ ਲੰਮੇ ਅਰਸੇ ਤੇ ਕੁਰਬਾਨੀਆਂ ਤੇ ਸੰਘਰਸ਼ਾਂ ਰਾਹੀਂ ਪ੍ਰਾਪਤ ਕਿਰਤ ਕਾਨੂੰਨਾਂ ਨੂੰ ਸੋਧ ਰਾਹੀਂ ਖਤਮ ਕਰਕੇ ਕਿਰਤ ਵਿਰੋਧੀ ਅਤੇ ਸਰਮਾਏਦਾਰਾਂ ਪੱਖੀ ਕਾਨੂੰਨ ਲਾਗੂ ਕੀਤੇ ਜਾ ਚੁੱਕੇ ਹਨ। ਮੋਦੀ ਸਰਕਾਰ ਵੱਲੋਂ ਧੜਾਧੜ ਲੋਕ ਵਿਰੋਧੀ ਨੀਤੀਆਂ ਲਾਗੂ ਕਰਕੇ ਦੇਸ਼ ਅਤੇ ਸੰਵਿਧਾਨ ਨੂੰ ਕਮਜ਼ੋਰ ਕੀਤਾ ਜਾ ਰਿਹਾ ਹੈ।ਚਾਰ ਲੇਬਰ ਕੋਡ, ਨਵੇਂ ਬਣੇ ਕਾਨੂੰਨ ਬੀ ਵੀ ਜੀ ਰਾਮ ਜੀ ਸਮੇਤ ਕੰਮ ਕਰਨ ਲਈ ਦਿਹਾੜੀ ਦਾ ਸਮਾਂ 8 ਤੋਂ 12 ਘੰਟੇ ਕਰਨ ਆਦਿ ਕਾਲੇ ਕਾਨੂੰਨਾਂ ਦੀ ਸਿਰਜਣਾ ਕਰਕੇ ਸਮੁੱਚੇ ਕਿਰਤੀਆਂ ਨਾਲ ਵੱਡਾ ਧੋਖਾ ਕੀਤਾ ਹੈ।

ਸਾਬਕਾ ਵਿਧਾਇਕ ਹਰਦੇਵ ਸਿੰਘ ਅਰਸ਼ੀ ਨੇ ਚਿੰਤਾ ਜ਼ਾਹਰ ਕੀਤੀ ਕਿ ਕਾਲੇ ਕਾਨੂੰਨਾਂ ਰਾਹੀਂ ਸਮਾਜਿਕ ਬਰਾਬਰੀ ਤੇ ਰਾਖਵਾਂਕਰਨ ਖ਼ਤਮ ਕਰਨ ਤੇ ਦਲਿਤਾਂ, ਮਜ਼ਦੂਰਾਂ ਨੂੰ ਮੁੜ ਗੁਲਾਮੀ ਵੱਲ ਧੱਕਣ ਦੀ ਸਾਜ਼ਿਸ਼ ਘੜੀ ਜਾ ਰਹੀ ਹੈ। ਕਮਿਊਨਿਸਟ ਆਗੂ ਨੇ ਚਿਤਾਵਨੀ ਦਿੱਤੀ ਤੇ ਕਿਹਾ ਕਿ ਜੇਕਰ ਅਸੀਂ ਆਪਣੇ ਦੋਸਤ ਤੇ ਦੁਸ਼ਮਣ ਦੀ ਪਛਾਣ ਨਾ ਕਰ ਸਕੇ ਤਾਂ ਸਾਡੇ ਭਵਿੱਖ ਹਨੇਰੇ 'ਚ ਜਾਣ ਤੋਂ ਕੋਈ ਨਹੀਂ ਰੋਕ ਸਕਦਾ।ਸਾਥੀ ਅਰਸ਼ੀ ਨੇ ਕਿਹਾ ਕਿ ਬਾਬਾ ਸਾਹਿਬ ਡਾ. ਬੀ ਆਰ ਅੰਬੇਡਕਰ ਦੇ ਸੰਘਰਸ਼ਮਈ ਜੀਵਨੀ ਅਤੇ ਫਲਸਫੇ ਤੋਂ ਸੇਧ ਤੇ ਪ੍ਰੇਰਨਾ ਲੈ ਕੇ ਪੜ੍ਹਨ, ਜੁੜਨ ਅਤੇ ਸੰਘਰਸ਼ ਦੇ ਰਸਤੇ ਤੁਰਨਾ ਹੋਵੇਗਾ।ਜਥੇਬੰਦੀ ਦੇ ਸੂਬਾਈ ਆਗੂ ਕ੍ਰਿਸ਼ਨ ਸਿੰਘ ਚੌਹਾਨ ਨੇ • ਬਾਕੀ ਸਫਾ 2 'ਤੇ

ਸਕੱਤਰ ਬਣਨ 'ਤੇ ਧਾਲੀਵਾਲ ਦਾ ਸਨਮਾਨ

ਪਟਿਆਲਾ (ਰਾਜਿੰਦਰ ਸਿੰਘ ਥਿੰਦ) ਪੀ ਆਰ ਟੀ ਸੀ ਰਿਟਾਇਰਡ ਵਰਕਰਜ਼ ਭਾਈਚਾਰਾ ਯੂਨੀਅਨ ਏਟਕ ਪਟਿਆਲਾ ਦੀ ਮਹੀਨਾਵਾਰ ਮੀਟਿੰਗ ਉਤਮ ਸਿੰਘ ਬਾਗੜੀ ਦੀ ਪ੍ਰਧਾਨਗੀ ਹੇਠ ਹੋਈ। ਬਰਿੰਦਾਵਨ ਵਿਖੇ ਪੰਜਾਬ ਦੇ ਸ਼ਰਧਾਲੂਆਂ ਦੀਆਂ ਸਟੀਮਰ ਪਲਟਣ ਨਾਲ ਹੋਈਆਂ ਮੌਤਾਂ 'ਤੇ ਦੁੱਖ ਪ੍ਰਗਟ ਕੀਤਾ ਗਿਆ। 13 ਅਪ੍ਰੈਲ 1919 ਦੇ ਸ਼ਹੀਦਾਂ ਨੂੰ ਯਾਦ ਕਰਦੇ ਹੋਏ ਸ਼ਰਧਾ ਦੇ ਫੁੱਲ ਭੇਟ ਕੀਤੇ। 13 ਅਪ੍ਰੈਲ 1699 ਦੇ ਖਾਲਸਾ ਸਾਜਨਾ ਦਿਵਸ ਤੇ ਭਾਰਤ ਦੇ ਸੰਵਿਧਾਨ ਦੇ ਰਚੇਤਾ ਭੀਮ ਰਾਓ ਅੰਬੇਡਕਰ ਦੀ 14 ਅਪ੍ਰੈਲ ਨੂੰ ਜਨਮ ਸ਼ਤਾਬਦੀ 'ਤੇ ਲੋਕਾਂ ਨੂੰ ਵਧਾਈ ਗਈ।ਮੀਟਿੰਗ ਵਿੱਚ ਨਿਰਮਲ ਸਿੰਘ ਧਾਲੀਵਾਲ ਨੂੰ ਪੰਜਾਬ ਸੀ ਪੀ ਆਈ ਦਾ ਸਕੱਤਰ ਚੁਣੇ ਜਾਣ 'ਤੇ ਇਨਕਲਾਬੀ ਸ਼ੁਭ-ਕਾਮਨਾਵਾਂ ਭੇਟ ਕਰਦੇ ਹੋਏ ਸਾਰੇ ਸਾਥੀਆਂ ਨੇ ਹਾਰ ਪਾ ਕੇ ਸਨਮਾਨਤ ਕਰਦੇ ਹੋਏ ਕਿਹਾ ਕਿ ਸਾਥੀ ਪਹਿਲਾਂ ਦੀ ਤਰ੍ਹਾਂ ਮਜ਼ਦੂਰ—ਮੁਲਾਜ਼ਮ, ਕਿਸਾਨ, • ਬਾਕੀ ਸਫਾ 2 'ਤੇ

ਸਾਊਦੀ ਅਰਬ ਪਾਕਿਸਤਾਨ ਦੀ ਮਦਦ ਲਈ ਬਹੁੜਿਆ

ਵਾਸ਼ਿੰਗਟਨ : ਸਾਊਦੀ ਅਰਬ ਨੇ ਪਾਕਿਸਤਾਨ ਨੂੰ ਹੋਰ ਤਿੰਨ ਅਰਬ ਅਮਰੀਕੀ ਡਾਲਰ ਦੀ ਵਿੱਤੀ ਸਹਾਇਤਾ ਦੇਣ ਦਾ ਵਾਅਦਾ ਕੀਤਾ ਹੈ ਅਤੇ ਇਸ ਦੇ ਨਾਲ ਹੀ ਮੌਜੂਦਾ ਪੰਜ ਅਰਬ ਡਾਲਰ ਦੀ ਸਹੂਲਤ ਨੂੰ ਵੀ ਤਿੰਨ ਸਾਲਾਂ ਲਈ ਵਧਾ ਦਿੱਤਾ ਹੈ।

ਇਹ ਸਹਾਇਤਾ ਅਜਿਹੇ ਨਾਜ਼ੁਕ ਮੋੜ 'ਤੇ ਆਈ ਹੈ, ਜਦੋਂ ਇਸਲਾਮਾਬਾਦ ਇਸ ਮਹੀਨੇ ਸੰਯੁਕਤ ਅਰਬ ਅਮੀਰਾਤ (ਯੂ ਏ ਈ) ਨੂੰ 3.5 ਅਰਬ ਡਾਲਰ ਵਾਪਸ ਕਰਨ ਦੀ ਤਿਆਰੀ ਕਰ ਰਿਹਾ ਹੈ ਅਤੇ ਆਪਣੇ ਵਿਦੇਸ਼ੀ ਮੁਦਰਾ ਭੰਡਾਰ 'ਤੇ ਦਬਾਅ ਦਾ ਸਾਹਮਣਾ ਕਰ ਰਿਹਾ ਹੈ। ਵਿੱਤ ਮੰਤਰੀ ਮੁਹੰਮਦ ਔਰੰਗਜ਼ੇਬ ਨੇ ਵਾਸ਼ਿੰਗਟਨ ਵਿੱਚ ਵਿਸ਼ਵ ਬੈਂਕ-ਆਈ ਐੱਮ ਐੱਫ ਸਪਰਿੰਗ ਮੀਟਿੰਗਾਂ-2026 ਦੇ ਮੌਕੇ 'ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਮੌਜੂਦਾ ਪੰਜ ਅਰਬ ਡਾਲਰ ਦੀ ਸਾਊਦੀ ਰਕਮ ਹੁਣ ਪਿਛਲੇ ਸਾਲਾਨਾ ਰੋਲਓਵਰ ਪ੍ਰਬੰਧ ਦੇ ਅਧੀਨ ਨਹੀਂ ਹੋਵੇਗੀ ਅਤੇ ਇਸ ਦੀ ਬਜਾਏ ਲੰਬੇ ਸਮੇਂ ਲਈ ਵਧਾ ਦਿੱਤੀ ਜਾਵੇਗੀ। ਇਹ ਐਲਾਨ ਅਜਿਹੇ ਸਮੇਂ ਹੋਇਆ ਹੈ ਜਦੋਂ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਨੇ 15 ਅਪਰੈਲ ਤੋਂ ਸਾਊਦੀ ਅਰਬ, ਕਤਰ ਅਤੇ ਤੁਰਕੀ ਦੇ ਦੌਰੇ 'ਤੇ ਜਾਣਾ ਸੀ।

ਅੱਜ-ਨਾਮਾ

ਕੁਵੱਲੇ ਮਾਰਗ 'ਤੇ ਜਾਂਦੀ ਪਈ ਰਾਜਨੀਤੀ,
ਨਿੱਜੀ ਹਮਲਿਆਂ ਦੀ ਚੱਲਦੀ ਚਾਲ ਭਾਈ।
ਰਿਸ਼ਤੇਦਾਰੀ ਸੀ ਜਿਨ੍ਹਾਂ ਨਾਲ ਕਦੀ ਹੁੰਦੀ,
ਨਾਂਅ ਵੀ ਲੈਂਦਿਆਂ ਕੱਢਣਗੇ ਗਾਲ੍ਹ ਭਾਈ।
ਨਿੱਜੀ ਕੌੜ ਨੇ ਇਹੋ ਜਿਹਾ ਪਾੜ ਪਾਇਆ,
ਪੁੱਛਣ ਜਾਣ ਨਹੀਂ ਮਰਦੇ ਦਾ ਹਾਲ ਭਾਈ।
ਜ਼ਹਿਰ ਨਾੜੀਆਂ ਵਿੱਚ ਬੱਸ ਵਹਿਣ ਲੱਗਾ,
ਚਾਹੀਦਾ ਜਿੱਥੇ ਆ ਖ਼ੂਨ ਬੱਸ ਲਾਲ ਭਾਈ।
ਇੱਕੀਵੀਂ ਸਦੀ ਨੇ ਬਦਲਿਆ ਪੌਣ-ਪਾਣੀ,
ਦਿੱਸਦੀ ਬਚੀ ਨਾ ਕੋਈ ਰਿਵਾਇਤ ਭਾਈ।
ਧਾੜੇ-ਮਾਰਾਂ ਦੀ ਪਲਟਣ ਹੈ ਬਹੁਤ ਭਾਰੀ,
ਕੀਹਦੀ ਕਰੋਗੇ ਕੀਹਨੂੰ ਸ਼ਿਕਾਇਤ ਭਾਈ।

-ਤੀਸ ਮਾਰ ਖਾਂ

ਸਰਕਾਰ ਘੱਟੋ-ਘੱਟ ਉਜਰਤਾਂ 'ਚ ਫੌਰੀ ਵਾਧਾ ਕਰੇ : ਯੂਨਾਈਟਿਡ ਫਰੰਟ

ਲੁਧਿਆਣਾ (ਐੱਮ ਐੱਸ ਭਾਟੀਆ)

ਏਟਕ, ਇੰਟਕ, ਸੀਟੂ ਸੀ ਟੀ ਯੂ ਪੰਜਾਬ ਅਤੇ ਐਕਟੂ 'ਤੇ ਅਧਾਰਤ ਯੂਨਾਈਟਿਡ ਫਰੰਟ ਆਫ਼ ਟ੍ਰੇਡ ਯੂਨੀਅਨਜ਼ ਲੁਧਿਆਣਾ ਦੀ ਮੀਟਿੰਗ ਬੁੱਧਵਾਰ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਜਗਦੀਸ਼ ਚੰਦ ਦੀ ਪ੍ਰਧਾਨਗੀ ਹੇਠ ਹੋਈ। ਇਸ ਵਿੱਚ ਆਗੂਆਂ ਨੇ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਕਿਹਾ ਕਿ ਨੋਇਡਾ ਵਿੱਚ ਮਜ਼ਦੂਰਾਂ ਵੱਲੋਂ ਕੀਤੇ ਗਏ ਸੰਘਰਸ਼ ਤੋਂ ਕੇਂਦਰ ਸਰਕਾਰ ਨੂੰ ਇਹ ਦੇਖ ਲੈਣਾ ਚਾਹੀਦਾ ਹੈ ਕਿ ਦੇਸ਼ ਦੀ ਮਜ਼ਦੂਰ ਜਮਾਤ ਚਾਰ ਕਾਲੇ ਲੇਬਰ ਕੋਡ ਲਾਗੂ ਨਹੀਂ ਹੋਣ ਦੇਵੇਗੀ। ਉਹਨਾਂ ਕਿਹਾ ਕਿ ਇਹ ਹਨੇਰੀ ਚਾਰੇ ਪਾਸੇ ਝੁੱਲਣ ਵਾਲੀ ਹੈ ਤੇ ਇਸ ਤੋਂ ਸਬਕ ਲੈਂਦੇ ਹੋਏ ਭਗਵੰਤ ਮਾਨ ਸਰਕਾਰ ਵੱਲੋਂ ਘੱਟੋ-ਘੱਟ ਉਜਰਤ ਫੌਰੀ ਤੌਰ 'ਤੇ 26 ਹਜ਼ਾਰ ਰੁਪਏ ਕੀਤੀ ਜਾਵੇ। ਜ਼ਿਕਰਯੋਗ ਹੈ ਕਿ ਇਹ ਪਿਛਲੇ 14 ਸਾਲਾਂ ਤੋਂ ਨਹੀਂ ਵਧਾਈ ਗਈ ਅਤੇ ਫਰਵਰੀ ਦੇ ਅੰਤ ਵਿੱਚ ਆਉਣ ਵਾਲੇ ਮਹਿੰਗਾਈ ਭੱਤੇ ਵਿੱਚ ਵਾਧੇ ਨੂੰ ਤੁਰੰਤ ਲਾਗੂ ਕੀਤਾ ਜਾਵੇ।

ਆਗੂਆਂ ਨੇ ਮਾਨੇਸਰ ਅਤੇ ਨੋਇਡਾ ਵਿੱਚ ਅੰਦੋਲਨ ਕਰ ਰਹੇ ਮਜ਼ਦੂਰਾਂ 'ਤੇ ਹੋ ਰਹੇ ਦਮਨ ਦੀ ਤਿੱਖੀ ਨਿੰਦਾ ਕੀਤੀ ਅਤੇ ਮੰਗ ਕੀਤੀ ਕਿ ਸਾਰੇ ਗ੍ਰਿਫ਼ਤਾਰ ਮਜ਼ਦੂਰਾਂ ਅਤੇ ਯੂਨੀਅਨ ਆਗੂਆਂ ਨੂੰ ਰਿਹਾਅ ਕੀਤਾ ਜਾਵੇ।ਇਹ ਅੰਦੋਲਨ ਘੱਟੋ-ਘੱਟ ਮਜ਼ਦੂਰੀ ਵਿੱਚ ਵਾਧਾ, 8 ਘੰਟਿਆਂ ਦੀ ਦਿਹਾੜੀ, ਵਾਧੂ ਕੰਮ ਲਈ ਕਾਨੂੰਨ ਅਨੁਸਾਰ ਦੁਗਣਾ ਓਵਰਟਾਈਮ, ਕੰਮਕਾਜ ਵਾਲੀ ਥਾਂ ਦੀ ਸੁਰੱਖਿਆ ਅਤੇ ਸਮਾਜਿਕ ਸੁਰੱਖਿਆ ਵਰਗੀਆਂ ਜਾਇਜ਼ ਮੰਗਾਂ ਲਈ ਹੈ। ਅਸਲ ਹਕੀਕਤ ਇਹ ਹੈ ਕਿ ਕਈ ਰਾਜਾਂ ਵਿੱਚ ਪਿਛਲੇ 10 ਸਾਲਾਂ ਤੋਂ ਘੱਟੋ-ਘੱਟ ਮਜ਼ਦੂਰੀ ਵਿੱਚ ਕੋਈ ਵਾਧਾ ਨਹੀਂ ਕੀਤਾ ਗਿਆ, ਜਦਕਿ ਜ਼ਰੂਰੀ ਵਸਤੂਆਂ ਦੀਆਂ ਕੀਮਤਾਂ ਲਗਾਤਾਰ ਵਧ ਰਹੀਆਂ ਹਨ। ਜ਼ਿਆਦਾਤਰ ਉਦਯੋਗਿਕ ਖੇਤਰਾਂ ਵਿੱਚ ਠੇਕੇਦਾਰ ਮਜ਼ਦੂਰ ਪ੍ਰਵਾਸੀ ਹੁੰਦੇ ਹਨ, ਜੋ ਬੁਨਿਆਦੀ ਸੁਵਿਧਾਵਾਂ ਤੋਂ ਵਾਂਝੇ ਹੋ ਕੇ ਮੁਸ਼ਕਲ ਹਾਲਾਤ ਵਿੱਚ ਜੀਵਨ ਬਿਤਾ ਰਹੇ ਹਨ। ਸਿਰਫ਼ ਦੋ ਮਹੀਨੇ ਪਹਿਲਾਂ ਬਰੌਨੀ ਰਿਫ਼ਾਇਨਰੀ ਖੇਤਰ ਵਿੱਚ ਹਜ਼ਾਰਾਂ ਠੇਕਾ ਮਜ਼ਦੂਰਾਂ ਨੇ ਇਸੇ ਤਰ੍ਹਾਂ ਦਾ ਅੰਦੋਲਨ ਕੀਤਾ ਸੀ। ਇਸ ਤੋਂ ਬਾਅਦ ਪਾਣੀਪਤ ਅਤੇ ਸੂਰਤ ਵਿੱਚ ਵੀ ਵੱਡੇ ਪੱਧਰ 'ਤੇ ਪ੍ਰਦਰਸ਼ਨ ਹੋਏ।

ਮੀਟਿੰਗ ਵਿੱਚ ਜਿਨ੍ਹਾਂ ਆਗੂਆਂ ਨੇ ਆਪਣੇ ਵਿਚਾਰ ਪ੍ਰਗਟ ਕੀਤੇ ਉਹਨਾਂ ਵਿੱਚ ਏਟਕ ਵੱਲੋਂ ਐੱਮ ਐੱਸ ਭਾਟੀਆ ਤੇ ਕੇਵਲ ਸਿੰਘ ਬਨਵੈਤ, ਸੀਟੂ ਵੱਲੋਂ ਰਾਮ ਲਾਲ, ਸੀ ਟੀ ਯੂ ਪੰਜਾਬ ਵੱਲੋਂ ਪਰਮਜੀਤ ਸਿੰਘ ਅਤੇ ਜਗਦੀਸ਼ ਚੰਦ, ਮੋਲਡਰ ਐਂਡ ਸਟੀਲ ਵਰਕਰ ਯੂਨੀਅਨ ਵੱਲੋਂ ਹਰਜਿੰਦਰ ਸਿੰਘ ਅਤੇ ਐਕਟੂ ਵੱਲੋਂ ਜੇ ਪ੍ਰਕਾਸ਼ ਨਰਾਇਣ • ਬਾਕੀ ਸਫਾ 2 'ਤੇ

ਫਰੀਦਕੋਟ ਤੋਂ ਕਾਮਰੇਡ ਗੁਰਚਰਨ ਸਿੰਘ ਮਾਨ ਨੇ ਆਪਣੀ ਪਿਆਰੀ ਪੋਤਰੀ ਹੇਜ਼ਲਪ੍ਰੀਤ ਕੌਰ ਦੇ ਜਨਮ ਦਿਨ ਦੀ ਖੁਸ਼ੀ ਵਿੱਚ 'ਨਵਾਂ ਜ਼ਮਾਨਾ' ਨੂੰ 2100 ਰੁਪਏ ਦੀ ਸਹਾਇਤਾ ਭੇਜੀ ਹੈ। ਅਦਾਰਾ ਧੰਨਵਾਦੀ ਹੈ।

ਪੰਜਾਬ ਦੀਆਂ ਮੰਡੀਆਂ 'ਚ ਕਣਕ ਦੀ ਖਰੀਦ ਨਾ ਹੋਣ ਕਾਰਨ ਕਣਕ ਦੇ ਲੱਗੇ ਅੰਬਾਰ

***ਕਣਕ ਦੀ ਖਰੀਦ ਨੂੰ ਲੈ ਕੇ ਅੱਜ ਪੰਜਾਬ ਭਰ 'ਚ ਡੀ ਸੀ ਦਫ਼ਤਰਾਂ ਅੱਗੇ ਹੋਵੇਗਾ ਪ੍ਰਦਰਸ਼ਨ : ਜੋਗਿੰਦਰ ਉਗਰਾਹਾਂ**

ਪਟਿਆਲਾ (ਰਾਜਿੰਦਰ ਸਿੰਘ ਥਿੰਦ)- ਪੰਜਾਬ ਦੀਆਂ ਸਾਰੀਆਂ ਮੰਡੀਆਂ ਵਿਚੋਂ ਕਣਕ ਦੀ ਆਮਦ ਤੇਜ਼ ਹੋ ਗਈ ਹੈ, ਪ੍ਰੰਤੂ ਪੰਜਾਬ ਦੀਆਂ ਸਾਰੀਆਂ ਖਰੀਦ ਏਜੰਸੀਆਂ ਵੱਲੋਂ ਅਜੇ ਤੱਕ ਸੁਚਾਰੂ ਢੰਗ ਨਾਲ ਖਰੀਦ ਨਾ ਕਰਨ ਦੇ ਕਾਰਨ ਮੰਡੀਆਂ ਕਣਕ ਨਾਲ ਨੱਕੋ ਨੱਕ ਭਰ ਜਾਣ ਕਾਰਣ ਸਥਿਤੀ ਵਿਸਫੋਟ ਹੁੰਦੀ ਜਾ ਰਹੀ ਹੈ। ਸਰਕਾਰ ਵੱਲੋਂ ਮੰਡੀਆਂ 'ਚ ਕਣਕ ਦੀ ਖਰੀਦ 1 ਅਪ੍ਰੈਲ ਤੋਂ ਸ਼ੁਰੂ ਕਰਨ ਦਾ ਬੇਸ਼ੱਕ ਐਲਾਨ ਤਾਂ ਕਰ ਦਿੱਤਾ ਗਿਆ ਸੀ , ਪ੍ਰੰਤੂ 15 ਅਪ੍ਰੈਲ ਤੱਕ ਮੰਡੀਆਂ ਵਿੱਚ ਹਜ਼ਾਰਾਂ ਮੀਟ੍ਰਿਕ ਟਨ ਕਣਕ ਦੀ ਆਮਦ ਹੋਣ ਦੇ ਬਾਵਜੂਦ ਮੰਡੀਆਂ ਵਿੱਚ ਕਣਕ ਦੀ ਖਰੀਦ ਸ਼ੁਰੂ ਨਾ ਹੋਣ ਕਾਰਨ ਕਣਕ ਦੇ ਅੰਬਾਰ ਲੱਗ ਗਏ ਹਨ, ਮੰਡੀਆਂ ਵਿੱਚ ਕਿਸਾਨਾਂ ਅਤੇ ਆੜ੍ਹਤੀਆਂ ਨੂੰ ਕਣਕ ਢੇਰੀ ਕਰਨ ਵਿੱਚ ਭਾਰੀ ਮੁਸ਼ਕਲਾਂ ਪੇਸ਼ ਆ ਰਹੀਆਂ ਹਨ! ਜਿਸ ਕਾਰਨ ਕਿਸਾਨਾਂ , ਆੜ੍ਹਤੀਆਂ ਅਤੇ ਮੰਡੀਆਂ ਚ ਕੰਮ ਕਰਨ ਵਾਲੀ ਲੇਬਰ ਦੀਆਂ ਮੁਸ਼ਕਲਾਂ ਵਧਦੀਆਂ ਜਾ ਰਹੀਆਂ ਹਨ। ਕਣਕ ਨਾ ਵਿਕਣ ਕਾਰਣ ਕਿਸਾਨਾਂ ਦਾ ਸਰਕਾਰ ਪ੍ਰਤੀ ਗੁੱਸਾ ਵਧਦਾ ਜਾ ਰਿਹਾ ਹੈ। ਕਿਸਾਨ ਜਥੇਬੰਦੀਆਂ ਵੱਲੋਂ ਕਣਕ ਦੀ ਖ਼ਰੀਦ ਨਾ ਹੋਣ ਕਾਰਨ 16 ਅਪ੍ਰੈਲ ਨੂੰ ਪੰਜਾਬ ਅੰਦਰ ਡੀਸੀ ਦਫ਼ਤਰਾਂ ਅੱਗੇ ਸਰਕਾਰ ਵਿਰੁੱਧ ਪਰਦਰਸ਼ਨ ਕਰਨ ਦਾ ਐਲਾਨ ਕਰ ਦਿੱਤਾ ਗਿਆ ਹੈ। ਕਣਕ ਦੀ ਖ਼ਰੀਦ ਨਾ ਹੋਣ ਕਾਰਨ ਸਰਕਾਰ ਦੇ ਨੁਮਾਇੰਦੇ ਵੀ ਹੁਣ ਮੰਡੀਆਂ ਵਿੱਚ ਜਾਣ ਤੋਂ ਕੰਨੀ ਕਤਰਾ ਰਹੇ ਹਨ। ਪ੍ਰਾਪਤ ਸੂਚਨਾ ਅਨੁਸਾਰ ਕੇਂਦਰ ਦੀਆਂ ਟੀਮਾਂ ਵੱਲੋਂ ਪੰਜਾਬ ਦੀਆਂ ਮੰਡੀਆਂ ਦਾ ਦੌਰਾ ਕਰ ਕੇ ਕਣਕ ਦੇ ਸੈਂਪਲ ਲਏ ਜਾ ਰਹੇ ਹਨ। ਕੇਂਦਰ ਵਲੋਂ ਖਰੀਦ ਮਾਪਦੰਡਾਂ 'ਚ ਛੋਟ ਦੇਣ ਤੋਂ ਬਾਅਦ ਹੀ ਕਣਕ ਦੀ ਸੁਚਾਰੂ ਢੰਗ ਨਾਲ ਖਰੀਦ ਸ਼ੁਰੂ ਹੋ ਸਕੇਗੀ। ਪਟਿਆਲਾ ਜ਼ਿਲ੍ਹੇ ਅਤੇ ਪੂਰੇ ਪੰਜਾਬ ਦੀਆਂ ਅਨਾਜ ਮੰਡੀਆਂ ਵਿੱਚ ਕਣਕ ਦੀ ਫਸਲ ਦੇ ਅੰਬਾਰ ਲੱਗ ਚੁੱਕੇ ਹਨ ਪਰ ਖਰੀਦ ਏਜੰਸੀਆਂ ਕਿਧਰੇ ਨਜ਼ਰ ਨਹੀਂ ਆ ਰਹੀਆਂ। ਦੋ ਹਫ਼ਤਿਆਂ ਬਾਅਦ ਵੀ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਲਈ ਖੱਜਲ ਖੁਆਰ ਹੋਣਾ ਪੈ ਰਿਹਾ ਹੈ। ਇਸ ਸਬੰਧੀ ਜਦੋਂ ਖਰੀਦ ਏਜੰਸੀਆਂ ਦੀ ਤਾਲਮੇਲ ਕਮੇਟੀ ਦੇ ਆਗੂ ਵਿਨੇ ਕੁਮਾਰ ਸੂਬਾ ਪ੍ਰਧਾਨ ਪੰਜਾਬ ਵੇਅਰ ਹਾਊਸ, ਸਤਿੰਦਰ ਸਿੰਘ ਬਰਾੜ ਸੂਬਾ ਪ੍ਰਧਾਨ ਪਨਸਪ ਮੁਲਾਜ਼ਮ ਯੂਨੀਅਨ, ਹਰਜੀਤ ਸਿੰਘ ਖੇੜੀ ਸੂਬਾ ਪ੍ਰਧਾਨ ਪਨਗ੍ਰੇਨ ਅਤੇ ਅਤੇ ਜਸਬੀਰ ਸਿੰਘ ਰੱਖੜ ਸੂਬਾ ਪ੍ਰਧਾਨ ਮਾਰਕਫੈੱਡ ਮੁਲਾਜ਼ਮ ਯੂਨੀਅਨ ਨਾਲ ਗੱਲ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਮੰਡੀਆਂ ਵਿੱਚ ਜਿਹੜੀ ਕਣਕ ਆ ਰਹੀ ਹੈ, ਉਹ ਸਰਕਾਰੀ ਮਾਪਦੰਡਾਂ ਅਨੁਸਾਰ ਖਰੀ ਨਹੀਂ ਉਤਰ ਰਹੀ, ਜਿਸ ਨੂੰ ਐੱਫ.ਏ.ਕਿਊ ਮਿਆਰਾਂ ਤਹਿਤ ਖਰੀਦਣਾ ਅਸੰਭਵ ਹੈ। ਉਨ੍ਹਾਂ ਦੱਸਿਆ ਕਿ ਜਦੋਂ ਤੱਕ ਕੇਂਦਰ ਸਰਕਾਰ ਵੱਲੋਂ ਮਾਪਦੰਡਾਂ ਵਿੱਚ ਢਿੱਲ ਨਹੀਂ ਦਿੱਤੀ ਜਾਂਦੀ, ਉਦੋਂ ਤੱਕ ਕਣਕ ਦੀ ਖਰੀਦ ਕਰਨੀ ਸੰਭਵ ਨਹੀਂ। ਪੰਜਾਬ ਦੀਆਂ ਮੰਡੀਆਂ 'ਚ ਕਣਕ ਦੀ ਖ਼ਰੀਦ ਨਾ ਹੋਣ ਕਾਰਨ ਕਿਸਾਨ ਜਥੇਬੰਦੀਆਂ ਵੱਲੋਂ ਗੰਭੀਰ ਨੋਟਿਸ ਲੈਂਦਿਆਂ ਪੰਜਾਬ ਦੀ ਭਗਵੰਤ ਮਾਨ ਦੀ ਸਰਕਾਰ 'ਤੇ ਦੋਸ਼ ਲਗਾਇਆ ਹੈ ਕਿ ਉਹ ਕਣਕ ਦੀ ਫ਼ਸਲ ਨੂੰ ਜਾਣਬੁੱਝ ਕੇ ਮੰਡੀਆਂ ਵਿੱਚ ਰੋਲ ਰਹੀ ਹੈ। ਉਹਨਾ ਐਲਾਨ ਕੀਤਾ ਕਿ ਕਿਸਾਨ ਯੂਨੀਅਨ ਉਗਰਾਹਾਂ 16 ਅਪ੍ਰੈਲ ਨੂੰ ਪੂਰੇ ਪੰਜਾਬ ਅੰਦਰ ਡੀਸੀ ਦਫ਼ਤਰਾਂ ਅੱਗੇ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ ਕਰੇਗੀ। ਆੜ੍ਹਤੀ ਐਸੋਸੀਏਸ਼ਨ, ਪੰਜਾਬ ਦੇ ਸੂਬਾ ਪ੍ਰਧਾਨ ਜਸਵਿੰਦਰ ਸਿੰਘ ਰਾਣਾ ਨੇ ਕੇਂਦਰ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ਕਣਕ ਦੀ ਖਰੀਦ ਦੇ ਮਾਪਦੰਡਾਂ 'ਚ ਤਰੁੰਤ ਛੋਟ ਦਿੱਤੀ ਜਾਵੇ ਤਾਂ ਜੋ ਕਿਸਾਨਾਂ ਦੀ ਫਸਲ ਖਰੀਦੀ ਜਾ ਸਕੇ।

ਗੁਰਦੁਆਰਾ ਚਰਨ ਕੰਵਲ ਸਾਹਿਬ ਵਿਖੇ ਵਿਸਾਖੀ ਦਿਹਾੜਾ ਸ਼ਰਧਾ ਨਾਲ ਮਨਾਇਆ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ) - ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਦੀ ਚਰਨ ਛੋਹ ਪ੍ਰਾਪਤ ਧਰਤੀ ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਵਿਸਾਖੀ ਦਾ ਪਵਿੱਤਰ ਦਿਹਾੜਾ ਸੰਗਤਾਂ ਵਲੋਂ ਬੜੀ ਸ਼ਰਧਾ ਨਾਲ ਮਨਾਇਆ ਗਿਆ। ਗੁਰੂ ਘਰ ਵਿਖੇ ਦਰਸ਼ਨਾਂ ਲਈ ਸੰਗਤ ਭਾਰੀ ਗਿਣਤੀ 'ਚ ਪੁੱਜੀ ਅਤੇ ਇਸ ਮੌਕੇ ਅੰਮ੍ਰਿਤ ਸੰਚਾਰ ਵੀ ਕੀਤਾ ਗਿਆ। ਗੁਰਦੁਆਰਾ ਸਾਹਿਬ ਦੇ ਮੈਨੇਜਰ ਜਸਵੀਰ ਸਿੰਘ ਮੰਗਲੀ ਅਨੁਸਾਰ ਸਵੇਰੇ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਅਰਦਾਸ ਕਰਨ ਉਪਰੰਤ ਦੀਵਾਨ ਹਾਲ ਵਿਚ ਦੀਵਾਨ ਸਜਾਏ ਗਏ। ਇਸ ਮੌਕੇ ਪ੍ਰਸਿੱਧ ਰਾਗੀ ਜੱਥਿਆਂ ਵਲੋਂ ਰਸਭਿੰਨਾ ਕੀਰਤਨ ਕੀਤਾ ਗਿਆ ਅਤੇ ਢਾਡੀ ਜੱਥਿਆਂ ਵਲੋਂ ਇਤਿਹਾਸਕ ਪ੍ਰਸੰਗ ਸੁਣਾਏ ਗਏ। ਇਸ ਤੋਂ ਇਲਾਵਾ ਵੱਖ-ਵੱਖ ਸਕੂਲਾਂ ਦੇ ਬੱਚਿਆਂ ਵਲੋਂ ਵੀ ਕੀਰਤਨ ਕੀਤਾ ਗਿਆ। ਉਨ੍ਹਾਂ ਦੱਸਿਆ ਕਿ 200 ਤੋਂ ਵੱਧ ਪ੍ਰਾਣੀ ਅੰਮ੍ਰਿਤ ਸੰਚਾਰ ਦੌਰਾਨ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਸ਼੍ਰੋਮਣੀ ਕਮੇਟੀ ਮੈਂਬਰ ਹਰਜਤਿੰਦਰ ਸਿੰਘ ਬਾਜਵਾ ਤੇ ਜਥੇਦਾਰ ਰਣਜੀਤ ਸਿੰਘ ਮੰਗਲੀ ਨੇ ਸ਼ਮੂਲੀਅਤ ਕੀਤੀ ਜਿਨ੍ਹਾਂ ਸੰਗਤਾਂ ਨੂੰ ਇਸ ਪਵਿੱਤਰ ਦਿਹਾੜੇ ਦੀ ਵਧਾਈ ਦਿੱਤੀ। ਇਸ ਤੋਂ ਇਲਾਵਾ ਸੰਗਤਾਂ ਨੇ ਇਤਿਹਾਸਕ ਗੁਰਦੁਆਰਾ ਸ੍ਰੀ ਗਨੀ ਖਾਂ ਨਬੀ ਖਾਂ ਸਾਹਿਬ, ਗੁਰਦੁਆਰਾ ਸ੍ਰੀ ਚੁਬਾਰਾ ਸਾਹਿਬ ਅਤੇ ਗੁਰਦੁਆਰਾ ਸ੍ਰੀ ਕ੍ਰਿਪਾਨ ਭੇਟ ਸਾਹਿਬ ਦੇ ਵੀ ਦਰਸ਼ਨ ਕੀਤੇ। ਗੁਰਦੁਆਰਾ ਸਾਹਿਬ ਦੇ ਮੈਨੇਜਰ ਜਸਵੀਰ ਸਿੰਘ ਮੰਗਲੀ ਨੇ ਆਈਆਂ ਸੰਗਤਾਂ ਅਤੇ ਸਹਿਯੋਗ ਦੇਣ ਲਈ ਪੰਜਾਬ ਪੁਲਸ ਦਾ ਵੀ ਧੰਨਵਾਦ ਕੀਤਾ। ਇਸ ਮੌਕੇ ਜਥੇਦਾਰ ਹਰਜੀਤ ਸਿੰਘ ਸ਼ੇਰੀਆਂ, ਬਲਾਕ ਸੰਮਤੀ ਮੈਂਬਰ ਕੁਲਦੀਪ ਸਿੰਘ ਜਾਤੀਵਾਲ, ਜਥੇਦਾਰ ਹਰਦੀਪ ਸਿੰਘ ਬਹਿਲੋਲਪੁਰ, ਸ਼ਹਿਰੀ ਪ੍ਰਧਾਨ ਜਸਪਾਲ ਸਿੰਘ ਜੱਜ, ਬਾਬਾ ਮੋਹਣ ਸਿੰਘ, ਜਸਵੀਰ ਸਿੰਘ ਗਿੱਲ, ਹੈੱਡ ਗ੍ਰੰਥੀ ਭਾਈ ਹਰਪਾਲ ਸਿੰਘ ਗੁਰਮੁਖ, ਅਕਾਊਂਟੈਂਟ ਸੁਖਦੇਵ ਸਿੰਘ, ਖਜਾਨਚੀ ਜਸਪਿੰਦਰ ਸਿੰਘ, ਭੁਪਿੰਦਰ ਸਿੰਘ ਰਿਕਾਰਡ ਕੀਪਰ, ਐਡਵੋਕੇਟ ਗੁਰਜੀਤ ਮਿੱਠੇਵਾਲ, ਉਪਜਿੰਦਰ ਸਿੰਘ ਔਜਲਾ ਵੀ ਮੌਜੂਦ ਸਨ।

ਕਾਰ ਸਵਾਰਾਂ ਵੱਲੋਂ ਨੌਜਵਾਨ ਦੀ ਕੁੱਟਮਾਰ, ਮਾਮਲਾ ਦਰਜ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)- ਬੀਤੇ ਮਹੀਨੇ ਮਾਤਾ ਗੁਜਰੀ ਗੁਜਰੀ ਕਾਲਜ ਫ਼ਤਹਿਗੜ੍ਹ ਸਾਹਿਬ ਦੇ ਗੇਟ ਅੱਗੇ ਇੱਕ ਨੌਜਵਾਨ ਵਿਦਿਆਰਥੀ ਦੀ ਕੀਤੀ ਗਈ ਕਥਿਤ ਕੁੱਟਮਾਰ ਦੇ ਮਾਮਲੇ ਵਿੱਚ ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਿਸ ਵੱਲੋਂ ਕਈ ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਧੀਰਜ ਕੁਮਾਰ ਵਾਸੀ ਅਮਲੋਹ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੋਸ਼ ਲਗਾਏ ਸਨ ਕਿ 18 ਮਾਰਚ ਨੂੰ ਦੁਪਹਿਰ ਕਰੀਬ ਢਾਈ ਵਜੇ ਮਾਤਾ ਗੁਜਰੀ ਕਾਲਜ ਦੇ ਗੇਟ 'ਤੇ ਫਾਰਚੂਨਰ ਗੱਡੀ ਲਈ ਖੜ੍ਹੇ ਤੇਜਿੰਦਰ ਸਿੰਘ ਉਰਫ਼ ਤੇਜੀ, ਸਤਵੀਰ ਸਿੰਘ ਅਤੇ ਉਹਨਾਂ ਦੇ ਕਈ ਸਾਥੀਆਂ ਨੇ ਉਸ ਉੱਤੇ ਕਿਰਪਾਨ ਦੇ ਵਾਰ ਕਰਦੇ ਹੋਏ ਉਸ ਦੀ ਕਾਫ਼ੀ ਕੁੱਟਮਾਰ ਕੀਤੀ।ਧੀਰਜ ਕੁਮਾਰ ਦੇ ਬਿਆਨਾਂ 'ਤੇ ਤੇਜਿੰਦਰ ਸਿੰਘ ਉਰਫ਼ ਤੇਜੀ, ਸਤਵੀਰ ਸਿੰਘ ਅਤੇ 15/20 ਨਾਮਾਲੂਮ ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕਰਕੇ ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

ਏ ਐਸ ਕਾਲਜ ਖੰਨਾ ਦੇ ਵਿਦਿਆਰਥੀਆਂ ਨੇ ਪੀ ਐਸ ਟੀ ਈ ਟੀ ਪ੍ਰੀਖਿਆ ਵਿੱਚ ਹਾਸਲ ਕੀਤੀ ਸਫਲਤਾ

ਖੰਨਾ (ਸੁਖਵਿੰਦਰ ਸਿੰਘ ਭਾਦਲਾ)- ਏ.ਐਸ. ਕਾਲਜ, ਖੰਨਾ ਦੇ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਲਈ ਮਾਣ ਦੀ ਗੱਲ ਹੈ ਕਿ ਵਿਭਾਗ ਦੇ ਚਾਰ ਵਿਦਿਆਰਥੀਆਂ ਨੇ ਪੰਜਾਬ ਰਾਜ ਅਧਿਆਪਕ ਯੋਗਤਾ ਪ੍ਰੀਖਿਆ (ਪੀ.ਐਸ.ਟੀ.ਈ.ਟੀ.)

ਸਫਲਤਾਪੂਰਵਕ ਪਾਸ ਕੀਤੀ ਹੈ। ਸਫਲ ਵਿਦਿਆਰਥੀਆਂ ਵਿੱਚ ਮਨਪ੍ਰੀਤ ਕੌਰ, ਅਮਨਪ੍ਰੀਤ ਸਿੰਘ, ਗੁਰਚਰਨ ਸਿੰਘ ਅਤੇ ਹਰਜੋਤ ਕੌਰ ਸ਼ਾਮਲ ਹਨ। ਇਨ੍ਹਾਂ ਵਿੱਚੋਂ ਤਿੰਨ ਵਿਦਿਆਰਥੀ ਪੰਜਾਬੀ ਵਿੱਚ ਐਮ.ਏ. ਕਰ ਚੁੱਕੇ ਹਨ, ਜਦ ਕਿ ਹਰਜੋਤ ਕੌਰ ਇਸ ਸਮੇਂ ਚੌਥੇ ਸਮੈਸਟਰ ਵਿੱਚ ਅਧਿਐਨ ਕਰ ਰਹੀ ਹੈ। ਇਸ ਤੋਂ ਇਲਾਵਾ, ਪੰਜਾਬੀ ਵਿਭਾਗ ਦੇ ਸਹਾਇਕ ਪ੍ਰੋਫੈਸਰ ਪ੍ਰੋ. ਲਵਪ੍ਰੀਤ ਸਿੰਘ ਨੇ ਵੀ ਇਹ ਪ੍ਰੀਖਿਆ ਪਾਸ ਕਰਕੇ ਵਿਭਾਗ ਦਾ ਮਾਣ ਵਧਾਇਆ ਹੈ।ਇਸ ਮੌਕੇ ਡਾ. ਚਰਨ ਕੁਮਾਰ, ਡਾ. ਦਿਨੇਸ਼ ਕੁਮਾਰ, ਡਾ. ਰਾਜਪ੍ਰੀਤ ਕੌਰ, ਡਾ. ਅਰੁਣ ਸਿੰਗਲਾ, ਡਾ. ਮਨਦੀਪ ਕੌਰ, ਪ੍ਰੋ. ਹਰਜੋਤ ਕੌਰ, ਪ੍ਰੋ. ਲਵਪ੍ਰੀਤ ਸਿੰਘ ਅਤੇ ਪ੍ਰੋ. ਰਮਨਦੀਪ ਕੌਰ ਸਮੇਤ ਫੈਕਲਟੀ ਮੈਂਬਰ ਮੌਜੂਦ ਸਨ।ਕਾਲਜ ਦੇ ਸਕੱਤਰ ਅਜੇ ਸੂਦ ਅਤੇ ਪ੍ਰਿੰਸੀਪਲ ਡਾ. ਕੇ.ਕੇ. ਸ਼ਰਮਾ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸਫਲਤਾ ਉਨ੍ਹਾਂ ਦੀ ਲਗਨ ਅਤੇ ਸਖ਼ਤ ਮਿਹਨਤ ਦਾ ਪਰਿਣਾਮ ਹੈ। ਕਾਲਜ ਮੈਨੇਜਮੈਂਟ ਦੇ ਪ੍ਰਧਾਨ ਸੰਜੀਵ ਧਮੀਜਾ, ਉਪ ਪ੍ਰਧਾਨ ਨਵੀਨ ਥੰਮਨ, ਜਨਰਲ ਸਕੱਤਰ ਰਾਜੇਸ਼ ਡਾਲੀ ਅਤੇ ਸੰਯੁਕਤ ਜਨਰਲ ਸਕੱਤਰ ਜਤਿੰਦਰ ਦੇਵਗਨ ਨੇ ਵੀ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਰੌਸ਼ਨ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਦੇਸ਼ ਭਗਤ ਯੂਨੀਵਰਸਿਟੀ ਵੱਲੋਂ 'ਵਿਸਾਖੀ ਵਰਦਾਨ' ਸਕਾਲਰਸ਼ਿਪ ਸਕੀਮ ਦੀ ਸ਼ੁਰੂਆਤ

ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)- ਦੇਸ਼ ਭਗਤ ਯੂਨੀਵਰਸਿਟੀ (ਡੀ ਬੀ ਯੂ) ਨੇ ਵਿਸਾਖੀ ਦੇ ਮੌਕੇ 'ਤੇ ਇੱਕ ਵਿਸ਼ੇਸ਼ ਸਕਾਲਰਸ਼ਿਪ ਸਕੀਮ, 'ਵਿਸਾਖੀ ਵਾਰਦਾਨ - ਸੇਵਾ ਕਰਨ ਵਾਲੇ ਹੱਥਾਂ ਨੂੰ ਸਸ਼ਕਤ ਬਣਾਉਣਾ' ਦਾ ਐਲਾਨ ਕੀਤਾ ਹੈ। ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ, ਸੈਕਟਰ 8, ਚੰਡੀਗੜ੍ਹ ਦੇ ਸਹਿਯੋਗ ਨਾਲ ਸ਼ੁਰੂ ਕੀਤੀ ਗਈ ਇਸ ਪਹਿਲਕਦਮੀ ਦਾ ਉਦੇਸ਼ ਸੇਵਾਦਾਰਾਂ ਅਤੇ ਗੁਰਦੁਆਰਾ ਸਟਾਫ ਦੀ ਸੇਵਾ ਦਾ ਸਨਮਾਨ ਕਰਨਾ ਹੈ।ਇਹ ਸਕਾਲਰਸ਼ਿਪ ਵਿਸ਼ੇਸ਼ ਤੌਰ 'ਤੇ ਗੁਰਦੁਆਰਾ ਸਾਹਿਬ ਦੇ ਕਰਮਚਾਰੀਆਂ ਅਤੇ ਸੇਵਾਦਾਰਾਂ ਦੇ ਬੱਚਿਆਂ ਅਤੇ ਆਸ਼ਰਿਤਾਂ ਲਈ ਹੈ, ਜੋ ਉਨ੍ਹਾਂ ਨੂੰ ਮਿਆਰੀ ਉੱਚ ਸਿੱਖਿਆ ਪ੍ਰਾਪਤ ਕਰਨ ਵਿੱਚ ਮਦਦ ਕਰਦੀ ਹੈ। ਅਧਿਕਾਰਤ ਘੋਸ਼ਣਾ ਦੇ ਅਨੁਸਾਰ, ਯੋਗ ਵਿਦਿਆਰਥੀਆਂ ਨੂੰ ਇਹਨਾਂ ਦਾ ਲਾਭ ਹੋਵੇਗਾ ਜਿਸ ਵਿੱਚ ਡਿਪਲੋਮਾ, ਅੰਡਰਗ੍ਰੈਜੂਏਟ ਅਤੇ ਪੋਸਟ ਗ੍ਰੈਜੂਏਟ ਕੋਰਸਾਂ ਸਮੇਤ ਸਾਰੇ ਯੂ ਜੀ ਸੀ-ਨਿਯੰਤ੍ਰਿਤ ਨਿਯਮਤ ਪ੍ਰੋਗਰਾਮਾਂ 'ਤੇ 25% ਸਕਾਲਰਸ਼ਿਪ, ਔਨਲਾਈਨ ਲਰਨਿੰਗ ਅਤੇ ਓਪਨ ਐਂਡ ਡਿਸਟੈਂਸ ਲਰਨਿੰਗ ਪ੍ਰੋਗਰਾਮਾਂ 'ਤੇ 50% ਸਕਾਲਰਸ਼ਿਪ ਪ੍ਰਦਾਨ ਕੀਤੀ

ਜਾਵੇਗੀ। ਇੰਜੀਨੀਅਰਿੰਗ ਅਤੇ ਮੈਨੇਜਮੈਂਟ ਤੋਂ ਲੈ ਕੇ ਆਰਟ, ਮੀਡੀਆ ਅਤੇ ਹਾਸਪਟੈਲਿਟੀ ਤੱਕ ਦੇ ਵਿਸ਼ਿਆਂ ਨੂੰ ਕਵਰ ਕਰਦੇ ਹੋਏ, ਇਹ ਯੋਜਨਾ ਡਿਪਲੋਮਾ ਤੋਂ ਪੀ ਐਚ ਡੀ ਤੱਕ ਦੇ ਪ੍ਰੋਗਰਾਮਾਂ ਲਈ ਹੈ, ਜੋ ਕਿ ਵਿਆਪਕ ਅਕਾਦਮਿਕ ਪਹੁੰਚ ਨੂੰ ਯਕੀਨੀ ਬਣਾਉਂਦੀ ਹੈ। ਇਹ ਯੋਗਤਾ ਨਿਯਮਾਂ ਦੇ ਅਧੀਨ, 2026-27 ਅਕਾਦਮਿਕ ਸੈਸ਼ਨ ਲਈ ਲਾਗੂ ਹੋਵੇਗੀ। ਇਸ ਪਹਿਲਕਦਮੀ 'ਤੇ ਬੋਲਦਿਆਂ ਚਾਂਸਲਰ ਡਾ. ਜ਼ੋਰਾ ਸਿੰਘ ਨੇ ਕਿਹਾ ਕਿ ਦੇਸ਼ ਭਗਤ ਯੂਨੀਵਰਸਿਟੀ ਵਿਖੇ, ਅਸੀਂ 'ਸੇਵਾ' ਦੀ ਭਾਵਨਾ ਦਾ ਸਨਮਾਨ ਕਰਨ ਵਿੱਚ ਦ੍ਰਿੜਤਾ ਨਾਲ ਵਿਸ਼ਵਾਸ ਰੱਖਦੇ ਹਾਂ। 'ਵਿਸਾਖੀ ਵਰਦਾਨ' ਸਕੀਮ ਰਾਹੀਂ, ਅਸੀਂ ਸਮਾਜ ਦੀ ਨਿਰਸਵਾਰਥ ਸੇਵਾ ਕਰਨ ਵਾਲਿਆਂ ਦੇ ਪਰਿਵਾਰਾਂ ਨੂੰ ਮਿਆਰੀ ਸਿੱਖਿਆ ਦੇ ਮੌਕੇ ਪ੍ਰਦਾਨ ਕਰਕੇ ਸੇਵਾ ਨੂੰ ਸਸ਼ਕਤੀਕਰਨ ਵਿੱਚ ਬਦਲਣ ਵੱਲ ਇੱਕ ਨਿਮਰ ਕਦਮ ਚੁੱਕ ਰਹੇ ਹਾਂ। ਇਸ ਮੌਕੇ ਡਾ. ਜ਼ੋਰਾ ਸਿੰਘ ਨੇ ਚੰਡੀਗੜ੍ਹ ਟ੍ਰਾਈਸਿਟੀ ਦੇ ਵੱਖ-ਵੱਖ ਸਕੂਲਾਂ ਦੇ ਹੋਣਹਾਰ ਵਿਦਿਆਰਥੀਆਂ ਨੂੰ ਦਸਤਾਰਾਂ ਭੇਟ ਕੀਤੀਆਂ। ਉਨ੍ਹਾਂ ਨੇ ਉਪ ਪ੍ਰਧਾਨ ਸ੍ਰੀ ਡੀ ਪੀ ਐਸ ਢੁੱਘ, ਸ੍ਰੀ ਭੁਪਿੰਦਰ ਸਿੰਘ ਅਤੇ ਸ੍ਰੀ ਸਤਨਾਮ ਸਿੰਘ (ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ, ਸੈਕਟਰ 8, ਚੰਡੀਗੜ੍ਹ) ਨੂੰ ਸਕਾਲਰਸ਼ਿਪ ਦੇ ਦਸਤਾਵੇਜ਼ ਸੌਂਪੇ।

ਨਿਹਾਲ ਸਿੰਘ ਵਾਲਾ ਅਨਾਜ ਮੰਡੀ 'ਚ ਕਣਕ ਦੀ ਖਰੀਦ ਸ਼ੁਰੂ

ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)- ਅਨਾਜ ਮੰਡੀ ਨਿਹਾਲ ਸਿੰਘ ਵਾਲਾ ਵਿੱਚ ਹਲਕਾ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਦੀ ਅਗਵਾਈ ਹੇਠ ਕਣਕ ਦੀ ਸਰਕਾਰੀ ਖਰੀਦ ਦੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਆੜ੍ਹਤੀਏ ਭਰਾ, ਕਿਸਾਨ ਅਤੇ ਮਾਰਕੀਟ ਕਮੇਟੀ ਦੇ ਮੁਲਾਜ਼ਮ ਵੱਡੀ ਗਿਣਤੀ ਵਿੱਚ ਹਾਜਰ ਸਨ। ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਮਿਹਨਤ ਦੀ ਕਦਰ ਕਰਦੀ ਹੈ ਅਤੇ ਹਰ ਇਕ ਦਾਣੇ ਦੀ ਖਰੀਦ ਲਈ ਵਚਨਬੱਧ ਹੈ। ਉਨ੍ਹਾਂ ਨੇ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਖਰੀਦ ਪ੍ਰਕਿਰਿਆ ਦੌਰਾਨ ਕਿਸੇ ਵੀ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਭੁਗਤਾਨ ਵੀ ਸਮੇਂ ਸਿਰ ਕੀਤਾ ਜਾਵੇਗਾ।

ਸ਼੍ਰੀ ਰਾਮ ਇੰਟਰਨੈਸ਼ਨਲ ਸਕੂਲ ਵਿਖੇ ਵਿਸਾਖੀ ਦਾ ਤਿਉਹਾਰ ਮਨਾਇਆ

ਧੂਰੀ (ਮੋਹਿਤ ਗਰਗ, ਬਿੰਨੀ ਗਰਗ) - ਸ਼੍ਰੀ ਰਾਮ ਇੰਟਰਨੈਸ਼ਨਲ ਸਕੂਲ, ਕੱਕੜਵਾਲ ਵਿਖੇ ਵਿਸਾਖੀ ਦਾ ਤਿਉਹਾਰ ਬੜੇ ਹੀ ਜੋਸ਼, ਉਤਸ਼ਾਹ ਨਾਲ ਮਨਾਇਆ ਗਿਆ। ਸਕੂਲ ਦਾ ਸਾਰਾ ਪ੍ਰੋਗਰਾਮ ਪੰਜਾਬੀ ਸਭਿਆਚਾਰ ਦੇ ਰੰਗਾਂ ਨਾਲ ਰੰਗਿਆ ਹੋਇਆ ਦਿਖਾਈ ਦਿੱਤਾ, ਜਿੱਥੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਮਿਲ ਕੇ ਇਸ ਤਿਉਹਾਰ ਨੂੰ ਯਾਦਗਾਰ ਬਣਾਇਆ। ਪ੍ਰੋਗਰਾਮ ਦੀ ਸ਼ੁਰੂਆਤ ਵਿਦਿਆਰਥਣਾਂ ਵੱਲੋਂ ਰੂਹਾਨੀ ਸ਼ਬਦ ਗਾਇਨ ਨਾਲ ਕੀਤੀ ਗਈ,



ਜਿਸ ਨਾਲ ਮਾਹੌਲ ਵਿੱਚ ਭਗਤੀਮਈ ਰੰਗ ਭਰ ਗਿਆ। ਇਸ ਮੌਕੇ ਮੈਨੇਜਿੰਗ ਡਾਇਰੈਕਟਰ ਅਭੀਨਵ ਗੋਇਲ ਨਵੀ, ਮਨੋਜ ਕੁਮਾਰ ਗਰਗ ਅਤੇ ਪ੍ਰਿੰਸੀਪਲ ਮੈਡਮ ਡਾ. ਰੂਹੀ ਜੋਸ਼ੀ ਖ਼ਾਸ ਤੌਰ 'ਤੇ ਮੌਜੂਦ ਰਹੇ ਅਤੇ ਉਨ੍ਹਾਂ ਨੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ। ਨਿੱਕੇ-ਨਿੱਕੇ ਬੱਚਿਆਂ ਵੱਲੋਂ ਪੰਜਾਬੀ ਲੋਕ ਗੀਤਾਂ 'ਤੇ ਕੀਤੀਆਂ ਗਈਆਂ ਮਨਮੋਹਕ ਪੇਸ਼ਕਾਰੀਆਂ ਨੇ ਦਰਸ਼ਕਾਂ ਦਾ ਮਨ ਮੋਹ ਲਿਆ। ਕਿੰਡਰਗਾਰਟਨ ਦੇ ਬੱਚਿਆਂ ਦਾ ਰੰਗੀਨ ਅਤੇ ਉਤਸਾਹ ਭਰਿਆ ਨਾਚ ਸਾਰਿਆਂ ਲਈ ਖਾਸ ਆਕਰਸ਼ਣ ਦਾ ਕੇਂਦਰ ਬਣਿਆ। ਪ੍ਰੋਗਰਾਮ ਦੇ ਅੰਤ ਵਿੱਚ ਪ੍ਰਿੰਸੀਪਲ ਮੈਡਮ ਵੱਲੋਂ ਸਾਰੇ ਹਾਜ਼ਰ ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ ਗਿਆ ।

ਪੰਜਾਬ ਗੌਰਮਿੰਟ ਪੈਨਸ਼ਨਰ ਐਸੋਸੀਏਸ਼ਨ ਦੇ ਜਗਸੀਰ ਸਿੰਘ ਖਾਰਾ ਬਣੇ ਬਲਾਕ ਪ੍ਰਧਾਨ

ਕੋਟਕਪੂਰਾ (ਰਛਪਾਲ ਭੁੱਲਰ)- ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜਾਂ ਵਿੱਚ ਲਗਾਤਾਰ ਯਤਨਸ਼ੀਲ ਸਮਾਜ ਸੇਵੀ ਸੰਸਥਾ ਗੁੱਡ ਮੋਰਨਿੰਗ ਵੈਲਫੇਅਰ ਕਲੱਬ ਦੇ ਸੀਨੀਅਰ ਅਤੇ ਸਰਗਰਮ ਮੈਂਬਰ ਜਗਸੀਰ ਸਿੰਘ ਖਾਰਾ ਨੂੰ ਪੰਜਾਬ ਗੋਰਮਿੰਟ

ਪੈਨਸ਼ਨਰ ਐਸੋਸੀਏਸ਼ਨ (ਰਜਿ:) ਬਲਾਕ ਕੋਟਕਪੂਰਾ ਦਾ ਸਰਬਸੰਮਤੀ ਨਾਲ ਪ੍ਰਧਾਨ ਚੁਣ ਲਿਆ ਗਿਆ। ਸਥਾਨਕ ਜੋੜੀਆਂ ਚੱਕੀਆਂ ਨੇੜੇ ਸਥਿੱਤ ਪੈਨਸ਼ਨਰ ਭਵਨ ਵਿਖੇ ਲੈਕ. ਬਾਜ ਸਿੰਘ ਵਿਰਦੀ ਅਤੇ ਸ੍ ਹਰਦੀਪ ਸਿੰਘ ਕਟਾਰੀਆ ਦੇ ਬਤੌਰ ਅਬਜਰਵਰ ਮੀਟਿੰਗ ਵਿੱਚ ਪੁੱਜਣ ਅਤੇ ਉਹਨਾ ਦੀ ਹਾਜਰੀ ਵਿੱਚ ਹੋਈ ਚੋਣ ਦੌਰਾਨ ਜਗਸੀਰ ਸਿੰਘ ਖਾਰਾ ਨੂੰ ਪ੍ਰਧਾਨ ਅਤੇ ਸ਼੍ਰੀ ਖਰੈਤੀ ਲਾਲ ਸ਼ਰਮਾ ਨੂੰ ਸਰਬਸੰਮਤੀ ਨਾਲ ਜਨਰਲ ਸਕੱਤਰ ਬਣਾ ਕੇ ਹੋਰ ਅਹੁਦੇਦਾਰਾਂ ਦੀ ਚੋਣ ਕਰਨ ਦੇ ਅਧਿਕਾਰ ਦਿੱਤੇ ਗਏ। ਵੱਖ ਵੱਖ ਸੰਸਥਾਵਾਂ ਅਤੇ ਜਥੇਬੰਦੀਆਂ ਨਾਲ ਜੁੜੇ ਜਗਸੀਰ ਸਿੰਘ ਖਾਰਾ ਅਤੇ ਮਾ ਖਰੈਤੀ ਲਾਲ ਸ਼ਰਮਾ ਦੀਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਬਲਵਿੰਦਰ ਸਿੰਘ ਅਤੇ ਬਾਵਾ ਜੀ ਨੇ ਆਸ ਪ੍ਰਗਟਾਈ ਕਿ ਇਹਨਾ ਦੋਨਾ ਸ਼ਖਸ਼ੀਅਤਾਂ ਦੇ ਅਹਿਮ ਅਹੁਦਿਆਂ 'ਤੇ ਬਿਰਾਜਮਾਨ ਹੋਣ ਨਾਲ ਜਥੇਬੰਦੀ ਹੋਰ ਮਜਬੂਤ ਹੋਵੇਗੀ। ਜਥੇਬੰਦੀ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਜਗਸੀਰ ਸਿੰਘ ਖਾਰਾ ਨੂੰ ਹਾਰ ਪਾ ਕੇ ਸਨਮਾਨਤ ਕੀਤਾ । ਆਪਣੇ ਸੰਬੋਧਨ ਦੌਰਾਨ ਜਗਸੀਰ ਸਿੰਘ ਖਾਰਾ ਅਤੇ ਖਰੈਤੀ ਲਾਲ ਸ਼ਰਮਾ ਨੇ ਜਥੇਬੰਦੀ ਦੇ ਸੀਨੀਅਰ ਮੈਂਬਰਾਂ ਅਤੇ ਅਬਜਰਵਰਾਂ ਦਾ ਧੰਨਵਾਦ ਕਰਦਿਆਂ ਆਖਿਆ ਕਿ ਉਹ ਜਥੇਬੰਦੀ ਦੀ ਮਜਬੂਤੀ ਲਈ ਲਗਾਤਾਰ ਯਤਨਸ਼ੀਲ ਰਹਿਣਗੇ।

ਸੇਵਾ ਮੁਕਤ ਮੁਲਾਜ਼ਮਾਂ ਨੂੰ ਬਕਾਏ ਦੇਣ 'ਚ ਟਾਲਮਟੋਲ ਦੀ ਨੀਤੀ 'ਤੇ ਚੱਲਣ ਦਾ ਦੋਸ਼

ਕੋਟਕਪੂਰਾ (ਰਛਪਾਲ ਭੁੱਲਰ) - ਪੰਜਾਬ ਦੇ ਵੱਖ ਵੱਖ ਵਿਭਾਗਾਂ ਵਿੱਚ ਕੰਮ ਕਰਦੇ ਲੱਖਾਂ ਮੁਲਾਜ਼ਮਾਂ ਅਤੇ 1 ਜਨਵਰੀ 2016 ਤੋਂ ਬਾਅਦ ਸੇਵਾ ਮੁਕਤ ਹੋਏ ਪੈਨਸ਼ਨਰਾਂ ਨੂੰ ਪੰਜਾਬ ਦੇ ਛੇਵੇਂ ਤਨਖਾਹ ਕਮਿਸ਼ਨ ਅਨੁਸਾਰ ਸਾਲ 2016 ਦੇ ਬਣਦੇ ਬਕਾਏ ਦੇਣ ਲਈ ਵਿੱਤ ਵਿਭਾਗ ਪੰਜਾਬ ਸਰਕਾਰ ਵੱਲੋਂ 18 ਫਰਵਰੀ 2025 ਨੂੰ ਇੱਕ ਵਿਸਥਾਰ ਸਹਿਤ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਸੀ। ਜਿਸ ਅਨੁਸਾਰ 1ਜਨਵਰੀ 2016 ਤੋਂ ਪਹਿਲਾਂ ਸੇਵਾ ਮੁਕਤ ਹੋਏ ਪੈਨਸ਼ਨਰਾਂ ਨੂੰ ਇਹ ਬਕਾਏ ਮਿਲ ਵੀ ਰਹੇ ਹਨ ਪਰ ਮੌਜੂਦਾ ਸਮੇਂ ਦੌਰਾਨ ਕੰਮ ਕਰਦੇ ਸਾਰੇ ਮੁਲਾਜ਼ਮਾਂ ਅਤੇ 1 ਜਨਵਰੀ 2016 ਤੋਂ 30 ਜੂਨ 2021 ਦਰਮਿਆਨ ਸੇਵਾ ਮੁਕਤ ਹੋਣ ਵਾਲੇ ਪੈਨਸ਼ਨਰਾਂ ਨੂੰ ਮਹੀਨਾ ਅਪ੍ਰੈਲ 2026 ਤੋਂ ਮਾਰਚ 2027 ਤੱਕ ਮਹੀਨਾਵਾਰ 12 ਕਿਸ਼ਤਾਂ ਰਾਹੀਂ ਬਣਦੇ ਬਕਾਏ ਦੀ ਅਦਾਇਗੀ ਕਰਨ ਬਾਰੇ ਇਸ ਨੋਟੀਫਿਕੇਸ਼ਨ ਵਿੱਚ ਲਿਖਿਆ ਗਿਆ ਸੀ ਪਰੰਤੂ ਅਪ੍ਰੈਲ 2026 ਦਾ ਅੱਧਾ ਮਹੀਨਾ ਬੀਤ ਜਾਣ ਦੇ ਬਾਵਜੂਦ ਅਜੇ ਤੱਕ ਵਿੱਤ ਵਿਭਾਗ ਪੰਜਾਬ ਸਰਕਾਰ ਵੱਲੋਂ ਆਪਣੇ ਮੁਲਾਜ਼ਮਾਂ ਦੀਆਂ ਤਨਖਾਹਾਂ ਤੇ ਬਕਾਏ ਬਣਾਉਣ ਸਬੰਧੀ ਸਥਾਪਤ ਆਈ ਐਚ ਆਰ ਐਮ ਐਸ ਪੋਰਟਲ 'ਤੇ ਕੋਈ ਵੀ ਵਿਵਸਥਾ ਨਹੀਂ ਕੀਤੀ ਗਈ। ਆਗੂਆਂ ਨੇ ਪੰਜਾਬ ਸਰਕਾਰ ਦੀ ਨੀਯਤ 'ਤੇ ਸ਼ੱਕ ਕਰਦਿਆਂ ਦੋਸ਼ ਲਾਇਆ ਹੈ ਕਿ ਪੰਜਾਬ ਸਰਕਾਰ ਆਨੇ ਬਹਾਨੇ ਕਰਕੇ ਬਕਾਏ ਦੇਣ ਤੋਂ ਟਾਲਾ ਵੱਟ ਰਹੀ ਹੈ।

ਜੀ ਹੋਲੀ ਹਾਰਟ ਪਬਲਿਕ ਸਕੂਲ ਮਹਿਲ ਕਲਾਂ ਵਿਖੇ ਸਾਈਕਲਿੰਗ ਰੇਸ 19 ਨੂੰ

ਮਹਿਲ ਕਲਾਂ (ਬਲਵਿੰਦਰ ਵਜੀਦਕੇ,ਪ੍ਰਦੀਪ ਲੋਹਗੜ੍ਹ)- ਜੀ.ਹੋਲੀ ਹਾਰਟ ਪਬਲਿਕ ਸਕੂਲ, ਮਹਿਲ ਕਲਾਂ ਵੱਲੋਂ ਖੇਡਾਂ, ਸਰੀਰਕ ਤੰਦਰੁਸਤੀ, ਬੱਚਿਆਂ ਨੂੰ ਨਸ਼ਿਆਂ ਦੀ ਭੈੜੀ ਦਲਦਲ ਤੋਂ ਦੂਰ ਰੱਖਣ ਅਤੇ ਇਹਨਾਂ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਦੂਰ ਰੱਖਣ ਦੇ ਮਨੋਰਥ ਤਹਿਤ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਯੁੱਧ ਨਸ਼ਿਆਂ ਵਿਰੁੱਧ ਦੇ ਬੈਨਰ ਹੇਠ 19 ਅਪ੍ਰੈਲ ਨੂੰ ਇੱਕ ਵਿਸ਼ਾਲ ਸਾਈਕਲਿੰਗ ਰੇਸ ਕਰਵਾਈ ਜਾ ਰਹੀ ਹੈ। ਰੇਸ਼ ਸਵੇਰੇ 5 ਵਜੇ ਸ਼ੁਰੂ ਹੋ ਕੇ 7 ਵਜੇ ਤੱਕ ਚੱਲੇਗੀ। ਇਸ ਸਬੰਧੀ ਸਕੂਲ ਪ੍ਰਿੰਸੀਪਲ ਮੈਡਮ ਗਤਿਕਾ ਸ਼ਰਮਾ ਤੇ ਵਾਇਸ ਪ੍ਰਿੰਸੀਪਲ ਪਰਦੀਪ ਕੌਰ ਗਰੇਵਾਲ ਨੇ ਕਿਹਾ ਕਿ ਉਕਤ ਸਮਾਗਮ ਵਿੱਚ ਸਮਾਜ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੀਆਂ। ਡਿਪਟੀ ਕਮਿਸ਼ਨਰ ਬਰਨਾਲਾ ਹਰਪ੍ਰੀਤ ਸਿੰਘ, ਐਸ.ਐਸ.ਪੀ. ਪੁਲਸ ਜ਼ਿਲ੍ਹਾ ਬਰਨਾਲਾ ਸਰਫਰਾਜ ਆਲਮ, ਡੀ ਐਸ ਪੀ ਸਬ ਡਵੀਜ਼ਨ ਮਹਿਲ ਕਲਾਂ ਜਸਪਾਲ ਸਿੰਘ , ਐਸ ਡੀ ਐਮ ਮਹਿਲ ਕਲਾਂ ਕ੍ਰਿਤਿਕਾ ਗੋਇਲ ਆਦਿ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕਰਨਗੇ। ਉਨ੍ਹਾਂ ਦੱਸਿਆ ਕਿ ਮੈਨੇਜਿੰਗ

ਡਾਇਰੈਕਟਰ ਸੁਸ਼ੀਲ ਗੋਇਲ ਦੀ ਗਤੀਸ਼ੀਲ ਅਗਵਾਈ ਹੇਠ ਇਸ ਸਮਾਗਮ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਸਟਾਫ ਵੱਲੋਂ ਬੱਚਿਆਂ ਨੂੰ ਖੇਡਾਂ ਪ੍ਰਤੀ ਜਾਗਰੂਕ ਕਰਨ ਲਈ ਇਹ ਇੱਕ ਕਦਮ ਚੁੱਕਿਆ ਗਿਆ ਹੈ। ਇਹ ਮੈਰਾਥਨ ਨਾ ਸਿਰਫ਼ ਸਿਹਤ ਪ੍ਰਤੀ ਜਾਗਰੂਕਤਾ ਪੈਦਾ ਕਰੇਗੀ, ਸਗੋਂ ਸਮਾਜ ਵਿੱਚ ਅਨੁਸ਼ਾਸਨ ਅਤੇ ਏਕਤਾ ਦਾ ਸੁਨੇਹਾ ਵੀ ਦੇਵੇਗੀ। ਉਨ੍ਹਾਂ ਦੱਸਿਆ ਕਿ ਸਾਈਕਲ ਚਾਲਕ ਮਹਿਲ ਕਲਾਂ ਬੱਸ ਸਟੈਂਡ 'ਤੇ ਸਹੀ 5 ਵਜੇ ਇਕੱਠੇ ਹੋਣ ਉਪਰੰਤ ਪਿੰਡ ਮਹਿਲ ਖੁਰਦ ਤੋਂ ਹੁੰਦੇ ਹੋਏ ਪਿੰਡ ਸਹੌਰ ਉਪਰੰਤ ਜੀ. ਹੋਲੀ ਹਾਰਟ ਸਕੂਲ ਮਹਿਲ ਕਲਾਂ ਦੇ ਕੈਂਪਸ 'ਚ ਪਹੁੰਚ ਕੇ ਆਪਣੀ ਰੇਸ ਖਤਮ ਕਰਨਗੇ। ਜਦ ਕਿ ਦੌੜ (ਪੈਦਲ) 'ਚ ਹਿੱਸਾ ਵਾਲੇ ਸਭਨਾਂ ਪ੍ਰਤੀਯੋਗੀਆਂ ਲਈ ਦੌੜ ਸਿਰਫ ਮਹਿਲ ਕਲਾਂ ਅਤੇ ਮਹਿਲ ਸੋਢੇ ਦੇ ਆਲ਼ੇ ਦੁਆਲੇ ਹੋਵੇਗੀ ਅਤੇ ਅਖ਼ੀਰ ਹੋਲੀ ਹਾਰਟ ਸਕੂਲ ' ਪਹੁੰਚ ਕੇ ਸਮਾਪਤ ਹੋਵੇਗੀ । ਮੈਨੇਜਮੈਂਟ ਕਮੇਟੀ ਵੱਲੋਂ ਸਮੂਹ ਇਲਾਕਾ ਨਿਵਾਸੀਆਂ ਨੂੰ ਇਸ ਮੁਹਿੰਮ ਦਾ ਹਿੱਸਾ ਬਣਨ ਦੀ ਅਪੀਲ ਕੀਤੀ ਗਈ ਹੈ।

ਅਕਾਲੀ ਦਲ ਦੇ ਹਲਕਾ ਗਿੱਦੜਬਾਹਾ ਦੇ ਸਰਕਲ ਪ੍ਰਧਾਨਾਂ ਦੀ ਨਿਯੁਕਤੀ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ /ਪੂਜਾ) - ਸ. ਸੁਖਬੀਰ ਸਿੰਘ ਬਾਦਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸ੍ਰੀ ਮੁਕਤਸਰ ਸਾਹਿਬ ਵਿਖੇ ਗਿੱਦੜਬਾਹਾ ਹਲਕੇ ਦੀ ਅਹੁਦੇਦਾਰ ਟੀਮ ਵੱਲੋਂ ਸਰਕਲ ਪ੍ਰਧਾਨਾਂ ਦੀ ਨਵੀਂ ਸੂਚੀ ਜਾਰੀ ਕੀਤੀ ਗਈ। ਇਸ ਮੌਕੇ 'ਤੇ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਲਈ ਵੱਖ-ਵੱਖ ਸਰਕਲਾਂ ਦੇ ਪ੍ਰਧਾਨਾਂ ਦੀ ਨਿਯੁਕਤੀ ਕੀਤੀ ਗਈ। ਜਾਰੀ ਕੀਤੀ ਗਈ ਸੂਚੀ ਅਨੁਸਾਰ ਭੂੰਦੜ ਸਰਕਲ ਤੋਂ ਚਰਨਜੀਤ ਸਿੰਘ ਭੂੰਦੜ, ਗੁਰਸਰ ਤੋਂ ਬਲਵੰਤ ਸਿੰਘ ਗੁਰਸਰ, ਕੋਟਭਾਈ ਤੋਂ ਸਰਦੂਲ ਸਿੰਘ ਕੋਟਭਾਈ, ਭਲਾਇਆਣਾ ਤੋਂ ਗੁਰਚਰਨ ਸਿੰਘ (ਚੇਅਰਮੈਨ), ਮੱਲਾਂ ਤੋਂ ਬਲਕਰਨ ਸਿੰਘ ਮੱਲਾਂ, ਡੋਡਾ ਤੋਂ ਬਲਵਿੰਦਰ ਸਿੰਘ ਐਮ.ਡੀ. ਅਤੇ ਹਰਿਕੇ ਕਲਾਂ ਤੋਂ ਭਗਵਾਨ ਸਿੰਘ ਸੁਰੇਵਾਲਾ ਨੂੰ ਸਰਕਲ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਇਸ ਮੌਕੇ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ (ਜ਼ਿਲ੍ਹਾ ਪ੍ਰਧਾਨ ਅਤੇ ਸਾਬਕਾ ਐਮ.ਐਲ.ਏ., ਸ੍ਰੀ ਮੁਕਤਸਰ ਸਾਹਿਬ), ਗੁਰਵਿੰਦਰ ਸਿੰਘ (ਐਸ ਡੀ ਹਲਕਾ ਇੰਚਾਰਜ), ਗੁਰਦਿਆਲ ਕੌਰ ਮੱਲਾਂ, ਗੁਰਮੀਤ ਮਾਨ, ਗੁਰਪਿੰਕ ਮਾਨ, ਜਿਮੀ ਸੁਖਣਾ ਅਤੇ ਬਲਜੀਤ ਸਿੰਘ ਡੋਡਾ ਸਮੇਤ ਹੋਰ ਕਈ ਆਗੂ ਅਤੇ ਵਰਕਰ ਵੀ ਹਾਜ਼ਰ ਸਨ।

ਓਰੀਐਂਟ ਸਕੂਲ 'ਚ ਵਿਸਾਖੀ ਦਾ ਤਿਉਹਾਰ ਮਨਾਇਆ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)- ਵਿਸਾਖੀ ਦਾ ਤਿਉਹਾਰ ਓਰੀਐਂਟ ਇੰਟਰਨੈਸ਼ਨਲ ਸਕੂਲ ਅਤੇ ਸਪੋਰਟਸ ਅਕੈਡਮੀ 'ਚ ਬੜੇ ਉਤਸ਼ਾਹ

ਨਾਲ ਮਨਾਇਆ ਗਿਆ ਅਤੇ ਵਿਦਿਆਰਥੀਆਂ ਨੂੰ ਵਿਸਾਖੀ ਦੇ ਧਾਰਮਿਕ, ਇਤਿਹਾਸਿਕ, ਆਰਥਿਕ ਅਤੇ ਸੱਭਿਆਚਾਰਕ ਪਿਛੋਕੜ ਤੋਂ ਜਾਣੂ ਕਰਵਾਇਆ ਗਿਆ। ਰਵਾਇਤੀ ਪਹਿਰਾਵਿਆਂ 'ਚ ਸਜੇ ਵਿਦਿਆਰਥੀਆਂ ਵੱਲੋਂ ਵਿਸਾਖੀ ਨਾਲ ਸਬੰਧਿਤ ਕਵਿਤਾਵਾਂ, ਗੀਤ, ਡਾਂਸ ਪੇਸ਼ ਕੀਤੇ ਗਏ। ਖਾਲਸਾ ਸਾਜਨਾ ਦਿਵਸ, ਡਾ. ਬੀ.ਆਰ. ਅੰਬੇਦਕਰ ਅਤੇ ਜਲ੍ਹਿਆਂਵਾਲਾ ਬਾਗ਼ 'ਚ ਹੋਏ ਹੱਤਿਆਕਾਂਡ ਨਾਲ ਸਬੰਧਤ ਭਾਸ਼ਣ ਦਿੱਤੇ ਗਏ । ਇਸ ਮੌਕੇ ਸਕੂਲ ਦੇ ਚੇਅਰਮੈਨ ਵਿਕਰਮ ਸ਼ਰਮਾ, ਡਾਇਰੈਕਟਰ ਰਜਤ ਸ਼ਰਮਾ, ਪ੍ਰਿੰਸੀਪਲ ਦੀਪਾਲੀ ਨੰਦਾ ਅਤੇ ਸਮੂਹ ਸਟਾਫ਼ ਮੌਜੂਦ ਸਨ। ਪ੍ਰਿੰਸੀਪਲ ਦੀਪਾਲੀ ਨੰਦਾ ਨੇ ਵਿਦਿਆਰਥੀਆਂ ਨੂੰ ਇਸ ਪਵਿੱਤਰ ਦਿਹਾੜੇ ਦੀ ਵਧਾਈ ਦਿੰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਤਿਉਹਾਰ ਮਨਾਉਣ ਨਾਲ ਸਾਡੇ ਨੌਜਵਾਨ ਸਿਖਿਆਰਥੀਆਂ ਨੂੰ ਸਾਡੀਆਂ ਜੜ੍ਹਾਂ ਨਾਲ ਜੁੜਨ ਅਤੇ ਸਾਡੀਆਂ ਪਰੰਪਰਾਵਾਂ ਦੇ ਮਹੱਤਵ ਨੂੰ ਸਮਝਣ 'ਚ ਮੱਦਦ ਮਿਲਦੀ ਹੈ।

ਵਿਧਾਇਕ ਹੈਪੀ ਨੇ ਭਟੇੜੀ ਬੱਸ ਹਾਦਸੇ ਦੇ ਜ਼ਖਮੀਆਂ ਦਾ ਹਾਲ-ਚਾਲ ਪੁੱਛਿਆ

ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)- ਬੀਤੀ ਰਾਤ ਸ੍ਰੀ ਆਨੰਦਪੁਰ ਸਾਹਿਬ ਤੋਂ ਵਿਸਾਖੀ ਮੇਲਾ ਵੇਖਣ ਉਪਰੰਤ ਵਾਪਸ ਆ ਰਹੀ ਸ਼ਰਧਾਲੂਆਂ ਦੀ ਬੱਸ ਦੇ ਚੁੰਨੀ ਮੋਰਿੰਡਾ ਰੋਡ 'ਤੇ

ਸਥਿਤ ਪਿੰਡ ਭਟੇੜੀ ਵਿਖੇ ਹੋਏ ਹਾਦਸੇ ਦੌਰਾਨ ਜ਼ਖਮੀ ਵਿਅਕਤੀਆਂ ਦਾ ਹਾਲ ਚਾਲ ਪੁੱਛਣ ਲਈ ਬਸੀ ਪਠਾਨਾ ਦੇ ਵਿਧਾਇਕ ਰੁਪਿੰਦਰ ਸਿੰਘ ਹੈਪੀ, ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਤੇ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਜੈ ਸਿੰਘ ਲਿਬੜਾ ਨੇ ਸਿਵਲ ਹਸਪਤਾਲ ਫਤਹਿਗੜ੍ਹ ਸਾਹਿਬ ਦਾ ਦੌਰਾ ਕੀਤਾ ਅਤੇ ਜੇਰੇ ਇਲਾਜ਼ ਜ਼ਖਮੀਆਂ ਨਾਲ ਗੱਲਬਾਤ ਕੀਤੀ। ਇਸ ਮੌਕੇ ਵਿਧਾਇਕ ਹੈਪੀ ਨੇ ਕਿਹਾ ਕਿ ਇਹ ਇੱਕ ਮੰਦਭਾਗੀ ਘਟਨਾ ਹੈ ਜਿਸ ਵਿੱਚ 8 ਵਿਅਕਤੀਆਂ ਦੀ ਮੌਤ ਹੋ ਗਈ ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮ੍ਰਿਤਕਾਂ ਦੇ ਪਰਵਾਰਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ। ਉਨ੍ਹਾਂ ਹਾਦਸੇ ਵਿੱਚ ਮਾਰੇ ਗਏ ਵਿਅਕਤੀਆਂ ਦੀ ਮੌਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਜ਼ਖ਼ਮੀਆਂ ਦੇ ਜਲਦ ਸਿਹਤਯਾਬ ਹੋਣ ਦੀ ਅਰਦਾਸ ਵੀ ਕੀਤੀ। ਉਨ੍ਹਾਂ ਨੇ ਹਾਦਸੇ ਵਿੱਚ ਜ਼ਖਮੀ ਹੋਏ 14 ਤੇ 17 ਸਾਲ ਦੇ ਭੈਣ ਭਰਾ ਵੱਲੋਂ ਮੌਕੇ 'ਤੇ ਹੋਰਨਾਂ ਜ਼ਖਮੀਆਂ ਦੀ ਸਹਾਇਤਾ ਕਰਨ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਇਨ੍ਹਾਂ ਬੱਚਿਆਂ ਨੇ ਜੋ ਬਹਾਦਰੀ ਦਿਖਾਈ ਹੈ ਉਹ ਆਪਣੇ ਆਪ ਵਿੱਚ ਬੇਮਿਸਾਲ ਹੈ। ਇਸ ਮੌਕੇ ਡਿਪਟੀ ਕਮਿਸ਼ਨਰ ਡਾ.ਸੋਨਾ ਥਿੰਦ ਨੇ ਕਿਹਾ ਕਿ ਭਟੇੜੀ ਵਿਖੇ ਹੋਇਆ ਬੱਸ ਹਾਦਸਾ ਬਹੁਤ ਹੀ ਦੁੱਖਦਾਈ ਹੈ। ਉਨ੍ਹਾਂ ਦੱਸਿਆ ਕਿ ਹਾਦਸੇ ਵਿੱਚ ਜਖਮੀਆਂ ਨੂੰ ਵੱਖ ਵੱਖ ਹਸਪਤਾਲਾਂ ਵਿੱਚ ਦਾਖਲ ਕਰਵਾਇਆ ਗਿਆ ਹੈ, ਜਿਨ੍ਹਾਂ ਵਿੱਚੋਂ ਸਿਵਲ ਹਸਪਤਾਲ ਫਤਹਿਗੜ੍ਹ ਸਾਹਿਬ ਵਿਖੇ ਦਾਖਲ 9 ਜ਼ਖ਼ਮੀਆਂ ਵਿੱਚੋਂ 7 ਨੂੰ ਮੁੱਢਲੀ ਡਾਕਟਰੀ ਸਹਾਇਤਾ ਦੇਣ ਉਪਰੰਤ ਘਰਾਂ ਨੂੰ ਭੇਜ ਦਿੱਤਾ ਗਿਆ ਹੈ ਅਤੇ ਮ੍ਰਿਤਕਾਂ ਦਾ ਪੋਸਟਮਾਰਟਮ ਕਰਵਾ ਕੇ ਮ੍ਰਿਤਕ ਦੇਹ ਨੂੰ ਜਲਦ ਪਰਵਾਰਾਂ ਹਵਾਲੇ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਇਸ ਦੁੱਖ ਦੀ ਘੜੀ ਵਿੱਚ ਪੀੜ੍ਹਤ ਪਰਿਵਾਰਾਂ ਦੇ ਨਾਲ ਹੈ ਅਤੇ ਉਨ੍ਹਾਂ ਦੀ ਹਰ ਸੰਭਵ ਮਦਦ ਕੀਤੀ ਜਾਵੇਗੀ।ਇਸ ਮੌਕੇ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਜੈ ਸਿੰਘ ਲਿਬੜਾ ਨੇ ਘਟਨਾ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀ ਅਤੇ ਵਿਧਾਇਕ ਰੁਪਿੰਦਰ ਸਿੰਘ ਹੈਪੀ ਦੀ ਅਗਵਾਈ ਹੇਠ ਪਾਰਟੀ ਵਰਕਰਾਂ ਨੇ ਜਖਮੀਆਂ ਨੂੰ ਹਸਪਤਾਲ ਪਹੁੰਚਾਉਣ ਵਿੱਚ ਸ਼ਲਾਘਾਯੋਗ ਭੂਮਿਕਾ ਨਿਭਾਈ ਹੈ। ਇਸ ਮੌਕੇ ਸਿਵਲ ਸਰਜਨ ਡਾ ਅਰਵਿੰਦ ਪਾਲ ਸਿੰਘ,ਐਸ.ਐਮ.ਓ. ਡਾ.ਜਸਪ੍ਰੀਤ ਸਿੰਘ ਬੇਦੀ, ਆਮ ਆਦਮੀ ਪਾਰਟੀ ਦੇ ਪਵੇਲ ਹਾਂਡਾ, ਨਵਦੀਪ ਨਵੀ ਤੋਂ ਇਲਾਵਾ ਹੋਰ ਪਤਵੰਤੇ ਮੌਜੂਦ ਸਨ।

ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵਿਖੇ ਪਲੇਸਮੈਂਟ ਕੈਂਪ ਅੱਜ

ਮਾਨਸਾ (ਆਤਮਾ ਸਿੰਘ ਪਮਾਰ)- ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਮਾਨਸਾ ਵਿਖੇ 16 ਅਪ੍ਰੈਲ ਨੂੰ ਫੈਰਿਸ ਬਿਜ਼ਨਸ ਇੰਡੀਆ ਵੱਲੋਂ ਡਿਵੈਲਪਮੈਂਟ ਅਫ਼ਸਰਾਂ ਦੀ ਭਰਤੀ ਲਈ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ।ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰੋਜ਼ਗਾਰ ਅਫ਼ਸਰ, ਰਵਿੰਦਰ ਸਿੰਘ ਨੇ ਦੱਸਿਆ ਕਿ ਇਸ ਪਲੇਸਮੈਂਟ ਕੈਂਪ 'ਚ ਘੱਟੋ ਘੱਟ ਯੋਗਤਾ 12ਵੀਂ ਪਾਸ ਲੜਕੇ ਅਤੇ ਲੜਕੀਆਂ ਦੋਵੇਂ ਹੀ ਭਾਗ ਲੈ ਸਕਦੇ ਹਨ। ਪ੍ਰਾਰਥੀਆਂ ਦੀ ਉਮਰ ਸੀਮਾ 20 ਤੋਂ 35 ਸਾਲ ਤੱਕ ਹੋਣੀ ਚਾਹੀਦੀ ਹੈ।

ਚਾਹਵਾਨ ਪ੍ਰਾਰਥੀ ਆਪਣੀ ਯੋਗਤਾ ਸਰਟੀਫਿਕੇਟ ਦੀਆਂ ਫੋਟੋ ਕਾਪੀਆਂ ਅਤੇ ਯੋਗਤਾ ਦਾ ਵੇਰਵਾ (ਰਜ਼ਿਊਮ) ਲੈ ਕੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ (ਨੇੜੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸੇਵਾ ਕੇਂਦਰ ਦੀ ਪਹਿਲੀ ਮੰਜ਼ਿਲ 'ਤੇ) ਸਵੇਰੇ 10:30 ਵਜੇ ਪਹੁੰਚਣ।ਉਨ੍ਹਾਂ ਦੱਸਿਆ ਕਿ ਚੁਣੇ ਗਏ ਪ੍ਰਾਰਥੀਆਂ ਨੂੰ ਤਨਖਾਹ 16500/-ਰੁਪਏ ਦੇ ਕਰੀਬ ਮਿਲਣਯੋਗ ਹੋਵੇਗੀ।

ਸਾਂਝਾ ਅਧਿਆਪਕ ਮੋਰਚਾ ਵਫ਼ਦ ਵੱਲੋਂ ਸਾਂਸਦ ਸ਼ੇਰ ਸਿੰਘ ਘੁਬਾਇਆ ਨਾਲ ਮੁਲਾਕਾਤ

ਜਲਾਲਾਬਾਦ (ਜੀਤ ਕੁਮਾਰ/ਜੰਗੀਰ ਕੌਰ) - ਸਾਂਝਾ ਅਧਿਆਪਕ ਮੋਰਚਾ ਪੰਜਾਬ ਦੇ ਆਗੂਆਂ ਵੱਲੋਂ ਫਿਰੋਜ਼ਪੁਰ ਲੋਕ ਸਭਾ ਹਲਕੇ ਦੇ ਸੰਸਦ ਮੈਂਬਰ ਸ਼ੇਰ ਸਿੰਘ ਘੁਬਾਇਆ ਨਾਲ ਮੁਲਾਕਾਤ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਆਗੂਆਂ ਨੇ ਮੰਗ ਕੀਤੀ ਕਿ ਰਾਜ ਸਭਾ ਮੈਂਬਰ ਸਾਥੀ ਜਾਹਨ ਬ੍ਰਿਟਾਸ ਵੱਲੋਂ ਟੈਟ ਦੇ ਖਿਲਾਫ ਜੋ ਰਾਜ ਸਭਾ ਵਿੱਚ ਬਿੱਲ ਪੇਸ਼ ਕੀਤਾ ਗਿਆ ਹੈ, ਉਸ ਬਿੱਲ ਦਾ ਪੂਰਾ ਸਮਰਥਨ ਕੀਤਾ ਜਾਵੇ ਤਾਂ ਕਿ ਪੰਜਾਬ ਦੇ ਅਧਿਆਪਕਾਂ ਦਾ

ਰੁਜ਼ਗਾਰ ਬਚਾਇਆ ਜਾ ਸਕੇ। ਇਸ ਮੌਕੇ ਸਾਂਝਾ ਅਧਿਆਪਕ ਮੋਰਚਾ ਪੰਜਾਬ ਦੇ ਸੂਬਾਈ ਕਨਵੀਨਰ ਸੁਰਿੰਦਰ ਕੰਬੋਜ , ਪਰਮਜੀਤ ਸਿੰਘ ਸੋਰੇਵਾਲਾ, ਅਸ਼ੋਕ ਕੁਮਾਰ, ਅਮਨਦੀਪ ਸਿੰਘ, ਰਾਜ ਕੁਮਾਰ ਹੁਰਾਂ ਦੀ ਅਗਵਾਈ ਵਿੱਚ ਸ਼ੇਰ ਸਿੰਘ ਘੁਬਾਇਆ ਨੂੰ ਮੰਗ ਪੱਤਰ ਵੀ ਸੌਂਪਿਆ ਗਿਆ। ਸ਼ੇਰ ਸਿੰਘ ਘੁਬਾਇਆ ਨੇ ਅਧਿਆਪਕਾਂ ਨਾਲ ਵਾਅਦਾ ਕੀਤਾ ਕਿ ਉਹ ਸੰਸਦ ਵਿੱਚ ਟੈਟ ਦੇ ਖਿਲਾਫ ਜਰੂਰ ਆਵਾਜ਼ ਉਠਾਉਣਗੇ ਕਿਉਂਕਿ ਟੈਟ ਅਧਿਆਪਕਾਂ ਉੱਪਰ ਗੈਰ-ਜ਼ਰੂਰੀ, ਬੇਲੋੜੇ ਤੌਰ 'ਤੇ ਥੋਪਿਆ ਜਾ ਰਿਹਾ ਹੈ। ਇਸ ਮੌਕੇ ਸੁਖਮੰਦਰ ਸਿੰਘ ਸੈਣੀ, ਰਾਕੇਸ਼ ਸਿੰਘ ਮਲੰਗੀ, ਰਾਧਾ ਕ੍ਰਿਸ਼ਨ, ਸ਼ਿੰਦਰ ਸਿੰਘ ਲਾਧੂਕਾ, ਪ੍ਰੇਮ ਸਿੰਘ ਭੰਬਾ ਵੱਟੂ, ਲਾਲ ਸਿੰਘ ਖੀਵਾ, ਪਰਮਜੀਤ ਸਿੰਘ, ਮਾਸਟਰ ਤਾਰਾ ਸਿੰਘ, ਗੁਰਮੇਲ ਸਿੰਘ, ਰਣਜੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਅਧਿਆਪਕ ਹਾਜ਼ਰ ਸਨ।

...ਸਫ਼ਾ 1 ਦੇ ਬਾਕੀ

ਰਾਜਸੱਤਾ 'ਤੇ ਕਾਬਜ਼ ਸੰਵਿਧਾਨ ਵਿਰੋਧੀ ...

ਯੁੱਗ ਪੁਰਸ਼ ਤੇ ਦੱਬੇ-ਕੁੱਚਲੇ ਸਮਾਜ ਨੂੰ ਆਪਣੇ ਰਹਿਬਰ ਵੱਲੋਂ ਦਰਸਾਏ ਮਾਰਗ ਅਤੇ ਪਾਏ ਗਏ ਪੂਰਨਿਆਂ 'ਤੇ ਚੱਲਣ ਦੀ ਅਪੀਲ ਕੀਤੀ।ਮੰਚ ਸੰਚਾਲਨ ਦੀ ਜ਼ਿੰਮੇਵਾਰੀ ਜਗਸੀਰ ਰਾਏਕੇ ਵੱਲੋਂ ਬਾਖੂਬੀ ਨਿਭਾਈ ਗਈ।ਕਨਵੈਨਸ਼ਨ ਨੂੰ ਹੋਰਨਾਂ ਤੋਂ ਇਲਾਵਾ ਵੇਦ ਪ੍ਰਕਾਸ਼ ਬੁਢਲਾਡਾ, ਰੂਪ ਸਿੰਘ ਢਿੱਲੋਂ, ਅਰਵਿੰਦਰ ਕੌਰ, ਰਤਨ ਭੋਲਾ, ਡਾ. ਰਾਜ ਕੁਮਾਰ ਸ਼ਰਮਾ, ਕੇਵਲ ਸਿੰਘ ਸਮਾਓ, ਗੁਰਦੇਵ ਸਿੰਘ ਦਲੇਲ ਸਿੰਘ ਵਾਲਾ, ਬਲਵੰਤ ਸਿੰਘ ਫੱਕਰ, ਹਰਦਿਆਲ ਸਿੰਘ ਬੁਢਲਾਡਾ, ਪੂਰਨ ਸਿੰਘ ਸਰਦੂਲਗੜ੍ਹ, ਸੁਖਦੇਵ ਸਿੰਘ ਪੰਧੇਰ, ਕੁਲਵਿੰਦਰ ਪਾਸਟਰ, ਬੂਟਾ ਸਿੰਘ ਬਰਨਾਲਾ, ਜੀਤ ਰਾਮ ਪੇਂਟਰ ਯੂਨੀਅਨ, ਲਾਭ ਸਿੰਘ ਮੰਢਾਲੀ, ਸੁਖਦੇਵ ਸਿੰਘ ਉਸਾਰੀ ਯੂਨੀਅਨ, ਕਿਰਨਾ ਰਾਣੀ ਐਮ ਸੀ, ਪੁਸ਼ਪਿੰਦਰ ਚੌਹਾਨ, ਗੁਰਦਿਆਲ ਸਿੰਘ, ਝੰਡਾ ਸਿੰਘ, ਪ੍ਰਕਾਸ਼ ਸਿੰਘ ਬੁਢਲਾਡਾ, ਮਲਕੀਤ ਬਖਸ਼ੀਵਾਲਾ, ਕਰਨੈਲ ਸਿੰਘ ਰਿਉਂਦ, ਮੇਜਰ ਸਿੰਘ ਦੂਲੋਵਾਲ ਟਰੇਡ ਯੂਨੀਅਨ ਆਗੂ, ਪੈਨਸ਼ਨਰਜ਼ ਐਸੋਸੀਏਸ਼ਨ, ਮਨਰੇਗਾ ਮਜ਼ਦੂਰਾਂ ਦੇ ਆਗੂਆਂ ਨੇ ਵੀ ਸੰਬੋਧਨ ਕੀਤਾ।

ਸਕੱਤਰ ਬਣਨ 'ਤੇ ਧਾਲੀਵਾਲ ਦਾ ਸਨਮਾਨ...

ਵਿਦਿਆਰਥੀ ਸਮੂਹ, ਕਿਰਤੀ ਵਰਗ ਦੀ ਸੁਚੱਜੇ ਢੰਗ ਨਾਲ ਨੁਮਾਇੰਦਗੀ ਕਰਦੇ ਰਹਿਣਗੇ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਧਾਲੀਵਾਲ ਨੇ ਹਿੰਦੁਸਤਾਨ, ਪੰਜਾਬ ਦੇ ਸਮੁੱਚੇ ਹਾਲਾਤ 'ਤੇ ਚਾਨਣਾ ਪਾਉਂਦੇ ਹੋਏ ਕਿਹਾ ਕਿ ਕੇਂਦਰ ਸਰਕਾਰ ਨੇ 44 ਲੇਬਰ ਕਾਨੂੰਨ ਤੋੜ ਕੇ 4 ਕੋਡ ਬਿੱਲ ਲਾਗੂ ਕਰਕੇ ਕਿਰਤੀ ਜਮਾਤ ਦਾ ਗਲਾ ਘੁਟਣ ਦਾ ਕੰਮ ਕੀਤਾ ਹੈ। ਕੱਚੇ ਕਾਮੇ ਬੁਰੀ ਤਰ੍ਹਾਂ ਆਰਥਕ ਸ਼ੋਸ਼ਣ ਦਾ ਸ਼ਿਕਾਰ ਹੋ ਰਹੇ ਹਨ। ਪੱਕੇ ਕਰਨ ਦੀ ਨੀਤੀ ਤਿਆਗ ਦਿੱਤੀ ਹੈ। ਪਬਲਿਕ ਸੈਕਟਰ ਦਾ ਨਿੱਜੀਕਰਨ ਕੀਤਾ ਜਾ ਰਿਹਾ ਹੈ। ਪੀ ਆਰ ਟੀ ਸੀ ਦੀ ਗੱਲ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਪੀ ਆਰ ਟੀ ਸੀ ਮਾਲਕੀ ਦੀ ਕੋਈ ਵੀ ਬੱਸ ਚਾਰ ਸਾਲਾਂ ਅੰਦਰ ਨਹੀਂ ਪਾਈ, ਕੱਚੇ ਕਾਮੇ ਪੱਕੇ ਨਹੀਂ ਕੀਤੇ, ਪੈਨਸ਼ਨ ਸਕੀਮ 1992 ਤੋਂ ਵਾਂਝੇ ਰੱਖੇ ਮੁਲਾਜ਼ਮਾਂ ਨੂੰ ਪੈਨਸ਼ਨ ਨਹੀਂ ਦਿੱਤੀ ਜਾ ਰਹੀ, ਪੰਜਾਬ ਸਰਕਾਰ ਵੱਲੋਂ ਪੀ ਆਰ ਟੀ ਸੀ ਦੇ ਸਫਰ ਸਹੂਲਤਾਂ ਦੇ 600 ਕਰੋੜ ਰੁਪਏ ਨਾ ਦੇਣ ਕਰਕੇ ਵਰਕਰਾਂ ਦੇ ਸੇਵਾ-ਮੁਕਤੀ ਬਕਾਏ, ਮੈਡੀਕਲ ਬਿੱਲਾਂ ਦੀ ਅਦਾਇਗੀ ਨਹੀਂ ਹੋ ਰਹੀ ਅਤੇ ਸਮੇਂ ਸਿਰ ਤਨਖਾਹ ਤੇ ਪੈਨਸ਼ਨ ਦੀ ਅਦਾਇਗੀ ਨਹੀ ਕੀਤੀ ਜਾ ਰਹੀ।ਮੀਟਿੰਗ ਨੂੰ ਮੁਹੰਮਦ ਖਲੀਲ, ਉਤਮ ਸਿੰਘ ਬਾਗੜੀ, ਰਮੇਸ਼ ਕੁਮਾਰ ਨੇ ਸੰਬੋਧਨ ਕਰਦੇ ਹੋਏ ਮੰਗ ਕੀਤੀ ਕਿ ਪੰਜਾਬ ਸਰਕਾਰ, ਪੀ ਆਰ ਟੀ ਸੀ ਮੈਨੇਜਮੈਂਟ ਐਕਸ਼ਨ ਕਮੇਟੀ ਵੱਲੋਂ ਦਿੱਤੇ ਮੰਗ ਪੱਤਰ 'ਤੇ ਬਿਨਾਂ ਦੇਰੀ ਤੋਂ ਗੱਲ ਕਰਕੇ ਮੰਗਾਂ ਦਾ ਸਾਰਥਕ ਤਰੀਕੇ ਨਾਲ ਨਿਪਟਾਰਾ ਕਰੇ। ਸਟੇਜ ਦਾ ਸੰਚਾਲਨ ਸੁਖਦੇਵ ਰਾਮ ਸੁੱਖੀ ਨੇ ਬਾਖੂਬੀ ਨਿਭਾਇਆ।

ਸਰਕਾਰ ਘੱਟੋ-ਘੱਟ ਉਜਰਤਾਂ...

ਸ਼ਾਮਿਲ ਸਨ। ਇੰਟਕ ਦੇ ਆਗੂ ਸਾਥੀ ਰੁਝੇਵੇਂ ਕਰਕੇ ਮੀਟਿੰਗ ਵਿੱਚ ਸ਼ਾਮਿਲ ਨਹੀਂ ਹੋ ਸਕੇ।ਆਗੂਆਂ ਕਿਹਾ ਕਿ 29 ਕਾਨੂੰਨਾਂ ਨੂੰ ਰੱਦ ਕਰਕੇ ਉਨ੍ਹਾਂ ਨੂੰ ਚਾਰ ਕੋਡਾਂ ਵਿੱਚ ਬਦਲ ਦਿੱਤਾ ਗਿਆ ਹੈ। ਇਹ ਕੋਡ ਮਜ਼ਦੂਰਾਂ ਨੂੰ ਗੁਲਾਮੀ ਵੱਲ ਧੱਕਣ, ਕੰਮ ਦੇ ਘੰਟੇ ਵਧਾਉਣ, ਹੜਤਾਲ ਦੇ ਅਧਿਕਾਰ ਨੂੰ ਲਗਭਗ ਖਤਮ ਕਰਨ, ਫਿਕਸਡ ਟਰਮ ਰੋਜ਼ਗਾਰ ਨੂੰ ਆਮ ਬਣਾਉਣ, ਨੌਕਰੀ ਦੀ ਸੁਰੱਖਿਆ ਖਤਮ ਕਰਨ, ਮਜ਼ਦੂਰਾਂ ਨੂੰ ਕਾਨੂੰਨੀ ਸੁਰੱਖਿਆ ਤੋਂ ਬਾਹਰ ਕਰਨ, ਯੂਨੀਅਨ ਬਣਾਉਣ ਨੂੰ ਮੁਸ਼ਕਲ ਅਤੇ ਰਜਿਸਟ੍ਰੇਸ਼ਨ ਰੱਦ ਕਰਨਾ ਆਸਾਨ ਬਣਾਉਣ ਵੱਲ ਕਦਮ ਹਨ।

ਅਸੀਂ ਮੁੜ ਚਾਰ ਲੇਬਰ ਕੋਡਾਂ ਨੂੰ ਰੱਦ ਕਰਨ ਅਤੇ ਤੁਰੰਤ ਭਾਰਤੀ ਮਜ਼ਦੂਰ ਕਾਨਫਰੰਸ ਬੁਲਾਉਣ ਦੀ ਮੰਗ ਕਰਦੇ ਹਾਂ।

ਅੰਤ ਵਿੱਚ ਇਹ ਫੈਸਲਾ ਕੀਤਾ ਗਿਆ ਕਿ 17 ਅਪ੍ਰੈਲ ਨੂੰ ਸਹਾਇਕ ਲੇਬਰ ਕਮਿਸ਼ਨਰ ਲੁਧਿਆਣਾ ਨੂੰ ਇੱਕ ਮੰਗ ਪੱਤਰ ਦਿੱਤਾ ਜਾਵੇਗਾ ਅਤੇ 26 ਅਪ੍ਰੈਲ ਨੂੰ ਚਾਰ ਲੇਬਰ ਕੋਡਾਂ ਨੂੰ ਰੱਦ ਕਰਾਉਣ ਲਈ ਵਰਕਰਜ਼ ਦੀ ਇੱਕ ਕਨਵੈਨਸ਼ਨ ਕੀਤੀ ਜਾਵੇਗੀ, ਜੋ ਪਹਿਲੀ ਮਈ ਦੇ ਸ਼ਹੀਦਾਂ ਨੂੰ ਸਮਰਪਤ ਹੋਵੇਗੀ।

ਕੇਜਰੀਵਾਲ ਦੇ ਨਾਲ-ਨਾਲ ਰਵੀਸ਼ ਕੁਮਾਰ ਖਿਲਾਫ ਸ਼ਿਕਾਇਤ

ਨਵੀਂ ਦਿੱਲੀ : ਦਿੱਲੀ ਦੀ ਆਬਕਾਰੀ ਨੀਤੀ ਨਾਲ ਜੁੜੇ ਮਾਮਲੇ ਵਿੱਚ ਅਦਾਲਤ ਦੇ ਅੰਦਰ ਚੱਲੀ ਬਹਿਸ ਹੁਣ ਅਦਾਲਤ ਤੋਂ ਬਾਹਰ ਇੱਕ ਨਵੇਂ ਕਾਨੂੰਨੀ ਵਿਵਾਦ ਦਾ ਰੂਪ ਧਾਰਨ ਕਰ ਗਈ ਹੈ। ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਵੱਲੋਂ ਜੱਜ ਨੂੰ ਸੁਣਵਾਈ ਤੋਂ ਲਾਂਭੇ ਹੋਣ ਲਈ ਦਿੱਤੀਆਂ ਦਲੀਲਾਂ ਦੀ ਵੀਡੀਓ ਵਾਇਰਲ ਹੋਣ ਤੋਂ ਬਾਅਦ, ਉਨ੍ਹਾ ਅਤੇ 'ਆਪ' ਆਗੂਆਂ ਸਮੇਤ ਪੱਤਰਕਾਰ ਰਵੀਸ਼ ਕੁਮਾਰ ਖਿਲਾਫ ਹਾਈ ਕੋਰਟ ਵਿੱਚ ਸ਼ਿਕਾਇਤ ਦਰਜ ਕਰਵਾਈ ਗਈ ਹੈ। ਦੋਸ਼ ਹੈ ਕਿ ਅਦਾਲਤੀ ਕਾਰਵਾਈ ਨੂੰ ਗੈਰ-ਕਾਨੂੰਨੀ ਤਰੀਕੇ ਨਾਲ ਰਿਕਾਰਡ ਕਰਕੇ ਸਿਆਸੀ ਲਾਹੇ ਲਈ ਸੋਸ਼ਲ ਮੀਡੀਆ 'ਤੇ ਪ੍ਰਸਾਰਤ ਕੀਤਾ ਗਿਆ। ਐਡਵੋਕੇਟ ਵੈਭਵ ਸਿੰਘ ਵੱਲੋਂ ਦਾਇਰ ਸ਼ਿਕਾਇਤ ਵਿੱਚ 13 ਅਪਰੈਲ ਦੀ ਸੁਣਵਾਈ ਦਾ ਹਵਾਲਾ ਦਿੱਤਾ ਗਿਆ ਹੈ, ਜਿੱਥੇ ਕੇਜਰੀਵਾਲ ਨਿੱਜੀ ਤੌਰ 'ਤੇ ਪੇਸ਼ ਹੋਏ ਸਨ। ਸ਼ਿਕਾਇਤਕਰਤਾ ਅਨੁਸਾਰ, ਅਦਾਲਤੀ ਕਾਰਵਾਈ ਦੀ ਰਿਕਾਰਡਿੰਗ ਕਰਨਾ ਦਿੱਲੀ ਹਾਈ ਕੋਰਟ ਦੇ ਵੀਡੀਓ ਕਾਨਫਰੰਸਿੰਗ ਨਿਯਮਾਂ ਦੀ ਸਿੱਧੀ ਉਲੰਘਣਾ ਹੈ। ਉਨ੍ਹਾ ਦੋਸ਼ ਲਾਇਆ ਕਿ ਐਕਸ (ਟਵਿੱਟਰ), ਫੇਸਬੁੱਕ ਅਤੇ ਯੂਟਿਊਬ ਵਰਗੇ ਪਲੇਟਫਾਰਮਾਂ 'ਤੇ ਇਹ ਕਲਿੱਪਾਂ ਬੇਹੱਦ ਤੇਜ਼ੀ ਨਾਲ ਸਾਂਝੀਆਂ ਕੀਤੀਆਂ ਗਈਆਂ, ਜੋ ਕਿ ਨਿਆਂਪਾਲਿਕਾ ਦੇ ਅਕਸ ਨੂੰ ਢਾਹ ਲਾਉਣ ਦੀ ਇੱਕ ਸੋਚੀ-ਸਮਝੀ ਸਾਜ਼ਿਸ਼ ਜਾਪਦੀ ਹੈ। ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਹਾਈ ਕੋਰਟ ਨੇ ਦਿੱਲੀ ਪੁਲਸ ਨੂੰ ਹਦਾਇਤ ਕੀਤੀ ਹੈ ਕਿ ਇੰਟਰਨੈੱਟ ਤੋਂ ਇਨ੍ਹਾਂ ਅਣਅਧਿਕਾਰਤ ਵੀਡੀਓਜ਼ ਨੂੰ ਤੁਰੰਤ ਹਟਾਇਆ ਜਾਵੇ। ਅਦਾਲਤੀ ਸੂਤਰਾਂ ਅਨੁਸਾਰ, ਅਜਿਹੀ ਰਿਕਾਰਡਿੰਗ ਪੂਰੀ ਤਰ੍ਹਾਂ ਵਰਜਤ ਹੈ ਅਤੇ ਅਜਿਹਾ ਕਰਨ ਵਾਲਿਆਂ ਖਿਲਾਫ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

ਸੀ ਬੀ ਆਈ ਵੱਲੋਂ ਆਬਕਾਰੀ ਨੀਤੀ ਮਾਮਲੇ ਵਿੱਚ ਹੇਠਲੀ ਅਦਾਲਤ ਦੇ ਫੈਸਲੇ ਨੂੰ ਹਾਈ ਕੋਰਟ ਵਿੱਚ ਚੁਣੌਤੀ ਦੇਣ ਤੋਂ ਬਾਅਦ ਕੇਜਰੀਵਾਲ ਅਤੇ ਹੋਰ 'ਆਪ' ਆਗੂਆਂ ਨੇ ਜਸਟਿਸ ਸਵਰਨ ਕਾਂਤਾ ਸ਼ਰਮਾ ਨੂੰ ਇਸ ਕੇਸ ਦੀ ਸੁਣਵਾਈ ਤੋਂ ਲਾਂਭੇ ਹੋਣ ਦੀ ਅਪੀਲ ਕੀਤੀ ਸੀ। ਕੇਜਰੀਵਾਲ ਨੇ ਕਰੀਬ ਇੱਕ ਘੰਟਾ ਖੁਦ ਦਲੀਲਾਂ ਪੇਸ਼ ਕੀਤੀਆਂ ਸਨ, ਜਿਸ ਤੋਂ ਤੁਰੰਤ ਬਾਅਦ ਇਸ ਬਹਿਸ ਦੀਆਂ ਵੀਡੀਓਜ਼ ਇੰਟਰਨੈੱਟ 'ਤੇ ਵਾਇਰਲ ਹੋ ਗਈਆਂ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

1.21 ਕਰੋੜ ਰੁਪਏ ਦੀ ਲਾਗਤ ਵਾਲੇ ਸੀਵਰੇਜ ਦੀ ਸਾਫ ਸਫਾਈ ਦੇ ਵਿਕਾਸ ਕਾਰਜ ਨੂੰ ਹਰੀ ਝੰਡੀ

ਅੰਮ੍ਰਿਤਸਰ/ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)

ਵਿਸਾਖੀ ਦਿਹਾੜੇ ਦੀਆਂ ਅਜਨਾਲਾ ਸ਼ਹਿਰੀਆਂ ਨਾਲ ਖੁਸ਼ੀਆਂ ਸਾਂਝੀਆਂ ਕਰਨ ਮੌਕੇ ਆਮ ਆਦਮੀ ਪਾਰਟੀ ਦੇ ਸੂਬਾ ਮੁੱਖ ਬੁਲਾਰੇ ਵਿਧਾਇਕ ਤੇ ਸਾਬਕਾ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਵਲੋਂ ਅਜਨਾਲਾ ਸ਼ਹਿਰ 'ਚ ਹੀ ਪਿਛਲੇ ਲੰਮੇ ਸਮੇਂ ਤੋਂ ਸੀਵਰੇਜ ਸਫਾਈ ਦੀ ਪੈਦਾ ਹੋਈ ਸਮੱਸਿਆ ਨੂੰ ਹੱਲ ਕਰਨ ਲਈ 1.21 ਕਰੋੜ ਰੁਪਏ ਦੇ ਖਰਚੇ ਨਾਲ ਮੁਕੰਮਲ ਕੀਤੀ ਜਾਣ ਵਾਲੀ ਸੀਵਰੇਜ ਸਫਾਈ ਮੁਹਿੰਮ ਦਾ ਹਰੀ ਝੰਡੀ ਵਿਖਾ ਕੇ ਪੂਰੇ ਜੋਸ਼ੋ ਖਰੋਸ਼ ਨਾਲ ਆਗਾਜ਼ ਕੀਤਾ। ਸ. ਧਾਲੀਵਾਲ ਨੇ ਇਸ ਸਫਾਈ ਮੁਹਿੰਮ ਵਿਕਾਸ ਕਾਰਜ ਦੇ ਉਦਘਾਟਨ ਮੌਕੇ ਅਜਨਾਲਾ ਸ਼ਹਿਰੀਆਂ ਨੂੰ ਵਿਸ਼ਵਾਸ਼ ਦਿਵਾਇਆ ਕਿ ਅੱਜ ਤੋਂ ਸੀਵਰੇਜ ਸਾਫ ਸਫਾਈ ਦੀ ਮੁਹਿੰਮ ਪੰਜਾਬ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਕੋਲੋਂ ਸ਼ੁਰੂ ਕਰਵਾਈ ਗਈ ਹੈ, ਜੋ ਨਿਰਧਾਰਿਤ ਸਮੇਂ 'ਚ 15 ਅਗਸਤ ਤੱਕ ਮੁਕੰਮਲ ਕਰਨ ਲਈ ਸੀਵਰੇਜ ਬੋਰਡ ਅਧਿਕਾਰੀਆਂ ਤੇ ਠੇਕੇਦਾਰ ਨੂੰ ਦਿਸ਼ਾ ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ।ਆਧੁਨਿਕ ਮਸ਼ੀਨਾਂ ਦੀ ਵਰਤੋਂ ਨਾਲ ਸੀਵਰੇਜ ਸਾਫ ਸਫਾਈ ਦੀ ਮੁਹਿੰਮ ਨੇਪਰੇ ਚਾੜ੍ਹੇ ਜਾਣ ਪਿੱਛੋਂ ਭਵਿੱਖ ਵਿੱਚ ਸ਼ਹਿਰੀਆਂ ਨੂੰ ਅਜਿਹੀ ਗੰਭੀਰ ਸੀਵਰੇਜ ਸਮੱਸਿਆ ਨਾਲ ਜੂਝਣਾ ਨਹੀਂ ਪਵੇਗਾ। ਸ. ਧਾਲੀਵਾਲ ਨੇ ਪ੍ਰਗਟਾਵਾ ਕੀਤਾ ਕਿ ਅਜਨਾਲਾ ਸ਼ਹਿਰ 'ਚ ਪਾਏ ਗਏ 52 ਕਿਲੋਮੀਟਰ ਲੰਮੇ ਘੇਰੇ 'ਚ ਸੀਵਰੇਜ ਦੀ ਪਿਛਲੇ 20 ਸਾਲਾਂ ਤੋਂ ਸਾਬਕਾ ਸਰਕਾਰਾਂ ਦੇ ਕਾਰਜਕਾਲ 'ਚ ਇਕ ਵਾਰ ਵੀ ਸਫਾਈ ਨਹੀਂ ਕਰਵਾਈ ਗਈ

ਜਿਸ ਦੇ ਨਤੀਜੇ ਵਜੋਂ ਸ਼ਹਿਰ ਦੀਆਂ ਗਲੀਆਂ 'ਚ ਸੀਵਰੇਜ ਦਾ ਗੰਦਾ ਪਾਣੀ ਖੁੱਲੇ ਆਮ ਫੈਲਣ ਦੇ ਮੱਦੇਨਜ਼ਰ ਗੰਦਗੀ ਦੀਆਂ ਕਈ ਤਰਾਂ ਦੀਆਂ ਬਿਮਾਰੀਆਂ ਤੋਂ ਸ਼ਹਿਰੀ ਪੀੜਤ ਹੋ ਰਹੇ ਸਨ।ਇਸ ਮੌਕੇ ਤੇ ਖੁਸ਼ਪਾਲ ਸਿੰਘ ਧਾਲੀਵਾਲ, ਐਡਵੋਕੇਟ ਅਮਨਦੀਪ ਕੌਰ ਧਾਲੀਵਾਲ, ਨਗਰ ਪੰਚਾਇਤ ਅਜਨਾਲਾ ਦੇ ਪ੍ਰਧਾਨ ਭੱਟੀ ਜਸਪਾਲ ਸਿੰਘ ਢਿਲੋਂ, ਸ਼ਹਿਰੀ ਪ੍ਰਧਾਨ ਅਮਿਤ ਔਲ, ਬਲਾਕ ਪ੍ਰਧਾਨ ਦਵਿੰਦਰ ਸਿੰਘ ਸੋਨੂੰ, ਬਲਜਿੰਦਰ ਮਾਹਲ, ਸ਼ਿਵ ਚਾਹਲ, ਕੌਂਸਲਰ ਅਵਿਨਾਸ਼, ਓਡਵੋਕੇਟ ਸੰਦੀਪ ਕੌਸ਼ਲ ਗੱਟੂ, ਸੁੱਖ ਨਿੱਜਰ, ਪ੍ਰਧਾਨ , ਕੌਂਸਲਰ , ਸਰਗਰਮ ਸ਼ਹਿਰੀ ਵਲੰਟੀਅਰ, ਤੋਂ ਇਲਾਵਾ ਸੀਵਰੇਜ ਬੋਰਡ ਦੇ ਐਸਡੀਓ ਪ੍ਰਦੀਪ ਜੈਨ ਤੇ ਨਗਰ ਪੰਚਾਇਤ ਅਜਨਾਲਾ ਦੇ ਕਾਰਜ ਸਾਧਕ ਅਫਸਰ ਦਿਨੇਸ਼ ਸੂਰੀ ਆਦਿ ਅਮਲਾ ਮੌਜੂਦ ਸੀ।ਇਸ ਤੋਂ ਪਹਿਲ ਮੁੱਖ ਬੁਲਾਰੇ ਤੇ ਵਿਧਾਇਕ ਧਾਲੀਵਾਲ ਨੇ ਸਥਾਨਕ ਸ਼ਹਿਰ 'ਚ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਵਿਖੇ ਨਤਮਸਤਕ ਹੋ ਕੇ ਸੰਗਤਾਂ ਨੂੰ ਜਿੱਥੇ ਖਾਲਸਾ ਸਾਜਨਾ ਦਿਵਸ ਦੀ ਲੱਖ ਲੱਖ ਵਧਾਈ ਪੇਸ਼ ਕੀਤੀ, ਉਥੇ ਸੰਗਤਾਂ 'ਚ ਮੌਜੂਦ ਧਾਰਮਿਕ ਸਿੱਖ ਸੰਸਥਾਵਾਂ ਦੇ ਨੁਮਾਇੰਦੀਆਂ ਤੇ ਗੁਰਦੁਆਰਾਂ ਕਮੇਟੀ ਦੇ ਆਹੁਦੇਦਾਰਾਂ ਨੂੰ ਬੀਤੇ ਕੱਲ ਪੰਜਾਬ ਵਿਧਾਨ ਸਭਾ ਦੇ ਬੁਲਏ ਗਏ ਵਿਸ਼ੇਸ਼ ਇਜਲਾਸ 'ਚ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੇ ਉਦਮ ਨਾਲ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਾਨੂੰਨ 'ਚ ਸੋਧ ਕਰਕੇ ਬੇਅਦਬੀ ਦੇ ਦੋਸ਼ੀਆਂ ਲਈ ਭਾਰੀ ਜੁਰਮਾਨਿਆਂ ਤੇ ਜੇਲਾਂ 'ਚ ਤਾ ਉਮਰ ਕੈਦ (ਲਗਭਗ ਫਾਂਸੀ ਵਰਗੀ ਸਜ਼ਾ) ਦੀ ਵਿਵਸਥਾ ਕਰਕੇ ਬੇਅਦਬੀਆਂ ਲਈ ਜਿੰਮੇਵਾਰ ਦੋਸ਼ੀਆਂ ਨਾਲ ਹੀ ਸਾਜਿਸ਼ ਘਾੜਿਆਂ ਤੇ ਕਸਟੋਡੀਅਨ ਨੂੰ ਵੀ ਬਰਾਬਰ ਦੋਸ਼ਾਂ ਦੇ ਕਟਹਿਰੇ 'ਚ ਲਿਆਉਣ ਦੀ ਵਿਵਸਥਾ ਕੀਤੀ ਗਈ ਜਿਸ ਦੇ ਮੱਦੇਨਜ਼ਰ ਬੇਅਦਬੀਆਂ ਦੀਆਂ ਮੰਦਭਾਗੀਆਂ ਘਟਨਾਵਾਂ ਨੂੰ ਠੱਲ੍ਹ ਪਵੇਗੀ।

ਪੇਂਡੂ ਬੇਰੁਜ਼ਗਾਰ ਨੌਜਵਾਨਾਂ ਲਈ ਡੇਅਰੀ ਫਾਰਮਿੰਗ ਦਾ ਸਿਖਲਾਈ ਕੋਰਸ 20 ਨੂੰ ਸ਼ੁਰੂ

ਗੁਰਦਾਸਪੁਰ, (ਜਨਕ ਮਹਾਜਨ)- ਡੇਅਰੀ ਫਾਰਮਰਾਂ ਲਈ 2 ਹਫਤੇ ਦਾ ਡੇਅਰੀ ਸਿਖਲਾਈ ਕੋਰਸ 20 ਅਪ੍ਰੈਲ ਤੋਂ 1 ਮਈ (2 ਹਫਤੇ) ਡੇਅਰੀ ਸਿਖਲਾਈ ਕੇਂਦਰ ਵੇਰਕਾ, ਜਿਲ੍ਹਾ ਅੰਮ੍ਰਿਤਸਰ ਵਿਖੇ ਚਲਾਇਆ ਜਾਵੇਗਾ। ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਿਤ ਪੇਂਡੂ ਬੇਰੁਜ਼ਗਾਰ ਨੌਜਵਾਨ ਲੜਕੇ ਲੜਕੀਆਂ, ਜੋ ਡੇਅਰੀ ਦਾ ਕਿੱਤਾ ਸ਼ੁਰੂ ਕਰਨਾ ਚਾਹੁੰਦੇ ਹਨ, ਡੇਅਰੀ ਸਿਖਲਾਈ ਕੋਰਸ ਵਾਸਤੇ ਦਫਤਰ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ, ਜਿਲਾ ਪ੍ਰਬੰਧਕੀ ਕੰਪਲੈਕਸ, ਬਲਾਕ-ਬੀ, ਚੌਥੀ ਮੰਜਿਲ, ਕਮਰਾ ਨੰ 508 ਵਿਖੇ 17 ਅਪ੍ਰੈਲ ਤੱਕ ਅਰਜ਼ੀਆਂ ਦੇ ਸਕਦੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡੇਅਰੀ ਇੰਸਪੈਕਟਰ ਗੁਰਦਾਸਪੁਰ ਬਰਜਿੰਦਰ ਸਿੰਘ ਨੇ ਦੱਸਿਆ ਕਿ ਖੇਤੀ ਵਿੱਚ ਵਿਭਿੰਨਤਾ ਲਿਆਉਣ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਲਈ ਡੇਅਰੀ ਦੇ ਕਿੱਤੇ ਨੂੰ ਸਹਾਇਕ ਧੰਦੇ ਵਜੋਂ ਅਪਨਾਉਣ ਲਈ 2 ਹਫਤੇ ਦੀ ਡੇਅਰੀ ਸਿਖਲਾਈ 20 ਅਪ੍ਰੈਲ ਤੋਂ ਡੇਅਰੀ ਸਿਖਲਾਈ ਤੇ ਵਿਸਥਾਰ ਕੇਂਦਰ, ਵੇਰਕਾ ਜਿਲ੍ਹਾ ਅੰਮ੍ਰਿਤਸਰ ਵਿਖੇ ਕਰਵਾਈ ਜਾਣੀ ਹੈ।

ਇਸ ਸਿਖਲਾਈ ਕੋਰਸ ਵਿੱਚ ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਤ ਬੇਰੁਜ਼ਗਾਰ ਨੌਜਵਾਨ ਲੜਕੇ ਲੜਕੀਆਂ ਜੋ ਘੱਟੋ ਘੱਟ 5ਵੀਂ ਪਾਸ ਹੋਣ ਉਮਰ 18 ਤੋਂ 55 ਸਾਲ ਦਰਮਿਆਨ ਹੋਵੇ, ਪੇਂਡੂ ਖੇਤਰ ਨਾਲ ਸਬੰਧਤ ਹੋਣ, ਇਸ ਸਿਖਲਾਈ ਵਿਚ ਭਾਗ ਲੈ ਸਕਦੇ ਹਨ। ਚਾਹਵਾਨ ਲੜਕੇ ਲੜਕੀਆਂ ਇਸ ਸਬੰਧੀ ਦਫਤਰ ਡਿਪਟੀ ਡਾਇਰੈਕਟਰ ਡੇਅਰੀ, ਗੁਰਦਾਸਪੁਰ ਨਾਲ ਆਪਣੇ ਅਸਲ ਯੋਗਤਾ ਸਰਟੀਫਿਕੇਟ ਅਤੇ ਪਾਸਪੋਰਟ ਸਾਈਜ ਫੋਟੋ ਅਤੇ ਆਧਾਰ ਕਾਰਡ ਲੈ ਕੇ ਫਾਰਮ ਭਰਵਾ ਸਕਦੇ।

ਇੰਜੀਨੀਅਰ ਮਨਜੀਤ ਸਿੰਘ ਸੰਧੂ ਜੇ ਈ, ਜੋ ਕਿ ਪੀ ਐੱਸ ਪੀ ਸੀ ਐੱਲ ਰਈਆ ਮੰਡਲ ਬਿਆਸ ਤੋਂ ਸੇਵਾ-ਮੁਕਤ ਹੋਏ ਹਨ, ਉਨ੍ਹਾ ਦੀ ਸੇਵਾ-ਮੁਕਤੀ ਉੱਤੇ ਹੋਏ ਸਮਾਗਮ ਦੌਰਾਨ ਉਨ੍ਹਾ ਤੇ ਉਨ੍ਹਾ ਦੀ ਪਤਨੀ ਨੂੰ ਸਨਮਾਨਤ ਕਰਦੇ ਹੋਏ ਦਲਬੀਰ ਸਿੰਘ ਟੌਂਗ ਹਲਕਾ ਵਿਧਾਇਕ ਬਾਬਾ ਬਕਾਲਾ ਸਾਹਿਬ, ਜਥੇਦਾਰ ਬਲਜੀਤ ਸਿੰਘ ਜਲਾਲਉਸਮਾ ਸਾਬਕਾ ਵਿਧਾਇਕ ਜੰਡਿਆਲਾ ਗੁਰੂ ਤੇ ਹੋਰ ਪਤਵੰਤੇ।

(ਫੋਟੋ ਤੇ ਵੇਰਵਾ : ਪਰਮਜੀਤ ਸਿੰਘ ਰੱਖੜਾ)

ਬੇਬੇ ਨਾਨਕੀ ਖਾਲਸਾ ਕਾਲਜ ਧਾਰੀਵਾਲ ਵੱਲੋਂ ਪ੍ਰੀਖਿਆਵਾਂ 'ਚ ਸ਼ਾਨਦਾਰ ਪ੍ਰਦਰਸ਼ਨ

ਧਾਰੀਵਾਲ, (ਮਨਦੀਪ ਵਿੱਕੀ)-ਬੇਬੇ ਨਾਨਕੀ ਖਾਲਸਾ ਕਾਲਜ ਧਾਰੀਵਾਲ ਦੀਆਂ ਵਿਦਿਆਰਥਣਾਂ ਨੇ ਪ੍ਰੀਖਿਆਵਾਂ ਦੇ ਵੱਖ ਵੱਖ ਸਮੈਸਟਰਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਉੱਚ ਅੰਕ ਪ੍ਰਾਪਤ ਕੀਤੇ ਹਨ। ਕਾਲਜ ਦੇ ਪ੍ਰਿੰਸੀਪਲ ਡਾ. ਬਲਬੀਰ ਕੌਰ ਨੇ ਦੱਸਿਆ ਕਿ ਬੀ. ਸੀ. ਏ. ਪਹਿਲੇ ਸਮੈਸਟਰ ਵਿੱਚ ਪਰਿਨੀਤ ਸ਼ਰਮਾ ਨੇ 83%, ਅਨੁਰੂਪ ਕੌਰ ਨੇ 76% ਅਤੇ ਗੁਰਲੀਨ ਕੌਰ ਨੇ 74% ਅੰਕ ਹਾਸਲ ਕੀਤੀ। ਪੀ. ਜੀ. ਡੀ. ਸੀ. ਏ. ਪਹਿਲੇ ਸਮੈਸਟਰ ਵਿੱਚ ਅਮਨਪ੍ਰੀਤ ਕੌਰ ਨੇ 86%, ਪਲਕ ਨੇ 83% ਅਤੇ ਮੁਸਕਾਨ ਨੇ 82% ਅੰਕ ਪ੍ਰਾਪਤ ਕੀਤੇ। ਬੀ.ਐੱਸ.ਸੀ. ਫੈਸ਼ਨ ਡਿਜਾਈਨਿੰਗ ਪਹਿਲੇ ਸਮੈਸਟਰ ਵਿੱਚ ਰਿਤਿਕਾ ਨੇ 69% ਅਤੇ ਹਰਲੀਨ ਕੌਰ ਨੇ 65% ਅੰਕ ਹਾਸਲ ਕੀਤੇ। ਤੀਜੇ ਸਮੈਸਟਰ ਵਿੱਚ ਹਰਮੀਤ ਕੌਰ ਨੇ 75% ਅਤੇ ਪੁਨੀਤ ਕੌਰ ਨੇ 69% ਅੰਕ ਪ੍ਰਾਪਤ ਕੀਤੇ। ਪੰਜਵੇਂ ਸਮੈਸਟਰ ਵਿੱਚ ਲਵਲੀਨ ਕੌਰ ਨੇ 81%, ਤਾਨੀਆ, ਸਪਨਾ, ਕਾਜਲ, ਜਸਮੀਨ ਅਤੇ ਸਿਮਰਨ (ਦੋਵਾਂ ਜਣੀਆਂ) ਨੇ 80% ਅਤੇ ਜੋਬਨ ਨੇ 79% ਅੰਕ ਪ੍ਰਾਪਤ ਕੀਤੇ। ਬੀ.ਏ. ਪਹਿਲੇ ਸਮੈਸਟਰ ਵਿੱਚ ਸ਼ਰਨਜੀਤ ਕੌਰ ਨੇ 70% ਤਮੰਨਾ ਸਿੱਧੂ ਨੇ 63% ਅਤੇ ਕਮਲਦੀਪ ਨੇ 62% ਅੰਕ ਪ੍ਰਾਪਤ ਕੀਤੇ। ਕਾਲਜ ਦੇ ਪ੍ਰਿੰਸੀਪਲ ਡਾ. ਬਲਬੀਰ ਕੌਰ, ਕਮੇਟੀ ਮੈਂਬਰਾਂ ਅਤੇ ਸਮੂਹ ਸਟਾਫ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਵਿਦਿਆਰਥਣਾਂ ਨੂੰ ਭਵਿੱਖ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

ਗੰਡੀਵਿੰਡ ਧੱਤਲ ਜਮਹੂਰੀ ਕਿਸਾਨ ਸਭਾ ਨੇ ਖਾਲਸਾ ਦਿਵਸ ਮਨਾਇਆ

ਵਲਟੋਹਾ (ਰਣਜੀਤ ਸਿੰਘ ਵਲਟੋਹਾ)

ਪਿੰਡ ਗੰਡੀਵਿੰਡ ਵਿਖੇ ਜਮਹੂਰੀ ਕਿਸਾਨ ਸਭਾ ਦੇ ਆਗੂ ਜਗੀਰ ਸਿੰਘ ਦੀ ਅਗਵਾਈ ਵਿੱਚ ਖਾਲਸਾ ਦਿਵਸ ਮਨਾਉਣ ਮੌਕੇ ਜਮਹੂਰੀ ਕਿਸਾਨ ਸਭਾ ਦੇ ਆਗੂ ਮਾਸਟਰ ਹਰਭਜਨ ਸਿੰਘ ਚੂਸਲੇਵੜ ਤੇ ਮਾਸਟਰ ਸੁਖਦੇਵ ਸਿੰਘ ਮਹਰਾਣਾ ਨੇ ਇਕ ਸੁਰ ਵਿਚ ਦੱਸਿਆ ਕਿ 1699 ਵਿੱਚ ਵਿਸਾਖੀ ਵਾਲੇ ਦਿਨ ਸਰਬੰਸ ਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਨੇ ਵੱਖ ਵੱਖ ਜਾਤਾਂ ਦੇ ਪੰਜ ਲੋਕਾਂ ਨੂੰ ਇੱਕੋ ਬਾਟੇ ਵਿੱਚੋ ਅੰਮ੍ਰਿਤ ਛਕਾ ਕੇ ਤੇ ਇੱਕ ਵਿਲੱਖਣ ਪਹਿਰਾਵੇ ਵਿੱਚ ਸ਼ਸਤਰ ਪਹਿਨਾ ਕੇ ਤੇ ਨਾਮ ਨਾਲ ਸਿੰਘ ਲਗਾ ਕੇ ਦੁਨੀਆਂ ਵਿੱਚ ਸਿੱਖ ਪੰਥ ਨੂੰ ਇੱਕ ਵੱਖਰੀ ਪਹਿਚਾਣ ਦਿੱਤੀ ਤੇ ਸਰਬੱਤ ਦੇ ਭਲੇ ਦਾ ਪੈਗਾਮ ਦਿੱਤਾ ਤੇ ਆਪ ਵੀ ਪੰਜ ਪਿਆਰਿਆਂ ਪਾਸੋਂ ਅੰਮ੍ਰਿਤ ਛਕ ਕੇ ਗੋਬਿੰਦ ਰਾਏ ਤੋਂ ਗੋਬਿੰਦ ਸਿੰਘ ਬਣੇ। ਮਿਸਾਲਾਂ ਦੇ ਦੇ ਕੇ ਦੱਸਿਆ ਕਿ ਔਰਤਾਂ ਦੀ ਸਤੀ ਦੀ ਰਸਮ ਨੂੰ ਭੰਡਣਾ, ਚਮਤਕਾਰਾਂ ਦਾ ਵਿਰੋਧ, ਮਲਕਭਾਗੋਆਂ ਦਾ ਵਿਰੋਧ, ਭਾਈ ਲਾਲੋ ਤੇ ਮਰਦਾਨੇ ਨਾਲ ਯਾਰੀ, ਬਾਬਰਾਂ ਨੂੰ ਜਾਬਰ ਕਹਿਣਾ ਤੱਤੀਆਂ, ਲੋਹਾਂ ਤੇ ਬੈਠਣਾ, ਬੰਦ ਬੰਦ ਕਟਵਾਉਣਾ, ਚਰਖੜੀਆਂ ਤੇ ਚੜ੍ਹਨਾ, ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਕੁਰਬਾਨੀ, ਗੁਰੂ ਗੋਬਿੰਦ ਸਿੰਘ ਜੀ ਵੱਲੋਂ ਸਰਬੰਸ ਵਾਰਨਾ, ਸਿੱਖ ਪੰਥ ਲਈ ਲਾਮਿਸਾਲ ਪੈੜਾਂ ਹਨ। ਇਨ੍ਹਾਂ ਪੈੜਾਂ 'ਤੇ ਚਲਦਿਆਂ ਹੀ ਭਾਰਤ ਦੀ ਆਜ਼ਾਦੀ ਲਈ ਭਗਤ ਸਿੰਘ ਨੇ ਫਾਂਸੀ ਦਾ ਰੱਸਾ ਆਪ ਗਲ ਵਿੱਚ ਪਾਇਆ, ਗਦਰੀ ਬਾਬਿਆਂ ਦੀਆਂ ਕੁਬਾਨੀਆਂ, ਊਧਮ ਸਿੰਘ ਦੀ ਕੁਰਬਾਨੀ, ਮੋਦੀ ਸਰਕਾਰ ਵੱਲੋਂ ਲਿਆਂਦੇ ਤਿੰਨ ਕਾਲੇ ਕਾਨੂੰਨ ਵਾਪਸ ਕਰਾਉਣ ਲਈ ਲਖੀਨਪੁਰ ਖੀਰੀ ਤੇ ਦਿੱਲੀ ਵਿਚ ਸਾਡੇ ਸੱਤ ਸੌ ਦੇ ਕਰੀਬ ਸ਼ਹੀਦੀਆਂ ਸਿੱਖ ਪੰਥ ਲਈ ਮਾਣ ਵਾਲੀ ਗੱਲ ਹੈ। ਅੱਜ ਵੀ ਗੁਰੂਆਂ ਦੀ ਬਖਸ਼ਿਸ਼ ਸਦਕਾ ਹੀ ਪੰਜਾਬੀ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਲਈ ਹਰੇਕ ਸੰਘਰਸ਼ ਵਿੱਚ ਮੂਹਰਲੀ ਕਤਾਰ ਵਿੱਚ ਹੁੰਦੇ ਹਨ। ਸਕੱਤਰ ਦੀ ਜ਼ੁੰਮੇਵਾਰੀ ਸਤਨਾਮ ਸਿੰਘ ਨੇ ਨਿਭਾਈ। ਇਸ ਮੌਕੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਆਗੂ ਕਰਨ ਸਿੰਘ ਤੇ ਨਿਸ਼ਾਨ ਸਿੰਘ ਤੋਂ ਇਲਾਵਾ ਦਿਲਬਾਗ ਸਿੰਘ ਮਹਰਾਣਾ, ਜੀਵਨ ਸਿੰਘ, ਅਮਰਜੀਤ ਸਿੰਘ, ਸੁਖਦੇਵ ਸਿੰਘ ਸਾਰੇ ਨਿਵਾਸੀ ਗੰਡੀਵਿੰਡ ਆਦਿ ਹਾਜ਼ਰ ਸਨ। ਅੰਤ ਵਿੱਚ ਦਿਲਬਾਗ ਸਿੰਘ ਗੰਡੀਵਿੰਡ ਨੇ ਸਭ ਹਾਜ਼ਰੀਨ ਦਾ ਧੰਨਵਾਦ ਕੀਤਾ ਤੇ ਸੇਰੋਂ ਖੰਡ ਮਿੱਲ ਚਲਾਉਣ ਲਈ ਵਿੱਡੇ ਸੰਘਰਸ਼ ਵਿੱਚ ਹਿਸਾ ਲੈਣ ਲਈ ਹਮੇਸ਼ਾ ਤਤਪਰ ਰਹਿਣ ਲਈ ਕਿਹਾ ਤੇ ਸਮਾਪਤੀ ਹੋਈ।

ਪੁਰਸ਼ਾਂ ਦੇ ਇਕ ਰੋਜ਼ਾ ਟੂਰਨਾਮੈਂਟ ਲਈ ਕ੍ਰਿਕਟ ਟ੍ਰਾਇਲਜ਼ ਦਾ ਐਲਾਨ

ਪਠਾਨਕੋਟ (ਦਵਿੰਦਰ ਸਿੰਘ)-ਕ੍ਰਿਕਟ ਐਸੋਸੀਏਸ਼ਨ ਪਠਾਨਕੋਟ ਵੱਲੋਂ ਐਲਾਨ ਕੀਤਾ ਗਿਆ ਹੈ ਕਿ ਅੰਡਰ-23 ਇਕ ਦਿਵਸੀ ਟੂਰਨਾਮੈਂਟ (ਪੁਰਸ਼) ਲਈ ਟ੍ਰਾਇਲਜ਼ 16 ਅਪ੍ਰੈਲ ਨੂੰ ਕੁਠੇਰ ਕ੍ਰਿਕਟ ਗ੍ਰਾਊਂਡ, ਡਿਫੈਂਸ ਰੋਡ, ਪਿੰਡ ਕੁਠੇਰ, ਪਠਾਨਕੋਟ ਵਿੱਚ ਕਰਵਾਏ ਜਾਣਗੇ।ਸਾਰੇ ਰੁਚੀ ਰੱਖਣ ਵਾਲੇ ਕ੍ਰਿਕਟਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਅੰਡਰ-23 ਸ਼੍ਰੇਣੀ ਵਿੱਚ ਭਾਗ ਲੈਣ ਲਈ ਖਿਡਾਰੀਆਂ ਦਾ ਜਨਮ 1 ਸਤੰਬਰ 2003 ਤੋਂ ਬਾਅਦ ਹੋਣਾ ਲਾਜ਼ਮੀ ਹੈ। ਭਾਗ ਲੈਣ ਵਾਲਿਆਂ ਨੂੰ ਸਵੇਰੇ 9:00 ਵਜੇ ਤੱਕ ਮੌਕੇ ਤੇ ਹਾਜ਼ਰ ਹੋਣਾ ਲਾਜ਼ਮੀ ਹੈ।ਖਿਡਾਰੀਆਂ ਨੂੰ ਸਫੈਦ ਕ੍ਰਿਕਟ ਯੂਨੀਫਾਰਮ ਵਿੱਚ ਆਉਣਾ ਹੋਵੇਗਾ ਅਤੇ ਆਪਣਾ ਪੂਰਾ ਕਿਟ ਬੈਗ ਨਾਲ ਲਿਆਉਣਾ ਲਾਜ਼ਮੀ ਹੈ।ਇਸ ਤੋਂ ਇਲਾਵਾ ਸਾਰੇ ਭਾਗੀਦਾਰਾਂ ਨੂੰ ਤਸਦੀਕ ਲਈ ਆਪਣਾ ਜਨਮ ਸਰਟੀਫਿਕੇਟ ਅਤੇ ਰਿਹਾਇਸ਼ ਪ੍ਰਮਾਣ ਪੱਤਰ ਨਾਲ ਲਿਆਉਣਾ ਜ਼ਰੂਰੀ ਹੈ। ਸਥਾਨਕ ਖਿਡਾਰੀਆਂ ਨੂੰ ਤਰਜੀਹ ਦਿੱਤੀ ਜਾਵੇਗੀ।ਇਹ ਜਾਣਕਾਰੀ ਪ੍ਰਧਾਨ ਬਲਬੀਰ ਮਿਨਹਾਸ ਅਤੇ ਸੀਨੀਅਰ ਉਪ ਪ੍ਰਧਾਨ ਸਤੀਸ਼ ਮਹਿੰਦਰੂ ਵੱਲੋਂ ਸਾਂਝੀ ਕੀਤੀ ਗਈ, ਜਿਨ੍ਹਾਂ ਨੇ ਇਲਾਕੇ ਦੇ ਨੌਜਵਾਨ ਕ੍ਰਿਕਟਰਾਂ ਨੂੰ ਭਾਗ ਲੈਣ ਅਤੇ ਆਪਣੀ ਪ੍ਰਤਿਭਾ ਦਿਖਾਉਣ ਲਈ ਪ੍ਰੇਰਿਤ ਕੀਤਾ।ਇਨ੍ਹਾਂ ਟ੍ਰਾਇਲਜ਼ ਰਾਹੀਂ ਹੋਨਹਾਰ ਖਿਡਾਰੀਆਂ ਦੀ ਚੋਣ ਕੀਤੀ ਜਾਵੇਗੀ, ਜੋ ਅੱਗੇ ਚੱਲ ਕੇ ਉੱਚ ਪੱਧਰ ਤੇ ਪਠਾਨਕੋਟ ਦੀ ਨੁਮਾਇੰਦਗੀ ਕਰਨਗੇ ਅਤੇ ਜ਼ਿਲ੍ਹੇ ਦਾ ਨਾਮ ਰੌਸ਼ਨ ਕਰਨਗੇ।

ਗੁ. ਰਕਾਬਗੰਜ ਸਾਹਿਬ ਵਿਖੇ ਨਤਮਸਤਕ ਹੋਏ ਤਰੁਣ ਚੁੱਘ

ਛੇਹਰਟਾ, (ਮਨੋਜ ਕੁਮਾਰ)- ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਜਨਰਲ ਸਕੱਤਰ ਤਰੁਣ ਚੁੱਘ ਨੇ ਵਿਸਾਖੀ ਦੇ ਸ਼ੁਭ ਮੌਕੇ 'ਤੇ ਨਵੀਂ ਦਿੱਲੀ ਦੇ ਗੁਰਦੁਆਰਾ ਰਕਾਬਗੰਜ ਸਾਹਿਬ ਵਿਖੇ ਮੱਥਾ ਟੇਕਿਆ ਅਤੇ ਦੇਸ਼ ਲਈ ਸੁੱਖ, ਸ਼ਾਂਤੀ ਤੇ ਖੁਸ਼ਹਾਲੀ ਦੀ ਅਰਦਾਸ ਕੀਤੀ। ਇਸ ਮੌਕੇ ਚੁੱਘ ਨੇ ਦੇਸ਼ ਵਾਸੀਆਂ, ਖ਼ਾਸ ਕਰਕੇ ਸਿੱਖ ਭਾਈਚਾਰੇ ਨੂੰ ਵਿਸਾਖੀ ਦੀ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਵਿਸਾਖੀ ਨਾ ਸਿਰਫ਼ ਵਾਢੀ ਦਾ ਤਿਉਹਾਰ ਹੈ, ਸਗੋਂ ਇਸ ਪਵਿੱਤਰ ਦਿਨ ਗੁਰੂ ਗੋਬਿੰਦ ਸਿੰਘ ਜੀ ਨੇ ਖ਼ਾਲਸਾ ਪੰਥ ਦੀ ਸਾਜਨਾ ਕੀਤੀ ਸੀ। ਚੁੱਘ ਨੇ ਕਿਹਾ ਕਿ ਮੋਦੀ ਸਰਕਾਰ ਪੰਜਾਬ ਦੇ ਕਿਸਾਨਾਂ ਪ੍ਰਤੀ ਪੂਰੀ ਤਰ੍ਹਾਂ ਵਚਨਬੱਧ ਹੈ ਤੇ ਇਹ ਯਕੀਨੀ ਬਣਾਉਣ ਲਈ ਦ੍ਰਿੜ ਹੈ ਕਿ ਕਿਸਾਨਾਂ ਦੁਆਰਾ ਪੈਦਾ ਕੀਤੇ ਗਏ ਅਨਾਜ ਦਾ ਇਕ-ਇਕ ਦਾਣਾ ਉਚਿਤ ਕੀਮਤ 'ਤੇ ਖਰੀਦਿਆ ਜਾਵੇ। ਉਨ੍ਹਾਂ ਕਿਹਾ ਕਿਹਾ ਕਿ 1984 ਦੇ ਸਿੱਖ ਵਿਰੋਧੀ ਦੰਗਿਆਂ ਦੇ ਦੋਸ਼ੀਆਂ ਵਿਰੁੱਧ ਕਾਰਵਾਈ ਕਰਨਾ ਭਾਜਪਾ ਸਰਕਾਰ ਦੀ ਦ੍ਰਿੜ ਇੱਛਾ ਸ਼ਕਤੀ ਨੂੰ ਦਰਸਾਉਂਦਾ ਹੈ।

ਸਕੂਲ 'ਚ ਹੈੱਡ ਬੁਆਏ ਤੇ ਹੈੱਡ ਗਰਲ ਦੀ ਨਿਯੁਕਤੀ

ਝਬਾਲ (ਹਰਜਿੰਦਰ ਸਿੰਘ ਸੋਨੀ)-ਹਾਵਰਡ ਲੇਨ ਸੀਨੀਅਰ ਸੈਕੰਡਰੀ ਸਕੂਲ ਠੱਠਾ ਵਿਖੇ ਹਰ ਸਾਲ ਦੀ ਤਰ੍ਹਾਂ ਹੈੱਡ ਬੁਆਏ ਅਤੇ ਹੈੱਡ ਗਰਲ ਦੀ ਨਿਯੁਕਤੀ ਸੰਬੰਧੀ ਪ੍ਰੋਗਰਾਮ ਰੱਖਿਆ ਗਿਆ।ਇਸ ਲਈ ਪਹਿਲਾਂ ਵੱਖ-ਵੱਖ ਜਮਾਤਾਂ ਦੇ ਵਿਦਿਆਰਥੀਆਂ ਨੇ ਹੈੱਡ ਬੁਆਏ, ਹੈੱਡ ਗਰਲ ਤੇ ਡਿਪਟੀ ਹੈੱਡ ਬੁਆਏ ਡਿਪਟੀ ਹੈੱਡ ਗਰਲ ਦੀ ਚੋਣ, ਮਤਦਾਨ ਪ੍ਰਕਿਰਿਆ ਰਾਹੀਂ ਕੀਤੀ ਗਈ।ਜਿਸ ਵਿੱਚ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਮਤਦਾਨ ਕੀਤਾ।ਇਸ ਪ੍ਰੋਗਰਾਮ ਦੀ ਸ਼ੁਰੂਆਤ ਸ਼ਬਦ ਗਾਇਨ ਕਰਕੇ ਕੀਤੀ ਗਈ।ਇਸ ਸਮੇਂ ਸਕੂਲ ਵਿੱਚ ਅਰਾਵਲੀ, ਨੀਲਗਿਰੀ ਸ਼ਿਵਾਲਿਕ ਅਤੇ ਵਿਧਿਆਂਚਲ ਚਾਰੇ ਹਾਊਸਾਂ ਲਈ ਅਧਿਆਪਕਾਂ, ਐਕਟੀਵਿਟੀ ਤੇ ਸਪੋਰਟਸ ਦੇ ਵੱਖ-ਵੱਖ ਸੂਝਵਾਨ ਵਿਦਿਆਰਥੀਆਂ ਦੀ ਚੋਣ ਕੀਤੀ ਗਈ।ਪ੍ਰਿੰਸੀਪਲ ਸਰਦਾਰ ਬਲਰਾਜ ਸਿੰਘ ਬਾਠ ਨੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਪਦਵੀਆਂ ਲਈ ਵਧਾਈ ਦਿੱਤੀ ਅਤੇ ਨਾਲ ਹੀ ਉਹਨਾਂ ਨੂੰ ਆਪਣੀ ਡਿਊਟੀ ਨੂੰ ਜ਼ਿੰਮੇਵਾਰੀ ਨਾਲ ਕਰਨ ਦੀ ਹਦਾਇਤ ਸਮਾਗਮ ਦੀ ਸਮਾਪਤੀ ਰਾਸ਼ਟਰੀ ਗਾਣ ਨਾਲ ਕੀਤੀ ਗਈ।

ਪ੍ਰਾਈਮ ਵੀਡੀਓ ਵੱਲੋਂ ਮਿਊਜ਼ੀਕਲ ਐਕਸ਼ਨ ਡਰਾਮਾ ਸੀਰੀਜ਼ 'ਲੁੱਕੇ' ਦੇ ਪ੍ਰੀਮੀਅਰ ਦਾ ਐਲਾਨ

ਚੰਡੀਗੜ੍ਹ : ਪ੍ਰਾਈਮ ਵੀਡੀਓ ਨੇ ਆਪਣੀ ਆਉਣ ਵਾਲੀ ਨਵੀਂ ਓਰੀਜਨਲ ਸੀਰੀਜ਼ ਲੁੱਕ ਦਾ ਪ੍ਰੀਮੀਅਰ 8 ਮਈ ਨੂੰ ਦੁਨੀਆ ਭਰ ਵਿੱਚ ਕਰਨ ਦਾ ਅਧਿਕਾਰਤ ਐਲਾਨ ਕਰ ਦਿੱਤਾ ਹੈ।ਹਿਮਾਂਕ ਗੌੜ ਦੁਆਰਾ ਨਿਰਦੇਸ਼ਤ ਅਤੇ ਚੰਡੀਗੜ੍ਹ ਦੀ ਪਿੱਠਭੂਮੀ 'ਤੇ ਆਧਾਰਿਤ ਇਹ ਅੱਠ ਐਪੀਸੋਡਾਂ ਵਾਲਾ ਮਿਊਜ਼ੀਕਲ ਐਕਸ਼ਨ ਡਰਾਮਾ ਪੰਜਾਬ ਦੇ ਰੈਪ ਸੱਭਿਆਚਾਰ, ਬਦਲੇ ਅਤੇ ਜਨੂੰਨ ਦੀ ਕਹਾਣੀ ਨੂੰ ਪੇਸ਼ ਕਰਦਾ ਹੈ।ਇਸ ਲੜੀ ਰਾਹੀਂ ਮਸ਼ਹੂਰ ਰੈਪਰ ਕਿੰਗ ਆਪਣੀ ਅਦਾਕਾਰੀ ਦੀ ਸ਼ੁਰੂਆਤ ਕਰ ਰਹੇ ਹਨ ਅਤੇ ਪਲਕ ਤਿਵਾੜੀ ਵੀ ਡਿਜੀਟਲ ਡੈਬਿਊ ਕਰਨ ਜਾ ਰਹੀ ਹੈ, ਜਦਕਿ ਰਾਸ਼ੀ ਖੰਨਾ ਅਤੇ ਲਕਸ਼ਵੀਰ ਸਿੰਘ ਸਰਨ ਮੁੱਖ ਭੂਮਿਕਾਵਾਂ ਵਿੱਚ ਨਜ਼ਰ ਆਉਣਗੇ।ਅਗ੍ਰਿਮ ਜੋਸ਼ੀ ਅਤੇ ਦੇਬੋਜੀਤ ਦਾਸ ਪੁਰਕਾਯਸਥ ਦੁਆਰਾ ਤਿਆਰ ਕੀਤੀ ਇਸ ਸੀਰੀਜ਼ ਵਿੱਚ ਐਮਸੀ ਬਦਨਾਮ (ਕਿੰਗ) ਅਤੇ ਓਜੀ (ਸ਼ਿਵੰਕਿਤ ਪਰਿਹਾਰ) ਵਿਚਕਾਰ ਭਿਆਨਕ ਦੁਸ਼ਮਣੀ ਦਿਖਾਈ ਗਈ ਹੈ, ਜਿਸ ਵਿੱਚ ਯੋਗਰਾਜ ਸਿੰਘ, ਨਕੁਲ ਰੋਸ਼ਨ ਸਹਿਦੇਵ ਅਤੇ ਆਇਸ਼ਾ ਰਜ਼ਾ ਮਿਸ਼ਰਾ ਵਰਗੇ ਕਲਾਕਾਰਾਂ ਨੇ ਵੀ ਅਹਿਮ ਭੂਮਿਕਾ ਨਿਭਾਈ ਹੈ।

ਖੰਡਰ ਨੁਮਾ ਤਹਿਸੀਲ ਕੰਪਲੈਕਸ ਦੇ ਕਰਮਚਾਰੀਆਂ ਨੂੰ ਸੁਰੱਖਿਅਤ ਥਾਂ ਸ਼ਿਫਟ ਕਰਨ ਦੀ ਮੰਗ

ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)-ਅਜਨਾਲਾ ਤਹਿਸੀਲ ਦੇ ਪੁਰਾਣੇ ਕੰਪਲੈਕਸ ਦੀ ਮਿਆਦ ਪੁੱਗਣ ਅਤੇ ਖ਼ਸਤਾ ਹਾਲਤ ਹੋਣ ਕਰਕੇ ਨਵਾਂ ਤਹਿਸੀਲ ਕੰਪਲੈਕਸ ਤੇ ਜੂਡੀਸ਼ੀਅਲ ਕੰਪਲੈਕਸ ਬਣ ਜਾਣ ਕਰਕੇ

ਉਨ੍ਹਾਂ ਦੇ ਅਫਸਰਾਂ ਤੇ ਮੁਲਾਜ਼ਮਾਂ ਨੂੰ ਨਵੇਂ ਕੰਪਲੈਕਸ ਵਿੱਚ ਗਿਆਂ ਨੂੰ ਪੰਜ ਸਾਲ ਤੋਂ ਉਪਰ ਦਾ ਸਮਾਂ ਹੋ ਚੁੱਕਾ ਹੈ ਪ੍ਰੰਤੂ ਪੁਰਾਣੀ ਖਸਤਾ ਹਾਲਤ ਤਹਿਸੀਲ ਵਿੱਚ ਅਜੇ ਵੀ ਡੀ. ਐੱਸ. ਪੀ. ਅਜਨਾਲਾ ਦੇ ਦਫ਼ਤਰ ਸਮੇਤ ਹੋਰ ਕਈ ਵਿਭਾਗਾਂ ਦੇ ਦਫ਼ਤਰਾਂ ਦੇ ਮੁਲਾਜ਼ਮ ਬੈਠਦੇ ਹਨ। ਇਹ ਤਿੰਨ ਮੰਜ਼ਲੀ ਇਮਾਰਤ ਕਦੇ ਵੀ ਢਹਿਢੇਰੀ ਹੋਣ ਨਾਲ ਵੱਡਾ ਜਾਨੀ ਤੇ ਮਾਲੀ ਨੁਕਸਾਨ ਹੋਣ ਦਾ ਡਰ ਹੈ! ਜਨਤਕ ਜਥੇਬੰਦੀਆਂ ਦੀ ਟੀਮ ਡਾ. ਸਤਨਾਮ ਸਿੰਘ ਅਜਨਾਲਾ ਸੂਬਾ ਪ੍ਰਧਾਨ ਜਮਹੂਰੀ ਕਿਸਾਨ ਸਭਾ ਐੱਸ. ਕੇ. ਐੱਮ. ਦੇ ਪ੍ਰਮੁੱਖ ਆਗੂ ਦੀ ਅਗਵਾਈ 'ਚ ਪੁਰਾਣੀ ਤਹਿਸੀਲ ਦਾ ਨੇੜਿਉਂ ਹੋ ਕੇ ਜਾਇਜ਼ਾ ਲੈਂਦਿਆਂ ਜਦ ਇਹ ਟੀਮ ਇਸੇ ਪੁਰਾਣੀ ਤਹਿਸੀਲ ਦੇ ਸੀਡੀਪੀਓ ਦੇ ਦਫ਼ਤਰ ਦੀ ਬਿਲਡਿੰਗ ਦੇ ਸਾਹਮਣੇ ਗਈ ਤਾਂ ਵੇਖਿਆ ਕਿ ਇਹ ਬਿਲਡਿੰਗ ਕਦੇ ਵੀ ਡਿੱਗ ਸਕਦੀ ਹੈ। ਕਈ ਮੁਲਾਜ਼ਮ ਬਾਹਰ ਬੈਠੇ ਕੰਮ ਕਰਦੇ ਹਨ। ਜਦੋਂ ਇਸ ਟੀਮ ਨੇ ਹੋਰ ਡੂੰਘਾਈ ਨਾਲ ਪਤਾ ਕੀਤਾ ਤਾਂ ਪਤਾ ਲੱਗਾ ਕਿ ਇਹ ਖ਼ਸਤਾ ਹਾਲਤ ਬਿਲਡਿੰਗ ਪਹਿਲਾਂ ਅਫਸਰਾਂ ਦੇ ਕਵਾਟਰ ਸਨ। ਐੱਸਡੀਐੱਮ ਤੋਂ ਮੰਗ ਕੀਤੀ ਕਿ ਘੱਟੋ-ਘੱਟ ਸੀਡੀਪੀਓ ਦੇ ਦਫ਼ਤਰ ਦੀ ਲੋੜ ਨੂੰ ਵੇਖਦਿਆਂ ਇਨ੍ਹਾਂ ਦੇ ਦਫ਼ਤਰ ਨੂੰ ਕਿਸੇ ਯੋਗ ਥਾਂ 'ਤੇ ਤਬਦੀਲ ਕੀਤਾ ਜਾਵੇ! ਟੀਮ 'ਚ ਜਨਤਕ ਜਥੇਬੰਦੀਆਂ ਦੇ ਆਗੂ ਲਖਬੀਰ ਸਿੰਘ ਤੇੜਾਂ, ਫੌਜੀ ਰੇਸ਼ਮ ਸਿੰਘ ਭੂਰੇ ਗਿੱਲ, ਸਮਾਜ ਸੇਵਕ ਹਰਨੇਕ ਸਿੰਘ ਨੇਪਾਲ, ਗਾਇਕ ਗੁਰਪਾਲ ਗਿੱਲ ਸੈਦਪੁਰ, ਕਿਸਾਨ ਆਗੂ ਹਰਜਿੰਦਰ ਸਿੰਘ ਛੀਨਾ, ਦਵਿੰਦਰ ਸਿੰਘ ਰਿਆੜ, ਔਰਤ ਮੁਕਤੀ ਮੋਰਚਾ ਦੀ ਆਗੂ ਪਰਵੇਸ਼ ਕੌਰ ਤੇ ਮਜ਼ਦੂਰ ਆਗੂ ਚਰਨਜੀਤ ਸਿੰਘ ਤਲਵੰਡੀ ਰਾਏ ਦਾਦੂ ਸ਼ਾਮਿਲ ਸਨ।

ਪਿੰਡ ਸੇਰੋਂ ਦੇ ਲੋਕਾਂ ਵੱਲੋਂ ਸੰਯੁਕਤ ਕਿਸਾਨ ਮੋਰਚੇ ਦੇ ਹੱਕ 'ਚ ਡਟਣ ਦਾ ਐਲਾਨ

ਵਲਟੋਹਾ (ਰਣਜੀਤ ਸਿੰਘ ਵਲਟੋਹਾ)- ਸਹਿਕਾਰੀ ਖੰਡ ਮਿੱਲ ਸੇਰੋਂ ਦੀ ਮਾਲਕੀ ਬਦਲਣ ਵਿਰੁੱਧ ਅਤੇ ਜਬਰੀ ਹੋ ਰਹੀ ਉਸਾਰੀ ਦਾ ਵਿਰੋਧ ਕਰਨ ਲਈ ਵੱਖ ਵੱਖ ਪਿੰਡਾਂ ਵਿੱਚ ਚੇਤਨਾ ਮੁਹਿੰਮ ਅਤੇ ਮਾਰਚ ਕੱਢਿਆ ਗਿਆ।ਲੁਹਾਰ ਅਤੇ

ਜੌਹਲ ਢਾਏ ਵਾਲਾ ਪਿੰਡ ਵਿੱਚ ਕਿਸਾਨਾਂ ਵੱਲੋਂ ਇੱਕ ਵੱਡੀ ਇਕੱਤਰਤਾ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਤਰਸੇਮ ਸਿੰਘ ਲੁਹਾਰ ਜ਼ਿਲ੍ਹਾ ਪ੍ਰਧਾਨ ਕੌਮੀ ਕਿਸਾਨ ਯੂਨੀਅਨ ਤਰਨਤਾਰਨ ਨੇ ਕੀਤੀ।ਇਸ ਮੌਕੇ ਹਰਜਿੰਦਰ ਸਿੰਘ ਟਾਂਡਾ ਸੂਬਾਈ ਪ੍ਰਧਾਨ ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਪੰਜਾਬ, ਤਰਸੇਮ ਸਿੰਘ ਲੁਹਾਰ ਜ਼ਿਲ੍ਹਾ ਪ੍ਰਧਾਨ ਕੌਮੀ ਕਿਸਾਨ ਯੂਨੀਅਨ, ਮਨਜੀਤ ਸਿੰਘ ਬੱਗੂ ਜਿਲਾ ਪ੍ਰਧਾਨ ਜਮਹੂਰੀ ਕਿਸਾਨ ਸਭਾ, ਸੁਖਬਾਜ ਸਿੰਘ ਸਿੱਧੂ, ਫਤਿਹ ਸਿੰਘ ਬੀਕੇਯੂ ਕਾਦੀਆਂ, ਮਾਸਟਰ ਸ਼ਮਸ਼ੇਰ ਸਿੰਘ, ਗੁਰਸ਼ਰਨ ਸਿੰਘ ਜਾਮਾਰਾਏ, ਜਸਵੰਤ ਸਿੰਘ ਲਵਲੀ, ਸੁਖਦੇਵ ਸਿੰਘ ਤੁੜ , ਸੁਖਵਿੰਦਰ ਸਿੰਘ ਜੌਹਲ ਆਦਿ ਬੁਲਾਰਿਆਂ ਨੇ ਪੰਜਾਬ ਸਰਕਾਰ ਦੇ ਜਬਰੀ ਮਿੱਲ ਦੀ ਮਾਲਕੀ ਬਦਲਣ ਦੇ ਤੁਗਲਕੀ ਫਰਮਾਨ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਕਿਸਾਨ ਆਗੂ ਸੁਖਜੀਤ ਸਿੰਘ, ਸਤਨਾਮ ਸਿੰਘ ਫੌਜੀ, ਹਰਭਜਨ ਸਿੰਘ ਫੌਜੀ, ਕੈਪਟਨ ਸਤਪਾਲ ਸਿੰਘ, ਬਲਦੇਵ ਸਿੰਘ, ਹੀਰਾ ਸਿੰਘ, ਪੁੰਨੂੰ, ਨਰਿੰਦਰ ਸਿੰਘ, ਸਰੂਪ ਸਿੰਘ, ਸਵਿੰਦਰ ਸਿੰਘ, ਗੁਰਮੀਤ ਸਿੰਘ, ਰਛਪਾਲ ਸਿੰਘ, ਪਰਮਜੀਤ ਸਿੰਘ, ਸੁਖਵਿੰਦਰ ਸਿੰਘ ਜੌਹਲ, ਕਰਮ ਸਿੰਘ ਜੌਹਲ, ਡਾ: ਗੋਰਾ ਅਤੇ ਹੋਰ ਕਿਸਾਨ ਆਗੂ ਹਾਜਿਰ ਸਨ ।ਅਖੀਰ ਵਿੱਚ ਕਿਸਾਨਾਂ ਵੱਲੋਂ ਪੰਜਾਬ ਸਰਕਾਰ ਵਿਰੁੱਧ ਜ਼ਬਰਦਸਤ ਨਾਅਰੇਬਾਜ਼ੀ ਕਰਦਿਆਂ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਗਿਆ।

ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਗੋਇੰਦਵਾਲ ਸਾਹਿਬ ਵਿਖੇ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਧਾਰਮਿਕ ਸਮਾਗਮ ਅਤੇ ਵਿਸ਼ੇਸ਼ ਸਵੇਰ ਦੀ ਅਸੈਂਬਲੀ ਕਰਵਾਈ ਗਈ।ਸਮਾਗਮ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਮੂਲ ਮੰਤਰ ਦੇ ਜਾਪ ਅਤੇ ਗੁਰਬਾਣੀ ਸ਼ਬਦ ਕੀਰਤਨ ਨਾਲ ਕੀਤੀ ਗਈ।ਇਸ ਮੌਕੇ ਇੰਸਟੀਚਿਊਟ ਦੇ ਧਾਰਮਿਕ ਸਿੱਖਿਆ ਦੇ ਅਧਿਆਪਕ ਇੰਦਰਪਾਲ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਖਾਲਸਾ ਪੰਥ ਦੀ ਸਾਜਨਾ, ਵਿਸਾਖੀ ਦੇ ਇਤਿਹਾਸ ਅਤੇ ਸ਼੍ਰੀ ਗੁਰੂ ਗੋਬਿੰਦ ਸਿੰਘ ਵੱਲੋਂ ਦਿੱਤੇ ਪੰਜ ਕਕਾਰਾਂ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਦੱਸਿਆ।ਸਕੂਲ ਦੇ ਵਿਦਿਆਰਥੀਆਂ ਨੇ ਕਵਿਤਾਵਾਂ, ਭਾਸ਼ਣ ਅਤੇ ਕਵੀਸ਼ਰੀ ਰਾਹੀਂ ਸਿੱਖ ਇਤਿਹਾਸ ਦੀਆਂ ਕੁਰਬਾਨੀਆਂ ਨੂੰ ਯਾਦ ਕੀਤਾ।ਸਮਾਗਮ ਦੇ ਅੰਤ ਵਿੱਚ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ ਅਤੇ ਸਕੂਲ ਦੀ ਮੈਨੇਜਮੈਂਟ ਕਮੇਟੀ ਅਤੇ ਪ੍ਰਿੰਸੀਪਲ ਮੈਡਮ ਮਨੀਸ਼ਾ ਸੂਦ ਨੇ ਵਿਦਿਆਰਥੀਆਂ ਨੂੰ ਸੰਬੋਧਨ ਹੋ ਕੇ ਕਿਹਾ ਕਿ ਅਜਿਹੇ ਸਮਾਗਮ ਸਾਨੂੰ ਆਪਣੇ ਅਮੀਰ ਵਿਰਸੇ ਨਾਲ ਜੋੜਦੇ ਹਨ ਅਤੇ ਸਾਡੇ ਅੰਦਰ ਨੈਤਿਕ ਕਦਰਾਂ-ਕੀਮਤਾਂ ਦਾ ਵਿਕਾਸ ਕਰਦੇ ਹਨ। ਇਸ ਮੌਕੇ ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

ਹਿਊਮਨ ਰਾਈਟ ਸੁਰੱਕਸ਼ਾ ਸੋਸਾਇਟੀ ਤੇ ਵਾਈਸ ਆਫ ਧਾਰੀਵਾਲ ਵੱਲੋਂ ਬਾਬਾ ਸਾਹਿਬ ਨੂੰ ਸ਼ਰਧਾਂਜਲੀ

ਧਾਰੀਵਾਲ, (ਮਨਦੀਪ ਵਿੱਕੀ)-ਹਿਊਮਨ ਰਾਈਟ ਸੁਰੱਕਸ਼ਾ ਸੋਸਾਇਟੀ ਤੇ ਵਾਈਸ ਆਫ ਧਾਰੀਵਾਲ ਵੱਲੋਂ ਭਾਰਤ ਰਤਨ ਡਾਕਟਰ ਭੀਮ ਰਾਓ ਅੰਬੇਦਕਰ ਦਾ 135ਵਾਂ ਜਨਮ ਦਿਹਾੜਾ

ਪਿੰਡ ਕੰਗ ਵਿਖੇ ਉਨ੍ਹਾਂ ਦੇ ਲੱਗੇ ਬੁੱਤ ਤੇ ਫੁੱਲ ਮਾਲਾ ਪਾ ਕੇ ਬੜੀ ਸ਼ਰਧਾ ਪੂਰਵਕ ਮਨਾਇਆ ਗਿਆ।ਇਸ ਮੌਕੇ ਹਿਊਮਨ ਰਾਈਟ ਸੁਰਕਸ਼ਾ ਸੋਸਾਇਟੀ ਦੇ ਪੰਜਾਬ ਦੇ ਪ੍ਰਧਾਨ ਇੰਜੀਨੀਅਰ ਜਤਿੰਦਰ ਪਾਲ ਸਿੰਘ ਜੇਪੀ, ਵਾਇਸ ਆਫ ਧਾਰੀਵਾਲ ਦੇ ਕਨਵੀਨਰ ਡਾਕਟਰ ਕਮਲਜੀਤ ਸਿੰਘ ਕੇਜੇ ਆਪਣੀ ਪੂਰੀ ਟੀਮ ਦੇ ਨਾਲ ਪਿੰਡ ਕੰਗ ਵਿਖੇ ਹਾਜ਼ਰ ਹੋਏ।ਇਸ ਮੌਕੇ ਤੇ ਵੱਖ-ਵੱਖ ਬੁਲਾਰਿਆਂ ਨੇ ਡਾਕਟਰ ਭੀਮ ਰਾਓ ਅੰਬੇਦਕਰ ਜੀ ਦੇ ਜਨਮ ਦਿਹਾੜੇ ਉੱਤੇ ਉਹਨਾਂ ਦੇ ਜੀਵਨ ਬਾਰੇ ਵਿਸਥਾਰ ਪੂਰਕ ਚਰਚਾ ਕਰਦਿਆਂ ਦੱਸਿਆ ਕਿ ਅੱਜ ਸਾਨੂੰ ਜੋ ਵੀ ਅਧਿਕਾਰ ਮਿਲੇ ਹਨ ਡਾਕਟਰ ਭੀਮ ਰਾਓ ਅੰਬੇਦਕਰ ਜੀ ਦੇ ਦਿੱਤੇ ਹੋਏ ਹਨ।ਦੱਬੇ ਕੁਚਲੇ ਲੋਕਾਂ ਨੂੰ ਜੋ ਅੱਜ ਜਿਊਣ ਦਾ ਅਧਿਕਾਰ ਮਿਲਿਆ ਜਾਂ ਹੱਕ ਮਿਲੇ ਹਨ ਉਹ ਡਾਕਟਰ ਭੀਮ ਰਾਓ ਅੰਬੇਦਕਰ ਦੀ ਹੀ ਦੇਣ ਹਨ। ਉਹਨਾਂ ਦੱਸਿਆ ਕਿ ਡਾਕਟਰ ਭੀਮ ਰਾਓ ਅੰਬੇਦਕਰ ਨੇ ਆਪਣਾ ਸਾਰਾ ਜੀਵਨ ਆਪਣੇ ਸਮਾਜ ਦੇ ਲੋਕਾਂ ਦੇ ਲਈ ਸੰਘਰਸ਼ ਕਰਦਿਆਂ ਹੀ ਪੂਰਾ ਕੀਤਾ। ਸਾਨੂੰ ਸਾਰਿਆਂ ਨੂੰ ਸੰਵਿਧਾਨ ਦੇ ਰਚੇਤਾ ਬਾਬਾ ਸਾਹਿਬ ਉੱਤੇ ਮਾਣ ਹੋਣਾ ਚਾਹੀਦਾ ਹੈ।ਇਸ ਮੌਕੇ ਡਾਕਟਰ ਕਮਲਜੀਤ ਸਿੰਘ ਕੇਜੇ, ਇੰਜੀਨੀਅਰ ਜਤਿੰਦਰ ਪਾਲ ਸਿੰਘ ਜੇਪੀ, ਲਵਲੀ ਨਾਗੀ, ਚਮਨ ਲਾਲ, ਵਿਜੇ ਕੁਮਾਰ, ਰਾਮਪਾਲ ਬੱਲ, ਸਰਪੰਚ ਹਰਪਾਲ ਸਿੰਘ ਸਮੇਤ ਹੋਰ ਵੀ ਬਹੁਤ ਸਾਰੇ ਡਾਕਟਰ ਭੀਮ ਰਾਓ ਅੰਬੇਦਕਰ ਜੀ ਨੂੰ ਪਿਆਰ ਕਰਨ ਵਾਲੇ ਲੋਕ ਹਾਜ਼ਰ ਸਨ।

ਡਾ. ਬੀ. ਆਰ. ਅੰਬੇਡਕਰ ਜਯੰਤੀ ਤੇ ਸਾਜਨਾ ਦਿਵਸ 'ਤੇ ਕਰਵਾਇਆ ਸੈਮੀਨਾਰ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਲੋਕ ਭਲਾਈ ਮੰਚ ਪੰਜਾਬ ਵੱਲੋਂ ਮੰਚ ਦੇ ਮੁੱਖ ਦਫਤਰ ਕੱਚੀ ਮਿੱਟੀ ਰੋਡ ਏਕਤਾ ਨਗਰ ਢਪੱਈ ਵਿਖੇ ਜਸਬੀਰ ਸਿੰਘ ਗੁਮਾਨਪੁਰਾ ਦੀ ਪ੍ਰਧਾਨਗੀ ਹੇਠ ਖਾਲਸਾ ਸਾਜਨਾ ਦਿਵਸ ਅਤੇ ਡਾਕਟਰ ਬੀ. ਆਰ. ਅੰਬੇਡਕਰ ਦਾ 135ਵਾਂ ਜਨਮ ਦਿਵਸ ਸੈਮੀਨਾਰ ਕਰਕੇ ਮਨਾਇਆ ਗਿਆ।ਇਸ ਸਮੇਂ ਦੌਰਾਨ ਹੋਈ ਵਿਸ਼ਾਲ ਇਕੱਤਰਤਾ ਵਿੱਚ ਬਲਬੀਰ ਸਿੰਘ ਝਾਮਕਾ, ਅਜੀਤ ਸਿੰਘ ਭੱਟੀ, ਸਰਬਜੀਤ ਸਿੰਘ ਗੁਮਾਨਪੁਰਾ, ਬਲਦੇਵ ਸਿੰਘ, ਮਾਸਟਰ ਸੁਖਦੇਵ ਸਿੰਘ, ਵਿਜੇ ਸਿੱਧਰਾ, ਕੁਲਵੰਤ ਕੌਰ, ਸ਼ੀਲਾ, ਓਮਪ੍ਰਕਾਸ਼, ਬਿਹਾਰੀ ਲਾਲ ਭਾਰਤੀ, ਬਲਵਿੰਦਰ ਕੌਰ, ਅਮਰਜੀਤ ਸਿੰਘ ਗਿੱਲ, ਐਡਵੋਕੇਟ ਮਨਿੰਦਰ ਜੀਤ ਸਿੰਘ ਝਾਮਕਾ ਆਦਿ ਨੇ ਆਪਣੇ ਵਿਚਾਰ ਪੇਸ਼ ਕੀਤੇ।ਸਟੇਜ ਸਕੱਤਰ ਦੀ ਭੂਮਿਕਾ ਕੁਲਦੀਪ ਸਿੰਘ ਨੇ ਵਧੀਆ ਢੰਗ ਨਾਲ ਨਿਭਾਈ।ਇਸ ਸਮੇਂ ਉਪਰੋਕਤ ਤੋਂ ਇਲਾਵਾ ਬਾਜ ਸਿੰਘ ਭਰਾੜੀਵਾਲ, ਮੇਜਰ ਸਿੰਘ ਮਿਆਦੀਆ, ਕਾਮਰੇਡ ਦਾਨਾ, ਮਹਿੰਦਰ ਪਾਲ, ਬਲਕਾਰ ਸਿੰਘ ਗੁਮਾਨਪੁਰਾ, ਦਲਬੀਰ ਸਿੰਘ ਗੁਮਾਨਪੁਰਾ, ਸਰਵਣ ਸਿੰਘ, ਰਵੀ ਕੁਮਾਰ, ਨੇਕੀ ਰਾਮ, ਬਲਦੇਵ ਸਿੰਘ, ਅਮਰੀਕ ਵਿਚ, ਤਰਸੇਮ ਕੁਮਾਰ, ਤੀਰਥ ਰਾਮ, ਡਾਕਟਰ ਦਵਿੰਦਰ ਸਿੰਘ, ਕਿਰਪਾਲ ਸਿੰਘ, ਕੁਲਵੰਤ ਸਿੰਘ, ਗੋਗਾ ਭਲਵਾਨ, ਅਮਰੀਕ ਸਿੰਘ, ਸ਼ਿਵ ਨਰਾਇਣ, ਗੁਰਦੇਵ ਸਿੰਘ, ਮਦਨਜੀਤ ਸਿੰਘ, ਸੰਨੀ ਕੁਮਾਰ, ਜੋਗਰਾਜ, ਮਨਜੀਤ ਕੁਮਾਰੀ, ਨਰੇਸ਼ ਕੁਮਾਰੀ, ਮਨੀਸ਼ ਕੁਮਾਰ, ਪੂਜਾ, ਕੋਮਲਪਰੀਤ ਕੌਰ, ਰਣਜੀਤ ਸਿੰਘ ਰਾਣਾ, ਸਿਮਰਨਜੀਤ ਕੌਰ, ਗੌਰਵ ਕੁਮਾਰ, ਦਿਨੇਸ਼, ਹਰਜੋਬਨ ਸਿੰਘ ਤੇ ਸਤਨਾਮ ਸਿੰਘ ਵਡਾਲੀ ਗੁਰੂ ਆਦਿ ਹਾਜ਼ਰ ਸਨ।

ਡਾ. ਅੰਬੇਡਕਰ ਦੇ 135ਵੇਂ ਜਨਮ ਦਿਹਾੜੇ 'ਤੇ ਅਕੀਦਤ ਦੇ ਫੁੱਲ ਭੇਟ

ਅੰਮ੍ਰਿਤਸਰ (ਵਿਜੇ ਸ਼ਰਮਾ)- ਡਾ. ਅੰਬੇਡਕਰ ਦਾ 135ਵਾਂ ਜਨਮ ਦਿਹਾੜਾ ਕੇਂਦਰੀ ਗੁਰੂ ਰਵਿਦਾਸ ਮੰਦਰ, ਹਾਲ ਗੇਟ ਵੱਲੋਂ ਬੜੀ ਸ਼ਾਨੋ-ਸ਼ੌਕਤ ਅਤੇ ਧੂਮਧਾਮ ਨਾਲ ਮਨਾਇਆ ਗਿਆ।ਇਸ ਮੌਕੇ ਮੰਦਰ ਹਾਲ ਨੂੰ ਸੁੰਦਰ ਤਰੀਕੇ ਨਾਲ ਸਜਾਇਆ ਗਿਆ ਅਤੇ ਡਾ. ਅੰਬੇਡਕਰ ਦੀ ਤਸਵੀਰ 'ਤੇ ਫੁੱਲਾਂ ਦੀ ਮਾਲਾ ਪਾ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਮੌਕੇ ਪ੍ਰਧਾਨ ਹਰੀਸ਼ ਕੁਮਾਰ, ਚੇਅਰਮੈਨ ਯੁਧਵੀਰ, ਜਨਰਲ ਸਕੱਤਰ ਹਨੀ, ਖਜਾਨਚੀ ਪ੍ਰਿੰਸ, ਉਪ ਪ੍ਰਧਾਨ ਓਮ ਪ੍ਰਕਾਸ਼ ਬੱਲੂ ਸਮੇਤ ਕਸਤੂਰੀ ਲਾਲ, ਵੇਦ ਪ੍ਰਕਾਸ਼, ਦਵਿੰਦਰ ਕੁਮਾਰ, ਪੰਕਜ, ਰਾਹੁਲ, ਸਤੀਸ਼, ਰਮੇਸ਼, ਰਤਨ ਲਾਲ, ਲਾਲ ਚੰਦ, ਸੰਜੇ, ਅਜੇ, ਵਿੱਕੀ, ਸ਼ੁਭਮ ਅਤੇ ਲਲਿਤ ਕੁਮਾਰ ਸਮੇਤ ਕਮੇਟੀ ਦੇ ਹੋਰ ਮੈਂਬਰ ਵੀ ਮੌਜੂਦ ਸਨ।ਆਏ ਹੋਏ ਮਹਿਮਾਨਾਂ ਅਤੇ ਸੰਗਤ ਦਾ ਧੰਨਵਾਦ ਕੀਤਾ ਗਿਆ ਅਤੇ ਸਭ ਨੂੰ ਡਾ. ਅੰਬੇਡਕਰ ਦੇ ਸਿਧਾਂਤਾਂ 'ਤੇ ਚੱਲਣ ਦਾ ਸੰਕਲਪ ਲੈਣ ਲਈ ਪ੍ਰੇਰਿਤ ਕੀਤਾ ਗਿਆ। ਸਮਾਗਮ ਦਾ ਸਮਾਪਨ ਪ੍ਰਸ਼ਾਦ ਵੰਡ ਕੇ ਕੀਤਾ ਗਿਆ।

ਡਾ. ਭੀਮ ਰਾਓ ਅੰਬੇਡਕਰ ਨੂੰ ਰਹਿੰਦੀ ਦੁਨੀਆ ਤੱਕ ਯਾਦ ਕੀਤਾ ਜਾਵੇਗਾ : ਨੌਸ਼ਹਿਰਾ ਪੰਨੂਆਂ

ਝਬਾਲ (ਹਰਜਿੰਦਰ ਸਿੰਘ ਸੋਨੀ)-ਸੀ ਪੀ ਆਈ ਐੱਮਐੱਲ ਲਿਬਰੇਸ਼ਨ ਵੱਲੋਂ ਗੋਹਲਵੜ ਵਿਖੇ ਇੱਕ ਮੀਟਿੰਗ ਦੌਰਾਨ ਗਰੀਬਾਂ ਦੇ ਮਹਾਨ ਆਗੂ ਡਾਕਟਰ ਭੀਮ ਰਾਓ ਅੰਬੇਡਕਰ ਨੂੰ ਯਾਦ ਕੀਤਾ ਗਿਆ।ਮੀਟਿੰਗ ਦੀ ਪ੍ਰਧਾਨਗੀ ਬਲਵਿੰਦਰ ਸਿੰਘ ਗੋਹਲਵੜ ਨੇ

ਕੀਤੀ। ਇਸ ਮੌਕੇ ਜ਼ਿਲ੍ਹਾ ਇਕਾਈ ਤਰਨਤਾਰਨ ਦੇ ਕਾਰਜਕਾਰੀ ਸਕੱਤਰ ਦਲਵਿੰਦਰ ਸਿੰਘ ਨੌਸ਼ਹਿਰਾ ਪੰਨੂਆਂ ਨੇ ਬਾਬਾ ਸਾਹਿਬ ਦੀ ਜੀਵਨੀ ਤੇ ਚਰਚਾ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਉਚ ਕੋਟੀ ਦੀ ਸਿਖਿਆ ਪ੍ਰਾਪਤ ਕੀਤੀ। ਉਹ ਵੱਖ-ਵੱਖ ਉਚ ਅਹੁਦਿਆਂ 'ਤੇ ਰਹੇ। ਬੈਰਿਸਟਰ ਦੀ ਡਿਗਰੀ ਵਿਦੇਸ਼ ਤੋਂ ਕੀਤੀ। ਪੀਐੱਚਡੀ ਦੀਆਂ ਡਿਗਰੀਆਂ ਹਾਸਲ ਕੀਤੀਆਂ।ਉਨ੍ਹਾਂ ਨੇ ਪੜ੍ਹੋ ਜੁੜੋ ਅਤੇ ਹੱਕ ਦੀ ਆਵਾਜ਼ ਨੂੰ ਘਰ ਘਰ ਤੱਕ ਪਹੁਚਾਇਆ। ਉਹ ਸੰਵਿਧਾਨ ਸਭਾ ਦੇ ਬਾਨੀ ਪ੍ਰਧਾਨ ਅਤੇ ਦੇਸ਼ ਦੇ ਕਾਨੂੰਨ ਮੰਤਰੀ ਵੀ ਰਹੇ। ਅੱਜ ਦੇ ਦਿਨ ਅਸੀਂ ਪ੍ਰਣ ਕਰਦੇ ਹਾਂ ਕਿ ਉਨ੍ਹਾਂ ਦੇ ਸੰਕਲਪ ਨੂੰ ਅੱਗੇ ਲਿਜਾਇਆ ਜਾਵੇਗਾ।ਇਸ ਮੌਕੇ ਤਰਸੇਮ ਸਿੰਘ ਢੋਟੀਆਂ, ਸੁਰਜੀਤ ਸਿੰਘ ਬਾਠ, ਭੋਲਾ ਸਿੰਘ ਗੋਹਲਵੜ, ਹਰਦੇਵ ਸਿੰਘ ਖਹਿਰਾ, ਬਲਕਾਰ ਸਿੰਘ ਕੋਟ ਜਸਪਤ, ਸੰਗਾ ਸਿੰਘ ਢੋਟੀਆਂ, ਚਰਨਜੀਤ ਸਿੰਘ ਲਾਲਪੁਰਾ, ਜਗਤਾਰ ਸਿੰਘ ਕੋਟ ਜਸਪਤ, ਸਰਦਾਰਾ ਸਿੰਘ ਗੋਹਲਵੜ, ਬਲਵਿੰਦਰ ਸਿੰਘ ਲਾਲਪੁਰਾ, ਰਸ਼ਪਾਲ ਸਿੰਘ ਅਠਵਾਲ, ਬਲਵਿੰਦਰ ਸਿੰਘ ਕਬਾੜੀਆ, ਸੁੱਖਾ ਸਿੰਘ ਸਖੀਰਾ ਆਦਿ ਹਾਜ਼ਰ ਸਨ।

'ਅਕਾਲੀ ਦਲ ਵਾਰਿਸ ਪੰਜਾਬ ਦੇ' ਦੀ ਪੰਥਕ ਕਾਨਫ਼ਰੰਸ ਨੇ ਸਾਰੇ ਰਿਕਾਰਡ ਤੋੜੇ

ਤਰਨ ਤਾਰਨ (ਪ੍ਰਿਤਪਾਲ ਸਿੰਘ)

ਖ਼ਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਦੇ ਪਵਿੱਤਰ ਮੌਕੇ ਗੁਰੂ ਕੀ ਕਾਸ਼ੀ ਤਖ਼ਤ ਸ੍ਰੀ ਦਮਦਮਾ ਸਾਹਿਬ ਦੀ ਧਰਤੀ 'ਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਵਿਸ਼ਾਲ ਪੰਥਕ ਕਾਨਫ਼ਰੰਸ ਕੀਤੀ ਗਈ ਜਿਸ ਵਿੱਚ ਪੂਰੇ ਪੰਜਾਬ ਅਤੇ ਦੇਸ਼ਾਂ-ਵਿਦੇਸ਼ਾਂ ਤੋਂ ਵੱਡੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀ ਭਰਕੇ ਪੰਥਕ ਏਕਤਾ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਹਾਜ਼ਰ ਰਹੀ, ਜਿਨ੍ਹਾਂ ਵਿੱਚ ਮੁੱਖ ਤੌਰ ਤੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਬਾਪੂ ਤਰਸੇਮ ਸਿੰਘ , ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਖ਼ਾਲਸਾ, ਬੀਬੀ ਸੰਦੀਪ ਕੌਰ, ਭਾਈ ਮਨਦੀਪ ਸਿੰਘ ਸਿੱਧੂ, ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਸੁਰਜੀਤ ਸਿੰਘ ਦੌਲਤਪੁਰ, ਭਾਈ ਹਰਭਜਨ ਸਿੰਘ ਤੁੜ, ਭਾਈ ਪਰਮਜੀਤ ਸਿੰਘ ਜੌਹਲ, ਬਾਬੂ ਸਿੰਘ ਬਰਾੜ, ਕਾਬਲ ਸਿੰਘ, ਮਨਪ੍ਰੀਤ ਸਿੰਘ ਇਆਲੀ, ਐਡਵੋਕੇਟ ਹਰਪਾਲ ਸਿੰਘ ਖਾਰਾ, ਐਡਵੋਕੇਟ ਇਮਾਨ ਖਾਰਾ, ਬੀਬੀ ਸਤਨਾਮ ਕੌਰ, ਬੀਬੀ ਰਾਜਵਿੰਦਰ ਕੌਰ ਘੜਾਮ, ਚਾਚਾ ਪ੍ਰਗਟ ਸਿੰਘ, ਭਾਈ ਜਸਕਰਨ ਸਿੰਘ ਕਾਹਨਸਿੰਘ ਵਾਲਾ, ਲੱਖਾ ਸਿੰਘ ਸਿਧਾਣਾਂ, ਪ੍ਰਗਟ ਸਿੰਘ ਮੀਆਂਵਿੰਡ, ਭਾਈ ਸਰਬਜੀਤ ਸਿੰਘ ਖਾਨਪੁਰ, ਭਾਈ ਜੁਗਰਾਜ ਸਿੰਘ ਲਾਲਾਨੰਗਲ, ਐਡਵੋਕੇਟ ਅਜੇਪਾਲ ਸਿੰਘ ਢਿਲੋਂ, ਭਾਈ ਅਮਨਦੀਪ ਸਿੰਘ ਡੱਡੂਆਣਾਂ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਸੁਖਦੇਵ ਸਿੰਘ ਕਾਦੀਆਂ, ਭਾਈ ਭੁਪਿੰਦਰ ਸਿੰਘ ਗੱਦਲੀ, ਪ੍ਰਿਥੀਪਾਲ ਸਿੰਘ, ਬਾਬਾ ਰਾਜਾ ਰਾਜ ਸਿੰਘ, ਭਾਈ ਚਮਕੌਰ ਸਿੰਘ ਬਰਾੜ, ਭਾਈ ਦਲਜੀਤ ਸਿੰਘ ਜਵੰਦਾ, ਬਾਬਾ ਬਿਬੇਕ ਸਿੰਘ, ਭਾਈ ਤੇਜਿੰਦਰ ਸਿੰਘ ਢਿਲੋਂ, ਭਾਈ ਜਸਵਿੰਦਰ ਸਿੰਘ ਬਾਦਲ, ਭਾਈ ਬਲਦੇਵ ਸਿੰਘ ਜੱਲੂਪੁਰ, ਭਾਈ ਕੁਲਦਮਨਰੂਪ ਸਿੰਘ, ਭਾਈ ਦਲੇਰ ਸਿੰਘ ਡੋਡ, ਭਾਈ ਸੁਰਿੰਦਰਪਾਲ ਸਿੰਘ ਤਾਲਿਬਪੁਰਾ, ਭਾਈ ਜਸਕਰਨ ਸਿੰਘ ਰਿਆੜ, ਭਾਈ ਚਰਨਜੀਤ ਸਿੰਘ ਗਾਲਿਬ, ਭਾਈ ਜਸਕਰਨ ਸਿੰਘ ਲੋਪੋਕੇ, ਭਾਈ ਦਲਜੀਤ ਸਿੰਘ ਮਿਆਦੀਆਂ, ਭਾਈ ਜੁਗਰਾਜ ਸਿੰਘ ਭੰਗਵਾਂ, ਭਾਈ ਰਛਪਾਲ ਸਿੰਘ ਸੋਸਣ, ਭਾਈ ਚਮਕੌਰ ਸਿੰਘ ਧੁੰਨ, ਭਾਈ ਰਜਿੰਦਰ ਸਿੰਘ ਤਲਵੰਡੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੀਨੀਅਰ ਆਗੂ ਤੇ ਵਰਕਰ ਸ਼ਾਮਲ ਸਨ।ਇਸ ਮੌਕੇ ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਖਾਲਸਾ ਨੇ ਸਟੇਜ ਤੋਂ ਸਮੂਹ ਪੰਜਾਬੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ 2027 ਦੀਆਂ ਚੋਣਾਂ ਸਿਰਫ਼ ਇੱਕ ਰਾਜਨੀਤਿਕ ਪ੍ਰਕਿਰਿਆ ਨਹੀਂ, ਸਗੋਂ ਪੰਜਾਬ ਦੀ ਕਿਸਮਤ ਦਾ ਫੈਸਲਾ ਕਰਨ ਵਾਲਾ ਇਤਿਹਾਸਕ ਮੌਕਾ ਹਨ। ਇਸ ਲਈ ਹਰ ਇਕ ਪੰਜਾਬੀ ਆਪਣੀ ਜ਼ਿੰਮੇਵਾਰੀ ਨੂੰ ਸਮਝੇ ਅਤੇ ਇਕੱਠੇ ਹੋਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਸਾਥ ਦੇ ਕੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਅਗਵਾਈ ਹੇਠ ਇੱਕ ਅਜਿਹੀ ਸਰਕਾਰ ਕਾਇਮ ਕਰੀਏ ਜੋ ਸੱਚ, ਨਿਆਂ ਅਤੇ ਪੰਜਾਬ ਦੇ ਹੱਕਾਂ ਦੀ ਅਸਲ ਨੁਮਾਇੰਦਗੀ ਕਰੇ।

ਡਾ. ਅੰਬੇਡਕਰ ਜਯੰਤੀ ਮੌਕੇ ਮਜ਼ਦੂਰਾਂ ਦੇ ਹੱਕਾਂ ਦੀ ਲੜਾਈ ਲੜਨ ਦਾ ਸੱਦਾ

ਝਬਾਲ (ਹਰਜਿੰਦਰ ਸਿੰਘ ਸੋਨੀ)-ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੀ ਪਿੰਡ ਕਲੇਰ ਵਿੱਖੇ ਮਜ਼ਦੂਰਾਂ ਦੀ ਭਰਵੀਂ ਮੀਟਿੰਗ ਕੁਲਦੀਪ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਦੇ ਫ਼ੈਸਲੇ ਪ੍ਰੈੱਸ ਨੂੰ ਜਾਰੀ ਦੇਂਦਿਆਂ ਜਥੇ ਬੰਦੀ ਦੇ ਸੂਬਾਈ ਸੱਕਤਰ ਜਸਬੀਰ ਸਿੰਘ ਝਬਾਲ ਨੇ ਦੱਸਿਆ ਕਿ ਭਾਰਤ ਰਤਨ ਡਾਕਟਰ ਅੰਬੇਦਕਰ ਜੀ ਦੇ ਜਨਮ ਦਿਹਾੜੇ ਤੇ ਮਜ਼ਦੂਰਾਂ ਦੀਆ ਹੱਕੀ ਮੰਗਾਂ ਅਤੇ ਮਸਲਿਆਂ ਤੇ ਤਿੱਖਾ ਸੰਗਰਸ਼ ਕਰਨ ਦਾ ਫੈਸਲਾ ਕੀਤਾ।ਪਿੰਡ ਵਿੱਚ ਸਾਬਕਾ ਸਰਪੰਚ ਵੱਲੋਂ ਮਜ਼ਦੂਰਾਂ ਦੀ ਰੂੜੀ ਵਾਲੀ ਜਗ੍ਹਾ ਤੇ ਨਜਾਇਜ਼ ਕਬਜ਼ਾ ਸ਼ੜਾਵਨ ਲਈ ਸੰਗਰਸ਼ ਕੀਤਾ ਜਾਏਗਾ,ਜਿਸ ਦੀ ਜ਼ੁੰਮੇਵਾਰੀ ਜ਼ਿਲ੍ਹਾ ਪ੍ਰਸ਼ਾਸਨ ਤੇ ਹੋਵੇਗੀ ਮੀਟਿੰਗ ਨੂੰ ਸੂਬਾ ਕਮੇਟੀ ਮੈਂਬਰ ਸਤਨਾਮ ਸਿੰਘ ਕਲੇਰ ਅਤੇ ਜ਼ਿਲ੍ਹਾ ਵਿੱਤ ਸਕੱਤਰ ਕੰਵਲਜੀਤ ਕੌਰ ਖਿਆਲਾ ਨੇ ਵੀ ਸੰਬੋਧਨ ਕੀਤਾ।ਮੀਟਿੰਗ ਵਿੱਚ ਜੱਥੇਬੰਦੀ ਦੇ ਆਗੂ ਨਿਸ਼ਾਨ ਸਿੰਘ ਕਲੇਰ, ਰੇਸ਼ਮ ਸਿੰਘ ਖਿਆਲਾ ਅਤੇ ਪਿੰਡ ਦੇ ਸਤਪਾਲ ਸਿੰਘ, ਹਰਪਾਲ ਸਿੰਘ, ਬਲਵਿੰਦਰ ਸਿੰਘ, ਨਸੀਬ ਕੌਰ, ਮਲਕੀਤ ਸਿੰਘ, ਗਗਨਦੀਪ ਸਿੰਘ, ਤਰਸੇਮ ਸਿੰਘ, ਹਰਦੇਵ ਸਿੰਘ, ਜਗਜੀਤ ਸਿੰਘ, ਹੀਰਾ ਸਿੰਘ ਅਤੇ ਹੋਰ ਵਰਕਰ ਹਾਜ਼ਰ ਹੋਏ ਸਨ।

ਆਵਾਰਾ ਕੁੱਤਿਆਂ ਤੋਂ ਲੋਕ ਪ੍ਰੇਸ਼ਾਨ

ਗੁਰਦਾਸਪੁਰ, (ਜਨਕ ਮਹਾਜਨ)- ਗੁਰਦਾਸਪੁਰ ਸ਼ਹਿਰ ਅਤੇ ਆਸ-ਪਾਸ ਦੇ ਪਿੰਡਾਂ ਵਿਚ ਅਵਾਰਾ ਕੁੱਤਿਆਂ ਦੀ ਭਰਮਾਰ ਹੋਣ ਕਾਰਨ ਲੋਕਾਂ ਵਿਚ ਡਰ ਦਾ ਮਾਹੌਲ ਬਣਿਆ ਰਹਿਦਾ ਹੈ ਕਿਉਂਕਿ ਆਵਾਰਾ ਕੁੱਤਿਆਂ ਵੱਲੋਂ ਛੋਟੇ ਬੱਚਿਆਂ ਅਤੇ ਪਸ਼ੂਆਂ ਦੇ ਛੋਟੇ ਬਰਸ਼ੂਟਾਂ ਨੂੰ ਨੁਕਸਾਨ ਪਹੁੰਚਾਉਣ ਕਾਰਨ ਲੋਕ ਕਾਫ਼ੀ ਦੁਖੀ ਹਨ। ਇਸ ਮਸਲੇ ਨੂੰ ਲੈ ਕੇ ਲੋਕਾਂ ਵਿਚ ਪ੍ਰਸ਼ਾਸਨ ਖ਼ਿਲਾਫ਼ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਇਲਾਕਾ ਵਾਸੀਆਂ ਨੇ ਦੱਸਿਆ ਕਿ ਕੁੱਤਿਆਂ ਦੇ ਕੱਟਣ 'ਤੇ ਬੇਸ਼ੱਕ ਸਰਕਾਰਾਂ ਵੱਲੋਂ ਪਾਲਤੂ ਕੁੱਤਿਆਂ ਦੇ ਕੱਟਣ 'ਤੇ ਸਖ਼ਤ ਕਾਨੂੰਨ ਬਣਾਉਣ ਤੋਂ ਇਲਾਵਾ ਵੱਡੇ ਜੁਰਮਾਨੇ ਵੀ ਰੱਖੇ ਗਏ ਹਨ ਪਰ ਆਵਾਰਾ ਫ਼ਿਰਦੇ ਕੁੱਤਿਆਂ ਤੋਂ ਬਚਾਅ ਲਈ ਪ੍ਰਸ਼ਾਸਨ ਵਲੋਂ ਕੋਈ ਸਖ਼ਤ ਕਾਰਵਾਈ ਨਹੀਂ ਕੀਤੀ ਜਾ ਰਹੀ। ਗੁਰਦਾਸਪੁਰ-ਮੁਕੇਰੀਆਂ ਸੜਕ 'ਤੇ ਪੈਂਦੇ ਇਲਾਕਿਆਂ ਵਿੱਚ ਕਈ ਥਾਵਾਂ 'ਤੇ ਆਵਾਰਾ ਕੁੱਤਿਆਂ ਤੋਂ ਇਲਾਵਾ ਅਵਾਰਾ ਪਸ਼ੂ ਵੀ ਸੜਕ 'ਤੇ ਫਿਰਦੇ ਰਹਿੰਦੇ ਹਨ ਜੋ ਅਕਸਰ ਸੜਕੀ ਹਾਦਸਿਆਂ ਦਾ ਕਾਰਨ ਬਣਦੇ ਹਨ। ਲੋਕਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਇਨ੍ਹਾਂ ਆਵਾਰਾ ਕੁੱਤਿਆਂ ਅਤੇ ਪਸ਼ੂਆਂ ਬਾਰੇ ਕੋਈ ਉਚਿਤ ਕਦਮ ਚੁੱਕੇ ਜਾਣ ਜਿਸ ਨਾਲ ਕੋਈ ਜਾਨੀ-ਮਾਲੀ ਨੁਕਸਾਨ ਨਾ ਹੋ ਸਕੇ।

154ਵੇਂ ਖ਼ੂਨਦਾਨ ਕੈਂਪ 'ਚ ਸਵਾ ਸੌ ਲੋਕਾਂ ਨੇ ਕੀਤਾ ਖ਼ੂਨ ਦਾਨ

ਗੁਰਦਾਸਪੁਰ (ਦਿਨੇਸ਼ ਕੁਮਾਰ)-ਬਲੱਡ ਡੋਨਰਜ਼ ਸੋਸਾਇਟੀ ਗੁਰਦਾਸਪੁਰ ਅਤੇ ਸਮਾਜਿਕ ਗਤੀਵਿਧੀਆਂ ਸੇਵਾ ਸੋਸਾਇਟੀ ਕਲਾਨੌਰ ਵੱਲੋਂ ਇੱਕ ਸਾਂਝੇ ਉਪਰਾਲੇ ਦੇ ਤੌਰ ਤੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਦਿਹਾੜੇ, ਵਿਸਾਖੀ ਦੇ ਸ਼ੁਭ ਦਿਹਾੜੇ ਅਤੇ

ਖਾਲਸਾ ਸਾਜਨਾ ਦਿਵਸ ਦੇ ਪਵਿੱਤਰ ਦਿਹਾੜੇ ਨੂੰ ਸਮਰਪਿਤ ਇੱਕ ਵਿਸ਼ਾਲ ਖ਼ੂਨ ਦਾਨ ਕੈਂਪ ਪੁੱਡਾ ਗਰਾਉਂਡ, ਜੇਲ੍ਹ ਰੋਡ, ਸਾਹਮਣੇ ਹੈਪੀ ਹਾਈ ਸਕੂਲ ਵਿਖੇ ਲਗਾਇਆ ਗਿਆ। 125 ਖ਼ੂਨਦਾਨੀਆਂ ਨੇ ਆਪਣਾ ਖ਼ੂਨ ਦਾਨ ਕਰਕੇ ਅਹਿਮ ਭੂਮਿਕਾ ਨਿਭਾਈ ।ਸਿਟੀ ਪ੍ਰਧਾਨ ਅਭੈ ਮਹਾਜਨ ਅਤੇ ਜ਼ਿਲ੍ਹਾ ਯੂਥ ਪ੍ਰਧਾਨ ਹਰਪ੍ਰੀਤ ਮਾਨ ਨੇ ਗੱਲਬਾਤ ਕਰਦੇ ਦੱਸਿਆ ਕਿ ਖ਼ੂਨਦਾਨ ਕੈਂਪ ਵਿੱਚ ਗੁਰੂ ਨਾਨਕ ਹਸਪਤਾਲ ਅਤੇ ਮੈਡੀਕਲ ਕਾਲਜ ਅੰਮ੍ਰਿਤਸਰ ਅਤੇ ਰਾਜ ਬਲੱਡ ਬੈਂਕ ਪਠਾਨਕੋਟ ਦੀਆਂ ਬਲੱਡ ਬੈਂਕ ਟੀਮਾਂ ਨੇ ਖ਼ੂਨ ਇਕੱਤਰਿਤ ਕੀਤਾ।ਬਲੱਡ ਡੋਨਰ ਸੋਸਾਇਟੀ ਦੇ ਫਾਊਂਡਰ ਰਜੇਸ਼ ਬੱਬੀ ਅਤੇ ਟੀਮ ਦੇ ਸਕੱਤਰ ਪ੍ਰਵੀਨ ਅੱਤਰੀ ਨੇ ਦੱਸਿਆ ਕਿ ਸੋਸਾਇਟੀ ਦਾ 154ਵਾਂ ਖ਼ੂਨਦਾਨ ਕੈਂਪ ਹੈ। ਆਖਿਰ ਵਿੱਚ ਬਲੱਡ ਡੋਨਰਜ਼ ਸੋਸਾਇਟੀ ਦੇ ਮੈਂਬਰ ਰਿਸ਼ਵ ਸ਼ਰਮਾ, ਪੁਸ਼ਪਿੰਦਰ ਸਿੰਘ, ਨਿਸਚਿੰਤ ਕੁਮਾਰ, ਸੁਨੀਲ ਕੁਮਾਰ, ਐਡਵੋਕੇਟ ਮਨੀਸ਼ ਕੁਮਾਰ, ਕੰਵਲਨੈਨ ਸੰਧੂ, ਪਵਨ ਬਬੋਰੀਆ, ਮੀਤ ਪ੍ਰਧਾਨ ਨਵੀਨ ਕੁਮਾਰ ਅਤੇ ਮਧੂ ਸੂਦਨ ਸ਼ਰਮਾ ਤੇ ਪ੍ਰੇਮ ਠਾਕੁਰ ਨੇ ਨੌਜਵਾਨ ਪੀੜ੍ਹੀ ਨੂੰ ਅਪੀਲ ਕੀਤੀ ਕਿ ਸਾਨੂੰ ਆਪਣਾ ਬਣਦਾ ਯੋਗਦਾਨ ਜ਼ਰੂਰ ਪਾਉਣਾ ਚਾਹੀਦਾ।

ਨਵਾਂ ਜ਼ਮਾਨਾ
ਵੀਰਵਾਰ, 16 ਅਪ੍ਰੈਲ 2026

ਹੰਗਰੀ ਦਾ ਸਬਕ

ਹੰਗਰੀ ਦੀਆਂ ਚੋਣਾਂ ਵਿੱਚ ਪਿਛਲੇ ਦਿਨੀਂ ਹੋਏ ਸੱਤਾ ਪਰਿਵਰਤਨ ਨੂੰ ਸਿਰਫ ਉੱਥੋਂ ਦੇ ਪ੍ਰਧਾਨ ਮੰਤਰੀ ਵਿਕਟਰ ਬੋਰਨ ਦੀ ਹਾਰ ਦੇ ਰੂਪ ਵਿੱਚ ਸਵੀਕਾਰ ਕਰਨਾ ਨਾਸਮਝੀ ਹੋਵੇਗੀ। ਖਾਸ ਗੱਲ ਇਹ ਹੈ ਕਿ ਜਿਵੇਂ ਬੋਰਨ ਨੇ ਹੰਗਰੀ ਵਿੱਚ ਸਿਆਸਤ ਕੀਤੀ, ਉਸੇ ਮਾਡਲ ਦੀ ਵਰਤੋਂ ਭਾਰਤ ਵਿੱਚ ਭਾਜਪਾ ਸਰਕਾਰ ਪਿਛਲੇ 12 ਸਾਲਾਂ ਤੋਂ ਕਰ ਰਹੀ ਹੈ। ਬੋਰਨ ਨੇ ਆਪਣੇ ਸ਼ਾਸਨ ਵਿੱਚ ਆਪਣੇ ਉਦਯੋਗਪਤੀ ਦੋਸਤ ਨੂੰ ਭਾਰਤ ਦੀ ਤਰ੍ਹਾਂ ਦੇਸ਼ ਦਾ ਸਭ ਤੋਂ ਅਮੀਰ ਆਦਮੀ ਬਣਾ ਦਿੱਤਾ ਸੀ। ਉਸ ਨੇ ਵੀ ਇਲੈਕਟੋਰਲ ਬਾਂਡ ਦੀ ਤਰ੍ਹਾਂ ਚੋਣ ਫੰਡਿੰਗ ਵਿਵਸਥਾ ਵਿੱਚ ਅਜਿਹੀਆਂ ਤਬਦੀਲੀਆਂ ਕੀਤੀਆਂ ਕਿ ਉਸ ਦੀ ਹੀ ਪਾਰਟੀ ਨੂੰ ਸਭ ਤੋਂ ਵੱਧ ਕਾਰਪੋਰੇਟ ਧਨ ਮਿਲੇ। ਸਾਡੇ ਪ੍ਰਧਾਨ ਮੰਤਰੀ ਵਾਂਗ ਪ੍ਰਧਾਨ ਮੰਤਰੀ ਬਣਨ ਦੇ ਬਾਅਦ ਬੋਰਨ ਨੇ ਇਹ ਯਕੀਨੀ ਬਣਾਉਣ ਲਈ ਸੰਵਿਧਾਨ ਵਿੱਚ ਕਈ ਤਬਦੀਲੀਆਂ ਕੀਤੀਆਂ ਕਿ ਉਸ ਦੇ ਪਿਆਦੇ ਹੀ ਚੋਣ ਪ੍ਰਣਾਲੀ ਨੂੰ ਕੰਟਰੋਲ ਕਰਨਗੇ। ਬੋਰਨ ਨੇ ਸਾਡੇ ਪ੍ਰਧਾਨ ਮੰਤਰੀ ਦੀ ਤਰ੍ਹਾਂ ਪੂਰਾ ਮੀਡੀਆ ਅਮੀਰ ਦੋਸਤਾਂ ਦੇ ਹਵਾਲੇ ਕਰ ਦਿੱਤਾ ਸੀ। ਭਾਜਪਾ ਦੇ ਆਈ ਟੀ ਸੈੱਲ ਦੀ ਤਰ੍ਹਾਂ ਟਰੋਲ ਕਰਨ ਵਾਲਿਆਂ ਦੀਆਂ ਖੂਬ ਭਰਤੀਆਂ ਕੀਤੀਆਂ, ਜਿਹੜੇ ਸਮਾਜ 'ਚ ਵੰਡੀਆਂ ਪਾਉਣ ਤੇ ਆਪੋਜ਼ੀਸ਼ਨ ਦੇ ਖਿਲਾਫ ਝੂਠ ਫੈਲਾਉਣ ਤੇ ਬੋਰਨ ਦੀ ਜੈ-ਜੈ ਕਾਰ ਕਰਨ ਵਿੱਚ ਲੱਗੇ ਰਹੇ। ਲੋਕ ਭਰਮ ਜਾਲ ਵਿੱਚ ਫਸੇ ਰਹੇ। ਬੋਰਨ ਨੇ ਸਮਾਜ ਵਿੱਚ ਨਫਰਤ ਦੀ ਕੰਧ ਖੜ੍ਹੀ ਕਰਕੇ ਸ਼ਾਸਨ ਚਲਾਇਆ, ਜਿਵੇਂ ਭਾਰਤ ਵਿੱਚ ਘੱਟ-ਗਿਣਤੀਆਂ ਪ੍ਰਤੀ ਨਫਰਤ ਪੈਦਾ ਕਰਕੇ ਚਲਾਇਆ ਜਾ ਰਿਹਾ ਹੈ।

ਬੋਰਨ ਨੇ ਭਾਰਤ ਦੀ ਤਰ੍ਹਾਂ ਖੁਦਮੁਖਤਾਰ ਅਦਾਰਿਆਂ 'ਤੇ ਆਪਣੇ ਗੁਮਾਸ਼ਤਿਆਂ ਨੂੰ ਬਿਠਾ ਕੇ ਪੂਰਾ ਸਿਸਟਮ ਸਰਕਾਰੀ ਕੰਟਰੋਲ ਵਿੱਚ ਕਰ ਲਿਆ ਸੀ। ਇਸ ਦੇ ਬਾਵਜੂਦ ਬੋਰਨ ਨੂੰ ਬੁਰੀ ਤਰ੍ਹਾਂ ਹਰਾ ਕੇ ਪੀਟਰ ਮੈਗਯਾਰ ਦੀ ਪਾਰਟੀ ਨੇ ਸ਼ਾਨਦਾਰ ਬਹੁਮਤ ਹਾਸਲ ਕਰ ਲਿਆ। ਇਸ ਹਾਰ ਦੇ ਪਿੱਛੇ ਇੱਕ ਵੱਡਾ ਕਾਰਨ ਬੋਰਨ ਦਾ ਡੋਨਾਲਡ ਟਰੰਪ ਤੇ ਬੈਂਜਾਮਿਨ ਨੇਤਨਯਾਹੂ ਵਰਗਿਆਂ ਅਤੇ ਸਾਮਰਾਜੀ ਤਾਕਤਾਂ ਦਾ ਸਾਥ ਦੇਣਾ ਵੀ ਰਿਹਾ। ਉਸ ਦੇ ਹੱਕ ਵਿੱਚ ਅਮਰੀਕੀ ਉਪ ਰਾਸ਼ਟਰਪਤੀ ਜੇ ਡੀ ਵਾਂਸ ਨੇ ਵੀ ਚੋਣ ਪ੍ਰਚਾਰ ਕੀਤਾ ਸੀ। ਬੋਰਨ ਦੇ 16 ਸਾਲ ਦੇ ਸ਼ਾਸਨ ਦਾ ਅੰਤ ਦਰਸਾਉਂਦਾ ਹੈ ਕਿ ਜਦੋਂ ਲੋਕ ਅੰਦਰੋ-ਅੰਦਰ ਦੁਖੀ ਹੁੰਦੇ ਹਨ ਤਾਂ ਚੁੱਪੀ ਸਾਧ ਲੈਂਦੇ ਹਨ। ਸੱਤਾ ਨੂੰ ਲਗਦਾ ਹੈ ਕਿ ਸਭ ਕੁਝ ਠੀਕ-ਠਾਕ ਚੱਲ ਰਿਹਾ ਹੈ, ਪਰ ਲੋਕ ਮੌਕਾ ਮਿਲਣ 'ਤੇ ਵੱਡੇ ਤੋਂ ਵੱਡੇ ਤਾਨਾਸ਼ਾਹ ਨੂੰ ਪਲਟ ਦਿੰਦੇ ਹਨ। ਹੰਗਰੀ ਦੇ ਲੋਕਾਂ ਨੇ ਇਹ ਕਰ ਦਿਖਾਇਆ ਹੈ। ਅਮਰੀਕਾ, ਇਜ਼ਰਾਈਲ ਤੇ ਭਾਰਤ ਵਿੱਚ ਵੀ ਲੋਕ ਉਸੇ ਤਰ੍ਹਾਂ ਦੀ ਸਥਿਤੀ ਵਿੱਚ ਹਨ। ਅਮਰੀਕੀ ਰਾਸ਼ਟਰਪਤੀ ਟਰੰਪ ਖਿਲਾਫ ਮਹਾਂਦੋਸ਼ ਦੀ ਕਾਰਵਾਈ ਯਕੀਨੀ ਹੈ। ਇਜ਼ਰਾਈਲ ਦੀ ਫੌਜ ਤੇ ਲੋਕ ਬਗਾਵਤ ਵੱਲ ਵਧ ਰਹੇ ਹਨ। ਹੰਗਰੀ ਵਿੱਚ ਜਿਸ ਤਰ੍ਹਾਂ ਲੋਕਾਂ ਨੇ ਮੋਦੀ ਵਰਗੇ ਮਜ਼ਬੂਤ ਆਗੂ ਨੂੰ ਸਬਕ ਸਿਖਾਇਆ ਹੈ, ਉਸ ਨਾਲ ਅੰਦਰ ਹੀ ਅੰਦਰ ਭਾਜਪਾ ਪ੍ਰੇਸ਼ਾਨ ਜ਼ਰੂਰ ਹੋਵੇਗੀ।

ਬਿਹਾਰ ਤਾਂ ਝਾਕੀ ਹੈ, ਬੰਗਾਲ ਅਜੇ ਬਾਕੀ ਹੈ

ਗੁਰਮੀਤ ਸਿੰਘ ਪਲਾਹੀ

ਭਾਰੀ ਬੇਇਤਬਾਰੀ ਦੇ ਦਰਮਿਆਨ ਦੇਸ਼ ਦੇ ਨਾਗਰਿਕਾਂ ਨੂੰ ਇਹ ਸਾਬਤ ਕਰਨਾ ਪੈ ਰਿਹਾ ਹੈ ਕਿ ਉਹ ਯੋਗ ਵੋਟਰ ਹਨ। ਇਸੇ ਕਰਕੇ ਭਾਰਤੀ ਚੋਣ ਕਮਿਸ਼ਨ ਦੀ ਨਿਰਪੱਖਤਾ ਉੱਤੇ ਲਗਾਤਾਰ ਸਵਾਲ ਉੱਠ ਰਹੇ ਹਨ।

ਹਾਲਾਂਕਿ ਚੋਣ ਕਮਿਸ਼ਨ ਅਨੁਸਾਰ ਵੋਟਰ ਸੂਚੀਆਂ ਦੀ ਸ਼ੁੱਧਤਾ ਲਈ ਇਹ ਕਦਮ ਲਾਜ਼ਮੀ ਹਨ, ਪਰ ਵੱਡੀ ਗਿਣਤੀ ਵਿੱਚ ਵੋਟਰਾਂ ਦੇ ਨਾਂਅ ਵੋਟਰ ਸੂਚੀਆਂ ਵਿੱਚੋਂ ਕੱਟੇ ਜਾਣ ਕਾਰਨ ਸਵਾਲ ਉੱਠ ਰਹੇ ਹਨ। ਪੱਛਮੀ ਬੰਗਾਲ ਵਿੱਚ ਵਿਧਾਨ ਸਭਾ ਚੋਣਾਂ ਦੀਆਂ ਤਰੀਕਾਂ ਤੈਅ ਹਨ ਅਤੇ ਖ਼ਬਰਾਂ ਮੁਤਾਬਕ 27 ਲੱਖ ਲੋਕ ਇਸ ਵਾਰ ਵੋਟ ਦੇਣ ਤੋਂ ਵੰਚਿਤ ਰਹਿ ਸਕਦੇ ਹਨ । ਇਸ ਸੰਬੰਧੀ ਤ੍ਰਿਣਮੂਲ ਕਾਂਗਰਸ ਨੇ ਚੋਣ ਕਮਿਸ਼ਨ ਅੱਗੇ ਸਵਾਲ ਉਠਾਏ ਤਾਂ ਚੋਣ ਕਮਿਸ਼ਨ ਦਾ ਦੋ-ਟੁੱਕ ਜਵਾਬ ਸੀ ਕਿ ਚੋਣਾਂ ਡਰ-ਰਹਿਤ, ਹਿੰਸਾ-ਰਹਿਤ ਅਤੇ ਲੋਭ-ਲਾਲਚ ਰਹਿਤ ਅਤੇ ਬੂਥਾਂ ਉੱਤੇ ਬਾਹਰੀ ਪਕੜ ਤੋਂ ਮੁਕਤ ਹੋਣਗੀਆਂ।

ਇਹੀ ਜਵਾਬ ਜਾਂ ਇਸ ਤਰ੍ਹਾਂ ਦਾ ਪ੍ਰਚਾਰ ਕੇਂਦਰ ਸਰਕਾਰ 'ਤੇ ਕਾਬਜ਼ ਭਾਜਪਾ ਵੱਲੋਂ ਆਪਣੇ ਸੋਸ਼ਲ ਮੀਡੀਆ ਮਾਧਿਅਮਾਂ ਫੇਸਬੁਕ, ਇੰਸਟਾਗ੍ਰਾਮ ਅਤੇ ਚੋਣ ਪੋਸਟਾਂ 'ਤੇ ਵੀ ਕੀਤਾ ਜਾ ਰਿਹਾ ਹੈ। ਇਸ ਨਾਲ ਇਹ ਸਵਾਲ ਖੜ੍ਹਾ ਹੁੰਦਾ ਹੈ ਕਿ ਕੀ ਭਾਜਪਾ ਹੀ ਭਾਰਤੀ ਚੋਣ ਕਮਿਸ਼ਨ ਹੈ ਜਾਂ ਭਾਰਤੀ ਚੋਣ ਕਮਿਸ਼ਨ ਭਾਜਪਾ ਹੀ ਹੈ? ਕੀ ਭਾਜਪਾ ਅਤੇ ਚੋਣ ਕਮਿਸ਼ਨ ਵਿਚਕਾਰ ਕੋਈ ਮਿਲੀਭੁਗਤ ਹੈ ਜਾਂ ਇਹ ਸਿਰਫ਼ ਇੱਕ ਰਾਜਨੀਤਕ ਦੂਸ਼ਣਬਾਜ਼ੀ ਹੈ ਜਾਂ ਇਹ ਸਿਰਫ਼ ਵੋਟਰਾਂ ਨੂੰ ਡਰਾਉਣ ਅਤੇ ਧਮਕਾਉਣ ਦੀ ਸਾਜ਼ਿਸ਼ ਹੈ?

ਭਾਰਤ ਵਿੱਚ ਚੋਣ ਪ੍ਰਕਿਰਿਆ ਦੁਨੀਆ ਦੀ ਸਭ ਤੋਂ ਵੱਡੀ ਲੋਕਤੰਤਰਕ ਪ੍ਰਕਿਰਿਆ ਮੰਨੀ ਜਾਂਦੀ ਹੈ, ਜਿੱਥੇ ਕਰੋੜਾਂ ਲੋਕ ਆਪਣਾ ਵੋਟ ਦੇ ਕੇ ਸਰਕਾਰ ਚੁਣਦੇ ਹਨ । ਇਸ ਲਈ ਵੋਟਰ ਸੂਚੀ ਦੀ ਪਾਰਦਰਸ਼ਤਾ ਅਤੇ ਸ਼ੁੱਧਤਾ ਬਹੁਤ ਜ਼ਰੂਰੀ ਹੈ।ਭਾਰਤੀ ਚੋਣ ਕਮਿਸ਼ਨ ਇੱਕ ਸੰਵਿਧਾਨਕ ਸੰਸਥਾ ਹੈ, ਜਿਸ ਦਾ ਬੁਨਿਆਦੀ ਕੰਮ ਨਿਰਪੱਖ ਚੋਣਾਂ ਕਰਵਾਉਣਾ ਹੈ, ਪਰ ਪਿਛਲੇ ਸਮੇਂ ਦੌਰਾਨ ਕੁਝ ਇਹੋ ਜਿਹੀਆਂ ਘਟਨਾਵਾਂ ਸਾਹਮਣੇ ਆਈਆਂ ਹਨ, ਜਿਨ੍ਹਾਂ ਨਾਲ ਇਸ ਦੀ ਨਿਰਪੱਖਤਾ 'ਤੇ ਸਵਾਲ ਉੱਠੇ ਹਨ। ਜਿਵੇਂ ਪੱਛਮੀ ਬੰਗਾਲ ਅਤੇ ਕੇਰਲ ਵਿੱਚ ਭਾਜਪਾ ਵੱਲੋਂ ਚੋਣ ਕਮਿਸ਼ਨ ਦੀਆਂ ਤਸਵੀਰਾਂ ਲਾ ਕੇ ਪੋਸਟਰ ਲਗਾਏ ਗਏ ਅਤੇ ਚੋਣ ਕਮਿਸ਼ਨ ਨਾਲ ਰਾਜਨੀਤਕ ਪਾਰਟੀ ਦੀ ਸਾਖ ਜੋੜੀ ਗਈ।

ਕੇਰਲ ਵਿੱਚ ਚੋਣ ਕਮਿਸ਼ਨ ਦਾ ਇੱਕ ਖ਼ਤ ਭਾਜਪਾ ਦੀ ਮੋਹਰ ਨਾਲ ਪ੍ਰਸਾਰਤ ਹੋਣ 'ਤੇ ਹੰਗਾਮਾ ਵੀ ਖੜ੍ਹਾ ਹੋਇਆ । ਬਾਅਦ ਵਿੱਚ ਚੋਣ ਕਮਿਸ਼ਨ ਨੇ ਇਸ ਨੂੰ ਆਪਣੀ ਗਲਤੀ ਮੰਨਦਿਆਂ ਇੱਕ ਅਧਿਕਾਰੀ ਨੂੰ ਮੁਅੱਤਲ ਕਰ ਦਿੱਤਾ, ਪਰ ਕੀ ਇਸ ਨਾਲ ਚੋਣ ਕਮਿਸ਼ਨ ਦੀ ਨਿਰਪੱਖਤਾ ਸਾਬਤ ਹੋ ਜਾਂਦੀ ਹੈ?

ਬਿਹਾਰ ਚੋਣਾਂ ਤੋਂ ਪਹਿਲਾਂ ਵੋਟਰਾਂ ਦੀ ਪਹਿਚਾਣ ਅਤੇ ਸੂਚੀ ਸੰਬੰਧੀ ਵੀ ਵਿਵਾਦ ਉੱਠੇ। ਚੋਣ ਕਮਿਸ਼ਨ ਨੇ ਵੋਟਰਾਂ ਦੇ ਆਧਾਰ ਨੂੰ ਝੁਠਲਾ ਦਿੱਤਾ ਅਤੇ ਕਿਹਾ ਕਿ ਇਸ ਨੂੰ ਵੋਟਰ ਨਾਗਰਿਕ ਦਾ ਪਛਾਣ ਪੱਤਰ ਨਹੀਂ ਮੰਨਿਆ ਜਾ ਸਕਦਾ। ਸਿੱਧੇ ਲਫ਼ਜ਼ਾਂ ਵਿੱਚ ਵੋਟਰਾਂ ਨੂੰ ਕਿਹਾ ਗਿਆ ਕਿ ਵੋਟਰ ਸੂਚੀਆਂ ਵਿੱਚੋਂ ਦਫ਼ਾ ਹੋ ਜਾਓ! ਭੱਜ ਜਾਓ ! ਨਿਕਲ ਜਾਓ! ਕਈ ਲੋਕਾਂ ਨੇ ਦੋਸ਼ ਲਗਾਇਆ ਕਿ ਉਨ੍ਹਾਂ ਨੂੰ ਵੋਟਰ ਸੂਚੀ ਤੋਂ ਬਾਹਰ ਕੀਤਾ ਗਿਆ। ਇਹ ਮਾਮਲਾ ਸਰਬ ਉੱਚ ਅਦਾਲਤ ਤੱਕ ਵੀ ਗਿਆ, ਪਰ ਚੋਣ ਕਮਿਸ਼ਨ ਦੀ ਭਾਸ਼ਾ ਵੋਟਰਾਂ ਨੂੰ ਦਫ਼ਾ ਹੋ ਜਾਓ ਵਾਲੀ ਹੀ ਰਹੀ।

ਉੱਤਰ ਪ੍ਰਦੇਸ਼ ਅਤੇ ਬੰਗਾਲ ਵਿੱਚ ਕੁਝ ਬੂਥ ਅਧਿਕਾਰੀਆਂ 'ਤੇ ਕੰਮ ਦਾ ਵੱਧ ਭਾਰ ਹੋਣ ਕਾਰਨ ਉਨ੍ਹਾਂ ਦੀ ਮਨੋਵਿਗਿਆਨਕ ਹਾਲਤ ਬਾਰੇ ਵੀ ਚਿੰਤਾਜਨਕ ਖ਼ਬਰਾਂ ਸਾਹਮਣੇ ਆਈਆਂ। ਕੁਝ ਬੂਥ ਲੈਵਲ ਅਫ਼ਸਰਾਂ ਦੀ ਖ਼ੁਦਕੁਸ਼ੀ ਦੀਆਂ ਖ਼ਬਰਾਂ ਛਪੀਆਂ। ਫਿਰ ਵੀ ਚੋਣ ਕਮਿਸ਼ਨ ਅਸੰਵੇਦਨਸ਼ੀਲ ਰਿਹਾ।

ਬੂਥ ਅਧਿਕਾਰੀਆਂ ਨੂੰ ਘੱਟ ਸਮੇਂ ਵਿੱਚ ਵੱਧ ਕੰਮ ਦੇਣ ਨਾਲ ਉਹਨਾਂ ਉੱਤੇ ਬੋਝ ਵਧਿਆ। ਜੇਕਰ ਬਾਅਦ ਵਿੱਚ ਵੋਟਰ ਸੂਚੀਆਂ ਦੀ ਸੁਧਾਈ ਦੀ ਮਿਆਦ ਵਧਾਈ ਜਾ ਸਕਦੀ ਸੀ, ਤਾਂ ਇਹ ਪ੍ਰਕਿਰਿਆ ਪਹਿਲਾਂ ਹੀ ਸੁਚੱਜੀ ਢੰਗ ਨਾਲ ਕਿਉਂ ਨਹੀਂ ਕੀਤੀ ਗਈ? ਲੋਕਤੰਤਰ ਵਿੱਚ ਇਹੋ ਜਿਹੀ ਮੁਹਿੰਮ ਕਾਹਲੀ-ਕਾਹਲੀ ਨਿਪਟਾਉਣ ਦੀ ਆਖਰ ਕਿਹੜੀ ਮਜਬੂਰੀ ਸੀ? ਇਸ ਸਭ ਕੁਝ ਦੇ ਦੌਰਾਨ ਬੂਥ ਲੈਵਲ ਅਫ਼ਸਰਾਂ ਨੂੰ ਜੋ ਪਰੇਸ਼ਾਨੀ ਹੋਈ, ਪਰਵਾਰਾਂ ਦੇ ਪਰਵਾਰ ਤਬਾਹ ਹੋਏ, ਉਸ ਦੀ ਜ਼ਿੰਮੇਵਾਰੀ ਆਖ਼ਰ ਕਿਸ ਦੀ ਹੈ? ਆਕਾ ਨੂੰ ਖ਼ੁਸ਼ ਕਰਨ ਲਈ ਗ਼ੈਰ-ਲੋਕਤੰਤਰੀ ਕਦਮ ਆਖਰ ਚੋਣ ਕਮਿਸ਼ਨ ਦੇ ਮੱਥੇ 'ਤੇ ਕਲੰਕ ਨਹੀਂ ਹੈ?

ਜਨਤਾ ਨੂੰ ਵੀ ਛੱਡ ਦਈਏ, ਵਿਸ਼ਵ ਭਰ 'ਚ ਚੋਣ ਕਮਿਸ਼ਨ ਤੇ ਹਾਕਮਾਂ ਦੀ ਇਸ ਸੰਬੰਧੀ ਜੋ ਖੇਹ ਉੱਡੀ,ਉਸ ਨੂੰ ਵੀ ਛੱਡ ਦਈਏ, ਦੋਸ਼ ਹੈ ਕਿ ਬੰਗਾਲ ਦੇ ਸੰਦਰਭ ਵਿੱਚ ਤਾਂ ਆਈ ਏ ਐੱਸ ਅਫ਼ਸਰਾਂ ਤੱਕ ਨੂੰ ਮੁੱਖ ਚੋਣ ਕਮਿਸ਼ਨਰ ਦੇ ਖਿਲਾਫ਼ ਬਾਗੀ ਤੇਵਰ ਦਿਖਾਉਣੇ ਪੈ ਗਏ। ਕੁਝ ਮੀਡੀਆ ਰਿਪੋਰਟਾਂ ਮੁਤਾਬਕ ਚੁਣਾਵੀ ਮੀਟਿੰਗਾਂ ਦੌਰਾਨ ਅਧਿਕਾਰੀਆਂ ਨਾਲ ਵੀ ਤਿੱਖੇ ਲਹਿਜ਼ੇ ਵਿੱਚ ਗੱਲਬਾਤ ਹੋਈ, ਜਿਸ ਨਾਲ ਪ੍ਰਸ਼ਾਸਨਿਕ ਤਣਾਅ ਵਧਿਆ । ਉੱਤਰ ਪ੍ਰਦੇਸ਼ ਸਰਕਾਰ ਦੇ ਪ੍ਰਮੁੱਖ ਸਕੱਤਰ ਪੱਧਰ ਦੇ ਇੱਕ ਅਧਿਕਾਰੀ ਅਨੁਰਾਗ ਯਾਦਵ ਬਤੌਰ ਚੋਣ ਕਮਿਸ਼ਨਰ ਇੱਕ ਬੈਠਕ 'ਚ ਸ਼ਾਮਲ ਹੋਏ ਸਨ । ਦੋਸ਼ ਹੈ ਕਿ ਮੁੱਖ ਚੋਣ ਕਮਿਸ਼ਨਰ ਦੀ ਬੋਲ-ਚਾਲ ਸੰਬੰਧੀ ਆਈ ਏ ਐੱਸ ਅਧਿਕਾਰੀ ਨੇ ਕਿਹਾ-ਆਪ ਸਾਡੇ ਨਾਲ ਇਹੋ ਜਿਹਾ ਵਰਤਾਓ ਨਹੀਂ ਕਰ ਸਕਦੇ। ਨਤੀਜਾ ਇਹ ਨਿਕਲਿਆ ਕਿ ਅਨੁਰਾਗ ਯਾਦਵ ਨੂੰ ਉਸ ਦੇ ਅਹੁਦੇ ਤੋਂ ਹਟਾ ਦਿੱਤਾ ਗਿਆ।

ਪੱਛਮੀ ਬੰਗਾਲ ਦੀ ਹਾਕਮ ਧਿਰ ਦੇ ਪ੍ਰਮੁੱਖ ਨੇਤਾ ਡੇਰੈਕ ਓ'ਬਰਾਇਨ ਨੇ ਚੋਣਾਵੀ ਬੈਠਕ ਦੌਰਾਨ ਮੁੱਖ ਚੋਣ ਕਮਿਸ਼ਨਰ ਨਾਲ ਮੁਲਾਕਾਤ ਕੀਤੀ, ਪਰ ਤ੍ਰਿਣਮੂਲ ਕਾਂਗਰਸ ਦੇ ਪ੍ਰਤੀਨਿਧ ਮੰਡਲ ਦਾ ਦੋਸ਼ ਰਿਹਾ ਕਿ ਉਨ੍ਹਾਂ ਦੀ ਗੱਲ ਨੂੰ ਨਜ਼ਰਅੰਦਾਜ਼ ਕੀਤਾ ਗਿਆ ਅਤੇ ਮੀਟਿੰਗ ਸਿਰਫ਼ ਰਸਮੀ ਕਾਰਵਾਈ ਤੱਕ ਸੀਮਿਤ ਰਹੀ। ਸੱਤ ਮਿੰਟ ਦੀ ਸਧਾਰਨ ਗੱਲਬਾਤ ਤੋਂ ਬਾਅਦ ਮੁੱਖ ਚੋਣ ਕਮਿਸ਼ਨਰ ਨੇ ਕਿਹਾ -ਗੈਟ ਲਾਸਟ। ਵੈਸੇ ਇਹ ਗੈਟ ਲਾਸਟ ਜਿਹਾ ਦੋ-ਟੁੱਕ ਜਵਾਬ ਚੋਣ ਕਮਿਸ਼ਨ ਵੱਖੋ-ਵੱਖਰੀਆਂ ਵਿਰੋਧੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਗੱਲਬਾਤ ਦੌਰਾਨ ਵਾਰ-ਵਾਰ ਕਹਿ ਚੁੱਕੇ ਹਨ।

ਦੇਸ਼ 'ਚ ਵੋਟ ਮਸ਼ੀਨਾਂ 'ਚ ਹੁੰਦੀ ਵੋਟ-ਚੋਰੀ, ਵੋਟਰਾਂ ਦੇ ਸ਼ੁੱਧੀਕਰਨ, ਭਾਜਪਾ ਨਾਲ ਚੋਣ ਕਮਿਸ਼ਨ ਦੀ ਡੂੰਘੀ ਸਾਂਝ ਤੇ ਗਲਵਕੜੀ ਜਿਹੇ ਇਲਜ਼ਾਮਾਂ ਤਹਿਤ ਮੁੱਖ ਚੋਣ ਕਮਿਸ਼ਨਰ ਦੇ ਖਿਲਾਫ਼ ਵਿਰੋਧੀ ਪਾਰਟੀਆਂ ਵੱਲੋਂ ਸੰਸਦ 'ਚ ਮੁੱਖ ਚੋਣ ਕਮਿਸ਼ਨਰ ਨੂੰ ਅਹੁਦੇ ਤੋਂ ਹਟਾਉਣ ਦਾ ਮਤਾ ਪੇਸ਼ ਕੀਤਾ ਗਿਆ, ਜੋ ਭਾਵੇਂ ਵਿਰੋਧੀ ਪਾਰਟੀਆਂ ਦੀ ਘੱਟ ਗਿਣਤੀ ਕਾਰਨ ਪਾਸ ਨਾ ਹੋ ਸਕਿਆ, ਪਰ ਮੁੱਖ ਚੋਣ ਕਮਿਸ਼ਨਰ ਦੇ ਪੱਖਪਾਤੀ ਰਵੱਈਏ ਦੀ ਭਰਪੂਰ ਚਰਚਾ ਹੋਈ।

ਪੱਛਮੀ ਬੰਗਾਲ ਵਿੱਚ ਵੋਟਰ ਸੂਚੀ ਦੀ ਸੁਧਾਈ ਪ੍ਰਕਿਰਿਆ ਦੌਰਾਨ ਵੀ ਵੱਡੀ ਗਿਣਤੀ ਵਿੱਚ ਨਾਂਅ ਕੱਟੇ ਜਾਣ ਦੇ ਦੋਸ਼ ਲੱਗੇ ਹਨ । ਹਾਲਾਂਕਿ ਅਧਿਕਾਰਿਕ ਅੰਕੜਿਆਂ ਦੀ ਪੁਸ਼ਟੀ ਲਾਜ਼ਮੀ ਹੈ, ਪਰ ਇਹ ਮਾਮਲਾ ਚਿੰਤਾ ਦਾ ਵਿਸ਼ਾ ਬਣਿਆ ਹੋਇਆ ਹੈ।

ਲੋਕਤੰਤਰ ਵਿੱਚ ਹਰ ਨਾਗਰਿਕ-ਗ਼ਰੀਬ, ਅਮੀਰ, ਔਰਤ, ਮਰਦ, ਬਜ਼ੁਰਗ, ਜਵਾਨ ਜਾਂ ਵਿਸ਼ੇਸ਼ ਯੋਗਤਾ ਵਾਲਾ-ਵੋਟ ਦੇ ਅਧਿਕਾਰ ਰਾਹੀਂ ਬਰਾਬਰੀ ਦਾ ਅਹਿਸਾਸ ਕਰਦਾ ਹੈ। ਅੱਜ ਜਦੋਂ ਨਾਗਰਿਕਾਂ ਨੂੰ ਕੇਰਲ, ਅਸਾਮ ਅਤੇ ਪੁਡੂਚੇਰੀ ਵਿੱਚ ਬੰਪਰ ਵੋਟਿੰਗ ਦਾ ਮੌਕਾ ਮਿਲਿਆ ਤਾਂ ਉਹਨਾਂ 27 ਲੱਖ ਬੰਗਾਲ ਦੇ ਲੋਕਾਂ ਉੱਤੇ ਕੀ ਬੀਤੇਗੀ, ਜਿਹੜੇ ਚੋਣ 'ਚ ਚੋਣ ਕਮਿਸ਼ਨ ਦੀਆਂ ਸਖ਼ਤ ਕਾਰਵਾਈਆਂ ਕਾਰਨ ਵੋਟ ਪਾਉਣ ਤੋਂ ਵਿਰਵੇ ਰਹਿ ਜਾਣਗੇ। ਭਾਵੇਂ ਦੇਸ਼ ਦੇ ਅੰਦਰ ਇੱਕ ਸੂਬੇ ਤੋਂ ਦੂਜੇ ਸੂਬੇ ਨੂੰ ਪਰਵਾਸ ਹੋ ਰਿਹਾ ਹੋਵੇ ਜਾਂ ਬਾਹਰਲੇ ਮੁਲਕਾਂ ਨੂੰ ਭਾਰਤ ਵਾਸੀ ਜਾ ਰਹੇ ਹੋਣ, ਭਾਵੇਂ ਕੋਵਿਡ ਦੌਰਾਨ ਮਹਾਂਮਾਰੀ ਦੇ ਦੌਰ ਚ ਮੌਜੂਦ ਐੱਲ ਪੀ ਜੀ ਦੇ ਸਿਲੰਡਰਾਂ ਦੀ ਕਮੀ ਕਾਰਨ ਲੋਕ ਸ਼ਹਿਰਾਂ ਤੋਂ ਪਿੰਡਾਂ ਵੱਲ ਦੌੜ ਰਹੇ ਹੋਣ,ਤਦ ਸੰਵਿਧਾਨਿਕ ਸੰਸਥਾ ਉਹਨਾਂ ਦੀਆਂ ਮੁਸ਼ਕਲਾਂ ਨੂੰ ਦਰਕਿਨਾਰ ਕਰਦੇ ਹੋਏ ਉਹਨਾਂ ਨਾਲ ਦੋ-ਟੁੱਕ 'ਦਫ਼ਾ ਹੋ ਜਾਓ' ਜਿਹਾ ਵਰਤਾਓ ਕਰੇਗੀ ਤਾਂ ਫਿਰ ਲੋਕਾਂ ਦਾ ਲੋਕਤੰਤਰ ਪ੍ਰਤੀ ਵਿਸ਼ਵਾਸ ਕਿਵੇਂ ਬੱਝੇਗਾ? ਕੁਪੋਸ਼ਣ ਨਾਲ ਇਕੱਠਾ ਹੋਇਆ ਸਰੀਰ, ਸਰੀਰ ਉੱਤੇ ਮਾਮੂਲੀ ਕੱਪੜਿਆਂ ਦੇ ਬਾਅਦ ਵੀ ਜਦੋਂ ਵੋਟਰ ਆਪਣੀ ਉਂਗਲੀ 'ਤੇ ਲੱਗਿਆ ਨੀਲਾ ਨਿਸ਼ਾਨ ਦਿਖਾਉਂਦਾ ਹੈ, ਤਾਂ ਲੋਕਤੰਤਰ ਵਧਦਾ-ਫੁੱਲਦਾ ਦਿਸਦਾ ਹੈ, ਪਰ ਅੱਜ ਜਦੋਂ ਗ਼ਰੀਬ ਤੋਂ ਵੋਟ ਖੋਹੀ ਜਾ ਰਹੀ ਹੈ ਤਾਂ ਵੋਟਰ ਚਿੰਤਾਤੁਰ ਦਿਸਦਾ ਹੈ । ਉਸ ਦੇ ਮਨ 'ਚ ਸਵਾਲ ਉੱਠਦੇ ਹਨ ਕਿ ਉਹ ਆਪਣੇ ਦੇਸ਼ 'ਚ ਬੇਗਾਨਾ ਕਿਉਂ ਹੋ ਰਿਹਾ ਹੈ? ਜਦੋਂ ਕਿਸੇ ਵੀ ਕਾਰਨ ਕਰਕੇ ਲੋਕ ਵੋਟ ਦੇਣ ਤੋਂ ਵੰਚਿਤ ਰਹਿੰਦੇ ਹਨ, ਤਾਂ ਇਹ ਲੋਕਤੰਤਰ ਲਈ ਚਿੰਤਾਜਨਕ ਗੱਲ ਹੈ। ਸੋਚਣ ਵਾਲੀ ਗੱਲ ਹੈ ਕਿ ਇੱਕ ਗ਼ਰੀਬ ਮਜ਼ਦੂਰ, ਜੋ ਦਿਨ ਭਰ ਦੀ ਮਿਹਨਤ ਤੋਂ ਬਾਅਦ ਵੋਟ ਪਾਉਣ ਨੂੰ ਆਪਣਾ ਫਰਜ਼ ਮੰਨਦਾ ਹੈ, ਜਦੋਂ ਉਸ ਦਾ ਨਾਂਅ ਸੂਚੀ 'ਚੋਂ ਗਾਇਬ ਹੋਵੇ, ਤਾਂ ਉਸ ਦੇ ਮਨ 'ਤੇ ਕੀ ਬੀਤਦੀ ਹੋਵੇਗੀ।

ਇਹ ਗੱਲ ਹੁਣ ਕਿਸੇ ਤੋਂ ਲੁਕੀ-ਛੁਪੀ ਨਹੀਂ ਕਿ ਦੇਸ਼ ਦਾ ਆਮ ਨਾਗਰਿਕ ਦੇਸ਼ ਵਿੱਚ ਵੱਡੇ ਪੱਧਰ ''ਤੇ ਮਾਈਗ੍ਰੇਸ਼ਨ, ਗ਼ਰੀਬੀ ਅਤੇ ਰੋਜ਼ਗਾਰ ਦੀ ਕਮੀ ਅਤੇ ਭ੍ਰਿਸ਼ਟਾਚਾਰ ਵਰਗੀਆਂ ਸਮੱਸਿਆਵਾਂ ਆਪਣੇ ਪਿੰਡੇ 'ਤੇ ਹੰਢਾ ਰਹੇ ਹਨ। ਫਿਰ ਵੀ ਉਹ ਨਾਗਰਿਕ ਬਣੇ ਰਹਿਣ ਦੀ ਮਜਬੂਰੀ ਨਿਭਾਉਂਦੇ ਹਨ। ਦੇਸ਼ ਦਾ ਹਾਲ ਤਾਂ ਇਹ ਹੈ ਕਿ ਪਿਛਲੇ ਦੋ ਦਹਾਕਿਆਂ ਤੋਂ ਦੇਸ਼ ਦੇ 80 ਕਰੋੜ ਲੋਕ ਆਪਣੇ ਢਿੱਡ ਨੂੰ ਝੁਲਕਾ ਦੇਣ ਲਈ ਸਰਕਾਰ ਦੇ ਮੁਫ਼ਤ ਰਾਸ਼ਨ 'ਤੇ ਨਿਰਭਰ ਹਨ। ਰੋਜ਼ੀ-ਰੋਟੀ ਲਈ ਦੇਸ਼ ਦਾ ਇਹ ਗ਼ਰੀਬ ਵਰਗ ਜਿੱਧਰ ਵੀ ਆਸ ਦੀ ਕਿਰਨ ਦਿਸਦੀ ਹੈ, ਉੱਧਰ ਹੀ ਭੱਜਦਾ ਹੈ। ਹਾਲਾਤ ਜਦੋਂ ਭੁੱਖਮਰੀ ਵਰਗੇ ਹੋਣਗੇ ਤਾਂ ਪਲਾਇਨ (ਪ੍ਰਵਾਸ) ਤਾਂ ਹੋਣਾ ਹੀ ਹੋਇਆ ਅਤੇ ਏਸੇ ਦੀ ਆੜ 'ਚ ਜਦੋਂ ਚੋਣ ਕਮਿਸ਼ਨ ਉਸ ਦਾ ਦੇਸ਼ ਦਾ ਨਾਗਰਿਕ ਬਣੇ ਰਹਿਣ ਦਾ ਅਧਿਕਾਰ ਖੋਹਦਾ ਹੈ ਤਾਂ ਉਸ ਦਾ ਸੀਨਾ ਤਾਂ ਤਾਰ-ਤਾਰ ਹੋਣਾ ਹੀ ਹੋਇਆ। ਅਜਿਹੇ ਮੌਕੇ 'ਤੇ ਜੇ ਸੰਵਿਧਾਨਕ ਸੰਸਥਾਵਾਂ ਲੋਕਾਂ ਦੀਆਂ ਮੁਸ਼ਕਲਾਂ ਨੂੰ ਸਮਝਣ ਦੀ ਬਜਾਏ ਸਖ਼ਤੀ ਨਾਲ ਪੇਸ਼ ਆਉਣ, ਤਾਂ ਲੋਕਾਂ ਦਾ ਵਿਸ਼ਵਾਸ ਡੋਲ ਸਕਦਾ ਹੈ।

ਜਦੋਂ ਇੱਕ ਗ਼ਰੀਬ ਵਿਅਕਤੀ ਆਪਣੀ ਉਂਗਲੀ 'ਤੇ ਲੱਗੀ ਸਿਆਹੀ ਨੂੰ ਮਾਣ ਨਾਲ ਦਿਖਾਉਂਦਾ ਹੈ, ਤਾਂ ਉਹ ਲੋਕਤੰਤਰ ਦੀ ਮਜ਼ਬੂਤੀ ਦਾ ਪ੍ਰਤੀਕ ਹੁੰਦਾ ਹੈ, ਪਰ ਜਦੋਂ ਉਸ ਨੂੰ ਵੋਟ ਦੇਣ ਤੋਂ ਰੋਕਿਆ ਜਾਂਦਾ ਹੈ, ਤਾਂ ਉਸ ਦੇ ਮਨ ਵਿੱਚ ਬੇਗਾਨਗੀ ਦੇ ਭਾਵ ਪੈਦਾ ਹੁੰਦੇ ਹਨ।

ਚੋਣਾਂ ਨੂੰ ਹਮੇਸ਼ਾ ਲੋਕਤੰਤਰ ਦਾ ਤਿਉਹਾਰ ਮੰਨਿਆ ਗਿਆ ਹੈ। ਇਸ ਵਿੱਚ ਹਰ ਨਾਗਰਿਕ ਦੀ ਭਾਗੀਦਾਰੀ ਦਰਕਾਰ ਹੈ, ਪਰ ਭਾਰਤੀ ਚੋਣ ਅਯੋਗ ਲੋਕਾਂ ਦੀਆਂ ਸਮੱਸਿਆਵਾਂ ਨੂੰ ਦਰਕਿਨਾਰ ਕਰ ਕੇ ਕਿਸੇ ਵਿਸ਼ੇਸ਼ ਧਿਰ ਦੇ ਹੱਕ 'ਚ ਭੁਗਤਦਾ ਨਜ਼ਰ ਆ ਰਿਹਾ ਹੈ। ਜੇਕਰ ਲੋਕਾਂ ਨੂੰ ਹੀ ਲੋਕਤੰਤਰੀ ਚੋਣ ਪ੍ਰਕਿਰਿਆ ਤੋਂ ਦੂਰ ਕੀਤਾ ਜਾਵੇ, ਤਾਂ ਇਹ ਪ੍ਰਣਾਲੀ ਦੀ ਆਤਮਾ 'ਤੇ ਸਵਾਲ ਖੜ੍ਹਾ ਕਰਦਾ ਹੈ।

ਪਹਿਲਾਂ ਚੋਣ ਕਮਿਸ਼ਨ ਨੂੰ ਚੋਣਾਂ ਵਿੱਚ ਹਿੰਸਾ ਅਤੇ ਧਾਂਦਲੀ ਦੀ ਚਿੰਤਾ ਹੁੰਦੀ ਸੀ, ਪਰ ਹੁਣ ਧਿਆਨ ਕਥਿਤ ਅਯੋਗ ਵੋਟਰਾਂ 'ਤੇ ਵੱਧ ਦਿੱਤਾ ਜਾ ਰਿਹਾ ਹੈ।

ਸਵਾਲ ਇਹ ਹੈ ਕਿ ਕੀ ਵੋਟਰਾਂ ਪ੍ਰਤੀ ਇਸ ਤਰ੍ਹਾਂ ਦਾ ਸਖ਼ਤ ਰਵੱਈਆ ਲੋਕਤੰਤਰ ਲਈ ਘਾਤਕ ਸਾਬਤ ਨਹੀਂ ਹੋਵੇਗਾ? ਕੀ ਦੇਸ਼ ਦੇ ਚੋਣ ਅਯੋਗ ਦੀ ਵੋਟਰਾਂ ਪ੍ਰਤੀ ਦੋ-ਟੁੱਕ 'ਦਫ਼ਾ ਹੋ ਜਾਓ' ਦੀ ਨੀਤੀ ਲੋਕਤੰਤਰ ਦੇ ਲਈ ਘੁਣ ਨਹੀਂ ਬਣ ਜਾਏਗੀ? ਜੇ ਸਮੇਂ ਸਿਰ ਇਸ 'ਤੇ ਵਿਚਾਰ ਨਾ ਕੀਤਾ ਗਿਆ, ਤਾਂ ਇਹ ਸੰਵਿਧਾਨਿਕ ਮੁੱਲਾਂ ਅਤੇ ਲੋਕਤੰਤਰਕ ਕਦਰਾਂ-ਕੀਮਤਾਂ ਲਈ ਖ਼ਤਰਾ ਬਣ ਸਕਦਾ ਹੈ ਅਤੇ ਇਹ ਦੇਸ਼ ਦੇ ਸੰਵਿਧਾਨ ਤੇ ਲੋਕਤੰਤਰ ਕਦਰਾਂ-ਕੀਮਤਾਂ ਨੂੰ ਤਹਿਸ-ਨਹਿਸ ਕਰਨ ਵੱਲ ਵੱਡਾ ਕਦਮ ਸਾਬਿਤ ਹੋਵੇਗਾ।

ਬਿਹਾਰ ਤਾਂ ਝਾਕੀ ਹੈ, ਬੰਗਾਲ ਅਜੇ ਬਾਕੀ ਹੈ-ਇਹ ਸਿਰਫ਼ ਸਲੋਗਨ ਨਹੀਂ, ਸਗੋਂ ਲੋਕਤੰਤਰਿਕ ਢਾਂਚੇ 'ਤੇ ਉੱਠਦੇ ਸਵਾਲ, ਸ਼ੱਕ ਅਤੇ ਅਵਿਸ਼ਵਾਸ ਦੀ ਝਾਕੀ ਬਣਦਾ ਜਾ ਰਿਹਾ ਹੈ।

 # ਸੰਪਰਕ : 98158-02070

ਪੰਜਾਬ ਦੀਆਂ ਸੜਕਾਂ 'ਤੇ ਮੌਤ ਦਾ ਤਾਂਡਵ

ਹਰਸੰਤ ਸਿੰਘ ਢੀਂਡਸਾ

ਪਿਛਲੇ ਦੋ ਦਹਾਕਿਆਂ ਤੋਂ ਟਰੈਫਿਕ ਵਿੱਚ ਬੇਤਹਾਸ਼ਾ ਵਾਧਾ ਹੋਇਆ ਹੈ, ਹਰ ਘਰ ਦੇ ਵਿੱਚ ਕਾਰ ਅਤੇ ਮੋਟਰ ਸਾਈਕਲ ਉਪਲੱਬਧ ਹੈ, ਕਈ ਘਰਾਂ ਦੇ ਵਿੱਚ ਤਾਂ ਜਿੰਨੇ ਮੈਂਬਰ ਓਨੀਆਂ ਹੀ ਕਾਰਾਂ ਹਨ, ਮੋਟਰਸਾਈਕਲ-ਸਕੂਟਰਾਂ ਦੀ ਗਿਣਤੀ ਤਾਂ ਹੱਦਾਂ-ਬੰਨੇ ਟੱਪ ਗਈ ਹੈ । ਕਾਫੀ ਲੰਮਾ ਸਮਾਂ ਪਹਿਲਾਂ ਦਿੱਲੀ ਦੇ ਅੰਕੜੇ ਜਾਰੀ ਹੋਏ ਸਨ ਕਿ ਇੱਕ ਦਿਨ ਦੇ ਵਿੱਚ ਚੌਦਾ ਹਜ਼ਾਰ ਵਾਹਨ ਰਜਿਸਟਰ ਹੋ ਰਹੇ ਹਨ । ਪੰਜਾਬ 'ਚ ਗਿਣਤੀ ਵੀ ਬਹੁਤ ਜ਼ਿਆਦਾ ਹੈ, ਤਿਉਹਾਰਾਂ ਦੇ ਦਿਨਾਂ ਦੇ ਵਿੱਚ ਤਾਂ ਵਹੀਕਲ ਅੰਧਾਧੁੰਦ ਖਰੀਦੇ ਜਾਂਦੇ ਹਨ ।ਅੱਜ ਦੀ ਤੇਜ਼ ਰਫਤਾਰ ਜ਼ਿੰਦਗੀ ਦੇ ਵਿੱਚ, ਕਾਰ ਮੋਬਾਇਲ ਅਤੇ ਮੋਟਰਸਾਈਕਲ ਜ਼ਿੰਦਗੀ ਦੇ ਜ਼ਰੂਰੀ ਅੰਗ ਬਣ ਚੁੱਕੇ ਹਨ।

ਪਿਛਲੇ ਸਮਿਆਂ ਦੀ ਮੇਰੇ ਯਾਦ ਚੇਤੇ ਹੈ ਕਿ ਸਾਡੇ ਸੱਤ ਪਿੰਡਾਂ ਦੇ ਵਿੱਚ ਇੱਕ ਮਰੂਤੀ ਕਾਰ ਹੁੰਦੀ ਸੀ, ਜਿਸ ਦਾ ਮਾਲਕ ਸਾਡੇ ਕੌਹਰੀਆਂ ਪਿੰਡ ਦੇ ਮੈਡੀਕਲ ਸਟੋਰ ਦਾ ਮਾਲਕ ਕੌਰ ਸੈਨ ਹੁੰਦਾ ਸੀ। ਐਮਰਜੈਂਸੀ ਸੇਵਾਵਾਂ ਦੇ ਲਈ ਲੋਕ ਉਸ ਦੀ ਕਾਰ ਕਿਰਾਏ 'ਤੇ ਲੈ ਕੇ ਜਾਂਦੇ, ਆਮ ਤਾਂ ਲੋਕ ਆਪਣੇ ਟਰੈਕਟਰ-ਟਰਾਲੀਆਂ ਦੇ ਵਿੱਚ ਹੀ ਵਿਆਹ-ਸ਼ਾਦੀਆਂ, ਗਮੀ-ਖੁਸ਼ੀ ਦੇ ਭੋਗਾਂ 'ਤੇ ਜਾਂਦੇ ਜਾਂ ਜਾਣ ਦਾ ਮੁੱਖ ਸਾਧਨ ਬੱਸਾਂ ਹੁੰਦੀਆਂ, ਪਰ ਸਮਾਂ ਬਦਲਿਆ ਟਰੈਫਿਕ ਵਿੱਚ ਅਥਾਹ ਵਾਧਾ ਹੋਇਆ, ਉਸ ਤਰ੍ਹਾਂ ਦੀਆਂ ਅਨਕੂਲ ਸੜਕਾਂ ਬਣਾਉਣ ਵਿੱਚ ਸਾਡਾ ਸਿਸਟਮ ਫੇਲ੍ਹ ਹੁੰਦਾ ਨਜ਼ਰ ਆ ਰਿਹਾ ਹੈ, ਜਿਸ ਦੇ ਸਿੱਟੇ ਵਜੋਂ ਸੜਕ ਹਾਦਸਿਆਂ ਦੀ ਗਿਣਤੀ ਹੱਦਾਂ-ਬੰਨੇ ਟੱਪਦੀ ਜਾ ਰਹੀ ਹੈ।

ਸਵੇਰ ਦੇ ਸਮੇਂ ਤੋਂ ਹੀ ਟਰੈਫਿਕ ਕੀੜੀਆਂ ਦੇ ਭੌਣ ਵਾਂਗੂ ਸੜਕ 'ਤੇ ਨਜ਼ਰ ਆਉਂਦੀ ਹੈ, ਹਰ ਪਾਸੇ ਜਾਮ, ਗੱਡੀਆਂ ਦੇ ਕੰਨ ਪਾੜਵੇਂ ਹਾਰਨ, ਟਰੈਫਿਕ ਦੀਆਂ ਵੱਡੀਆਂ ਵੱਡੀਆਂ ਕਤਾਰਾਂ, ਸੜਕਾਂ ਨੂੰ ਸਾਹ ਨਹੀਂ ਲੈਣ ਦਿੰਦੀਆਂ, ਸਵੇਰ ਤੋਂ ਲੈ ਕੇ ਸ਼ਾਮ ਤੱਕ ਸੜਕਾਂ ਦੇ ਉੱਤੇ ਅਣਗਿਣਤ ਐਕਸੀਡੈਂਟ ਹੁੰਦੇ ਹਨ, ਏਨਾ ਭਿਆਨਕ ਐਕਸੀਡੈਂਟਾਂ ਦੇ ਵਿੱਚ ਬਹੁਤ ਸਾਰੇ ਲੋਕ ਸਰੀਰ ਤੋਂ ਨਕਾਰਾ ਹੋ ਜਾਂਦੇ ਹਨ ਅਤੇ ਬਹੁਤ ਸਾਰੇ ਆਪਣੀਆਂ ਕੀਮਤੀ ਜਾਨਾਂ ਗਵਾ ਦਿੰਦੇ ਹਨ, ਪਰ ਸਾਡਾ ਟਰੈਫਿਕ ਸਿਸਟਮ ਪੰਜਾਬੀ ਦੇ ਉੱਘੇ ਕਹਾਣੀਕਾਰ ਮੋਹਨ ਭੰਡਾਰੀ ਦੀ ਕਹਾਣੀ 'ਬਾਕੀ ਸਭ ਸੁੱਖ-ਸਾਂਦ ਹੈ' ਦੇ ਵਾਂਗ ਨਿਰੰਤਰ ਆਮ ਵਾਂਗ ਚਲਦਾ ਹੈ।

ਸਵੇਰ ਸਮੇਂ ਲੋਕ ਘਰ ਤੋਂ ਕੰਮ ਦੇ ਲਈ ਤਿਆਰ-ਬਰ-ਤਿਆਰ ਹੋ ਕੇ ਜਾਂਦੇ ਹਨ, ਪਰ ਮੁੜਨਾ ਕਿਸ ਰੂਪ ਦੇ ਵਿੱਚ ਹੈ, ਇਹ ਰੱਬ ਦੀ ਰਜ਼ਾ ਹੈ, ਲੋਕ ਸਿਰਾਂ 'ਤੇ ਕੱਫਣ ਬੰਨ੍ਹ ਕੇ ਇਹਨਾਂ ਖੂਨੀ ਸੜਕਾਂ ਦੇ 'ਤੇ ਉਤਰਦੇ ਹਨ, ਧਨ ਹਨ ਟਰੱਕ ਡਰਾਈਵਰ, ਜਿਹੜੇ ਕਿ ਆਪਣੀ ਜ਼ਿੰਦਗੀ ਦਾ ਪੂਰਾ ਹਿੱਸਾ ਇਹਨਾਂ ਲੋਕ-ਮਾਰੂ ਸੜਕਾਂ ਦੇ ਉੱਤੇ ਹੀ ਕੱਢ ਦਿੰਦੇ ਹਨ । ਮੇਰੇ ਨਗਰ ਦਾ ਨੌਜਵਾਨ ਰਾਜ ਸਿੰਘ, ਜੋ ਕਿ ਬਾਬਾ ਮੋਤੀ ਰਾਮ ਮਹਿਰਾ ਦੇ ਪਰਵਾਰ ਨਾਲ ਸੰਬੰਧ ਰੱਖਦਾ ਸੀ, ਬਹੁਤ ਨਰਮ ਸੁਭਾਅ ਦਾ, ਹਰ ਕੰਮ ਦੇ ਵਿੱਚ ਅਗਾਂਹ ਵਧੂ, ਦਿਲ ਦੇ ਵਿੱਚ ਬਹੁਤ ਹੀ ਚਾਅ ਅਤੇ ਅਰਮਾਨ ਲੈ ਕੇ ਆਪਣੇ ਬੱਚਿਆਂ ਦੇ ਉਜਵਲ ਭਵਿੱਖ ਲਈ ਟਰੱਕ ਦੀ ਤਾਕੀ ਨੂੰ ਹੱਥ ਪਾਇਆ, ਪਰ ਪਰਮਾਤਮਾ ਦਾ ਭਾਣਾ ਕਿ ਥੋੜ੍ਹੇ ਹੀ ਦਿਨਾਂ ਦੇ ਅਰਸੇ 'ਚ ਇੱਕ ਭਿਆਨਕ ਐਕਸੀਡੈਂਟ ਤੋਂ ਬਾਅਦ ਲਾਸ਼ ਦੇ ਰੂਪ ਵਿੱਚ ਘਰ ਆਇਆ। ਦੋ ਦਹਾਕੇ ਪਹਿਲਾਂ ਦੀ ਗੱਲ ਹੈ, ਕਿ ਪੂਰੇ ਪਿੰਡ ਨੇ ਅਫਸੋਸ ਮਨਾਇਆ, ਉਸ ਦੀ ਜੀਵਨ ਸਾਥਣ ਨੇ ਅਜੇ ਆਪਣੀ ਕੁੱਖ ਤੋਂ ਪਹਿਲੇ ਬੱਚੇ ਨੂੰ ਹੀ ਜਨਮ ਦੇਣਾ ਸੀ, ਸੁਹਾਗ ਦੀਆਂ ਚੂੜੀਆਂ ਟੁੱਟੀਆਂ, ਸੁਪਨੇ ਚਕਨਾਚੂਰ ਹੋ ਗਏ, ਇਹ ਇੱਕ ਰਾਜ ਨਹੀਂ, ਪਤਾ ਨਹੀਂ ਕਿੰਨੇ ਰਾਜ ਸਿੰਘ ਵਰਗੇ ਨੌਜਵਾਨ ਇਸ ਮਾੜੇ ਸੜਕੀ ਸਿਸਟਮ ਦੀ ਭੇਟ ਚੜ੍ਹਦੇ ਹਨ। ਹਰ ਵਿਅਕਤੀ ਗੱਡੀ ਚਲਾਉਣ ਤੋਂ ਪਹਿਲਾਂ ਸਟੇਰਿੰਗ 'ਤੇ ਬਹਿ ਕੇ ਪਰਮਾਤਮਾ ਦਾ ਨਾਂਅ ਲੈਂਦਾ ਹੈ, ਹਮੇਸ਼ਾ ਅੱਗੇ ਵਾਲਾ ਗੇਅਰ ਪਾਉਂਦਾ ਹੈ, ਪਰ ਕੀ ਪਤਾ ਹੁੰਦਾ ਹੈ ਕਿ ਉਹ ਮੌਤ ਦੀ ਹੋਣੀ, ਤੁਹਾਡੇ ਗਲ ਦੇ ਵਿੱਚ ਪਾਏ ਰੱਸੇ ਨੂੰ, ਪਿੱਛੇ ਵੱਲ ਖਿੱਚਣ ਦੇ ਲਈ ਬਜ਼ਿੱਦ ਹੈ ।

ਪਿਛਲੇ ਸਮੇਂ ਤੋਂ ਟਰੈਫਿਕ ਦੇ ਵਾਧੇ ਅਨੁਸਾਰ ਸੜਕੀ ਸਿਸਟਮ ਓਨਾ ਅਪਗ੍ਰੇਡ ਨਹੀਂ ਹੋ ਸਕਿਆ, ਪ੍ਰਾਈਵੇਟ ਕੰਪਨੀਆਂ ਵੱਲੋਂ ਧੜਾਧੜ ਨਵੀਆਂ ਗੱਡੀਆਂ ਲਾਂਚ ਕੀਤੀਆਂ ਜਾ ਰਹੀਆਂ ਹਨ, ਡੀਜ਼ਲ, ਪੈਟਰੋਲ ਦਾ ਹੱਲ ਵੀ ਕੱਢ ਲਿਆ, ਤੁਸੀਂ ਗੱਡੀ ਖਰੀਦਣ ਵਾਲੇ ਬਣੋ, ਤੁਹਾਨੂੰ ਇਲੈਕਟਰਿਕ ਵਾਹਨ ਉਡੀਕ ਰਿਹਾ ਹੈ, ਥਾਂ-ਥਾਂ 'ਤੇ ਪੈਟਰੋਲ ਪੰਪ ਲੱਗ ਰਹੇ ਹਨ, ਗੈਸ ਅਤੇ ਚਾਰਜਿੰਗ ਦਾ ਪ੍ਰਬੰਧ ਕੀਤਾ ਜਾ ਰਿਹਾ ਹੈ, ਪਰ ਇਹ ਪੈਮਾਨਾ ਕੋਈ ਨਹੀਂ ਕਿ ਸਾਡੀਆਂ ਸੜਕਾਂ 'ਤੇ ਕਿੰਨੇ ਪ੍ਰਤੀਸ਼ਤ ਵਾਹਨ ਚੱਲਣ ਦੇ ਲਈ ਅਨਕੂਲ ਹਨ।

ਪੰਜਾਬ ਸਰਕਾਰ ਨੇ ਸੜਕ ਸੁਰੱਖਿਆ ਫੋਰਸ ਦਾ ਪ੍ਰਬੰਧ ਕਰਕੇ ਬਹੁਤ ਵਧੀਆ ਕੰਮ ਕੀਤਾ, ਸਰਕਾਰ ਦਾ ਉਪਰਾਲਾ ਹੈ ਕਿ ਜੋ ਐਕਸੀਡੈਂਟ ਹੁੰਦੇ ਹਨ, ਉਹਨਾਂ ਵਿਚਲੇ ਜ਼ਖਮੀਆਂ ਨੂੰ ਹਸਪਤਾਲਾਂ ਦੇ ਵਿੱਚ ਪਹੁੰਚਾਉਣ ਦਾ ਵੱਡਾ ਜ਼ਿੰਮਾ ਇਸ ਫੋਰਸ ਨੂੰ ਸੌਂਪਿਆ ਗਿਆ ਹੈ। ਕਹਿੰਦੇ ਬਹੁਤ ਹੀ ਆਧੁਨਿਕ ਔਜ਼ਾਰ ਵਗੈਰਾ ਇਸ ਫੋਰਸ ਨੂੰ ਦਿੱਤੇ ਹਨ ਕਿ ਗੱਡੀਆਂ ਦੀ ਕੱਟ-ਵੱਢ ਕਰਕੇ ਐਕਸੀਡੈਂਟ ਤੋਂ ਪੀੜਤ ਵਿਅਕਤੀਆਂ ਨੂੰ ਬਾਹਰ ਕੱਢਿਆ ਜਾਵੇ ਅਤੇ ਹਸਪਤਾਲ ਪਹੁੰਚਾ ਕੇ ਕੀਮਤੀ ਜਾਨ ਬਚਾਈ ਜਾ ਸਕੇ, ਪਰ ਅਫਸੋਸ ਦੀ ਗੱਲ ਕਿ ਸਾਡੇ ਮਹਾਨ ਦੇਸ਼ ਵਿੱਚ ਇਹ ਖੋਜ ਬਹੁਤ ਘੱਟ ਹੋ ਰਹੀ ਹੈ ਕਿ ਬਿਮਾਰੀਆਂ ਪੈਦਾ ਕਿਉਂ ਹੋ ਰਹੀਆਂ ਹਨ, ਇਹਨਾਂ ਨੂੰ ਕਿਵੇਂ ਰੋਕਿਆ ਜਾ ਸਕਦਾ ਹੈ, ਇਸ ਵੱਲ ਕੋਈ ਧਿਆਨ ਨਹੀਂ ਕਿ ਸੜਕੀ ਹਾਦਸੇ ਕਿਉਂ ਹੁੰਦੇ ਹਨ, ਇਹਨਾਂ ਨੂੰ ਕਿਵੇਂ ਰੋਕਿਆ ਜਾਵੇ, ਟਰੈਫਿਕ ਨੂੰ ਘੱਟ ਕਰਨ ਦਾ ਕੋਈ ਯਤਨ ਨਹੀਂ ਕੀਤਾ ਜਾ ਰਿਹਾ, ਬਿਨਾਂ ਵਜਾ ਲੋਕ ਗੱਡੀਆਂ ਖਿੱਚੀ ਫਿਰਦੇ ਹਨ, ਅੱਲ੍ਹੜ ਉਮਰ ਦੀ ਨੌਜਵਾਨੀ ਮੋਟਰਸਾਈਕਲਾਂ ਦੇ ਪਟਾਕੇ ਪਾਉਂਦੀ ਸੜਕਾਂ 'ਤੇ, ਮੌਤ ਦੀ ਹੋਲੀ ਸਵੇਰ ਤੋਂ ਖੇਡਣੀ ਸ਼ੁਰੂ ਕਰ ਦਿੰਦੀ ਹੈ, ਪਰ ਸਾਡਾ ਸਿਸਟਮ, ਸੜਕ ਹਾਦਸੇ ਵਿੱਚ ਹੁੰਦੀਆਂ ਮੌਤਾਂ ਦੀ ਗਿਣਤੀ ਕਰਨ ਤੇ ਲੱਗਿਆ ਹੋਇਆ ਹੈ, ਇਸ ਵੱਲ ਕੋਈ ਧਿਆਨ ਨਹੀਂ ਕਿ ਸੜਕੀ ਹਾਦਸਿਆਂ ਦੀ ਬਾਹਰਲੇ ਦੇਸ਼ਾਂ ਵਾਂਗ ਖੋਜ ਕਰਕੇ, ਇਸ ਸਮੱਸਿਆ ਦਾ ਹੱਲ ਕੀਤਾ ਜਾਵੇ, ਕਿ ਸੜਕ ਹਾਦਸੇ ਹੋਣ ਹੀ ਨਾ, ਸਾਡਾ ਸੜਕੀ ਸਿਸਟਮ ਅਪਗ੍ਰੇਡ ਕਰਨ ਦੀ ਅੱਜ ਬਹੁਤ ਜਿਆਦਾ ਜ਼ਰੂਰਤ ਹੈ। ਜੇਕਰ ਸੜਕੀ ਸਿਸਟਮ ਅਪਗ੍ਰੇਡ ਕਰਨ ਵਿੱਚ ਸਰਕਾਰਾ ਨੂੰ ਵੱਡੀ ਦਿੱਕਤ ਹੈ, ਤਾਂ ਨਵੀਆਂ ਗੱਡੀਆਂ ਲਾਂਚ ਕਰਨ ਦੀ ਰਫਤਾਰ ਘਟਾਈ ਜਾਵੇ ਸੜਕਾਂ 'ਤੇ ਟਰੈਫਿਕ ਘੱਟ ਹੋਵੇ, ਜਿਵੇਂ ਦਿੱਲੀ ਵਿੱਚ ਔਡ ਈਵਨ ਨੰਬਰ ਪਾਲਸੀ ਲਾਗੂ ਕੀਤੀ ਗਈ ਸੀ, ਕੋਈ ਅਜਿਹਾ ਸਿਸਟਮ ਬਣੇ। ਜੇਕਰ ਕੋਰੋਨਾ ਦੇ ਵਿੱਚ ਸੜਕਾਂ ਖਾਲੀ ਹੋ ਸਕਦੀਆਂ ਹਨ, ਤਾਂ ਕੀਮਤੀ ਜਾਨਾਂ ਨੂੰ ਟਰੈਫਿਕ ਕੰਟਰੋਲ ਦੇ ਨਾਲ ਕਿਉਂ ਨਹੀਂ ਬਚਾਇਆ ਜਾ ਸਕਦਾ, ਅੱਜ ਜ਼ਰੂਰਤ ਟ੍ਰੈਫਿਕ ਦੇ ਚਲਾਨ ਕੱਟ ਕੇ ਸਾਡਾ ਖਜ਼ਾਨਾ ਭਰਨ ਦੇ ਨਾਲੋਂ ਚੰਗੀਆਂ ਸਾਰਥਿਕ ਨੀਤੀਆਂ ਬਣਾਉਣ ਦੀ ਜ਼ਰੂਰਤ ਹੈ, ਤਾਂ ਕਿ ਸਾਡੇ ਲੋਕਾਂ ਦੀਆਂ ਕੀਮਤੀ ਜਾਨਾਂ ਬਚ ਸਕਣ। ਸਵੇਰ ਤੋਂ ਘਰ ਉਡੀਕਣ ਵਾਲੇ ਆਪਣੇ ਘਰ ਦੇ ਜੀਆਂ ਨੂੰ ਪਰਿਵਾਰ ਦਾ ਮੁਖੀ ਸ਼ਾਮੀਂ ਹੱਸ ਕੇ ਮਿਲੇ, ਇਹ ਨਾ ਹੋਵੇ ਕਿ ਘਰੋਂ ਸਵੇਰ ਦਾ ਗਿਆ ਬੰਦਾ ਸ਼ਾਮ ਨੂੰ ਲਾਸ਼ ਬਣ ਕੇ ਘਰ ਆਵੇ। ਅੱਜ ਆਮ ਜਨਤਾ ਨੂੰ ਵੀ ਆਪਣੇ ਨਿੱਜੀ ਵਾਹਨਾਂ ਦੀ ਘੱਟ ਤੋਂ ਘੱਟ ਵਰਤੋਂ ਕਰਦੇ ਹੋਏ ਜਨਤਕ ਬੱਸਾਂ, ਰੇਲ ਗੱਡੀਆਂ ਵਿੱਚ ਸਫਰ ਕਰਨ ਪ੍ਰਤੀ ਧਿਆਨ ਦੇਣ ਦੀ ਜ਼ਰੂਰਤ ਹੈ।

 # ਸੰਪਰਕ : 98781-97000

ਈਰਾਨ ਜੰਗ ਵਿਰੁੱਧ ਟਰੰਪ ਦੀ ਹੋਈ ਦੁਰਗਤੀ ਦੇ ਅਰਥ

ਗੁਰਮੀਤ ਸਿੰਘ ਬਖਤਪੁਰਾ

ਟਰੰਪ ਦੁਨੀਆ ਸਾਹਮਣੇ ਸੌ ਤਰ੍ਹਾਂ ਦਾ ਝੂਠ ਬੋਲੀ ਜਾਵੇ ਕਿ ਅਮਰੀਕਾ ਨੇ ਈਰਾਨ ਦੀ ਹਰ ਪੱਖੋਂ ਸਮੁੱਚੀ ਬਰਬਾਦੀ ਕਰਕੇ ਜੰਗ ਜਿੱਤ ਲਈ ਹੈ, ਅਮਰੀਕਾ ਨੇ ਇਸਲਾਮਾਬਾਦ ਦੀ ਗੱਲਬਾਤ ਟੁੱਟਣ ਤੋਂ ਬਾਅਦ ਫਿਰ ਜੰਗ ਜਿੱਤਣ ਦਾ ਫਰਮਾਨ ਦੁਹਰਾਇਆ ਹੈ ਅਤੇ ਫਿਰ ਈਰਾਨ ਨੂੰ ਧਮਕਾਇਆ ਹੈ, ਪਰ ਸੱਚ ਇਹ ਹੈ ਕਿ ਦੁਨੀਆ ਜਾਣ ਚੁੱਕੀ ਹੈ ਕਿ ਈਰਾਨ ਅਮਰੀਕਾ-ਇਜ਼ਰਾਇਲ ਵਿਰੋਧੀ ਜੰਗ ਜਿੱਤ ਚੁੱਕਾ ਹੈ, ਜਿਸ ਜਿੱਤ ਦੇ ਅਰਥ ਬਹੁਤ ਵਿਸ਼ਾਲ ਅਤੇ ਵੱਡੇ ਹਨ। ਇਸ ਜੰਗ ਨੇ ਸਾਮਰਾਜੀਆ ਦੀਆਂ ਜੰਗੀ ਨੀਤੀਆਂ ਵਿਰੁੱਧ, ਜੈਸੇ ਨੂੰ ਤੈਸਾ ਜੁਆਬ ਦੇਣ ਲਈ ਦੁਨੀਆ ਦੇ ਇਤਿਹਾਸ ਵਿੱਚ ਇੱਕ ਨਵਾਂ ਚੈਪਟਰ ਸ਼ਾਮਲ ਕਰ ਦਿੱਤਾ ਹੈ।ਬੀਤੀ 28 ਫਰਵਰੀ ਨੂੰ ਈਰਾਨ ਵਿਰੁੱਧ ਇੱਕ ਵੱਡੀ ਤਿਆਰੀ ਨਾਲ ਭਿਅੰਕਰ ਹਮਲਾ ਕਰਨ ਦਾ ਇੱਕੋ-ਇੱਕ ਮਨੋਰਥ ਸੀ ਕਿ ਦੁਨੀਆ ਨੂੰ ਇਕੋ-ਇਕ ਅਮਰੀਕੀ ਮਹਾਂਸ਼ਕਤੀ ਹੋਣ ਦਾ ਫਿਰ 'ਜਲਵਾ' ਦਿਖਾਉਣਾ, ਮਾਨਤਾ ਪੱਕੀ ਕਰਨਾ ਅਤੇ ਈਰਾਨ ਦੀ ਅਮਰੀਕਾ ਵਿਰੋਧੀ ਸੱਤਾ ਤਬਦੀਲ ਕਰਕੇ ਈਰਾਨ 'ਚ ਅਮਰੀਕਾ-ਇਜ਼ਰਾਇਲ ਦੀ ਦਾਦਾਗਰੀ ਸਥਾਪਿਤ ਕਰਨਾ, ਪਰ ਹੋ ਗਿਆ ਉਲਟਾ। ਅਮਰੀਕਾ ਅਤੇ ਉਸ ਦੇ ਖੇਤਰੀ ਥਾਣੇਦਾਰ ਇਜ਼ਰਾਇਲ ਨੂੰ 40 ਦਿਨਾਂ ਦੀ ਜੰਗ ਵਿੱਚ ਲੈਣੇ ਦੇ ਦੇਣੇ ਪੈ ਗਏ। ਅਮਰੀਕੀ ਸਾਮਰਾਜ ਦੀ ਇਸ ਜੰਗ ਵਿੱਚ ਹੋਈ ਬੂਹ -ਬੂਹ ਅਤੇ ਜ਼ਲੀਲਤਾ ਨੂੰ ਸਾਰੀ ਦੁਨੀਆ ਨੇ ਖੀਵੇ ਹੋ ਕਿ ਤੱਕਿਆ ਹੈ।ਅਮਰੀਕੀ ਰਾਸ਼ਟਰਪਤੀ ਟਰੰਪ ਜੰਗ ਵਿੱਚ ਆਪਣੀ ਹਾਰ ਨੂੰ ਦੇਖਦਿਆਂ ਇਨ੍ਹਾਂ ਬੁਖਲਾਹਟ ਅਤੇ ਡਰ ਵਿੱਚ ਹੈ ਕਿ ਉਹ ਈਰਾਨ ਨੂੰ ਦੁਨੀਆ ਦੇ ਨਕਸ਼ੇ ਤੋਂ ਮਿਟਾ ਦੇਣ ਦੀਆਂ ਧਮਕੀਆਂ ਵੀ ਦੇਂਦਾ ਰਿਹਾ ਹੈ ਅਤੇ ਬਾਰ-ਬਾਰ ਪਿਛੇ ਵੀ ਹਟਦਾ ਜਾ ਰਿਹਾ ਹੈ। ਟਰੰਪ ਦਾ ਦਿਮਾਗੀ ਸੰਤੁਲਨ ਏਨਾ ਵਿਗੜ ਗਿਆ ਹੈ ਕਿ ਉਸ ਨੇ ਜੰਗ ਦੇ ਦੌਰਾਨ ਅਮਰੀਕੀ ਫੌਜੀ ਚੀਫ ਔਨ ਜੀ ਜਾਰਜ ਸਮੇਤ ਦਰਜਨ ਭਰ ਵੱਡੇ ਫੌਜੀ ਜਰਨੈਲਾਂ ਨੂੰ ਜਬਰੀ ਰਿਟਾਇਰ ਕਰ ਦਿੱਤਾ। ਅਮਰੀਕਾ ਫੌਜ ਮੁਖੀ ਨੇ ਖੁਦ ਕਿਹਾ ਕਿ ਅਮਰੀਕਾ ਦਾ ਪ੍ਰਸ਼ਾਸਨ ਇਕ ਪਾਗਲ ਵਿਅਕਤੀ ਦੇ ਹੱਥ ਆ ਚੁੱਕਾ ਹੈ, ਜੋ ਅਮਰੀਕਾ ਨੂੰ ਬਰਬਾਦ ਕਰ ਦੇਵੇਗਾ । ਈਰਾਨੀ ਸਰਕਾਰ ਅਤੇ ਈਰਾਨੀ ਜਨਤਾ ਨੇ ਅਮਰੀਕਾ ਵਿਰੋਧੀ 1979 ਦੀ ਇਸਲਾਮੀ ਕ੍ਰਾਂਤੀ ਕਰਨ ਦੇ 47 ਸਾਲਾਂ ਬਾਅਦ ਜਿਸ ਤਰ੍ਹਾਂ ਅਮਰੀਕੀ ਸਾਮਰਾਜ ਦੇ ਆਪੇ ਬਣੇ ਸੰਸਾਰ ਚੌਧਰੀ ਡੋਨਾਲਡ ਟਰੰਪ ਨੂੰ ਭਜਾ-ਭਜਾ ਕੇ ਕੁੱਟਿਆ ਹੈ, ਸਿਰ ਭਾਰ ਕੀਤਾ ਹੈ, ਉਸ ਨੇ ਸਾਬਤ ਕਰ ਦਿੱਤਾ ਹੈ ਕਿ ਜੇਕਰ ਤੁਹਾਡੇ ਸਾਹਮਣੇ ਦੇਸ਼ ਅਤੇ ਦੇਸ਼ ਦੇ ਲੋਕਾਂ ਦੇ ਹਿੱਤ ਵਿੱਚ ਖੜ੍ਹੇ ਰਹਿਣ ਦਾ ਜਜ਼ਬਾ, ਮਕਸਦ ਅਤੇ ਮਕਸਦ ਦੇ ਸੰਘਰਸ਼ ਦੀ ਦਰੁਸਤੀ ਭਰੀ ਤਿਆਰੀ ਜਾਰੀ ਰਹਿੰਦੀ ਹੈ ਅਤੇ ਤੁਸੀਂ ਕਦੇ ਵੀ ਆਪਣੇ ਸੰਕਲਪ ਤੋਂ ਪਾਸਾ ਨਹੀਂ ਵੱਟਦੇ ਤਾਂ ਤੁਸੀਂ ਅਤੇ ਤੁਹਾਡਾ ਦੇਸ਼ ਵੱਡੀ ਤੋਂ ਵੱਡੀ ਤਾਕਤ ਨੂੰ ਵੀ ਗੋਡਿਆਂ ਪਰਨੇ ਕਰ ਸਕਦਾ ਹੈ।

ਸਾਮਰਾਜੀ ਅਮਰੀਕਾ-ਇਜ਼ਰਾਇਲ ਵੱਲੋਂ ਮੱਧ ਪੂਰਬੀ ਦੇਸ਼ਾਂ ਵਿਰੁੱਧ ਠੋਸੀ ਗਈ ਨਿਹੱਕੀ ਅਤੇ ਅਸਾਵੀਂ ਜੰਗ ਦਾ ਮੁਕਾਬਲਾ ਕਰ ਰਹੀ ਈਰਾਨੀ ਸਰਕਾਰ ਦੇ ਦਾਅਪੇਚਕ ਜੰਗੀ ਪੈਂਤੜਿਆਂ ਨੇ ਦੁਨੀਆ ਭਰ ਦੀਆਂ ਸਰਕਾਰਾਂ ਅਤੇ ਲੋਕਾਂ ਦਰਮਿਆਨ ਹੈਰਾਨੀਜਨਕ ਨਵੀਂ ਸੰਸਾਰ ਕਤਾਰਬੰਦੀ ਪੈਦਾ ਕਰ ਦਿੱਤੀ ਹੈ। ਇਹੀ ਕਾਰਨ ਹੈ ਕਿ ਅਮਰੀਕਾ ਜੋ ਵਧੇਰੇ ਈਸਾਈ ਵਸੋਂ ਵਾਲਾ ਦੇਸ਼ ਹੈ, ਵਿਚ ਅਮਰੀਕਾ ਦੀ ਸਰਕਾਰ ਵਿਰੁੱਧ 90 ਲੱਖ ਅਮਰੀਕੀਆਂ ਨੇ ਸੜਕਾਂ 'ਤੇ ਆ ਕੇ ਮੰਗ ਕੀਤੀ ਕਿ ਈਰਾਨ ਵਿਰੁੱਧ ਜੰਗ ਬੰਦ ਕਰੋ। ਜੇਕਰ ਦੂਸਰੀ ਸੰਸਾਰ ਜੰਗ ਤੋਂ ਬਾਅਦ ਦੁਨੀਆ ਦੇ ਸਮਾਜਵਾਦੀ ਵਿਚਾਰਧਾਰਾ ਅਤੇ ਦੇਸ਼ਾਂ ਦੇ ਕੇਂਦਰ ਯੂ ਐੱਸ ਐਸ ਆਰ ਦੀ ਅਗਵਾਈ ਵਾਲੇ ਫੌਜੀ ਗਠਜੋੜ ਵਾਰਸਾ ਪੈਕਟ ਦੇ ਮੁਕਾਬਲੇ ਅਮਰੀਕਾ ਨੇ 1949 ਵਿੱਚ ਆਪਣੀ ਅਗਵਾਈ ਵਿਚ ਕਾਇਮ ਕੀਤੇ ਗਏ ਯੂਰਪੀ ਅਤੇ ਉਤਰੀ ਅਮਰੀਕਾ ਅਧਾਰਿਤ 32 ਦੇਸ਼ਾਂ ਦੇ ਨਾਟੋ ਫੌਜੀ ਗਠਜੋੜ ਦੇ ਮੁੱਖ ਅਤੇ ਤਾਕਤਵਾਰ ਦੇਸ਼ਾਂ ਨੇ ਇਸ ਜੰਗ ਵਿੱਚ ਅਮਰੀਕਾ ਦੀ ਹਮਾਇਤ ਵਿੱਚ ਖੜਨ ਤੋਂ ਇਹ ਕਹਿ ਕੇ ਇਨਕਾਰ ਕਰ ਦਿੱਤਾ ਕਿ ਜੰਗ ਕੇਵਲ ਈਰਾਨ ਦੀ ਤਬਾਹੀ ਅਤੇ ਮੱਧ ਪੂਰਬੀ ਦੇਸ਼ਾਂ ਵਿੱਚ ਇਜ਼ਰਾਇਲ ਦੀ ਸਰਦਾਰੀ ਬਣਾਈ ਰੱਖਣ ਲਈ ਲੜੀ ਜਾ ਰਹੀ ਹੈ।ਨਾਟੋ ਦੇਸ਼ ਤੁਰਕੀ ਅਤੇ ਸਪੇਨ ਨੇ ਤਾਂ ਜੰਗ ਦੀ ਸ਼ੁਰੂਆਤ ਵਿੱਚ ਹੀ ਅਮਰੀਕਾ ਨੂੰ ਸਾਫ-ਸਾਫ ਕਹਿ ਦਿੱਤਾ ਸੀ ਕਿ ਅਮਰੀਕਾ ਦੇ ਈਰਾਨ ਵਿਰੋਧੀ ਹਮਲਿਆ ਨੇ ਸੰਸਾਰ ਨੂੰ ਤੀਸਰੀ ਸੰਸਾਰ ਜੰਗ ਵੱਲ ਧਕੇਲ ਦਿੱਤਾ ਹੈ, ਅਸੀਂ ਉਸ ਦਾ ਸਾਥ ਨਹੀਂ ਦਿਆਂਗੇ ।ਅਮਰੀਕਾ ਦੇ ਸਦਾ ਜੰਗੀ ਭਾਈਵਾਲ ਰਹੇ ਯੂ ਕੇ ਸਮੇਤ ਫਰਾਂਸ, ਜਰਮਨ ਅਤੇ ਇਟਲੀ ਨੇ ਅਮਰੀਕਾ ਤੋਂ ਕਿਨਾਰਾ ਕਰੀ ਰੱਖਿਆ ਹੈ। ਯੂ ਐੱਨ ਓ ਦੇ ਵੀਟੋ ਦੇਸ਼ ਫਰਾਂਸ ਨੇ ਤਾਂ ਹੋਰਮੁਜ਼ ਜਲਡਮਰੂ ਸਮੁੰਦਰੀ ਲਾਂਘਾ ਖੋਲ੍ਹਣ ਦੇ ਏਜੰਡੇ ਉਪਰ ਰੂਸ, ਚੀਨ ਨਾਲ ਮਿਲ ਕੇ ਪਹਿਲੀ ਵਾਰ ਈਰਾਨ ਦੇ ਹੱਕ ਵਿੱਚ ਵੋਟ ਪਾਈ ਹੈ।ਸਾਮਰਾਜੀ ਅਮਰੀਕਾ ਦੁਆਰਾ ਚੀਨ ਨੂੰ ਘੇਰਨ ਲਈ ਅਮਰੀਕਾ, ਜਾਪਾਨ, ਭਾਰਤ ਅਤੇ ਆਸਟ੍ਰੇਲੀਆ ਅਧਾਰਤ ਬਣਾਇਆ ਗਿਆ ਚਹੁੱਖੀ ਗਠਜੋੜ (ਕੁਆਰਡੀ ਲੈਟਰਲ ਅਲਾਇੰਸ) ਦੇ ਦੇਸ਼ ਆਸਟ੍ਰੇਲੀਆ ਅਤੇ ਜਪਾਨ ਨੇ ਵੀ ਜੰਗ ਵਿੱਚ ਅਮਰੀਕਾ ਦਾ ਸਾਥ ਦੇਣ ਤੋਂ ਹੱਥ ਖੜੇ ਕਰ ਲਏ ਸਨ। ਖੁਦ ਟਰੰਪ ਨੇ ਕਿਹਾ ਹੈ ਕਿ ਅਮਰੀਕਾ ਦੇ ਦੱਖਣੀ ਕੋਰੀਆ ਵਿੱਚ 45 ਹਜ਼ਾਰ ਅਤੇ ਜਪਾਨ ਵਿੱਚ 50 ਹਜ਼ਾਰ ਅਮਰੀਕੀ ਫੌਜੀ ਉਨ੍ਹਾਂ ਦੀ ਰਾਖੀ ਲਈ ਬੈਠੇ ਹਨ, ਪਰ ਉਨ੍ਹਾਂ ਵੀ ਸਾਡੇ ਹੱਕ ਵਿੱਚ ਹਾਅ ਦਾ ਨਾਹਰਾ ਨਹੀਂ ਮਾਰਿਆ।ਸਾਡੇ ਗੁਆਂਢੀ ਛੋਟੇ ਜਿਹੇ ਦੇਸ਼ ਸ੍ਰੀਲੰਕਾ ਨੇ ਵੀ ਅਮਰੀਕਾ ਦੇ ਜਹਾਜ਼ਾਂ ਨੂੰ ਆਪਣੇ ਹਵਾਈ ਅੱਡੇ ਤੇ ਉਤਰਨ ਤੋਂ ਰੋਕ ਦਿੱਤਾ ਸੀ, ਪਰ ਭਾਰਤ ਵਿੱਚ ਮੁਸਲਿਮ ਦੁਸ਼ਮਣ, ਮੁਸਲਿਮ ਦੁਸ਼ਮਣ, ਨਿਤ ਕੂਕਣ ਵਾਲੀ ਭਾਰਤ ਦੀ ਮੋਦੀ ਸਰਕਾਰ ਅਮਰੀਕੀ ਸਾਮਰਾਜ ਤੋਂ ਏਨੀ ਭੈਅਭੀਤ ਤੇ ਡਰੀ ਹੋਈ ਹੈ ਕਿ ਮੋਦੀ ਸਰਕਾਰ ਨੇ ਈਰਾਨ ਦੇ ਸੁਪਰੀਮੋ ਖਾਮਨੇਈ ਦੀ ਮੌਤ ਅਤੇ ਈਰਾਨ ਦੇ 175 ਬੱਚਿਆਂ ਦਾ ਕਤਲੇਆਮ ਕਰਨ 'ਤੇ ਵੀ ਅਮਰੀਕਾ ਦੇ ਇਸ ਬੁਚੜਾਨਾ ਕਾਰੇ ਦੀ ਨਿਖੇਧੀ ਕਰਨਾ ਤਾਂ ਦੂਰ ਰਿਹਾ, ਉਹ ਦੁੱਖ ਦੇ ਦੋ ਸ਼ਬਦ ਵੀ ਨਹੀਂ ਬੋਲ ਸਕੇ। ਸਾਫ ਲੱਗ ਰਿਹਾ ਕਿ ਨਰਿੰਦਰ ਮੋਦੀ ਦੀ ਸਰਕਾਰ ਭਾਰਤ ਨੂੰ ਟਰੰਪ ਦੀ ਨਵ-ਬਸਤੀ ਦੀ ਤਰ੍ਹਾਂ ਚਲਾ ਰਹੀ ਹੈ

ਹੁਣ ਪਾਕਿਸਤਾਨ ਦੇ ਇਸਲਾਮਾਬਾਦ ਵਿਚ ਅਮਰੀਕਾ ਅਤੇ ਇਰਾਨ ਦਰਮਿਆਨ ਜੰਗ ਦੇ ਮੁਕੰਮਲ ਖਾਤਮੇ ਲਈ ਈਰਾਨ ਦੀਆਂ 10 ਸ਼ਰਤਾਂ 'ਤੇ ਹੀ ਗੱਲਬਾਤ ਸ਼ੁਰੂ ਹੋਈ ਸੀ।ਗੱਲਬਾਤ ਸ਼ੁਰੂ ਹੋਣ ਤੋਂ ਪਹਿਲਾਂ ਈਰਾਨੀਆਂ ਨੇ ਬਹੁਤ ਲੰਮੇ ਸਮੇਂ ਤੋਂ ਅਮਰੀਕਾ ਦੁਆਰਾ 100 ਮਿਲੀਅਨ ਡਾਲਰ ਦੀਆਂ ਜ਼ਬਤ ਕੀਤੀਆ ਈਰਾਨੀ ਸੰਪਤੀਆਂ ਰਿਲੀਜ਼ ਕਰਨ ਸਮੇਤ ਅਮਰੀਕਾ ਤੋਂ ਇਜ਼ਰਾਇਲ ਦੇ ਲਿਬਨਾਨ ਉਪਰ ਹਮਲਿਆਂ ਨੂੰ ਰੋਕਣਾ ਮੰਨਵਾ ਕੇ ਹੀ ਗੱਲਬਾਤ ਸ਼ੁਰੂ ਕੀਤੀ ਸੀ।

ਜੇਕਰ ਭਾਰਤ ਦੀ ਵਿਦੇਸ਼ ਨੀਤੀ ਦੀ ਚਰਚਾ ਕੀਤੀ ਜਾਵੇ ਤਾਂ ਇਸ ਸਮੁੱਚੇ ਜੰਗੀ ਘਟਨਾਕਰਮ ਦੌਰਾਨ ਤੇ ਹੁਣ ਭਾਰਤ ਸਰਕਾਰ ਦੀ ਵਿਦੇਸ਼ ਅਤੇ ਡਿਪਲੋਮੇਸੀ ਨੀਤੀ ਦੀ ਮੋਦੀ ਸਰਕਾਰ ਨੇ ਫੱਟੀ ਪੋਚ ਦਿੱਤੀ ਹੈ, ਜਦੋਂ ਕਿ ਈਰਾਨ ਸ਼ੁਰੂ ਤੋਂ ਹੀ ਭਾਰਤ ਦੇਸ਼ ਦਾ ਇੱਕ ਮਿੱਤਰ ਦੇਸ਼ ਰਿਹਾ ਹੈ। ਭਾਰਤ ਕੱਚੇ ਤੇਲ ਅਤੇ ਗੈਸ ਲਈ ਮੁੱਖ ਤੌਰ 'ਤੇ ਈਰਾਨ 'ਤੇ ਨਿਰਭਰ ਰਿਹਾ ਹੈ ਅਤੇ ਈਰਾਨ ਹੀ ਸੀ, ਜੋ ਡਾਲਰਾਂ ਵਿੱਚ ਨਹੀ, ਭਾਰਤੀ ਰੁਪਏ ਵਿੱਚ ਭਾਰਤੀਆਂ ਨੂੰ ਤੇਲ ਸਪਲਾਈ ਕਰਦਾ ਰਿਹਾ ਹੈ, ਪਰ ਜੰਗ ਦੌਰਾਨ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਭਾਜਪਾ ਤੇ ਆਰ ਐੱਸ ਐੱਸ ਦੀਆਂ ਇਜ਼ਰਾਇਲ ਨਾਲ ਮੇਲ ਖਾਂਦੀਆਂ ਨਸਲਵਾਦੀ, ਫਿਰਕਾਪ੍ਰਸਤ ਅਤੇ ਫਾਸ਼ਿਸ਼ਟ ਨੀਤੀਆਂ ਕਾਰਨ ਸਾਡਾ ਦੁਨੀਆ ਵਿੱਚ ਇਹ ਪ੍ਰਭਾਵ ਗਿਆ ਹੈ ਕਿ ਭਾਰਤ ਦੀ ਸਰਕਾਰ ਈਰਾਨ ਨਾਲ ਨਹੀਂ, ਇਜ਼ਰਾਇਲ ਅਮਰੀਕਾ ਨਾਲ ਖੜ੍ਹੀ ਹੋਈ ਹੈ, ਜਿਸ ਭਾਰਤ ਦੇ ਪ੍ਰਧਾਨ ਮੰਤਰੀ ਅਤੇ ਭਾਰਤ ਦੀ ਤਸਵੀਰ ਨੂੰ ਆਰ ਐੱਸ ਐੱਸ ਵਿਸ਼ਵ ਗੁਰੂ ਦੱਸਦੇ ਹਨ ।ਕੀ ਭਾਰਤ ਦੀ ਆਰ ਐੱਸ ਐੱਸ ਦੀਆਂ ਹਦਾਇਤਾਂ ਤਹਿਤ ਚੱਲ ਰਹੀ ਮੋਦੀ ਸਰਕਾਰ ਦੱਸ ਸਕਦੀ ਹੈ ਕਿ ਸਾਡੇ ਗੁਆਂਢ ਵਿੱਚ ਚੱਲ ਰਹੀ ਜੰਗ ਵਿੱਚ ਭਾਰਤ ਦਾ ਕੀ ਰੋਲ ਰਿਹਾ ਹੈ। ਬੇਸ਼ਕ ਮੋਦੀ ਸਰਕਾਰ ਨੇ ਪੰਜ ਰਾਜਾਂ ਵਿੱਚ ਹੋ ਰਹੀਆਂ ਚੋਣਾਂ ਕਾਰਨ ਤੇਲ ਅਤੇ ਗੈਸ ਦੀਆਂ ਕੀਮਤਾਂ ਨੂੰ ਵਧਣ ਤੋਂ ਰੋਕ ਰੱਖਿਆ ਹੈ, ਪਰ ਇਹਨਾਂ ਚੋਣਾਂ ਤੋਂ ਫੌਰੀ ਬਾਅਦ ਤੇਲ ਅਤੇ ਗੈਸ ਦੀਆਂ ਭਾਰਤ ਵਿੱਚ ਵੱਡੇ ਪੱਧਰ 'ਤੇ ਕੀਮਤਾਂ ਦਾ ਵਧਣਾ ਤਹਿ ਹੈ, ਜਿਸ ਨਾਲ ਸਮੁੱਚੇ ਖੇਤਰਾਂ ਵਿੱਚ ਮਹਿਂਗਾਈ ਵਿੱਚ ਵਾਧਾ ਹੋਵੇਗਾ। ਯੂਰੀਆ ਖਾਦ ਦਾ ਹੁਣ ਹੀ ਸੰਕਟ ਸਾਹਮਣੇ ਆ ਚੁੱਕਾ ਹੈ, ਕਿਉਂਕਿ ਇਸ ਦੀ ਵੱਡੀ ਸਪਲਾਈ ਈਰਾਨ ਤੋਂ ਹੁੰਦੀ ਹੈ। ਇਸ ਤਰ੍ਹਾਂ ਦੇ ਕਈ ਹੋਰ ਸੰਕਟਾਂ ਵਿੱਚ ਭਾਰਤੀ ਆਰਥਿਕਤਾ ਦਾ ਘਿਰ ਜਾਣਾ ਸੰਭਵ ਹੈ।

 # ਸੰਪਰਕ : 98142-90163

ਪੰਜਾਬ ਭਰ 'ਚ ਡਾਕਟਰ ਅੰਬੇਡਕਰ ਦਾ ਜਨਮ ਦਿਨ ਉਤਸ਼ਾਹ ਨਾਲ ਮਨਾਇਆ

ਸੰਗਰੂਰ/ਧੂਰੀ

ਨਾਭਾ

ਸੰਗਰੂਰ

ਸਮਾਣਾ

ਸੰਗਰੂਰ/ਧੂਰੀ (ਪ੍ਰਵੀਨ ਸਿੰਘ)- ਭਾਰਤੀ ਸੰਵਿਧਾਨ ਦੇ ਨਿਰਮਾਤਾ ਅਤੇ ਭਾਰਤ ਰਤਨ ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਦਿਵਸ ਮੌਕੇ ਮੁੱਖ ਮੰਤਰੀ ਸਹਾਇਤਾ ਕੇਂਦਰ ਧੂਰੀ ਵਿਖੇ ਕਰਵਾਏ ਸਮਾਗਮ ਦੌਰਾਨ ਡਾ. ਬੀ.ਆਰ. ਅੰਬੇਡਕਰ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ ਗਿਆ। ਇਸ ਮੌਕੇ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ, ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਅਤੇ ਮੈਂਬਰ ਵਕਫ਼ ਬੋਰਡ ਡਾ. ਨੂੰ ਸ਼ਰਧਾ ਦੇ ਫੁੱਲ ਭੇਂਟ ਕਰਕੇ ਸ਼ਰਧਾਂਜਲੀ ਦਿੱਤੀ। ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਬਾਬਾ ਸਾਹਿਬ ਦੇ ਜੀਵਨ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਨੇ ਆਪਣੀ ਸਾਰੀ ਜ਼ਿੰਦਗੀ ਸਮਾਜਿਕ ਨਿਆਂ, ਸਮਾਨਤਾ ਅਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਸਮਰਪਿਤ ਕੀਤੀ।

ਸੰਗਰੂਰ (ਪ੍ਰਵੀਨ ਸਿੰਘ)- ਦੇਸ਼ ਦੀ ਪ੍ਰਸਿੱਧ ਤੇ ਸਰਗਰਮ ਸਮਾਜਿਕ ਜੱਥੇਬੰਦੀ ਭਾਰਤੀਯ ਅੰਬੇਡਕਰ ਮਿਸ਼ਨ, ਭਾਰਤ ਵੱਲੋਂ ਮਿਸ਼ਨ ਦੇ ਮੁੱਖ ਸਰਪ੍ਰਸਤ ਮੈਡਮ ਪੂਨਮ ਕਾਂਗੜਾ ਸਾਬਕਾ ਐਸ ਸੀ ਕਮਿਸ਼ਨ ਪੰਜਾਬ ਦੀ ਅਗਵਾਈ ਹੇਠ ਭਾਰਤ ਰਤਨ ਬਾਬਾ ਸਾਹਿਬ ਡਾ ਭੀਮ ਰਾਓ ਅੰਬੇਦਕਰ ਦੇ ਜਨਮ ਦਿਹਾੜੇ 'ਤੇ ਮਸਤੂਆਣਾ ਸਾਹਿਬ (ਸੰਗਰੂਰ) ਵਿਖੇ ਕਰਵਾਏ ਸਲਾਨਾ ਸੂਬਾ ਪੱਧਰੀ ਵਿਸ਼ਾਲ ਸਮਾਗਮ ਬਾਬਾ ਸਾਹਿਬ ਤੁਝੇ ਸਲਾਮ ਇੱਕ

ਜਗਰਾਓਂ

ਸ੍ਰੀ ਮੁਕਤਸਰ ਸਾਹਿਬ

ਸੰਗਰੂਰ

ਅਨਵਰ ਭਸੌੜ ਵੀ ਮੌਜੂਦ ਸਨ। ਇਸ ਮੌਕੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਨੇ ਜੋ ਸੁਪਨਾ ਲਿਆ ਸੀ, ਉਸ ਨੂੰ ਸਾਕਾਰ ਕਰਨ ਲਈ ਸਾਨੂੰ ਸਾਰਿਆਂ ਨੂੰ ਰਲਕੇ ਹੰਭਲਾ ਮਾਰਨ ਦੀ ਲੋੜ ਹੈ।ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਵੱਲੋਂ ਡਾ. ਅੰਬੇਡਕਰ ਅਤੇ ਸ਼ਹੀਦ ਭਗਤ ਸਿੰਘ ਦੀ ਸੋਚ ਨੂੰ ਅੱਗੇ ਵਧਾਇਆ ਜਾ ਰਿਹਾ ਹੈ । ਇਸ ਮੌਕੇ ਬਲਾਕ ਪ੍ਰਧਾਨ ਸੁਖਪਾਲ ਸਿੰਘ ਪਾਲਾ, ਬੀਰ ਭਾਨ, ਡਾਇਰੈਕਟਰ ਸਮਾਲ ਸਕੇਲ ਇੰਡਸਟਰੀ ਅਨਿਲ ਮਿੱਤਲ, ਡਾਇਰੈਕਟਰ ਜਸਪਾਲ ਸਿੰਘ ਭੁੱਲਰ, ਐਡਵੋਕੇਟ ਹੈਪੀ ਗਰਗ, ਇੰਚਾਰਜ ਮਹਿਲਾ ਵਿੰਗ ਨਵਜੋਤ ਕੌਰ, ਰਮਨਦੀਪ ਕੌਰ, ਹਰਵਿੰਦਰ ਕੌਰ, ਗੁਰਪ੍ਰੀਤ ਕੌਰ ਅਤੇ ਜਸਵਿੰਦਰ ਕੌਰ ਸਮੇਤ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਸਨ।

ਨਾਭਾ (ਵਰਿੰਦਰ ਵਰਮਾ)- ਭਾਰਤੀ ਸੰਵਿਧਾਨ ਦੇ ਨਿਰਮਾਤਾ, ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ 136ਵੇਂ ਜਨਮ ਦਿਵਸ ਮੌਕੇ ਸਥਾਨਕ ਪਟਿਆਲਾ ਗੇਟ ਵਿਖੇ ਆਮ ਆਦਮੀ ਪਾਰਟੀ ਹਲਕਾ ਨਾਭਾ ਦੇ ਵਲੰਟੀਅਰਾਂ ਵਲੋਂ ਹਲਕੇ ਦੇ ਨੌਜਵਾਨ ਆਗੂ ਅਤੇ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਦੀ ਅਗਵਾਈ ਹੇਠ ਬਾਬਾ ਸਾਹਿਬ ਦੇ ਬੁੱਤ 'ਤੇ ਫੁੱਲ ਮਾਲਾ ਭੇਂਟ ਕਰਕੇ ਉਨ੍ਹਾਂ ਨੂੰ ਯਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੀਨੀਅਰ ਆਗੂ ਜਥੇਦਾਰ ਲਾਲ ਸਿੰਘ ਰਣੀਜਤਗੜ੍ਹ, ਗੋਪੀ ਫੈਜਗੜ੍ਹ, ਸੁੱਖ ਘੁੰਮਣ ਚਾਸਵਾਲ, ਸੁਖਜੀਤ ਸਿੰਘ ਹਾਂਸ, ਲਾਲੀ ਫਤਿਹਪੁਰ, ਲਾਡੀ ਖਹਿਰਾ, ਕੇਵਲ ਸਿੰਘ ਰਣਜੀਤਗੜ੍ਹ ਮੈਂਬਰ ਬਲਾਕ ਸੰਮਤੀ, ਜਸਪ੍ਰੀਤ ਸਿੰਘ ਰਾਇਮਲਮਾਜਰੀ, ਦਵਿੰਦਰ ਸਿੰਘ ਬੂਹੀ, ਹੈਪੀ ਪਾਲੀਆਂ, ਜਸਕਰਨਵੀਰ ਸਿੰਘ ਤੇਜੇ, ਹਨੀ ਪਹਾੜਪੁਰ, ਰਮਨਦੀਪ ਸਿੰਘ ਸੋਹੀ, ਅਕਾਸ਼ ਕੁਮਾਰ ਗੋਲੂ ਪ੍ਰਧਾਨ, ਸਾਨੂੰ ਰਾਮ, ਬਲਵੀਰ ਸਿੰਘ ਠੇਕੇਦਾਰ, ਅੰਮ੍ਰਿਤਪਾਲ ਸਿੰਘ ਕਾਕਾ, ਧੀਰਜ ਠਾਕੁਰ, ਹੈਪੀ ਅਰੋੜਾ, ਜਤਿੰਦਰ ਸਿੰਘ ਕਕਰਾਲਾ, ਪਰਮਿੰਦਰ ਸਿੰਘ ਭੰਗੂ, ਪਾਲੀ ਤੂੰਗਾਂ, ਕੁਲਦੀਪ ਸਿੰਘ ਹੈਪੀ, ਰਘਵੀਰ ਸਿੰਘ ਨਰਮਾਣਾ, ਕੁਲਵੰਤ ਸਿੰਘ ਪਹਾੜਪੁਰ, ਬਲਵਿੰਦਰ ਸਿੰਘ ਪੋਪਲ, ਗੁਰਪ੍ਰੀਤ ਸਿੰਘ ਗੁਗੀ, ਬੱਗਾ ਕਕਰਾਲਾ ਆਦਿ ਸਮੇਤ ਵੱਡੀ ਗਿਣਤੀ ਵਿੱਚ ਆਪ ਵਲੰਟੀਅਰ ਮੌਜੂਦ ਸਨ।

ਸਮਾਣਾ (ਇਕਬਾਲ ਸਿੰਘ ਬੱਲ)- ਡਾ. ਭੀਮ ਰਾਓ ਅੰਬੇਡਕਰ ਮਿਸ਼ਨ ਸੁਸਾਇਟੀ ਵੱਲੋਂ ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ 135ਵੇਂ ਜਨਮ ਦਿਵਸ ਮੌਕੇ ਹਲਕਾ ਸਮਾਣਾ ਵਿਖੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਦੌਰਾਨ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਇਸ ਦੌਰਾਨ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਸ. ਹਰਚੰਦ ਸਿੰਘ ਬਰਸਟ ਨੇ ਗੁਰੂ ਚਰਨਾਂ

ਪਟਿਆਲਾ

ਯਾਦਗਾਰੀ ਹੋ ਨਿੱਬੜਿਆ ਜਿਸ ਦੀ ਸਫ਼ਲਤਾ ਲਈ ਮਿਸ਼ਨ ਦੇ ਕੌਮੀ ਪ੍ਰਧਾਨ ਸ਼੍ਰੀ ਦਰਸ਼ਨ ਸਿੰਘ ਕਾਂਗੜਾ ਨੇ ਮੁੱਖ ਤੌਰ 'ਤੇ ਪਹੁੰਚੇ ਸਾਰੇ ਮਹਿਮਾਨਾਂ, ਸਹਿਯੋਗੀਆਂ ਅਤੇ ਹਜ਼ਾਰਾਂ ਲੋਕਾਂ ਸਣੇ ਮਿਸ਼ਨ ਦੀ ਸਮੁੱਚੀ ਟੀਮ ਦਾ ਧੰਨਵਾਦ ਕੀਤਾ । ਇਸ ਮੌਕੇ ਭੁਪਿੰਦਰ ਸਿੰਘ ਨਹਿਲ ਪ੍ਰਧਾਨ ਨਗਰ ਕੌਂਸਲ ਸੰਗਰੂਰ, ਪਰਮਜੀਤ ਕੌਰ ਗੁੱਮਟੀ ਕੌਮੀ ਪ੍ਰਧਾਨ ਮਹਿਲਾ ਵਿੰਗ, ਮੁਕੇਸ਼ ਰਤਨਾਕਰ ਸੂਬਾ ਪ੍ਰਧਾਨ, ਸ਼੍ਰੀ ਐਚ ਐਸ ਸ਼ੈਮੀ ਮੀਡੀਆ ਇੰਚਾਰਜ, ਚਮਕੌਰ ਸਿੰਘ ਜੱਸੀ ਜ਼ਿਲ੍ਹਾ ਚੇਅਰਮੈਨ, ਦੀਪਕ ਕੁਮਾਰ ਅਮ੍ਰਿਤਸਰ, ਮਨਦੀਪ ਕੌਰ ਮੋਗਾ, ਜਰਨੈਲ ਸਿੰਘ ਬਠਿੰਡਾ, ਸਤਵੀਰ ਸਿੰਘ ਸਮਾਣਾ, ਡਾ ਸੁਖਵਿੰਦਰ ਸਿੰਘ ਲਾਈਫ ਗਾਰਡ, ਹਰਜਿੰਦਰ ਸਿੰਘ ਠੇਕੇਦਾਰ ਕਾਂਝਲਾ, ਪਰਮਿੰਦਰ ਸ਼ਰਮਾ,ਰੋਕੀ ਬਾਂਸਲ, ਪੰਕਜ ਬਾਵਾ, ਸ਼ੰਕਰ ਸਿੰਘ ਮੋਰਾਂਵਾਲੀ, ਰਵੀ ਚਾਵਲਾ, ਸ਼ਸ਼ੀ ਚਾਵਰੀਆ, ਜ਼ਿਲ੍ਹਾ ਪ੍ਰਧਾਨ ਮਲਕੀਤ ਸਿੰਘ ਮੀਤਾ ਠੇਕੇਦਾਰ,ਮੁੰਨਾ ਠੇਕੇਦਾਰ, ਰਾਣਾ ਬਾਲੂ, ਜਗਸੀਰ ਸਿੰਘ ਜੱਗਾ,ਰਵੀ ਚੌਹਾਨ, ਸਤਨਾਮ ਸਿੰਘ ਇੰਜੀਨੀਅਰ ਜਮਾਲਪੁਰਾ, ਹਰੀ ਸਿੰਘ ਫੱਗੂਵਾਲਾ,ਹਰਬੰਸ ਸਿੰਘ ਦੌਦ, ਦੁਲੀਆ ਰਾਮ, ਸੰਦੀਪ ਬਾਲੀ,ਅਮਨ ਸਿੱਖਨ ਸੁਨਾਮ, ਰੂਲਦੂ ਸਿੰਘ ਗੁੱਮਟੀ,ਰਜਨੀ ਬੁਲਾਨ ਸੁਨਾਮ,ਬਲਜੀਤ ਸਿੰਘ ਬਾਹਮਣੀ ਵਾਲਾ, ਜ਼ਿਲ੍ਹਾ ਪ੍ਰਧਾਨ ਗੁਰਦੀਪ ਸਿੰਘ ਬਿੱਟੂ, ਡਾ ਕ੍ਰਿਸ਼ਨ ਸਿੰਘ ਖੇੜੀ, ਕਮਲ ਜੰਡੂ, ਸੁਰਿੰਦਰ ਸਿੰਘ ਭਿੰਡਰ ਕੌਂਸਲਰ, ਦੀਪਕ ਕੁਮਾਰ, ਰਾਜਬੀਰ ਸਿੰਘ ਲਿੱਧੜਾਂ, ਹਰਵਿੰਦਰ ਕੌਰ ਐਮ ਸੀ, ਰਾਜ ਕੁਮਾਰ ਟੋਨੀ,ਬਲਵੀਰ ਸਿੰਘ, ਰਾਕੇਸ਼ ਪਰੋਚਾ, ਇੰਦਰਜੀਤ ਨੀਲੂ,ਮਨੋਜ ਕੁਮਾਰ, ਬੂਟਾ ਸਿੰਘ ਬੀਰ ਕਲਾਂ, ਲੱਕੀ ਗੁਲਾਟੀ, ਰਾਣੀ ਠੀਕਰੀਵਾਲ ਤੇ ਪਰਮਜੀਤ ਕੌਰ ਹਾਜ਼ਰ ਸਨ ।

ਸੰਗਰੂਰ (ਪ੍ਰਵੀਨ ਸਿੰਘ)- ਸੀਟੂ ਪੰਜਾਬ ਦੇ ਸੱਦੇ 'ਤੇ ਪਿੰਡ ਤੂੰਗਾਂ ਵਿਖੇ ਡਾ. ਭੀਮ ਰਾਓ ਅੰਬੇਡਕਰ ਦਾ 135ਵਾਂ ਜਨਮ ਦਿਹਾੜਾ 'ਦੇਸ਼

ਮਾਨਸਾ

ਵਿੱਚ ਨਤਮਸਤਕ ਹੋ ਕੇ ਹਾਜਰੀ ਲਗਵਾਈ ਅਤੇ ਸਰਬੱਤ ਦੇ ਭਲੇ ਅਤੇ ਚੜ੍ਹਦੀਕਲਾ ਦੀ ਅਰਦਾਸ ਕੀਤੀ।ਇਸ ਉਪਰੰਤ ਸ. ਬਰਸਟ ਨੇ ਬਾਬਾ ਸਾਹਿਬ ਸਿੰਘ ਨੇ ਕਿਹਾ ਕਿ ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾ. ਸਾਹਿਬ ਨੇ ਅਪਣੀ ਜ਼ਿੰਦਗੀ ਵਿੱਚ ਅਨੇਕਾਂ ਕਠਿਨਾਈਆਂ ਦਾ ਸਾਹਮਣਾ ਕੀਤਾ, ਉਸ ਸਮੇਂ ਸਮਾਜ 'ਚ ਫੈਲੇ ਜਾਤੀਵਾਦੀ ਜ਼ਹਿਰ ਨੇ ਦਲਿਤਾਂ ਤੇ ਔਰਤਾਂ ਦਾ ਜੀਣਾ ਦੁੱਭਰ ਕੀਤਾ ਹੋਇਆ ਸੀ, ਨੀਵੀਂ ਜਾਤੀ ਦੇ ਲੋਕਾਂ ਨਾਲ ਸਵਰਣ ਜਾਤੀ ਦੇ ਲੋਕ ਬਹੁਤ ਭੈੜਾ ਵਿਹਾਰ ਕਰਦੇ ਸਨ।ਡਾਕਟਰ ਸਾਹਿਬ ਨੇ ਦਿਨ-ਰਾਤ ਮਿਹਨਤ ਨਾਲ ਪੜ੍ਹਾਈ ਕਰਕੇ ਸਮਾਜ 'ਚ ਫੈਲੇ ਇਸ ਦੁਰਾਚਾਰ ਨੂੰ ਸਮਝਿਆ ਤੇ ਇਸ ਨੂੰ ਬਦਲਣ ਲਈ ਆਪਣੇ ਲੋਕਾਂ ਦੀ ਲਾਮਬੰਦੀ ਕੀਤੀ।ਸੰਵਿਧਾਨ ਵਿੱਚ ਛੋਟਾਂ ਦੇ ਕੇ ਗਰੀਬ ਤੇ ਦਲਿਤ ਵਰਗ ਨੂੰ ਉੱਚਾ ਚੁੱਕਣ ਲਈ ਉਪਰਾਲੇ ਕੀਤੇ, ਪਰ ਹੁਣ ਕੇਂਦਰ ਦੀ ਮੋਦੀ ਸਰਕਾਰ ਨੂੰ ਇਹ ਰਾਖਵਾਂਕਰਨ ਤੇ ਡਾ. ਭੀਮ ਰਾਓ ਅੰਬੇਡਕਰ ਵੱਲੋਂ ਲਿਖਿਆ ਸੰਵਿਧਾਨ ਰੜਕਦਾ ਹੈ, ਉਹ ਇਸ ਨੂੰ ਬਦਲਣਾ ਚਾਹੁੰਦੇ ਹਨ, ਗਰੀਬ ਤੇ ਮਜ਼ਦੂਰ ਵਿਰੋਧੀ ਸੋਧਾਂ ਕਰਕੇ ਸਵਿਧਾਨ ਨੂੰ ਅਮੀਰ ਲੋਕਾਂ ਤੇ ਕਾਰਪੋਰੇਟ ਘਰਾਣਿਆਂ ਦਾ ਸੇਵਾਦਾਰ ਬਣਾਉਣਾ ਚਾਹੁੰਦੇ ਹਨ।ਇਸ ਮੌਕੇ ਉਨ੍ਹਾਂ ਕੇਂਦਰ ਦੀ ਮੋਦੀ ਸਰਕਾਰ ਤੋਂ ਮੰਗ ਕੀਤੀ ਕਿ ਮਨਰੇਗਾ ਨੂੰ ਮੁੜ ਬਹਾਲ ਕੀਤਾ ਜਾਵੇ ਤੇ ਹਰ ਮਜ਼ਦੂਰ ਨੂੰ ਕੰਮ ਦਿੱਤਾ ਜਾਵੇ। ਸੰਵਿਧਾਨ 'ਚ ਮਜ਼ਦੂਰ ਵਿਰੋਧੀ ਸੋਧਾਂ ਵਾਪਸ ਲਈਆਂ ਜਾਣ।ਉਨ੍ਹਾਂ ਕਿਹਾ ਕਿ ਦੇਸ਼ ਦੀ ਮਜਦੂਰ ਜਮਾਤ ਮਈ ਦਿਵਸ ਤੋਂ ਸੰਘਰਸ਼ ਦੇ ਨਵੇਂ ਦੌਰ ਦਾ ਅਰੰਭ ਕਰੇਗੀ।ਇਸ ਮੌਕੇ ਟਹਿਲ ਸਿੰਘ, ਜਗਰੂਪ ਸਿੰਘ, ਦਮੜੀ ਸਿੰਘ, ਹਰਦਿਆਲ ਸਿੰਘ, ਖੜਕਾ ਸਿੰਘ, ਅਮਰਜੀਤ ਸਿੰਘ, ਗੁਰਜੀਤ ਸਿੰਘ ਆਦਿ ਹਾਜ਼ਰ ਸਨ।

ਜਗਰਾਓਂ (ਅਮਿਤ ਖੰਨਾ) ਮਹਾਨ ਸਮਾਜ ਸੁਧਾਰਕ ਤੇ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ 135ਵੇਂ ਜਨਮ ਦਿਹਾੜੇ ਨੂੰ ਇੱਥੇ ਸਾਦਗੀ ਤੇ ਸ਼ਰਧਾ ਨਾਲ ਅਰੁਣ ਗਿੱਲ ਸਵਾਈ ਸੇਵਕ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਦੀ ਅਗਵਾਈ ਵਿੱਚ ਮਨਾਇਆ ਗਿਆ।ਜਗਰਾਓਂ ਤੋਂ ਵ੍ਹਿੰਦਾਵਨ ਵਿਖੇ ਧਾਰਮਿਕ ਯਾਤਰਾ ਤੇ ਗਏ ਸ਼ਰਧਾਲੂਆਂ ਨਾਲ ਕਿਸ਼ਤੀ ਪਲਟ ਜਾਣ ਕਾਰਨ ਵਾਪਰੇ ਦੁਖਾਂਤ ਕਾਰਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਦਿਹਾੜੇ ਨੂੰ ਸਮਰਪਤ ਸਮਾਗਮ ਸਾਦੇ ਢੰਗ ਨਾਲ ਮਨਾਉਣ ਲਈ ਸੰਕਲਪ ਲਿਆ ਗਿਆ ਸੀ, ਜਿਸ ਕਰਕੇ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦਾ ਜਨਮ ਦਿਹਾੜਾ ਬਹੁਤ ਹੀ ਸਾਦੇ ਢੰਗ ਨਾਲ ਮਨਾਇਆ ਗਿਆ। ਇਸ ਮੌਕੇ ਵੱਖ-

ਪਟਿਆਲਾ

ਵੱਖ ਵਰਗਾਂ ਦੇ ਲੋਕਾਂ ਨੇ ਸ਼ਿਰਕਤ ਕਰਦੇ ਹੋਏ ਉਨ੍ਹਾਂ ਦੇ ਯੋਗਦਾਨ ਨੂੰ ਯਾਦ ਕੀਤਾ ਅਤੇ ਉਨ੍ਹਾਂ ਦੀ ਸੋਚ ਨੂੰ ਅੱਗੇ ਵਧਾਉਣ ਦਾ ਸੰਕਲਪ ਲਿਆ।ਸਮਾਗਮ ਦੌਰਾਨ ਮੁੱਖ ਮਹਿਮਾਨ ਵਜੋਂ ਸੀਨੀਅਰ ਪੁਲਿਸ ਕਪਤਾਨ ਲੁਧਿਆਣਾ ਦਿਹਾਤੀ ਡਾ.ਅੰਕੁਰ ਗੁਪਤਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਉਨ੍ਹਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਮਹਾਨ ਵਿਅਕਤੀ ਦੀ ਜ਼ਿੰਦਗੀ ਸਾਨੂੰ ਬਰਾਬਰੀ, ਜਾਤੀ ਭੇਦ ਭਾਵ ਤੇ ਨਿਆਂ ਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਕਰਨ ਲਈ ਪ੍ਰੇਰਿਤ ਕਰਦੀ ਹੈ।ਉਨ੍ਹਾਂ ਕਿਹਾ ਕਿ ਸਮਾਜ ਵਿੱਚ ਅਜੇ ਵੀ ਉਨ੍ਹਾਂ ਦੀਆਂ ਸਿੱਖਿਆਵਾਂ ਦੀ ਬਹੁਤ ਲੋੜ ਹੈ।ਸਮਾਗਮ ਦੌਰਾਨ ਬਾਬਾ ਸਾਹਿਬ ਜੀ ਦੀ ਪ੍ਰਤਿਮਾ ਉੱਪਰ ਫੁੱਲ ਭੇਟ ਕੀਤੇ ਗਏ।ਅੰਤ ਵਿੱਚ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਸਫਾਈ ਸੇਵਕ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਅਰੁਣ ਗਿੱਲ ਵੱਲੋਂ ਕੀਤਾ ਗਿਆ ਤੇ ਸਮਾਗਮ ਸ਼ਾਂਤੀਪੂਰਨ ਢੰਗ ਨਾਲ ਸਮਾਪਤ ਹੋਇਆ।ਇਸ ਮੌਕੇ ਸੈਂਟਰਲ ਵਾਲਮੀਕਿ ਸਭਾ ਇੰਡੀਆ ਦੇ ਕੌਮੀ ਪ੍ਰਧਾਨ ਗੇਜਾ ਰਾਮ ਵਾਲਮੀਕਿ, ਸਾਬਕਾ ਕਾਰਜਕਾਰੀ ਪ੍ਰਧਾਨ ਨਗਰ ਕੌਂਸਲ ਸੰਗਰੂਰ, ਪਰਮਜੀਤ ਕੌਰ ਗੁੱਮਟੀ ਕੌਮੀ ਪ੍ਰਧਾਨ ਮਹਿਲਾ ਵਿੰਗ, ਮੁਕੇਸ਼ ਰਤਨਾਕਰ ਸੂਬਾ ਪ੍ਰਧਾਨ, ਸ਼੍ਰੀ ਐਚ ਐਸ ਸ਼ੈਮੀ ਮੀਡੀਆ ਇੰਚਾਰਜ, ਚਮਕੌਰ ਸਿੰਘ ਜੱਸੀ ਜ਼ਿਲ੍ਹਾ ਚੇਅਰਮੈਨ, ਦੀਪਕ ਕੁਮਾਰ ਅਮ੍ਰਿਤਸਰ, ਮਨਦੀਪ ਕੌਰ ਮੋਗਾ, ਜਰਨੈਲ ਸਿੰਘ ਬਠਿੰਡਾ, ਸਤਵੀਰ ਸਿੰਘ ਸਮਾਣਾ, ਡਾ ਸੁਖਵਿੰਦਰ ਸਿੰਘ ਲਾਈਫ ਗਾਰਡ, ਹਰਜਿੰਦਰ ਸਿੰਘ ਠੇਕੇਦਾਰ ਕਾਂਝਲਾ, ਪਰਮਿੰਦਰ ਸ਼ਰਮਾ,ਰੋਕੀ ਬਾਂਸਲ, ਪੰਕਜ ਬਾਵਾ, ਸ਼ੰਕਰ ਸਿੰਘ ਮੋਰਾਂਵਾਲੀ, ਰਵੀ ਚਾਵਲਾ, ਸ਼ਸ਼ੀ ਚਾਵਰੀਆ, ਜ਼ਿਲ੍ਹਾ ਪ੍ਰਧਾਨ ਮਲਕੀਤ ਸਿੰਘ ਮੀਤਾ ਠੇਕੇਦਾਰ,ਮੁੰਨਾ ਠੇਕੇਦਾਰ, ਰਾਣਾ ਬਾਲੂ, ਜਗਸੀਰ ਸਿੰਘ ਜੱਗਾ,ਰਵੀ ਚੌਹਾਨ, ਸਤਨਾਮ ਸਿੰਘ ਇੰਜੀਨੀਅਰ ਜਮਾਲਪੁਰਾ, ਹਰੀ ਸਿੰਘ ਫੱਗੂਵਾਲਾ,ਹਰਬੰਸ ਸਿੰਘ ਦੌਦ, ਦੁਲੀਆ ਰਾਮ, ਸੰਦੀਪ ਬਾਲੀ,ਅਮਨ ਸਿੱਖਨ ਸੁਨਾਮ, ਰੂਲਦੂ ਸਿੰਘ ਗੁੱਮਟੀ,ਰਜਨੀ ਬੁਲਾਨ ਸੁਨਾਮ,ਬਲਜੀਤ ਸਿੰਘ ਬਾਹਮਣੀ ਵਾਲਾ, ਜ਼ਿਲ੍ਹਾ ਪ੍ਰਧਾਨ ਗੁਰਦੀਪ ਸਿੰਘ ਬਿੱਟੂ, ਡਾ ਕ੍ਰਿਸ਼ਨ ਸਿੰਘ ਖੇੜੀ, ਕਮਲ ਜੰਡੂ, ਸੁਰਿੰਦਰ ਸਿੰਘ ਭਿੰਡਰ ਕੌਂਸਲਰ, ਦੀਪਕ ਕੁਮਾਰ, ਰਾਜਬੀਰ ਸਿੰਘ ਲਿੱਧੜਾਂ, ਹਰਵਿੰਦਰ ਕੌਰ ਐਮ ਸੀ, ਰਾਜ ਕੁਮਾਰ ਟੋਨੀ,ਬਲਵੀਰ ਸਿੰਘ, ਰਾਕੇਸ਼ ਪਰੋਚਾ, ਇੰਦਰਜੀਤ ਨੀਲੂ,ਮਨੋਜ ਕੁਮਾਰ, ਬੂਟਾ ਸਿੰਘ ਬੀਰ ਕਲਾਂ, ਲੱਕੀ ਗੁਲਾਟੀ, ਰਾਣੀ ਠੀਕਰੀਵਾਲ ਤੇ ਪਰਮਜੀਤ ਕੌਰ ਹਾਜ਼ਰ ਸਨ ।

ਪਟਿਆਲਾ (ਰਾਜਿੰਦਰ ਸਿੰਘ ਥਿੰਦ)- ਸਰਕਾਰੀ ਤੇ ਅਰਧ ਸਰਕਾਰੀ ਅਦਾਰਿਆਂ ਵਿੱਚ ਕੰਮ ਕਰ ਰਹੇ ਚੌਥਾ ਦਰਜਾ ਮੁਲਾਜਮਾਂ ਨੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ ਬੜੀ ਸ਼ਰਧਾ ਨਾਲ ਯੂਨੀਅਨ ਦਫਤਰ

ਪਟਿਆਲਾ

ਰਾਜਪੁਰਾ ਕਾਲੋਨੀ ਵਿਖੇ ਵਿਸ਼ਾਲ ਇੱਕ ਇਕੱਤਰਤਾ ਕਰਕੇ ਮਨਾਇਆ ਗਿਆ। ਇਸ ਮੌਕੇ ਮੁਲਾਜਮਾਂ ਨੇ ਲੰਬਿਤ ਪਈਆਂ ਮੰਗਾਂ ਨੂੰ ਲੈ ਕੇ ਸੰਘਰਸ਼ ਕਰਨ ਦਾ ਅਹਿਦ ਕੀਤਾ। ਇਸ

ਪਾਣੀ ਨਿਕਾਸੀ ਮਾਮਲੇ 'ਚ ਬੀ ਕੇ ਯੂ ਡਕੌਂਦਾ ਵੱਲੋਂ ਏ ਡੀ ਸੀ ਵਿਕਾਸ ਦੇ ਦਫ਼ਤਰ ਦਾ ਘਿਰਾਓ

ਪਟਿਆਲਾ (ਰਾਜਿੰਦਰ ਸਿੰਘ ਥਿੰਦ)- ਵਿਧਾਨ ਸਭਾ ਹਲਕਾ ਸਮਾਣਾ ਦੇ ਪਿੰਡ ਕਲਰ ਭੈਣੀ ਚ ਗੰਦੇ ਪਾਣੀ ਦੀ ਨਿਕਾਸੀ ਨੂੰ ਲੈ ਕੇ ਮੁੱਦਾ ਗਰਮਾ ਗਿਆ ਹੈ। ਪਿੰਡ ਕੱਲਰ ਭੈਣੀ ਦੇ ਕਿਸਾਨ ਸੂਬਾ ਖਾਨ, ਮੁਸਤਾਕ ਅਲੀ, ਅਲਿਫ ਸਾਨੀ, ਬਲੀ ਖਾਨ ਨੇ ਦੋਸ਼ ਲਗਾਇਆ ਹੈ ਕਿ ਪਿੰਡ ਦੀ ਪੰਚਾਇਤ ਵੱਲੋਂ ਉਹਨਾਂ ਦੇ ਘਰਾਂ ਦੇ ਗੰਦੇ ਪਾਣੀ ਨੂੰ ਸਰਕਾਰ ਵਲੋਂ ਪਿੰਡ ਦੇ ਗੰਦੇ ਪਾਣੀ ਨੂੰ ਇਕ ਥਾਂ 'ਤੇ ਇਕੱਤਰ ਕਰਨ ਥਾਪਰ ਮਾਡਲ ਸਕੀਮ ਤਹਿਤ ਬਣਾਏ ਜਾ ਰਹੇ ਛੱਪੜ ਵਿੱਚ ਉਹਨਾਂ ਘਰਾਂ ਦਾ ਪਾਣੀ ਨਹੀ ਪਾਇਆ ਜਾ ਰਿਹਾ। ਪਿੰਡ ਦੀ ਇਸ ਸਾਂਝੀ ਸਮੱਸਿਆ ਨੂੰ ਲੈ ਕੇ ਬੀ.ਕੇ.ਯੂ ਡਕੌਂਦਾ ਵੱਲੋਂ ਡਿਪਟੀ ਕਮਿਸ਼ਨਰ ਵਿਕਾਸ ਦੇ ਦਫਤਰ ਅੱਗੇ ਰੋਸ ਮੁਜ਼ਾਹਰਾ ਕੀਤਾ ਗਿਆ। ਇਸ ਮੌਕੇ ਕਿਸਾਨ ਆਗੂ ਅਤੇ ਜ਼ਿਲ੍ਹਾ ਸਕੱਤਰ ਜਗਮੇਲ ਸਿੰਘ ਸੁਧੇਵਾਲ ਨੇ ਦੱਸਿਆ ਕਿ ਪਿੰਡ ਦੀ ਗੰਧਲੀ ਸਿਆਸਤ ਨੇ ਕੁਝ ਪਰਵਾਰਾਂ ਦਾ ਜਿਊਣਾ ਦੁੱਭਰ ਕਰ ਦਿੱਤਾ ਹੈ ਅਤੇ ਜਾਣਬੁੱਝ ਕੇ ਪੰਚਾਇਤ ਵੱਲੋਂ ਪਾਣੀ ਦੀ ਸਹੀ ਨਿਕਾਸੀ ਨਹੀਂ ਹੋਣ ਦਿੱਤੀ ਜਾ ਰਹੀ। ਜਿਸ ਦੇ ਸਬੰਧ ਵਿੱਚ

ਜਥੇਬੰਦੀ ਵੱਲੋਂ ਪੰਚਾਇਤ ਵਿਭਾਗ ਦੇ ਅਧਿਕਾਰੀਆਂ ਨੂੰ ਵਾਰ-ਵਾਰ ਮਿਲਣ ਦੇ ਬਾਵਜੂਦ ਮਸਲਾ ਜਿਓਂ ਦਾ ਤਿਓਂ ਖੜ੍ਹਾ ਹੈ। ਜਿਸ ਕਰਕੇ ਮਜਬੂਰ ਹੋ ਕੇ ਜਥੇਬੰਦੀ ਵੱਲੋਂ ਲਿਖਿਆ ਗਿਆ ਅਤੇ ਸਬੰਧਤ ਅਧਿਕਾਰੀਆਂ ਨੂੰ ਮਸਲੇ ਦਾ ਹੱਲ ਕੱਢਣ ਲਈ ਕਿਹਾ ਗਿਆ। ਇਸ ਮਸਲੇ ਸੰਬੰਧੀ ਜਦੋਂ ਏ ਡੀ ਸੀ ਵਿਕਾਸ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਇਸ ਮਸਲੇ ਨੂੰ ਹੱਲ ਕਰਨ ਲਈ ਬੀ ਡੀ ਪੀ ਓ ਪਟਿਆਲ਼ਾ ਦੀ ਡਿਊਟੀ ਲਾਗਾਈ ਗਈ ਹੈ। ਇਸ ਸੰਬੰਧੀ ਬੀ ਡੀ ਪੀ ਓ ਪਟਿਆਲ਼ਾ ਨੇ ਦੱਸਿਆ ਕਿ ਇਸ ਮਸਲੇ ਨੂੰ ਜਲਦ ਹੱਲ ਕਰਵਾ ਦਿੱਤਾ ਜਾਵੇਗਾ। ਇਸ ਧਰਨੇ ਨੂੰ ਜਿਲ੍ਹਾ ਪ੍ਰਧਾਨ ਗੁਰਬਚਨ ਸਿੰਘ, ਮੁਖਤਿਆਰ ਸਿੰਘ ਕਕੇਪੁਰ, ਜਗਮੇਲ ਸਿੰਘ ਸਿੱਧੂਪੁਰ, ਬਲਜੀਤ ਸਿੰਘ ਪੰਜੋਲਾ, ਸੂਬਾ ਖ਼ਾਨ, ਰਛਪਾਲ ਸਿੰਘ ਜੌਰੇ ਮਾਜਰਾ ਅਤੇ ਬਲਬੀਰ ਸਿੰਘ ਫੌਜੀ ਨੇ ਧਰਨੇ ਨੂੰ ਸੰਬੋਧਨ ਕੀਤਾ।

ਨਜਾਇਜ਼ ਅਸਲੇ ਤੇ ਚੋਰੀ ਦੇ ਮੋਟਰਸਾਈਕਲ ਸਮੇਤ ਕਾਬੂ

ਫਰੀਦਕੋਟ (ਐਲਿਗਜੈਂਡਰ ਡਿਸੂਜਾ)- ਜ਼ਿਲ੍ਹਾ ਫਰੀਦਕੋਟ ਪੁਲਸ ਨੇ ਅਪਰਾਧਕ ਅਨਸਰਾਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਇੱਕ ਵੱਡੀ ਸਫਲਤਾ ਹਾਸਲ ਕਰਦਿਆਂ, ਕਿਸੇ ਵੱਡੀ ਵਾਰਦਾਤ ਨੂੰ ਅੰਜਾਮ ਦੇਣ ਦੀ ਫਿਰਾਕ ਵਿੱਚ ਘੁੰਮ ਰਹੇ ਇੱਕ ਖਤਰਨਾਕ ਮੁਲਜ਼ਮ ਨੂੰ ਨਜਾਇਜ਼ ਅਸਲੇ ਅਤੇ ਚੋਰੀ ਦੇ ਮੋਟਰਸਾਈਕਲ ਸਮੇਤ ਗ੍ਰਿਫ਼ਤਾਰ ਕੀਤਾ ਹੈ। ਐਸ.ਐਸ.ਪੀ. ਫਰੀਦਕੋਟ ਡਾ. ਪ੍ਰਗਿਆ ਜੈਨ (IPS) ਨੇ ਦੱਸਿਆ ਕਿ ਪੁਲਸ ਪ੍ਰਸ਼ਾਸਨ ਜ਼ਿਲ੍ਹੇ ਨੂੰ ਸੁਰੱਖਿਅਤ ਬਣਾਉਣ ਲਈ ਵਚਨਬੱਧ ਹੈ। ਇਸੇ ਲੜੀ ਤਹਿਤ ਐਸ.ਪੀ. (ਇੰਨਵੈਸਟੀਗੇਸ਼ਨ) ਜੋਗੇਸ਼ਵਰ ਸਿੰਘ ਅਤੇ ਡੀ.ਐਸ.ਪੀ. ਅਵਤਾਰ ਸਿੰਘ ਦੀ ਅਗਵਾਈ ਹੇਠ ਸੀ.ਆਈ.ਏ. ਸਟਾਫ ਜੈਤੋ ਦੀ ਟੀਮ ਨੇ ਇਹ ਕਾਰਵਾਈ ਅਮਲ ਵਿੱਚ ਲਿਆਂਦੀ।ਸੀ.ਆਈ.ਏ. ਸਟਾਫ ਜੈਤੋ ਦੇ ਇੰਚਾਰਜ ਸਹਾਇਕ ਥਾਣੇਦਾਰ ਦਰਸ਼ਨ ਸਿੰਘ ਦੀ ਨਿਗਰਾਨੀ ਹੇਠ ਪੁਲਸ ਪਾਰਟੀ ਗਸ਼ਤ ਦੌਰਾਨ ਇਲਾਕੇ ਵਿੱਚ ਮੌਜੂਦ ਸੀ ਕਿ ਪੁਲਸ ਨੇ ਨਿਰੰਕਾਰੀ ਭਵਨ ਤੋਂ ਪਿੰਡ ਅਜਿੱਤ ਗਿੱਲ ਨੂੰ ਜਾਂਦੇ ਕੱਚੇ ਰਸਤੇ 'ਤੇ ਰੇਡ ਕਰਕੇ ਦਿਲਪ੍ਰੀਤ ਸਿੰਘ ਉਰਫ ਮਹੰਤੀ (ਵਾਸੀ ਪਿੰਡ ਕੋਹਾਰਵਾਲਾ) ਨੂੰ ਕਾਬੂ ਕੀਤਾ। ਤਲਾਸ਼ੀ ਦੌਰਾਨ ਮੁਲਜ਼ਮ ਪਾਸੋਂ 1 ਗੰਨ (12 ਬੋਰ) ਸਮੇਤ 4 ਜ਼ਿੰਦਾ ਰੌਂਦ ਬਰਾਮਦ ਹੋਏ।ਪੁਲਸ ਅਨੁਸਾਰ ਫੜਿਆ ਗਿਆ ਮੁਲਜ਼ਮ ਕੋਈ ਆਮ ਅਪਰਾਧੀ ਨਹੀਂ ਹੈ, ਸਗੋਂ ਉਸ ਦਾ ਲੰਬਾ

ਅਪਰਾਧਕ ਇਤਿਹਾਸ ਹੈ। ਮੁਲਜ਼ਮ ਖਿਲਾਫ ਪਹਿਲਾਂ ਹੀ ਚੋਰੀ, ਖੋਹ ਅਤੇ ਹੋਰ ਸੰਗੀਨ ਧਾਰਾਵਾਂ ਤਹਿਤ 13 ਮੁਕੱਦਮੇ ਦਰਜ ਹਨ ਤੇ ਉਹ ਥਾਣਾ ਜੈਤੋ ਵਿਖੇ ਸਾਲ 2021 ਵਿੱਚ ਦਰਜ ਡਕੈਤੀ ਅਤੇ ਅਸਲਾ ਐਕਟ ਦੇ ਇੱਕ ਮੁਕੱਦਮੇ ਵਿੱਚ ਕਾਫੀ ਸਮੇਂ ਤੋਂ ਭਗੌੜਾ ਚੱਲ ਰਿਹਾ ਸੀ।ਡਾ. ਪ੍ਰਗਿਆ ਜੈਨ, ਐਸ.ਐਸ.ਪੀ. ਫਰੀਦਕੋਟ ਨੇ ਕਿਹਾ ਕਿ ਅਸੀਂ ਨਜਾਇਜ਼ ਅਸਲੇ ਦੀ ਸਪਲਾਈ ਚੇਨ ਦੇ ਪੂਰੇ ਨੈੱਟਵਰਕ ਨੂੰ ਬੇਨਕਾਬ ਕਰਨ ਲਈ ਬਾਰੀਕੀ ਨਾਲ ਜਾਂਚ ਕਰ ਰਹੇ ਹਾਂ। ਕਿਸੇ ਵੀ ਸ਼ਰਾਰਤੀ ਅਨਸਰ ਨੂੰ ਬਖਸ਼ਿਆ ਨਹੀਂ ਜਾਵੇਗਾ। ਥਾਣਾ ਜੈਤੋ ਵਿਖੇ ਮੁਲਜ਼ਮ ਖਿਲਾਫ ਨਵਾਂ ਮੁਕੱਦਮਾ ਦਰਜ ਕਰ ਲਿਆ ਗਿਆ ਹੈ। ਪੁਲਿਸ ਵੱਲੋਂ ਮੁਲਜ਼ਮ ਦਾ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ।

ਐੱਸ ਡੀ ਐੱਮ ਵਾਲੀਆ ਨੇ ਪ੍ਰਸ਼ਾਸਕ ਵਜੋਂ ਸੰਭਾਲਿਆ ਅਹੁਦਾ

ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)- ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ, ਐਸ.ਡੀ.ਐਮ. ਅਮਲੋਹ ਸ ਚਰਨਜੋਤ ਸਿੰਘ ਵਾਲੀਆ ਨੇ ਨਗਰ ਕੌਂਸਲ ਮੰਡੀ ਗੋਬਿੰਦਗੜ੍ਹ ਦੇ ਪ੍ਰਸ਼ਾਸਕ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ। ਅਹੁਦਾ ਸੰਭਾਲਣ ਉਪਰੰਤ ਉਨ੍ਹਾਂ ਨੇ ਨਗਰ ਕੌਂਸਲ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਸ਼ਹਿਰ ਦੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਾਲੀਆ ਨੇ ਕਿਹਾ ਕਿ ਸ਼ਹਿਰ ਵਾਸੀਆਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਅਤੇ ਲੰਬਿਤ ਪਏ ਵਿਕਾਸ ਕਾਰਜਾਂ ਨੂੰ ਸਮੇਂ ਸਿਰ ਨੇਪਰੇ ਚਾੜ੍ਹਨਾ ਉਨ੍ਹਾਂ ਦੀ ਮੁੱਖ ਤਰਜੀਹ ਹੋਵੇਗੀ। ਉਨ੍ਹਾਂ ਕਿਹਾ ਕਿ ਸਫਾਈ ਵਿਵਸਥਾ, ਪੀਣ ਵਾਲੇ ਸਾਫ ਪਾਣੀ ਦੀ ਸਪਲਾਈ ਅਤੇ ਸਟ੍ਰੀਟ ਲਾਈਟਾਂ ਵਰਗੇ ਅਹਿਮ ਮੁੱਦਿਆਂ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ।ਇਸ ਮੌਕੇ ਯੂਨੀਅਨ ਪ੍ਰਧਾਨ ਬਿਕਾਂਤ ਵੀਰਮੀ ਨੇ ਭਰੋਸਾ ਦਿਵਾਇਆ ਕਿ ਸਮੂਹ ਕਰਮਚਾਰੀ ਸ਼ਹਿਰ ਦੀ ਬਿਹਤਰੀ ਲਈ ਪ੍ਰਸ਼ਾਸਨ ਦਾ ਪੂਰਨ ਸਹਿਯੋਗ ਕਰਨਗੇ। ਚਰਨਜੋਤ ਸਿੰਘ ਵਾਲੀਆ ਦੇ ਨਗਰ ਕੌਂਸਲ ਦਫ਼ਤਰ ਪਹੁੰਚਣ 'ਤੇ ਸਮੂਹ ਸਟਾਫ਼ ਅਤੇ ਨਗਰ ਕੌਂਸਲ ਯੂਨੀਅਨ ਆਗੂਆਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।

ਇਸ ਮੌਕੇ ਨਗਰ ਕੌਂਸਲ ਦੇ ਕਾਰਜ ਸਾਧਕ ਅਫ਼ਸਰ ਚੇਤਨ ਸ਼ਰਮਾ, ਐਸ.ਈ ਗੁਰਪ੍ਰਤਾਪ ਸਿੰਘ, ਜੇ.ਈ. ਗੌਰਵ ਧੀਰ, ਸੁਪਰਡੈਂਟ ਕਿਰਨਦੀਪ ਸਿੰਘ ਅਤੇ ਸੁਪਰਡੈਂਟ ਬਲਵਿੰਦਰ ਸਿੰਘ, ਸੁਪਰਡੈਂਟ ਸੈਨੀਟੇਸ਼ਨ ਸੰਦੀਪ ਕੁਮਾਰ, ਪਵਿੱਤਰ ਮੋਹਨ, ਅਸ਼ਵਨੀ ਕੁਮਾਰ, ਦੀਪਕ ਕੁਮਾਰ, ਅਮਰਿੰਦਰ ਸਿੰਘ ਕੰਗ, ਹਰਸ਼ਿਤ ਵਧਾਵਨ, ਰਾਕੇਸ਼ ਕੁਮਾਰ, ਇਕਬਾਲ ਸਿੰਘ, ਬਲਕਾਰ ਸਿੰਘ, ਕਮਲ ਕੁਮਾਰ, ਸੰਦੀਪ ਕੁਮਾਰ ਹਰਜੀਤ ਸਿੰਘ, ਬਿੱਟੂ ਹਾਜ਼ਰ ਸਨ।

ਪੰਜਾਬੀ ਸਾਹਿਤ ਸਭਾ ਖੰਨਾ ਦੀ ਮਹੀਨਾਵਾਰ ਮੀਟਿੰਗ

ਖੰਨਾ (ਸੁਖਵਿੰਦਰ ਸਿੰਘ ਭਾਦਲਾ)- ਪੰਜਾਬੀ ਸਾਹਿਤ ਸਭਾ ਖੰਨਾ ਦੀ ਮਹੀਨਾਵਾਰ ਮੀਟਿੰਗ ਸਭਾ ਦੇ ਪ੍ਰਧਾਨ ਨਰਿੰਦਰ ਮਣਕੂ ਅਤੇ ਸਭਾ ਦੇ ਸਰਪ੍ਰਸਤ

ਮਨਜੀਤ ਸਿੰਘ ਧੰਜਲ ਦੀ ਪ੍ਰਧਾਨਗੀ ਹੇਠ ਏ. ਐੱਸ ਸੀਨੀ ਸੈਕੰ ਸਕੂਲ ਖੰਨਾ ਵਿਖੇ ਹੋਈ। ਇਹ ਮੀਟਿੰਗ ਖਾਲ਼ਸਾ ਪੰਥ ਦੇ ਸਾਜਨਾ ਦਿਵਸ ਨੂੰ ਸਮਰਪਿਤ ਰਹੀ।ਇਸ ਇਕੱਤਰਤਾ ਵਿੱਚ ਹਾਜ਼ਰ ਸਾਹਿਤਕਾਰਾਂ ਨੇ ਸ਼੍ਰੋਮਣੀ ਬਾਲ ਸਾਹਿਤਕਾਰ ਡਾ. ਅਮਰ ਕੋਮਲ ਜਿਹੜੇ ਕਿ 93 ਸਾਲ ਦੀ ਉਮਰ ਤੱਕ ਵੀ ਪੰਜਾਬੀ ਸਾਹਿਤ ਦੀ ਸੇਵਾ ਕਰਦੇ ਰਹੇ, ਦੇ ਇਸ ਸੰਸਾਰਕ ਦੁਨੀਆ ਨੂੰ ਅਲਵਿਦਾ ਕਹਿ ਜਾਣ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ਗਿਆ। ਵਿਛੜੀ ਆਤਮਾ ਸ਼ਾਂਤੀ ਲਈ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਰਚਨਾਵਾਂ ਦੇ ਦੌਰ ਦੀ ਸ਼ੁਰੂਆਤ ਵਿੱਚ ਸਭ ਤੋਂ ਪਹਿਲਾਂ ਹਰਬੰਸ ਸਿੰਘ ਸ਼ਾਨ ਬਗਲੀ ਕਲਾਂ ਨੇ ਰਿਸ਼ਤਾ ਮਿੰਨੀ ਕਹਾਣੀ,ਮਨਜੀਤ ਸਿੰਘ ਧੰਜਲ ਨੇ ਗੀਤ ਯਾਦ ਸੁਣਾਇਆ।ਨੇਤਰ ਸਿੰਘ ਮੁੱਤੋਂ ਨੇ ਰਿਸ਼ਤਾ ਬਨਾਮ ਇੱਜ਼ਤ ਕਹਾਣੀ ,ਅਵਤਾਰ ਸਿੰਘ ਉਟਾਲਾਂ ਤੇ ਗੁਰੀ ਤੁਰਮਰੀ ਨੇ ਗੀਤ ਸੁਣਾਇਆ।ਅੰਤ ਵਿੱਚ ਨਰਿੰਦਰ ਮਣਕੂ ਨੇ ਗੀਤ ਵਿਸਾਖੀ ਸੁਣਾ ਕੇ ਵਾਹ-ਵਾਹ ਖੱਟੀ। ਸੁਣਾਈਆਂ ਗਈਆਂ ਰਚਨਾਵਾਂ 'ਤੇ ਉਸਾਰੂ ਬਹਿਸ ਹੋਈ।ਜਿਸ ਮਨਜੀਤ ਸਿੰਘ ਧੰਜਲ,ਹਰਬੰਸ ਸਿੰਘ ਸ਼ਾਨ ,ਅਵਤਾਰ ਸਿੰਘ ਉਟਾਲਾਂ ਨੇ ਭਾਗ ਲਿਆ।ਸਭਾ ਦੇ ਪ੍ਰਧਾਨ ਨਰਿੰਦਰ ਮਣਕੂ ਨੇ ਪਹੁੰਚੇ ਸਾਹਿਤਕਾਰਾਂ ਦਾ ਧੰਨਵਾਦ ਕੀਤਾ।ਸਭਾ ਦੀ ਕਾਰਵਾਈ ਗੁਰੀ ਤੁਰਮਰੀ ਨੇ ਖੂਬ ਨਿਭਾਈ।

ਗੋਲਡੀ ਨੇ ਸਮਾਧ ਬਾਬਾ ਸਰੂਪ ਦਾਸ ਵਿਖੇ ਲਗਵਾਈ ਹਾਜ਼ਰੀ

ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ) - ਵਿਸਾਖੀ ਦੇ ਪਵਿੱਤਰ ਦਿਹਾੜੇ ਅਤੇ ਖਾਲਸਾ ਪੰਥ ਦੇ ਸਾਜਨਾ ਦਿਵਸ ਮੌਕੇ ਜਲਾਲਾਬਾਦ ਦੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਵੱਲੋਂ

ਇਲਾਕੇ ਦੇ ਪ੍ਰਸਿੱਧ ਡੇਰਾ ਬਾਬਾ ਸਰੂਪ ਦਾਸ ਵਿਖੇ ਨਤਮਸਤਕ ਹੋ ਕੇ ਗੁਰੂ ਚਰਨਾਂ 'ਚ ਹਾਜ਼ਰੀ ਲਗਵਾਈ ਗਈ। ਇਸ ਮੌਕੇ ਉਨ੍ਹਾਂ ਨੇ ਡੇਰੇ ਦੇ ਵਿਕਾਸ ਲਈ ਵੱਡੇ ਕਾਰਜਾਂ ਦੀ ਸ਼ੁਰੂਆਤ ਵੀ ਕੀਤੀ। ਵਿਸਾਖੀ ਮੌਕੇ ਸਮਾਧ ਵਿਖੇ ਸਾਲਾਨਾ ਜੋੜ ਮੇਲਾ ਕਰਵਾਇਆ ਗਿਆ ਜਿਸ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਵਿਧਾਇਕ ਗੋਲਡੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਗੁਰੂ ਜੀ ਦਾ ਆਸ਼ੀਰਵਾਦ ਹਾਸਲ ਕੀਤਾ। ਇਸ ਮੌਕੇ ਸੰਗਤਾਂ ਦੀ ਸਹੂਲਤ ਨੂੰ ਮੁੱਖ ਰੱਖਦੇ ਹੋਏ ਵਿਧਾਇਕ ਵੱਲੋਂ ਡੇਰੇ ਨੂੰ ਜਾਣ ਵਾਲੀ ਸੜਕ ਨੂੰ ਪੱਕਾ ਕਰਨ ਦਾ ਨੀਂਹ ਪੱਥਰ ਰੱਖਿਆ ਗਿਆ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਕਿਹਾ ਕਿ ਵਿਸਾਖੀ ਦਾ ਤਿਉਹਾਰ ਸਾਡੀ ਕਿਸਾਨੀ ਅਤੇ ਸਿੱਖ ਇਤਿਹਾਸ ਨਾਲ ਗਹਿਰਾ ਸਬੰਧ ਰੱਖਦਾ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਹਲਕੇ ਦੇ ਧਾਰਮਿਕ ਅਸਥਾਨਾਂ ਦੇ ਵਿਕਾਸ ਵਿੱਚ ਕੋਈ ਕਮੀ ਨਹੀਂ ਛੱਡੀ ਜਾਵੇਗੀ। ਇਸ ਮੌਕੇ ਡੇਰੇ ਦੇ ਮੁੱਖ ਸੇਵਾਦਾਰ ਰਾਜਾ ਮਹੰਤ ਵੱਲੋਂ ਵਿਧਾਇਕ ਜਗਦੀਪ ਕੰਬੋਜ ਗੋਲਡੀ ਅਤੇ ਆੜ੍ਹਤੀ ਯੂਨੀਅਨ ਦੇ ਪ੍ਰਧਾਨ ਮਨਜੀਤ ਸਿੰਘ ਦਰਗਨ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

ਨਮੀ ਤੇ ਮਰੇ ਦਾਣੇ ਦਾ ਬਹਾਨਾ ਬਣਾ ਕਿਸਾਨਾਂ ਨੂੰ ਕੀਤਾ ਜਾ ਰਿਹਾ ਖੱਜਲ-ਖੁਆਰ : ਕਲੀਪੁਰ

ਬੁਢਲਾਡਾ, (ਅਸ਼ੋਕ ਲਾਕੜਾ)- ਸਾਬਕਾ ਚੇਅਰਮੈਨ ਮਾਰਕਿਟ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਬੱਲਮ ਸਿੰਘ ਕਲੀਪੁਰ ਨੇ ਦੋਸ਼ ਲਗਾਇਆ ਹੈ ਕਿ ਹਲਕੇ ਦੇ ਵੱਖ-ਵੱਖ ਖਰੀਦ ਕੇਂਦਰਾਂ ਵਿੱਚ ਨਮੀ ਅਤੇ ਮਰੇ ਦਾਣੇ ਅਤੇ ਕੁਆਲਟੀ ਦਾ ਬਹਾਨਾ ਬਣਾ ਕੇ ਕਿਸਾਨਾਂ ਨੂੰ ਜਾਣਬੁੱਝ ਕੇ ਖੱਜਲ-ਖੁਆਰ ਕੀਤਾ ਜਾ ਰਿਹਾ ਹੈ ਅਤੇ ਉਨ੍ਹਾਂ ਦੀ ਕਣਕ ਦੀ ਖਰੀਦ ਰੋਕੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਬੋਹਾ, ਬੁਢਲਾਡਾ, ਬਰੇਟਾ ਸਮੇਤ ਵੱਖ-ਵੱਖ ਮੰਡੀਆਂ ਵਿੱਚ ਕਣਕ ਦੀ ਖਰੀਦ ਪ੍ਰਕਿਰਿਆ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ ਪਈ ਹੈ ਅਤੇ ਕਿਸਾਨ ਕਈ ਕਈ ਦਿਨਾਂ ਤੋਂ ਆਪਣੀ ਫਸਲ ਲੈ ਕੇ ਮੰਡੀਆਂ ਵਿੱਚ ਬੈਠੇ ਹਨ।ਉਨ੍ਹਾਂ ਕਿਹਾ ਕਿ ਖਰੀਦ ਏਜੰਸੀਆਂ ਵੱਲੋਂ ਨਾਂ-ਮਾਤਰ ਖਰੀਦ ਕੀਤੀ ਜਾ ਰਹੀ ਹੈ ਅਤੇ ਮੰਡੀਆਂ ਵਿੱਚ ਕਣਕ ਦੇ ਢੇਰ ਲੱਗੇ ਹੋਏ ਹਨ। ਮਰੇ ਦਾਣੇ ਅਤੇ ਕਾਲੇ ਦਾਣੇ ਦੇ ਨਾਮ 'ਤੇ ਬੇਵਜ੍ਹਾ ਇਤਰਾਜ਼ ਲਗਾ ਕੇ ਕਿਸਾਨਾਂ ਦੀ ਫਸਲ ਰੋਕੀ ਜਾ ਰਹੀ ਹੈ, ਜਦਕਿ 12 ਫੀਸਦੀ ਨਮੀ ਵਾਲੀ ਕਣਕ ਖਰੀਦਣ ਤੋਂ ਵੀ ਇਨਕਾਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਬੇਮੌਸਮੀ ਬਾਰਿਸ਼ ਤੋਂ ਬਾਅਦ ਨਮੀ ਵਧਣਾ ਕੁਦਰਤੀ ਗੱਲ ਹੈ ਪਰ ਸਰਕਾਰ ਕਿਸਾਨਾਂ ਨੂੰ ਰਾਹਤ ਦੇਣ ਦੀ ਬਜਾਏ ਹੋਰ ਤੰਗ ਕਰ ਰਹੀ ਹੈ।ਕਲੀਪੁਰ ਨੇ ਕਿਹਾ ਕਿ ਖਰੀਦ ਇੰਸਪੈਕਟਰਾਂ ਨੂੰ ਕੇਵਲ ਖਾਨਾਪੂਰਤੀ ਲਈ ਮੰਡੀਆਂ ਵਿੱਚ ਭੇਜਿਆ ਜਾ ਰਿਹਾ ਹੈ ਜਦਕਿ ਜ਼ਬਾਨੀ ਤੌਰ 'ਤੇ ਸਰਕਾਰ ਵੱਲੋਂ ਖਰੀਦ ਰੋਕੀ ਹੋਈ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਰ ਸਮੇਂ ਕਿਸਾਨਾਂ ਦੇ ਨਾਲ ਡਟ ਕੇ ਖੜ੍ਹਾ ਹੈ ਅਤੇ ਕਿਸਾਨ ਹਿੱਤਾਂ ਲਈ ਹਰ ਮੋਰਚੇ 'ਤੇ ਲੜਦਾ ਰਹੇਗਾ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਤੁਰੰਤ ਖਰੀਦ ਪ੍ਰਕਿਰਿਆ ਵਿੱਚ ਸੁਧਾਰ ਨਾ ਕੀਤਾ ਗਿਆ ਤਾਂ ਅਕਾਲੀ ਦਲ ਹਲਕਾ ਇੰਚਾਰਜ ਡਾਕਟਰ ਨਿਸ਼ਾਨ ਸਿੰਘ ਦੀ ਅਗਵਾਈ ਹੇਠ ਕਿਸਾਨਾਂ ਨਾਲ ਮੰਡੀਆਂ ਵਿੱਚ ਹਰ ਤਰ੍ਹਾਂ ਦੇ ਸੰਘਰਸ਼ ਲਈ ਤਿਆਰ ਬਰ ਤਿਆਰ ਰਹੇਗਾ।

ਵਿਸਾਖੀ ਦਿਹਾੜੇ ਮੌਕੇ ਲੂਥਰਾ ਪਰਿਵਾਰ ਵੱਲੋਂ ਲੰਗਰ ਲਗਾਇਆ ਗਿਆ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)- ਸਥਾਨਕ ਰਾਹੋਂ ਰੋਡ 'ਤੇ ਇਲਾਕੇ ਦੇ ਪ੍ਰਸਿੱਧ ਕਾਰੋਬਾਰੀ ਤੇ ਸਮਾਜ ਸੇਵੀ ਲੂਥਰਾ ਪਰਿਵਾਰ ਵਲੋਂ ਵਿਸਾਖੀ ਦੇ ਪਵਿੱਤਰ ਦਿਹਾੜੇ 'ਤੇ ਇਤਿਹਾਸਕ ਸ਼ਹਿਰ ਮਾਛੀਵਾੜਾ ਸਾਹਿਬ ਵਿਖੇ ਗੁਰਦੁਆਰਾ ਸਾਹਿਬਾਨਾਂ 'ਚ ਦਰਸ਼ਨਾਂ ਲਈ ਆਈਆਂ ਸੰਗਤਾਂ ਲਈ ਲੰਗਰ ਵਰਤਾਇਆ ਗਿਆ। ਸਵੇਰੇ

ਬਾਬਾ ਵਰਿੰਦਰ ਵਾਸੂ ਵਲੋਂ ਸਰਬੱਤ ਦੇ ਭਲੇ ਦੀ ਅਰਦਾਸ ਕਰਨ ਉਪਰੰਤ ਲੰਗਰ ਦੀ ਸ਼ੁਰੂਆਤ ਕਰਵਾਈ। ਸੰਗਤਾਂ ਨੂੰ ਵੱਖ-ਵੱਖ ਪਕਵਾਨਾਂ ਦੇ ਲੰਗਰ ਵਰਤਾਏ ਗਏ ਅਤੇ ਲੂਥਰਾ ਪਰਿਵਾਰ ਵਲੋਂ ਬੜੀ ਸ਼ਰਧਾ ਨਾਲ ਸੰਗਤ ਦੀ ਸੇਵਾ ਕੀਤੀ।

ਪਸ਼ਪਿੰਦਰ ਸਿੰਘ ਸੰਧੂ ਕਾਂਗਰਸ ਪਾਰਟੀ ਦੇ ਬਲਾਕ ਮਮਦੋਟ ਦੇ ਸ਼ਹਿਰੀ ਪ੍ਰਧਾਨ ਨਿਯੁਕਤ

ਮਮਦੋਟ (ਹਰਪਾਲ ਸਿੰਘ ਸੋਢੀ)- ਪੰਜਾਬ ਕਾਂਗਰਸ ਪਾਰਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਜਾਰੀ ਕੀਤੀ ਗਈ ਬਲਾਕ ਪ੍ਰਧਾਨਾਂ ਦੀ ਲਿਸਟ 'ਚ ਹਲਕਾ ਫਿਰੋਜ਼ਪੁਰ ਦਿਹਾਤੀ ਦੇ ਬਲਾਕ ਮਮਦੋਟ ਦੇ ਸੀਨੀਅਰ ਕਾਂਗਰਸੀ ਆਗੂ ਪੁਸ਼ਪਿੰਦਰ ਸਿੰਘ ਸੰਧੂ ਨੂੰ ਬਲਾਕ



ਮਮਦੋਟ ਦੇ ਸ਼ਹਿਰੀ ਪ੍ਰਧਾਨ ਨਿਯੁਕਤ ਕੀਤੇ ਜਾਣ 'ਤੇ ਵਰਕਰਾਂ ਵਿੱਚ ਖੁਸ਼ੀ ਦਾ ਮਾਹੌਲ ਹੈ। ਇਸ ਨਿਯੁਕਤੀ 'ਤੇ ਫਿਰੋਜ਼ਪੁਰ ਦਿਹਾਤੀ ਤੋਂ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਆਸ਼ੂ ਬਾਂਗੜ ਅਤੇ ਉਨ੍ਹਾਂ ਦੀ ਧਰਮ ਪਤਨੀ ਸੀਨੀਅਰ ਆਗੂ ਬੀਬਾ ਬਲਜੀਤ ਕੌਰ ਬੰਗੜ ਵੱਲੋਂ ਪਸ਼ਪਿੰਦਰ ਸਿੰਘ ਦੇ ਬਲਾਕ ਮਮਦੋਟ ਦੇ ਸ਼ਹਿਰੀ ਪ੍ਰਧਾਨ ਬਣਨ 'ਤੇ ਵਧਾਈਆਂ ਦਿੰਦਿਆ ਕਿਹਾ ਕਿ ਇਸ ਨਿਯੁਕਤੀ ਨਾਲ ਹਲਕੇ 'ਚ ਕਾਂਗਰਸੀ ਪਾਰਟੀ ਪਹਿਲਾਂ ਨਾਲੋਂ ਹੋਰ ਮਜ਼ਬੂਤ ਹੋਵੇਗੀ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਨਵਨਿਯੁਕਤ ਪ੍ਰਧਾਨ ਪਸ਼ਪਿੰਦਰ ਸਿੰਘ ਸੰਧੂ ਨੇ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਜ਼ਿਲ੍ਹਾ ਪ੍ਰਧਾਨ ਕੁਲਬੀਰ ਸਿੰਘ ਜ਼ੀਰਾ, ਹਲਕਾ ਇੰਚਾਰਜ ਆਸ਼ੂ ਬੰਗੜ ਅਤੇ ਜ਼ਿਲ੍ਹਾ ਵਾਈਸ ਪ੍ਰਧਾਨ ਬਲਜੀਤ ਕੌਰ ਬੰਗੜ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਪਾਰਟੀਆਂ ਨੂੰ ਬੁਲੰਦੀਆਂ 'ਤੇ ਪਹੁੰਚਾਉਣ ਲਈ ਦਿਨ ਰਾਤ ਮਿਹਨਤ ਕਰਨਗੇ।

ਮਰਦਮਸ਼ੁਮਾਰੀ 'ਚ ਡਿਊਟੀਆਂ ਕਾਰਨ ਸਕੂਲ ਅਧਿਆਪਕਾਂ ਤੋਂ ਹੋਣਗੇ ਸੱਖਣੇ : ਆਗੂ

ਮਾਨਸਾ (ਆਤਮਾ ਸਿੰਘ ਪਮਾਰ)- ਨਵੇਂ ਸੈਸ਼ਨ ਦੀ ਸ਼ੁਰੂਆਤ 'ਚ ਹੀ ਸਰਕਾਰ ਨੇ ਅਧਿਆਪਕਾਂ ਨੂੰ ਵਿਦਿਆਰਥੀਆਂ ਤੋਂ ਦੂਰ ਕਰ ਦਿੱਤਾ ਹੈ । ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਅਤੇ ਸੂਬਾ ਜਨਰਲ ਸਕੱਤਰ ਰੇਸ਼ਮ ਸਿੰਘ ਬਠਿੰਡਾ ਦੀ ਅਗਵਾਈ ਵਿੱਚ ਡੀ ਟੀ ਐਫ਼ ਜਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਅਤੇ ਹਰਜਿੰਦਰ ਅਨੂਪਗੜ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਈ ਮਹੀਨੇ ਸ਼ੁਰੂ ਹੋਣ ਵਾਲੀ ਮਰਦਮਸ਼ੁਮਾਰੀ 'ਚ ਵੱਡੀ ਗਿਣਤੀ ਅਧਿਆਪਕਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਹਨ । ਮਰਦਮਸ਼ੁਮਾਰੀ ਦਾ ਇਹ ਕੰਮ ਫਰਵਰੀ 2027 ਤੱਕ ਚੱਲੇਗਾ। ਜਿਸ ਕਾਰਨ ਅਧਿਆਪਕ ਅਪ੍ਰੈਲ ਮਹੀਨੇ ਤੋਂ ਹੀ ਮਰਦਮਸ਼ੁਮਾਰੀ ਦੀਆਂ ਟ੍ਰੇਨਿੰਗਾਂ 'ਚ ਉਲਝ ਕੇ ਸਕੂਲਾਂ ਤੋਂ ਦੂਰ ਹੋ ਜਾਣਗੇ ।ਅਧਿਆਪਕ ਆਗੂਆਂ ਨੇ ਕਿਹਾ ਕਿ ਇਸ ਤੋਂ ਪਹਿਲਾਂ ਬੀ ਐੱਲ ਓ ਲੱਗੇ ਵੱਡੀ ਗਿਣਤੀ ਅਧਿਆਪਕਾਂ ਨੂੰ ਐੱਸ ਆਈ ਆਰ ਸਰਵੇ ਲਈ ਸਕੂਲਾਂ ਤੋਂ ਬਾਹਰ ਵੋਟ ਸੁਧਾਈ ਅਤੇ ਵੋਟਾਂ ਬਣਾਉਣ ਦੇ ਕੰਮਾਂ 'ਚ ਲਗਾ ਰੱਖਿਆ ਹੈ ।ਡੀ ਟੀ ਐਫ਼ ਦੇ ਸੀਨੀਅਰ ਮੀਤ ਪ੍ਰਧਾਨ ਰਾਜਵਿੰਦਰ ਸਿੰਘ ਬੈਹਣੀਵਾਲ,ਮੀਤ ਪ੍ਰਧਾਨ ਨਵੀਨ ਗੋਇਲ ਬੋਹਾ,ਗੁਰਬਚਨ ਹੀਰੇਵਾਲਾ, ਗੁਰਪ੍ਰੀਤ ਭੀਖੀ, ਨਿਧਾਨ ਸਿੰਘ, ਸ਼ਿੰਗਾਰਾ ਸਿੰਘ, ਤਰਸੇਮ ਬੋੜਾਵਾਲ, ਹਰਫੂਲ ਸਿੰਘ, ਰਾਜਿੰਦਰਪਾਲ ਸਿੰਘ ਨੇ ਸਰਕਾਰ ਤੋਂ ਮੰਗ ਕੀਤੀ ਕਿ ਮਰਦਮਸ਼ੁਮਾਰੀ ਦਾ ਕੰਮ ਕੇਂਦਰ ਸਰਕਾਰ ਦਾ ਹੈ ਇਸ ਲਈ ਇਸ ਕੰਮ 'ਚ ਸਾਰੇ ਵਿਭਾਗਾਂ ਦੀਆਂ ਡਿਊਟੀਆਂ ਅਨੁਪਾਤ ਅਨੁਸਾਰ ਲਗਾਈਆਂ ਜਾਣ । ਜਿਥੋਂ ਤੱਕ ਸੰਭਵ ਹੋ ਸਕੇ ਅਧਿਆਪਕਾਂ ਨੂੰ ਇਸ ਡਿਊਟੀ ਤੋਂ ਛੋਟ ਦਿੱਤੀ ਜਾਵੇ। ਇਸ ਮੌਕੇ ਦਮਨਜੀਤ ਸਿੰਘ, ਮਨਦੀਪ ਕੋਟਲੀ, ਸਿਕੰਦਰ ਕੋਟਲੀ,ਕੁਲਦੀਪ ਅੱਕਾਂਵਾਲੀ,ਜਰਨੈਲ ਬੋਹਾ,ਸੰਦੀਪ ਚਹਿਲ ਉਡੱਤ,ਗੁਰਮੇਲ ਸਿੰਘ ਬੋਹਾ, ਅਜੈ ਕੁਮਾਰ ਬੋਹਾ, ਪਰਸ਼ੋਤਮ ਜੰਡੂ, ਕੁਲਜੀਤ ਪਾਠਕ, ਬਰਨਾਲਾ, ਚਰਨਪਾਲ ਸਿੰਘ,ਜਸਵਿੰਦਰ ਹਾਕਮਵਾਲਾ,ਨਰੰਜਣ ਮਾਨਸਾ ਬਲਕਾਰ ਸਿੰਘ,ਰਾਜਿੰਦਰ ਸਿੰਘ ਐਚ ਟੀ, ਸੁਖਚੈਨ ਸੇਖੋਂ, ਮੱਘਰ ਸਿੰਘ,ਜਸਪਰੀਤ ਘੁਰਕਣੀ,ਜਗਪਾਲ ਸਿੰਘ, ਅਰਵਿੰਦਰ ਸਿੰਘ,ਅਮਨਦੀਪ ਕੌਰ, ਬੇਅੰਤ ਕੌਰ, ਖੁਸ਼ਵਿੰਦਰ ਕੌਰ , ਅਮਰਪ੍ਰੀਤ ਕੌਰ,ਨਿਰਲੇਪ ਕੌਰ,ਮਨਵੀਰ ਕੌਰ, ਗੁਰਜੀਤ ਮਾਨਸਾ,ਅਮਰਜੀਤ ਸਿੰਘ, ਸੁਖਵਿੰਦਰ ਗਾਮੀਵਾਲਾ, ਆਦਿ ਅਧਿਆਪਕ ਆਗੂ ਵੀ ਹਾਜ਼ਰ ਸਨ।

ਫਸਲਾਂ ਦੇ ਮੁਆਵਜ਼ੇ ਲਈ ਡੀ ਸੀ ਦਫ਼ਤਰ ਅੱਗੇ ਧਰਨਾ ਅੱਜ

ਦੋਰਾਹਾ (ਹਰਮਿੰਦਰ ਸੇਠ)- ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਲੁਧਿਆਣਾ ਦੇ ਜਨਰਲ ਸਕੱਤਰ ਸੁਦਾਗਰ ਸਿੰਘ ਘੁਡਾਣੀ ਤੇ ਸਹਾਇਕ ਸਕੱਤਰ ਹਰਜੀਤ ਸਿੰਘ

ਘਲੋਟੀ ਨੇ ਮੰਡੀ ਦੋਰਾਹਾ, ਪਾਇਲ ਤੇ ਫੋਕਲ ਪੁਆਇੰਟ ਘਲੋਟੀ ਦਾ ਦੌਰਾ ਕਰਨ ਉਪਰੰਤ ਦੱਸਿਆ ਕਿ ਕਿਸਾਨ ਤਿੰਨ ਚਾਰ ਦਿਨਾਂ ਤੋਂ ਮੰਡੀਆਂ ਵਿੱਚ ਬੈਠੇ ਸਰਕਾਰੀ ਖਰੀਦ ਦੀ ਉਡੀਕ ਕਰ ਰਹੇ ਹਨ ਤੇ ਹਾਲੇ ਤੱਕ ਮੰਡੀਆਂ ਵਿੱਚ ਵਾਰਦਾਨਾ ਵੀ ਪੂਰਾ ਨਹੀਂ ਪਹੁੰਚਿਆ। ਅੱਜ ਵੱਖ ਵੱਖ ਮੰਡੀਆਂ ਦੀ ਦੌਰੇ ਦੌਰਾਨ ਆਗੂਆਂ ਕਿਹਾ ਕਿ ਸਰਕਾਰ ਵੱਲੋਂ ਨਵੀਆਂ ਨਵੀਆਂ ਸ਼ਰਤਾਂ ਮੜ੍ਹ ਕੇ ਕਣਕ ਦੀ ਫਸਲ ਨੂੰ ਜਾਣਬੁੱਝ ਕੇ ਮੰਡੀਆਂ ਵਿੱਚ ਰੋਲਿਆ ਜਾ ਰਿਹਾ ਹੈ ਤੇ ਕਿਸਾਨਾਂ ਨੂੰ ਪਰੇਸ਼ਾਨ ਕੀਤਾ ਜਾ ਰਿਹਾ ਹੈ। ਦੋਰਾਹਾ ਮੰਡੀ 'ਚ ਆਮਦ 3600 ਕੁਇੰਟਲ ਤੇ ਖ਼ਰੀਦ 1117 ਕੁਇੰਟਲ, ਪਾਇਲ 14000 ਕੁਇੰਟਲ ਤੇ ਖ਼ਰੀਦ 9782 ਕੁਇੰਟਲ ਤੇ ਘਲੋਟੀ ਵਿਖੇ ਆਮਦ 1600 ਤੇ ਖ਼ਰੀਦ 857 ਕੁਇੰਟਲ ਹੋਈ ਹੈ ਪਰ ਹੁਣ ਮੰਡੀਆਂ ਵਿੱਚ ਢੇਰ ਲੱਗ ਗਏ ਹਨ, ਜਿਸ ਖਿਲਾਫ 16 ਅਪ੍ਰੈਲ ਨੂੰ ਡੀਸੀ ਦਫਤਰ ਅੱਗੇ ਧਰਨਾ ਵੀ ਦਿੱਤਾ ਜਾ ਰਿਹਾ ਹੈ।ਆਗੂਆਂ ਕਿਹਾ ਕਿ ਨਵੀਆਂ ਸ਼ਰਤਾਂ ਲਾ ਕੇ ਫਸਲ ਖਰੀਦਣ ਤੋਂ ਸਰਕਾਰ ਆਨਾਕਾਨੀ ਕਰ ਰਹੀ ਹੈ। ਸਰਕਾਰੀ ਖਰੀਦ ਨੂੰ ਨਿਰਵਿਘਨ ਚਾਲੂ ਕਰਾਉਣ ਲਈ, ਫਸਲਾਂ ਦੇ ਹੋਏ ਨੁਕਸਾਨ ਦਾ ਮੁਆਵਜ਼ਾ ਲੈਣ ਲਈ ਕੱਲ੍ਹ ਡੀਸੀ ਦਫਤਰ ਵਿਖੇ ਧਰਨੇ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਵੀ ਕੀਤੀ ਤਾਂ ਜੋ ਸਰਕਾਰ ਪੀੜਤ ਪਰਵਾਰਾਂ ਦੇ ਮੁਆਵਜ਼ੇ ਦਾ ਫੌਰੀ ਹੱਲ ਕਰੇ ਤੇ ਮੜ੍ਹੀਆਂ ਸ਼ਰਤਾਂ ਨੂੰ ਖ਼ਤਮ ਕਰਕੇ ਸਰਕਾਰੀ ਖ਼ਰੀਦ ਨਿਰਵਿਘਨ ਚਾਲੂ ਕਰੇ। ਕਿਸਾਨਾਂ ਦੀਆਂ ਫਸਲਾਂ ਨੂੰ ਘੱਟ ਭਾਅ ਦੇਣਾ ਕਦਾਚਿੱਤ ਬਰਦਾਸ਼ਤ ਨਹੀ ਕਰਨਗੇ।

ਝਾੜ ਸਾਹਿਬ ਕਾਲਜ ਦੇ ਕਿੱਤਾ ਮੁਖੀ ਕੋਰਸ ਬਣੇ ਖਿੱਚ ਦਾ ਕੇਂਦਰ

ਸਮਰਾਲਾ, (ਸੁਰਜੀਤ ਸਿੰਘ) - ਪੇਂਡੂ ਇਲਾਕੇ ਦੀ ਲੜਕੀਆਂ ਦੀ ਪੜ੍ਹਾਈ ਲਈ ਇੱਕੋ ਇੱਕ ਨਾਮਵਰ ਸਿੱਖਿਆ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ, ਝਾੜ ਸਾਹਿਬ ਵਿੱਚ ਚਲ ਰਹੇ ਕੀਤਾ ਮੁਖੀ ਕੋਰਸ ਨਵੇਂ ਵਿਦਿਅਕ ਸੈਸ਼ਨ ਦੀ ਸ਼ੁਰੂਆਤ ਵਿਚ ਨਵਾਂ ਦਾਖਲਾ ਲੈਣ ਵਾਲੀ ਵਿਦਿਆਰਥਣਾਂ ਵਿਚ ਖਿੱਚ ਦਾ ਕੇਂਦਰ ਬਣੇ ਹੋਏ ਹਨ। ਪ੍ਰਿੰਸੀਪਲ ਡਾ ਰਾਜਿੰਦਰ ਕੌਰ ਨੇ ਦੱਸਿਆ ਕਿ ਕਾਲਜ ਵਿੱਚ ਅਕਾਦਮਿਕ ਪੜ੍ਹਾਈ ਦੇ ਨਾਲ ਨਾਲ ਕਿੱਤਾ ਮੁਖੀ ਕੋਰਸ ਸਫਲਤਾ ਪੂਰਬਕ ਚਲ ਰਹੇ ਹਨ, ਜਿਹਨਾਂ ਲਈ ਨਵਾਂ

ਦਾਖਲਾ ਲੈਣ ਵਾਲੀਆਂ ਵਿਦਿਆਰਥਣਾਂ ਵਿਚ ਕਾਫੀ ਉਤਸਾਹ ਦੇਖਣ ਨੂੰ ਮਿਲ ਰਿਹਾ ਹੈ। ਉਹਨਾਂ ਦੱਸਿਆ ਕਿ ਪਿਛਲੇ ਸਮਿਆਂ ਦੌਰਾਨ ਕਾਲਜ ਵਿਚ ਬਹੁਤ ਸਾਰੀਆਂ ਨੈਸ਼ਨਲ ਅਤੇ ਮਲਟੀ ਨੈਸ਼ਨਲ ਕੰਪਨੀਆਂ ਨੇ ਆ ਕੇ ਨੌਕਰੀਆਂ ਲਈ ਯੋਗ ਵਿਦਿਆਰਥਣਾਂ ਦੀ ਚੋਣ ਕੀਤੀ ਅਤੇ ਉਹਨਾਂ ਨੂੰ ਅਕਾਦਮਿਕ ਡਿਗਰੀਆਂ ਮੁਕੰਮਲ ਕਰਦਿਆਂ ਸਾਰ ਹੀ ਚੰਗੀ ਨੌਕਰੀਆਂ ਮਿਲ ਗਈਆਂ। ਡਾ ਰਾਜਿੰਦਰ ਕੌਰ ਨੇ ਕਿਹਾ ਕਿ ਉਹਨਾਂ ਦਾ ਮੁੱਖ ਮਕਸਦ ਹੈ ਕਿ ਵਿਦਿਆਰਥੀ ਆਪਣੀ ਪੜ੍ਹਾਈ ਪੂਰੀ ਕਰਨ ਉਪਰੰਤ ਖੁਦ ਆਪਣੇ ਪੈਰਾਂ 'ਤੇ ਖੜਾ ਹੋ ਕੇ ਰੋਜ਼ਗਾਰ ਪ੍ਰਾਪਤੀ ਦੇ ਕਾਬਲ ਹੋਵੇ।

ਬਾਵਾ ਸ਼ਾਂਤੀ ਨਾਥ ਦੀ ਬਰਸੀ ਸ਼ਰਧਾ ਨਾਲ ਮਨਾਈ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ) - ਸਥਾਨਕ ਵਿਸ਼ਵਕਰਮਾ ਮੰਦਰ ਵਿਖੇ ਬਾਵਾ ਸ਼ਾਂਤੀ ਨਾਥ ਦੀ 40ਵੀਂ ਬਰਸੀ ਸ਼ਰਧਾਲੂਆਂ ਵਲੋਂ ਬੜੀ ਹੀ ਸ਼ਰਧਾ ਨਾਲ ਮਨਾਈ ਗਈ। ਸਵੇਰੇ ਮੰਦਰ ਵਿਚ ਸ਼ਰਧਾਲੂਆਂ ਵਲੋਂ ਬਾਵਾ ਜੀ ਦੀ ਪਵਿੱਤਰ ਮੂਰਤੀ ਦਾ ਇਸ਼ਨਾਨ ਕਰਵਾਇਆ ਗਿਆ ਅਤੇ ਫਿਰ ਹਵਨ ਯੱਗ ਦੌਰਾਨ ਅਹੂਤੀ ਪਾਈ ਗਈ। ਸ਼ਰਧਾਲੂਆਂ ਵਲੋਂ ਬਾਵਾ ਸ਼ਾਂਤੀ ਨਾਥ ਦੀ ਮੂਰਤੀ ਦੀ ਪੂਜਾ ਅਰਚਨਾ ਕੀਤੀ ਗਈ ਅਤੇ ਉਨ੍ਹਾਂ ਦੇ ਚਰਨਾਂ ਵਿਚ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਇਸ ਮੌਕੇ ਸ਼ਰਧਾਲੂ ਔਰਤਾਂ

ਵਲੋਂ ਭਜਨ ਕੀਰਤਨ ਕੀਤਾ ਗਿਆ। ਇਸ ਮੌਕੇ ਪ੍ਰਧਾਨ ਗੁਰਚਰਨ ਸਿੰਘ ਜਾਂਗੜਾ, ਹਰਪ੍ਰੀਤ ਸਿੰਘ, ਪੰਡਿਤ ਦੁਆਰਕਾ ਪ੍ਰਸ਼ਾਦ, ਮਹਿੰਦਰ ਕੁਮਾਰ ਗੁਲਾਟੀ, ਰਜਿੰਦਰ ਸਚਦੇਵਾ, ਮਹੇਸ਼ ਕੁਮਾਰ ਗੁਲਾਟੀ, ਵੀਰ ਦੱਤ, ਸ਼ਾਮ ਸੁੰਦਰ, ਰਜੀਵ ਕੁਮਾਰ, ਮਾਗੀ ਰਾਮ ਸਚਦੇਵਾ, ਅੰਗਦ ਸਚਦੇਵਾ, ਅਮਨ ਸਚਦੇਵਾ, ਸੰਜੀਵ ਨਾਗਪਾਲ, ਧਰਮਪਾਲ ਗੰਢਾ, ਰਾਜਨ ਗੁਲਾਟੀ,, ਲਾਲਾ ਲੀਹਲ ਵੀ ਮੌਜੂਦ ਸਨ। ਆਈ ਸੰਗਤ ਲਈ ਅਤੁੱਟ ਲੰਗਰ ਵੀ ਵਰਤਾਇਆ ਗਿਆ।

ਗਰੀਨ ਵੈਲੀ ਸਕੂਲ ਕੋਲ ਲੱਗੀ ਭਿਆਨਕ ਅੱਗ

ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)- ਰਣਸੀਂਹ ਖੁਰਦ ਵਿਖੇ ਗਰੀਨ ਵੈਲੀ ਸਕੂਲ ਦੇ ਨੇੜੇ ਅਚਾਨਕ ਲੱਗੀ ਭਿਆਨਕ ਅੱਗ ਨਾਲ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ। ਅੱਗ ਨੇ ਕੁਝ ਸਮੇਂ ਵਿੱਚ ਹੀ ਭਿਆਨਕ ਰੂਪ ਧਾਰ ਲਿਆ ਅਤੇ ਨੇੜਲੇ ਖੇਤਾਂ ਅਤੇ ਘਰਾਂ ਵੱਲ ਫੈਲਣ ਦਾ ਖਤਰਾ ਪੈਦਾ ਹੋ ਗਿਆ।ਘਟਨਾ ਦੀ



ਜਾਣਕਾਰੀ ਮਿਲਦਿਆਂ ਹੀ ਪਿੰਡ ਦੇ ਲੋਕ ਵੱਡੀ ਗਿਣਤੀ ਵਿੱਚ ਮੌਕੇ 'ਤੇ ਇਕੱਠੇ ਹੋ ਗਏ ਅਤੇ ਆਪਣੇ ਪੱਧਰ 'ਤੇ ਅੱਗ ਬੁਝਾਉਣ ਦੀ ਕੋਸ਼ਿਸ਼ਾਂ ਸ਼ੁਰੂ ਕਰ ਦਿੱਤੀਆਂ। ਪਿੰਡ ਵਾਸੀਆਂ ਨੇ ਪਾਣੀ, ਮਿੱਟੀ ਅਤੇ ਹੋਰ ਸਾਧਨਾਂ ਦੀ ਮਦਦ ਨਾਲ ਕਾਫੀ ਜੱਦੋਜਹਿਦ ਕਰਦੇ ਹੋਏ ਅੱਗ 'ਤੇ ਕਾਬੂ ਪਾ ਲਿਆ।ਲੋਕਾਂ ਦੀ ਸੂਝਬੂਝ ਅਤੇ ਤੁਰੰਤ ਕਾਰਵਾਈ ਨਾਲ ਵੱਡੇ ਨੁਕਸਾਨ ਤੋਂ ਬਚਾਅ ਹੋ ਗਿਆ। ਹਾਲਾਂਕਿ ਅੱਗ ਲੱਗਣ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ।

ਮਰਦਮਸ਼ੁਮਾਰੀ 'ਚ ਅਧਿਆਪਕਾਂ ਦੀਆਂ ਥੋਕ ਡਿਊਟੀਆਂ ਲੱਗਣ ਕਾਰਨ ਸਕੂਲ ਹੋਣਗੇ ਖਾਲੀ

ਤਲਵੰਡੀ ਸਾਬੋ (ਜਗਦੀਪ ਗਿੱਲ)- ਸਕੂਲਾਂ ਦੇ ਨਵੇਂ ਸੈਸ਼ਨ ਦੀ ਸ਼ੁਰੂਆਤ ਵਿੱਚ ਹੀ ਸਰਕਾਰ ਨੇ ਅਧਿਆਪਕਾਂ ਨੂੰ ਵਿਦਿਆਰਥੀਆਂ ਤੋਂ ਦੂਰ ਕਰ ਦਿੱਤਾ ਹੈ। ਅਧਿਆਪਕਾਂ ਦੀ ਨੁਮਾਇੰਦਾ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇਪਾਲ ਸ਼ਰਮਾ ਅਤੇ ਸੂਬਾ ਸਕੱਤਰ ਰੇਸ਼ਮ ਸਿੰਘ ਖੇਮੂਆਣਾ ਬਠਿੰਡਾ ਜ਼ਿਲ੍ਹੇ ਦੇ ਪ੍ਰਧਾਨ ਬਲਜਿੰਦਰ ਸਿੰਘ ਸਕੱਤਰ ਜਸਵਿੰਦਰ ਸਿੰਘ ਨੇ ਇਸ ਬਾਰੇ ਦੱਸਿਆ ਕਿ 20 ਅਪ੍ਰੈਲ ਤੋਂ 5 ਮਈ ਤਕ ਮਰਦਮਸ਼ੁਮਾਰੀ ਦੇ ਗਿਣਤੀਕਾਰਾਂ ਅਤੇ

ਸੁਪਰਵਾਈਜ਼ਰਾਂ ਦੀ ਟ੍ਰੇਨਿੰਗ ਚੱਲੇਗੀ। 15 ਮਈ ਤੋਂ 13 ਜੂਨ ਤੱਕ ਮਰਦਮਸ਼ੁਮਾਰੀ ਦੇ ਪਹਿਲੇ ਪੜਾਅ ਵਿੱਚ ਵੱਡੀ ਗਿਣਤੀ ਵਿੱਚ ਅਧਿਆਪਕਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਹਨ। ਮਰਦਮਸ਼ੁਮਾਰੀ ਦੀ ਇਹ ਐਕਸਰਸਾਈਜ਼ ਦਾ ਦੌਰ 31 ਮਾਰਚ 2027 ਤੱਕ ਚੱਲੇਗਾ। ਜਿਸ ਕਾਰਨ ਪੂਰੇ ਵਿਦਿਅਕ ਸੈਸ਼ਨ ਵਿੱਚ ਅਧਿਆਪਕ ਮਰਦਮਸ਼ੁਮਾਰੀ ਵਿੱਚ ਉਲਝ ਕੇ ਸਕੂਲਾਂ ਤੋਂ ਬਾਹਰ ਕੱਢ ਲਏ ਜਾਣਗੇ ।ਆਗੂਆਂ ਨੇ ਕਿਹਾ ਕਿ ਇਸ ਤੋਂ ਪਹਿਲਾਂ ਬੀ.ਐੱਲ .ਓ. ਲੱਗੇ ਵੱਡੀ ਗਿਣਤੀ ਅਧਿਆਪਕਾਂ ਨੂੰ ਐੱਸ.ਆਈ.ਆਰ. ਸਰਵੇ ਲਈ ਸਕੂਲਾਂ ਤੋਂ ਬਾਹਰ ਵੋਟਾਂ ਦੇ ਸੁਧਾਈ ਅਤੇ ਵੋਟਾਂ ਬਣਾਉਣ ਦੇ ਕੰਮਾਂ ਵਿੱਚ ਲਾ ਰੱਖਿਆ ਹੈ ।ਬਲਾਕ ਪ੍ਰਧਾਨ ਭੋਲਾ ਰਾਮ, ਕੁਲਵਿੰਦਰ ਸਿੰਘ ਵਿਰਕ, ਭੁਪਿੰਦਰ ਸਿੰਘ ਮਾਈਸਰਖਾਨਾ, ਰਾਜਵਿੰਦਰ ਜਲਾਲ ਵਿਕਾਸ ਗਰਗ ਅਤੇ ਬਲਕਰਨ ਕੋਟਸ਼ਮੀਰ ਨੇ ਕਿਹਾ ਕਿ ਆਪਣੀਆਂ ਜ਼ਿੰਮੇਵਾਰੀਆਂ 'ਤੇ ਅਧਿਆਪਕਾਂ ਵੱਲੋਂ ਨਵੇਂ ਦਾਖਲ ਕੀਤੇ ਬੱਚਿਆਂ ਦੇ ਮਾਪੇ ਇਸ ਸਾਰੇ ਵਰਤਾਰੇ ਨੂੰ ਲੈ ਕੇ ਦੁਚਿਤੀ ਵਿੱਚ ਹਨ । ਅਧਿਆਪਕ ਸਕੂਲਾਂ 'ਚ ਪੜ੍ਹਾਉਣ ਦੀ ਥਾਂ ਵਾਧੂ ਦੇ ਕੰਮਾਂ ਵਿੱਚ ਉਲਝਾ ਰੱਖੇ ਹਨ। ਜਥੇਬੰਦੀ ਦੇ ਪ੍ਰੈੱਸ ਸਕੱਤਰ ਗੁਰਪ੍ਰੀਤ ਸਿੰਘ ਖੇਮੂਆਣਾ, ਜ਼ਿਲ੍ਹਾ ਕਮੇਟੀ ਮੈਂਬਰ ਜਗਦੀਪ ਸਿੰਘ ਮਾਨ, ਅਨਿਲ ਭੱਟ, ਦਰਸ਼ਨ ਸਿੰਘ ਭਗਤਾ ਰਣਦੀਪ ਕੌਰ ਖਾਲਸਾ ਅਤੇ ਬਲਜਿੰਦਰ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 10 ਮਈ ਨੂੰ ਨਗਰ ਨਿਗਮ ਨਗਰ ਕੌਂਸਲਾਂ ਅਤੇ ਦੀਆਂ ਡਿਊਟੀਆਂ ਵਿੱਚ ਵੀ ਅਧਿਆਪਕਾਂ ਨੂੰ ਲਿਆ ਕੇ ਰੱਖਿਆ ਜਾਵੇਗਾ। ਓਹਨਾ ਸਰਕਾਰ ਤੋਂ ਮੰਗ ਕੀਤੀ ਕਿ ਮਰਦਮਸ਼ੁਮਾਰੀ ਦਾ ਕੰਮ ਕੇਂਦਰ ਸਰਕਾਰ ਦਾ ਹੈ, ਇਸ ਲਈ ਇਸ ਕੰਮ ਵਿੱਚ ਸਾਰੇ ਵਿਭਾਗਾਂ ਦੀਆਂ ਡਿਊਟੀਆਂ ਅਨੁਪਾਤ ਦੇ ਅਧਾਰ 'ਤੇ ਲਗਾਈਆਂ ਜਾਣ । ਜਿਥੋਂ ਤੱਕ ਸੰਭਵ ਹੋ ਸਕੇ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਦੀ ਪੜ੍ਹਾਈ ਨੂੰ ਮੁੱਖ ਰੱਖਦਿਆਂ ਅਧਿਆਪਕਾਂ ਨੂੰ ਇਸ ਡਿਊਟੀ ਤੋਂ ਛੋਟ ਦਿੱਤੀ ਜਾਵੇ। ਅੱਜ ਦੀ ਮੀਟਿੰਗ ਵਿੱਚ ਜਸਵਿੰਦਰ ਸੰਦੋਹਾ, ਗੁਰਬਾਜ ਸਿੰਘ, ਹਰਦਰਸ਼ਨ ਸਿੰਘ, ਪਰਮਜੀਤ ਸੰਗਤ, ਜਗਤਾਰ ਗਿਆਨਾ, ਜਸਕਰਨ ਸਿੰਘ, ਦਰਸ਼ਨ ਸਿੰਘ, ਗੁਰਜਿੰਦਰ ਬੁਰਜ, ਰੂਪ ਸਿੰਘ, ਹਰਮੇਸ਼ ਕੁਮਾਰ, ਰਾਜੇਸ਼ ਕੁਮਾਰ ਆਦਿ ਆਗੂ ਹਾਜ਼ਰ ਸਨ।

ਹਰਪਾਲ ਸਿੰਘ ਨੀਟਾ ਸੋਢੀ ਕਾਂਗਰਸ ਪਾਰਟੀ ਦੇ ਬਲਾਕ ਮਮਦੋਟ ਦੇ ਪ੍ਰਧਾਨ ਨਿਯੁਕਤ

ਮਮਦੋਟ- ਪੰਜਾਬ ਕਾਂਗਰਸ ਪਾਰਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਜਾਰੀ ਕੀਤੀ ਗਈ ਬਲਾਕ ਪ੍ਰਧਾਨਾਂ ਦੀ ਲਿਸਟ 'ਚ ਹਲਕਾ ਫਿਰੋਜ਼ਪੁਰ ਦਿਹਾਤੀ ਦੇ ਬਲਾਕ ਮਮਦੋਟ ਤੋਂ ਸੀਨੀਅਰ, ਟਕਸਾਲੀ ਮਿਹਨਤੀ ਤੇ ਇਮਾਨਦਾਰ ਕਾਂਗਰਸੀ ਆਗੂ ਹਰਪਾਲ ਸਿੰਘ ਨੀਟਾ ਸੋਢੀ ਨੂੰ ਬਲਾਕ ਮਮਦੋਟ ਦੇ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸ ਨਿਯੁਕਤੀ 'ਤੇ ਫਿਰੋਜ਼ਪੁਰ ਦਿਹਾਤੀ ਤੋਂ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਡਾ. ਅਮਰਦੀਪ ਸਿੰਘ ਆਸ਼ੂ ਬੰਗੜ ਅਤੇ ਉਹਨਾਂ ਦੀ ਧਰਮ ਪਤਨੀ ਸੀਨੀਅਰ ਆਗੂ ਬੀਬਾ ਬਲਜੀਤ ਕੌਰ ਬੰਗੜ ਵੱਲੋਂ ਹਰਪਾਲ ਸਿੰਘ ਨੀਟਾ ਸੋਢੀ ਦੇ ਬਲਾਕ ਮਮਦੋਟ ਦੇ ਪ੍ਰਧਾਨ ਬਣਨ 'ਤੇ ਵਧਾਈ ਦਿੰਦਿਆਂ ਕਿਹਾ ਕਿ ਇਸ ਨਿਯੁਕਤੀ ਨਾਲ ਹਲਕੇ 'ਚ ਕਾਂਗਰਸ ਪਾਰਟੀ ਪਹਿਲਾ ਨਾਲੋਂ ਹੋਰ ਮਜ਼ਬੂਤ ਹੋਵੇਗੀ । ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆ ਨਵਨਿਯੁਕਤ ਪ੍ਰਧਾਨ ਨੀਟਾ ਨੇ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਜ਼ਿਲ੍ਹਾ ਪ੍ਰਧਾਨ ਕੁਲਬੀਰ ਸਿੰਘ ਜ਼ੀਰਾ, ਹਲਕਾ ਇੰਚਾਰਜ ਆਸ਼ੂ ਬੰਗੜ ਤੇ ਜ਼ਿਲ੍ਹਾ ਵਾਈਸ ਪ੍ਰਧਾਨ ਬਲਜੀਤ ਕੌਰ ਬੰਗੜ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦੁਆਇਆ ਕਿ ਪਾਰਟੀ ਨੂੰ ਬੁਲੰਦੀਆਂ 'ਤੇ ਪਹੁੰਚਾਉਣ ਲਈ ਦਿਨ-ਰਾਤ ਮਿਹਨਤ ਕਰਨਗੇ। ਨੀਟਾ ਸੋਢੀ ਪਿਛਲੇ ਕਰੀਬ 8 ਸਾਲ ਤੋਂ ਪ੍ਰੈਸ ਕਲੱਬ ਮਮਦੋਟ ਦੇ ਚੇਅਰਮੈਨ ਵਜੋਂ ਵੀ ਬਾਖੂਬੀ ਸੇਵਾਵਾਂ ਨਿਭਾ ਰਹੇ ਹਨ। ਪ੍ਰੈਸ ਕਲੱਬ ਮਮਦੋਟ ਰਜਿ. ਦੇ ਪ੍ਰਧਾਨ ਤਜਿੰਦਰ ਢੀਂਗੜਾ, ਪੱਤਰਕਾਰ ਸਾਥੀ ਗੁਰਪ੍ਰੀਤ ਸਿੰਘ ਸੰਧੂ, ਜਗਿੰਦਰ ਸਿੰਘ ਭੋਲਾ, ਰਵਿੰਦਰ ਸਿੰਘ ਕਾਲਾ, ਰਜਿੰਦਰ ਹਾਂਡਾ, ਬਲਦੇਵ ਰਾਜ ਸ਼ਰਮਾ, ਜਸਬੀਰ ਸਿੰਘ ਕੰਬੋਜ, ਭੁਪਿੰਦਰ ਨਰੂਲਾ, ਹਰਪ੍ਰੀਤ ਸਿੰਘ, ਤਜਿੰਦਰ ਢੀਂਗੜਾ, ਸੰਜੀਵ ਮਦਾਨ,



ਕਮਲ ਸੋਨੂੰ ਗਿੱਲ, ਬਲਜੀਤ ਸਿੰਘ, ਪਤਰਕਾਰ ਸੰਦੀਪ ਸੋਨੀ, ਗੁਰਭੇਜ ਸਿੰਘ ਟਿੱਬੀ ਚੇਅਰਮੈਨ ਮਿਲਕ ਫੈਡ, ਸੀਨੀਅਰ ਕਾਂਗਰਸੀ ਆਗੂ ਗੁਰਬਚਨ ਸਿੰਘ ਕਾਲਾ ਟਿੱਬਾ, ਗੁਰਬਖਸ਼ ਸਿੰਘ ਭਾਵੜਾ, ਮੁਖਤਿਆਰ ਸਿੰਘ ਹਜਾਰਾ ਸਿੰਘ ਵਾਲਾ, ਸੁੱਖਵਿੰਦਰ ਸਿੰਘ (ਸੁੱਖਾ) ਜੋਧਪੁਰ, ਗੋਰਾ ਮੁਰਕ ਵਾਲਾ, ਦਵਿੰਦਰ ਸਿੰਘ ਰਹੀਮੇ ਕੇ, ਮਨਪ੍ਰੀਤ ਸਿੰਘ ਸੋਢੀ, ਦਲਬੀਰ ਸਿੰਘ ਵਾਹਕੇ, ਤਰਸੇਮ ਸਿੰਘ ਸਦਰ ਕੇ, ਆਸਾ ਸਿੰਘ ਟਿੱਬੀ ਖੁਰਦ, ਗੁਰਸੇਵਕ ਸਿੰਘ ਭੂਰੇ ਕਲਾ, ਪਸ਼ਵਿੰਦਰ ਸਿੰਘ, ਜਗਜੀਤ ਸਿੰਘ ਜੋਧਪੁਰ, ਬਲਕਾਰ ਸਿੰਘ ਜਾਮਾ ਰੱਖਈਆ, ਦੀਦਾਰ ਸਿੰਘ ਸਾਬਕਾ ਸਰਪੰਚ, ਪਿੱਪਲ ਸਿੰਘ, ਕਿੱਕਰ ਸਿੰਘ, ਕਾਲੀ ਮੰਨਚੰਦਾ, ਗੁਰਦੇਵ ਸਿੰਘ ਸਾਬਕਾ ਸਰਪੰਚ, ਬਿੱਟੂ ਮੈਨੀ, ਸੁੱਚਾ ਸਿੰਘ ਟਿੱਬੀ, ਜੰਡ ਸਿੰਘ ਸਰਪੰਚ, ਖੰਡਾ ਸਿੰਘ ਰਾਊ ਕੇ, ਕਾਰਜ ਸਿੰਘ ਚੱਕ ਭੰਗੇਵਾਲਾ ਸ਼ਰਮਾ ਸਿੰਘ ਜਾਮਾ ਰਖਈਆ, ਬੋਹੜ ਸਿੰਘ ਮੱਤੜ ਅਤੇ ਕੁਲਵੰਤ ਸਿੰਘ ਮੱਤੜ, ਲੱਖਾਂ ਮਮਦੋਟ, ਸਮੇਤ ਵੱਡੀ ਗਿਣਤੀ ਵਿੱਚ ਆਗੂਆਂ ਨੇ ਸੋਢੀ ਦੀ ਇਸ ਨਿਯੁਕਤੀ 'ਤੇ ਵਧਾਈਆਂ ਦਿੱਤੀਆਂ।

ਔਰਤਾਂ ਲਈ 33 ਫੀਸਦੀ ਰਾਖਵੇਂਕਰਨ ਦੇ ਸਮਰਥਨ 'ਚ ਭਾਜਪਾ ਦੀ ਪਦਯਾਤਰਾ

ਫਿਰੋਜ਼ਪੁਰ (ਗੁਰਬਚਨ ਸਿੰਘ) - ਕੇਂਦਰ ਸਰਕਾਰ ਵੱਲੋਂ ਮਹਿਲਾਵਾਂ ਦੇ ਸਸ਼ਕਤੀਕਰਨ ਲਈ ਪ੍ਰਸਤਾਵਿਤ ਨਾਰੀ ਸ਼ਕਤੀ ਵੰਦਨ ਅਧਿਨਿਯਮ ਤਹਿਤ 33 ਫ਼ੀਸਦੀ ਰਾਖਵੇਂਕਰਨ ਦੀ ਮੰਗ ਦੇ ਸਮਰਥਨ ਵਿਚ ਭਾਜਪਾ ਦੇ ਰਾਸ਼ਟਰੀ ਕਾਰਜਕਾਰਣੀ ਮੈਂਬਰ ਡਾ. ਰਾਣਾ ਗੁਰਮੀਤ ਸਿੰਘ ਸੋਢੀ ਦੀ ਅਗਵਾਈ 'ਚ ਇਕ ਪਦਯਾਤਰਾ ਦਾ ਆਯੋਜਨ ਕੀਤਾ ਗਿਆ। ਇਸ ਪਦਯਾਤਰਾ ਵਿਚ ਹਜ਼ਾਰਾਂ ਦੀ ਗਿਣਤੀ ਵਿਚ ਮਹਿਲਾਵਾਂ ਨੇ ਬਹੁਤ ਉਤਸ਼ਾਹ ਨਾਲ ਭਾਗ ਲਿਆ। ਛਾਉਣੀ ਦੇ ਝੋਕ ਰੋਡ ਤੋਂ ਸ਼ੁਰੂ ਹੋਈ ਇਹ ਪਦਯਾਤਰਾ ਗੁਰਦੁਆਰਾ

ਸਾਰਾਗੜ੍ਹੀ ਸਾਹਿਬ ਵਿਖੇ ਜਾ ਕੇ ਸਮਾਪਤ ਹੋਈ। ਇਸ ਦੌਰਾਨ ਡਾ. ਸੋਢੀ ਨੇ ਪਾਰਟੀ ਕਾਰਕੁਨਾਂ ਨਾਲ ਗੁਰਦੁਆਰਾ ਸਾਹਿਬ ਵਿਚ ਨਤਮਸਤਕ ਹੋ ਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਅਤੇ ਖਾਲਸਾ ਪੰਥ ਦੇ ਸਿਰਜਣਾ ਦਿਵਸ ਦੀ ਸੰਗਤ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਮਹਿਲਾਵਾਂ ਨੂੰ ਸਨਮਾਨ ਅਤੇ ਅਧਿਕਾਰ ਦੇਣ ਲਈ 33 ਫ਼ੀਸਦੀ ਰਾਖਵੇਂਕਰਨ ਦੀ ਪਹਿਲ ਇਕ ਇਤਿਹਾਸਕ ਅਤੇ ਕਾਬਿਲ-ਏ-ਤਾਰੀਫ਼ ਕਦਮ ਹੈ। ਉਨ੍ਹਾਂ ਕਿਹਾ ਕਿ ਇਸ ਫੈਸਲੇ ਨਾਲ ਹੁਣ ਪੰਚਾਇਤ ਤੋਂ ਲੈ ਕੇ ਸੰਸਦ ਤੱਕ ਮਹਿਲਾਵਾਂ ਦੀ ਮਜ਼ਬੂਤ ਭਾਗੀਦਾਰੀ ਯਕੀਨੀ ਬਣੇਗੀ ਅਤੇ ਦੇਸ਼ ਦੇ ਵਿਕਾਸ ਵਿਚ ਉਨ੍ਹਾਂ ਦੀ ਆਵਾਜ਼ ਹੋਰ ਪ੍ਰਭਾਵਸ਼ਾਲੀ ਬਣੇਗੀ। ਪਦਯਾਤਰਾ ਤੋਂ ਬਾਅਦ ਡਾ. ਰਾਣਾ ਗੁਰਮੀਤ ਸਿੰਘ ਸੋਢੀ ਨੇ ਡੀ ਸੀ ਦਫ਼ਤਰ ਪਹੁੰਚ ਕੇ ਬਾਬਾ ਸਾਹਿਬ ਭੀਮਰਾਓ ਅੰਬੇਡਕਰ ਨੂੰ ਸ਼ਰਧਾਂਜਲੀ ਭੇਟ ਕੀਤੀ।

ਮਨਰੇਗਾ ਕਰਮਚਾਰੀਆਂ ਵੱਲੋਂ ਮੰਗ ਪੱਤਰ, 20 ਨੂੰ ਮੋਹਾਲੀ ਧਰਨਾ



ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)- ਮਨਰੇਗਾ ਕਰਮਚਾਰੀ ਯੂਨੀਅਨ ਜ਼ਿਲ੍ਹਾ ਮੋਗਾ ਵੱਲੋਂ ਆਪਣੀਆਂ ਲੰਬਿਤ ਮੰਗਾਂ ਨੂੰ ਲੈ ਕੇ ਏ.ਡੀ.ਸੀ (ਡੀ) ਵਿਕਾਸ ਰਾਹੀਂ ਹੈੱਡ ਕੁਆਰਟਰ ਮੋਹਾਲੀ ਵਿਖੇ ਜੇ.ਡੀ.ਸੀ ਦੇ ਨਾਮ ਮੰਗ ਪੱਤਰ ਭੇਜਿਆ ਗਿਆ।ਯੂਨੀਅਨ ਆਗੂਆਂ ਨੇ ਦੱਸਿਆ ਕਿ ਕਰਮਚਾਰੀਆਂ ਨੂੰ ਕਾਫੀ ਸਮੇਂ ਤੋਂ ਤਨਖਾਹਾਂ ਨਹੀਂ ਮਿਲ ਰਹੀਆਂ, ਜਿਸ ਕਾਰਨ ਉਹ ਆਰਥਿਕ ਤੌਰ 'ਤੇ ਕਾਫੀ ਪ੍ਰਭਾਵਿਤ ਹੋ ਰਹੇ ਹਨ। ਇਸ ਦੇ ਨਾਲ ਹੀ ਪੰਚਾਇਤ ਵਿਭਾਗ ਵਿੱਚ ਖਾਲੀ ਪਈਆਂ ਅਸਾਮੀਆਂ 'ਤੇ ਮਨਰੇਗਾ ਕਰਮਚਾਰੀਆਂ ਨੂੰ ਮਰਜ ਕਰਨ ਦੀ ਮੰਗ ਵੀ ਉਠਾਈ ਗਈ ਹੈ।ਉਨ੍ਹਾਂ ਨੇ ਇਹ ਵੀ ਦੱਸਿਆ ਕਿ 20 ਅਪ੍ਰੈਲ ਨੂੰ ਹੈੱਡ ਕੁਆਰਟਰ ਮੋਹਾਲੀ ਵਿਖੇ ਆਪਣੀਆਂ ਮੰਗਾਂ ਨੂੰ ਲੈ ਕੇ ਧਰਨਾ ਦਿੱਤਾ ਜਾਵੇਗਾ, ਜਿਸ ਲਈ ਇਹ ਮੰਗ ਪੱਤਰ ਭੇਜਿਆ ਗਿਆ ਹੈ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਬੁੱਟਰ, ਏ.ਪੀ.ਓ ਰਾਜ ਕੌਰ, ਕਰਮਜੀਤ ਕੌਰ, ਹਰਮਨਦੀਪ ਸਿੰਘ, ਜੀ.ਆਰ.ਐਸ., ਜੇ.ਈ ਸੁਖਵਿੰਦਰ ਸਿੰਘ, ਜੇ.ਈ ਰਵਿੰਦਰ ਸਿੰਘ ਸਮੇਤ ਹੋਰ ਕਈ ਮਨਰੇਗਾ ਕਰਮਚਾਰੀ ਮੌਜੂਦ ਸਨ।

ਮੈਡੀਕਲ ਕਾਲਜ ਤੇ ਹਸਪਤਾਲ 'ਚ ਓ ਪੀ ਡੀ ਤੇ ਆਈ ਪੀ ਡੀ ਸੇਵਾਵਾਂ ਸ਼ੁਰੂ

ਲਹਿਰਾਗਾਗਾ (ਪਵਨ ਸ਼ਰਮਾ)- ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ, ਡਾ. ਬਲਬੀਰ ਸਿੰਘ ਅਤੇ ਬਰਿੰਦਰ ਕੁਮਾਰ ਗੋਇਲ ਵੱਲੋਂ ਲਹਿਰਾਗਾਗਾ ਵਿਖੇ ਮੈਡੀਕਲ ਕਾਲਜ ਅਤੇ ਹਸਪਤਾਲ ਖੋਲ੍ਹਣ ਦੇ ਪੰਜਾਬ ਸਰਕਾਰ ਵੱਲੋਂ ਲਏ ਗਏ ਇਤਿਹਾਸਕ ਫੈਸਲੇ ਦੇ ਪਹਿਲੇ ਕਦਮ ਅਤੇ ਲੋਕਾਂ ਨੂੰ ਫੌਰੀ ਤੌਰ ਉੱਤੇ ਮੈਡੀਕਲ ਸਹੂਲਤਾਂ ਦੇਣ ਲਈ ਲਹਿਰਾਗਾਗਾ ਵਿਚਲੇ ਕਮਿਊਨਿਟੀ ਹੈਲਥ ਸੈਂਟਰ (ਸੀ.ਐਚ.ਸੀ) ਵਿਖੇ, ਜਿਹੜਾ ਕਿ ਪਹਿਲਾਂ ਕਾਫੀ ਖਸਤਾ ਹਾਲ ਵਿੱਚ ਸੀ, ਦੀ ਕਾਇਆ ਕਲਪ ਉਪਰੰਤ, ਮਾਹਿਰ ਡਾਕਟਰਾਂ ਦੀਆਂ ਸੇਵਾਵਾਂ ਦੀ ਸਹੂਲਤ ਸਮੇਤ ਓ.ਪੀ.ਡੀ. ਅਤੇ ਆਈ.ਪੀ.ਡੀ. ਸੇਵਾਵਾਂ ਸ਼ੁਰੂ ਕਰਵਾਈਆਂ ਗਈਆਂ। ਇਸ ਨਾਲ ਲਹਿਰਾਗਾਗਾ ਸਮੇਤ ਇਸ ਦੇ 50 ਕਿਲੋਮੀਟਰ ਘੇਰੇ ਵਿਚਲੇ ਪਿੰਡਾਂ ਤੇ ਕਸਬਿਆਂ ਨੂੰ ਲਾਭ ਹੋਵੇਗਾ। ਸੀ.ਐਚ.ਸੀ. ਲਹਿਰਾਗਾਗਾ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਹ ਮੈਡੀਕਲ ਸੇਵਾਵਾਂ ਜਨਹਿਤ ਟਰੱਸਟ ਦੇ ਯੂਨਿਟ, ਅਚਾਰਿਆ ਵਿਦਿਆਨੰਦ ਜੈਨ ਇੰਸਟੀਟਿਊਟ ਆਫ ਮੈਡੀਕਲ ਸਾਇੰਸਜ਼ ਐਂਡ ਰਿਸਰਚ ਵੱਲੋਂ ਨਿਭਾਈਆਂ ਜਾਣਗੀਆਂ। ਇਸ ਮੌਕੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਇਸ ਸਿਹਤ ਸੰਸਥਾ ਨੂੰ ਕਿਸੇ ਵੀ ਰੂਪ ਵਿੱਚ ਨਿੱਜੀ ਹੱਥਾਂ ਵਿੱਚ ਨਹੀਂ ਦਿੱਤਾ ਜਾ ਰਿਹਾ। ਜਨਹਿਤ ਟਰੱਸਟ ਦੇ ਯੂਨਿਟ, ਅਚਾਰਿਆ ਵਿਦਿਆਨੰਦ ਜੈਨ ਇੰਸਟੀਟਿਊਟ ਆਫ ਮੈਡੀਕਲ ਸਾਇੰਸਜ਼ ਐਂਡ ਰਿਸਰਚ ਨੂੰ ਸੌਂਪੀਆਂ

ਗਈਆਂ ਹਨ, ਜਿਨ੍ਹਾਂ ਦਾ ਮਕਸਦ ਸਿਰਫ ਮਨੁੱਖਤਾ ਦੀ ਸੇਵਾ ਹੈ ਨਾ ਕਿ ਮੁਨਾਫ਼ਾ ਕਮਾਉਣਾ। ਸਿਹਤ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਦਿਨ-ਰਾਤ ਇੱਕ ਕਰ ਕੇ ਕੀਤੇ ਯਤਨਾਂ ਸਦਕਾ ਬੰਦ ਪਏ ਬਾਬਾ ਹੀਰਾ ਸਿੰਘ ਭੱਠਲ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨੋਲੋਜੀ ਨੂੰ ਮੈਡੀਕਲ ਕਾਲਜ ਅਤੇ ਹਸਪਤਾਲ ਦੇ ਰੂਪ ਵਿੱਚ ਮੁੜ ਸ਼ੁਰੂ ਕੀਤਾ ਜਾ ਰਿਹਾ ਹੈ। ਇਹ ਮੈਡੀਕਲ ਕਾਲਜ ਮੂਨਕ ਤੇ ਖਨੌਰੀ ਦੋਵਾਂ ਖੇਤਰਾਂ ਨੂੰ ਕਵਰ ਕਰੇਗਾ ਤੇ ਉੱਥੋਂ ਦੇ ਹਸਪਤਾਲ ਵੀ ਇਸ ਕਾਲਜ ਜ਼ਰੀਏ ਚੱਲਣਗੇ। ਸਿਹਤ ਮੰਤਰੀ ਵੱਲੋਂ ਇਸ ਕਮਿਊਨਿਟੀ ਹੈਲਥ ਸੈਂਟਰ ਵਿਖੇ ਸੇਵਾਵਾਂ ਨਿਭਾਉਣ ਵਾਲੇ ਸਪੈਸ਼ਲਿਸਟ ਡਾਕਟਰਾਂ ਦਾ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਮੈਡੀਕਲ ਕਾਲਜ ਦੇ ਪ੍ਰੋਜੈਕਟ ਨੂੰ ਇੱਥੇ ਤਕ ਲੈ ਕੇ ਆਉਣ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦਾ ਬਹੁਤ ਸਹਿਯੋਗ ਰਿਹਾ, ਜਿਸ ਲਈ ਉਹ ਉਹਨਾਂ ਦੇ ਧੰਨਵਾਦੀ ਹਨ। ਗੋਇਲ ਨੇ ਦੱਸਿਆ ਕਿ ਅਗਲੇ ਸਾਲ ਮੈਡੀਕਲ ਕਾਲਜ ਵਿਖੇ ਨਰਸਿੰਗ ਦੀਆਂ ਕਲਾਸਾਂ ਸ਼ੁਰੂ ਹੋਣਗੀਆਂ। ਇਸ ਦੇ ਨਾਲ-ਨਾਲ ਐਮ.ਡੀ. ਅਤੇ ਐਮ.ਐਸ. ਦੀਆਂ ਕਲਾਸਾਂ ਵੀ ਸ਼ੁਰੂ ਕੀਤੀਆਂ ਜਾਣਗੀਆਂ।ਇਸ ਮੌਕੇ ਜਨਹਿਤ ਟਰੱਸਟ ਦੇ ਚੇਅਰਮੈਨ ਡਾ. ਧਰਮਪਾਲ ਜੈਨ, ਟਰੱਸਟ ਮੈਂਬਰ ਡਾ. ਰਜਨੀਸ਼ ਜੈਨ, ਐੱਸ.ਡੀ.ਐਮ. ਰਾਕੇਸ਼ ਪ੍ਰਕਾਸ਼ ਗਰਗ,ਸਿਵਲ ਸਰਜਨ ਡਾ. ਅਮਰਜੀਤ ਕੌਰ,ਨਗਰ ਕੌਂਸਲ ਪ੍ਰਧਾਨ ਕਾਂਤਾ ਗੋਇਲ, ਗੌਰਵ ਗੋਇਲ ਸਮੇਤ ਵੱਖ-ਵੱਖ ਅਹੁਦੇਦਾਰ, ਪਤਵੰਤੇ ਅਤੇ ਵੱਡੀ ਗਿਣਤੀ ਸ਼ਹਿਰ ਤੇ ਪਿੰਡਾਂ ਦੇ ਲੋਕ ਹਾਜ਼ਰ ਸਨ।

ਕਮਿਊਨਿਟੀ ਹੈਲਥ ਸੈਂਟਰ ਲਹਿਰਾਗਾਗਾ ਵਿਖੇ ਓ ਪੀ ਡੀ ਅਤੇ ਆਈ ਪੀ ਡੀ ਸੇਵਾਵਾਂ ਸ਼ੁਰੂ

ਲਹਿਰਾਗਾਗਾ (ਪ੍ਰਵੀਨ ਸਿੰਘ)- ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ, ਡਾ. ਬਲਬੀਰ ਸਿੰਘ ਅਤੇ ਬਰਿੰਦਰ ਕੁਮਾਰ ਗੋਇਲ ਵੱਲੋਂ ਲਹਿਰਾਗਾਗਾ ਵਿਖੇ ਮੈਡੀਕਲ ਕਾਲਜ ਅਤੇ ਹਸਪਤਾਲ ਖੋਲ੍ਹਣ ਦੇ ਪੰਜਾਬ ਸਰਕਾਰ ਵੱਲੋਂ ਲਏ ਗਏ ਇਤਿਹਾਸਕ ਫੈਸਲੇ ਦੇ ਪਹਿਲੇ ਕਦਮ ਅਤੇ ਲੋਕਾਂ ਨੂੰ ਫੌਰੀ ਤੌਰ ਉੱਤੇ ਮੈਡੀਕਲ ਸਹੂਲਤਾਂ

ਦੇਣ ਲਈ ਲਹਿਰਾਗਾਗਾ ਵਿਚਲੇ ਕਮਿਊਨਿਟੀ ਹੈਲਥ ਸੈਂਟਰ (ਸੀ.ਐਚ.ਸੀ) ਵਿਖੇ, ਜਿਹੜਾ ਕਿ ਪਹਿਲਾਂ ਕਾਫੀ ਖਸਤਾ ਹਾਲ ਵਿੱਚ ਸੀ, ਦੀ ਕਾਇਆ ਕਲਪ ਉਪਰੰਤ, ਮਾਹਿਰ ਡਾਕਟਰਾਂ ਦੀਆਂ ਸੇਵਾਵਾਂ ਦੀ ਸਹੂਲਤ ਸਮੇਤ ਓ.ਪੀ.ਡੀ. ਅਤੇ ਆਈ.ਪੀ.ਡੀ. ਸੇਵਾਵਾਂ ਸ਼ੁਰੂ ਕਰਵਾਈਆਂ ਗਈਆਂ। ਇਸ ਨਾਲ ਲਹਿਰਾਗਾਗਾ ਸਮੇਤ ਇਸ ਦੇ 50 ਕਿਲੋਮੀਟਰ ਘੇਰੇ ਵਿਚਲੇ ਪਿੰਡਾਂ ਤੇ ਕਸਬਿਆਂ ਨੂੰ ਲਾਭ ਹੋਵੇਗਾ।ਸੀ.ਐਚ.ਸੀ. ਲਹਿਰਾਗਾਗਾ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਹ ਮੈਡੀਕਲ ਸੇਵਾਵਾਂ ਜਨਹਿਤ ਟਰੱਸਟ ਦੇ ਯੂਨਿਟ, ਅਚਾਰਿਆ ਵਿਦਿਆਨੰਦ ਜੈਨ ਇੰਸਟੀਟਿਊਟ ਆਫ ਮੈਡੀਕਲ ਸਾਇੰਸਜ਼ ਐਂਡ ਰਿਸਰਚ ਵੱਲੋਂ ਨਿਭਾਈਆਂ ਜਾਣਗੀਆਂ।ਇਸ ਮੌਕੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਸਪੱਸ਼ਟ ਦੱਸਿਆ ਕਿ ਇਸ ਸਿਹਤ ਸੰਸਥਾ ਨੂੰ ਕਿਸੇ ਵੀ ਰੂਪ ਵਿੱਚ ਨਿੱਜੀ ਹੱਥਾਂ ਵਿੱਚ ਨਹੀਂ ਦਿੱਤਾ ਜਾ ਰਿਹਾ। ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਮੈਡੀਕਲ ਕਾਲਜ ਦੇ ਪ੍ਰੋਜੈਕਟ ਨੂੰ ਇੱਥੇ ਤਕ ਲੈ ਕੇ ਆਉਣ ਲਈ ਵਿੱਤ ਮੰਤਰੀ ਸ੍ਰ ਹਰਪਾਲ ਸਿੰਘ ਚੀਮਾ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦਾ ਬਹੁਤ ਸਹਿਯੋਗ ਰਿਹਾ, ਜਿਸ ਲਈ ਉਹ ਉਹਨਾਂ ਦੇ ਧੰਨਵਾਦੀ ਹਨ।ਸ਼੍ਰੀ ਗੋਇਲ ਨੇ ਦੱਸਿਆ ਕਿ ਅਗਲੇ ਸਾਲ ਮੈਡੀਕਲ ਕਾਲਜ ਵਿਖੇ ਨਰਸਿੰਗ ਦੀਆਂ ਕਲਾਸਾਂ ਸ਼ੁਰੂ ਹੋਣਗੀਆਂ। ਇਸ ਦੇ ਨਾਲ-ਨਾਲ ਐਮ.ਡੀ. ਅਤੇ ਐਮ.ਐਸ. ਦੀਆਂ ਕਲਾਸਾਂ ਵੀ ਸ਼ੁਰੂ ਕੀਤੀਆਂ ਜਾਣਗੀਆਂ।ਮੈਡੀਕਲ ਕਾਲਜ ਦੀ ਸਥਾਪਨਾ ਅਤੇ ਸੰਚਾਲਨ 100 ਐਮ.ਬੀ.ਬੀ.ਐਸ. ਸੀਟਾਂ ਦੀ ਦਾਖਲਾ ਸਮਰੱਥਾ ਤੇ ਘੱਟੋ-ਘੱਟ 440 ਬਿਸਤਰਿਆਂ ਨਾਲ ਕੀਤਾ ਜਾਵੇਗਾ। ਇਸ ਮੌਕੇ ਜਨਹਿਤ ਟਰੱਸਟ ਦੇ ਚੇਅਰਮੈਨ ਡਾ. ਧਰਮਪਾਲ ਜੈਨ, ਟਰੱਸਟ ਮੈਂਬਰ ਡਾ. ਰਜਨੀਸ਼ ਜੈਨ, ਐੱਸ.ਡੀ.ਐਮ. ਰਾਕੇਸ਼ ਪ੍ਰਕਾਸ਼ ਗਰਗ,ਸਿਵਲ ਸਰਜਨ ਡਾ. ਅਮਰਜੀਤ ਕੌਰ,ਨਗਰ ਕੌਂਸਲ ਪ੍ਰਧਾਨ ਸ਼੍ਰੀਮਤੀ ਕਾਂਤਾ ਗੋਇਲ, ਸ਼੍ਰੀ ਗੌਰਵ ਗੋਇਲ ਸਮੇਤ ਵੱਖ-ਵੱਖ ਅਹੁਦੇਦਾਰ, ਪਤਵੰਤੇ ਅਤੇ ਵੱਡੀ ਗਿਣਤੀ ਸ਼ਹਿਰ ਤੇ ਪਿੰਡਾਂ ਦੇ ਲੋਕ ਹਾਜ਼ਰ ਸਨ।

ਆਰ ਐੱਮ ਪੀ ਆਈ ਅੱਜ ਜੰਗ ਵਿਰੋਧੀ ਕਨਵੈਨਸ਼ਨ ਤੇ ਮਾਰਚ 'ਚ ਸ਼ਾਮਲ ਹੋਵੇਗੀ : ਪਾਸਲਾ

ਜਲੰਧਰ (ਰਾਜੇਸ਼ ਥਾਪਾ)-ਵਿਸ਼ਵ ਭਰ ਦੇ ਦੇਸ਼ਾਂ, ਖਾਸ ਕਰਕੇ ਨਵੇਂ ਆਜ਼ਾਦ ਹੋਏ ਵਿਕਾਸਸ਼ੀਲ ਮੁਲਕਾਂ ਦੇ ਕੁਦਰਤੀ ਤੇ ਮਾਨਵੀ ਵਸੀਲਿਆਂ ਅਤੇ ਕਿਰਤੀ ਲੋਕਾਈ ਦੀ ਬੇਰਹਿਮ ਲੁੱਟ-ਖਸੁੱਟ ਦੇ ਖਾਤਮੇ ਅਤੇ ਘਾਤਕ ਜੰਗਾਂ-ਯੁੱਧਾਂ ਤੋਂ ਸੰਸਾਰ ਦੀ ਮੁਕਤੀ ਲਈ, ਗਲੋਬ ਦੇ ਹਰ ਕੋਨੇ 'ਚ ਮਾਨਵਤਾ ਦੇ ਸਭ ਤੋਂ ਖਤਰਨਾਕ ਵੈਰੀ, ਸਾਮਰਾਜ ਤੋਂ ਮੁਕਤ ਸੰਸਾਰ ਸਿਰਜਣ ਲਈ, ਤਿੱਖੇ ਤੋਂ ਤਿਖੇਰਾ ਲੋਕ ਯੁੱਧ ਵਿੱਢਣਾ ਅਜੋਕੇ ਦੌਰ ਦੀ ਪਲੇਠੀ, ਮਹੱਤਵਪੂਰਨ ਲੋੜ ਹੈ।' ਇਹ ਸ਼ਬਦ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਦੀ ਪੰਜਾਬ ਰਾਜ ਕਮੇਟੀ ਦੇ ਸਕੱਤਰੇਤ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਨੇ ਕਹੇ ਹਨ। ਪਾਸਲਾ ਨੇ ਕਿਹਾ ਹੈ ਕਿ ਵਿਸ਼ਵ ਭਰ 'ਚ ਨਸਲ ਦੇ ਨਾਂਅ 'ਤੇ ਮਜ਼ਲੂਮਾਂ 'ਤੇ ਅਕਹਿ ਤੇ ਅਸਹਿ ਜ਼ੁਲਮ ਢਾਹੁਣ ਵਾਲਾ ਵਿਸ਼ਵੀ ਸੱਜ ਪਿਛਾਖੜ ਅਤੇ ਧਰਮ-ਜਾਤ, ਭਾਸ਼ਾ-ਖਿੱਤੇ ਆਦਿ ਦੇ ਨਾਂਅ 'ਤੇ ਕਿਰਤੀ ਲੋਕਾਂ 'ਚ ਵੰਡੀਆਂ ਪਾ ਰਹੇ ਆਰ ਐੱਸ ਐੱਸ, ਭਾਜਪਾ ਦੀ ਅਗਵਾਈ ਵਾਲੇ ਹਿੰਦਤਵੀ-ਮੰਨੂਵਾਦੀ, ਫਿਰਕੂ-ਫਾਸ਼ੀ ਟੋਲੇ ਸਾਮਰਾਜ ਤੇ ਪੂੰਜੀਵਾਦ ਦੇ ਜਨਮ-ਜਾਤ ਏਜੰਟ ਹਨ। ਉਨ੍ਹਾਂ ਕਿਹਾ ਕਿ ਨਵ ਉਦਾਰਵਾਦੀ ਨੀਤੀ ਚੌਖਟੇ ਵਿਸ਼ਵ ਲੋਕਾਈ ਦੀ ਆਰਥਿਕ ਗੁਲਾਮੀ ਦਾ ਸੰਦ ਹੈ।ਮੀਟਿੰਗ ਦੇ ਫੈਸਲੇ ਜਾਰੀ ਕਰਦਿਆਂ ਰਾਜ ਕਮੇਟੀ ਦੇ ਸਕੱਤਰ ਕਾਮਰੇਡ ਪਰਗਟ ਸਿੰਘ ਜਾਮਾਰਾਏ ਨੇ ਦੱਸਿਆ ਹੈ ਕਿ 16 ਅਪ੍ਰੈਲ ਨੂੰ ਦੇਸ਼ ਭਗਤ ਯਾਦਗਾਰ ਜਲੰਧਰ ਵਿਖੇ ਹੋਣ ਜਾ ਰਹੀ ਖੱਬੀ ਪਾਰਟੀਆਂ ਦੀ ਸਾਂਝੀ ਸੂਬਾਈ ਜੰਗ ਵਿਰੋਧੀ ਕਨਵੈਨਸ਼ਨ ਅਤੇ ਮਾਰਚ ਵਿਚ ਪਾਰਟੀ ਪੂਰੀ ਸ਼ਕਤੀ ਨਾਲ ਸ਼ਾਮਲ ਹੋਵੇਗੀ। ਮੀਟਿੰਗ ਵਲੋਂ ਪਹਿਲੀ ਮਈ ਨੂੰ 'ਕੌਮਾਂਤਰੀ ਮਜ਼ਦੂਰ ਦਿਹਾੜਾ' ਪਿੰਡਾਂ-ਸ਼ਹਿਰਾਂ ਅੰਦਰ ਭਰਵੇਂ ਇਕੱਠ ਕਰਕੇ ਉਤਸ਼ਾਹ ਪੂਰਬਕ ਮਨਾਏ ਜਾਣ ਦਾ ਨਿਰਣਾ ਲਿਆ ਗਿਆ ਹੈ। ਮੀਟਿੰਗ ਦੀ ਪ੍ਰਧਾਨਗੀ ਸਾਥੀ ਰਤਨ ਸਿੰਘ ਰੰਧਾਵਾ ਨੇ ਕੀਤੀ। ਆਰੰਭ 'ਚ ਈਰਾਨ, ਲਿਬਨਾਨ, ਫਲਸਤੀਨ ਵਿਖੇ ਅਮਰੀਕਾ-ਇਜ਼ਰਾਇਲ ਜੰਗਬਾਜ਼ ਜੁੰਡਲੀ ਵਲੋਂ ਵਿੱਢੀ ਨਿਹੱਕੀ ਜੰਗ ਦੌਰਾਨ ਮਾਰੇ ਗਏ ਹਜ਼ਾਰਾਂ ਨਿਰਦੋਸ਼ ਲੋਕਾਂ, ਸਦੀਵੀ ਵਿਛੋੜਾ ਦੇ ਗਏ ਸਾਥੀ ਸੁਰਜੀਤ ਸਿੰਘ ਗੋਰਸੀਆਂ, ਸਾਥੀ ਗੁਰਨਾਇਬ ਸਿੰਘੇ ਜੈਤੇਵਾਲ ਤੇ ਉੱਘੀ ਗਾਇਕਾ ਆਸ਼ਾ ਭੋਂਸਲੇ ਨੂੰ ਦੋ ਮਿੰਟ ਮੌਨ ਖੜੋ ਕੇ ਸ਼ਰਧਾਂਜਲੀ ਭੇਟ ਕੀਤੀ ਗਈ।

ਪੰਜਾਬ ਦੇ ਸਰਬਪੱਖੀ ਵਿਕਾਸ ਨੂੰ ਦੇਖ ਕੇ ਵਿਰੋਧੀ ਬੌਖਲਾਏ : ਕੁਲਵੰਤ ਸਿੰਘ

ਮੋਹਾਲੀ (ਗੁਰਜੀਤ ਬਿੱਲਾ)-ਮੋਹਾਲੀ ਦੇ ਵਿਧਾਇਕ ਕੁਲਵੰਤ ਸਿੰਘ ਵੱਲੋਂ ਪਿੰਡ ਬੱਲੋ ਮਾਜਰਾ ਅਤੇ ਫੇਜ਼-6 ਸਥਿਤ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਨਵੇਂ ਬਣੇ ਕਲਾਸਰੂਮਜ਼ ਦਾ ਉਦਘਾਟਨ ਕੀਤਾ ਗਿਆ।ਪਿੰਡ ਬੱਲੋ ਮਾਜਰਾ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ 46 ਲੱਖ ਰੁਪਏ ਦੀ ਲਾਗਤ ਨਾਲ ਬਣਾਏ ਗਏ 2 ਐਡੀਸ਼ਨਲ ਕਮਰੇ ਵਿਦਿਆਰਥੀਆਂ ਨੂੰ ਸਮਰਪਿਤ ਕੀਤੇ ਗਏ, ਜਦਕਿ ਫੇਜ਼-6 ਦੇ ਸਕੂਲ ਵਿੱਚ 9.50 ਲੱਖ ਰੁਪਏ ਦੀ ਲਾਗਤ ਨਾਲ ਬਣੇ ਇਕ ਹੋਰ ਐਡੀਸ਼ਨਲ ਕਲਾਸਰੂਮ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਪੰਜਾਬ ਵਿੱਚ ਸਰਬਪੱਖੀ ਵਿਕਾਸ ਦੀ ਰਫ਼ਤਾਰ ਤੇਜ਼ ਹੋਈ ਹੈ, ਜਿਸ ਨਾਲ ਵਿਰੋਧੀ ਪਾਰਟੀਆਂ ਬੌਖਲਾਹਟ ਵਿੱਚ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਜਿਨ੍ਹਾਂ ਉਮੀਦਾਂ ਨਾਲ ਸਰਕਾਰ ਬਣਾਈ ਸੀ, ਉਹਨਾਂ ਉਮੀਦਾਂ 'ਤੇ ਖਰਾ ਉਤਰਦੇ ਹੋਏ ਸਰਕਾਰ ਵੱਲੋਂ ਕੀਤੇ ਵਾਅਦੇ ਅਤੇ ਗਾਰੰਟੀਆਂ ਨੂੰ ਪੂਰਾ ਕੀਤਾ ਗਿਆ ਹੈ, ਜਿਸ ਕਾਰਨ ਲੋਕ ਸਰਕਾਰ ਦੇ ਕੰਮਾਂ ਨਾਲ ਸੰਤੁਸ਼ਟ ਹਨ।

ਅਸ਼ੋਕ ਮਿੱਤਲ ਦੇ ਘਰ ਈ ਡੀ ਛਾਪਿਆਂ ਦੀ ਦੀਪਕ ਬਾਲੀ ਵੱਲੋਂ ਸਖ਼ਤ ਸ਼ਬਦਾਂ 'ਚ ਨਿੰਦਾ

ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ) ਰਾਜ ਸਭਾ ਮੈਂਬਰ ਅਸ਼ੋਕ ਮਿੱਤਲ ਦੇ ਘਰ ਅਤੇ ਯੂਨੀਵਰਸਿਟੀ 'ਤੇ ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਦੇ ਛਾਪੇ ਤੋਂ ਬਾਅਦ, ਆਮ ਆਦਮੀ ਪਾਰਟੀ (ਆਪ) ਦੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਦੇ ਸਲਾਹਕਾਰ ਦੀਪਕ ਬਾਲੀ ਨੇ ਕੇਂਦਰ ਸਰਕਾਰ ਅਤੇ ਭਾਜਪਾ 'ਤੇ ਤਿੱਖਾ ਹਮਲਾ ਬੋਲਿਆ।ਦੀਪਕ ਬਾਲੀ ਨੇ ਇਸ ਪੂਰੇ ਮਾਮਲੇ ਨੂੰ ਰਾਜਨੀਤਿਕ ਸਾਜ਼ਿਸ਼ ਕਰਾਰ ਦਿੱਤਾ ਅਤੇ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੇ ਆਗੂਆਂ 'ਤੇ ਦਬਾਅ ਪਾਉਣ ਲਈ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਹਾਲ ਹੀ ਵਿੱਚ ਰਾਘਵ ਚੱਢਾ ਦੀ ਥਾਂ ਅਸ਼ੋਕ ਮਿੱਤਲ ਨੂੰ ਰਾਜ ਸਭਾ ਦਾ ਡਿਪਟੀ ਲੀਡਰ ਨਿਯੁਕਤ ਕਰਨ ਤੋਂ ਬਾਅਦ ਅਜਿਹੀ ਕਾਰਵਾਈ ਕੀਤੀ ਗਈ ਹੈ।ਉਨ੍ਹਾਂ ਇਸਨੂੰ ਰਾਜਨੀਤਿਕ ਬਦਲਾਖੋਰੀ ਤੋਂ ਪ੍ਰੇਰਿਤ ਦੱਸਿਆ। ਉਨ੍ਹਾਂ ਦੋਸ਼ ਲਾਇਆ ਕਿ ਭਾਜਪਾ ਆਮ ਆਦਮੀ ਪਾਰਟੀ ਦੀ ਵਧਦੀ ਲੋਕਪ੍ਰਿਅਤਾ ਅਤੇ ਸੰਗਠਨਾਤਮਕ ਤਾਕਤ ਤੋਂ ਡਰਦੀ ਹੈ, ਇਸ ਲਈ ਅਜਿਹੇ ਕਦਮ ਚੁੱਕੇ ਜਾ ਰਹੇ ਹਨ।ਭਾਜਪਾ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਸਿੱਧਾ ਨਿਸ਼ਾਨਾ ਸਾਧਦੇ ਹੋਏ ਉਨ੍ਹਾਂ ਕਿਹਾ ਕਿ ਭਾਜਪਾ ਆਮ ਆਦਮੀ ਪਾਰਟੀ ਨਾਲ ਜੁੜੇ ਆਗੂਆਂ ਨੂੰ ਡਰਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਹਾਲਾਂਕਿ, ਉਨ੍ਹਾਂ ਸਪੱਸ਼ਟ ਕੀਤਾ ਕਿ 'ਆਪ' ਵਰਕਰ ਅਤੇ ਆਗੂ ਅਜਿਹੇ ਦਬਾਅ ਅੱਗੇ ਨਹੀਂ ਝੁਕਣਗੇ। 'ਅਸੀਂ ਸੱਚ ਦੇ ਮਾਰਗ 'ਤੇ ਚੱਲ ਰਹੇ ਹਾਂ ਅਤੇ ਹਰ ਹਾਲਾਤ ਵਿੱਚ ਲੋਕਾਂ ਦੇ ਹੱਕਾਂ ਲਈ ਲੜਦੇ ਰਹਾਂਗੇ।'

ਬਾਲੀ ਨੇ ਕਿਹਾ, 'ਅਸੀਂ ਸੱਚੇ ਸਿਪਾਹੀ ਹਾਂ। ਅਸੀਂ ਭਾਜਪਾ ਦੇ ਜ਼ੁਲਮ ਅੱਗੇ ਕਦੇ ਨਹੀਂ ਝੁਕੇ, ਨਾ ਕਦੇ ਝੁਕਾਂਗੇ, ਨਾ ਹੀ ਪਿੱਛੇ ਹਟਾਂਗੇ। ਅਸੀਂ ਦਲੇਰੀ ਨਾਲ ਲੜਾਂਗੇ ਅਤੇ ਲੋਕਾਂ ਨੂੰ ਇਸ ਜ਼ੁਲਮ ਤੋਂ ਮੁਕਤ ਕਰਾਂਗੇ।' ਉਨ੍ਹਾਂ ਕੇਂਦਰ ਸਰਕਾਰ ਨੂੰ ਸੁਨੇਹਾ ਭੇਜਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦਾ ਹਰ ਵਰਕਰ ਅਤੇ ਆਗੂ ਸੱਚ ਲਈ ਲੜਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਅਫੀਮ, ਰਿਵਾਲਵਰ, 2 ਪਿਸਟਲ, 1 ਲੱਖ ਡਰੱਗ ਮਨੀ ਤੇ ਕਾਰ ਸਮੇਤ 3 ਕਾਬੂ

ਮੋਗਾ, (ਇਕਬਾਲ ਸਿੰਘ ਖਹਿਰਾ)-ਐੱਸਐੱਸਪੀ ਮੋਗਾ ਅਜੈ ਗਾਂਧੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਐੱਸਪੀ (ਆਈ) ਮੋਗਾ ਬਾਲ ਕ੍ਰਿਸ਼ਨ ਸਿੰਗਲਾ ਦੀ ਸੁਪਰਵੀਜ਼ਨ ਅਤੇ ਜਸਵਰਿੰਦਰ ਸਿੰਘ ਡੀਐੱਸਪੀ ਧਰਮਕੋਟ ਦੀ ਅਗਵਾਈ ਹੇਠ ਇੰਸਪੈਕਟਰ ਸੁਨੀਤਾ ਰਾਣੀ ਮੁੱਖ ਅਫਸਰ ਥਾਣਾ ਕੋਟ ਈਸੇ ਖਾਂ ਨੂੰ ਉਸ ਸਮੇ ਵੱਡੀ ਸਫਲਤਾ ਮਿਲੀ ਜਦੋਂ ਸਬ ਇੰਸਪੈਕਟਰ ਗੁਰਮੇਜ ਸਿੰਘ 760/ਮੋਗਾ ਥਾਣਾ ਕੋਟ ਈਸੇ ਖਾਂ ਨੂੰ ਗਸ਼ਤ ਦੌਰਾਨ ਮੁਖਬਰ ਖਾਸ ਵੱਲੋਂ ਮਿਲੀ ਠੋਸ ਇਤਲਾਹ 'ਤੇ ਮਨਪ੍ਰੀਤ ਸਿੰਘ ਪੁੱਤਰ ਅਮਰਜੀਤ ਸਿੰਘ, ਲਵਦੀਪ ਸਿੰਘ ਪੁੱਤਰ ਅਮਰਜੀਤ ਸਿੰਘ ਵਾਸੀ ਸ਼ਾਹ ਅਬੂ ਬੁੱਕਰ ਥਾਣਾ ਸਦਰ ਜ਼ੀਰਾ ਜ਼ਿਲ੍ਹਾ ਫਿਰੋਜ਼ਪੁਰ ਅਤੇ ਲਵਪ੍ਰੀਤ ਸਿੰਘ ਪੁੱਤਰ ਮੇਜਰ ਸਿੰਘ ਵਾਸੀ ਸੁਦਾਂ ਥਾਣਾ ਮੁੱਖੂ ਜ਼ਿਲ੍ਹਾ ਫਿਰੋਜ਼ਪੁਰ ਪਾਸੋਂ 500 ਗ੍ਰਾਮ ਅਫੀਮ, 1 ਰਿਵਾਲਵਰ 32 ਬੋਰ ਸਮੇਤ 05 ਜ਼ਿੰਦਾ ਰੌਂਦ, 02 ਪਿਸਟਲ 32 ਬੋਰ ਸਮੇਤ 06 ਜ਼ਿੰਦਾ ਰੌਂਦ ਅਤੇ 01 ਲੱਖ ਰੁਪਏ ਡਰੱਗ ਮਨੀ ਅਤੇ 01 ਕਾਰ ਨੰਬਰੀ 4* 05 3* 0704 ਮਾਰਕਾ ਪੋਲੋ ਨੂੰ ਕਾਬੂ ਕਰਕੇ ਮੁਕੱਦਮਾ ਦਰਜ ਕੀਤਾ।ਇਸ ਮਾਮਲੇ ਸੰਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡੀਐੱਸਪੀ ਧਰਮਕੋਟ ਜਸਵਿੰਦਰ ਸਿੰਘ ਨੇ ਦੱਸਿਆ ਕਿ ਐੱਸਆਈ ਗੁਰਮੇਜ ਸਿੰਘ 760/ਮੋਗਾ ਸਮੇਤ ਸਾਥੀ ਕਰਮਚਾਰੀਆਂ ਦੇ ਗਸ਼ਤ ਅਤੇ ਸ਼ੱਕੀ ਪੁਰਸ਼ਾਂ ਦੀ ਤਲਾਸ਼ ਸਬੰਧੀ ਕੋਟ ਈਸੇ ਖਾਂ ਮੌਜੂਦ ਸਨ ਜਦੋਂ ਉਪਰੋਕਤ ਬਰਾਮਦਗੀ ਹੋਈ। ਥਾਣਾ ਕੋਟ ਈਸੇ ਖਾਂ ਐੱਫ ਆਈ ਆਰ 82 ਮਿਤੀ 13.04.2026,18-61-85 ਐੱਨ ਡੀ ਪੀ ਐੱਸ ਐਕਟ 25/54/59 ਅਸਲਾ ਐਕਟ ਵਾਧਾ ਜੁਰਮ 27-ਬੀ, 25 ਐੱਨ ਡੀ ਪੀ ਐੱਸ ਐਕਟ ਥਾਣਾ ਕੋਟ ਈਸੇ ਖਾਂ ਖਿਲਾਫ ਉਕਤ ਵਿਅਕਤੀਆਂ ਦਰਜ ਰਜਿਸਟਰ ਕੀਤਾ ਗਿਆ ਜਿਨ੍ਹਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕੀਤਾ ਜਾਵੇਗਾ।ਮੁਕੱਦਮੇ ਦੀ ਅਗਲੀ ਤਫਤੀਸ਼ ਅਮਲ ਵਿੱਚ ਲਿਆਂਦੀ ਜਾਵੇਗੀ।

ਕਲਾਸੀਫਾਈਡ ਇਸ਼ਤਿਹਾਰ

Change of Name

I,Rupinder Kaur W/O Gurmit Singh Gill R/O 85,New City, Adliwala Road,Raja Sansi, Amritsar,Punjab have changed my name from Rupinder Kaur to Rupinder Kaur Gill. Concerned note.

I,Kulbir Singh S/O Sohan Singh R/O VPO Mehta, Tehsil Baba Bakala Distt.Amritsar,Punjab have changed my name from Kulbir Singh to Kulbir as my Given name and Singh as my Surname .Concerned note.

I,Rajbir Kaur W/O Kulbir Singh R/O VPO Mehta, Tehsil Baba Bakala Distt.Amritsar,Punjab have changed my name from Rajbir Kaur to Rajbir as my Given name and Kaur as my Surname .Concerned note.

I,Gurleen Kaur D/O Kulbir Singh R/O VPO Mehta, Tehsil Baba Bakala Distt.Amritsar,Punjab have changed my name from Gurleen Kaur to Gurleen as my Given name and Kaur as my Surname .Concerned note.

I, Ramurti Devi Dependent Mother of 721155G W/o Subhash Chahal Presently residing at 8 Wing MT Section, AFS Adampur, District Jalandhar, Punjab, India, have changed my name from Ramurti Devi to Ramrati . My date of birth is 01-01-1947. that Ramurti Devi and Ramrati is one and same person i.e. Myself. All concerned please note.

I, Sahil son of Sh. Naresh Kumar resident of Village Sahora Kandi, PO Hajipur, Tehsil Mukerian,Distt Hoshiarpur (Pb) have changed my name from Sahil to Sahil Kumar. Concerned note.

I, Shymali Ghosh W/o Gurdeep Singh R/o Village Kala Manj PO and Tehsil Mukerian Distt. Hoshiarpur Punjab have changed my name from Shymali Ghosh to Shamli Kaur. Concerned note.

I, Jasbir Singh Bath S/o Dalbir Singh R/o F14/95, Gali No.7, Guru Gogind Singh Nagar, Majitha Road, Amritsar, Punjab has changed my name from Jasbir Singh Bath to Jasbir Singh Baath.

I, Reetu W/o Rajesh Kumar R/o H.No. 8, Phase-3 Guru Nanak Avenue, Near Power Colony, Majitha Road, Amritsar Punjab have changed my name from Reetu to Reetu Marwaha.

I, Mansajanpreet Singh S/o Gurjit Singh R/o Brar, Amritsar, Punjab-143109 have changed my name from Mansajanpreet Singh to Singh is my surname and Mansajanpreet is my given name.

I, Kawaljeet W/o Sukha Masih R/o 16/2143, Preet Nagar Verka, Amritsar have changed my name from Kawaljeet to Kawaljit

I, Baljinder Singh S/o Gajjan Singh R/o Vill Bhangwan Tehsil Ajnala Amritsar have changed my name from Baljinder Singh to Given name Baljinder Surname Singh.

I Nidha alias Neelam Rani Arora W/o Narinder Kumar R/o H.No.D-772, D-Block, Ranjit Avenue, Amritsar have changed my name from Nidha Alias Neelam Rani Arora To Nidha Arora. All Please Note.

I, Sarabjit Singh S/o Sukhdev Singh R/o Village Jasraur, Tehsil Ajnala District Amritsar have declared that Singh is my surname and Sarabjit is my given name.

I, Bikramjit Singh S/o Harpal Singh R/o Village Dhariwal Kaler , Tehsil Ajnala District Amritsar have declared that Singh is my surname and Bikramjit is my given name.

I, Manju Rani W/o Sanjay Soni R/o 116, Shakti Nagar, Jalandhar, 144001 now i have changed my name from Manju Soni to Manju Rani. Please note.

I Deepak Kumar Kanojia S/o Pyara Lal Kanojia R/o S.N.10, Shastri Nagar, Nakodar Road, Jalandhar-144001, Punjab, have changed my name from Deepak Kumar Kanojia to Deepak Kumar. All concerned may note.

I, Bhavik S/o Rajeev Kumar R/o H.No. WG-30, Islam Ganj,Jalandhar, have changed my name from Bhavik to Bhavik Khugher. All concerned noted.

I, No. 4470314L Ex-Havildar Jagdish Singh (Retd), resident of Village Sangowal, PO Kishangarh, Distt. Jalandhar, request to correct my daughter's name in my service records from Mandip Kaur to Mandeep Kaur.

I Army no. 4470314L Ex Hav Jagdish Singh (Retd) ,R/o Vill.Sangowal , PO Kishangarh, Distt. Jalandhar request to correct my daughter's Mandeep Kaur Dob in my service records from 25.7.1998 to 16.12.1998.

I, Bharatvir Singh S/o Iqbal Singh R/o Village Kadianwali, Distt. Jalandhar, Punjab-144020 have changed my name from Bharatvir Singh to Bharatveer Singh. All concerned please note.

I, Baljit Kumar S/o Amarjit R/o VPO. Mand, Tehsil & District Jalandhar, Punjab have changed my name from Baljit Kumar to Given Name Baljit & Surname as Kumar. All concerned please note.

Change of Name

I, Paramjit Singh S/o Khazan Singh R/o Vill. Mal Chak Kang Tarn Taran (Pb) have changed my name from Parmjit to Paramjit Singh. All concerned please note.

I, Chanchil Rani d/o Teja Singh w/o Naresh Kumar r/o H.No.3/22, W.No.6, Mahilpur, Hoshiarpur, Punjab-146105 have changed my name to Darshan Kaur. All Please Note.

I, Prerna Koura d/o Dharam Pal w/o Paras Sharma r/o 67, Rani Bagh, Basti Peer Dad, Jalandhar have changed my to Prerna Sharma (Surname as Sharma) After Marriage. All Please Note.

I, Paras s/o Pardeep Kumar r/o 67, Rani Bagh, Basti Peer Dad, Jalandhar have changed my to Paras Sharma (Surname as Sharma). All Please Note.

I, Kewal Kaur Alias Kulwinder Kaur w/o Surinder Singh r/o VPO. Bir Bansian, Teh.Phillaur, Distt.Jalandhar-144409, Punjab have changed my name as Kewal Kaur. All Please Note.

I, Vibha D/o Ram Bhajan r/o Dharampura Abadi, Po. Khambra, Jalandhar have changed my name to Vibha Kumari (Surname as Kumari) All Please Note.

I, Lucky S/o Swaran Dass r/o H.No.33, Professor Colony, Kapurthala have changed my wife name from Shivali Angural to Shivali Dhawan. All Please Note.

I, Kirandeep Banga W/o Sandeep Banga r/o Vill. Khusropur, Po.Kukar Pind, Jalandhar have changed my daughter name from Barlin Deep to Barlin Deep Banga. All Please Note.

I, Banti Singh s/o Jagir Singh r/o H.No.119, New Harbans Nagar, Basti Guzan, Jalandhar have changed my name from Banti to Bunty. All Please Note.

I, Balbir W/o Manjeet Singh r/o VPO. Jaja, Distt. Hoshiarpur, Punjab have changed my name from Balbir to Balveer Kaur. All Please Note.

I, Manjeet Singh S/o Harbhajan Singh R/o VPO. Madhopur Jallowal, Distt. Kapurthala have changed my name as Manjeet Singh to Manjit Singh.

I Manjit Kaur alias Jasvir Kaur W/o Jagvir Singh, R/o Village Darapur, PO Salala, Distt. Jalandhar,Punjab have changed my name from Manjit Kaur to Manjit Kaur alias Jasvir Kaur. All concerned may note.

ਬੇਦਖਲੀ ਨੋਟਿਸ

ਅਸੀਂ, ਫ਼ਕੀਰ ਸਿੰਘ ਪੁੱਤਰ ਬੱਗਾ ਸਿੰਘ, ਜਸਵੰਤ ਕੌਰ ਪਤਨੀ ਫ਼ਕੀਰ ਸਿੰਘ, ਵਾਸੀਆਨ ਬਾਗੜੀਆਂ ਰੋਡ, ਧੂਰੀ (ਸੰਗਰੂਰ) ਆਪਣੇ ਲੜਕੇ ਹਰਮਨਜੀਤ ਸਿੰਘ, ਨੂੰਹ ਸਿੰਦਰਪਾਲ ਕੌਰ ਅਤੇ ਪੋਤਰੇ ਦਿਵਜੋਤ ਸਿੰਘ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਨ੍ਹਾਂ ਨਾਲ ਲੈਣਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖ਼ੁਦ ਜ਼ਿੰਮੇਵਾਰ ਹੋਣਗੇ।

ਅਸੀਂ, ਕਮਲੇਸ਼ ਰਾਣੀ ਪਤਨੀ ਦੇਵ ਰਾਜ ਅਤੇ ਦੇਵ ਰਾਜ ਪੁੱਤਰ ਸੰਤ ਰਾਮ ਵਾਸੀਆਨ ਸਾਈ ਕਲੋਨੀ, ਕੋਟ ਸਦੀਕ, ਬਸਤੀ ਗੁਜਾ, ਜਲੰਧਰ ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਵਰਸ਼ਾ ਅਤੇ ਉਸਦਾ ਪਤੀ ਭੁਪਿੰਦਰ ਸਿੰਘ, ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖ਼ੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਪਰਦੀਪ ਕੁਮਾਰ ਪੁੱਤਰ ਜੋਗਰਾਜ ਵਾਸੀ ਮਕਾਨ ਨੰ. 107, ਗਲੀ ਨੰ. 4, ਕ੍ਰਿਸ਼ਨਾ ਨਗਰ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੰਜੀਵ ਕੁਮਾਰ ਸ਼ਰਮਾ ਉਰਫ ਹਨੀ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਜੋਗਿੰਦਰ ਸਿੰਘ ਪੁੱਤਰ ਬੇਲਾ ਸਿੰਘ, ਵਾਸੀ ਪਿੰਡ ਰਾਏਪੁਰ, ਤਹਿਸੀਲ ਬਾਬਾ ਬਕਾਲਾ, ਅੰਮ੍ਰਿਤਸਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜੱਗਚਾਨਣ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਤੇ ਮੇਰੇ ਨਾਲ ਲੜਾਈ-ਝਗੜਾ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖ਼ੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਦਲਵਿੰਦਰ ਸਿੰਘ ਪੁੱਤਰ ਲੇਟ ਰਘਬੀਰ ਸਿੰਘ, ਵਾਸੀ ਮਕਾਨ ਨੰ: 1123, ਗਲੀ ਨੰ: 1, ਬੈਕ ਸਾਈਡ ਸੰਤ ਬਾਬਾ ਭੂਰੀ ਵਾਲਾ, ਤਰਨ ਤਾਰਨ ਰੋਡ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜਸਪ੍ਰੀਤ ਸਿੰਘ ਅਤੇ ਉਸ ਦੀ ਪਤਨੀ ਰਮਨਦੀਪ ਕੌਰ, ਇਨ੍ਹਾਂ ਦੀ ਇਕ ਲੜਕੀ ਇਲਾਹੀ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ-ਝਗੜਾ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖ਼ੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਕ੍ਰਿਸ਼ਨਾ ਰਾਣੀ ਪਤਨੀ ਲੇਟ ਸ੍ਰੀ ਸੋਮਨਾਥ, ਵਾਸੀ ਮਕਾਨ ਨੰ: 1511, ਗਲੀ ਘੜਿਆਲਾਂ ਵਾਲੀ, ਅੰਮ੍ਰਿਤਸਰ, ਪੰਜਾਬ-143001 ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਰਾਕੇਸ਼ ਕੁਮਾਰ, ਉਸ ਦੀ ਪਤਨੀ ਬਬਲੀ, ਬਲਵਿੰਦਰ ਕੁਮਾਰ ਉਸ ਦੀ ਪਤਨੀ ਪ੍ਰੀਤੀ ਅਤੇ ਕਮਲ ਕੁਮਾਰ ਉਸ ਦੀ ਪਤਨੀ ਊਸ਼ਾ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖ਼ੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਅਵਤਾਰ ਸਿੰਘ ਪੁੱਤਰ ਬਲਵਿੰਦਰ ਸਿੰਘ, ਵਾਸੀ ਪਿੰਡ ਧੂੜਕੋਟ ਕਲਾਂ, ਤਹਿਸੀਲ ਤੇ ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰੀ ਪਤਨੀ ਜਸਪ੍ਰੀਤ ਕੌਰ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਨਾਲ ਲੈਣ-ਦੇਣ ਕਰਨ ਵਾਲਾ ਖ਼ੁਦ ਜ਼ਿੰਮੇਵਾਰ ਹੋਵੇਗਾ। ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਸੰਬੰਧਤ ਨੋਟ ਕਰਨ।

ਬੇਦਖਲੀ ਨੋਟਿਸ

ਮੈਂ ਸੁਰਜੀਤ ਸਿੰਘ ਪੁੱਤਰ ਸੁੱਚਾ ਸਿੰਘ ਵਾਸੀ 820, ਡਾ. ਹੇਤ ਰਾਮ ਕਾਲੋਨੀ, ਛੇਹਰਟਾ ਜਿਲ੍ਹਾਂ ਅੰਮ੍ਰਿਤਸਰ ਆਪਣੇ ਲੜਕੇ ਸੰਦੀਪ ਸਿੰਘ ਜੋ ਮੇਰੇ ਕਹਿਣੇ ਵਿੱਚ ਨਹੀ ਹੈ, ਮੇਰੀ ਕੋਈ ਗੱਲ ਨਹੀਂ ਮੰਨਦਾ, ਆਪਣੀ ਮਰਜੀ ਕਰਦਾ ਹੈ ਨੂੰ ਆਪਣੀ ਚੱਲ ਅਚੱਲ, ਝੁੱਕਵੀ ਅਣਝੁਕਵੀ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸਦੇ ਕਿਸੇ ਵੀ ਮਾੜੇ ਚੰਗੇ ਕੰਮ ਨਫ਼ੇ ਨੁਕਸਾਨ, ਲੈਣ ਦੇਣ, ਲੜਾਈ ਝਗੜੇ ਦੇ ਲਈ ਮੈਂ ਅਤੇ ਮੇਰਾ ਪਰਿਵਾਰ ਜਿੰਮੇਵਾਰ ਨਹੀ ਹੋਵੇਗਾ. ਮੇਰਾ ਸੰਦੀਪ ਸਿੰਘ ਦੇ ਨਾਲ ਕੋਈ ਸਬੰਧ ਨਹੀ ਹੈ।

ਮੈਂ, ਬਰਿੰਦਰ ਕੁਮਾਰ ਕੰਡਾ ਪੁੱਤਰ ਜਨਕ ਰਾਜ ਕੰਡਾ, ਵਾਸੀ ਮਕਾਨ ਨੰਬਰ 23, ਖੁਰਲਾ ਕਿੰਗਰਾ, ਨੇੜੇ ਸਾਈਂ ਬਾਬਾ ਮੰਦਰ ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਜੋਤੀ ਪਤਨੀ ਆਸ਼ੂ, ਵਾਸੀ ਸ਼ਾਲੀਮਾਰ ਕਾਲੋਨੀ ਕਪੂਰਥਲਾ ਨੂੰ ਮੇਰੇ ਕਹਿਣੇਕਾਰ ਨਾ ਹੋਣ ਕਾਰਨ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਊਸ਼ਾ ਪਤਨੀ ਪ੍ਰੇਮ ਵਾਸੀ ਪਿੰਡ ਉੱਗੀ, ਤਹਿਸੀਲ ਨਕੋਦਰ (ਜਲੰਧਰ) ਸੂਚਿਤ ਕਰਦੀ ਹਾਂ ਕਿ ਹਰਮੇਸ਼ ਕੁਮਾਰ ਮੇਰਾ ਲੜਕਾ, ਪਵਨਦੀਪ ਨੂੰਹ ਉਪਰੋਕਤ ਦੋਵੇਂ ਮੇਰੇ ਕਹਿਣੇ ਤੋਂ ਬਾਹਰ ਹਨ। ਉਪਰੋਕਤ ਦੋਵਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਵਾਰ ਦਾ ਉਕਤ ਦੋਵਾਂ ਨਾਲ ਕੋਈ ਤੁਅੱਲਕ ਨਹੀਂ ਰਿਹਾ। ਉਕਤ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਬਖਸ਼ੀਸ਼ ਸਿੰਘ ਪੁੱਤਰ ਸ੍ਰੀ ਰਾਮ ਭਜ, ਵਾਸੀ ਪਿੰਡ ਟੁੰਡ, ਡਾਕਖਾਨਾ ਗੜ੍ਹਦੀਵਾਲਾ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਪਾਲ ਸਿੰਘ ਤੇ ਉਸ ਦੀ ਪਤਨੀ ਸਪਨਾ ਉਰਫ ਸਲਮਾ ਮੇਰੇ ਕਹਿਣੇ ਤੋਂ ਬਾਹਰ ਹਨ। ਮੇਰੇ ਨਾਲ ਬਦਸਲੂਕੀ ਨਾਲ ਪੇਸ਼ ਆਉਂਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੇਕਰ ਇਨ੍ਹਾਂ ਨੂੰ ਕੁਝ ਹੋ ਜਾਂਦਾ ਹੈ ਤਾਂ ਮੈਂ ਜਾਂ ਮੇਰਾ ਬਾਕੀ ਪਰਵਾਰ ਜ਼ਿੰਮੇਵਾਰ ਨਹੀਂ ਹੋਵੇਗਾ।

ਮੈਂ, ਗੁਰਮੀਤ ਪਤਨੀ ਬਲਵਿੰਦਰ ਮਸੀਹ, ਵਾਸੀ ਜੱਟਾਂ, ਤਹਿ. ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਮੰਗਲ ਮਸੀਹ, ਜੋ ਕਿ ਮੇਰੇ ਕਹਿਣੇ-ਸੁਣਨੇ ਤੋਂ ਬਾਹਰ ਹੈ, ਆਪਣੀ ਮਨਮਰਜ਼ੀ ਕਰਦਾ ਹੈ ਅਤੇ ਤੰਗ ਪ੍ਰੇਸ਼ਾਨ ਕਰਦਾ ਹੈ। ਮੈਂ ਉਸ ਨੂੰ ਆਪਣੀ ਹਰ ਕਿਸਮ ਦੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਦੇ ਕਿਸੇ ਵੀ ਤਰ੍ਹਾਂ ਦੇ ਲੈਣ-ਦੇਣ ਅਤੇ ਚੰਗੇ-ਮਾੜੇ ਕੰਮਾਂ ਦੇ ਮੈਂ ਤੇ ਮੇਰਾ ਪਰਵਾਰ ਜ਼ਿੰਮੇਵਾਰ ਨਹੀਂ ਹੋਵਾਂਗੇ। ਉਹ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਵਾਰ ਦਾ ਉਸ ਨਾਲ ਕੋਈ ਤਲਕ-ਵਾਸਤਾ ਨਹੀਂ ।

ਮੈਂ, ਅਮਰਜੀਤ ਸਿੰਘ ਪੁੱਤਰ ਸੱਜਣ ਸਿੰਘ, ਵਾਸੀ ਤਤਾਰੀਏ ਵਾਲਾ, ਤਹਿਸੀਲ ਮੋਗਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਇਕਬਾਲ ਸਿੰਘ (ਕੁਆਰਾ) ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਸੰਬੰਧ-ਵਾਸਤਾ ਨਹੀਂ। ਸੰਬੰਧਤ ਨੋਟ ਕਰਨ।

ਅਸੀਂ ਰਣਜੋਧ ਸਿੰਘ ਪੁੱਤਰ ਸ੍ਰੀ ਨਾਨਕ ਚੰਦ ਅਤੇ ਸੁਖਜਿੰਦਰ ਕੌਰ ਪਤਨੀ ਰਣਜੋਧ ਸਿੰਘ , ਵਾਸੀਆਨ ਮਕਾਨ ਨੰਬਰ 241 , ਗਲੀ ਨੰਬਰ 7, ਨਿਜਾਤਮ ਨਗਰ , ਜ਼ਿਲ੍ਹਾ ਜਲੰਧਰ ਇਹ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਰਣਜੀਤ ਸਿੰਘ ਅਤੇ ਉਸਦੀ ਪਤਨੀ ਕਮਲਜੀਤ ਕੌਰ ਅਤੇ ਉਹਨਾਂ ਦੀ ਪੁੱਤਰੀ ਏਕਮ ਕੌਰ ਸਾਡੇ ਕਹਿਣੇ ਤੋਂ ਬਾਹਰ ਹਨ । ਇਸ ਲਈ ਅਸੀਂ ਇਹਨਾ ਨੂੰ ਆਪਣੀ ਚੱਲ - ਅੱਚਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਹਨਾ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ । ਸੰਬੰਧਿਤ ਨੋਟ ਕਰਨ।

ਮੈਂ ਮਮਤਾ ਦੇਵੀ ਪਤਨੀ ਭਿੰਦਾ ਵਾਸੀ ਚੀਮਾਂ ਰੋਡ ਸਾਧਾਂ ਵਾਲੀ ਬਸਤੀ ਕੋਟ ਈਸੇ ਖਾਂ ਤਹਿ: ਧਰਮਕੋਟ ਜਿਲ੍ਹਾ ਮੋਗਾ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਵਿਸ਼ਾਲ ਕੁਮਾਰ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਮੇਰਾ ਜਾਂ ਮੇਰੇ ਪਰਿਵਾਰ ਦਾ ਕੋਈ ਵੀ ਤਾਲੁਕ ਵਾ ਵਾਸਤਾ ਨਹੀਂ ਹੋਵੇਗਾ।

ਮੈਂ , ਭਜਨੋ ਪਤਨੀ ਲੇਟ ਸ੍ਰੀ ਪਾਖਰ ਰਾਮ ਵਾਸੀ ਪਿੰਡ ਸਿਕੰਦਰਪੁਰ , ਬਲਾਕ ਆਦਮਪੁਰ, ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਸਰਬਜੀਤ ਕੌਰ ਉਰਫ ਜੀਤਾਂ ਅਤੇ ਉਸ ਦਾ ਲੜਕਾ ਤਰਨਜੀਤ ਸਿੰਘ ਉਰਫ ਤਰਨ ਜੋ ਕਿ ਮੇਰੇ ਅਤੇ ਮੇਰੇ ਪਰਿਵਾਰ ਦੇ ਕਹਿਣੇ ਤੋਂ ਬਾਹਰ ਹਨ । ਜਿਸ ਕਰਕੇ ਮੈਂ ਇਨਾਂ ਦੋਵਾਂ ਨੂੰ ਆਪਣੀ ਚੱਲ -ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦੀ ਹਾਂ । ਜੋ ਕੋਈ ਵੀ ਇਨਾਂ ਦੇ ਨਾਲ ਕਿਸੇ ਵੀ ਤਰਾਂ ਦਾ ਕੋਈ ਲੈਣ-ਦੇਣ ਕਰਦਾ ਹੈ ਤਾਂ ਓਹ ਖ਼ੁਦ ਜਿੰਮੇਵਾਰ ਹੋਣਗੇ । ਸੰਬੰਧਤ ਨੋਟ ਕਰਨ ।

ਅਸੀਂ ਤਾਰਾ ਚੰਦ ਸਨਖਲਾ ਪੁੱਤਰ ਖਿਆਲੀ ਰਾਮ ਅਤੇ ਬਿਮਲਾ ਦੇਵੀ ਪਤਨੀ ਤਾਰਾ ਚੰਦ ਸਨਖਲਾ ਵਾਸੀਆਨ ਮਕਾਨ ਨੰ: ਈ ਐਮ-100, ਨੇੜੇ ਬਿਲਿਆਂ ਮੰਦਿਰ, ਰਸਤਾ ਮੁੱਹਲਾ, ਜਲੰਧਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਪੁੱਤਰ ਨਿਤੇਸ਼ ਸਨਖਲਾ ਵਾ ਉਸਦੀ ਪਤਨੀ ਨਿਸ਼ਾ ਸਨਖਲਾ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਮਾਯਾ ਪਤਨੀ ਲੇਟ ਸ੍ਰੀ ਮਹਿੰਦਰ ਸਿੰਘ ਵਾਸੀ ਪਿੰਡ ਨੁਸੀ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸਰਬਜੀਤ ਸਿੰਘ ਅਤੇ ਉਸਦੀ ਪਤਨੀ ਸੁਨੀਤਾ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਛਿੰਦਰਪਾਲ ਕੌਰ ਪਤਨੀ ਦਲਵਿੰਦਰ ਸਿੰਘ ਪੁੱਤਰ ਜਿਊਣ ਸਿੰਘ, ਵਾਸੀ ਲੋਹਾਰਾ, ਤਹਿਸੀਲ ਧਰਮਕੋਟ, ਜ਼ਿਲ੍ਹਾ ਮੋਗਾ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਕਮਲਜੀਤ ਕੌਰ ਪੁੱਤਰੀ ਪਰਮਜੀਤ ਸਿੰਘ ਪੁੱਤਰ ਜਿਊਣ ਸਿੰਘ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦੀ ਹੈ ਅਤੇ ਘਰੋਂ ਭੱਜ ਕੇ ਵਿਆਹ ਕਰਵਾ ਲਿਆ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖ਼ੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਕਮਲਜੀਤ ਕੌਰ ਪਤਨੀ ਭਗਤ ਰਾਮ ਵਾਸੀ ਪਿੰਡ ਤੇ ਡਾਕ: ਗੋਹਾਵਰ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ, ਪੰਜਾਬ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਸ਼ਰਨਜੀਤ (ਕੁਆਰਾ) ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਹ ਆਪਣੇ ਕੀਤੇ ਹੋਏ ਹਰੇਕ ਚੰਗੇ ਮਾੜੇ ਕੰਮ, ਲੈਣ ਦੇਣ ਅਤੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਬੇਦਖਲੀ ਨੋਟਿਸ

ਅਸੀਂ, ਮਾਨ ਸਿੰਘ ਪੁੱਤਰ ਸ਼ਮੀਰਾ ਸਿੰਘ ਵਾ ਮਨਜੀਤ ਕੌਰ ਪਤਨੀ ਮਾਨ ਸਿੰਘ, ਵਾਸੀ ਪਿੰਡ ਸੰਮੀਪੁਰ, ਲਾਂਬੜਾ, ਜਲੰਧਰ ਸੂਚਿਤ ਕਰਦੇ ਹਾਂ ਕਿ ਸਾਡਾ ਲੜਕਾ ਜਸਵੰਤ ਸਿੰਘ ਵਾ ਨੂੰਹ ਸੰਦੀਪ ਕੌਰ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸੰਬੰਧਤ ਨੋਟ ਕਰਨ।

ਮੈਂ ਪਰਮਜੀਤ ਕੌਰ ਵਿਧਵਾ ਸਰੂਪ ਸਿੰਘ, ਵਾਸੀ ਸੁਧਾਰ ਰਾਜਪੂਤਾਂ (ਅੰਮ੍ਰਿਤਸਰ) ਆਪਣੇ ਲੜਕੇ ਕੰਵਰਦੀਪ ਸਿੰਘ, ਨੂੰਹ ਜਸਮੀਤ ਕੌਰ ਨੂੰ ਕਹਿਣੇ ਤੋਂ ਬਾਹਰੀ ਹੋਣ ਕਾਰਣ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ । ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ।

ਨਾਂਅ ਦੀ ਬਦਲੀ

ਮੈਂ ਸਾਧੂ ਸੱਭਰਵਾਲ ਪੁੱਤਰ ਸ੍ਰੀ ਅ ਨੈ ਤ ਪਿੰਡ ਕਾਹਲਵਾਂ ਡਾਕ ਮਿਆਣੀ, ਤਹਿ. ਦਸੂਆ, ਜ਼ਿਲ੍ਹਾ ਹੁਸ਼ਿਆਰਪੁਰ ਪੰਜਾਬ ਨੇ ਆਪਣੇ ਲੜਕੇ ਦਾ ਨਾਮ ਸਾਹਿਲ ਸਪਰਵਾਲ ਤੋਂ ਸਾਹਿਲ ਸੱਭਰਵਾਲ ਰੱਖ ਲਿਆ ਹੈ।

ਮੈਂ, ਰਣਜੀਤ ਕੌਰ ਪਤਨੀ ਕੁਲਦੀਪ ਸਿੰਘ, ਵਾਸੀ ਪਿੰਡ ਦਾਨੀਪੁਰ, ਤਹਿਸੀਲ ਸਮਾਣਾ, ਜ਼ਿਲ੍ਹਾ ਪਟਿਆਲਾ ਨੇ ਆਪਣਾ ਨਾਂਅ ਰਾਣੀ ਤੋਂ ਬਦਲ ਕੇ ਰਣਜੀਤ ਕੌਰ ਰੱਖ ਲਿਆ ਹੈ। ਮੈਂ ਦੋ ਨਾਵਾਂ ਵਾਲੀ ਇਕ ਹੀ ਔਰਤ ਹਾਂ। ਅੱਜ ਤੋਂ ਬਾਅਦ ਮੈਨੂੰ ਰਣਜੀਤ ਕੌਰ ਦੇ ਨਾਂਅ ਨਾਲ ਜਾਣਿਆ ਜਾਵੇ। ਸੰਬੰਧਤ ਨੋਟ ਕਰਨ।

ਮੈਂ, ਸਾਧੂ ਸੱਭਰਵਾਲ ਪੁੱਤਰ ਸ੍ਰੀ ਅਨੈਤ, ਵਾਸੀ ਪਿੰਡ ਕਾਹਲਵਾਂ, ਡਾਕ. ਮਿਆਣੀ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਨੇ ਆਪਣੇ ਲੜਕੇ ਦਾ ਨਾਂਅ ਸਾਹਿਲ ਸਪਰਵਾਲ ਤੋਂ ਸਾਹਿਲ ਸੱਭਰਵਾਲ ਰੱਖ ਲਿਆ ਹੈ।

ਮੈਂ, ਹਰਮਨ ਪੁੱਤਰੀ ਸਤਨਾਮ ਸਿੰਘ ਵਾਸੀ ਪਿੰਡ ਨੰਗਲ ਫਤਿਹ ਖਾਂ, ਡਾਕ: ਪਤਾਰਾ, ਜ਼ਿਲ੍ਹਾ ਜਲੰਧਰ ਸੂਚਿਤ ਕਰਦੀ ਹਾਂ ਕਿ ਮੈਂ ਆਪਣਾ ਨਾਮ ਹਰਮਨ ਤੋਂ ਬਦਲ ਕੇ ਹਰਮਨ ਕੌਰ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

ਆਮ ਸੂਚਨਾ

ਮੈਂ ਹਰਮਨਪ੍ਰੀਤ ਕੌਰ ਪਤਨੀ ਜਗਜੀਤ ਸਿੰਘ ਪਿੰਡ ਦਾਨੇਵਾਲ, ਤਹਿਸੀਲ ਸ਼ਾਹਕੋਟ ਜਿਲ੍ਹਾ ਜਲੰਧਰ ਦੀ ਰਹਿਣ ਵਾਲੀ ਹਾਂ ਅਤੇ ਬਿਆਨ ਕਰਦੀ ਹਾਂ ਕਿ ਕੁਝ ਦਸਤਾਵੇਜ਼ਾਂ ਵਿੱਚ ਮੇਰਾ ਨਾਮ ਹਰਪ੍ਰੀਤ ਕੌਰ ਚੱਲਦਾ ਹੈ ਅਤੇ ਕੁਝ ਪਰ ਹਰਮਨਪ੍ਰੀਤ ਕੌਰ ਚੱਲਦਾ ਹੈ। ਦੋਵੇਂ ਨਾਮ ਮੇਰੇ ਹੀ ਹਨ। ਸੰਬੰਧਤ ਨੋਟ ਕਰਨ।

ਸੁਸ਼ੀਲ ਕੁਮਾਰ ਪੁੱਤਰ ਮੇਘ ਰਾਜ ਹਮੀਰਗੜ੍ਹ ਏਪੀ13/1280 ਦੇ ਨਾਮ ਮੋਟਰ ਕੁਨੈਕਸ਼ਨ ਹੈ। ਇਸ ਨੂੰ ਬਦਲ ਕੇ ਸੀਸਪਾਲ ਪੁੱਤਰ ਪਰਸੋਤਮ ਦਾਸਮੂਨਕ ਰਕਬਾ ਹਮੀਰਗੜ੍ਹ ਦੇ ਨਾਮ ਬਦਲੀ ਕਰਨ ਦੀ ਅਰਜੀ ਆਈ ਹੈ। ਜੇਕਰ ਕਿਸੇ ਨੂੰ ਇਤਰਾਜ਼ ਹੈ ਤਾਂ 15 ਦਿਨਾ ਵਿੱਚ ਕਰ ਸਕਦਾ ਹੈ। ਵੱਲੋਂ:- ਐਸ.ਡੀ.ਓ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮ: ਬੰਗਾਂ।

ਮੈਂ, ਮੰਗਲ ਸਿੰਘ ਪੁੱਤਰ ਹਰਭਜਨ ਸਿੰਘ, ਵਾਸੀ ਪਿੰਡ ਫਤਿਹ ਜਲਾਲ, ਡਾਕ. ਪੱਤੜ ਕਲਾਂ, ਜ਼ਿਲ੍ਹਾ ਜਲੰਧਰ ਸੂਚਿਤ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਜਸਕੀਰਤ ਸਿੰਘ ਪੁੱਤਰ ਮੰਗਲ ਸਿੰਘ ਅਤੇ ਆਪਣੀ ਨੂੰਹ ਮਨਪ੍ਰੀਤ ਕੌਰ ਪਤਨੀ ਜਸਕੀਰਤ ਸਿੰਘ ਨੂੰ ਮਿਤੀ 04.12.2023 ਨੂੰ ਅਖਬਾਰ ਰਾਹੀਂ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਸੀ। ਹੁਣ ਮੇਰਾ ਲੜਕਾ ਜਸਕੀਰਤ ਸਿੰਘ ਅਤੇ ਮੇਰੀ ਨੂੰਹ ਮਨਪ੍ਰੀਤ ਕੌਰ ਮੇਰੇ ਕਹਿਣੇ ਵਿਚ ਹਨ ਤੇ ਮੇਰੇ ਨਾਲ ਚੰਗਾ ਵਿਹਾਰ ਹੈ। ਹੁਣ ਮੈਂ ਆਪਣੇ ਲੜਕੇ ਜਸਕੀਰਤ ਸਿੰਘ ਅਤੇ ਨੂੰਹ ਮਨਪ੍ਰੀਤ ਕੌਰ ਦੀ ਬੇਦਖਲੀ ਵਾਪਸ ਲੈਂਦਾ ਹਾਂ।

ਗੁਰਮੇਲ ਸਿੰਘ ਪੁੱਤਰ ਅਜਮੇਰ ਸਿੰਘ, ਵਾਸੀ ਬੱਧਨੀ ਕਲਾਂ, ਜ਼ਿਲ੍ਹਾ ਮੋਗਾ ਵਿਖੇ ਚੱਲਦੇ ਮੋਟਰ ਕੁਨੈਕਸ਼ਨ ਖਾਤਾ ਨੰਬਰ ਏ ਪੀ-04-338, 17.5 ਹਾਰਸ ਪਾਵਰ ਨੂੰ ਗੁਰਜੰਟ ਸਿੰਘ ਪੁੱਤਰ ਸੁਖਜਿੰਦਰ ਸਿੰਘ ਵਾਸੀ ਬੱਧਨੀ ਕਲਾਂ, ਜ਼ਿਲ੍ਹਾ ਮੋਗਾ ਦੇ ਨਾਂਅ ਪਰ ਤਬਦੀਲ ਕੀਤਾ ਜਾਣਾ ਹੈ। ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ 30 ਦਿਨਾਂ ਦੇ ਅੰਦਰ-ਅੰਦਰ ਦਫ਼ਤਰ ਪੀ. ਐੱਸ. ਪੀ. ਸੀ. ਐੱਲ. ਬੱਧਨੀ ਕਲਾਂ, ਜ਼ਿਲ੍ਹਾ ਮੋਗਾ ਵਿਖੇ ਪੇਸ਼ ਹੋ ਕੇ ਲਗਾ ਸਕਦਾ ਹੈ।

ਸੁਰਜੀਤ ਸਿੰਘ ਪੁੱਤਰ ਰਤਨ ਸਿੰਘ, ਵਾਸੀ ਬੱਧਨੀ ਖੁਰਦ, ਜ਼ਿਲ੍ਹਾ ਮੋਗਾ ਦੇ ਨਾਂਅ ਪਰ ਵਾਕਿਆ ਰਕਬਾ ਬੱਧਨੀ ਖੁਰਦ, ਜ਼ਿਲ੍ਹਾ ਮੋਗਾ ਵਿਖੇ ਚੱਲਦੇ ਮੋਟਰ ਕੁਨੈਕਸ਼ਨ ਖਾਤਾ ਨੰਬਰ ਏ ਪੀ-09-1967, 12.5 ਹਾਰਸ ਪਾਵਰ ਨੂੰ ਜਸਪ੍ਰੀਤ ਕੌਰ ਪਤਨੀ ਗੁਰਜੰਟ ਸਿੰਘ ਵਾਸੀ ਬੱਧਨੀ ਕਲਾਂ, ਜ਼ਿਲ੍ਹਾ ਮੋਗਾ ਦੇ ਨਾਂਅ ਪਰ ਤਬਦੀਲ ਕੀਤਾ ਜਾਣਾ ਹੈ। ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ 30 ਦਿਨਾਂ ਦੇ ਅੰਦਰ-ਅੰਦਰ ਦਫ਼ਤਰ ਪੀ. ਐੱਸ. ਪੀ. ਸੀ. ਐੱਲ. ਬੱਧਨੀ ਕਲਾਂ, ਜ਼ਿਲ੍ਹਾ ਮੋਗਾ ਵਿਖੇ ਪੇਸ਼ ਹੋ ਕੇ ਲਗਾ ਸਕਦਾ ਹੈ।

ਦੀਦਾਰ ਸਿੰਘ ਸਪੁੱਤਰ ਤੇਜਾ ਸਿੰਘ, ਪਿੰਡ ਤਰਸਿੱਕਾ (ਅੰਮ੍ਰਿਤਸਰ) ਨਾਮ ਚੱਲਦਾ ਟਿਊਬਵੈੱਲ ਕੁਨੈਕਸ਼ਨ ਏ.ਪੀ.34/0302-ਕੇ ਨੂੰ ਪ੍ਰਿਤਪਾਲ ਸਿੰਘ ਪੁੱਤਰ ਦੀਦਾਰ ਸਿੰਘ, ਤਰਸਿੱਕਾ ਨਾਮ ਕਰਨ ਦੀ ਦਰਖਾਸਤ ਪੁੱਜੀ ਹੈ । ਇਤਰਾਜ 15 ਦਿਨਾਂ ਅੰਦਰ ਦਫਤਰ ਪਾਵਰਕਾਮ ਬੁਟਾਰੀ ਪੁੱਜਣ ।

ਦੀਦਾਰ ਸਿੰਘ ਸਪੁੱਤਰ ਤੇਜਾ ਸਿੰਘ, ਪਿੰਡ ਤਰਸਿੱਕਾ (ਅੰਮ੍ਰਿਤਸਰ) ਨਾਮ ਚੱਲਦਾ ਟਿਊਬਵੈੱਲ ਕੁਨੈਕਸ਼ਨ ਏ.ਪੀ.34/0111-ਪੀ ਨੂੰ ਗੁਰਪਾਲ ਸਿੰਘ ਪੁੱਤਰ ਦੀਦਾਰ ਸਿੰਘ, ਤਰਸਿੱਕਾ ਨਾਮ ਕਰਨ ਦੀ ਦਰਖਾਸਤ ਪੁੱਜੀ ਹੈ । ਇਤਰਾਜ 15 ਦਿਨਾਂ ਅੰਦਰ ਦਫਤਰ ਪਾਵਰਕਾਮ ਬੁਟਾਰੀ ਪੁੱਜਣ ।

ਦੀਪਕ ਭਿੰਡਰ ਸਪੁੱਤਰ ਸਤਿੰਦਰਬੀਰ ਸਿੰਘ, ਪਿੰਡ ਤਰਸਿੱਕਾ (ਅੰਮ੍ਰਿਤਸਰ) ਨਾਮ ਚੱਲਦਾ ਟਿਊਬਵੈੱਲ ਕੁਨੈਕਸ਼ਨ ਏ.ਪੀ.34/306 ਨੂੰ ਨਵਦੀਪ ਸਿੰਘ ਪੁੱਤਰ ਗੁਰਜੀਤ ਸਿੰਘ, ਤਰਸਿੱਕਾ ਨਾਮ ਕਰਨ ਦੀ ਦਰਖਾਸਤ ਪੁੱਜੀ ਹੈ। ਇਤਰਾਜ 15 ਦਿਨਾਂ ਅੰਦਰ ਦਫਤਰ ਪਾਵਰਕਾਮ ਬੁਟਾਰੀ ਪੁੱਜਣ ।

ਜਸਵੰਤ ਸਿੰਘ ਸਪੁੱਤਰ ਮੋਹਣ ਸਿੰਘ, ਪਿੰਡ ਬੇਰੀਆਂਵਾਲਾ (ਅੰਮ੍ਰਿਤਸਰ) ਨਾਮ ਚੱਲਦਾ ਟਿਊਬਵੈੱਲ ਕੁਨੈਕਸ਼ਨ ਏ.ਪੀ. 12/212-ਵਾਈ ਨੂੰ ਚਾਹਿਲਪ੍ਰੀਤ ਸਿੰਘ ਪੁੱਤਰ ਗੁਰਬਖਸ਼ ਸਿੰਘ, ਬੇਰੀਆਂਵਾਲਾ ਨਾਮ ਕਰਨ ਦੀ ਦਰਖਾਸਤ ਪੁੱਜੀ ਹੈ । ਇਤਰਾਜ 15 ਦਿਨਾਂ ਅੰਦਰ ਦਫਤਰ ਪਾਵਰਕਾਮ ਬੁਟਾਰੀ ਪੁੱਜਣ ।

ਜਸਵੰਤ ਸਿੰਘ ਸਪੁੱਤਰ ਮੋਹਣ ਸਿੰਘ, ਪਿੰਡ ਬੇਰੀਆਂਵਾਲਾ (ਅੰਮ੍ਰਿਤਸਰ) ਨਾਮ ਚੱਲਦਾ ਟਿਊਬਵੈੱਲ ਕੁਨੈਕਸ਼ਨ ਏ.ਪੀ.12/206-ਕੇ. ਨੂੰ ਕੁਲਦੀਪ ਸਿੰਘ ਪੁੱਤਰ ਜਸਵੰਤ ਸਿੰਘ, ਬੇਰੀਆਂਵਾਲਾ ਨਾਮ ਕਰਨ ਦੀ ਦਰਖਾਸਤ ਪੁੱਜੀ ਹੈ । ਇਤਰਾਜ 15 ਦਿਨਾਂ ਅੰਦਰ ਦਫਤਰ ਪਾਵਰਕਾਮ ਬੁਟਾਰੀ ਪੁੱਜਣ ।

ਇੱਕ ਟਿਊਬਵੈੱਲ ਕੁਨੈਕਸ਼ਨ ਖਾਤਾ ਨੰ : ਏ ਪੀ 27-8113, (10 ਬੀ ਐੱਚ ਪੀ), ਜੋ ਕਿ ਭਿੰਦਰ ਸਿੰਘ ਪੁੱਤਰ ਦਰਸ਼ਨ ਸਿੰਘ, ਵਾਸੀ ਵੈਰੋਵਾਲ ਬਾਵਿਆਂ, ਤਹਿਸੀਲ ਖਡੂਰ ਸਾਹਿਬ, ਜ਼ਿਲ੍ਹਾ ਤਰਨ ਤਾਰਨ ਦੇ ਨਾਂਅ 'ਤੇ ਪਿੰਡ ਭੂਤਵਿੰਡ, ਤਹਿਸੀਲ ਖਡੂਰ ਸਾਹਿਬ ਵਿਖੇ ਚੱਲ ਰਿਹਾ ਹੈ, ਨੂੰ ਸਤਿੰਦਰਜੀਤ ਕੌਰ ਪਤਨੀ ਸੁਦਰਸ਼ਨ ਸਿੰਘ ਵਾਸੀ 575, ਗ੍ਰੀਨ ਮਾਰਕਿਟ, ਮੰਦਰ ਦੇ ਨੇੜੇ, ਸੁਲਤਾਨਵਿੰਡ ਰੋਡ ਅੰਮ੍ਰਿਤਸਰ ਦੇ ਨਾਂਅ 'ਤੇ ਬਦਲੀ ਕਰਨ ਦੀ ਅਰਜ਼ੀ ਆਈ ਹੈ। ਜੇਕਰ ਕਿਸੇ ਨੂੰ ਇਤਰਾਜ਼ ਹੋਵੇ ਤਾਂ ਉਹ ਨੋਟਿਸ ਛਪਣ ਦੇ 15 ਦਿਨਾਂ ਦੇ ਅੰਦਰ PSPCL ਉਪ ਮੰਡਲ ਅਫਸਰ ਨਾਗੋਕੇ ਨੂੰ ਆਪਣਾ ਇਤਰਾਜ਼ ਪੇਸ਼ ਕਰੇ। ਬਾਅਦ ਵਿੱਚ ਕੋਈ ਵੀ ਇਤਰਾਜ਼ ਮੰਨਯੋਗ ਨਹੀਂ ਹੋਵੇਗਾ ।

ਅਰਜਨ ਸਿੰਘ ਪੁੱਤਰ ਦਵਿੰਦਰ ਸਿੰਘ, ਵਾਸੀ ਪਿੰਡ ਆਲੋਵਾਲ ਨੇ ਦਵਿੰਦਰ ਸਿੰਘ ਪੁੱਤਰ ਫੌਜਾ ਸਿੰਘ ਵਾਸੀ ਪਿੰਡ ਆਲੋਵਾਲ ਦਾ ਟਿਊਬਵੈੱਲ ਕੁਨੈਕਸ਼ਨ ਨੰ. ਏ ਪੀ 03/0462 ਨੂੰ ਆਪਣੇ ਨਾਂਅ 'ਤੇ ਕਰਨ ਲਈ ਉਪ ਮੰਡਲ ਅਫਸਰ ਜੌੜਾ ਛੱਤਰਾਂ ਨੂੰ ਦਰਖਾਸਤ ਦਿੱਤੀ ਹੈ। ਇਤਰਾਜ਼ੀ 15 ਦਿਨਾਂ ਅੰਦਰ ਦਫ਼ਤਰ ਨਾਲ ਸੰਪਰਕ ਕਰਨ।

ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

YES BANK

Registered and Corporate Office: YES BANK House, Off Western Express Highway, Santacruz East, Mumbai – 400055 India. Website: www.yesbank.in
Email: comminications@yesbank.in, CIN: L65190MH2003PLC143249
Regional Office At: 5th Floor, Max Tower, Sector 16B, Noida, U.P.- 201301

ਕਬਜ਼ਾ ਨੋਟਿਸ (ਰੂਲ 8(1) ਸੈਕਸ਼ਨ ਅਧੀਨ ਅਚੱਲ ਜਾਇਦਾਦ)

ਜਦੋਂ ਕਿ ਨਿਮਨਹਸਤਾਖਰੀ ਨੇ ਯੈੱਸ ਬੈਂਕ ਲਿਮਿਟਡ ਦੇ ਅਧਿਕਾਰਤ ਅਫਸਰ ਵਜੋਂ ਸਕਿਉਰਿਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਇਨੈਂਸ਼ੀਅਲ ਐੱਸਟ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ 2002 ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਕਰਜ਼ਦਾਰਾਂ ਨੂੰ ਉਕਤ ਐਕਟ ਦੇ ਸੈਕਸ਼ਨ 13(2) ਅਧੀਨ ਸੰਬੰਧਤ ਨੋਟਿਸ 'ਚ ਦਰਸਾਈ ਰਕਮ 60 ਦਿਨਾਂ ਦੇ ਅੰਦਰ-ਅੰਦਰ ਵਾਪਸ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤੇ ਸਨ।

ਸੰਬੰਧਤ ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਅਸਫਲ ਰਹੇ ਹਨ। ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਰੂਲ ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13(4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਸੰਕੇਤਕ ਕਬਜ਼ਾ ਹਾਸਲ ਕਰ ਲਿਆ ਹੈ।

ਸੰਬੰਧਤ ਕਰਜ਼ਦਾਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਉਕਤ ਜਾਇਦਾਦਾਂ ਸੰਬੰਧੀ ਸੌਦੇਬਾਜ਼ੀ ਕਰਨ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਆਮ ਜਨਤਾ ਨੂੰ ਉਕਤ ਜਾਇਦਾਦਾਂ ਸੰਬੰਧੀ ਕਿਸੇ ਵੀ ਤਰ੍ਹਾਂ ਦੀ ਸੌਦੇਬਾਜ਼ੀ ਯੈੱਸ ਬੈਂਕ ਲਿਮਿਟਡ ਨੂੰ ਸੰਬੰਧਤ ਰਕਮ ਸਮੇਤ ਇਸ 'ਤੇ ਠੇਕਾ ਦਰ ਵਿਆਜ ਦੀ ਵਸੂਲੀ ਹੇਠ ਹੋਵੇਗੀ।

ਕਰਜ਼ਦਾਰ ਦਾ ਨਾਂਅ	ਨੋਟਿਸ 'ਚ ਰਕਮ (ਰੁਪਏ)
1. ਮੈਸ. ਵੋਹਰਾ ਟ੍ਰੇਡਿੰਗ ਕੰਪਨੀ ਰਾਹੀਂ ਇਸ ਦੇ ਮਾਲਕ ਸ੍ਰੀ ਰਤਨ ਲਾਲ ਵੋਹਰਾ ਪੁੱਤਰ ਸ੍ਰੀ ਅਮਰ ਨਾਥ ਪਤਾ : ਵਿਕਾਸ ਨਗਰ, ਚੰਨੀ ਮਿੱਲ ਰੋਡ, ਮੰਡੀ ਗੋਬਿੰਦਗੜ੍ਹ, ਫਤਹਿਗੜ੍ਹ ਸਾਹਿਬ, ਪੰਜਾਬ-147301, ਨਾਲ ਹੀ : ਮਕਾਨ ਨੰ. 120, ਸੈਕਟਰ 21-ਸੀ, ਗੋਬਿੰਦਗੜ੍ਹ, ਮੰਡੀ ਗੋਬਿੰਦਗੜ੍ਹ, ਫਤਹਿਗੜ੍ਹ ਸਾਹਿਬ-147031 (ਕਰਜ਼ਦਾਰ) 2. ਸ੍ਰੀ ਰਤਨ ਲਾਲ ਵੋਹਰਾ ਪੁੱਤਰ ਸ੍ਰੀ ਅਮਰਨਾਥ ਪਤਾ : #55, ਵਿਕਾਸ ਨਗਰ, ਸੈਕਟਰ-1 ਬੀ, ਮੰਡੀ ਗੋਬਿੰਦਗੜ੍ਹ, 147031, ਨਾਲ ਹੀ ਮਕਾਨ ਨੰ. 120, ਸੈਕਟਰ 21 ਸੀ ਗੋਬਿੰਦਗੜ੍ਹ, ਮੰਡੀ ਗੋਬਿੰਦਗੜ੍ਹ , ਫਤਹਿਗੜ੍ਹ ਸਾਹਿਬ-147031 (ਸਹਿ-ਕਰਜ਼ਦਾਰ/ਗਰੰਟਰ) 3. ਸ੍ਰੀ ਰਾਹੁਲ ਵੋਹਰਾ ਪੁੱਤਰ ਸ੍ਰੀ ਰਤਨ ਲਾਲ ਵੋਹਰਾ ਪਤਾ : # 55, ਵਿਕਾਸ ਨਗਰ, ਸੈਕਟਰ 1 ਬੀ, ਮੰਡੀ ਗੋਬਿੰਦਗੜ੍ਹ-147031, ਨਾਲ ਹੀ : ਮਕਾਨ ਨੰ. 120 ਸੈਕਟਰ 21 ਸੀ, ਗੋਬਿੰਦਗੜ੍ਹ, ਮੰਡੀ ਗੋਬਿੰਦਗੜ੍ਹ, ਫਤਹਿਗੜ੍ਹ ਸਾਹਿਬ-147031 (ਸਹਿ-ਕਰਜ਼ਦਾਰ/ਗਰੰਟਰ) 4. ਸ੍ਰੀਮਤੀ ਰੀਟਾ ਵੋਹਰਾ ਪਤਨੀ ਸ੍ਰੀ ਰਤਨ ਲਾਲ ਵੋਹਰਾ ਪਤਾ : # 55, ਵਿਕਾਸ ਨਗਰ, ਸੈਕਟਰ ਨੰ. 1 ਬੀ, ਮੰਡੀ ਗੋਬਿੰਦਗੜ੍ਹ-147031, ਨਾਲ ਹੀ ਮਕਾਨ ਨੰ. 120, ਸੈਕਟਰ 21-ਸੀ, ਗੋਬਿੰਦਗੜ੍ਹ, ਮੰਡੀ ਗੋਬਿੰਦਗੜ੍ਹ, ਫਤਹਿਗੜ੍ਹ ਸਾਹਿਬ-147031 (ਸਹਿ-ਕਰਜ਼ਦਾਰ/ਗਰੰਟਰ ਅਤੇ ਰਹਿਣਕਾਰ) (ਗਰੰਟਰ)	17 ਜਨਵਰੀ 2026 ਨੂੰ ਆਈ ਐੱਨ ਆਰ 3,76,72,688.49/- (ਤਿੰਨ ਕਰੋੜ ਛਿਹੱਤਰ ਲੱਖ ਬਹੱਤਰ ਹਜ਼ਾਰ ਛੇ ਸੌ ਅਠਾਸੀ ਰੁਪਏ ਅਤੇ ਉਨੰਜਾ ਪੈਸੇ ਕੇਵਲ) ਕਸਟਮਰ ਆਈ ਡੀ ਨੰ. 6007361 ਡਿਮਾਂਡ ਨੋਟਿਸ ਦੀ ਮਿਤੀ 19 ਜਨਵਰੀ 2026 ਕਬਜ਼ੇ ਦੀ ਮਿਤੀ ਸੰਕੇਤਕ ਕਬਜ਼ਾ 10 ਅਪ੍ਰੈਲ 2026

ਸਕਿਉਰਡ ਐਸਟ ਦਾ ਵੇਰਵਾ : ਜਾਇਦਾਦ ਨੰ. 1- ਤਬਾਦਲਾ ਬੈਨਾਮਾ ਵਸੀਕਾ ਨੰ. 2023-24/81/1/169 ਮਿਤੀ 28 ਅਪ੍ਰੈਲ 2023 ਅਨੁਸਾਰ ਪਲਾਟ, ਜਾਇਦਾਦ ਨੰ. ਪੀ ਟੀ 1903-1486836 (ਸਾਲ 2022-23 ਲਈ ਜਾਇਦਾਦ ਟੈਕਸ ਫਾਰਮ ਅਨੁਸਾਰ) ਰਕਬਾ ਖੇਤਰ 47 ਕਨਾਲ 79 ਬਿਘਾ 4 ਬਿਸਵਾ 10 ਬਿਸਵਾਸੀ, 1 ਬਿਘਾ 7 ਬਿਸਵਾ ਦਾ 540/31690 ਹਿੱਸਾ (ਅੰਦਾਜ਼ਨ 1350 ਵਰਗ ਗਜ਼) ਖਸਰਾ ਨੰ. 3230/768(1-9),2643/769(0-5),2852/773(1-0), 2973/2872/778(0- 0-10), 171(2-0), 172(4-0), 2437/177(4-0), 2634/167(0-5), 169(2-4), 2436/177(0-14), 2635/167(5-9), 2915/155(3-0), 3165/158(0-10), 3166/158(4-9), 2916/156(4-8), 2914/155(1-0), 2917/156(1-0), 2970/2872/778(02), 2971/2872/778(0- 3), 770(4-10), 771(5-2), 772(4-0), 2642/769(2-19), 2427/153(2-14), 2969/2872/778(0-2), 2972/2872/778(0-2), 2975/ 2872/778(0-2), 00//2974/2872/778(0-2-10), 2976/2872/778(0-2), 2977/2872/778(0-4),2978/2872/778(0-4),2979/ 2872/778(0-4), 2980/2872/778(0-2), 2981/2872/778(0-2),2869/778(0-4),2870/778(0-4), 2871/778(0-3), 776(3-0), I2853/773(2-0), 767(2-16), 774(3-0), 775(2-5), 2851/773(1-0), 2962/777(0-2-10) ਖੱਤਾ ਨੰ.(165/263 ਤੋਂ 291, ਜਮ੍ਹਾਂਬੰਦੀ ਸਾਲ 2012-13, (ਖੱਤਾ ਨੰ. 165/263 ਜਮ੍ਹਾਂਬੰਦੀ ਸਾਲ 2015-16) ਪਿੰਡ ਘਨੌਰ ਵਿਖੇ ਸਥਿਤ, ਅਬਾਦੀ ਮੇਨ ਸ਼ੰਭੂ ਰੋਡ ਵਜੋਂ ਜਾਣੀ ਜਾਂਦੀ ਤਹਿਸੀਲ ਘਨੌਰ ਅਤੇ ਜ਼ਿਲ੍ਹਾ ਪਟਿਆਲਾ। ਹੱਦਾਂ : ਪੂਰਬ : ਸੁਰਿੰਦਰ ਕੁਮਾਰ, ਉੱਤਰ : ਰਸਤਾ, ਪੱਛਮ : ਸੁਖਦਰਸ਼ਨ ਕੁਮਾਰ, ਦੱਖਣ : ਅੰਜੂ ਬਾਲਾ । ਰਹਿਣਕਾਰ : ਰੀਟਾ ਵੋਹਰਾ ਪਤਨੀ ਰਤਨ ਲਾਲ ਵੋਹਰਾ। ਜਾਇਦਾਦ ਨੰ. 2 ਪਲਾਟ, ਜਾਇਦਾਦ ਰਕਬਾ 0 ਬੀ-3ਬੀ-0ਬੀ, ਖਸਰਾ ਨੰ. 288 (8-6)(ਖੱਤਾ ਨੰ. 45/94, ਜਮ੍ਹਾਂਬੰਦੀ ਸਾਲ 2012-13)(ਖੱਤਾ ਨੰ. 45/95 ਜਮ੍ਹਾਂਬੰਦੀ ਸਾਲ 2017-18) ਪਿੰਡ ਨਸਰੌਲੀ ਵਿਖੇ ਸਥਿਤ, ਤਹਿਸੀਲ ਅਮਲੋਹ ਅਤੇ ਜ਼ਿਲ੍ਹਾ ਫਤਹਿਗੜ੍ਹ ਸਾਹਿਬ। ਰੀਟਾ ਵੋਹਰਾ ਪਤਨੀ ਰਤਨ ਲਾਲ ਵੋਹਰਾ । ਹੱਦਾਂ : ਪੂਰਬ : ਵਧੀਆ ਖੋਲੀ, ਉੱਤਰ : ਰਸਤਾ, ਪੱਛਮ : ਵੇਚਣ ਵਾਲਾ, ਦੱਖਣ : ਅਸ਼ੀਸ਼ ਧੀਰ, ਫਾਹਿਮ ਬੇਗਮ । ਰਹਿਣਕਾਰ : ਰੀਟਾ ਵੋਹਰਾ ਪਤਨੀ ਰਤਨ ਲਾਲ ਵੋਹਰਾ

ਕਿਰਪਾ ਕਰਕੇ ਨੋਟ ਕੀਤਾ ਜਾਵੇ ਕਿ ਐਕਟ ਦੇ ਸੈਕਸ਼ਨ 13 (8) ਅਧੀਨ ਜੇਕਰ ਸਾਰੇ ਬਕਾਏ ਸਮੇਤ ਸਾਰੀਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ ਜਨਤਕ ਨਿਲਾਮੀ/ਵਿਕਰੀ ਲਈ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ ਪਹਿਲਾਂ ਕਿਸੇ ਵੀ ਸਮੇਂ ਜਮ੍ਹਾਂ ਕਰਵਾਏ ਜਾਂਦੇ ਹਨ ਤਾਂ ਸਾਡੇ ਵੱਲੋਂ ਸਕਿਉਰਡ ਐੱਸਟ ਦੀ ਵਿਕਰੀ ਨਹੀਂ ਕੀਤੀ ਜਾਵੇਗੀ ਅਤੇ ਸਾਡੇ ਵੱਲੋਂ ਸਕਿਉਰਡ ਐੱਸਟ ਦੀ ਵਿਕਰੀ ਜਾਂ ਤਬਦੀਲੀ ਨਹੀਂ ਕੀਤੀ ਜਾਵੇਗੀ ਅਤੇ ਸਾਡੇ ਵੱਲੋਂ ਉਸ ਸਕਿਉਰਡ ਐੱਸਟ ਦੀ ਵਿਕਰੀ ਜਾਂ ਤਬਦੀਲੀ ਲਈ ਹੋਰ ਕੋਈ ਕਦਮ ਨਹੀਂ ਉਠਾਇਆ ਜਾਵੇਗਾ।

ਮਿਤੀ : 16.04.2026, ਸਥਾਨ : ਅਮਲੋਹ, ਜ਼ਿਲ੍ਹਾ ਫਤਹਿਗੜ੍ਹ ਸਾਹਿਬ ਸਹੀ/- (ਅਧਿਕਾਰਤ ਅਫ਼ਸਰ) ਯੈੱਸ ਬੈਂਕ ਲਿਮਿਟਡ

ਪਬਲਿਕ ਨੋਟਿਸ

ਇਹ ਕਿ ਫਰਮ ਫਰੈਂਡਜ਼ ਇਨਕਲੇਵ ਐੱਸ-ਸੀ-ਓ-9 ਗਰੀਨ ਸਿਟੀ ਜ਼ੀਰਕਪੁਰ ਰਾਹੀਂ ਦੁਰਗਾ ਦਾਸ ਪੁੱਤਰ ਰੁਲਦੂ ਰਾਮ ਪੁੱਤਰ ਮੁਕੰਦੀ ਲਾਲ ਵਾਸੀ ਬੁਢਲਾਡਾ (ਅਥੋਰਾਈਜ਼ਡ ਪਰਸਨ) ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ, ਰਕਬਾ ਬੁਢਲਾਡਾ। ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਬਰੂਏ ਵਸੀਕਾ ਨੰ. 2019-20/62/1/1431 ਮਿਤੀ 26.07.2019 ਬਾਹੱਕ ਕਰਮਜੀਤ ਕੌਰ ਪਤਨੀ ਰਨਧੀਰ ਸਿੰਘ ਪੁੱਤਰ ਹਰਮੇਲ ਸਿੰਘ ਵਾਸੀ ਬੁਢਲਾਡਾ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਨੂੰ ਵੇਚਿਆ ਸੀ, ਜੋ ਕਿ ਉਕਤ ਰਜਿਸਟਰੀ ਲੱਕੀ ਅਰੋੜਾ ਤੋਂ ਹੁਣ ਗੁੰਮ ਹੋ ਗਈ ਹੈ, ਜਿਸ ਦਾ ਡੀ ਡੀ ਆਰ ਨੰ. 703751/2026 ਮਿਤੀ 02/04/2026 ਦਰਜ ਹੈ। ਉਕਤ ਜਗ੍ਹਾ ਦੀ ਮੌਜੂਦਾ ਮਾਲਕੀ ਲੱਕੀ ਅਰੋੜਾ ਪੁੱਤਰ ਰਵੀ ਕੁਮਾਰ ਵਾਸੀ ਨੇੜੇ ਪ੍ਰੋਫੈਸਰ ਕਾਲੋਨੀ, ਵਾਰਡ ਨੰ. 13, ਬੁਢਲਾਡਾ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਦੀ ਹੈ। ਉਕਤ ਜਗ੍ਹਾ ਕਿਸੇ ਵੀ ਬੈਂਕ ਜਾਂ ਵਿੱਤੀ ਸੰਸਥਾ ਵਿੱਚ ਮੋਰਟਗੇਜ ਨਹੀਂ ਹੈ ਅਤੇ ਨਾ ਹੀ ਕੋਈ ਕਰਜ਼ਾ ਹੈ। ਹੁਣ ਲੱਕੀ ਅਰੋੜਾ ਪੁੱਤਰ ਰਵੀ ਕੁਮਾਰ ਵਾਸੀ ਨੇੜੇ ਪ੍ਰੋਫੈਸਰ ਕਾਲੋਨੀ, ਵਾਰਡ ਨੰ. 13, ਬੁਢਲਾਡਾ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਪੰਜਾਬ ਗ੍ਰਾਮੀਣ ਬੈਂਕ ਬ੍ਰਾਂਚ ਭੀਖੀ ਵੱਲੋਂ ਉਕਤ ਜ਼ਮੀਨ 'ਤੇ ਕਰਜ਼ਾ ਲੈ ਰਿਹਾ ਹੈ। ਇਸ ਬਾਬਤ ਕਿਸੇ ਨੂੰ ਕੋਈ ਇਤਰਾਜ਼ ਹੈ ਤਾਂ ਉਹ ਆਪਣਾ ਲਿਖਤੀ ਇਤਰਾਜ਼ ਹਨੀਸ਼ ਕੁਮਾਰ ਬ੍ਰਾਂਚ ਮੈਨੇਜਰ ਪੰਜਾਬ ਗ੍ਰਾਮੀਣ ਬੈਂਕ ਬ੍ਰਾਂਚ ਭੀਖੀ ਨੂੰ ਦੇ ਸਕਦਾ ਹੈ। ਅਗਰ ਉਕਤ ਸੇਲ ਡੀਡ ਕਿਸੇ ਨੂੰ ਮਿਲਦੀ ਹੈ ਤਾਂ ਉਹ ਪੰਜਾਬ ਗ੍ਰਾਮੀਣ ਬੈਂਕ ਬ੍ਰਾਂਚ ਭੀਖੀ ਵਿੱਚ ਜਮ੍ਹਾਂ ਕਰਵਾਏ। ਮੋਬਾਇਲ ਨੰ. 90419-36007

PUBLIC NOTICE

It hereby informs to public at large that Nayyar Cloth House.has avail loan from AU SMALL FINANCE BANK LIMITED have its branch office at Mukherian. Plot No.214 Measuring 160 Sq. Meter, Scheme No. 5, Nagar Sudhar Trust, Improvement Trust Colony, Jail Road, Gurdaspur is owned by Anita Nayyar W/o Rajinder Nayyar and Anupama Sharma W/o Puneet Nayyar vide Sale Deed No.1385 dated 05.07.2024 Earlier Title Document in respect of this Property has been lost and not traceable. There is no third party interest involve in owner and title is clear. If anybody have any Objection regarding the ownership of the property mention below then may contact to undersigned and anybody having claim or claiming any prior rights or interest in any manner in this property or has raised Loan by depositing the aforesaid document to any person/bank/corporation/financial institution may approach the Lalit Kakkar (Advocate) Off. : Chamber No. 24, New Courts, Jalandhar. M.No. 98761-07449 and submit objection within 7 days from the date of this notice. After the expiry of period of this no claim shall be entertained and such claim shall be deemed to be false, fake, frivolous, fraudulent and baseless claim and shall have no value in the eyes of law.

Lost and Found

I, Navneet Kaur C/o Gagandeep R/o H.No. EA: 117, Bazar Paprian, Jalandhar, Punjab declare that original sale deed exist in the name of Veena Chouhan wife of Manoj Chouhan vide document No. 2022-23/187/1/888 dated 27-04-2022 by S.R. Jalandhar has been misplaced near at Paprian Bazar, Jalandhar on dated 03-04-2026. And I tried a lot to find the said documents but I could not find it. If anyone finds my documents then contact me at above address. All concerned please note.

ਅਦਾਲਤੀ ਇਸ਼ਤਿਹਾਰ

ਬਾ -ਅਦਾਲਤ ਸ੍ਰੀ ਰਤਨਜੀਤ ਸਿੰਘ ਖੁੱਲਰ ਨਾਇਬ ਤਹਿਸੀਲਦਾਰ-ਕਮ-ਸਬ ਰਜਿਸਟਰਾਰ ਪੱਟੀ।

ਵਿਸ਼ਾ :- ਵਸੀਅਤ ਜੇਰੇ ਧਾਰਾ 40 ਰਜਿਸਟ੍ਰੇਸ਼ਨ ਐਕਟ ਤਹਿਤ ਵੱਲੋਂ ਰਵਿੰਦਰਬੀਰ ਸਿੰਘ ਪੁੱਤਰ ਲੇਟ ਸ੍ਰ: ਬਲਜੀਤ ਸਿੰਘ ਪੁੱਤਰ ਲੇਟ ਸ੍ਰ: ਸੂਰਤਾ ਸਿੰਘ ਪਿੰਡ ਬੋਪਾਰਾਏ ਤਹਿਸੀਲ ਪੱਟੀ ਜਿਲ੍ਹਾ ਤਰਨ ਤਾਰਨ।

ਮਿਤੀ :15/04/2026 ਨੂੰ ਇਕ ਵਸੀਅਤ ਸ੍ਰੀਮਤੀ ਬਲਰਾਜ ਕੌਰ ਮਾਤਾ ਲੇਟ ਰਵਿੰਦਰਬੀਰ ਸਿੰਘ ਪੁੱਤਰ ਲੇਟ ਬਲਜੀਤ ਸਿੰਘ (ਹਾਲ ਵਿੱਧਵਾ ਬਲਜੀਤ ਸਿੰਘ ਪੁੱਤਰ ਸੂਰਤਾ ਸਿੰਘ) ਪਿੰਡ ਬੋਪਾਰਾਏ ਤਹਿਸੀਲ ਪੱਟੀ ਜਿਲ੍ਹਾ ਤਰਨ ਤਾਰਨ ਨੇ ਮੇਰੇ ਰੂਬਰੂ ਜੇਰੇ ਧਾਰਾ 40 ਅਧੀਨ ਪੇਸ਼ ਕੀਤੀ ਹੈ। ਇਹ ਵਸੀਅਤ ਬਲਰਾਜ ਕੌਰ ਦੇ ਲੜਕੇ ਰਵਿੰਦਰਬੀਰ ਸਿੰਘ ਪੁੱਤਰ ਲੇਟ ਬਲਜੀਤ ਸਿੰਘ ਪਿੰਡ ਬੋਪਾਰਾਏ ਤਹਿਸੀਲ ਪੱਟੀ ਵੱਲੋਂ ਮਿਤੀ 02-ਅਗਸਤ-2025 ਨੂੰ ਆਪਣੀ ਮਾਤਾ ਸ੍ਰੀਮਤੀ ਬਲਰਾਜ ਕੌਰ ਦੇ ਹੱਕ ਵਿੱਚ ਲਿਖੀ ਹੈ। ਵਸੀਅਤ ਕਰਤਾ ਦੀ ਮੌਤ ਮਿਤੀ 03-01-2026 ਨੂੰ ਹੋ ਚੁੱਕੀ ਹੈ। ਵਸੀਅਤ ਰਜਿਸਟਰਡ ਕਰਨ ਲਈ ਬਲਰਾਜ ਕੌਰ ਨੇ ਮੇਰੇ ਰੂਬਰੂ ਪੇਸ਼ ਕੀਤੀ ਹੈ। ਹਰ ਆਮ ਅਤੇ ਖਾਸ ਨੂੰ ਨੋਟਿਸ ਰਾਹੀ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਨੂੰ ਕੋਈ ਇਤਰਾਜ ਹੋਵੇ ਤਾਂ ਉਹ ਅਸਾਲਤਨ ਜਾਂ ਵਕਾਲਤਨ ਮੇਰੇ ਰੂਬਰੂ ਨੋਟਿਸ ਛਪਣ ਦੇ ਪੰਦਰਾਂ ਦਿਨਾਂ ਦੇ ਅੰਦਰ ਅੰਦਰ ਪੇਸ਼ ਹੋ ਕੇ ਆਪਣਾ ਪੱਖ ਪੇਸ਼ ਕਰ ਸਕਦਾ ਹੈ। ਬਾਅਦ ਗੁਜ਼ਰਨ ਮਿਆਦ ਉਕਤ ਕੋਈ ਗੌਰ ਨਹੀ ਕੀਤਾ ਜਾਵੇਗਾ।

ਇਹ ਨੋਟਿਸ ਅੱਜ ਮਿਤੀ 15/4/2026 ਨੂੰ ਮੇਰੇ ਦਸਤਖਤਾ ਤੇ ਮੋਹਰ ਰਾਹੀ ਜਾਰੀ ਹੋਇਆ ਹੈ।
ਨਾਇਬ ਤਹਿਸੀਲਦਾਰ ਕੰਮ ਸਬ-ਰਜਿਸਟਰਾਰ, ਪੱਟੀ।

FEDBANK FINANCIAL SERVICES LTD.
Registered Office: Unit No. 1101, 11th Floor, Cignus, Plot No. 71 A, Powai, Paspoli, Mumbai – 400087

ਕਬਜ਼ਾ ਨੋਟਿਸ

ਜਦੋਂ ਕਿ ਨਿਮਨਹਸਤਾਖਰੀ ਨੇ ਫੈੱਡਬੈਂਕ ਫਾਇਨਾਂਸ਼ੀਅਲ ਸਰਵਿਸਿਜ਼ ਲਿਮਿਟਡ ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ 2002 (2002 ਦਾ 54) ਅਧੀਨ ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰ, ਰਹਿਣਕਾਰ, ਸਹਿ-ਕਰਜ਼ਦਾਰ ਅਤੇ ਗਰੰਟਰਾਂ (1) ਮੈਸ: ਮੁਲਤਾਨੀ ਆਇਲ ਮਿੱਲ (ਕਰਜ਼ਦਾਰ) (2) ਸ੍ਰੀ ਗਣੇਸ਼ ਮੁੰਜਾਲ (ਸਹਿ-ਕਰਜ਼ਦਾਰ) ਅਤੇ (3) ਸ੍ਰੀਮਤੀ ਸੁਮਨ ਮੁੰਜਾਲ (ਸਹਿ-ਕਰਜ਼ਦਾਰ) ਨੂੰ ਨੋਟਿਸ 'ਚ ਦਰਸਾਈ ਬਕਾਇਆ ਰਕਮ ਰੁਪਏ 1,44,12,391.68/- (ਇੱਕ ਕਰੋੜ ਚੁਤਾਲੀ ਲੱਖ ਬਾਰਾਂ ਹਜ਼ਾਰ ਤਿੰਨ ਸੌ ਇਕਾਨਵੇਂ ਰੁਪਏ ਅਤੇ ਅਠਾਹਠ ਪੈਸੇ ਕੇਵਲ) ਜੋ ਕਿ ਐੱਫ ਈ ਡੀ ਸੀ ਐੱਚ ਜੀ ਐੱਲ ਏ ਪੀ 0531157 'ਚ ਰੁਪਏ 1,27,02, 867.73/-(ਇੱਕ ਕਰੋੜ ਸਤਾਈ ਲੱਖ ਦੋ ਹਜ਼ਾਰ ਅੱਠ ਸੌ ਸਤਾਹਠ ਰੁਪਏ ਅਤੇ ਤਿਹੱਤਰ ਪੈਸੇ ਕੇਵਲ) ਅਤੇ ਐੱਫ ਈ ਡੀ ਸੀ ਐੱਚ ਜੀ 0 ਬੀ ਐੱਲ 0546753 'ਚ ਰੁਪਏ 17, 09,523.95/- (ਸਤਾਰਾਂ ਲੱਖ ਨੌਂ ਹਜ਼ਾਰ ਪੰਜ ਸੌ ਤੇਈ ਰੁਪਏ ਅਤੇ ਪਚਾਨਵੇਂ ਪੈਸੇ ਕੇਵਲ) ਮਿਤੀ 12.03.2025 ਨੂੰ ਇਸ ਉਪਰ ਠੇਕਾ ਦਰ 'ਤੇ ਹੋਰ ਵਿਆਜ ਜਮ੍ਹਾਂ ਸਾਰੀਆਂ ਲਾਗਤਾਂ, ਚਾਰਜਿਜ਼ ਅਤੇ ਅਚਨਚੇਤੀ ਖਰਚੇ ਆਦਿ ਉਕਤ ਨੋਟਿਸ 'ਚ ਦਰਸਾਏ ਅਨੁਸਾਰ ਉਕਤ ਡਿਮਾਂਡ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਅਦਾ ਕਰਨ ਲਈ 17 ਮਾਰਚ 2025 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ, ਰਹਿਣਕਾਰ, ਸਹਿ-ਕਰਜ਼ਦਾਰ ਅਤੇ ਗਰੰਟਰ ਉਕਤ ਰਕਮ ਦੀ ਮਿੱਥੇ ਸਮੇਂ 'ਚ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਕਰਜ਼ਦਾਰ, ਰਹਿਣਕਾਰ, ਸਹਿ-ਕਰਜ਼ਦਾਰ, ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ 10 ਅਪ੍ਰੈਲ 2026 ਨੂੰ ਭੌਤਿਕ ਕਬਜ਼ਾ ਲੈ ਲਿਆ ਹੈ।

ਕਰਜ਼ਦਾਰ, ਰਹਿਣਕਾਰ, ਸਹਿ-ਕਰਜ਼ਦਾਰ ਅਤੇ ਗਰੰਟਰ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦਾ ਲੈਣ-ਦੇਣ ਫੈਡਬੈਂਕ ਫਾਇਨਾਂਸ਼ੀਅਲ ਸਰਵਿਸਿਜ਼ ਲਿਮਿਟਡ ਨੂੰ ਰਕਮ ਰੁਪਏ 1,44,12, 391.68/- (ਇੱਕ ਕਰੋੜ ਚੁਤਾਲੀ ਲੱਖ ਬਾਰਾਂ ਹਜ਼ਾਰ ਤਿੰਨ ਸੌ ਇਕਾਨਵੇਂ ਰੁਪਏ ਅਤੇ ਅਠਾਹਠ ਪੈਸੇ ਕੇਵਲ) ਜੋ ਕਿ ਐੱਫ ਈ ਡੀ ਸੀ ਐੱਚ ਜੀ ਐੱਲ ਏ ਪੀ 0531157 'ਚ ਰੁਪਏ 1,27,02,867.73/- (ਇੱਕ ਕਰੋੜ ਸਤਾਈ ਲੱਖ ਦੋ ਹਜ਼ਾਰ ਅੱਠ ਸੌ ਸਤਾਹਠ ਰੁਪਏ ਤਿਰੱਤਰ ਪੈਸੇ ਕੇਵਲ) ਅਤੇ ਐੱਫ ਈ ਡੀ ਸੀ ਐੱਚ ਜੀ 0 ਬੀ ਐੱਲ 0546753 'ਚ ਰੁਪਏ 17,09,523.95/- (ਸਤਾਰਾਂ ਲੱਖ ਨੌਂ ਹਜ਼ਾਰ ਪੰਜ ਸੌ ਤੇਈ ਰੁਪਏ ਅਤੇ ਪਚਾਨਵੇਂ ਪੈਸੇ ਕੇਵਲ) ਸਮੇਤ 12.03.25 ਨੂੰ ਇਸ ਰਕਮ 'ਤੇ ਠੇਕਾ ਦਰ 'ਤੇ ਹੋਰ ਵਿਆਜ ਜਮ੍ਹਾਂ ਲਾਗਤਾਂ ਚਾਰਜਿਜ਼ ਅਤੇ ਅਚਨਚੇਤੀ ਖਰਚੇ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਕਰਜ਼ਦਾਰ ਦਾ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਉਪਲੱਬਧ ਸਮੇਂ ਦੇ ਸੰਬੰਧ 'ਚ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਪ੍ਰਤੀ ਧਿਆਨ ਦਿਵਾਇਆ ਜਾਂਦਾ ਹੈ।

ਅਨੁਸੂਚੀ-I
ਜਾਇਦਾਦ ਦਾ ਵੇਰਵਾ
(ਖਾਸ ਕਰਕੇ ਫੈਡਫਿਨਾ ਨੂੰ ਜਮ੍ਹਾਂ ਕਰਵਾਏ ਅਚੱਲ ਜਾਇਦਾਦ ਦੇ ਦਸਤਾਵੇਜ਼)

ਤਬਾਦਲਾ ਬੈਨਾਮਾ ਨੰ. 2568 ਮਿਤੀ 18.05.2016 ਅਤੇ ਤਬਾਦਲਾ ਬੈਨਾਮਾ ਨੰ. 2675 ਮਿਤੀ 20.05.2016 ਅਨੁਸਾਰ ਸ੍ਰੀ ਗਣੇਸ਼ ਮੁੰਜਾਲ ਪੁੱਤਰ ਸਵ: ਸ੍ਰੀ ਸਤਪਾਲ ਦੇ ਨਾਂਅ ਜਾਇਦਾਦ, ਜੋ ਕਿ ਪਲਾਟ ਨੰ. 79, ਸਫਾਬਾਦੀ ਗੇਟ, ਪਟਿਆਲਾ ਵਿਖੇ ਸਥਿਤ, ਤਹਿਸੀਲ ਤੇ ਜ਼ਿਲ੍ਹਾ ਪਟਿਆਲਾ, ਖੇਤਰ ਰਕਬਾ 0-5 ਬਿਸਵਾ, ਜੋ ਕਿ 266.66 ਵਰਗ ਗਜ਼, ਖੇਵਟ/ਖਤੌਨੀ ਨੰ. 896/1704 ਤੋਂ 1712, ਖਸਰਾ ਨੰ. 1624 ਮਿੰਨ (0-7-15.00), 1624 ਮਿੰਨ (0-6-5.00), 1624 ਮਿੰਨ (0-4-10.00), 1624 ਮਿੰਨ (0-4-15.00), 1624 ਮਿੰਨ(0-5-10.00), 1624 ਮਿੰਨ(0-6-10.00), 1624 ਮਿੰਨ(5-0), 1623 (0-3), 1624 (11-2-15.00), 1624 ਮਿੰਨ(0-3) ਕਿੱਤੇ 10, ਕੁੱਲ ਰਕਬਾ 18 ਬਿਘੇ 4 ਬਿਸਵਾ, ਜਿਸ 'ਚੋਂ 0-5 ਵਿਸਵਾ, ਜੋ ਕਿ 266.66 ਵਰਗ ਗਜ਼, ਮਾਲੀਆ ਰਿਕਾਰਡ ਮੁਤਾਬਕ (ਇਸ ਤੋਂ ਬਾਅਦ ਜਾਇਦਾਦ ਵਿਚਾਰ ਅਧੀਨ) ਵਿਚਾਰ ਅਧੀਨ ਜਾਇਦਾਦ ਦੇ ਤਬਾਦਲਾ ਬੈਨਾਮੇ ਦੀਆਂ ਹੱਦਾਂ ਹਨ : ਪੂਰਬ : ਸੜਕ ਬਾਹੀ 32', ਪੱਛਮ : ਪਲਾਟ ਦਾ ਮਾਲਕ ਬਾਹੀ 32', ਉੱਤਰ : ਖਾਲੀ ਪਲਾਟ ਬਾਹੀ 74', ਦੱਖਣ : ਪਲਾਟ ਦਾ ਮਾਲਕ ਬਾਹੀ 76'

ਸਥਾਨ : ਪਟਿਆਲਾ, ਪੰਜਾਬ
ਮਿਤੀ 10.04.2026
ਸਹੀ/- ਅਧਿਕਾਰਤ ਅਫਸਰ, ਫੈੱਡਬੈਂਕ ਫਾਇਨਾਂਸ਼ੀਅਲ ਸਰਵਿਸਿਜ਼ ਲਿਮਿਟਡ

ਫਿਲੌਰ ਮੰਡੀ 'ਚ ਕਣਕ ਦੀ ਖਰੀਦ ਸ਼ੁਰੂ

ਫਿਲੌਰ (ਨਿਰਮਲ, ਹਰਜਿੰਦਰ ਕੌਰ ਚਾਹਲ)-ਦਾਣਾ ਮੰਡੀ ਫਿਲੌਰ ਵਿਖੇ ਕਣਕ ਦੀ ਨਵੀਂ ਫਸਲ ਦੀ ਖਰੀਦ ਸ਼ੁਰੂ ਕੀਤੀ ਗਈ। ਇਸ ਮੌਕੇ 'ਤੇ ਆਪ ਪਾਰਟੀ ਹਲਕਾ ਫਿਲੌਰ ਦੇ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ ਤੇ ਐੱਸ ਡੀ ਐੱਮ ਫਿਲੌਰ ਨੇ ਕਣਕ ਦੀ ਸਰਕਾਰੀ ਖਰੀਦ ਕਿਸਾਨਾਂ ਦਾ ਮੂੰਹ ਮਿੱਠਾ ਕਰਵਾ ਕੇ ਸ਼ੁਰੂ ਕੀਤੀ। ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਇੱਕ ਇੱਕ ਦਾਣਾ ਖਰੀਦਿਆ ਜਾਵੇਗਾ। ਕਿਸਾਨਾਂ ਨੂੰ ਅਪੀਲ ਕੀਤੀ ਕਿ ਕਣਕ ਸੁਕਾ ਕੇ ਹੀ ਮੰਡੀਆਂ ਵਿੱਚ ਲਿਆਉਣ ਤਾਂ ਜੋ ਮੰਡੀਆਂ ਵਿੱਚ ਬੈਠਣਾ ਨਾ ਪਵੇ। ਕਿਸਾਨਾਂ ਨੂੰ ਕਣਕ ਦੀ ਪੇਮੈਂਟ ਨਾਲੋਂ ਨਾਲ ਕੀਤੀ ਜਾਵੇਗੀ। ਇਸ ਵਾਰ ਕਣਕ ਦਾ ਭਾਅ 2585 ਰੁਪਏ ਪ੍ਰਤੀ ਕੁਇੰਟਲ ਹੈ। ਇਸ ਮੌਕੇ ਤੇ ਗੁਲਸ਼ਨ ਕੁਮਾਰ ਪ੍ਰਧਾਨ ਆੜ੍ਹਤੀ ਯੂਨੀਅਨ, ਸੈਕਟਰੀ ਦਲਬੀਰ ਸਿੰਘ, ਇੰਸਪੈਕਟਰ ਸ਼ਰਨਜੀਤ ਸਿੰਘ ਪਨਗ੍ਰੇਨ ਤੇ ਨਿਰਮਲ ਸਿੰਘ ਇੰਸਪੈਕਟਰ ਮੰਡੀ ਫਿਲੌਰ ਇਹ ਵੀ ਦੱਸਿਆ ਕਿ ਨਵੀਂ ਦੀ ਮਾਤਰਾ ਜਿਆਦਾ ਹੈ ਅਸੀਂ 12% ਨਵੀਂ ਵਾਲੀ ਕਣਕ ਖਰੀਦ ਰਹੇ ਹਾਂ।

ਤੇਜ਼ ਰਫ਼ਤਾਰ ਬਾਈਕ ਸਵਾਰ ਨੇ ਖੜ੍ਹੀ ਗੱਡੀ ਨੂੰ ਮਾਰੀ ਟੱਕਰ

ਬਲਾਚੌਰ (ਜਸਵਿੰਦਰ ਬੈਂਸ)-ਟੋਲ ਪਲਾਜ਼ਾ ਬੱਛਵਾਂ ਵਿਖੇ ਇੱਕ ਸੜਕ ਹਾਦਸਾ ਹੋਇਆ ਹੈ। ਜਾਣਕਾਰੀ ਅਨੁਸਾਰ, ਡੇਰਾਬਸੀ ਤੋਂ ਜੰਮੂ ਵੱਲ ਜਾ ਰਹੀ ਇੱਕ ਬੋਲੈਰੋ ਪਿੱਕਅੱਪ ਗੱਡੀ , ਜਿਸ ਨੂੰ ਸਤਾਬ ਲਾਲ ਵਾਸੀ ਗੋਬਿੰਦਪੁਰਾ, ਮਨੀ ਮਾਜਰਾ, ਚੰਡੀਗੜ੍ਹ ਚਲਾ ਰਿਹਾ ਸੀ, ਟੋਲ ਪਲਾਜ਼ਾ ਨੇੜੇ ਖੜ੍ਹੀ ਸੀ।ਇਸ ਦੌਰਾਨ ਪਿੱਛੇ ਤੋਂ ਆ ਰਹੇ ਇੱਕ ਤੇਜ਼ ਰਫ਼ਤਾਰ ਸੀ ਟੀ 100 ਮੋਟਰਸਾਈਕਲ ਨੇ ਖੜ੍ਹੀ ਗੱਡੀ ਨੂੰ ਟੱਕਰ ਮਾਰ ਦਿੱਤੀ। ਮੋਟਰਸਾਈਕਲ ਨੂੰ ਜਸਪ੍ਰੀਤ ਵਾਸੀ ਰਾਏਪੁਰ ਨੰਗਲ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਚਲਾ ਰਿਹਾ ਸੀ। ਮੋਟਰਸਾਈਕਲ ਸਵਾਰ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ।ਨੈਸ਼ਨਲ ਹਾਈਵੇ ਦੀ ਐਂਬੂਲੈਂਸ ਮੌਕੇ 'ਤੇ ਪਹੁੰਚੀ ਤੇ ਜ਼ਖ਼ਮੀ ਨੌਜਵਾਨ ਨੂੰ ਇਲਾਜ ਲਈ ਸਿਵਲ ਹਸਪਤਾਲ ਬਲਾਚੌਰ ਵਿਖੇ ਦਾਖ਼ਲ ਕਰਵਾਇਆ ਗਿਆ।ਪੁਲਿਸ ਵੱਲੋਂ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

ਫੇਰੀ ਵਾਲੇ ਨੂੰ ਜ਼ਖਮੀ ਕਰਕੇ ਲੁੱਟਿਆ

ਅੱਡਾ ਸਰਾਂ (ਜਸਵੀਰ ਕਾਜਲ)-ਪਿੰਡ ਢੱਟ ਦੀ ਪੁਲੀ ਨੇੜੇ ਮੋਟਰਸਾਈਕਲ ਸਵਾਰ ਨਕਾਬਪੋਸ਼ ਦੋ ਲੁਟੇਰਿਆਂ ਨੇ ਪਿੰਡਾਂ ਵਿਚ ਫੇਰੀ ਲਗਾ ਅਚਾਰ ਵੇਚਣ ਵਾਲੇ ਵਿਅਕਤੀ ਨੂੰ ਜ਼ਖਮੀ ਕਰਕੇ ਲੁੱਟ ਦਾ ਸ਼ਿਕਾਰ ਬਣਾਇਆ ਹੈ । ਲੁੱਟ ਦਾ ਸ਼ਿਕਾਰ ਹੋਏ ਕਿਸ਼ਨ ਪਾਲ ਪੁੱਤਰ ਛੋਟੇ ਲਾਲ ਵਾਸੀ ਕਲੋਆ ਨੇ ਦੱਸਿਆ ਕਿ ਜਦੋਂ ਉਹ ਪਿੰਡ ਢੱਟ ਵੱਲ ਜਾ ਰਿਹਾ ਸੀ ਤਾਂ ਮੋਟਰਸਾਈਕਲ ਸਵਾਰ ਦੋ ਨਕਾਬਪੋਸ਼ ਲੁਟੇਰਿਆਂ ਨੇ ਉਸ ਨੂੰ ਘੇਰ ਲਿਆ ਅਤੇ ਜਦੋਂ ਉਸਨੇ ਉਨ੍ਹਾਂ ਦਾ ਵਿਰੋਧ ਕੀਤਾ ਤਾਂ ਉਨ੍ਹਾਂ ਉਸ ਤੇ ਦਾਤਰ ਦੇ ਵਾਰ ਕਰਕੇ ਜਖਮੀ ਕਰ ਦਿੱਤਾ ਤੇ ਉਸ ਕੋਲੋਂ ਉਸ ਦਾ ਮੋਬਾਈਲ ਅਤੇ ਲਗਭਗ 6 ਹਜ਼ਾਰ ਰੁਪਏ ਨਕਦੀ ਲੁੱਟ ਕੇ ਫਰਾਰ ਹੋ ਗਏ ।ਨੌਜਵਾਨ ਆਗੂ ਕਰਤਾਰ ਹੰਬੜਾਂ ਨੇ ਜ਼ਖਮੀ ਕਿਸ਼ਨ ਪਾਲ ਦੀ ਮਦਦ ਕਰਕੇ ਉਸ ਨੂੰ ਟਾਂਡਾ ਦੇ ਸਰਕਾਰੀ ਹਸਪਤਾਲ ਲਿਆਂਦਾ ਜਿੱਥੇ ਮੁੱਢਲੀ ਮੈਡੀਕਲ ਮਦਦ ਤੋਂ ਬਾਅਦ ਜਲੰਧਰ ਰੈਫਰ ਕੀਤਾ ਗਿਆ।ਇਸ ਬਾਰੇ ਪੁਲਸ ਨੂੰ ਸੂਚਨਾ ਦੇ ਦਿੱਤੀ ਗਈ ਹੈ।

ਅੱਜ ਬਿਜਲੀ ਬੰਦ ਰਹੇਗੀ

ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਮਿਥਲੇਸ਼ ਗਰਗ)-ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਅਧੀਨ ਚਲਦੇ 66 ਕੇ.ਵੀ. ਸਬ ਸਟੇਸ਼ਨ ਦੇ ਫੀਡਰ ਫੋਕਲ ਪੁਆਇੰਟ ਖੁਣ ਖੁਣ ਕਲਾ, 24 ਘੰਟੇ ਯੂ. ਪੀ. ਐੱਸ. ਫੀਡਰ ਖੁਣ ਖੁਣ ਕਲਾ ਤੇ ਕੁਰਾਲਾ ਏ.ਪੀ. ਤੇ 11 ਕੇ.ਵੀ ਲਾਈਨਾਂ ਦੀ ਦੀ ਜ਼ਰੂਰੀ ਮੁਰੰਮਤ ਕਾਰਨ 16 ਅਪ੍ਰੈਲ ਨੂੰ ਇਨ੍ਹਾਂ ਫੀਡਰਾਂ ਤੋਂ ਚਲਦੇ ਵੱਖ-ਵੱਖ ਪਿੰਡਾਂ ਦੀ ਬਿਜਲੀ ਸਪਲਾਈ ਬੰਦ ਰਹੇਗੀ। ਇਸ ਸਬੰਧੀ ਜਾਣਕਾਰੀ ਦਿੰਦੇ ਸਹਾਇਕ ਕਾਰਜਕਾਰੀ ਇੰਜੀਨੀਅਰ ਸਭ-ਅਰਬਨ ਟਾਂਡਾ ਸੁਖਵੰਤ ਸਿੰਘ ਨੇ ਦੱਸਿਆ ਕਿ ਜ਼ਰੂਰੀ ਮੁਰੰਮਤ ਦੇ ਚਲਦਿਆਂ ਅੱਜ 16 ਅਪ੍ਰੈਲ ਨੂੰ ਸਵੇਰੇ 10 ਵਜੇ ਤੋਂ ਲੈ ਕੇ ਸ਼ਾਮ 4 ਵਜੇ ਤੱਕ ਬਿਜਲੀ ਸਪਲਾਈ ਬੰਦ ਰਹੇਗੀ।

ਉੱਤਰ ਰੇਲਵੇ

ਈ-ਟੈਂਡਰ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਲਈ ਅਤੇ ਉਨ੍ਹਾਂ ਦੀ ਤਰਫ ਤੋਂ ਕੰਮ ਕਰਨ ਵਾਲੇ ਸੀਨੀਅਰ ਡੀਐਸਟੀਈ/ਜੇਏਟੀ ਟੈਂਡਰ ਸੂਚਨਾ ਨੰਬਰ 433-ਸਿਗ-ਟੀ-02-26-27 ਈ ਟੈਂਡਰਿੰਗ ਤੋਂ ਮਿਤੀ 08.05.2026 ਨੂੰ 15.00 ਵਜੇ ਤਕ https://www.ireps.gov.in ਵੈੱਬਸਾਈਟ ਉਤੇ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ । ਟੈਂਡਰਕਰਤਾ ਅਪਣੀ ਅਸਲੀ/ਸੰਸ਼ੋਧਿਤ ਨਿਸ਼ਚਿਤ ਕੀਤੇ ਗਏ ਸਮੇਂ ਅਤੇ ਮਿਤੀ ਤਕ ਜ਼ਰੂਰ ਜਮਾਂ ਕਰਵਾਏ । ਇਸ ਟੈਂਡਰ ਦੇ ਅੰਤਰਗਤ ਮੈਨੂਅਲ ਟੈਂਡਰਾ ਵਰਜਿਤ ਹੈ ਅਤੇ ਜੇਕਰ ਕੋਈ ਮੈਨੂੰਅਲ ਟੈਂਡਰ ਪ੍ਰਾਪਤ ਹੋਵੇਗੀ ਤਾਂ ਉਹ ਮਾਨਯ ਨਹੀਂ ਹੋਵੇਗੀ । ਠੇਕੇਦਾਰਾਂ ਦੁਆਰਾ ਟੈਂਡਰ ਡਾਕਯੂਮੈਂਟ ਦੀ ਕੀਮਤ ਅਤੇ ਬਿਆਨਾ ਰਾਸ਼ੀ ਜੋਕਿ ਇਸ ਟੈਂਡਰ ਦੇ ਲਈ ਮਾਨਯ ਹੈ ਉਹ ਕੇਵਲ ਆਈਆਰਈਪੀਐਸ ਪੋਰਟਲ ਜਿਸ ਤਰ੍ਹਾਂ ਨੇਟ ਬੈਂਕਿੰਗ, ਡੈਬਿਟ ਕਾਰਡ, ਕ੍ਰੈਡਿਟ ਕਾਰਡ ਆਦਿ ਦੁਆਰਾ ਹੀ ਸਵੀਕਾਰ ਕੀਤੀ ਜਾਵੇਗੀ । ਇਸਦੇ ਅਤਿਰਿਕਤ ਡਿਮਾਂਡ ਡਰਾਫਟ, ਬੈਂਕਰ ਚੈਕ, ਡਿਪੋਜਿਟ ਰਸੀਦ, ਐਫਡੀਆਰ ਆਦਿ ਦੇ ਦੁਆਰਾ ਜਮਾਂ ਕਰਵਾਈ ਗਈ ਰਾਸ਼ੀ ਮਾਨਯ ਨਹੀਂ ਹੋਵੇਗੀ । ਐਨਆਈਟੀ ।

ਕੰਮ ਦਾ ਨਾਮ	GVKK ਸਾਈਡਿੰਗ ਉਤੇ TMS ਦੀ ਵਿਵਸਥਾ ਦੇ ਸਬੰਧ ਵਿਚ ਦੂਰਸੰਚਾਰ ਸੁਵਿਧਾਵਾਂ		
ਟੈਂਡਰ ਬੰਦ ਕਰਨ ਦੀ ਮਿਤੀ ਅਤੇ ਸਮਾਂ	08.05.2026 15:00	ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ	13.04.2026 18:20
ਅਨੁਮਾਨਿਤ ਕੀਮਤ	1342307.82	ਬਿਡਿੰਗ ਸ਼ੁਰੂ ਦੀ ਮਿਤੀ (ਆਈ.ਆਰ.ਈ.ਪੀ.ਐਸ.)	24.04.2026
ਬਿਆਨਾ ਰਾਸ਼ੀ (ਰੁ:)	26900.00	ਕੰਮ ਪੂਰਾ ਕਰਨ ਦਾ ਸਮਾਂ	3 ਮਹੀਨੇ
ਨੋਟ:	ਟੈਂਡਰਕਰਤਾ ਨਿਯਮਿਤ ਰੂਪ ਤੋਂ ਵੈਬਸਾਈਟ ਦੇ ਸੰਪਰਕ ਵਿਚ ਰਹਿਕੇ ਟੈਂਡਰ ਸੰਸ਼ੋਧਨਾਂ, ਸ਼ੁੱਧੀਪੱਤਰ ਆਦਿ ਦੇ ਬਾਰੇ ਵਿਚ ਖੁਦ ਨੂੰ ਅਪਡੇਟ ਰੱਖੋ ।		

ਟੈਂਡਰ ਸੂਚਨਾ ਨੰ: 433-ਸਿਗ-ਟੀ-02-26-27 ਮਿਤੀ : 15.04.2026
ਬੰਦ ਹੋਣ ਦੀ ਮਿਤੀ/ਸਮਾਂ : 08.05.2026 15:00 ਵਜੇ 1249/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਨੋਇਡਾ ਦੇ ਪ੍ਰਦਰਸ਼ਨਕਾਰੀ ਮਜ਼ਦੂਰਾਂ ਦੀਆਂ ਤਨਖਾਹਾਂ ਵਧਾਉਣ ਤੇ ਰਿਹਾਅ ਕਰਨ ਦੀ ਮੰਗ

ਬੰਗਾ (ਅਵਤਾਰ ਕਲੇਰ, ਮਨੋਜ ਲਾਡੀ)

ਪੰਜਾਬ ਦੀ ਮਜ਼ਦੂਰ ਮੁਲਾਜ਼ਮ ਕੋਆਰਡੀਨੇਸ਼ਨ ਵਲੋਂ ਉੱਤਰ ਪ੍ਰਦੇਸ਼ ਦੇ ਨੋਇਡਾ ਫੇਜ਼ 2 ਦੇ ਹੌਜ਼ਰੀ ਕੰਪਲੈਕਸ ਵਿੱਚ ਕੰਮ ਕਰਨ ਵਾਲੇ ਮਜ਼ਦੂਰਾਂ ਨੂੰ ਤਨਖਾਹ ਵਿੱਚ ਵਾਧਾ ਕਰਕੇ ਦੇਣ ਅਤੇ ਗ੍ਰਿਫਤਾਰ ਕੀਤੇ ਮਜਦੂਰਾਂ ਨੂੰ ਤੁਰੰਤ ਰਿਹਾਅ ਕਰਨ ਦੀ ਮੰਗ ਕੀਤੀ ਹੈ।ਇਹ ਮੰਗ ਕਰਦਿਆਂ ਇਫਟੂ ਪੰਜਾਬ ਦੇ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਕੇਂਦਰੀ ਕਮੇਟੀ ਮੈਂਬਰ ਜੁਗਿੰਦਰਪਾਲ ਗੁਰਦਾਸਪੁਰ, ਸੂਬਾ ਪ੍ਰੈੱਸ ਸਕੱਤਰ ਜਸਬੀਰ ਦੀਪ, ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਸੂਬਾ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ, ਡੈਮੋਕ੍ਰੇਟਿਕ ਮੁਲਾਜ਼ਮ ਫਰੰਟ ਦੇ ਸੂਬਾ ਪ੍ਰਧਾਨ ਜਰਮਨਜੀਤ ਸਿੰਘ, ਹਰਦੀਪ ਟੋਡਰਪੁਰ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਪ੍ਰਧਾਨ ਮੁਕੇਸ਼ ਮਲੌਦ ਅਤੇ ਬਿੱਕਰ ਸਿੰਘ ਹਥੋਆ ਨੇ ਇਕ ਸਾਂਝੇ ਪ੍ਰੈੱਸ ਬਿਆਨ ਰਾਹੀਂ ਕਿਹਾ ਹੈ ਕਿ ਮੈਸਰਜ਼ ਰਿਚਾ ਗਾਰਮੈਂਟਸ ਨੋਇਡਾ ਵਿੱਚ ਕੰਮ ਕਰਦੇ 2,000 ਤੋਂ ਵੱਧ ਗਿਣਤੀ ਵਾਲੇ ਮਜ਼ਦੂਰਾਂ ਨੂੰ 11,283 ਦੀ ਮਹੀਨਾਵਾਰ ਤਨਖਾਹ ਦਿੱਤੀ ਜਾਂਦੀ ਹੈ, ਜੋ ਕਿ ਮੌਜੂਦਾ ਮਹਿੰਗਾਈ ਨੂੰ ਦੇਖਦੇ ਹੋਏ ਬਹੁਤ ਘੱਟ ਹੈ। ਇਹ ਉੱਤਰ ਪ੍ਰਦੇਸ਼ ਤੇ ਨੋਇਡਾ ਵਿੱਚ ਘੱਟੋ-ਘੱਟ ਉਜਰਤ ਤੋਂ ਵੀ ਘੱਟ ਹੈ। ਗਲੋਬਲ, ਪੈਰਾਮਿੰਟ ਅਤੇ ਮਦਰਾਸਨ ਦੇ ਸੈਂਕੜੇ ਮਜ਼ਦੂਰ ਵਿਰੋਧ ਕਰਨ ਲਈ ਬਾਹਰ ਨਿਕਲੇ। ਉੱਤਰ ਪ੍ਰਦੇਸ਼ ਸਰਕਾਰ ਨੇ ਮਜ਼ਦੂਰਾਂ ਪ੍ਰਤੀ ਕੋਈ ਹਮਦਰਦੀ ਨਾ ਦਿਖਾਉਂਦੇ ਹੋਏ ਭਾਰੀ ਪੁਲਿਸ ਫੋਰਸ ਤਾਇਨਾਤ ਕੀਤੀ, ਜਿਸ ਨਾਲ ਪੂਰੇ ਖੇਤਰ ਨੂੰ ਪੁਲਿਸ ਛਾਉਣੀ ਵਿੱਚ ਬਦਲ ਦਿੱਤਾ ਗਿਆ। ਸੱਤ ਕਾਮਿਆਂ ਅਤੇ ਸੱਤ ਯੂਨੀਅਨ ਕਾਰਕੁੰਨਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਆਗੂਆਂ ਨੇ ਇਸ ਦੀ ਸਖ਼ਤ ਨਿੰਦਾ ਕੀਤੀ ਹੈ।11,283 ਰੁਪਏ ਦੀ ਮਾਸਿਕ ਤਨਖਾਹ ਗੁਜ਼ਾਰਾ ਕਰਨ ਲਈ ਕਾਫ਼ੀ ਨਹੀਂ ਹੈ। ਨੋਇਡਾ ਵਿੱਚ ਘਰ ਦਾ ਕਿਰਾਇਆ ਤੇ ਭੋਜਨ ਦੀਆਂ ਕੀਮਤਾਂ ਦਿੱਲੀ ਦੇ ਬਰਾਬਰ ਹਨ। ਇਸ ਲਈ, ਨੋਇਡਾ ਵਿੱਚ ਕੰਮ ਕਰਨ ਵਾਲੇ ਮਜ਼ਦੂਰਾਂ ਦੀ ਤਨਖਾਹ ਵੀ ਦਿੱਲੀ ਦੇ ਬਰਾਬਰ ਹੋਣੀ ਚਾਹੀਦੀ ਹੈ। ਉਹਨਾਂ ਮਜ਼ਦੂਰਾਂ ਦੀ ਤਨਖਾਹ ਤੁਰੰਤ ਵਧਾਕੇ ਦੇਣ ਅਤੇ ਗ੍ਰਿਫ਼ਤਾਰ ਕੀਤੇ ਗਏ ਸਾਰੇ ਸਾਥੀਆਂ ਨੂੰ ਤੁਰੰਤ ਰਿਹਾਅ ਕਰਨ ਅਤੇ ਨੋਇਡਾ ਹੌਜ਼ਰੀ ਕੰਪਲੈਕਸ ਤੋਂ ਪੁਲਿਸ ਕੈਂਪ ਤੁਰੰਤ ਹਟਾਏ ਜਾਣ ਦੀ ਮੰਗ ਕੀਤੀ ਹੈ।

ਚੌਥਾ ਮੇਗਾ ਜੌਬ ਫੈਸਟ ਅੱਜ ਤੋਂ ਸ਼ੁਰੂ

ਆਦਮਪੁਰ (ਪਰਮਜੀਤ ਸਿੰਘ)-ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਖਿਆਲਾ ਦੇ ਸਤਿਕਾਰ ਯੋਗ ਸੰਤ ਬਾਬਾ ਮਲਕੀਤ ਸਿੰਘ ਜੀ (ਬਾਨੀ ਚਾਂਸਲਰ) ਅਤੇ ਸੰਤ ਬਾਬਾ ਦਿਲਾਵਰ ਸਿੰਘ ਜੀ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ ਮਾਣਯੋਗ ਚਾਂਸਲਰ ਸੰਤ ਮਨਮੋਹਨ ਸਿੰਘ ਜੀ ਅਤੇ ਸ. ਹਰਦਮਨ ਸਿੰਘ ਮਿਨਹਾਸ (ਸਕੱਤਰ,) ਉਪ-ਕੁਲਪਤੀ ਡਾ.ਵਿਜੈ ਧੀਰ, ਦੇ ਦਿਸ਼ਾ ਨਿਰਦੇਸ਼ ਤਹਿਤ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਖਿਆਲਾ,ਜਲੰਧਰ ਵੱਲੋਂ ਚੌਥਾ ਮੇਗਾ ਜੌਬ ਫੈਸਟ 16 ਅਤੇ 17 ਅਪ੍ਰੈਲ ਨੂੰ ਕਰਵਾਇਆ ਜਾ ਰਿਹਾ ਹੈ। ਇਸ ਸੰਬੰਧੀ ਪੋਸਟਰ ਜਾਰੀ ਕੀਤਾ ਗਿਆ।ਇਸ ਜੌਬ ਫੈਸਟ ਵਿੱਚ 30 ਤੋਂ ਵੱਧ ਪ੍ਰਸਿੱਧ ਕੰਪਨੀਆਂ ਹਿੱਸਾ ਲੈਣਗੀਆਂ ਜੋ ਵਿਦਿਆਰਥੀਆਂ ਲਈ ਨੌਕਰੀ ਦੇ ਮੌਕੇ ਪ੍ਰਦਾਨ ਕਰਨਗੀਆਂ। ਇਸ ਸਮਾਗਮ ਦੌਰਾਨ 150 ਤੋਂ ਵੱਧ ਨੌਕਰੀਆਂ ਦੇ ਮੌਕੇ ਉਪਲਬਧ ਹੋਣ ਦੀ ਸੰਭਾਵਨਾ ਹੈ, ਜਿਸ ਨਾਲ ਵਿਦਿਆਰਥੀਆਂ ਨੂੰ ਆਪਣੇ ਕਰੀਅਰ ਦੀ ਸ਼ੁਰੂਆਤ ਕਰਨ ਦਾ ਵਧੀਆ ਮੌਕਾ ਮਿਲੇਗਾ।ਇਸ ਦੇ ਨਾਲ ਹੀ ਕੈਨੇਡਾ ਦੀਆਂ ਤਿੰਨ ਯੂਨੀਵਰਸਿਟੀਆਂ ਦੇ ਪ੍ਰਤੀਨਿਧੀ ਵੀ ਇਸ ਜੌਬ ਫੈਸਟ ਵਿੱਚ ਸ਼ਿਰਕਤ ਕਰਨਗੇ। ਉਹ ਵਿਦਿਆਰਥੀਆਂ ਨੂੰ ਕੈਨੇਡਾ ਵਿੱਚ ਉੱਚ ਸਿੱਖਿਆ ਦੇ ਮੌਕਿਆਂ ਬਾਰੇ ਜਾਣਕਾਰੀ ਅਤੇ ਮਾਰਗਦਰਸ਼ਨ ਪ੍ਰਦਾਨ ਕਰਨਗੇ।

ਵਿਸਾਖੀ ਮੌਕੇ ਫਿਊਚਰਿਸਟਿਕਸ 'ਵਰਸਿਟੀ ਵੱਲੋਂ ਕਾਰ ਭੇਟ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)-ਸ੍ਰੀ ਅਨੰਦਪੁਰ ਸਾਹਿਬ ਵਿਖੇ ਸਥਾਪਿਤ ਸੰਨੀ ਓਬਰਾਏ ਵਿਵੇਕ ਸਦਨ ਫਿਊਚਰਿਸਟਿਕਸ ਯੂਨੀਵਰਸਿਟੀ ਆਪਣੇ ਨਿਸ਼ਚਿਤ ਲਕਸ਼ ਵੱਲ ਤੇਜ਼ੀ ਨਾਲ ਅੱਗੇ ਵੱਧ ਰਹੀ ਹੈ। ਸੰਸਥਾ ਵੱਲੋਂ ਅਧਿਐਨ ਅਤੇ ਅਧਿਆਪਨ ਦੇ ਕਾਰਜ ਪਹਿਲਾਂ ਹੀ ਸ਼ੁਰੂ ਕੀਤੇ ਜਾ ਚੁੱਕੇ ਹਨ ਤੇ ਵੱਡੇ ਪੱਧਰ ਦੇ ਪ੍ਰੋਜੈਕਟਾਂ ਨੂੰ ਅੱਗੇ ਵਧਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਵਿਸਾਖ ਦੇ ਪਵਿੱਤਰ ਮੌਕੇ 'ਤੇ ਯੂਨੀਵਰਸਿਟੀ ਮੈਨੇਜਮੈਂਟ ਵੱਲੋਂ ਵਾਈਸ-ਚਾਂਸਲਰ ਦਫਤਰ ਲਈ ਇਕ ਹੋਰ ਅਤਿ-ਆਧੁਨਿਕ ਇਨੋਵਾ ਹਾਈਕ੍ਰਾਸ ਕਾਰ ਖਰੀਦੀ ਗਈ, ਜਿਸ ਦੀਆਂ ਚਾਬੀਆਂ ਨੇੜਲੇ ਸਮੇਂ ਵਿੱਚ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਵਜੋਂ ਕਾਰਜਭਾਰ ਸੰਭਾਲਣ ਜਾ ਰਹੇ ਡਾ. ਸਰਬਜਿੰਦਰ ਸਿੰਘ ਨੂੰ ਸੌਂਪੀਆਂ ਗਈਆਂ।ਇਸ ਮੌਕੇ ਚਾਂਸਲਰ ਪ੍ਰੋ. ਡਾ. ਸੁਰਿੰਦਰਪਾਲ ਸਿੰਘ ਓਬਰਾਏ ਨੇ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਖਾਲਸੇ ਦੀ ਜਨਮਭੂਮੀ ਹੈ ਅਤੇ ਇਹ ਪਵਿੱਤਰ ਧਰਤੀ ਸਿੱਖ ਸੰਸਾਰ ਲਈ ਵਿਸ਼ੇਸ਼ ਮਹੱਤਵ ਰੱਖਦੀ ਹੈ। ਉਨ੍ਹਾਂ ਦੱਸਿਆ ਕਿ ਡਾ. ਸਰਬਜਿੰਦਰ ਸਿੰਘ ਨੂੰ ਵਾਈਸ-ਚਾਂਸਲਰ ਨਿਯੁਕਤ ਕਰਕੇ ਸੰਸਥਾ ਦੀ ਵਾਗਡੋਰ ਉਨ੍ਹਾਂ ਨੂੰ ਸੌਂਪੀ ਗਈ, ਜਿਨ੍ਹਾਂ ਨੇ ਲਗਨ ਅਤੇ ਮਿਹਨਤ ਨਾਲ ਸੰਸਥਾ ਨੂੰ ਅੱਗੇ ਵਧਾਇਆ ਹੈ।

ਸੰਵਿਧਾਨ ਨੂੰ ਬਚਾਉਣ ਲਈ ਪ੍ਰਣ ਕਰਨ ਦੀ ਲੋੜ : ਕਰਨੈਲ

ਫਿਲੌਰ, (ਨਿਰਮਲ)-ਡਾਕਟਰ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਦਾ 135ਵਾਂ ਜਨਮ ਦਿਹਾੜਾ ਫਿਲੌਰ ਵਿੱਚ ਬੜੀ ਸ਼ਿੱਦਤ ਨਾਲ ਮਨਾਇਆ ਗਿਆ। ਇਸ ਮੌਕੇ ਗੌਰਮਿੰਟ ਟੀਚਰਜ਼ ਯੂਨੀਅਨ ਜ਼ਿਲ੍ਹਾ ਜਲੰਧਰ ਦੇ ਆਗੂਆਂ ਵਲੋਂ ਫਿਲੌਰ ਵਿੱਚ ਡਾਕਟਰ ਬਾਬਾ ਸਾਹਿਬ ਅੰਬੇਡਕਰ ਦੀ ਪ੍ਰਤਿਮਾ ਤੇ ਸ਼ਰਧਾ ਸੁਮਨ ਅਰਪਣ ਕੀਤੇ ਗਏ। ਇਸ ਸਮੇਂ ਆਪਣੇ ਸੰਬੋਧਨ ਵਿੱਚ ਗੌਰਮਿੰਟ ਟੀਚਰਜ਼ ਯੂਨੀਅਨ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਕਰਨੈਲ ਫਿਲੌਰ ਨੇ ਕਿਹਾ ਕਿ ਸਾਨੂੰ ਅੱਜ ਭਾਰਤੀ ਸੰਵਿਧਾਨ ਨੂੰ ਬਚਾਉਂਣ ਲਈ ਪ੍ਰਣ ਕਰਨਾ ਚਾਹੀਦਾ ਹੈ ਕਿਉਕਿ ਕੇਂਦਰ ਸਰਕਾਰ ਵਲੋਂ ਲਗਾਤਾਰ ਭਾਰਤੀ ਸੰਵਿਧਾਨ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ ਅਤੇ ਸੰਵਿਧਾਨ ਨੂੰ ਖ਼ਤਮ ਕਰਨ ਦੀਆਂ ਸਾਜ਼ਸਾਂ ਕੀਤੀਆਂ ਜਾ ਰਹੀਆਂ ਹਨ। ਸਾਰੇ ਦੇਸ਼ ਵਿੱਚ ਪੁਲਿਸ ਨੂੰ ਖੁੱਲ੍ਹੀ ਛੁੱਟੀ ਦਿੱਤੀ ਜਾ ਰਹੀ ਹੈ ਅਤੇ ਸੰਘਰਸ਼ ਕਰਦੇ ਲੋਕਾਂ, ਲੇਖਕਾਂ ਅਤੇ ਬੁੱਧੀਜੀਵੀਆਂ ਨੂੰ ਉਹਨਾਂ ਦੀ ਅਵਾਜ਼ ਬੰਦ ਕਰਨ ਲਈ ਝੂਠੇ ਕੇਸਾਂ ਵਿੱਚ ਫਸਾ ਕੇ ਅੰਦਰ ਧੱਕਿਆ ਜਾ ਰਿਹਾ ਹੈ। ਆਗੂਆਂ ਨੇ ਭਾਰਤੀ ਸੰਵਿਧਾਨ ਨੂੰ ਬਚਾਉਣ ਦਾ ਪ੍ਰਣ ਕੀਤਾ। ਇਸ ਮੌਕੇ ਲੇਖ ਰਾਜ ਪੰਜਾਬੀ, ਕੁਲਵੰਤ ਰੁੜਕਾ, ਬੂਟਾ ਰਾਮ, ਰੂਪੇਸ਼ਮਰ, ਰਜਿੰਦਰ ਕੰਗ, ਰਣਜੀਤ ਸਿੰਘ, ਬਖਸ਼ੀ ਰਾਮ, ਸਰਬਜੀਤ ਢੇਸੀ, ਗੁਰਚਰਨ ਸਿੰਘ, ਕਰਨੈਲ ਮਾਹਲ, ਜਗਸੀਰ ਫ਼ਿਲੌਰ, ਭੋਲਾ ਨਾਥ, ਪ੍ਰੇਮ ਪਾਲ, ਸੰਦੀਪ ਕੁਮਾਰ, ਸੰਦੀਪ ਕੌਰ, ਮਨਜੀਤ ਕੌਰ, ਆਰਤੀ ਆਦਿ ਹਾਜ਼ਰ ਸਨ।

ਬਲਾਕ ਕਾਂਗਰਸ ਦਫਤਰ 'ਚ ਡਾ. ਅੰਬੇਡਕਰ ਦਾ ਜਨਮ ਦਿਹਾੜਾ ਮਨਾਇਆ

ਅੱਡਾ ਸਰਾਂ /ਟਾਂਡਾ ਉੜਮੁੜ (ਜਸਵੀਰ ਕਾਜਲ)- ਬਲਾਕ ਕਾਂਗਰਸ ਦਫਤਰ ਟਾਂਡਾ ਵਿਚ ਡਾ. ਭੀਮ ਰਾਓ ਅੰਬੇਦਕਰ ਦਾ ਜਨਮ ਦਿਹਾੜਾ ਬੜੀ ਸ਼ਰਧਾ, ਸਤਿਕਾਰ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਮਾਗਮ ਦੀ ਅਗਵਾਈ ਬਲਾਕ ਪ੍ਰਧਾਨ ਐੱਸ ਸੀ ਵਿੰਗ ਪਰਵਿੰਦਰ ਸਹਿਬਾਜਪੁਰ ਦੀ ਅਗਵਾਈ ਵਿਚ ਬਲਾਕ ਕਾਂਗਰਸ ਦਫਤਰ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਵੱਡੀ ਗਿਣਤੀ ਵਿਚ ਆਏ ਕਾਂਗਰਸੀ ਕਾਰਕੁੰਨਾਂ ਨੇ ਬਾਬਾ ਸਾਹਿਬ ਨੂੰ ਯਾਦ ਕੀਤਾ।ਸਮਾਗਮ ਦੀ ਸ਼ੁਰੂਆਤ ਬਾਬਾ ਸਾਹਿਬ ਦੀ ਤਸਵੀਰ ਅੱਗੇ ਫੁੱਲਮਾਲਾਵਾਂ ਅਰਪਿਤ ਕਰਕੇ ਅਤੇ ਉਨ੍ਹਾਂ ਨੂੰ ਨਮਨ ਕਰਦੇ ਹੋਏ ਕੀਤੀ ਗਈ। ਇਸ ਮੌਕੇ ਕਾਂਗਰਸ ਦੇ ਜ਼ਿਲ੍ਹਾ ਹੁਸ਼ਿਆਰਪੁਰ ਪ੍ਰਧਾਨ ਐਡਵੋਕੇਟ ਦਲਜੀਤ ਸਿੰਘ ਗਿਲਜੀਆਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਦੇ ਨਾਲ ਹੋਰ ਕਈ ਸੀਨੀਅਰ ਕਾਂਗਰਸੀ ਆਗੂਆਂ ਤੇ ਵਰਕਰਾਂ ਨੇ ਵੀ ਬਾਬਾ ਸਾਹਿਬ ਨੂੰ ਸ਼ਰਧਾਂਜਲੀ ਭੇਟ ਕੀਤੀ।ਇਸ ਦੌਰਾਨ ਐਡਵੋਕੇਟ ਗਿਲਜੀਆਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਬਾਬਾ ਸਾਹਿਬ ਵੱਲੋਂ ਤਿਆਰ ਕੀਤਾ ਗਿਆ ਭਾਰਤੀ ਸੰਵਿਧਾਨ ਦੁਨੀਆ ਦੇ ਸਭ ਤੋਂ ਵਧੀਆ ਸੰਵਿਧਾਨਾਂ ਵਿੱਚੋਂ ਇੱਕ ਹੈ, ਜੋ ਹਰ ਨਾਗਰਿਕ ਨੂੰ ਬਰਾਬਰੀ, ਆਜ਼ਾਦੀ ਅਤੇ ਨਿਆਂ ਦੇ ਅਧਿਕਾਰ ਦਿੰਦਾ ਹੈ। ਇਸ ਮੌਕੇ ਸਿਟੀ ਪ੍ਰਧਾਨ ਵਿਪਨ ਮਰਵਾਹਾ, ਸਵਰਨ ਸਿੰਘ ਡੱਡੀਆਂ, ਲੱਬਾ ਜਹੂਰਾ, ਗੋਲਡੀ ਕਲਿਆਣਪੁਰ, ਪੰਕਜ ਸਚਦੇਵਾ, ਅਨਿਲ ਪਿੰਕਾ, ਕਾਲਾ ਮੂਨਕਾ, ਅਰਸ਼, ਰੋਹਨ, ਬਿੱਲਾ, ਅਕਾਸ਼, ਅਸ਼ੀਸ਼, ਅੰਕੂ ਮਰਵਾਹਾ ਤੇ ਸਾਹਿਲ ਆਦਿ ਮੌਜੂਦ ਸਨ।

ਡੀ ਏ ਵੀ ਕਾਲਜ ਦਾ ਇਨਾਮ ਵੰਡ ਸਮਾਰੋਹ

ਜਲੰਧਰ (ਸ਼ੈਲੀ ਐਲਬਰਟ, ਇਕਬਾਲ ਸਿੰਘ ਉੱਭੀ)- ਡੀ ਏ ਵੀ ਕਾਲਜ ਜਲੰਧਰ ਨੇ ਆਪਣੇ ਵਿਦਿਆਰਥੀਆਂ ਦੀਆਂ ਅਕਾਦਮਿਕ, ਪਾਠਕ੍ਰਮ ਤੋਂ ਬਾਹਰਲੀਆਂ ਗਤੀਵਿਧੀਆਂ ਅਤੇ ਖੇਡਾਂ ਵਿੱਚ ਸ਼ਾਨਦਾਰ ਪ੍ਰਾਪਤੀਆਂ ਦਾ ਜਸ਼ਨ ਮਨਾਉਣ ਲਈ ਆਪਣਾ 90ਵਾਂ ਸਾਲਾਨਾ ਇਨਾਮ ਵੰਡ ਸਮਾਰੋਹ ਆਯੋਜਿਤ ਕੀਤਾ।ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਇਸ ਮੌਕੇ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਅਵਿਨਾਸ਼ ਰਾਏ ਖੰਨਾ, ਸਾਬਕਾ ਸੰਸਦ ਮੈਂਬਰ ਰਾਜ ਸਭਾ ਅਤੇ ਕਾਲਜ ਦੇ ਮਾਣਮੱਤੇ ਸਾਬਕਾ ਵਿਦਿਆਰਥੀ, ਵਿਸ਼ੇਸ਼ ਮਹਿਮਾਨ ਸਨ।

ਮੌਜੂਦ ਹੋਰ ਵਿਸ਼ੇਸ਼ ਮਹਿਮਾਨਾਂ ਵਿੱਚ ਸੁਸ਼ੀਲ ਰਿੰਕੂ, ਸਾਬਕਾ ਸੰਸਦ ਮੈਂਬਰ, ਕੇ.ਡੀ. ਭੰਡਾਰੀ ਸਾਬਕਾ ਵਿਧਾਇਕ, ਸ੍ਰੀ ਮਨੋਰੰਜਨ ਕਾਲੀਆ ਸਾਬਕਾ ਵਿਧਾਇਕ, ਸ਼ੀਤਲ ਅੰਗੂਰਾਲ ਸਾਬਕਾ ਵਿਧਾਇਕ, ਇੰਦਰਜੀਤ ਤਲਵਾੜ ਮੈਂਬਰ ਐੱਲ ਐੱਮ ਸੀ, ਡਾ. ਵਿਜੇ ਮਹਾਜਨ ਐੱਮ ਡੀ ਟੈਗੋਰ ਹਸਪਤਾਲ, ਜਲੰਧਰ, ਵਾਈ. ਕੇ. ਸੂਦ ਮਾਨਵ ਸਹਿਯੋਗ ਸੁਸਾਇਟੀ, ਜਲੰਧਰ ਤੋਂ ਡਾ. ਸੁਸ਼ਮਾ ਸ਼ਰਮਾ ਤੇ ਵਿਮਲ ਜੈਨ, ਨਿਸ਼ਕਾਮ ਸੇਵਾ ਭਾਰਤੀ ਟਰੱਸਟ ਤੋਂ ਡਾ. ਰਵਿੰਦਰ ਵਰਮਾ ਤੇ ਨਵਨੀਤ ਜੈਨ, ਐੱਨ ਵੀ ਆਰ ਫੋਰਜਿੰਗ, ਜਲੰਧਰ।ਸਮਾਰੋਹ ਦੀ ਸ਼ੁਰੂਆਤ ਮਾਣਯੋਗ ਸ੍ਰੀ ਗੁਲਾਬ ਚੰਦ ਕਟਾਰੀਆ ਅਤੇ ਹੋਰ ਪਤਵੰਤਿਆਂ ਨੇ ਡਾ. ਬੀ.ਆਰ. ਅੰਬੇਡਕਰ ਨੂੰ ਉਨ੍ਹਾਂ ਦੇ ਜਨਮ ਦਿਵਸ ਦੇ ਮੌਕੇ 'ਤੇ ਸ਼ਰਧਾ ਦੇ ਫੁੱਲ ਭੇਟ ਕਰਕੇ ਕੀਤੀ, ਜਿਸ ਤੋਂ ਬਾਅਦ ਰਾਸ਼ਟਰੀ ਗੀਤ, ਵੰਦੇ ਮਾਤਰਮ ਦੀ ਰੂਹਾਨੀ ਪੇਸ਼ਕਾਰੀ ਕੀਤੀ ਗਈ। ਪ੍ਰਿੰਸੀਪਲ ਡਾ. ਅਨੂਪ ਕੁਮਾਰ ਨੇ ਕਾਲਜ ਦੀ ਸਾਲਾਨਾ ਰਿਪੋਰਟ ਵੀ ਪੜ੍ਹੀ। ਵਿਦਿਆਰਥੀਆਂ ਨੇ ਵੱਖ-ਵੱਖ ਪ੍ਰੋਗਰਾਮਾਂ ਵਿੱਚ ਸੱਤ ਯੂਨੀਵਰਸਿਟੀ ਗੋਲਡ ਮੈਡਲ ਅਤੇ ਬਾਰਾਂ ਯੂਨੀਵਰਸਿਟੀ ਮੈਰਿਟ ਪੁਜੀਸ਼ਨਾਂ ਪ੍ਰਾਪਤ ਕੀਤੀਆਂ। ਸਮਾਰੋਹ ਦਾ ਮੁੱਖ ਆਕਰਸ਼ਣ ਪੁਰਸਕਾਰਾਂ ਦੀ ਪੇਸ਼ਕਾਰੀ ਸੀ। ਡਾ. ਵਿਜੇ ਮਹਾਜਨ, ਡਾ. ਸੁਸ਼ਮਾ ਚੋਪੜਾ, ਵਿਮਲ ਜੈਨ, ਡਾ. ਰਵਿੰਦਰ ਵਰਮਾ ਤੇ ਨਵਨੀਤ ਜੈਨ ਨੂੰ ਉਨ੍ਹਾਂ ਦੀ ਪਤਨੀ ਸਮੇਤ ਕਾਲਜ ਵਿੱਚ ਉਨ੍ਹਾਂ ਦੇ ਯੋਗਦਾਨ ਲਈ ਸਨਮਾਨਤ ਕੀਤਾ ਗਿਆ। ਲਗਭਗ 160 ਹੋਣਹਾਰ ਵਿਦਿਆਰਥੀਆਂ ਨੂੰ ਅਕਾਦਮਿਕ, ਪਾਠਕ੍ਰਮ ਤੋਂ ਬਾਹਰਲੀਆਂ ਗਤੀਵਿਧੀਆਂ ਅਤੇ ਖੇਡਾਂ ਵਿੱਚ ਉਨ੍ਹਾਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਲਈ ਮਾਨਤਾ ਦਿੱਤੀ ਗਈ। ਇਨਾਮ ਵੰਡ ਸਮਾਰੋਹ ਦੇ ਕਨਵੀਨਰ ਪ੍ਰੋ. ਅਸ਼ੋਕ ਕਪੂਰ ਨੇ ਇਨਾਮ ਜੇਤੂਆਂ ਦੇ ਨਾਵਾਂ ਦਾ ਐਲਾਨ ਕੀਤਾ।

ਡੀ ਏ ਵੀ ਕਾਲਜ ਜਲੰਧਰ ਦੇ ਸਾਬਕਾ ਵਿਦਿਆਰਥੀ, ਸ਼੍ਰੀ ਨਵੀਨ ਨਾਂਗੀਆ ਨੇ ਇੱਕ ਮਨਮੋਹਕ ਸੱਭਿਆਚਾਰਕ ਪੇਸ਼ਕਾਰੀ ਪੇਸ਼ ਕੀਤੀ ਜਿਸਨੇ ਸਮਾਗਮ ਨੂੰ ਹੋਰ ਵੀ ਰੌਸ਼ਨ ਕਰ ਦਿੱਤਾ। ਸਟਾਫ ਕੌਂਸਲ ਦੇ ਸਕੱਤਰ ਡਾ. ਰਿਸ਼ੀ ਕੁਮਾਰ ਨੇ ਧੰਨਵਾਦ ਦਾ ਮਤਾ ਪੇਸ਼ ਕੀਤਾ। ਸਮਾਰੋਹ ਦੀ ਸਮਾਪਤੀ ਰਾਸ਼ਟਰੀ ਗੀਤ ਦੀ ਪੇਸ਼ਕਾਰੀ ਨਾਲ ਹੋਈ। ਪ੍ਰੋ. ਸ਼ਰਦ ਮਨੋਚਾ ਨੇ ਸਮਾਰੋਹ ਦੇ ਮਾਸਟਰ ਵਜੋਂ ਸੇਵਾ ਨਿਭਾਈ।

'ਯੂਥ ਲਾਈਵ 2026' ਦੀ ਸ਼ੁਰੂਆਤ ਫਰਹਾਨ ਅਖਤਰ ਦੀ ਸੰਗੀਤਕ ਸ਼ਾਮ ਨਾਲ ਹੋਈ

ਜਲੰਧਰ (ਸ਼ੈਲੀ ਐਲਬਰਟ)- ਪ੍ਰਸਿੱਧ ਬਾਲੀਵੁੱਡ ਅਦਾਕਾਰ, ਗਾਇਕ ਤੇ ਫਿਲਮ ਨਿਰਮਾਤਾ ਫਰਹਾਨ ਅਖਤਰ ਨੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਬਲਦੇਵ ਰਾਜ ਮਿੱਤਲ ਯੂਨੀਪੋਲਿਸ ਵਿਖੇ ਗਲੋਬਲ ਓਪਨ ਫੈਸਟ, 'ਯੂਥ ਲਾਈਵ 2026' ਦੇ 9ਵੇਂ ਐਡੀਸ਼ਨ ਦੇ ਸ਼ਾਨਦਾਰ ਉਦਘਾਟਨ ਮੌਕੇ ਆਪਣੇ ਪ੍ਰਦਰਸ਼ਨ ਨਾਲ ਹਜ਼ਾਰਾਂ ਵਿਦਿਆਰਥੀਆਂ ਨੂੰ ਮੰਤਰਮੁਗਧ ਕਰ ਦਿੱਤਾ। ਮਿੰਤਰਾ ਗਲੈਮਫੈਸਟ ਟੂਰ ਦੇ ਹਿੱਸੇ ਵਜੋਂ ਪ੍ਰਦਰਸ਼ਨ ਕਰਦੇ ਹੋਏ, ਫਰਹਾਨ ਅਖਤਰ ਨੇ ਆਪਣੀ ਮੌਜੂਦਗੀ ਤੇ ਰੂਹਾਨੀ ਆਵਾਜ਼ ਨਾਲ ਸਟੇਜ ਨੂੰ ਮੋਹਿਤ ਕਰ ਦਿੱਤਾ। ਜਦੋਂ ਉਸ ਨੇ 'ਰੌਕ ਆਨ', 'ਅਤਰੰਗੀ ਯਾਰੀ', 'ਸੇਨੋਰੀਟਾ' ਅਤੇ 'ਦਿਲ ਧੜਕਨੇ ਦੋ' ਵਰਗੇ ਚਾਰਟਬਸਟਰ ਗੀਤ ਗਾਏ ਤਾਂ ਵਿਦਿਆਰਥੀ ਖੁਸ਼ੀ ਵਿੱਚ ਝੂਮ ਉੱਠੇ। ਸ਼ਾਨਦਾਰ ਉਦਘਾਟਨ ਸਮਾਰੋਹ ਵਿੱਚ ਸੰਸਦ ਮੈਂਬਰ (ਰਾਜ ਸਭਾ) ਅਤੇ ਐੱਲ ਪੀ ਯੂ ਦੇ ਸੰਸਥਾਪਕ ਚਾਂਸਲਰ ਅਸ਼ੋਕ ਕੁਮਾਰ ਮਿੱਤਲ, ਪ੍ਰੋ-ਚਾਂਸਲਰ ਕਰਨਲ ਡਾ. ਰਸ਼ਮੀ ਮਿੱਤਲ, ਲਵਲੀ ਗਰੁੱਪ ਦੇ ਚੇਅਰਮੈਨ ਰਮੇਸ਼ ਮਿੱਤਲ ਅਤੇ ਵਾਈਸ ਚੇਅਰਮੈਨ ਨਰੇਸ਼ ਮਿੱਤਲ ਮੌਜੂਦ ਸਨ।ਸੰਸਦ ਮੈਂਬਰ (ਰਾਜ ਸਭਾ) ਅਤੇ ਐਲਪੀਯੂ ਦੇ ਸੰਸਥਾਪਕ ਚਾਂਸਲਰ ਅਸ਼ੋਕ ਕੁਮਾਰ ਮਿੱਤਲ ਨੇ ਕਿਹਾ, 'ਯੂਥ ਲਾਈਵ 2026 ਨੌਜਵਾਨਾਂ ਦੇ ਜਨੂੰਨ, ਰਚਨਾਤਮਕਤਾ ਅਤੇ ਅਸੀਮ ਸੰਭਾਵਨਾ ਦਾ ਜਸ਼ਨ ਹੈ। ਇਹ ਇੱਕ ਜੀਵੰਤ ਪਲੇਟਫਾਰਮ ਹੈ ਜਿੱਥੇ ਵਿਭਿੰਨ ਪਿਛੋਕੜ ਵਾਲੇ ਵਿਦਿਆਰਥੀ ਆਪਣੇ ਆਪ ਨੂੰ ਪ੍ਰਗਟ ਕਰਨ, ਅਤੇ ਇੱਕ ਦੂਜੇ ਨੂੰ ਪ੍ਰੇਰਿਤ ਕਰਨ ਲਈ ਇਕੱਠੇ ਹੁੰਦੇ ਹਨ।'

ਖੂਨਦਾਨ ਤੇ ਮੈਡੀਕਲ ਕੈਂਪ ਲਗਾਇਆ

ਸ੍ਰੀ ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੌਬੀ)- ਨੌਜਵਾਨ ਸਭਾ ਪੰਜਾਬ ਤੇ ਬੁਲੰਦ ਪ੍ਰੈਸ ਕਲੱਬ ਸ੍ਰੀ ਚਮਕੌਰ ਸਾਹਿਬ ਅਤੇ ਸਾਰਗ ਐਜੂਕੇਸ਼ਨਲ ਸੁਸਾਇਟੀ ਸ੍ਰੀ ਚਮਕੌਰ ਸਾਹਿਬ ਦੀ ਅਗਵਾਈ ਵਿੱਚ ਖੂਨਦਾਨ ਅਤੇ ਮੈਡੀਕਲ ਕੈਂਪ ਲਗਾਇਆ ਗਿਆ। ਇਹ ਕੈਂਪ ਵਿਸਾਖੀ ਅਤੇ ਖਾਲਸਾ ਪੰਥ ਦੀ ਸਥਾਪਨਾ ਨੂੰ ਸਮਰਪਿਤ ਲਗਾਇਆ ਗਿਆ। ਖੂਨਦਾਨ ਕੈਂਪ ਉਦਘਾਟਨ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਦੇ ਮੈਨੇਜਰ ਭਾਈ ਗੁਰਮੁਖ ਸਿੰਘ ਵੱਲੋਂ ਕੀਤਾ ਗਿਆ। ਮੁੱਖ ਮਹਿਮਾਨ ਵਜੋ ਜੁਝਾਰ ਸਿੰਘ ਟਾਈਗਰ, ਵਿਸ਼ੇਸ਼ ਤੌਰ ਤੇ ਬਲਜੀਤ ਸਿੰਘ ਪ੍ਰਿੰਸੀਪਲ ਬੀਬੀ ਸ਼ਰਨ ਕੌਰ ਖਾਲਸਾ ਕਾਲਜ, ਰਜਿੰਦਰ ਸਿੰਘ ਰਾਜਾ, ਪ੍ਰਗਟ ਸਿੰਘ ਰੋਲੂ ਮਾਜਰਾ, ਅਮਰਜੀਤ ਸਿੰਘ ਢਿੱਲੋਂ ਸੱਲੋ ਮਾਜਰਾ, ਤੇਜਪਾਲ ਸਿੰਘ ਸਿੱਧੂ, ਇਕਬਾਲ ਸਿੰਘ ਬਾਲੀ, ਲਖਵਿੰਦਰ ਸਿੰਘ, ਮਨਜਿੰਦਰ ਸਿੰਘ ਸੈਣੀ,ਵਰਿੰਦਰ ਸਿੰਘ ਬੋਨੀ ਆਦਿ ਨੇ ਖੂਨਦਾਨੀਆਂ ਨੂੰ ਤੋਹਫ਼ੇ ਦੇ ਕੇ ਉਨ੍ਹਾਂ ਦਾ ਹੌਸਲਾ ਵਧਾਇਆ।ਬੀਬੀ ਸ਼ਰਨ ਕੌਰ ਖਾਲਸਾ ਕਾਲਜ ਦੇ ਰੈੱਡ ਰਿਬਨ ਕਲੱਬ ਤੇ ਐੱਨ ਐੱਸ ਐੱਸ ਵਲੰਟੀਅਰਾਂ ਵੱਲੋਂ ਖੂਨਦਾਨ ਕੈਂਪ ਵਿੱਚ ਵਡਮੁੱਲਾ ਯੋਗਦਾਨ ਦਿੱਤਾ।ਸਾਰਗ ਸਮਾਰਟ ਸਕੂਲ ਬੈਂਕ ਰੋਡ ਸ੍ਰੀ ਚਮਕੌਰ ਸਾਹਿਬ ਦੇ ਪ੍ਰਿੰਸੀਪਲ ਰਜਿੰਦਰ ਕੌਰ ਵੱਲੋਂ ਖੂਨਦਾਨੀਆਂ ਲਈ ਖਾਣ ਪੀਣ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ। ਇਸ ਖੂਨਦਾਨ ਕੈਂਪ ਵਿੱਚ 62 ਯੂਨਿਟਾਂ ਇਕੱਤਰ ਕੀਤੀਆਂ ਭਾਈ ਗਈਆਂ। ਇਸ ਵਿੱਚ ਫਰੀ ਮੈਡੀਕਲ ਕੈਂਪ ਦਸ਼ਮੇਸ਼ ਹਸਪਤਾਲ ਸ੍ਰੀ ਚਮਕੌਰ ਸਾਹਿਬ ਵੱਲੋਂ ਲਗਾਇਆ ਗਿਆ। ਇਸ ਕੈਂਪ ਵਿੱਚ ਲਗਭਗ 133 ਦੇ ਕਰੀਬ ਮਰੀਜ਼ਾਂ ਨੂੰ ਦਵਾਈਆਂ ਫਰੀ ਵੰਡੀਆਂ ਗਈਆਂ। ਇਸ ਮੌਕੇ ਖੂਨਦਾਨ ਕੈਂਪ ਵਿੱਚ ਗੁਰਪ੍ਰੀਤ ਸਿੰਘ ਮੈਂਬਰ ਸਿੱਖੀ ਬਚਾਓ ਪਿਆਰਿਓ ਚੈਰੀਟੇਬਲ ਟਰੱਸਟ, ਸਮੂਹ ਪੱਤਰਕਾਰ ਭਾਈਚਾਰਾ, ਅਮਰਜੀਤ ਸਿੰਘ ਕਲਸੀ ਪ੍ਰਧਾਨ ਬੁਲੰਦ ਪ੍ਰੈੱਸ ਕਲੱਬ ਸ੍ਰੀ ਚਮਕੌਰ ਸਾਹਿਬ, ਨੌਜਵਾਨ ਸਭਾ ਪੰਜਾਬ ਦੇ ਚੇਅਰਮੈਨ ਜਤਿੰਦਰ ਕੁਮਾਰ ਸ਼ਰਮਾ, ਨਰਿੰਦਰ ਸਿੰਘ ਸੋਲਖੀਆਂ, ਰਵਿੰਦਰ ਸਿੰਘ ਅਕਾਊਂਟੈਂਟ, ਬਾਬਾ ਜੋਗਿੰਦਰ ਸਿੰਘ ਚਮਕੌਰ ਸਾਹਿਬ ਵਾਲੇ, ਬਲਵਿੰਦਰ ਸਿੰਘ, ਜਮਸ਼ੇਰ ਸਿੰਘ, ਪਰਮਜੀਤ ਸਿੰਘ ਆਦਿ ਹਾਜ਼ਰ ਸਨ।

ਡੀ ਸੀ ਵੱਲੋਂ ਵਪਾਰੀਆਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਸੰਬੰਧੀ ਮੀਟਿੰਗ

ਕਪੂਰਥਲਾ (ਮਨਜੀਤ ਮਾਨ)- ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਟ੍ਰੇਡਰਜ਼ ਕਮਿਸ਼ਨ ਕਪੂਰਥਲਾ ਦੀ ਇੱਕ ਹੰਗਾਮੀ ਮੀਟਿੰਗ ਡਿਪਟੀ ਕਮਿਸ਼ਨਰ ਕਪੂਰਥਲਾ ਦੇ ਕਾਨਫਰੰਸ ਹਾਲ ਵਿੱਚ ਡੀ ਸੀ, ਐੱਸ ਪੀ ਹੈੱਡ ਕੁਆਰਟਰ ਗੁਰਪ੍ਰੀਤ ਸਿੰਘ ਤੇ ਜ਼ਿਲ੍ਹਾ ਟ੍ਰੇਡਰਜ਼ ਕਮਿਸ਼ਨ (ਐਕਸਾਈਜ਼ ਅਤੇ ਟੈਕਸੇਸ਼ਨ ਵਿਭਾਗ ਕਪੂਰਥਲਾ) ਦੇ ਜ਼ਿਲ੍ਹਾ ਚੇਅਰਮੈਨ ਕੰਵਰ ਇਕਬਾਲ ਸਿੰਘ ਅਸਿਸਟੈਂਟ ਕਮਿਸ਼ਨਰ ਕਿਰਪਾਲ ਵੀਰ ਸਿੰਘ, ਏ ਡੀ ਸੀ ਜਨਰਲ ਨਵਨੀਤ ਕੌਰ ਬੱਲ, ਏ ਡੀ ਸੀ ਵਿਕਾਸ ਵਰਿੰਦਰ ਪਾਲ ਸਿੰਘ ਬਾਜਵਾ ਸਮੇਤ ਲਕਸ਼ ਚੌਧਰੀ ਚੇਅਰਮੈਨ ਹਲਕਾ ਭੁਲੱਥ, ਜਰਨੈਲ ਸਿੰਘ ਮਰਵਾਹਾ ਚੇਅਰਮੈਨ ਹਲਕਾ ਟ੍ਰੇਡਰਜ਼ ਕਮਿਸ਼ਨ ਸੁਲਤਾਨਪੁਰ ਲੋਧੀ, ਸੁਸ਼ੀਲ ਕੁਮਾਰ ਬੋਬੀ ਚਮ ਚੇਅਰਮੈਨ ਹਲਕਾ ਟ੍ਰੇਡਰਜ਼ ਕਮਿਸ਼ਨ ਫਗਵਾੜਾ, ਰਮਨ ਮਲਹੋਤਰਾ ਚੇਅਰਮੈਨ ਹਲਕਾ ਟ੍ਰੇਡਰਜ਼ ਕਮਿਸ਼ਨ ਕਪੂਰਥਲਾ ਆਦਿ ਦੀ ਅਗਵਾਈ ਹੇਠ ਹੋਈ। ਵਿੱਤ ਮੰਤਰੀ ਪੰਜਾਬ ਐਡਵੋਕੇਟ ਹਰਪਾਲ ਸਿੰਘ ਚੀਮਾ ਚੇਅਰਮੈਨ ਪੰਜਾਬ ਟ੍ਰੇਡਰਜ਼ ਕਮਿਸ਼ਨ ਤੇ ਅਨਿਲ ਠਾਕੁਰ ਵਾਈਸ ਚੇਅਰਮੈਨ ਪੰਜਾਬ ਟ੍ਰੇਡਰਜ਼ ਕਮਿਸ਼ਨ ਵੱਲੋਂ ਪੂਰੇ ਪੰਜਾਬ ਵਿੱਚ ਕੀਤੀਆਂ ਜਾ ਰਹੀਆਂ ਵਪਾਰੀਆਂ ਅਤੇ ਸਰਕਾਰੀ ਅਧਿਕਾਰੀਆਂ ਦੀਆਂ ਮੀਟਿੰਗਾਂ ਵਿੱਚ ਵਪਾਰੀਆਂ ਵੱਲੋਂ ਲਿਖਤੀ ਰੂਪ ਵਿੱਚ ਦਿੱਤੀਆਂ ਜਾ ਰਹੀਆਂ ਸ਼ਿਕਾਇਤਾਂ ਜੋ ਕਿ ਪੰਜਾਬ ਸਰਕਾਰ ਦੇ ਪੋਰਟਲ ਤੇ ਆਨਲਾਈਨ ਦਰਜ਼ ਹਨ ਦੇ ਨਿਵਾਰਨ ਸਬੰਧੀ ਨਗਰ ਨਿਗਮ ਕਪੂਰਥਲਾ, ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ, ਸਹਾਇਕ ਕਮਿਸ਼ਨਰ ਸਟੇਟ ਟੈਕਸ, ਸਹਾਇਕ ਕਮਿਸ਼ਨਰ ਆਬਕਾਰੀ, ਨਿਗਰਾਨ ਇੰਜੀਨੀਅਰ ਪੀ ਐੱਸ ਪੀ ਸੀ ਐੱਲ, ਕਾਰਜਕਾਰੀ ਇੰਜੀਨੀਅਰ ਲੋ ਨਿ ਵਿ, ਕਾਰਜਕਾਰੀ ਇੰਜੀਨੀਅਰ, ਜ਼ਿਲ੍ਹਾ ਖ਼ੁਰਾਕ ਤੇ ਸਪਲਾਈ ਕੰਟਰੋਲਰ, ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ)/(ਐਲੀ.ਸਿ), ਜਨਰਲ ਮੈਨੇਜਰ ਜ਼ਿਲ੍ਹਾ ਉਦਯੋਗ ਕੇਂਦਰ, ਸਹਾਇਕ ਕਿਰਤ ਕਮਿਸ਼ਨਰ ਕਪੂਰਥਲਾ ਆਦਿ ਵਿਭਾਗਾਂ ਤੋਂ ਆਏ ਅਧਿਕਾਰੀਆਂ ਤੋਂ ਵਪਾਰੀਆਂ ਵੱਲੋਂ ਲਿਖਤੀ ਰੂਪ ਵਿੱਚ ਆਈਆਂ ਸ਼ਿਕਾਇਤਾਂ ਨੂੰ ਹੱਲ ਕਰਨ ਸਬੰਧੀ ਰਿਪੋਰਟ ਮੰਗੀ ਗਈ। ਜਿਸ ਬਾਬਤ ਹਰ ਅਧਿਕਾਰੀ ਨੇ ਆਪੋ-ਆਪਣਾ ਪੱਖ ਰੱਖ ਕੇ ਲਿਖਤੀ ਰੂਪ ਵਿੱਚ ਰਿਪੋਰਟ ਪੇਸ਼ ਕੀਤੀ। ਪੰਜਾਬ ਸਰਕਾਰ ਦੇ ਪੋਰਟਲ ਤੇ ਨਜ਼ਰ ਆ ਰਹੀਆਂ ਬਚਦੀਆਂ ਨਗਰ ਨਿਗਮ ਕਪੂਰਥਲਾ, ਪੀ ਡਬਲਯੂ ਡੀ ਵਿਭਾਗ, ਬਿਜਲੀ ਬੋਰਡ, ਐਕਸਾਈਜ਼ ਵਿਭਾਗ, ਨਾਲ ਸਬੰਧਤ ਪੂਰੇ ਜ਼ਿਲ੍ਹੇ ਦੀਆਂ ਸ਼ਿਕਾਇਤਾਂ ਸਬੰਧੀ ਡਿਪਟੀ ਕਮਿਸ਼ਨਰ ਕਪੂਰਥਲਾ ਅਕਾਸ਼ ਬਾਂਸਲ ਨੇ ਹਰ ਵਿਭਾਗ ਨੂੰ ਛੇਤੀ ਤੋਂ ਛੇਤੀ ਨਿਪਟਾਰਾ ਕਰਨ ਦਾ ਹੁਕਮ ਦਿੱਤਾ।

ਖਾਲਸਾ ਸਾਜਨਾ ਦਿਵਸ ਦੇ ਦਿਹਾੜੇ ਨੂੰ ਸਮਰਪਿਤ ਸੰਧਿਆ ਫੇਰੀ ਸਜਾਈ

ਆਦਮਪੁਰ (ਪਰਮਜੀਤ ਸਿੰਘ)- ਗੁਰਦੁਆਰਾ ਧੰਨ-ਧੰਨ ਬਾਬਾ ਮੱਤੀ ਜੀ ਡਰੋਲੀ ਕਲਾਂ ਜਲੰਧਰ ਵਿਖੇ ਖਾਲਸਾ ਸਾਜਨਾ ਦਿਵਸ ਵਿਸਾਖੀ ਦਾ ਦਿਹਾੜੇ ਨੂੰ ਸਮਿਤ ਸੰਧਿਆ ਫੇਰੀ ਸਮੂਹ ਨਗਰ ਨਿਵਾਸੀਆ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਜੱਥੇਦਾਰ ਮਨੋਹਰ ਸਿੰਘ ਦੇ ਸਹਿਯੋਗ ਨਾਲ ਬਹੁਤ ਹੀ ਸ਼ਰਧਾ ਪੂਰਵਕ ਸਜਾਈ ਗਈ ? ਜੋ ਗੁਰਦੁਆਰਾ ਸ਼ਹੀਦ ਬਾਬਾ ਮੱਤੀ ਜੀ, ਡਰੋਲੀ ਕਲਾਂ ਤੋਂ ਆਰੰਭ ਹੋ ਕੇ ਪਿੰਡ ਪਧਿਆਣਾ ਤੋਂ ਫਿਰ ਵਾਪਿਸ ਪਿੰਡ ਡਰੋਲੀ ਕਲਾ ਪਿੰਡ ਦੀ ਪ੍ਰਕਰਮਾ ਕਰਦੇ ਹੋਏ ਗੁਰਦਵਾਰਾ ਸਾਹਿਬ ਵਿਖੇ ਸਮਾਪਤ ਹੋਈ। ਉਪਰੰਤ ਭਾਈ ਵੀਰ ਜਤਿੰਦਰ ਸਿੰਘ ਮਲਕਪੁਰ ਵਾਲਿਆਂ ਦੇ ਕੀਰਤਨ ਜੱਥੇ ਵੱਲੋ ਆਈਆ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀ ਨਿਹਾਲ ਕੀਤਾ ਗਿਆ।? ਇਸ ਮੌਕੇ ਸਮੂਹ ਨਗਰ ਨਿਵਾਸੀ ਤੇ ਇਲਾਕੇ ਦੀਆਂ ਸੰਗਤਾਂ ਹਾਜ਼ਰ ਸਨ।

ਡਿਪਟੀ ਕਮਿਸ਼ਨਰ ਨੇ ਕਣਕ ਦੀ ਖਰੀਦ ਦੇ ਪ੍ਰਬੰਧਾਂ ਦਾ ਲਿਆ ਜਾਇਜ਼ਾ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਸਥਾਨਕ ਦਾਣਾ ਮੰਡੀ ਦਾ ਦੌਰਾ ਕਰਦਿਆਂ ਕਣਕ ਦੇ ਖਰੀਦ ਪ੍ਰਬੰਧਾਂ ਦੇ ਨਾਲ-ਨਾਲ ਕਿਸਾਨਾਂ, ਲੇਬਰ ਅਤੇ ਆੜਤੀਆਂ ਲਈ ਯਕੀਨੀ ਬਣਾਈਆਂ ਸਹੂਲਤਾਂ ਦਾ ਜਾਇਜ਼ਾ ਲੈਂਦਿਆਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਕਣਕ ਦੀ ਖਰੀਦ ਬਿਨਾਂ ਕਿਸੇ ਦੇਰੀ ਅਤੇ ਸੁਚੱਜੇ ਢੰਗ ਨਾਲ ਕੀਤੀ ਜਾਵੇ ਤਾਂ ਜੋ ਕਿਸਾਨਾਂ ਨੂੰ ਮੰਡੀਆਂ ਵਿਚ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਖੁਰਾਕ ਤੇ ਸਿਵਲ ਸਪਲਾਈਜ਼ ਵਿਭਾਗ ਦੇ ਅਧਿਕਾਰੀਆਂ ਸਮੇਤ ਦਾਣਾ ਮੰਡੀ ਪਹੁੰਚੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਮੰਡੀ ਵਿਚ ਮੌਜੂਦ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਪ੍ਰਬੰਧਾਂ ਬਾਰੇ ਜਾਣਕਾਰੀ ਹਾਸਲ ਕੀਤੀ। ਮੰਡੀ ਵਿਚ ਮੌਜੂਦ ਪਿੰਡ ਮੋਨਾਕਲਾਂ ਦੇ ਕਿਸਾਨ ਬਲਵਿੰਦਰ ਸਿੰਘ ਨੇ ਦੱਸਿਆ ਕਿ ਉਹ ਆਪਣੀ ਫ਼ਸਲ ਲੈ ਕੇ ਆਏ ਹਨ ਜਿਨ੍ਹਾਂ ਨੇ ਮੰਡੀ ਵਿਚ ਪ੍ਰਬੰਧਾਂ 'ਤੇ ਤਸੱਲੀ ਪ੍ਰਗਟਾਈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਿਸਾਨਾਂ ਦੀ ਫ਼ਸਲ ਨੂੰ ਨਿਰਧਾਰਤ ਸਮੇਂ ਵਿਚ ਖਰੀਦ ਕਰਨ ਤੋਂ ਇਲਾਵਾ ਤੈਅ ਸਮੇਂ ਵਿਚ ਅਦਾਇਗੀਆਂ ਯਕੀਨੀ ਬਣਾਈਆਂ ਜਾਣਗੀਆਂ।

ਮਾਊਂਟ ਐਵਰੈਸਟ ਦੇ ਬੇਸ ਕੈਂਪ ਦਾ ਸਫ਼ਰ ਮਹਿਜ਼ 9 ਦਿਨਾਂ 'ਚ ਕੀਤਾ ਪੂਰਾ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਹਾਇਕ ਐਂਡ ਟ੍ਰੈਕ ਕਲੱਬ ਹੁਸ਼ਿਆਰਪੁਰ ਦੇ ਸੀਨੀਅਰ ਮੈਂਬਰ ਗੁਰਚਰਨ ਸਿੰਘ ਨੇ ਮਾਊਂਟ ਐਵਰੈਸਟ ਦੇ ਬੇਸ ਕੈਂਪ, ਜੋ ਨੇਪਾਲ ਵਿਚ ਸਥਿਤ ਹੈ, ਤੱਕ ਦਾ ਸ਼ਾਨਦਾਰ ਸਫ਼ਰ ਸਫਲਤਾ ਪੂਰਵਕ ਪੂਰਾ ਕੀਤਾ ਜੋ ਕਿ ਹੁਸ਼ਿਆਰਪੁਰ ਲਈ ਬੜੇ ਮਾਣ ਵਾਲੀ ਗੱਲ ਹੈ। ਹਾਇਕ ਐਂਡ ਟ੍ਰੈਕ ਕਲੱਬ ਵਲੋਂ ਗੁਰਚਰਨ ਸਿੰਘ ਨੂੰ ਸਨਮਾਨਤ ਕਰਦੇ ਹੋਏ ਉਹਨਾਂ ਦੇ ਜ਼ਿੰਦਾਦਿਲੀ ਜਜ਼ਬੇ ਅਤੇ ਦੂਸਰਿਆਂ ਨੂੰ ਉਤਸ਼ਾਹਿਤ ਕਰਨ ਵਾਲੇ ਵਿਲੱਖਣ ਉਪਰਾਲੇ ਲਈ ਪ੍ਰਸ਼ੰਸਾ ਪੱਤਰ, ਮੋਮੈਂਟੋ ਅਤੇ ਸਰੋਪਾ ਭੇਟ ਕਰਕੇ ਉਹਨਾਂ ਦੀ ਹੌਸਲਾ ਅਫਜ਼ਾਈ ਕੀਤੀ ਗਈ। ਹਾਇਕ ਐਂਡ ਟ੍ਰੈਕ ਕਲੱਬ ਵੱਲੋਂ ਗੁਰਚਰਨ ਸਿੰਘ ਨੂੰ ਐਵਰੈਸਟ ਬੇਸ ਕੈਂਪ ਫ਼ਤਿਹ ਕਰਨ ਲਈ ਮੁਬਾਰਕਬਾਦ ਦਿੱਤੀ ਗਈ। ਇੱਥੇ ਵਿਸ਼ੇਸ਼ ਤੌਰ ਤੇ ਇਹ ਵੀ ਦੱਸਣਾ ਬਣਦਾ ਹੈ ਕਿ ਗੁਰਚਰਨ ਸਿੰਘ ਵਲੋਂ ਆਪਣੇ 50ਵੇਂ ਜਨਮਦਿਨ ਨੂੰ ਹਮੇਸ਼ਾ-ਹਮੇਸ਼ਾ ਲਈ ਯਾਦਗਾਰੀ ਬਨਾਉਣ ਲਈ ਉਹਨਾਂ ਨੇ ਆਪਣੇ ਬੁਲੰਦ ਹੌਸਲੇ ਅਤੇ ਅਟੁੱਟ ਵਿਸ਼ਵਾਸ ਦਾ ਸਹਾਰਾ ਲੈਂਦੇ ਹੋਏ ਦੁਨੀਆਂ ਦੀ ਸਭ ਤੋਂ ਉੱਚੀ ਚੋਟੀ ਮਾਊਂਟ ਐਵਰੈਸਟ ਦੇ ਬੇਸ ਕੈਂਪ ਨੂੰ ਸਰ ਕਰਨ ਦਾ ਸਪਨਾ ਦੇਖਿਆ ਸੀ। ਜਿਸ ਨੂੰ ਉਨ੍ਹਾਂ ਦੀ ਆਪਣੀ ਹਿੰਮਤ ਅਤੇ ਸਿਰੜੀ ਸੁਭਾਅ ਸਦਕਾ ਫ਼ਤਹਿ ਕਰਕੇ ਸਿਰਫ਼ ਆਪਣਾ ਹੀ ਨਹੀਂ ਸਗੋਂ ਆਪਣੇ ਪਰਿਵਾਰ, ਹੁਸ਼ਿਆਰਪੁਰ ਅਤੇ ਪੂਰੇ ਪੰਜਾਬ ਦਾ ਨਾਮ ਚਮਕਾਇਆ ਹੈ। ਇਸ ਸਨਮਾਨ ਸਮਾਰੋਹ ਵਿੱਚ ਹਾਇਕ ਐਂਡ ਟ੍ਰੈਕ ਕਲੱਬ ਦੇ ਮੈਂਬਰ ਮਲਕੀਤ ਸਿੰਘ ਮਰਵਾਹਾ, ਰਾਜਦੀਪ ਸਿੰਘ, ਸੁਰਿੰਦਰ ਕੁਮਾਰ, ਰਵਿੰਦਰ ਕੁਮਾਰ, ਰਮੇਸ਼ ਕੁਮਾਰ ਬੱਗਾ, ਜਸਪ੍ਰੀਤ ਸਿੰਘ, ਜਤਿੰਦਰ ਸੈਣੀ, ਮਨਿੰਦਰ ਸਿੰਘ ਖਾਲਸਾ, ਦਵਿੰਦਰ ਸਿੰਘ, ਅਭਿਜੀਤ ਸਿੰਘ, ਚੰਦਰ ਪ੍ਰਕਾਸ਼, ਰਿਸ਼ਵ ਬੱਗਾ ਅਤੇ ਵਰਿੰਦਰ ਵਰਮਾ ਸ਼ਾਮਲ ਹੋਏ।

ਖਾਲਸਾ ਸਾਜਨਾ ਦਿਵਸ ਸ਼ਰਧਾ ਪੂਰਵਕ ਮਨਾਇਆ

ਮੋਹਾਲੀ (ਗੁਰਜੀਤ ਬਿੱਲਾ)- ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਖਾਲਸਾ ਸਾਜਨਾ ਦਿਵਸ ਸ਼ਰਧਾ ਭਾਵਨਾ ਅਤੇ ਉਤਸ਼ਾਹ ਪੂਰਵਕ ਮਨਾਇਆ ਗਿਆ। ਇਸ ਦਿਹਾੜੇ ਦੀ ਖੁਸ਼ੀ ਵਿੱਚ ਸਵੇਰੇ 9 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਬੀਬੀ ਬਲਵਿੰਦਰ ਕੌਰ ਤੇ ਜਲੰਧਰ ਵਾਲੀਆਂ ਬੀਬੀਆਂ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਦੁਆਰਾ ਚਿੜੀਆਂ ਨੂੰ ਬਾਜ ਬਣਾਉਣ ਭਾਵ ਖਾਲਸਾ ਪੰਥ ਜੀ ਨੂੰ ਸਿਰਜਣ ਦੇ ਪ੍ਰਸੰਗ ਨੂੰ ਬੜੇ ਭਾਵਪੂਰਨ ਅਤੇ ਜੋਸ਼ ਭਰਪੂਰ ਤਰੀਕੇ ਨਾਲ ਢਾਡੀ ਵਾਰਾਂ ਵਿੱਚ ਵਿਸਥਾਰ ਨਾਲ ਸੁਣਾਇਆ। ਭਾਈ ਚਰਨਜੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਵਾਲਿਆਂ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਇਸ ਤੋਂ ਇਲਾਵਾ ਭਾਈ ਗੁਰਵਿੰਦਰ ਸਿੰਘ ਸ੍ਰੀ ਅਨੰਦਪੁਰ ਸਾਹਿਬ, ਸੰਤ ਬਾਬਾ ਸਵਰਨ ਸਿੰਘ ਜੀ ਲੁਧਿਆਣੇ ਵਾਲੇ, ਬੀਬੀ ਹਰਜਿੰਦਰ ਕੌਰ ਬਟਾਲੇ ਵਾਲੇ, ਭਾਈ ਮਹੀਪਾਲ ਸਿੰਘਹਜ਼ੂਰੀ ਰਾਗੀ, ਸ੍ਰੀ ਅਕਾਲ ਤਖਤ ਸਾਹਿਬ ਜੀ, ਭਾਈ ਜਸਵਿੰਦਰ ਸਿੰਘ ਲੁਧਿਆਣੇ ਵਾਲੇ, ਭਾਈ ਨਰਿੰਦਰ ਸਿੰਘ ਸ੍ਰੀ ਫਤਿਹਗੜ੍ਹ ਸਾਹਿਬ ਵਾਲੇ, ਭਾਈ ਓਂਕਾਰ ਸਿੰਘ, ਭਾਈ ਨਿਸ਼ਾਨ ਸਿੰਘ ਪਟਿਆਲਾ, ਭਾਈ ਗੁਰਦੀਪ ਸਿੰਘ ਖੰਨਾ, ਭਾਈ ਹਰਪ੍ਰੀਤ ਸਿੰਘ, ਭਾਈ ਮਹਿੰਦਰ ਸਿੰਘ ਦੇ ਜੱਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਰਾਗੀ ਜੱਥੇ ਭਾਈ ਇੰਦਰਜੀਤ ਸਿੰਘ, ਭਾਈ ਜਸਵੰਤ ਸਿੰਘ, ਭਾਈ ਸੁਖਵਿੰਦਰ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿਜਸ ਸੁਣਾ ਕੇ ਨਿਹਾਲ ਕੀਤਾ। ਸਾਰੇ ਜੱਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਤੇ ਪੂਰੇ ਦਰਬਾਰ ਸਾਹਿਬ ਜੀ ਦੀ ਅੰਦਰੋਂ ਫੁੱਲਾਂ ਨਾਲ ਵਿਸ਼ੇਸ਼ ਸਜਾਵਟ ਕੀਤੀ ਗਈ ਸੀ। ਦਰਬਾਰ ਸਾਹਿਬ ਜੀ ਨੂੰ ਬਾਹਰੋਂ ਅਤੇ ਗੇਟ ਤੱਕ ਦੇ ਰਸਤੇ ਨੂੰ ਰੰਗ ਬਿਰੰਗੀਆਂ ਲਾਈਟਾਂ ਨਾਲ ਸਜਾਇਆ ਗਿਆ ਸੀ। ਇਸ ਦਿਹਾੜੇ ਹਜ਼ਾਰਾਂ ਸੰਗਤਾਂ ਨੇ ਇਸ ਅਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ। ਇਸ ਮੌਕੇ ਵਿਸ਼ਾਲ ਅੰਮ੍ਰਿਤ ਸੰਚਾਰ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਵੱਡੀ ਗਿਣਤੀ ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ। ਕਕਾਰਾਂ ਦੀ ਸੇਵਾ ਹਰ ਵਾਰ ਦੀ ਤਰ੍ਹਾਂ ਪ੍ਰਬੰਧਕ ਕਮੇਟੀ ਵੱਲੋਂ ਫਰੀ ਕੀਤੀ ਗਈ।

ਪੁਸਤਕ 'ਮੇਰੇ ਸਮੇਂ ਦਾ ਪੰਜਾਬ' ਦਾ ਲੋਕ ਅਰਪਣ ਅੱਜ

ਚੰਡੀਗੜ੍ਹ (ਸੁਰਜੀਤ ਸੁਮਨ)-ਵਿਸ਼ਵ ਪੰਜਾਬੀ ਪ੍ਰਚਾਰ ਸਭਾ ਚੰਡੀਗੜ੍ਹ ਵਲੋਂ ਅਕਾਦਮੀ ਆਫ਼ ਨੈਸ਼ਨਲ ਲਿਟਰੇਚਰ ਐਂਡ ਕਲਚਰ (ਰਜਿ.) ਇੰਡੀਆ ਦੇ ਸਹਿਯੋਗ ਨਾਲ 16 ਅਪ੍ਰੈਲ ਨੂੰ ਸਵੇਰੇ 10.30 ਵਜੇ, ਸੈਣੀ ਭਵਨ, ਸੈਕਟਰ-24, ਚੰਡੀਗੜ੍ਹ ਵਿਖੇ ਇੱਕ ਸ਼ਾਨਦਾਰ ਪੁਸਤਕ ਲੋਕ ਅਰਪਣ ਸਮਾਗਮ ਤੇ ਕਵੀ ਦਰਬਾਰ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਪ੍ਰਸਿੱਧ ਸਾਹਿਤਕਾਰ ਡਾ. ਪੰਨਾ ਲਾਲ ਮੁਸਤਫਾਬਾਦੀ ਦੀ ਪੁਸਤਕ 'ਮੇਰੇ ਸਮੇਂ ਦਾ ਪੰਜਾਬ' ਦਾ ਲੋਕ ਅਰਪਣ ਕੀਤਾ ਜਾਵੇਗਾ।ਇਸ ਸਮਾਗਮ ਦੇ ਮੁੱਖ ਮਹਿਮਾਨ ਪ੍ਰਸਿੱਧ ਗੀਤਕਾਰ ਅਤੇ ਸੀਨੀਅਰ ਪੱਤਰਕਾਰ ਸਮਸ਼ੇਰ ਸਿੰਘ ਸੰਧੂ ਹੋਣਗੇ, ਜਦੋਂ ਕਿ ਸ੍ਰੀ ਸੁਭਾਸ਼ ਭਾਸਕਰ, ਸਕੱਤਰ ਚੰਡੀਗੜ੍ਹ ਸਾਹਿਤ ਅਕਾਦਮੀ ਤੇ ਪ੍ਰਸਿੱਧ ਸਾਹਿਤਕਾਰ ਪ੍ਰੇਮ ਵਿਜ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕਰਨਗੇ, ਜਦਕਿ ਪ੍ਰਿੰ. ਬਹਾਦਰ ਸਿੰਘ ਗੋਸਲ ਸਮਾਗਮ ਦੀ ਪ੍ਰਧਾਨਗੀ ਕਰਨਗੇ। ਪੁਸਤਕ 'ਤੇ ਪਰਚਾ ਰਾਜ ਕੁਮਾਰ ਸਾਹੋਵਾਲੀਆ, ਸਾਬਕਾ ਡਿਪਟੀ ਸੈਕਟਰੀ ਪੰਜਾਬ ਪੜ੍ਹਨਗੇ। ਕਵੀ ਦਰਬਾਰ ਵਿੱਚ ਹਾਜ਼ਰੀ ਭਰਨ ਲਈ ਟ੍ਰਾਈਸਿਟੀ ਦੇ ਪ੍ਰਮੁੱਖ ਕਵੀ, ਸਾਹਿਤਕਾਰ, ਗੀਤਕਾਰ ਅਤੇ ਬੁੱਧੀਜੀਵੀ ਭਾਗ ਲੈਣਗੇ।

ਖਾਲਸਾ ਪੰਥ ਦਾ ਸਾਜਨਾ ਦਿਵਸ ਤੇ ਵਿਸਾਖੀ ਪੁਰਬ ਮਨਾਇਆ

ਅੱਡਾ ਸਰਾਂ (ਜਸਵੀਰ ਕਾਜਲ)- ਗੁਰਦੁਆਰਾ ਧੰਨ ਧੰਨ ਸਾਹਿਬ ਸ੍ਰੀ ਗੁਰੂ ਰਵਿਦਾਸ ਪਿੰਡ ਕੰਧਾਲਾ ਜੱਟਾਂ ਵਿਖੇ ਪ੍ਰਬੰਧਕ ਕਮੇਟੀ ਅਤੇ ਨਗਰ ਦੇ ਸਹਿਯੋਗ ਨਾਲ ਪਵਿੱਤਰ ਸੰਗਰਾਂਦ ਦਾ ਦਿਹਾੜਾ ਅਤੇ ਖਾਲਸੇ ਦੀ ਸਾਜਨਾ ਦਿਵਸ ਵਿਸਾਖੀ ਪੁਰਬ ਚੜਦੀ ਕਲਾ ਨਾਲ ਮਨਾਇਆ ਗਿਆ। ਸਮੂਹ ਨਗਰ ਨਿਵਾਸੀ ਸਾਧ ਸੰਗਤ ਦੀ ਤੰਦਰੁਸਤੀ ਅਤੇ ਸਰਬੱਤ ਦੇ ਭਲੇ ਲਈ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕੀਤੇ ਗਏ ਉਪਰੰਤ ਸ੍ਰੀ ਬਾਰਹ ਮਾਹਾ ਜੀ ਦੇ ਭੋਗ ਪਾਏ ਗਏ। ਭੋਗ ਉਪਰੰਤ ਗੁਰੂ ਘਰ ਦੇ ਕੀਰਤਨੀਏ ਬੱਚਿਆਂ ਵੱਲੋਂ ਕੀਰਤਨ ਕੀਤਾ ਗਿਆ। ਇਸ ਮੌਕੇ ਗੁਰੂ ਦੇ ਸੇਵਕਾਂ ਵੱਲੋਂ ਚਾਹ ਪਕੌੜੇ ਮਠਿਆਈਆਂ ਅਤੇ ਚਾਹਾਂ ਦੇ ਲੰਗਰ ਲਗਾਏ ਗਏ।ਪ੍ਰਬੰਧਕ ਕਮੇਟੀ ਨੇ ਸੰਗਤਾਂ ਦਾ ਧੰਨਵਾਦ ਕਰਦਿਆਂ ਵਿਸਾਖੀ ਅਤੇ ਖਾਲਸਾ ਪੰਥ ਕੀ ਸਾਜਨਾ ਦਿਵਸ ਦੀਆਂ ਵਧਾਈਆਂ ਦਿੱਤੀਆਂ।

ਡਾ. ਅੰਬੇਡਕਰ ਨੇ ਸਮਾਜ 'ਚ ਸਮਾਨਤਾ ਨੂੰ ਕਾਇਮ ਕੀਤਾ : ਬੈਂਸ

ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)

ਪੰਜਾਬ ਦੇ ਕੈਬਨਿਟ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਦਿਵਸ ਮੌਕੇ ਪਿੰਡ ਭੱਲੜੀ ਤੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਕਰਵਾਏ ਗਏ ਸਮਾਗਮਾਂ ਵਿੱਚ ਸ਼ਿਰਕਤ ਕਰਦਿਆਂ ਡਾ. ਅੰਬੇਡਕਰ ਦੇ ਚਰਨਾਂ ਵਿੱਚ ਨਮਨ ਕੀਤਾ।ਕੈਬਨਿਟ ਮੰਤਰੀ ਸ.ਹਰਜੋਤ ਸਿੰਘ ਬੈਂਸ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ 20ਵੀ ਸਦੀ ਦੇ ਮਹਾਨ ਨਾਇਕ ਬਾਬਾ ਸਾਹਿਬ ਡਾ.ਭੀਮ ਰਾਓ ਅੰਬੇਡਕਰ ਦੀ ਦੂਰ ਅੰਦੇਸ਼ੀ ਸੋਚ ਨੇ ਭਾਰਤ ਵਿੱਚ ਸਮਾਨਤਾ ਕਾਇਮ ਕਰਕੇ ਹਰ ਵਰਗ ਦਾ ਵਿਕਾਸ ਕਰਵਾਇਆ। ਉਨ੍ਹਾਂ ਨੇ ਦੱਸਿਆ ਕਿ ਡਾ. ਬੀ.ਆਰ. ਅੰਬੇਡਕਰ ਨੇ ਭਾਰਤ ਨੂੰ ਇੱਕ ਮਜ਼ਬੂਤ ਸੰਵਿਧਾਨ ਦੇਣ ਦੇ ਨਾਲ-ਨਾਲ ਸਮਾਜ ਵਿੱਚ ਸਮਾਨਤਾ, ਨਿਆਂ ਅਤੇ ਭਾਈਚਾਰੇ ਦੀ ਸੋਚ ਨੂੰ ਮਜ਼ਬੂਤ ਕੀਤਾ। ਉਨ੍ਹਾਂ ਕਿਹਾ ਕਿ ਡਾ. ਅੰਬੇਡਕਰ ਦੀ ਦੂਰਅੰਦੇਸ਼ੀ ਸੋਚ ਤੋਂ ਪ੍ਰੇਰਣਾ ਲੈ ਕੇ ਪੰਜਾਬ ਸਰਕਾਰ ਸਮਾਜ ਦੇ ਹਰ ਵਰਗ ਦੇ ਕਲਿਆਣ ਲਈ ਵਚਨਬੱਧ ਹੈ।ਸਮਾਗਮ ਦੌਰਾਨ ਵੱਖ-ਵੱਖ ਬੁਲਾਰਿਆਂ ਵੱਲੋਂ ਵੀ ਡਾ.ਅੰਬੇਡਕਰ ਦੀ ਜ਼ਿੰਦਗੀ ਤੇ ਉਨ੍ਹਾਂ ਦੇ ਯੋਗਦਾਨ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ। ਸੱਭਿਆਚਾਰਕ ਪ੍ਰੋਗਰਾਮਾਂ ਰਾਹੀਂ ਵੀ ਉਨ੍ਹਾਂ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਇਆ ਗਿਆ।ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕੇ ਦੇ ਪ੍ਰਮੁੱਖ ਸ਼ਖ਼ਸੀਅਤਾਂ, ਪੰਚਾਇਤੀ ਨੁਮਾਇੰਦਿਆਂ, ਨੌਜਵਾਨਾਂ ਅਤੇ ਸਥਾਨਕ ਵਾਸੀਆਂ ਨੇ ਹਾਜ਼ਰੀ ਭਰੀ। ਇਸ ਮੌਕੇ ਦਇਆ ਸਿੰਘ ਸਿੱਖਿਆ ਕੋਆਰਡੀਨੇਟਰ, ਰਾਕੇਸ਼ ਕੁਮਾਰ ਜਾਂਦਲਾ ਹਲਕਾ ਕੋਆਰਡੀਨੇਟਰ ਐਸ.ਸੀ ਵਿੰਗ, ਰਾਕੇਸ ਵਰਮਾ ਬਲਾਕ ਪ੍ਰਧਾਨ, ਰਾਕੇਸ ਮਹਿਲਵਾ, ਬਲਵੰਤ ਕੌਰ, ਹੁਸ਼ਿਆਰ ਸਿੰਘ, ਬਲਾਕ ਪ੍ਰਧਾਨ ਨਿਤਿਨ ਪੁਰੀ, ਪਿੰਕੀ ਸ਼ਰਮਾ ਭਨਾਮ, ਬਾਵਾ, ਰਾਕੇਸ਼ ਚੋਧਰੀ, ਬੁੱਲਾ, ਪਿੰਕੀ ਸ਼ਰਮਾ, ਬਾਮ ਦੇਵ, ਸੁਖਦੇਵ ਸਿੰਘ, ਨੰਬਰਦਾਰ ਹਰਜਿੰਦਰ ਸਿੰਘ ਰਣਜੀਤ ਸਿੰਘ, ਹਰਨੇਕ ਸਿੰਘ, ਰਾਹੁਲ, ਕਮਲ ਸਿੰਘ, ਜਸਵਿੰਦਰ ਕੌਰ ਹਾਜ਼ਰ ਸਨ।

ਮੈਡੀਕਲ ਤੇ ਖੂਨਦਾਨ ਕੈਂਪ ਲਗਾਇਆ

ਜਲੰਧਰ (ਲਖਵਿੰਦਰ ਸਿੰਘ ਆਧੀ)-ਗੁਰਦੁਆਰਾ ਸਿੰਘ ਸਭਾ ਮਾਡਲ ਹਾਊਸ ਵਿਖੇ ਡਿਜੀਟਲ ਪੀਪਲ ਐਸੋਸੀਏਸ਼ਨ (ਰਜਿ.) ਅਤੇ ਪਿਮਜ਼ ਹਸਪਤਾਲ ਦੇ ਸਾਂਝੇ ਸਹਿਯੋਗ ਨਾਲ ਇੱਕ ਵਿਸ਼ਾਲ ਮੈਡੀਕਲ ਅਤੇ ਖੂਨਦਾਨ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਇਲਾਕਾ ਨਿਵਾਸੀਆਂ ਨੇ ਭਾਰੀ ਉਤਸ਼ਾਹ ਦਿਖਾਇਆ ਅਤੇ ਸਿਹਤ ਸਹੂਲਤਾਂ ਦਾ ਲਾਭ ਉਠਾਇਆ।ਖੂਨਦਾਨ-ਮਾਨਵਤਾ ਦੀ ਸੇਵਾ ਲਈ ਨੌਜਵਾਨਾਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ ਅਤੇ ਕੁੱਲ 43 ਯੂਨਿਟ ਖੂਨ ਇਕੱਠਾ ਕੀਤਾ ਗਿਆ।ਪਿਮਜ਼ ਹਸਪਤਾਲ ਦੀ ਜਨਰਲ ਅਤੇ ਓਰਥੋ (ਹੱਡੀਆਂ ਦੇ ਮਾਹਿਰ) ਟੀਮ ਵੱਲੋਂ 313 ਮਰੀਜ਼ਾਂ ਦਾ ਮੁਫ਼ਤ ਚੈੱਕਅਪ ਕੀਤਾ ਗਿਆ ਅਤੇ ਲੋੜੀਂਦੀ ਸਲਾਹ ਦਿੱਤੀ ਗਈ। 267 ਲੋਕਾ ਦੇ ਸ਼ੂਗਰ ਦੇ ਮੁਫ਼ਤ ਟੈਸਟ ਕੀਤੇ ਗਏ।ਕੈਂਪ ਦੀ ਸਭ ਤੋਂ ਵੱਡੀ ਪ੍ਰਾਪਤੀ 567 ਨਵੇਂ ਸਿਹਤ ਕਾਰਡ ਬਣਾਉਣਾ ਰਹੀ, ਜਿਸ ਨਾਲ ਲੋੜਵੰਦ ਪਰਿਵਾਰਾਂ ਨੂੰ ਹਸਪਤਾਲਾਂ ਵਿੱਚ ਮੁਫ਼ਤ ਇਲਾਜ ਦੀ ਸਹੂਲਤ ਮਿਲੇਗੀ।ਕੈਂਪ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚ ਐੱਸ ਡੀ ਐਮ-1 ਨਵਦੀਪ ਸਿੰਘ ਨੇ ਐਸੋਸੀਏਸ਼ਨ ਦੇ ਕੰਮਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਸਮਾਜ ਲਈ ਇੱਕ ਪ੍ਰੇਰਨਾ ਸਰੋਤ ਹਨ। ਸੰਸਥਾ ਦੇ ਪ੍ਰਧਾਨ ਨੇ ਕਿਹਾ ਕਿ ਸਾਡਾ ਮੁੱਖ ਮਕਸਦ ਸਿਹਤ ਸਹੂਲਤਾਂ ਨੂੰ ਆਮ ਅਤੇ ਲੋੜਵੰਦ ਲੋਕਾਂ ਦੀ ਪਹੁੰਚ ਤੱਕ ਲਿਆਉਣਾ ਹੈ।

ਐੱਮ ਆਰ ਸਿਟੀ ਸਕੂਲ ਵਿਸਾਖੀ ਦਾ ਪਵਿੱਤਰ ਦਿਹਾੜਾ ਮਨਾਇਆ

ਬਲਾਚੌਰ (ਜਸਵਿੰਦਰ ਬੈਂਸ)- ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਿਵੀਜ਼ਨ ਬਲਾਚੌਰ ਵਿਖੇ ਆਰ ਸਿਟੀ ਪਬਲਿਕ ਸਕੂਲ, ਵਿੱਚ ਵਿਸਾਖੀ ਦੇ ਪਵਿੱਤਰ ਤਿਉਹਾਰ ਨੂੰ ਸਮਰਪਿਤ ਵਿਸ਼ੇਸ਼ ਅਸੈਂਬਲੀ ਕਰਵਾਈ ਗਈ। ਅਸੈਂਬਲੀ ਦੀ ਸ਼ੁਰੂਆਤ ਮੂਲ ਮੰਤਰ ਨਾਲ ਕੀਤੀ ਗਈ, ਜਿਸ ਨਾਲ ਪੂਰਾ ਮਾਹੌਲ ਆਧਿਆਤਮਿਕ ਰੰਗ ਵਿੱਚ ਰੰਗਿਆ ਗਿਆ। ਇਸ ਮੌਕੇ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਕੀਤਾ ਗਿਆ ਤੇ ਵਿਸਾਖੀ ਦੇ ਇਤਿਹਾਸ ਤੇ ਮਹੱਤਵ ਬਾਰੇ ਜਾਣਕਾਰੀ ਭਰਪੂਰ ਭਾਸ਼ਣ ਪੇਸ਼ ਕੀਤੇ ਗਏ। ਅਧਿਆਪਕ ਸਾਹਿਬਾਨਾਂ ਵੱਲੋਂ ਵੀ ਵਿਦਿਆਰਥੀਆਂ ਨੂੰ ਇਸ ਦਿਹਾੜੇ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਗਿਆ ਅਤੇ ਹਰ ਤਿਉਹਾਰ ਨੂੰ ਖੁਸ਼ੀ, ਸਾਂਝ ਅਤੇ ਏਕਤਾ ਨਾਲ ਮਨਾਉਣ ਦੀ ਪ੍ਰੇਰਣਾ ਦਿੱਤੀ ਗਈ। ਇਸ ਮੌਕੇ ਵਿਦਿਆਰਥੀਆਂ ਵੱਲੋਂ ਭੰਗੜਾ ਅਤੇ ਗਿੱਧਾ ਵਰਗੇ ਰਵਾਇਤੀ ਨਾਚ ਪੇਸ਼ ਕੀਤੇ ਗਏ, ਜਿਨ੍ਹਾਂ ਨੇ ਸਮਾਰੋਹ ਨੂੰ ਰੰਗੀਨ ਅਤੇ ਰੌਣਕਮਈ ਬਣਾ ਦਿੱਤਾ। ਇਸ ਤੋਂ ਇਲਾਵਾ, ਵੱਖ-ਵੱਖ ਕਲਾਸਾਂ ਵਿੱਚ ਵੀ ਤਿਉਹਾਰ ਨਾਲ ਸੰਬੰਧਿਤ ਕਈ ਰਚਨਾਤਮਕ ਗਤੀਵਿਧੀਆਂ ਕਰਵਾਈਆਂ ਗਈਆਂ। ਸਕੂਲ ਦੇ ਪ੍ਰਿੰਸੀਪਲ ਰਿਤੂ ਬੱਤਰਾ ਨੇ ਵਿਦਿਆਰਥੀਆਂ ਨੂੰ ਆਪਣੇ ਸੱਭਿਆਚਾਰ ਨਾਲ ਜੁੜੇ ਰਹਿਣ ਲਈ ਕਿਹਾ ਅਤੇ ਸਭ ਨੂੰ ਵਿਸਾਖੀ ਦੀਆਂ ਹਾਰਦਿਕ ਵਧਾਈਆਂ ਦਿੱਤੀਆਂ। ਇਸ ਮੌਕੇ ਸਮੂਹ ਸਟਾਫ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।

ਅੱਠਵੀਂ ਦਾ ਨਤੀਜਾ ਰਿਹਾ 100 ਫੀਸਦੀ

ਸੁਲਤਾਨਪੁਰ ਲੋਧੀ (ਹਨੀ)- ਨਨਕਾਣਾ ਸਾਹਿਬ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦਾ ਅੱਠਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਨਿਧੀ ਸੰਗੋਤਰਾ ਨੇ ਦੱਸਿਆ ਕਿ ਵਿਦਿਆਰਥੀਆਂ ਨੇ ਬੋਰਡ ਇਮਤਿਹਾਨਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਿਖਰ ਪਦਵੀਆਂ ਹਾਸਲ ਕੀਤੀਆਂ। ਸੁਨੇਹਾ ਨੇ 443 ਅੰਕ ਲੈ ਕੇ ਪਹਿਲਾ ਸਥਾਨ ਹਾਸਲ ਕੀਤਾ। ਕ੍ਰਿਸ਼ ਕੁਮਾਰ ਨੇ 435 ਅੰਕ ਲੈ ਕੇ ਦੂਜਾ ਸਥਾਨ ਅਤੇ ਸਨੀ ਨੇ 430 ਅੰਕ ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ। ਜੌਨਸਨ ਨੇ 426 ਅੰਕ ਲੈ ਕੇ ਚੌਥਾ ਸਥਾਨ ਅਤੇ ਤੁਸ਼ਾਰ ਨੇ 425 ਅੰਕ ਲੈ ਕੇ ਪੰਜਵਾਂ ਸਥਾਨ ਹਾਸਲ ਕੀਤਾ। ਕੁੱਲ 33 ਵਿਦਿਆਰਥੀਆਂ ਨੇ ਬੋਰਡ ਇਮਤਿਹਾਨ ਦਿੱਤੇ ਤੇ ਸਕੂਲ ਦਾ ਨਤੀਜਾ 100% ਰਿਹਾ। ਪ੍ਰਿੰਸੀਪਲ ਸੰਗੋਤਰਾ ਨੇ ਇਸ ਸ਼ਾਨਦਾਰ ਨਤੀਜੇ ਲਈ ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਇਸ ਮਹੱਤਵਪੂਰਨ ਸਫਲਤਾ ਲਈ ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗਵਰਨਿੰਗ ਕੌਂਸਲ, ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ ਤੇ ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਨੇ ਵਿਦਿਆਰਥੀਆਂ ਤੇ ਸਟਾਫ ਮੈਂਬਰਾਂ ਨੂੰ ਵਧਾਈ ਦਿੱਤੀ।

ਯੂਥ ਕਾਂਗਰਸ ਨੇ ਅੰਬੇਡਕਰ ਜਯੰਤੀ ਮਨਾਈ

ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)-ਯੂਥ ਕਾਂਗਰਸ ਵਲੋਂ ਪ੍ਰਣਵ ਕ੍ਰਿਪਾਲ ਦੀ ਅਗਵਾਈ ਹੇਠ ਭਗਵਾਨ ਵਾਲਮੀਕਿ ਮੰਦਰ ਮਾਹਿਲਪੁਰ ਵਿਖੇ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤ ਤੇ ਫੁੱਲ ਮਾਲਾ ਪਾ ਕੇ ਅੰਬੇਡਕਰ ਜਯੰਤੀ ਮਨਾਈ ਗਈ। ਇਸ ਮੌਕੇ ਪ੍ਰਣਵ ਕ੍ਰਿਪਾਲ ਨੇ ਕਿਹਾ ਕਿ ਡਾ. ਭੀਮ ਰਾਓ ਅੰਬੇਡਕਰ ਇੱਕ ਉੱਚ ਕੋਟੀ ਦੇ ਵਿਦਵਾਨ ਸਨ। ਉਹ ਸਮਾਜ ਦੇ ਦੱਬੇ ਕੁਚਲੇ ਲੋਕਾਂ ਦੇ ਰਾਖੇ ਸਨ। ਉਹਨਾਂ ਨੇ ਦਲਿਤਾਂ ਅਤੇ ਮਹਿਲਾਵਾਂ ਦੇ ਹੱਕਾਂ ਦੀ ਲੜਾਈ ਲੜੀ।ਪ੍ਰਣਵ ਕ੍ਰਿਪਾਲ ਨੇ ਕਿਹਾ ਕਿ ਡਾ. ਭੀਮ ਰਾਓ ਅੰਬੇਡਕਰ ਨੇ ਭਾਰਤੀ ਸੰਵਿਧਾਨ ਲਿਖ ਕੇ ਸਾਨੂੰ ਸਾਰਿਆਂ ਨੂੰ ਅਧਿਕਾਰ ਦਿੱਤੇ। ਐਡਵੋਕੇਟ ਪੰਕਜ ਕ੍ਰਿਪਾਲ ਨੇ ਕਿਹਾ ਡਾ. ਭੀਮ ਰਾਓ ਅੰਬੇਡਕਰ ਇੱਕ ਵਿਲੱਖਣ ਸ਼ਖ਼ਸੀਅਤ ਸਨ। ਇਸ ਮੌਕੇ ਰੋਹਿਤ, ਸੋਨੂ ਮਾਹਿਲਪੁਰ, ਸਨਾਵਰ ਘਈ ਆਦਿ ਹਾਜ਼ਰ ਸਨ।

ਸਟੀਲ ਸਟ੍ਰਿਪਸ ਗਰੁੱਪ ਆਲ ਇੰਡੀਆ ਓਪਨ ਬ੍ਰਿਜ ਚੈਂਪੀਅਨਸ਼ਿਪ ਸਮਾਪਤ

ਚੰਡੀਗੜ੍ਹ (ਗੁਰਜੀਤ ਬਿੱਲਾ)- ਇਥੇ ਕਰਵਾਈ 14ਵੀਂ ਸਟੀਲ ਸਟ੍ਰਿਪਸ ਗਰੁੱਪ ਆਲ ਇੰਡੀਆ ਓਪਨ ਬ੍ਰਿਜ ਚੈਂਪੀਅਨਸ਼ਿਪ-2026 ਦਾ ਸਫਲਤਾਪੂਰਵਕ ਸਮਾਪਨ ਹੋ ਗਿਆ। ਵਿਰਕ ਚਕਰਬਰਤੀ ਤੇ ਸੰਭੂ ਨਾਥ ਸਰਕਾਰ ਨੇ ਪੇਅਰਜ਼ ਤੇ ਧਾਮਪੁਰ ਸ਼ੂਗਰ ਮਿਲਜ਼ ਟੀਮ ਮੁਕਾਬਲੇ ਵਿੱਚ ਨੈਸ਼ਨਲ ਚੈਂਪੀਅਨ ਬਣੇ।ਇਸ ਚੈਂਪੀਅਨਸ਼ਿਪ ਵਿੱਚ ਦੇਸ਼

ਭਰ ਤੋਂ ਲਗਭਗ 50 ਟੀਮਾਂ ਦੇ 200 ਤੋਂ ਵੱਧ ਖਿਡਾਰੀਆਂ ਨੇ ਹਿੱਸਾ ਲਿਆ।ਇਸ ਚੈਂਪੀਅਨਸ਼ਿਪ ਦੀ ਮੇਜ਼ਬਾਨੀ ਪੰਜਾਬ ਬ੍ਰਿਜ ਐਸੋਸੀਏਸ਼ਨ (ਪੀ ਬੀ ਏ) ਵੱਲੋਂ ਬ੍ਰਿਜ ਫੈਡਰੇਸ਼ਨ ਆਫ ਇੰਡੀਆ (ਬੀ ਐੱਫ ਆਈ) ਦੀ ਅਗਵਾਈ ਹੇਠ ਕਰਵਾਈ ਗਈ।ਪੇਅਰਜ਼ ਮੁਕਾਬਲੇ ਵਿੱਚ ਵਿਰਕ ਚਕਰਬਰਤੀ ਅਤੇ ਸੰਭੂ ਨਾਥ ਸਰਕਾਰ ਨੇ 1080.26 ਅੰਕ ਹਾਸਲ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ 55,000 ਰੁਪਏ ਦੀ ਇਨਾਮੀ ਰਕਮ ਜਿੱਤੀ। ਅਸ਼ਿਸ ਪਾਨ ਅਤੇ ਨਵੀਨ ਕੁਮਾਰ ਨੇ 1078.53 ਅੰਕਾਂ ਨਾਲ ਦੂਜਾ ਸਥਾਨ ਹਾਸਲ ਕਰਦੇ ਹੋਏ 50,000 ਰੁਪਏ ਦਾ ਇਨਾਮ ਅਤੇ ਸੁਜੀਤ ਭੱਟਾਚਾਰਜੀ ਤੇ ਐੱਸ ਕੇ ਬੰਡੀਓਪਾਧਿਆਏ ਨੇ 1052.22 ਅੰਕਾਂ ਨਾਲ ਤੀਜਾ ਸਥਾਨ ਹਾਸਲ ਕੀਤਾ ਤੇ 45,000 ਦੀ ਇਨਾਮੀ ਰਕਮ ਜਿੱਤੀ।ਟੀਮ ਮੁਕਾਬਲੇ ਵਿੱਚ ਧਾਮਪੁਰ ਸ਼ੂਗਰ ਮਿਲਜ਼ ਟੀਮ ਨੇ 86.46 ਅੰਕਾਂ ਨਾਲ ਪਹਿਲਾ ਸਥਾਨ ਹਾਸਲ ਕੀਤਾ। ਟੀਮ ਦੇ ਮੈਂਬਰ ਅਸ਼ੋਕ ਕੁਮਾਰ ਗੋਇਲ, ਕੇ.ਆਰ. ਵੇਂਕਟਾਰਾਮਨ, ਵਿਨਯ ਦੇਸਾਈ, ਰਾਜੂ ਟੋਲਾਨੀ ਅਤੇ ਅਰੁਣ ਐਮ. ਬਾਪਟ ਨੂੰ 1,10,000 ਰੁਪਏ ਦੀ ਇਨਾਮੀ ਰਕਮ ਦਿੱਤੀ ਗਈ। ਰੋਇਲ ਟਰੰਪਸ ਟੀਮ ਨੇ 82.52 ਅੰਕਾਂ ਨਾਲ ਦੂਜਾ ਸਥਾਨ ਪ੍ਰਾਪਤ ਕੀਤਾ। ਟੀਮ ਵਿੱਚ ਸੁਮਿਤ ਮੁਖਰਜੀ, ਭਾਬੇਸ਼ ਸਾਹਾ, ਕੌਸਤੁਭ ਨੰਦੀ, ਸਾਗਨਿਕ ਰਾਏ, ਨਵਨੀਤ ਸਵਾਇਕਾ ਅਤੇ ਮੋਨਿਕਾ ਜਾਜੂ ਸ਼ਾਮਲ ਸਨ। ਇਸ ਟੀਮ ਨੂੰ 90,000 ਰੁਪਏ ਦੀ ਇਨਾਮੀ ਰਕਮ ਮਿਲੀ। ਸਟੀਲ ਸਟ੍ਰਿਪਸ ਟੀਮ ਨੇ 80.91 ਅੰਕਾਂ ਨਾਲ ਤੀਜਾ ਸਥਾਨ ਹਾਸਲ ਕੀਤਾ। ਟੀਮ ਦੇ ਮੈਂਬਰ ਸੁਭਾਸ਼ ਗੁਪਤਾ, ਸਿੱਧਾਰਥ ਬਿਹੁਰੀਆ, ਸਵਾਪਾ ਦੇਸਾਈ ਅਤੇ ਅਰੁਣ ਕੁਮਾਰ ਨੂੰ 70,000 ਦੀ ਇਨਾਮੀ ਰਕਮ ਦਿੱਤੀ ਗਈ।

ਵਿਸਾਖੀ ਦਾ ਤਿਉਹਾਰ ਮਨਾਇਆ

ਕਪੂਰਥਲਾ (ਹਨੀ)- ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ 'ਚ ਡਾਇਰੈਕਟਰ ਇੰਜ. ਹਰਨਿਆਮਤ ਕੌਰ ਦੀ ਅਗਵਾਈ ਵਿੱਚ ਖਾਲਸੇ ਦਾ ਸਾਜਨਾ ਦਿਵਸ ਵਿਸਾਖੀ ਦਾ ਤਿਉਹਾਰ ਬੜੇ ਹੀ ਧੂਮ ਧਾਮ ਨਾਲ ਮਨਾਇਆ ਗਿਆ। ਸਮਾਗਮ ਦਾ ਆਗਾਜ਼ ਸ਼ਬਦ ਗਾਇਨ ਨਾਲ ਹੋਇਆ, ਜਿਸ ਵਿੱਚ ਵਿਦਿਆਰਥੀਆਂ ਨੇ ਬੜਾ ਹੀ ਰਸ ਭਿੰਨਾ ਸ਼ਬਦ ਪੇਸ਼ ਕੀਤਾ। ਦਸਵੀਂ ਜਮਾਤ ਦੀ ਵਿਦਿਆਰਥਣ

ਨਵਨੀਤ ਕੌਰ ਨੇ ਆਪਣੀ ਸਪੀਚ ਰਾਹੀਂ ਵਿਸਾਖੀ ਦੇ ਤਿਉਹਾਰ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਤੇ ਸੁਖਮਨਪ੍ਰੀਤ ਕੌਰ ਨੇ ਕਵਿਤਾ ਰਾਹੀਂ ਖਾਲਸੇ ਦੇ ਸਾਜਨਾ ਦਿਵਸ ਵਿਸਾਖੀ ਦੇ ਤਿਉਹਾਰ ਦਾ ਗੁਣਗਾਨ ਕੀਤਾ। ਸਮਾਗਮ ਦੀ ਖਾਸ ਗੱਲ ਇਹ ਰਹੀ ਕਿ ਬੱਚਿਆਂ ਨੇ ਲੋਕ ਗੀਤ ਅਤੇ ਲੋਕ ਨਾਚ ਜੋ ਕਿ ਤਿਉਹਾਰ ਦੀ ਭਾਵਨਾ ਨੂੰ ਜਿੰਦਾ ਰੱਖਦੇ ਹਨ ਪੇਸ਼ ਕੀਤੇ। ਪੰਜਾਬੀ ਪਹਿਰਾਵੇ ਦੇ ਮੁਕਾਬਲੇ ਵਿੱਚ ਰੰਗਦਾਰ ਬੈਸਟ ਡਰੈਸ ਨਾਲ ਜਸ਼ਨ ਜਾਰੀ ਰਿਹਾ। ਵਿਦਿਆਰਥੀਆਂ ਨੇ ਰਿਵਾਇਤੀ ਪਹਿਰਾਵੇ ਵਿੱਚ ਦਸਤਾਰਾਂ ਤੋਂ ਲੈ ਕੇ ਫੁਲਕਾਰੀਆਂ ਤੱਕ ਪੰਜਾਬੀ ਸੱਭਿਆਚਾਰ ਦਾ ਨਜ਼ਾਰਾ ਪੇਸ਼ ਕੀਤਾ। ਕਿੰਡਰ ਗਾਰਡਨ ਦੇ ਵਿਦਿਆਰਥੀਆਂ ਦੇ ਲਈ ਇੱਕ ਭੋਜਨ ਦੀ ਗਤੀਵਿਧੀ ਵੀ ਕਰਵਾਈ ਗਈ,ਜਿਸ ਵਿੱਚ ਵਿਦਿਆਰਥੀਆਂ ਨੂੰ ਇਹ ਸਿੱਖਣ ਲਈ ਮਿਲਿਆ ਕਿ ਕਣਕ ਕਿਵੇਂ ਤਿਆਰ ਹੁੰਦੀ ਹੈ, ਫਿਰ ਆਟੇ ਵਿੱਚ ਬਦਲ ਕੇ ਰੋਟੀ ਵਿੱਚ ਬਦਲ ਜਾਂਦੀ ਹੈ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਡਾਇਰੈਕਟਰ ਸਕੂਲ ਇੰਜ. ਹਰਨਿਆਮਤ ਕੌਰ, ਪ੍ਰਸ਼ਾਸਕ ਇੰਜ. ਨਿਮਰਤਾ ਕੌਰ ਅਤੇ ਪ੍ਰਿੰਸੀਪਲ ਡਿੰਪਲ ਸ਼ਰਮਾ ਨੇ ਬੱਚਿਆਂ ਅਤੇ ਸਟਾਫ ਨੂੰ ਵਿਸਾਖੀ ਦੇ ਤਿਉਹਾਰ ਦੀ ਵਧਾਈ ਦਿੱਤੀ।

ਪਰਾਗਪੁਰ ਵਿਖੇ ਚਾਹ ਪਕੌੜਿਆਂ ਦਾ ਲੰਗਰ ਲਗਾਇਆ

ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)- ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਦਿਹਾੜੇ ਦੀ ਖੁਸ਼ੀ ਵਜੋਂ ਪਿੰਡ ਪਰਾਗਪੁਰ ਦੀ ਗ੍ਰਾਮ ਪੰਚਾਇਤ ਤੇ ਸ੍ਰੀ ਗੁਰੂ ਰਵਿਦਾਸ ਕਮੇਟੀ ਪਰਾਗਪੁਰ ਵੱਲੋਂ ਚਾਹ ਪਕੌੜਿਆਂ ਦੇ ਲੰਗਰ ਲਗਾਏ ਗਏ।

ਪੱਤਰਕਾਰ ਨਾਲ ਗੱਲਬਾਤ ਕਰਦੇ ਪਿੰਡ ਦੇ ਸਰਪੰਚ ਕੁਲਵਿੰਦਰ ਪਰਾਗਪੁਰ ਨੇ ਦੱਸਿਆ ਕਿ ਬਾਬਾ ਸਾਹਿਬ ਦੀ ਦੇਣ ਹੈ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਵੱਖ ਵੱਖ ਦੇਸ਼ਾਂ ਵਿੱਚ ਜਿੱਥੇ ਬਾਬਾ ਸਾਹਿਬ ਦੇ ਬੁੱਤ ਲੱਗੇ ਹੋਏ ਹਨ ਤੇ 14 ਅਪ੍ਰੈਲ ਨੂੰ ਉਹਨਾਂ ਦਾ ਜਨਮ ਦਿਹਾੜਾ ਮਨਾਇਆ ਜਾਂਦਾ ਹੈ। ਇਸ ਮੌਕੇ ਮੋਹਣ ਲਾਲ, ਭਜਨ ਲਾਲ ਸੋਢੀ, ਸਤਵਿੰਦਰ ਸਿੰਘ, ਮਨਪ੍ਰੀਤ ਸਿੰਘ, ਪ੍ਰਵੀਨ ਕੁਮਾਰ, ਮਨਜਿੰਦਰ ਸਿੰਘ, ਜੀਤ ਰਾਮ, ਸ਼ਾਦੀ ਰਾਮ, ਵਿਜੇ ਕੁਮਾਰ, ਪਰਸ਼ੋਤਮ ਕੁਮਾਰ, ਪ੍ਰਦੀਪ ਕੁਮਾਰ, ਵਿਸ਼ੂ, ਯੋਗਰਾਜ, ਦਿਲਜੀਤ, ਪਰਨੀਤ ਕੁਮਾਰ, ਕਮਲ ਹਲਵਾਈ ਪੁਰਾਗਪੁਰ ਆਦਿ ਹਾਜ਼ਰ ਸਨ।

ਔਲਾਦ ਨਾ ਹੋਣ 'ਤੇ ਪ੍ਰੇਸ਼ਾਨ ਕਰਨ 'ਤੇ ਵਿਆਹੁਤਾ ਨੇ ਕੀਤੀ ਆਤਮਹੱਤਿਆ

ਪੁਲਸ ਵੱਲੋਂ ਸਹੁਰਾ ਪਰਵਾਰ 'ਤੇ ਮਾਮਲਾ ਦਰਜ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਸਥਾਨਕ ਪੁਲੀਸ ਨੇ ਵਿਆਹੁਤਾ ਵੱਲੋਂ ਜ਼ਹਿਰੀਲੀ ਚੀਜ਼ ਖਾ ਕੇ ਆਤਮਹੱਤਿਆ ਕਰਨ ਦੇ ਮਾਮਲੇ 'ਚ ਪਤੀ ਸਮੇਤ ਸੱਸ ਤੇ ਸਹੁਰੇ ਉੱਤੇ ਮਾਮਲਾ ਦਰਜ ਕੀਤਾ ਹੈ। ਥਾਣਾ ਤਲਵਾੜਾ ਮੁਖੀ ਸਤਪਾਲ ਸਿੰਘ ਨੇ ਦਸਿਆ ਕਿ ਮ੍ਰਿਤਕਾ ਦੇ ਪਿਤਾ ਸੁਰਿੰਦਰ ਸਿੰਘ ਵਾਸੀ ਮਾਤਨਹੋਲ, ਝੱਜਰ (ਹਰਿਆਣਾ) ਦੇ ਬਿਆਨਾਂ 'ਤੇ ਮਾਮਲਾ ਦਰਜ ਕੀਤਾ ਹੈ। ਉਸ ਦੀ ਲੜਕੀ ਨੀਲਮ (30) ਦਾ ਵਿਆਹ 14 ਫਰਵਰੀ 2014 ਨੂੰ ਦਵਿੰਦਰ ਸਿੰਘ ਵਾਸੀ ਰੇਵਾੜੀ ਹਾਲ ਵਾਸੀ ਤਲਵਾੜਾ ਨਾਲ ਹੋਇਆ ਸੀ। ਲੜਕੀ ਦੇ ਕੋਈ ਔਲਾਦ ਨਾ ਹੋਣ 'ਤੇ ਸਹੁਰਾ ਪਰਵਾਰ ਅਕਸਰ ਉਸ ਨੂੰ ਤੰਗ ਪ੍ਰੇਸ਼ਾਨ ਕਰਦਾ ਸੀ। ਪਤੀ ਦਵਿੰਦਰ ਸਿੰਘ ਆਪਣੀ ਪਤਨੀ ਨਾਲ ਮਾਰਕੁੱਟ ਵੀ ਕਰਦਾ ਸੀ। ਉਸ ਨੇ ਨੀਲਮ ਨੂੰ ਆਪਣੇ ਮਾਪੇ ਪਰਵਾਰ ਨਾਲ ਫੋਨ 'ਤੇ ਗੱਲ ਕਰਨ ਤੋਂ ਵੀ ਰੋਕਿਆ ਹੋਇਆ ਸੀ। ਪਿਤਾ ਸੁਰਿੰਦਰ ਸਿੰਘ ਨੇ ਦਸਿਆ ਕਿ ਲੰਘੀ 11 ਤਾਰੀਕ ਨੂੰ ਕਰੀਬ 1:15 ਵਜੇ ਫੋਨ ਕਰਕੇ ਦਸਿਆ ਕਿ ਉਹ ਸਹੁਰੇ ਪਰਵਾਰ ਤੋਂ ਦੁਖੀ ਹੋ ਕੇ ਸਲਫਾਸ ਦੀਆਂ ਗੋਲੀਆਂ ਖਾ ਰਹੀ ਹੈ। ਜਦੋਂ ਪਰਵਾਰ ਹਰਿਆਣਾ ਤੋਂ ਤਲਵਾੜਾ ਵੱਲ ਰਵਾਨਾ ਹੋਇਆ ਤਾਂ ਰਸਤੇ 'ਚ ਉਨ੍ਹਾਂ ਨੂੰ ਨੀਲਮ ਦੀ ਮੌਤ ਦੀ ਸੂਚਨਾ ਮਿਲੀ।

ਮ੍ਰਿਤਕਾ ਦੇ ਭਰਾ ਦੀਪਕ ਨੇ ਜਦੋਂ ਆਪਣੇ ਜੀਜਾ ਦਵਿੰਦਰ ਸਿੰਘ ਨਾਲ ਫੋਨ 'ਤੇ ਗੱਲ ਕਰਨ ਦੀ ਕੋਸ਼ਿਸ਼ ਕੀਤੀ ਤਾਂ ਅੱਗਿਓਂ ਉਸ ਨੇ ਜਾਣਕਾਰੀ ਦੇਣ ਦੀ ਬਜਾਇ ਬਦਸਲੂਕੀ ਕੀਤੀ। ਪੁਲਸ ਨੇ ਪਿਤਾ ਸੁਰਿੰਦਰ ਸਿੰਘ ਦੇ ਬਿਆਨਾਂ 'ਤੇ ਜਵਾਈ ਦਵਿੰਦਰ ਸਿੰਘ, ਸਹੁਰਾ ਕ੍ਰਿਸ਼ਨ ਕੁਮਾਰ ਤੇ ਸੱਸ ਵੀਨਾ ਖਿਲਾਫ਼ ਨੂੰਹ ਨੂੰ ਤੰਗ ਪ੍ਰੇਸ਼ਾਨ ਤੇ ਆਤਮਹੱਤਿਆ ਕਰਨ ਲਈ ਮਜ਼ਬੂਰ ਕਰਨ ਦੇ ਦੋਸ਼ ਹੇਠਾਂ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਦਿੱਤੀ ਹੈ।

'ਯੁੱਧ ਨਸ਼ਿਆਂ ਵਿਰੁੱਧ' ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਾਈਕਲੋਥਾਨ 18 ਨੂੰ

ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)- ਨਸ਼ਾ ਮੁਕਤ ਅਤੇ ਸਿਹਤਮੰਦ ਪੰਜਾਬ ਦੀ ਸਿਰਜਣਾ ਲਈ ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਪਹਿਲਕਦਮੀ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਦੀ ਅਗਵਾਈ ਵਿੱਚ ਤੇ ਏ ਪੀ ਜੇ ਸਕੂਲ ਦੇ ਸਹਿਯੋਗ ਨਾਲ 18 ਅਪ੍ਰੈਲ ਨੂੰ 'ਸਾਈਕਲੋਥਾਨ 4.0' ਕਰਵਾਈ ਜਾ ਰਹੀ ਹੈ।ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦਿਵਿਆ ਪੀ ਵੱਲੋਂ ਸਾਈਕਲੋਥਾਨ ਦਾ ਪੋਸਟਰ ਰਿਲੀਜ਼ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਐੱਸ ਡੀ ਐੱਮ ਜਲੰਧਰ-1 ਨਵਦੀਪ ਸਿੰਘ ਵੀ ਮੌਜੂਦ ਸਨ।ਸਾਈਕਲੋਥਾਨ ਦੀ ਸ਼ੁਰੂਆਤ ਏ ਪੀ ਜੇ ਸਕੂਲ, ਮਾਡਲ ਟਾਊਨ (ਗੀਤਾ ਮੰਦਰ ਦੇ ਨੇੜੇ), ਜਲੰਧਰ ਤੋਂ ਸਵੇਰੇ 5:30 ਹੋਵੇਗੀ। ਸਾਈਕਲੋਥਾਨ ਤਿੰਨ ਸ਼੍ਰੇਣੀਆਂ 5 ਕਿਮੀ, 10 ਕਿਮੀ ਅਤੇ 21 ਕਿਮੀ ਵਿੱਚ ਕਰਵਾਈ ਜਾਵੇਗੀ ਤਾਂ ਜੋ ਹਰ ਉਮਰ ਅਤੇ ਸਮਰੱਥਾ ਵਾਲੇ ਲੋਕ ਇਸ ਵਿੱਚ ਭਾਗ ਲੈ ਸਕਣ।

ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਨੇ ਡਾ. ਅੰਬੇਡਕਰ ਦੇ ਜਨਮ ਦਿਹਾੜੇ 'ਤੇ ਸ਼ਰਧਾ ਸੁਮਨ ਭੇਟ ਕੀਤੇ

ਫਗਵਾੜਾ (ਕਮਲ ਰਾਏ)- ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਤੇ ਗੌਰਮਿੰਟ ਪੈਨਸ਼ਨਰਜ਼ ਯੂਨੀਅਨ ਫ਼ਗਵਾੜਾ ਵਲੋਂ ਕੁਲਦੀਪ ਸਿੰਘ ਕੌੜਾ ਤੇ ਹੰਸ ਰਾਜ ਬੰਗੜ ਦੀ ਅਗਵਾਈ ਵਿੱਚ ਭਾਰਤੀ

ਸੰਵਿਧਾਨ ਦੇ ਨਿਰਮਾਤਾ ਤੇ ਭਾਰਤ ਰਤਨ ਡਾ. ਬੀ ਆਰ ਅੰਬੇਡਕਰ ਦੇ 136 ਵੇਂ ਜਨਮ ਦਿਹਾੜੇ 'ਤੇ ਉਹਨਾਂ ਨੂੰ ਸ਼ਰਧਾ ਸੁਮਨ ਭੇਟ ਕਰਨ ਲਈ ਡਾ.ਬੀ ਆਰ.ਅੰਬੇਦਕਰ ਪਾਰਕ ਹਰਗੋਬਿੰਦ ਨਗਰ ਫਗਵਾੜਾ ਵਿਖੇ ਪੁੱਜੇ। ਡਾ.ਬੀ ਆਰ ਅੰਬੇਡਕਰ ਦੇ ਬੁੱਤ 'ਤੇ ਫੁੱਲ ਮਾਲਾਵਾਂ ਪਾ ਕੇ ਸਤਿਕਾਰ ਸਹਿਤ ਸ਼ਰਧਾ ਸੁਮਨ ਭੇਟ ਕੀਤੀ। ਇਸ ਸਮੇਂ ਇਕੱਠੇ ਹੋਏ ਪੈਨਸ਼ਨਰ ਆਗੂਆਂ ਨੇ ਕਿਹਾ ਕਿ ਡਾ.ਅੰਬੇਦਕਰ ਜੀ ਇੱਕ ਵਕੀਲ, ਅਰਥਸ਼ਾਸਤਰੀ, ਸਿਆਸਤਦਾਨ ਅਤੇ ਸਮਾਜ ਸੁਧਾਰਕ ਸਨ। ਉਹਨਾਂ ਦੀ ਸਫਲਤਾ ਦਾ ਰਾਜ ਉਹਨਾਂ ਦਾ ਹਰ ਪੱਖ ਤੋਂ ਗਿਆਨਵਾਨ ਹੋਣਾ ਸੀ,ਜਿਸ ਨੂੰ ਉਹਨਾਂ ਨੇ ਪੜ੍ਹ ਲਿਖ ਕੇ ਅਤੇ ਆਪਣੀ ਜ਼ਿੰਦਗੀ ਦੇ ਤਜਰਬਿਆਂ ਰਾਹੀਂ ਹਾਸਲ ਕੀਤਾ ਅਤੇ ਦੁਨੀਆ ਦੇ ਪ੍ਰਮੁੱਖ ਬੁੱਧੀਜੀਵੀਆਂ ਦੀ ਸ਼੍ਰੇਣੀ ਵਿਚ ਵਿੱਚ ਸਥਾਨ ਪ੍ਰਾਪਤ ਕੀਤਾ। ਇਸ ਸਮੇਂ ਹੋਰਨਾਂ ਤੋਂ ਇਲਾਵਾ ਸੀਨੀਅਰ ਪੈਨਸ਼ਨਰ ਆਗੂ ਗਿਆਨ ਚੰਦ ਨਈਅਰ, ਕਰਨੈਲ ਸਿੰਘ ਸੰਧੂ, ਸੀਤਲ ਰਾਮ ਬੰਗਾ, ਰਾਮ ਲੁਭਾਇਆ, ਗੁਰਨਾਮ ਸਿੰਘ ਸੈਣੀ, ਬਲਵੀਰ ਸਿੰਘ ਦਿਹਾਣਾ,ਕੇ ਕੇ ਪਾਂਡੇ, ਗਿਆਨ ਚੰਦ ਰੱਤੂ, ਰਵਿੰਦਰ ਪਾਲ ਕੌਰ ਸੰਧੂ, ਪ੍ਰਿੰਸੀਪਲ ਹਰਮੇਸ਼ ਪਾਠਕ,ਸੀਤਲ ਰਾਮ ਲੋਈ, ਪਿਆਰਾ ਸਿੰਘ ਗੰਭੀਰ, ਗਿਆਨ ਸਿੰਘ, ਜਸਵਿੰਦਰ ਸਿੰਘ, ਸੁਖਦੇਵ ਸਿੰਘ,ਡਾ.ਮੌਰੀਆ, ਗੁਰਮੁਖ ਲੋਕ ਪ੍ਰੇਮੀ ਆਦਿ ਸਾਥੀ ਹਾਜ਼ਰ ਹੋਏ।

ਡਾ. ਅੰਬੇਡਕਰ ਦੀ ਸੋਚ 'ਤੇ ਚੱਲਣਾ ਹੀ ਉਨ੍ਹਾਂ ਨੂੰ ਸੱਚੀ ਸ਼ਰਧਾਂਜਲੀ : ਤਲਵਾੜ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਦਿਵਸ ਨੂੰ ਸਮਰਪਿਤ ਸ਼੍ਰੋਮਣੀ ਅਕਾਲੀ ਦਲ ਦੇ ਐਸਸੀ ਵਿੰਗ ਵਲੋਂ ਬਾਬਾ ਸਾਹਿਬ ਦੇ ਆਦਰਸ਼ ਤੇ ਅੱਜ ਦੀ ਸਿਆਸਤ ਵਿਸ਼ੇ ਤੇ ਇੱਕ ਪ੍ਰਭਾਵਸ਼ਾਲੀ ਸੈਮੀਨਾਰ ਆਯੋਜਿਤ ਕੀਤਾ

ਗਿਆ।ਇਸ ਸੈਮੀਨਾਰ ਵਿੱਚ ਰਾਸ਼ਟਰਪਤੀ ਐਵਾਰਡ ਵਿਜੇਤਾ ਡਾਕਟਰ ਧਰਮਪਾਲ ਸਾਹਿਲ ਨੇ ਮੁੱਖ ਵਕਤਾ ਵਜੋਂ ਸ਼ਿਰਕਤ ਕੀਤੀ ਤੇ ਬਾਬਾ ਸਾਹਿਬ ਦੇ ਸਮਾਨਤਾ, ਨਿਆਂ ਅਤੇ ਸੰਵਿਧਾਨਕ ਮੁੱਲਾਂ ਬਾਰੇ ਵਿਸਥਾਰ ਨਾਲ ਵਿਚਾਰ ਸਾਂਝੇ ਕੀਤੇ। ਇਸ ਮੌਕੇ ਸਾਧੂ ਆਸ਼ਰਮ ਦੀ ਸਾਬਕਾ ਕੇਅਰ ਪਰਸਨ ਰੀਤੂ ਜੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ ਅਤੇ ਸਮਾਜਿਕ ਬਦਲਾਅ ਵਿੱਚ ਬਾਬਾ ਸਾਹਿਬ ਦੇ ਯੋਗਦਾਨ ਨੂੰ ਯਾਦ ਕੀਤਾ। ਸੈਮੀਨਾਰ ਦੀ ਅਧਿਅਕਸ਼ਤਾ ਹੁਸ਼ਿਆਰਪੁਰ ਹਲਕਾ ਇੰਚਾਰਜ ਸੰਜੀਵ ਤਲਵਾੜ ਵਲੋਂ ਕੀਤੀ ਗਈ। ਉਨ੍ਹਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਅੱਜ ਦੀ ਸਿਆਸਤ ਵਿੱਚ ਬਾਬਾ ਸਾਹਿਬ ਦੇ ਆਦਰਸ਼ਾਂ ਨੂੰ ਅਪਣਾਉਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਜ ਉਨ੍ਹਾਂ ਨੇ ਪਾਰਟੀ ਵਲੋਂ ਸਮਾਜਿਕ ਨਿਆਂ ਲਈ ਕੀਤੇ ਜਾ ਰਹੇ ਯਤਨਾਂ ਬਾਰੇ ਜਾਣਕਾਰੀ ਵੀ ਦਿੱਤੀ। ਇਸ ਮੌਕੇ ਐੱਸ ਸੀ ਵਿੰਗ ਦੇ ਜ਼ਿਲਾ ਪ੍ਰਧਾਨ ਅਤੇ ਸਾਬਕਾ ਮੇਅਰ ਪ੍ਰੇਮ ਸਿੰਘ ਵਲੋਂ ਸੈਮੀਨਾਰ ਵਿੱਚ ਪਹੁੰਚੇ ਸਾਰੇ ਮਹਿਮਾਨਾਂ ਅਤੇ ਸੱਜਣਾਂ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਸੰਤੋਖ ਸਿੰਘ ਔਜਲਾ, ਬਿਕਰਮਜੀਤ ਸਿੰਘ ਕਲਸੀ, ਨਰਿੰਦਰ ਸਿੰਘ, ਨੀਤੀ ਤਲਵਾਰ ਐਮਸੀ ਸਾਹਿਬਾਨ ਨੇ ਵੀ ਆਪਣੇ ਵਿਚਾਰ ਰੱਖੇ। ਸਮਾਗਮ ਵਿੱਚ ਸੰਜੀਵ ਥਾਪਰ, ਭੁਪਿੰਦਰ ਸਿੰਘ, ਮਨੀਸ਼ ਆਦੀਆ, ਸਾਹਿਲ ਆਦੀਆ, ਬਲਵੀਰ ਸਿੰਘ, ਪ੍ਰਵੀਨ ਸੈਣੀ, ਕ੍ਰਿਸ਼ਨਾ ਥਾਪਰ, ਵਰੁਣ ਸੈਣੀ, ਮੰਟੀ ਆਦੀਆ, ਕਮਲਜੀਤ ਸਿੰਘ, ਲਵਲੀ ਭਲਵਾਨ ਭਾਜੀ ਪੁੱਤਰਾ, ਹਰਮੇਸ਼ ਸਾਹਿਲ ਸਮੇਤ ਮਹਿਲਾਵਾਂ ਤੇ ਪਾਰਟੀ ਵਰਕਰਾਂ ਨੇ ਭਾਗ ਲਿਆ।

ਬੰਗੜ ਜਠੇਰਿਆਂ ਦਾ ਮੇਲਾ ਮਨਾਇਆ

ਬੰਗਾ (ਅਵਤਾਰ ਕਲੇਰ)- ਬੰਗਾ ਹਲਕੇ ਦੇ ਪਿੰਡ ਸਰਹਾਲਾ ਰਾਨੂਆ ਵਿਖੇ ਪ੍ਰਬੰਧਕ ਕਮੇਟੀ ਅਤੇ ਸਮੂਹ ਬੰਗੜ ਪਰਵਾਰ ਵਲੋਂ ਬੰਗੜ ਜਠੇਰਿਆਂ ਦਾ ਸਾਲਾਨਾ ਮੇਲਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਦੇਸ਼ ਵਿਦੇਸ਼ ਤੋਂ ਹਜ਼ਾਰਾਂ ਦੀ

ਗਿਣਤੀ 'ਚ ਸੰਗਤਾਂ ਦਰਬਾਰ ਤੇ ਨਤਮਸਤਕ ਹੋਈਆਂ। ਵੱਡੇ ਵਡੇਰਿਆਂ ਦੀ ਪੂਜਾ ਕੀਤੀ ਗਈ। ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ। ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਗਈ ਜਿਸ ਵਿੱਚ ਨਾਮਵਰ ਕਲਾਕਾਰਾਂ ਨੇ ਹਾਜ਼ਰੀਆਂ ਭਰੀਆਂ। ਪ੍ਰਬੰਧਕਾਂ ਵੱਲੋਂ ਕਲਾਕਾਰਾਂ, ਦਾਨੀ ਸੱਜਣਾਂ ਅਤੇ ਸੇਵਾਦਾਰਾਂ ਨੂੰ ਸਿਰਪਾਓ ਨਾਲ ਸਨਮਾਨਤ ਕੀਤਾ। ਇਸ ਮੌਕੇ ਸੇਵਾਦਾਰ ਬੂਟਾ ਰਾਮ,ਪ੍ਰਧਾਨ ਸੰਤੋਖ ਕੁਮਾਰ, ਕੈਸ਼ੀਅਰ ਹਰਭਜਨ ਸਿੰਘ, ਸੈਕਟਰੀ ਨਰਿੰਦਰ ਰਾਮ, ਪ੍ਰਿੰਸੀਪਲ ਰੋਸ਼ਨ ਲਾਲ, ਹੁਸਨ ਲਾਲ, ਨਿਰਮਲ ਪਾਲੀ, ਕੁਲਵੰਤ ਰਾਮ, ਨਿਰਮਲ ਰਾਮ, ਰਾਜਵੰਤ, ਤਰਲੋਚਨ ਚੰਦ ਤੋਂ ਇਲਾਵਾ ਭਾਰੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

ਖਾਲਸਾ ਪੰਥ ਦੇ ਸਾਜਣਾ ਦਿਵਸ ਸੰਬੰਧੀ ਸਮਾਗਮ

ਕਪੂਰਥਲਾ (ਮਨਜੀਤ ਮਾਨ)- ਸੰਤ ਹੀਰਾ ਦਾਸ ਕੰਨਿਆ ਮਹਾਂ ਵਿਦਿਆਲਿਆ ਕਾਲਾ ਸੰਘਿਆਂ ਵਿਖੇ ਪ੍ਰਿੰਸੀਪਲ ਬਲਜਿੰਦਰ ਕੌਰ ਸੱਚਦੇਵਾ ਦੀ ਅਗਵਾਈ ਹੇਠ ਖਾਲਸਾ ਪੰਥ ਦੇ ਸਾਜਣਾ ਦਿਵਸ ਤੇ ਨਿਸ਼ਾਨ ਸਾਹਿਬ ਜੀ ਦੇ ਚੋਲਾ ਸਾਹਿਬ ਚੜ੍ਹਾਉਣ ਦੀ ਰਸਮ ਪੰਜ ਸਿੰਘਾਂ ਦੁਆਰਾ ਕੀਤੀ ਗਈ ਜਿਸ ਵਿੱਚ ਕਾਲਜ ਦੇ ਕਾਲਜੀਏਟ ਦੇ ਪ੍ਰਿੰਸੀਪਲ ਸਾਹਿਬਾਨ ਸਟਾਫ ਮੈਂਬਰਜ਼ ਤੇ ਵਿਦਿਆਰਥੀਆਂ ਨੇ ਭਾਗ ਲਿਆ। ਗ੍ਰੰਥੀ ਸਿੰਘ ਦੁਆਰਾ ਨਿਸ਼ਾਨ ਸਾਹਿਬ

ਚੜਾਉਣ ਤੋਂ ਬਾਅਦ ਸਰਬੱਤ ਦੇ ਭਲੇ ਲਈ ਅਤੇ ਕਾਲਜ ਦੀ ਚੜ੍ਹਦੀ ਕਲਾ ਦੀ ਅਰਦਾਸ ਕੀਤੀ ।ਪ੍ਰਿੰਸੀਪਲ ਬਲਜਿੰਦਰ ਕੌਰ ਸੱਚਦੇਵਾ ਨੇ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਕਿਹਾ ਕਿ ਖਾਲਸਾ ਪੰਥ ਦੀ ਸਿਰਜਣਾ ਸਾਡੇ ਮਾਣ ਵਾਲੀ ਗੱਲ ਹੈ ਤੇ ਸਾਨੂੰ ਸਾਰਿਆਂ ਨੂੰ ਇਸ ਤੇ ਮਾਣ ਹੈ। ਉਨਾਂ ਨੇ ਵਿਸਾਖੀ ਦੀ ਸਾਰਿਆਂ ਨੂੰ ਵਧਾਈ ਦਿੱਤੀ।

ਘੜੂੰਆਂ ਵਿਖੇ ਵਿਸਾਖੀ ਦਾ ਦਿਹਾੜਾ ਧੂਮਧਾਮ ਨਾਲ ਮਨਾਇਆ

ਮੋਰਿੰਡਾ (ਨਿਹਾਲ ਸਿੰਘ ਕਲਸੀ)- ਨਗਰ ਪੰਚਾਇਤ, ਨਗਰ ਨਿਵਾਸੀਆਂ ਅਤੇ ਮਹਾਰਾਜਾ ਸ੍ਰ ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ ਵਲੋਂ ਸਿੱਖ ਕੌਮ ਦੇ ਮਹਾਨ ਯੋਧੇ ਜਥੇਦਾਰ ਰਣ ਸਿੰਘ, ਜਥੇਦਾਰ ਦਲ ਸਿੰਘ ਮਠਾੜੂ ਨੂੰ ਸਮਰਪਤ ਵੈਸਾਖੀ ਦਾ ਦਿਹਾੜਾ ਸ਼ਰਧਾ ਤੇ ਉਤਸ਼ਾਹ ਪੂਰਵਕ ਮਨਾਇਆ ਗਿਆ । ਇਸ ਸਬੰਧੀ ਫੈਡਰੇਸ਼ਨ ਦੇ ਪ੍ਰਧਾਨ ਬਿਕਰਮਜੀਤ ਸਿੰਘ ਸੋਹਣਪਾਲ ਅਤੇ ਰਮਨਦੀਪ ਸਿੰਘ ਘੜੂੰਆਂ ਨੇ ਦੱਸਿਆ ਕਿ ਸਮਾਗਮ ਦੌਰਾਨ ਸਵੇਰੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ ਉਪਰੰਤ ਦੀਵਾਨ ਸਜਾਏ ਗਏ।ਇਸ ਮੌਕੇ ਸਮਾਗਮ ਨੂੰ ਸੰਬੋਧਨ ਕਰਦਿਆਂ ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਨੇ ਆਖਿਆ ਕਿ ਅਜਿਹੇ ਸਮਾਗਮ ਕੌਮਾਂ ਨੂੰ ਇਤਿਹਾਸ ਨਾਲ ਜੋੜਦੇ ਹਨ। ਉਹਨਾਂ ਕਿਹਾ ਕਿ ਪਿੰਡ ਘੜੂੰਆਂ ਇੱਕ ਇਤਿਹਾਸਿਕ ਪਿੰਡ ਹੈ ਇੱਥੇ ਨੌਵੇਂ ਪਾਤਸ਼ਾਹ ਗੁਰੂ ਤੇਗ ਬਹਾਦਰ ਜੀ ਦੀ ਚਰਨ ਛੂਹ ਪ੍ਰਾਪਤ ਗੁਰਦੁਆਰਾ ਸਾਹਿਬ ਸਥਿਤ ਹੈ। ਉਹਨਾਂ ਨੇ ਦੱਸਿਆ ਕਿ ਇਸ ਬਣ ਰਹੇ ਗੁਰਦੁਆਰਾ ਸਾਹਿਬ ਦਾ ਨਾਂ ਪਿੰਡ ਦੇ ਸ਼ਹੀਦ ਜਥੇਦਾਰ ਰਣ ਸਿੰਘ ਤੇ ਜਥੇਦਾਰ ਦਲ ਸਿੰਘ ਮਠਾੜੂ ਦੇ ਨਾਮ 'ਤੇ ਰੱਖਿਆ ਜਾਵੇਗਾ। ਇਸ ਧਾਰਮਿਕ ਸਮਾਗਮ ਵਿੱਚ ਫਤਿਹ

ਹਸਪਤਾਲ ਵੱਲੋਂ ਮੁਫ਼ਤ ਮੈਡੀਕਲ ਕੈਂਪ ਲਗਾਏ ਗਏ। ਇਸ ਸਮਾਗਮ ਦੌਰਾਨ ਕੌਮ ਦੇ ਮਹਾਨ ਯੋਧੇ ਜਥੇਦਾਰ ਰਣ ਸਿੰਘ ਅਤੇ ਜਥੇਦਾਰ ਦਲ ਸਿੰਘ ਦੇ ਪਰਵਾਰਕ ਮੈਂਬਰਾਂ ਨੂੰ ਸਿਰੋਪਾਓ ਸਾਹਿਬ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਹਲਕਾ ਵਿਧਾਇਕ ਦੇ ਪੀਏ ਜਗਤਾਰ ਘੜੂੰਆਂ, ਮਨਦੀਪ ਸਿੰਘ ਪ੍ਰਧਾਨ ਨਗਰ ਕੌਂਸਲ ਘੜੂੰਆਂ, ਕੌਂਸਲਰ ਸ਼ਮਸ਼ੇਰ ਸਿੰਘ, ਹਰਪ੍ਰੀਤ ਸਿੰਘ ਭੰਡਾਰੀ, ਕੌਂਸਲਰ ਰੋਬਿਨ, ਕੌਂਸਲਰ ਗਗਨਦੀਪ, ਕੌਂਸਲਰ ਮਨਪ੍ਰੀਤ ਸਿੰਘ, ਜਥੇਦਾਰ ਰਣ ਸਿੰਘ ਤੇ ਦਲ ਸਿੰਘ ਦੇ ਵੰਸ਼ਜ ਰਮਨਦੀਪ ਸਿੰਘ ਮਠਾੜੂ ਘੜੂੰਆਂ, ਮਹਾਰਾਜਾ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ ਦੇ ਪ੍ਰਧਾਨ ਬਿਕਰਮਜੀਤ ਸਿੰਘ ਸੋਹਨਪਾਲ, ਤੇਜਿੰਦਰ ਸਿੰਘ ਕਲਸੀ, ਜਗਜੀਤ ਸਿੰਘ ਰੀਹਲ, ਗੁਰਵਿੰਦਰ ਸਿੰਘ ਰੀਹਲ, ਭੁਪਿੰਦਰ ਸਿੰਘ, ਕੁਲਦੀਪ ਸਿੰਘ ਲੂਲ੍ਹੋ, ਮਨਦੀਪ ਸਿੰਘ ਸੋਹਣਪਾਲ, ਗੁਰਪ੍ਰੀਤ ਸਿੰਘ ਬਿੰਬਰਾਂ, ਜਸਵਿੰਦਰ ਸਿੰਘ ਮਠਾੜੂ, ਅਵਤਾਰ ਸਿੰਘ ਵਿਰਦੀ, ਦਰਸ਼ਨ ਸਿੰਘ ਸੋਹਣਪਾਲ, ਜਗਵਿੰਦਰ ਸਿੰਘ ਜੰਡੂ, ਹਰਮੀਤ ਸਿੰਘ ਦਤਾਰਪੁਰ, ਕੁਲਵਿੰਦਰ ਸਿੰਘ, ਨਰਿੰਦਰ ਸਿੰਘ, ਦਿਲਰਾਜ ਸਿੰਘ, ਹਰਵਿੰਦਰ ਸਿੰਘ, ਜਤਿੰਦਰ ਸਿੰਘ, ਜਸਵਿੰਦਰ ਸਿੰਘ ਰੂਪਰਾਏ, ਨਰਿੰਦਰ ਸਿੰਘ ਰੂਪਰਾਏ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। ਲੰਗਰ ਅਤੁੱਟ ਵਰਤਾਇਆ ਗਿਆ।

ਲਮੀਨ ਵਿਖੇ ਡਾ. ਅੰਬੇਡਕਰ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ

ਦਸੂਹਾ (ਕਰਨੈਲ ਮਾਂਗਟ)- ਬਲਾਕ ਦਸੂਹਾ ਦੇ ਪਿੰਡ ਲਮੀਨ ਦੇ ਭਗਵਾਨ ਵਾਲਮੀਕ ਮੰਦਿਰ ਵਿਖੇ ਕਮਲੇਸ਼ਵਰ ਵਾਲਮੀਕੀ ਐਜੂਕੇਸਨਲ ਟਰੱਸਟ ਦੇ ਜ਼ਿਲ੍ਹਾ ਪ੍ਰਧਾਨ ਤੇ ਮੁੱਖ ਪ੍ਰਬੰਧਕ ਭੁੱਲਾ ਰਾਮ ਤੇਜੀ ਲਮੀਨ ਦੀ ਅਗਵਾਈ ਹੇਠ ਡਾ.ਬੀ.ਆਰ.ਅੰਬੇਡਕ ਦੇ ਜਨਮ ਦਿਵਸ ਸੰਬੰਧੀ ਸਮਾਗਮ ਆਯੋਜਿਤ ਕੀਤਾ ਗਿਆ ਜਿਸ ਦੀ ਪ੍ਰਧਾਨਗੀ ਭਗਵਾਨ ਵਾਲਮੀਕੀ ਸਕਤੀ ਸੈਨਾ ਪੰਜਾਬ ਦੇ ਪ੍ਰਧਾਨ ਐਡਵੋਕੇਟ ਅਜੇ ਕੁਮਾਰ ਥਾਪਰ ਤੇ ਬਾਬਾ ਬੋਹੜ ਮੋਹਿਓਦੀਨਪੁਰ ਨੇ ਕੀਤੀ। ਇਸ ਸਮਾਗਮ ਵਿੱਚ ਬਤੋਰ ਮੁੱਖ ਮਹਿਮਾਨ ਰੋਟਰੀ ਕਲੱਬ ਗ੍ਰੇਟਰ ਦਸੂਹਾ ਰੋਟੇਰੀਅਨ ਦਵਿੰਦਰ ਕੁਮਾਰ ਰੋਜੀ ਸ਼ਾਮਿਲ ਹੋਏ। ਇਸ ਮੋਕੇ ਤੇ ਮੁੱਖ ਮਹਿਮਾਨ ਦਵਿੰਦਰ ਰੋਜੀ, ਵਾਲਮੀਕ ਸਕਤੀ ਸੈਨਾ ਪੰਜਾਬ ਦੇ ਪ੍ਰਧਾਨ ਐਡਵੋਕੇਟ ਅਜੇ ਥਾਪਰ, ਬਾਬਾ ਬੋਹੜ, ਮੁੱਖ ਪ੍ਰਬੰਧਕ ਭੁੱਲਾ ਰਾਮ ਤੇਜੀ ਤੇ ਪ੍ਰਮੁੱਖ ਸ਼ਖਸ਼ੀਅਤਾਂ ਨੇ ਡਾ.ਬੀ.ਆਰ.ਅੰਬੇਡਕਰ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਮੁੱਖ ਮਹਿਮਾਨ ਦਵਿੰਦਰ ਰੋਜੀ ਨੇ ਕਿਹਾ ਕਿ ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾ.ਬੀ ਆਰ ਅੰਬੇਡਕਰ ਕੋਲ 32 ਤੋ ਵੱਧ ਡਿਗਰੀਆ ਸਨ ਤੇ ਉਨਾਂ ਨੇ ਸੰਵਿਧਾਨ ਵਿੱਚ ਸਭ ਵਰਗਾਂ ਨੂੰ ਬਰਾਬਰ ਦੇ ਹੱਕ ਦਿੱਤੇ। ਐਡਵੋਕੇਟ ਅਜੈ ਥਾਪਰ ਤੇ ਬਾਬਾ ਬੋਹੜ ਨੇ ਅਪਣੇ ਵਿਚਾਰ ਪੇਸ਼ ਕਰਦਿਆ ਕਿਹਾ ਕਿ ਅੰਗਰੇਜ਼ਾ ਦੀ ਗੁਲਾਮੀ ਤੋ ਬਾਅਦ ਸਾਨੂੰ ਆਜ਼ਾਦੀ ਮਿਲੀ ਤੇ ਦੇਸ਼ ਨੂੰ ਆਜ਼ਾਦ ਕਰਵਾਉਣ ਲਈ ਬਾਬਾ ਸਾਹਿਬ ਡਾ.ਬੀ.ਆਰ.ਅੰਬੇਡਕਰ ਦਾ ਵੱਧ ਯੋਗਦਾਨ ਰਿਹਾ ਸੀ। ਇਸ ਮੋਕੇ ਤੇ ਮੁੱਖ ਮਹਿਮਾਨ ਦਵਿੰਦਰ ਰੋਜ਼ੀ, ਐਡਵੋਕੇਟ ਅਜੈ ਥਾਪਰ, ਬਾਬਾ ਬੋਹੜ, ਕਰਨੈਲ ਮਾਂਗਟ, ਸੰਤ 56 ਕਰੋੜੀ ਨੂੰ ਭੁੱਲਾ ਰਾਮ ਤੇਜੀ ਮੁੱਖ ਪ੍ਰਬੰਧਕ ਤੇ ਜਿਲਾ ਪ੍ਰਧਾਨ ਕਮਲੇਸਵਰ ਵਾਲਮੀਕ ਐਜੂਕੇਸਨਲ ਟਰੱਸਟ ਵੱਲੋ ਵਿਸ਼ੇਸ਼ ਤੋਰ 'ਤੇ ਸਨਮਾਨਤ ਕੀਤਾ। ਇਸ ਮੋਕੇ ਤੇ ਪ੍ਰਧਾਨ ਹਰੀ ਰਾਮ, ਰਾਜਨ ਥਾਪਰ, ਸਰਵਣ ਸਿੰਘ, ਫਕੀਰ ਚੰਦ, ਸਾਬਕਾ ਸਰਪੰਚ ਆਸ਼ਾ ਰਾਣੀ, ਪੰਚ ਰਮਨ ਕੁਮਾਰ, ਗੋਰਵ ਪਠਾਣੀਆ, ਪੰਚ ਕਮਲਜੀਤ ਸਿੰਘ, ਬਲਵੀਰ ਕੋਰ, ਜੈ ਪਾਲ, ਬਾਬਾ ਜੋਗਿੰਦਰ ਸਿੰਘ, ਬਿੱਟਾ ਲਮੀਨ ਆਦਿ ਹਾਜਰ ਸਨ।

ਸਰਕਾਰੀ ਹਸਪਤਾਲਾਂ ਦਾ ਸਮਾਂ ਬਦਲਿਆ, ਹੁਣ ਸਵੇਰੇ 8 ਵਜੇ ਖੁੱਲ੍ਹਣਗੇ

ਮੋਹਾਲੀ (ਗੁਰਜੀਤ ਬਿੱਲਾ)-ਜ਼ਿਲ੍ਹੇ ਦੀਆਂ ਸਰਕਾਰੀ ਸਿਹਤ ਸੰਸਥਾਵਾਂ ਦੇ ਖੁੱਲ੍ਹਣ ਅਤੇ ਬੰਦ ਹੋਣ ਦੇ ਸਮੇਂ ਵਿਚ 16 ਅਪ੍ਰੈਲ ਤੋਂ ਤਬਦੀਲੀ ਹੋ ਜਾਵੇਗੀ। ਇਹ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਸਰਕਾਰੀ ਸਿਹਤ ਸੰਸਥਾਵਾਂ ਹੁਣ ਸਵੇਰੇ 8 ਵਜੇ ਖੁਲ੍ਹਣਗੀਆਂ ਤੇ ਦੁਪਹਿਰ 2 ਵਜੇ ਬੰਦ ਹੋਣਗੀਆਂ। ਇਨ੍ਹਾਂ ਸੰਸਥਾਵਾਂ ਵਿਚ ਜ਼ਿਲ੍ਹਾ ਹਸਪਤਾਲ ਮੋਹਾਲੀ, ਸਬ-ਡਵੀਜ਼ਨਲ ਹਸਪਤਾਲ ਖਰੜ ਤੇ ਡੇਰਾਬੱਸੀ, ਜ਼ਿਲ੍ਹੇ ਦੇ ਸਾਰੇ ਪ੍ਰਾਇਮਰੀ ਹੈਲਥ ਸੈਂਟਰ, ਕਮਿਊਨਿਟੀ ਹੈਲਥ ਸੈਂਟਰ, ਆਯੁਸ਼ਮਾਨ ਹੈਲਥ ਐਂਡ ਵੈੱਲਨੈਸ ਸੈਂਟਰੇ-ਸਬ ਸੈਂਟਰ, ਆਮ ਆਦਮੀ ਕਲੀਨਿਕ, ਈ ਐੱਸ ਆਈਹਸਪਤਾਲ ਆਦਿ ਸ਼ਾਮਲ ਹਨ ।ਜ਼ਿਕਰਯੋਗ ਹੈ ਕਿ ਜ਼ਿਲ੍ਹਾ ਹਸਪਤਾਲ ਫ਼ੇਜ਼ 6 ਮੋਹਾਲੀ ਦਾ ਕੰਮਕਾਜੀ ਸਮਾਂ ਪਹਿਲਾਂ ਹੀ ਬਦਲ ਕੇ ਸਵੇਰੇ 8 ਵਜੇ ਤੋਂ ਦੁਪਹਿਰ 2.30 ਵਜੇ ਕਰ ਦਿਤਾ ਗਿਆ ਸੀ, ਜਿਹੜਾ 1 ਅਪ੍ਰੈਲ ਤੋਂ ਲਾਗੂ ਹੈ।

ਵਿਧਾਇਕ ਨੇ ਨਵੀਂ ਬਣੀ ਸੜਕ ਦਾ ਕੀਤਾ ਉਦਘਾਟਨ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਵਾਰਡ ਨੰਬਰ 14 ਵਿੱਚ ਦੇਸ਼ ਭਗਤ ਕਾਲਜ ਤੋਂ ਨਿਊ ਫਤਿਹਗੜ੍ਹ ਤੱਕ ਲੋਕਾਂ ਦੀ ਸਹੂਲਤ ਲਈ 8 ਲੱਖ ਰੁਪਏ ਦੀ ਲਾਗਤ ਨਾਲ ਬਣੀ ਨਵੀਂ ਸੜਕ ਦਾ ਉਦਘਾਟਨ ਕੀਤਾ। ਇਸ ਸੜਕ ਦੇ ਨਿਰਮਾਣ ਨਾਲ ਇਲਾਕੇ ਦੇ ਵਸਨੀਕਾਂ ਨੂੰ ਆਉਣ-ਜਾਣ ਵਿੱਚ ਵੱਡੀ ਸਹੂਲਤ ਮਿਲੇਗੀ ਤੇ ਲੰਬੇ ਸਮੇਂ ਤੋਂ ਚੱਲੀ ਆ ਰਹੀ ਸਮੱਸਿਆ ਦਾ ਹੱਲ ਹੋ ਗਿਆ ਹੈ। ਇਸ ਮੌਕੇ ਵਿਧਾਇਕ ਜਿੰਪਾ ਨੇ ਕਿਹਾ ਕਿ ਇਲਾਕੇ ਦੇ ਵਿਕਾਸ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ ਜਾਰੀ ਹੈ ਅਤੇ ਲੋਕਾਂ ਦੀਆਂ ਜ਼ਰੂਰਤਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾ ਰਿਹਾ ਹੈ। ਪ੍ਰੋਗਰਾਮ ਦੌਰਾਨ ਵਾਰਡ ਨੰਬਰ 14 ਦੇ ਕੌਂਸਲਰ ਬਲਵਿੰਦਰ ਬਿੰਦੀ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਉਨ੍ਹਾਂ ਵਿਧਾਇਕ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਸੜਕ ਦੀ ਮੰਗ ਲੰਬੇ ਸਮੇਂ ਤੋਂ ਕੀਤੀ ਜਾ ਰਹੀ ਸੀ, ਜੋ ਹੁਣ ਪੂਰੀ ਹੋ ਗਈ ਹੈ।ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਚੰਦਨ ਲੱਕੀ, ਨਰੇਸ਼ ਕੁਮਾਰ, ਸੇਵਾ ਸਿੰਘ, ਹਰਿੰਦਰ ਸਿੰਘ, ਜਤਿੰਦਰ ਕੁਮਾਰ ਮਹਿਤਾ, ਹਰਜੀਤ ਕੌਰ ਸਮੇਤ ਹੋਰ ਪਤਵੰਤੇ ਅਤੇ ਇਲਾਕਾ ਵਾਸੀ ਵੀ ਹਾਜ਼ਰ ਸਨ। ਸਾਰਿਆਂ ਨੇ ਇਸ ਵਿਕਾਸ ਕਾਰਜ ਲਈ ਖੁਸ਼ੀ ਪ੍ਰਗਟ ਕੀਤੀ ਤੇ ਵਿਧਾਇਕ ਦਾ ਧੰਨਵਾਦ ਕੀਤਾ।

ਕਪੂਰਥਲਾ 'ਚ ਬਿਹਾਰ ਪੁਲਸ ਦੀ ਛਾਪੇਮਾਰੀ, ਵਪਾਰੀ ਪਤੀ-ਪਤਨੀ ਨੂੰ ਲਿਆ ਹਿਰਾਸਤ 'ਚ

ਕਪੂਰਥਲਾ (ਮਨਜੀਤ ਮਾਨ)- ਕਪੂਰਥਲਾ ਵਿੱਚ ਬਿਹਾਰ ਦੇ ਪਟਨਾ ਤੋਂ ਆਈ ਪੁਲਿਸ ਟੀਮ ਨੇ ਵੱਡੀ ਕਾਰਵਾਈ ਕਰਦਿਆਂ ਇੱਕ ਵਪਾਰੀ ਪਤੀ ਪਤਨੀ ਨੂੰ ਹਿਰਾਸਤ ਵਿੱਚ ਲਿਆ ਹੈ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਏ ਐੱਸ ਸੀ ਓ ਕੰਪਨੀ ਨਾਲ ਸੰਬੰਧਿਤ ਅਨਿਲ ਕੁਮਾਰ ਗੁਪਤਾ ਤੇ ਉਸ ਦੀ ਪਤਨੀ ਸਵਿਤਾ ਗੁਪਤਾ ਵਜੋਂ ਹੋਈ ਹੈ। ਇਸ ਸੰਬੰਧੀ ਡੀ ਐੱਸ ਪੀ ਸਬ ਡਿਵੀਜ਼ਨ ਸ਼ੀਤਲ ਸਿੰਘ ਨੇ ਪੁਸ਼ਟੀ ਕਰਦਿਆਂ ਦੱਸਿਆ ਕਿ ਮੁਲਜ਼ਮਾਂ ਖਿਲਾਫ਼ ਪਟਨਾ ਦੇ ਥਾਣਾ ਰੂਪਸਪੁਰ ਵਿੱਚ ਜਾਲਸਾਜ਼ੀ ਦੇ ਚਾਰ ਮਾਮਲੇ ਦਰਜ ਹਨ। ਬਿਹਾਰ ਪੁਲਸ ਨੇ ਅਦਾਲਤ ਵੱਲੋਂ ਜਾਰੀ ਗ੍ਰਿਫ਼ਤਾਰੀ ਵਾਰੰਟ ਦੇ ਆਧਾਰ 'ਤੇ ਕਪੂਰਥਲਾ ਵਿੱਚ ਰੇਡ ਕਰਕੇ ਦੋਵਾਂ ਨੂੰ ਹਿਰਾਸਤ ਵਿੱਚ ਲਿਆ। ਉਨ੍ਹਾਂ ਦੱਸਿਆ ਕਿ ਬਿਹਾਰ ਪੁਲਿਸ ਦੀ ਟੀਮ, ਜਿਸ ਵਿੱਚ ਥਾਣਾ ਰੂਪਸਪੁਰ ਦੇ ਏ ਐੱਸ ਆਈ ਇਮਰਾਨ ਅਲੀ ਸਮੇਤ ਸੱਤ ਪੁਲਿਸ

ਅਧਿਕਾਰੀ ਸ਼ਾਮਿਲ ਸਨ, ਜ਼ਰੂਰੀ ਦਸਤਾਵੇਜ਼ਾਂ ਸਮੇਤ ਕਪੂਰਥਲਾ ਪਹੁੰਚੀ ਸੀ। ਟੀਮ ਵੱਲੋਂ ਕਾਨੂੰਨੀ ਕਾਰਵਾਈ ਪੂਰੀ ਕਰਕੇ ਮੁਲਜ਼ਮਾਂ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ। ਜਾਣਕਾਰੀ ਮੁਤਾਬਕ ਬਿਹਾਰ ਪੁਲਿਸ ਹੁਣ ਮੁਲਜ਼ਮਾਂ ਨੂੰ ਸਥਾਨਕ ਅਦਾਲਤ ਵਿੱਚ ਪੇਸ਼ ਕਰਕੇ ਟਰਾਂਜ਼ਿਟ ਰਿਮਾਂਡ ਹਾਸਿਲ ਕਰੇਗੀ, ਜਿਸ ਤੋਂ ਬਾਅਦ ਉਨ੍ਹਾਂ ਨੂੰ ਪਟਨਾ ਲਿਜਾਇਆ ਜਾਵੇਗਾ। ਇਸ ਕਾਰਵਾਈ ਦੌਰਾਨ ਕਪੂਰਥਲਾ ਪੁਲਿਸ ਨੇ ਵੀ ਪੂਰਾ ਸਹਿਯੋਗ ਦਿੱਤਾ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਜਾਰੀ ਹੈ ਤੇ ਮੁਲਜ਼ਮਾਂ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ।

ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ ਮਨਾਇਆ

ਅੱਡਾ ਸਰਾਂ/ਟਾਂਡਾ ਉੜਮੁੜ (ਜਸਵੀਰ ਕਾਜਲ, ਉਂਕਾਰ ਸਿੰਘ)- ਸਿਟੀ ਵਾਲਮੀਕੀ ਸਭਾ ਟਾਂਡਾ ਵੱਲੋਂ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ ਬੜੀ ਸ਼ਰਧਾ, ਸਤਿਕਾਰ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਮਾਗਮ ਦਾ ਆਯੋਜਨ ਸਭਾ ਦੇ ਪ੍ਰਧਾਨ ਵਿਨੋਦ ਖੋਸਲਾ ਸੁੰਦਰੀ, ਨੰਬਰਦਾਰ, ਜਗਜੀਵਨ ਜੱਗੀ ਤੇ ਵੰਸ਼ ਖੋਸਲਾ ਦੀ ਅਗਵਾਈ ਹੇਠ ਕੀਤਾ ਗਿਆ, ਜਿਸ ਵਿਚ ਵੱਡੀ ਗਿਣਤੀ ਵਿੱਚ ਇਲਾਕਾ ਵਾਸੀਆਂ, ਨੌਜਵਾਨਾਂ ਅਤੇ ਸਮਾਜ ਸੇਵਕਾਂ ਨੇ ਭਾਗ ਲਿਆ।ਸਮਾਗਮ ਦੀ ਸ਼ੁਰੂਆਤ ਬਾਬਾ ਸਾਹਿਬ ਦੀ ਤਸਵੀਰ ਅੱਗੇ ਫੁੱਲਮਾਲਾਵਾਂ ਅਰਪਿਤ ਕਰਕੇ ਅਤੇ ਉਨ੍ਹਾਂ ਨੂੰ ਨਮਨ ਕਰਦੇ ਹੋਏ ਕੀਤੀ ਗਈ।ਇਸ ਮੌਕੇ ਸਾਬਕਾ ਕੈਬਨਿਟ ਮੰਤਰੀ ਸੰਗਤ ਸਿੰਘ ਗਿਲਜੀਆਂ ਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਉਨ੍ਹਾਂ ਦੇ ਨਾਲ ਹੋਰ ਕਈ ਸਮਾਜਿਕ ਅਤੇ ਰਾਜਨੀਤਿਕ ਆਗੂਆਂ ਨੇ ਵੀ ਹਾਜ਼ਰੀ ਲਗਵਾਈ ਤੇ ਬਾਬਾ ਸਾਹਿਬ ਨੂੰ ਸ਼ਰਧਾਂਜਲੀ ਭੇਟ ਕੀਤੀ।ਵਕਤਾਵਾਂ ਪ੍ਰੇਮ ਜੌੜਾ, ਜਗਜੀਵਨ ਜੱਗੀ, ਜਗਦੀਸ਼ ਰਿੰਕਾ, ਵੀਨੂੰ ਪੰਡਿਤ, ਪ੍ਰਧਾਨ ਪ੍ਰਦੀਪ ਰਾਣਾ ਨੇ ਆਪਣੇ ਸੰਬੋਧਨ ਦੌਰਾਨ ਬਾਬਾ ਸਾਹਿਬ ਦੇ ਜੀਵਨ, ਸੰਘਰਸ਼ ਅਤੇ ਉਨ੍ਹਾਂ ਵੱਲੋਂ ਕੀਤੇ ਗਏ ਮਹਾਨ ਯੋਗਦਾਨਾਂ 'ਤੇ ਵਿਸਥਾਰ ਨਾਲ ਚਰਚਾ

ਕੀਤੀ। ਉਨ੍ਹਾਂ ਦੱਸਿਆ ਕਿ ਡਾ. ਅੰਬੇਡਕਰ ਜੀ ਨੇ ਸਿਰਫ ਭਾਰਤ ਦਾ ਸੰਵਿਧਾਨ ਹੀ ਨਹੀਂ ਬਣਾਇਆ, ਸਗੋਂ ਸਮਾਜ ਵਿਚ ਪਿੱਛੜੇ ਵਰਗਾਂ ਨੂੰ ਉਭਾਰਨ ਲਈ ਸਾਰੀ ਉਮਰ ਸੰਘਰਸ਼ ਕੀਤਾ। ਇਸ ਮੌਕੇ ਸਾਬਕਾ ਕੈਬਨਿਟ ਮੰਤਰੀ ਸੰਗਤ ਸਿੰਘ ਗਿਲਜੀਆਂ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਮਹਾਨ ਵਿਅਕਤੀ ਸਨ ਜੋ ਪੂਰੇ ਦੇਸ਼ ਹੀ ਨਹੀਂ ਬਲਕਿ ਦੁਨੀਆਂ ਲਈ ਪ੍ਰੇਰਣਾ ਦਾ ਸਰੋਤ ਹਨ। ਗਿਲਜੀਆਂ ਨੇ ਨੌਜਵਾਨਾਂ ਨੂੰ ਸੰਦੇਸ਼ ਦਿੰਦਿਆਂ ਕਿਹਾ ਕਿ ਸਿੱਖਿਆ ਹੀ ਸਭ ਤੋਂ ਵੱਡਾ ਹਥਿਆਰ ਹੈ, ਜਿਸ ਰਾਹੀਂ ਅਸੀਂ ਆਪਣੀ ਅਤੇ ਸਮਾਜ ਦੀ ਤਰੱਕੀ ਕਰ ਸਕਦੇ ਹਾਂ। ਇਸ ਮੌਕੇ ਬਲਵੰਤ ਰਾਏ, ਰਾਜੇਸ਼ ਲਾਡੀ, ਰਾਕੇਸ਼ ਬਿੱਟੂ ਜਸਵਿੰਦਰ ਕਾਕਾ, ਪ੍ਰਧਾਨ ਪੰਕਜ ਸਚਦੇਵਾ, ਡਾ.ਬਲਦੇਵ ਰਾਜ, ਦੀਪਕ ਮੱਟੂ, ਵਿਨੇ ਖੋਸਲਾ, ਰਮੇਸ਼, ਕਾਲੀ ਰਾਮ, ਕ੍ਰਿਸ਼ਨ ਬਿੱਟੂ, ਮੋਨੂੰ ਖੁਰਾਣਾ, ਅੰਕਿਤ ਪਾਸੀ, ਸਨੀ, ਬਾਬਾ ਰਵੀ, ਸੁਭਾਸ਼, ਰਾਜੂ, ਪ੍ਰਦੀਪ, ਦੀਪਾ, ਰਾਜਾ, ਐਂਡੀ, ਸ਼ੈਰੀ, ਲਕਸ਼, ਨੀਰਜ ਮੱਟੂ, ਜਤਿੰਦਰ ਕਾਲਾ, ਲਖਵੀਰ, ਗੋਪਾਲ, ਬਬਲੂ, ਅਵਿਨਾਸ਼. ਕਿੱਟੂ ਆਦਿ ਮੌਜੂਦ ਸਨ ।

ਸੰਜੀਵਨ ਦੀ ਕਿਤਾਬ 'ਬੜੇ ਚੇਤੇ ਆਉਂਦੇ ਨੇ' ਬਾਰੇ ਵਿਚਾਰ-ਚਰਚਾ 18 ਨੂੰ

ਚੰਡੀਗੜ੍ਹ (ਗੁਰਜੀਤ ਬਿੱਲਾ)- ਸੰਜੀਵਨ ਸਿੰਘ ਦੀ ਨਵ-ਪ੍ਰਕਾਸ਼ਿਤ ਰੰਗਮੰਚੀ, ਸਾਹਿਤਕ, ਸਭਿਆਚਾਰਕ ਅਤੇ ਸਮਾਜਿਕ ਖੇਤਰਾਂ ਦੀਆਂ ਵਿਛੜ ਚੁੱਕੀਆਂ ਸਖਸ਼ੀਅਤਾਂ ਬਾਰੇ ਸ਼ਬਦ-ਚਿੱਤਰਾਂ ਦੀ ਕਿਤਾਬ 'ਬੜੇ ਚੇਤੇ ਆਉਂਦੇ ਨੇ' ਬਾਰੇ ਵਿਚਾਰ-ਚਰਚਾ ਦਾ ਆਜਯੋਜਨ 18 ਅਪ੍ਰੈਲ ਸ਼ਨੀਚਰਵਾਰ ਨੂੰ ਪੰਜਾਬ ਕਲਾ ਭਵਨ, ਸੈਕਟਰ 16, ਚੰਡੀਗੜ੍ਹ ਵਿਖੇ, ਸਵੇਰੇ 10.30 ਵਜੇ ਸਵਪਨ ਫਾਊਡੇਸ਼ਨ, ਪਟਿਆਲਾ ਅਤੇ ਪੰਜਾਬ ਕਲਾ ਪ੍ਰੀਸ਼ਦ, ਚੰਡੀਗੜ੍ਹ ਵੱਲੋਂ

ਕੀਤਾ ਜਾ ਰਿਹਾ ਹੈ।ਇਹ ਜਾਣਕਾਰੀ ਸਵਪਨ ਫਾਊਡੇਸ਼ਨ ਦੇ ਪ੍ਰਧਾਨ ਡਾ. ਕੁਲਪਿੰਦਰ ਸ਼ਰਮਾ ਅਤੇ ਜਨਰਲ ਸੱਕਤਰ ਜਗਦੀਪ ਸਿੱਧੂ ਨੇ ਦਿੰਦਿਆ ਕਿਹਾ ਕਿ ਇਸ ਮੌਕੇ ਪ੍ਰਧਾਨਗੀ ਡਾ. ਲਖਵਿੰਦਰ ਸਿੰਘ ਜੌਹਲ ਅਤੇ ਮੁੱਖ-ਮਹਿਮਾਨ ਪ੍ਰੇਮ ਵਿੱਜ (ਉੱਘੇ ਲੇਖਕ) ਅਤੇ ਵਿਸ਼ੇਸ਼ ਮਹਿਮਾਨ ਕਵਿਤਰੀ ਕੁਲਵਿੰਦਰ ਕੌਮਲ (ਚੇਅਰਪਰਸਨ ਸਪਰਿੰਗਡੇਲ ਇੰਡੀਅਨ ਸਕੂਲ ਸ਼ਾਰਜਾਹ, ਯੂ.ਏ.ਈ.) ਅਤੇ ਮੁੱਖ ਵਕਤਾ ਪਵਨ ਕੁਮਾਰ ਹੋਣਗੇ।

ਹਰਿਆਣਾ ਸਰਕਾਰ ਨੇ ਮੰਗੀਆਂ ਪਦਮ ਪੁਰਸਕਾਰਾਂ ਲਈ ਸਿਫਾਰਸ਼ਾਂ

ਚੰਡੀਗੜ੍ਹ (ਕ੍ਰਿਸ਼ਨ ਗਰਗ)- ਹਰਿਆਣਾ ਸਰਕਾਰ ਨੇ ਪਦਮ ਵਿਭੂਸ਼ਣ, ਪਦਮ ਭੂਸ਼ਣ ਅਤੇ ਪਦਮ ਸ਼੍ਰੀ ਸਮੇਤ ਉੱਘੇ ਪਦਮ ਪੁਰਸਕਾਰਾਂ ਦੀਆਂ ਸਿਫਾਰਿਸ਼ਾਂ ਲਈ ਨਾਮਜ਼ਦਗੀਆਂ ਮੰਗੀਆਂ ਹਨ। ਸਰਵਉਚ ਨਾਗਰਿਕ ਸਨਮਾਨਾਂ ਵਿੱਚ ਸ਼ੁਮਾਰ ਇਨ੍ਹਾਂ ਪੁਰਸਕਾਰਾਂ ਦਾ ਐਲਾਨ 26 ਜਨਵਰੀ, 2027 ਨੂੰ ਗਣਤੰਤਰ ਦਿਵਸ ਮੌਕੇ 'ਤੇ ਕੀਤਾ ਜਾਵੇਗੀ। ਹਰਿਆਣਾ ਦੇ ਮੁੱਖ ਸਕੱਤਰ ਅਨੁਰਾਗ ਰਸਤੋਗੀ ਵੱਲੋਂ ਰਾਜ ਦੇ ਸਾਰੇ ਪ੍ਰਸ਼ਾਸ਼ਕੀ ਸਕੱਤਰਾਂ, ਡਿਵੀਜ਼ਨਲ ਕਮਿਸ਼ਨਰਾਂ ਅਤੇ ਡਿਪਟੀ ਕਮਿਸ਼ਨਰਾਂ ਨੂੰ ਲਿਖੇ ਇੱਕ ਪੱਤਰ ਵਿੱਚ ਨਿਰਦੇਸ਼ ਦਿੱਤੇ ਹਨ ਕਿ ਪਦਮ ਪੁਰਸਕਾਰਾਂ ਲਈ ਸਿਫਾਰਿਸ਼ਾਂ 10 ਜੂਨ, 2026 ਤੱਕ ਭੇਜੀਆਂ ਜਾਣ । ਕੇਂਦਰ ਸਰਕਾਰ ਵੱਲੋਂ ਸਿਰਫ ਆਨਲਾਇਨ ਪੋਰਟਲ **https://awards.gov.in** ਰਾਹੀਂ ਭੇਜੀਆਂ ਗਈਆਂ ਨਾਮਜ਼ਦਗੀਆਂ ਜਾਂ ਸਿਫਾਰਸ਼ਾਂ ਹੀ ਸਵੀਕਾਰ ਕੀਤੀਆਂ ਜਾਣਗੀਆਂ। ਇਸ ਲਈ ਸਿਫਾਰਸ਼ਾਂ ਉਪਯੁਕਤ ਫਾਰਮੈਟ ਵਿੱਚ ਹੀ ਭੇਜੀਆਂ ਜਾਣੀਆਂ ਚਾਹੀਦੀਆਂ ਹਨ।ਇਨ੍ਹਾਂ ਪੁਰਸਕਾਰਾਂ ਲਈ ਆਨਲਾਇਨ ਨਾਮਜ਼ਦਗੀ/ਸਿਫਾਰਸ਼ਾਂ 15 ਮਾਰਚ, 2026 ਤੋਂ ਸ਼ੁਰੂ ਹੋ ਚੁੱਕੀ ਹੈ ਅਤੇ ਨਾਮਜ਼ਦਗੀ ਦੀ ਅੰਤਮ ਮਿਤੀ 31 ਜੁਲਾਈ, 2026 ਹੈ।ਇਹ ਯਤਨ ਕੀਤਾ ਜਾਣਾ ਚਾਹੀਦਾ ਹੈ ਕਿ ਪੁਰਸਕਾਰ ਲਈ ਮਹਿਲਾਵਾਂ, ਸਮਾਜ ਦੇ ਕਮਜ਼ੋਰ ਵਰਗਾਂ, ਅਨੁਸੂਚਿਤ ਜਾਤੀ ਅਤੇ ਅਨੁਸੂਚਿਤ ਜਨਜਾਤੀ, ਦਿਵਆਂਗਜਨਾ ਅਆਦਿ ਵਿੱਚੋਂ ਵੀ ਯੋਗ ਅਤੇ ਪ੍ਰਤਿਭਾਸ਼ਾਲੀ ਵਿਅਕਤੀਆਂ ਦੀ ਪਹਿਚਾਣ ਕੀਤੀ ਜਾਵੇ, ਜੋ ਇਸ ਸਨਮਾਨ ਦੇ ਯੋਗ ਹਨ।

ਤਨਖਾਹ ਕਟੌਤੀ ਨੂੰ ਲੈ ਕੇ 1007 ਦਫ਼ਤਰੀ ਮੁਲਾਜ਼ਮ 18 ਨੂੰ ਆਪਣੇ ਬੱਚੇ ਵਿੱਤ ਮੰਤਰੀ ਦੇ ਘਰ ਛੱਡਣ ਜਾਣਗੇ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- 20 ਸਾਲਾਂ ਤੋਂ ਸਿੱਖਿਆ ਵਿਭਾਗ ਵਿਚ ਤਨਦੇਹੀ ਨਾਲ ਆਪਣੀਆ ਸੇਵਾਵਾਂ ਦੇ ਰਹੇ ਦਫਤਰੀ ਕਰਮਚਾਰੀਆ ਦੀਆ ਤਨਖਾਹਾਂ ਤੇ 31000 ਰੁਪਏ ਪ੍ਰਤੀ ਮਹੀਨਾ ਕੱਟ ਲਗਾਉਣ ਅਤੇ ਬਾਰ ਬਾਰ ਮੀਟਿੰਗਾਂ ਵਚ ਭਰੋਸਾ ਦੇ ਕੇ ਤਨਖਾਹਾਂ ਦਾ ਮਸਲਾ ਹੱਲ ਨਾ ਕਰਨ ਤੋਂ ਰੋਸ ਵਿਚ ਆਏ ਸਿੱਖਿਆ ਵਿਭਾਗ ਦੇ 1007 ਦਫਤਰੀ ਕਰਮਚਾਰੀਆ ਵੱਲੋਂ 18 ਅਪ੍ਰੈਲ ਨੂੰ ਦਿੜਬਾ ਵਿਖੇ ਰੈਲੀ ਕਰਕੇ ਆਪਣੇ ਬੱਚੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਘਰ ਛੱਡਣ ਦਾ ਐਲਾਨ ਕਰ ਦਿੱਤਾ ਹੈ। ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਦੀ ਵਜ਼ਾਰਤ ਵੱਲੋਂ 8 ਸਤੰਬਰ ਨੂੰ ਹੋਈ ਕੈਬਿਨਟ ਮੀਟਿੰਗ ਦੌਰਾਨ 1007 ਕਰਮਚਾਰੀਆ ਦੀ ਤਨਖਾਹ ਤੇ ਕਟੌਤੀ ਕਰਨ ਦਾ ਮਤਾ ਪਾਸ ਕੀਤਾ ਸੀ ਜਿਸ ਦਾ ਨੋਟੀਫਿਕੇਸ਼ਨ 23.09.2025 ਨੂੰ ਕੀਤਾ ਗਿਆ ਪਰ ਵਿੱਤ ਮੰਤਰੀ ਹਰਪਾਲ ਚੀਮਾ ਨਾਲ ਹੋਈਆ ਮੀਟਿੰਗਾਂ ਦੌਰਾਨ ਉਨ੍ਹਾਂ ਵੱਲੋਂ ਬਾਰ ਬਾਰ ਭਰੋਸਾ ਦਿੱਤਾ ਗਿਆ ਕਿ ਤਨਖਾਹ ਦੀ ਕਟੌਤੀ ਨਹੀ ਹੋਵੇਗੀ ਪ੍ਰੰਤੂ ਸਿੱਖਿਆ ਵਿਭਾਗ ਵੱਲੋਂ 24 ਫਰਵਰੀ 2026 ਨੂੰ ਤਨਖਾਹ ਕਟੌਤੀ ਦੇ ਹੁਕਮ ਲਾਗੂ ਕਰ ਦਿੱਤੇ ਗਏ। ਜਿਸ ਉਪਰੰਤ ਮੁਲਜ਼ਮਾਂ ਵੱਲੋਂ ਮੋਹਾਲੀ ਵਿਖੇ ਵੱਡਾ ਇਕੱਠ ਕਰਨ ਉਪਰੰਤ ਚੰਡੀਗੜ੍ਹ ਮੁੱਖ ਮੰਤਰੀ ਦੀ ਰਿਹਾਇਸ਼ ਵੱਲ ਮਾਰਚ ਕੀਤਾ ਜਿਸ ਦੌਰਾਨ ਕਰਮਚਾਰੀਆ ਤੇ ਚੰਡੀਗੜ੍ਹ ਪੁਲਿਸ ਵੱਲੋਂ ਜਲ ਤੋਪਾਂ ਦੀ ਵਰਤੋ ਕੀਤੀ ਗਈ ਪਰ ਮੁਲਾਜਮ ਮੁੱਖ ਮੰਤਰੀ ਜਾਂ ਵਿੱਤ ਮੰਤਰੀ ਨੂੰ ਮਿਲਣ ਤੇ ਅੜੇ ਰਹੇ ਤੇ ਮੋਹਾਲੀ/ਚੰਡੀਗੜ੍ਹ ਪ੍ਰਸ਼ਾਸਨ ਵੱਲੋਂ 27 ਫਰਵਰੀ ਦੀ ਵਿੱਤ ਮੰਤਰੀ ਨਾਲ ਮੀਟਿੰਗ ਤੈਅ ਕਰਵਾਈ। ਵਿੱਤ ਮੰਤਰੀ ਦਫਤਰ ਵੱਲੋਂ 27 ਫਰਵਰੀ ਦੀ ਮੀਟਿੰਗ 5 ਮਾਰਚ ਤੇ ਮੁਲਤਵੀ ਕੀਤੀ ਮੁੜ 6 ਮਾਰਚ, 27 ਮਾਰਚ ਤੇ 10 ਅਪ੍ਰੈਲ ਤੇ ਮੁਲਤਵੀ ਕਰ ਦਿੱਤੀ ਗਈ।10 ਅਪ੍ਰੈਲ ਨੂੰ ਜਦ ਮੁਲਾਜ਼ਮ ਮੀਟਿੰਗ ਕਰਨ ਗਏ ਤਾਂ ਦਫਤਰ ਅਧਿਕਾਰੀਆ ਵੱਲੋਂ ਮੁੜ ਤੋਂ ਮੀਟਿੰਗ ਮੁਲਤਵੀ ਕਰਨ ਦਾ ਸੰਦੇਸ਼ ਦਿੱਤਾ। ਜਿਸ ਨਾਲ ਕਰਮਚਾਰੀਆਂ ਵਿਚ ਰੋਸ ਤੇ ਨਿਰਾਸ਼ਾ ਦੀ ਲਹਿਰ ਹੈ। ਪ੍ਰੈਸ ਬਿਆਨ ਜ਼ਾਰੀ ਕਰਦੇ ਹੋਏ ਜੋਆਇੰਟ ਐਕਸ਼ਨ ਕਮੇਟੀ ਸਰਵ ਸਿੱਖਿਆ ਅਭਿਆਨ ਮਿਡ ਡੇ ਮੀਲ ਦਫਤਰੀ ਕਰਮਚਾਰੀ ਯੂਨੀਅਨ ਦੇ ਆਗੂਆਂ ਨੇ ਕਿਹਾ ਤਨਖਾਹ ਕਟੌਤੀ ਨਾਲ ਕਰਮਚਾਰੀ ਆਪਣੇ ਬੱਚਿਆ ਦਾ ਪਾਲਣ ਪੋਸ਼ਣ ਨਹੀ ਕਰ ਸਕਣਗੇ। ਇਸ ਲਈ ਉਨ੍ਹਾਂ ਫੈਸਲਾ ਕੀਤਾ ਹੈ ਕਿ ਮੁਲਾਜ਼ਮ 18 ਅਪ੍ਰੈਲ ਨੂੰ ਆਪਣੇ ਬੱਚੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਘਰ ਦਿੜਬਾ ਵਿਖੇ ਛੱਡ ਕੇ ਆਉਣਗੇ।

ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਨ ਮਨਾਇਆ

ਨਵਾਂਸ਼ਹਿਰ (ਮਨੋਜ ਲਾਡੀ)-ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਨ ਡਾ. ਅੰਬੇਡਕਰ ਚੌਂਕ ਨਵਾਂਸ਼ਹਿਰ ਵਿਖੇ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਚੌਂਕ ਵਿਚ ਸਥਿਤ ਡਾ . ਅੰਬੇਡਕਰ ਦੇ ਆਦਮ ਕੱਦ ਬੁੱਤ ਨੂੰ ਫੁੱਲ ਮਾਲਾਵਾਂ ਪਹਿਨਾਈਆਂ ਗਈਆਂ ਅਤੇ ਲੱਡੂ ਵੰਡੇ ਗਏ। ਵਿਧਾਇਕ ਨਛੱਤਰ ਪਾਲ ਨੇ ਕਿਹਾ ਅਸੀਂ ਸਾਰੇ ਮਿਲਕੇ ਬਾਬਾ ਸਾਹਿਬ ਦੇ ਸੁਪਨਿਆਂ ਦਾ ਭਾਰਤ ਤਿਆਰ ਕਰਾਂਗੇ। ਉਨ੍ਹਾਂ ਕਿਹਾ ਡਾ. ਅੰਬੇਡਕਰ ਨੇ ਦੇਸ਼ ਅੰਦਰ ਜਾਤ-ਪਾਤ ਦੇ ਭੇਦ-ਭਾਵ ਨੂੰ ਮਿਟਾਉਣ ਲਈ ਅਤੇ ਦਲਿਤ ਲੋਕਾਂ ਲਈ ਸਾਰੀ ਜ਼ਿੰਦਗੀ ਸੰਘਰਸ਼ ਕੀਤਾ ਤੇ ਉਨ੍ਹਾਂ ਨੂੰ ਆਪਣੇ ਅਧਿਕਾਰ ਲੈ ਕੇ ਦਿੱਤੇ। ਉਨ੍ਹਾਂ ਕਿਹਾ ਅੱਜ ਅਸੀਂ ਉਨ੍ਹਾਂ ਦੀ ਬਦੌਲਤ ਹੀ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ ਤੇ ਉੱਚ ਸਿੱਖਿਆ ਪ੍ਰਾਪਤ ਕਰ ਸਕਦੇ ਹਾਂ। ਉਨ੍ਹਾਂ ਦੇ ਸਤਿਕਾਰ ਲਈ ਤੇ ਵਿਸ਼ੇਸ਼ ਤੌਰ ਤੇ ਬਾਬਾ ਸਾਹਿਬ ਅੰਬੇਡਕਰ ਦੇ ਸਟੈਚੂ ਨੂੰ ਨੁਕਸਾਨ ਜਿਹੜਾ ਪਹੁੰਚਾਇਆ ਜਾਂਦਾ ਉਹ ਦੇ ਲਈ ਵੀ ਇੱਕ ਸਖ਼ਤ ਤੋਂ ਸਖ਼ਤ ਕਾਨੂੰਨ ਬਣਾਉਣਾ ਚਾਹੀਦਾ ਹੈ।

ਸਾਂਝਾ ਅਧਿਆਪਕ ਮੋਰਚਾ ਨੇ ਚਰਨਜੀਤ ਸਿੰਘ ਚੰਨੀ ਨੂੰ ਦਿੱਤਾ ਮੰਗ ਪੱਤਰ

ਫਿਲੌਰ (ਨਿਰਮਲ)- ਸਾਂਝਾ ਅਧਿਆਪਕ ਮੋਰਚਾ ਪੰਜਾਬ ਦੇ ਸੱਦੇ ਤੇ ਜ਼ਿਲ੍ਹਾ ਜਲੰਧਰ ਦੇ ਅਧਿਆਪਕਾਂ ਦੇ ਵਫਦ ਵਲੋਂ ਲੋਕ ਸਭਾ ਮੈਂਬਰ ਤੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਮੰਗ ਪੱਤਰ ਦਿੱਤਾ ਗਿਆ ਜਿਸ ਦੀ ਅਗਵਾਈ ਸੁਰਿੰਦਰ ਕੁਮਾਰ ਪੁਆਰੀ ਅਤੇ ਕਰਨੈਲ ਫਿਲੌਰ ਨੇ ਕੀਤੀ। ਇਸ ਸਮੇਂ ਮੰਗ ਪੱਤਰ ਵਿੱਚ

ਦਰਜ ਮੰਗਾਂ ਸਬੰਧੀ ਚਰਨਜੀਤ ਸਿੰਘ ਚੰਨੀ ਨਾਲ਼ ਵਿਸਥਾਰ ਵਿੱਚ ਗੱਲ ਕੀਤੀ ਗਈ। ਆਗੂਆਂ ਨੇ ਮੰਗ ਕੀਤੀ ਕਿ ਅਧਿਆਪਕਾਂ ਦੀ ਸੇਵਾ ਸੁਰੱਖਿਆ ਲਈ ਰਾਜ ਸਭਾ ਵਿੱਚ ਸੰਸਦ ਮੈਂਬਰ ਜੋਹਨ ਬਿਰਟਾਸ (ਸੀ ਪੀ ਆਈ ਐੱਮ) ਕੇਰਲਾ ਵਲੋਂ ਅਧਿਆਪਕਾਂ ਦੀ ਸੇਵਾ ਸੁਰੱਖਿਆ ਲਈ ਪੇਸ਼ ਕੀਤੇ ਪ੍ਰਾਈਵੇਟ ਬਿੱਲ ਨੂੰ ਤਰੁੰਤ ਪਾਸ ਕਰਾਉਣ ਵਿਚ ਸਹਿਯੋਗ ਕੀਤਾ ਜਾਵੇ। ਇਸ ਸਮੇਂ ਲੋਕ ਸਭਾ ਮੈਂਬਰ ਚਰਨਜੀਤ ਸਿੰਘ ਚੰਨੀ ਨੇ ਆਗੂਆਂ ਨੂੰ ਯਕੀਨ ਦੁਆਇਆ ਕਿ ਅਧਿਆਪਕਾਂ ਦੀ ਸੇਵਾ ਸੁਰੱਖਿਆ ਲਈ ਇਸ ਬਿੱਲ ਨੂੰ ਪਾਸ ਕਰਾਉਣ ਲਈ ਹਰ ਤਰ੍ਹਾਂ ਦਾ ਸਹਿਯੋਗ ਕੀਤਾ ਜਾਵੇਗਾ। ਪੁਰਾਣੀ ਪੈਨਸ਼ਨ ਸਕੀਮ ਤੇ ਉਹਨਾਂ ਕਿਹਾ ਹੈ ਕਿ ਜਿੱਥੇ ਜਿੱਥੇ ਵੀ ਕਾਂਗਰਸ ਦੀਆਂ ਸਰਕਾਰਾਂ ਹਨ ਉੱਥੇ ਮੁਲਾਜ਼ਮਾਂ ਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾ ਰਹੀ ਹੈ ਜਿਸ ਦੀ ਉਦਾਹਰਣ ਰਾਜਸਥਾਨ ਤੇ ਹਿਮਾਚਲ ਹਨ, ਉਹਨਾਂ ਕਿਹਾ ਕਿ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੇ ਚੋਣ ਪੱਤਰ ਵਿੱਚ ਪੁਰਾਣੀ ਪੈਨਸ਼ਨ ਸਕੀਮ ਨੂੰ ਸ਼ਾਮਲ ਕੀਤਾ ਜਾਵੇਗਾ ਤੇ ਸਰਕਾਰ ਬਣਨ ਤੇ ਲਾਗੂ ਵੀ ਕੀਤਾ ਜਾਵੇਗਾ। ਇਸ ਮੌਕੇ ਵੱਡੀ ਗਿਣਤੀ ਵਿੱਚ ਅਧਿਆਪਕ ਹਾਜ਼ਰ ਸਨ ਜਿਹਨਾਂ ਵਿਚ ਜਸਪਾਲ ਸੰਧੂ, ਲੇਖ ਰਾਜ ਪੰਜਾਬੀ, ਬੂਟਾ ਰਾਮ ਅਕਲਪੁਰ, ਕੁਲਵੰਤ ਰੁੜਕਾ, ਬਖਸ਼ੀ ਰਾਮ, ਰਾਜਿੰਦਰ ਕੰਗ, ਹਰੀਸ਼ ਕੁਮਾਰ ਔਜਲਾ ਆਦਿ ਹਾਜ਼ਰ ਸਨ।

ਬਾਬਾ ਸਾਹਿਬ ਦਾ ਜਨਮ ਦਿਹਾੜਾ ਭਲਕੇ ਮਨਾਇਆ ਜਾਵੇਗਾ : ਚੁੰਬਰ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- ਨਵਾਂ ਪਿੰਡ ਸ਼ੌਕੀਆ ਦੇ ਸਾਬਕਾ ਸਰਪੰਚ ਨੇ ਕਿਹਾ ਕਿ 17 ਅਪ੍ਰੈਲ ਦਿਨ ਸ਼ੁੱਕਰਵਾਰ ਨੂੰ ਨਵਾਂ ਪਿੰਡ ਸ਼ੌਕੀਆ ਵਿਖੇ ਬਾਬਾ ਸਾਹਿਬ ਦਾ ਜਨਮ ਦਿਹਾੜਾ ਧੂਮਧਾਮ ਨਾਲ ਮਨਾਇਆ ਜਾਵੇਗਾ ਜਿਸ ਦੇ ਮੁੱਖ ਮਹਿਮਾਨ ਗੁਰਮੇਲ ਚੁੰਬਰ, ਰਾਜ ਕੁਮਾਰ ਸਿੱਧਮ ਸੰਮਤੀ ਮੈਂਬਰ ਹੋਣਗੇ। ਵਿਸ਼ੇਸ਼ ਮਹਿਮਾਨ ਬੀਬੀ ਇੰਦਰਜੀਤ ਕੌਰ ਮਾਨ ਕੇ ਐਸ ਮੱਖਣ ਹੋਣਗੇ, ਮੁੱਖ ਬੁਲਾਰੇ, ਡੀ ਡੀ ਅਹੀਰ ਸਾਬਕਾ ਜੱਜ ਇੰਗਲੈਂਡ, ਜਗਦੀਸ਼ ਸ਼ੇਰਪੁਰੀ, ਸਮਾਜ ਸੇਵਕ ਰੋਸ਼ਨ ਮੋਟਰ ਗੈਰਜ ਵਿਜੈ ਮਡਾਸ ਮਾਸਟਰ ਪਵਨ ਜੱਖੂ, ਸੰਦੀਪ ਰਵੀਦਾਸ ਪੁਰਾ, ਸੁਦੇਸ਼ ਚਾਹਲ ਹੋਣਗੇ। ਪਹੁੰਚ ਰਹੇ ਸਾਥੀ ਕੁਲਦੀਪ ਦੀਪਾ ਦੇਬ ਰਾਜ ਸੁੰਮਨ, ਹੰਸ ਰਾਜ ਸਿੱਧੂ

ਨੂਰਮਹਿਲ, ਭੈਣ ਮਨਜੀਤ ਕੌਰ ਮਹਿੰਦਰ ਬਜੂਹੇ ਸਰਵਨ ਸਿੰਘ ਸੱਗੂ, ਨਛੱਤਰ ਥਾਪਰ, ਹਰਮੇਸ਼ ਬੰਗੜ, ਨਛੱਤਰ ਪਾਲ, ਬਿੱਟੂ, ਜਤਿੰਦਰ, ਸੰਤੋਖ ਸਿੰਘ ਹਨ। ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਮੁੱਖ ਧਾਰਾ ਵਿੱਚ ਲਿਆਉਣ ਉਂਕਾਰ ਸਿੰਘ ਬਰਾੜ ਡੀ ਐੱਸ ਪੀ ਨਕੋਦਰ ਤੇ ਐੱਸ ਐੱਚ ਓ ਸਰਦਾਰ ਪਰਮਿੰਦਰ ਸਿੰਘ ਥਾਣਾ ਸਦਰ ਨਕੋਦਰ 6 ਵਜੇ ਸ਼ਾਮ ਨੂੰ ਲੋਕਾਂ ਨੂੰ ਸੰਬੋਧਨ ਕਰਨਗੇ। ਰਾਤ 9 ਵਜੇ ਲਾਦੜੇ ਵਾਲੇ ਬਾਬਾ ਸਾਹਿਬ ਦੀ ਜੀਵਨੀ ਤੇ ਨਾਟਕ ਪੇਸ਼ ਕਰਨਗੇ।

ਖੁੱਡੀਆਂ ਵੱਲੋਂ ਬੇਅਦਬੀ ਵਿਰੁੱਧ ਲਿਆਂਦੇ ਬਿੱਲ ਦਾ ਜ਼ੋਰਦਾਰ ਸਮਰਥਨ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)- ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਪੰਜਾਬ ਵਿਧਾਨ ਸਭਾ ਵਿੱਚ ਪੇਸ਼ ਕੀਤੇ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ, 2026 ਦਾ ਜ਼ੋਰਦਾਰ ਸਮਰਥਨ ਕੀਤਾ, ਜਿਸ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਜਾਂ ਬੇਅਦਬੀ ਦੀ ਕੋਸ਼ਿਸ਼ ਲਈ ਉਮਰ ਕੈਦ ਅਤੇ 25 ਲੱਖ ਤੱਕ ਦੇ ਭਾਰੀ ਜੁਰਮਾਨੇ ਦੀ ਵਿਵਸਥਾ ਹੈ।ਖੁੱਡੀਆਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਗਿਆਨ ਦੀ ਸਦੀਵੀ ਜੋਤ ਦੱਸਦਿਆਂ ਉਨ੍ਹਾਂ ਪ੍ਰਤੀ ਸਿੱਖ ਭਾਈਚਾਰੇ ਦੇ ਡੂੰਘੇ ਸਤਿਕਾਰ ਨੂੰ ਉਜਾਗਰ ਕੀਤਾ। ਉਨ੍ਹਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਮਰਿਆਦਾ ਅਤੇ ਸਤਿਕਾਰ ਦੇ ਬਾਵਜੂਦ ਵਾਰ-ਵਾਰ ਬੇਅਦਬੀ ਦੀਆਂ ਘਟਨਾਵਾਂ 'ਤੇ ਦੁੱਖ ਪ੍ਰਗਟ ਕੀਤਾ।ਬੇਅਦਬੀ ਦੇ ਅਣਸੁਲਝੇ ਮਾਮਲਿਆਂ 'ਤੇ ਅਫ਼ਸੋਸ ਪ੍ਰਗਟ ਕਰਦਿਆਂ ਖੁੱਡੀਆਂ ਨੇ 1986 ਵੇਲੇ ਦੀਆਂ ਬੇਅਦਬੀ ਦੀਆਂ ਘਟਨਾਵਾਂ ਨੂੰ ਚੇਤੇ ਕੀਤਾ, ਜਦੋਂ ਅਖੌਤੀ ਪੰਥਕ ਸਰਕਾਰ ਸੱਤਾ ਵਿੱਚ ਸੀ। ਉਨ੍ਹਾਂ ਨੇ ਇਸ ਗੱਲ 'ਤੇ ਡੂੰਘੀ ਨਾਰਾਜ਼ਗੀ ਜ਼ਾਹਰ ਕੀਤੀ ਕਿ ਇਸ ਸਬੰਧੀ ਜਸਟਿਸ ਗੁਰਨਾਮ ਸਿੰਘ ਰਿਪੋਰਟ ਨੂੰ ਅਣਡਿੱਠਾ ਕਰਕੇ ਪਤਾ ਨਹੀਂ ਕਿਹੜੇ ਖੱਲ-ਖੂੰਜੇ ਵਿੱਚ ਦਫ਼ਨਾ ਦਿੱਤਾ ਗਿਆ। ਪਿਛਲੀਆਂ ਸਰਕਾਰਾਂ ਦੀ ਤਿੱਖੀ ਆਲੋਚਨਾ ਕਰਦਿਆਂ ਖੁੱਡੀਆਂ ਨੇ ਦੋਸ਼ ਲਾਇਆ ਕਿ ਬੇਅਦਬੀ ਦੇ ਮਾਮਲਿਆਂ ਵਿੱਚ ਸ਼ਾਮਲ ਜਾਂ ਲਾਪਰਵਾਹੀ ਕਰਨ ਵਾਲੇ ਅਧਿਕਾਰੀਆਂ/ਕਰਮਚਾਰੀਆਂ ਨੂੰ ਬਾਅਦ ਵਿੱਚ ਅਖੌਤੀ ਪੰਥਕ ਸਰਕਾਰ ਵੱਲੋਂ ਵੱਡੇ ਅਹੁਦੇ ਦੇ ਕੇ ਨਿਵਾਜਿਆ ਗਿਆ। ਇਸ ਤੋਂ ਵੱਧ ਸ਼ਰਮਨਾਕ ਕੀ ਹੋ ਸਕਦਾ ਹੈ? 1986 ਦੀ ਘਟਨਾ ਲਈ ਜ਼ਿੰਮੇਵਾਰ ਇੱਕ ਆਈ.ਏ.ਐਸ. ਅਤੇ ਇੱਕ ਆਈ.ਪੀ.ਐਸ. ਅਧਿਕਾਰੀ ਨੂੰ ਵੱਡੇ ਅਹੁਦੇ ਦਿੱਤੇ ਗਏ। ਅਕਾਲੀ ਦਲ ਦੀ ਸਰਕਾਰ ਵੇਲੇ ਅਜਿਹੇ ਲੋਕਾਂ ਨੂੰ ਹਮੇਸ਼ਾ ਬਚਾ ਕੇ ਰੱਖਿਆ ਗਿਆ। ਇਸ ਤੋਂ ਬਾਅਦ ਖੇਤੀਬਾੜੀ ਮੰਤਰੀ ਨੇ 2015 ਵਿੱਚ ਬਰਗਾੜੀ, ਕੋਟਕਪੂਰਾ ਅਤੇ ਬਹਿਬਲ ਕਲਾਂ ਵਿਖੇ ਹੋਈਆਂ ਬੇਅਦਬੀ ਦੀਆਂ ਘਟਨਾਵਾਂ ਬਾਰੇ ਗੱਲ ਕੀਤੀ। ਉਨ੍ਹਾਂ ਕਿਹਾ, ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਵਿੱਤਰ ਸਰੂਪ ਚੋਰੀ ਕੀਤੇ ਗਏ ਅਤੇ ਬੇਅਦਬੀ ਕੀਤੀ ਗਈ। ਜਦੋਂ ਸੰਗਤ ਇਸ ਦੇ ਵਿਰੋਧ ਵਿੱਚ ਸੜਕਾਂ 'ਤੇ ਉਤਰੀ ਤਾਂ ਤਤਕਾਲੀ ਉਪ ਮੁੱਖ ਮੰਤਰੀ ਨੇ ਸੜਕਾਂ ਨੂੰ ਖਾਲੀ ਕਰਵਾਇਆ ਅਤੇ ਸ਼ਾਂਤੀਪੂਰਨ ਪ੍ਰਦਰਸ਼ਨਕਾਰੀਆਂ 'ਤੇ ਗੋਲੀ ਚਲਾਈ ਗਈ। ਬਾਅਦ ਵਿੱਚ ਉਨ੍ਹਾਂ ਅਧਿਕਾਰੀਆਂ ਨੂੰ ਅਹੁਦੇ ਦੇ ਕੇ ਇਨਾਮ ਦਿੱਤਾ ਗਿਆ।

ਲੋਕ ਬਸਪਾ ਨੂੰ ਪੰਜਾਬ ਦੀ ਸੇਵਾ ਦਾ ਇੱਕ ਮੌਕਾ ਦੇਣ : ਕਰੀਮਪੁਰੀ

ਧੂਰੀ (ਮਨੋਹਰ ਸਿੰਘ ਸੱਗੂ)- ਸਰਕਾਰੀ ਦਾਅਵਿਆਂ ਦੇ ਬਾਵਜੂਦ ਪੰਜਾਬ ਅੰਦਰ ਨਸ਼ਿਆਂ ਦੀ ਨਿਰੰਤਰ ਹੋਮ ਡਲਿਵਰੀ ਹੋ ਰਹੀ ਹੈ ਅਤੇ ਡਰੱਗ ਮਾਫ਼ੀਆ ਬੇਖੌਫ਼ ਆਪਣਾ ਕਾਰੋਬਾਰ ਚਲਾ ਰਿਹਾ ਹੈ ਤੇ ਆਏ ਦਿਨ ਮਾਵਾਂ ਦੇ ਪੁੱਤ ਤੇ ਭੈਣਾਂ ਦੇ ਭਰਾ ਨਸ਼ਿਆਂ ਦੀ ਭੇਂਟ ਚੜ੍ਹ ਰਹੇ ਹਨ। ਉਪਰੋਕਤ ਸ਼ਬਦ ਬਹੁਜਨ ਸਮਾਜ ਪਾਰਟੀ ਦੇ ਸੂਬਾ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ ਨੇ ਇੱਥੇ ਇੱਕ ਪੈਲੇਸ 'ਚ ਭਾਰਤ ਰਤਨ ਬਾਬਾ ਸਾਹਿਬ ਡਾ: ਭੀਮ ਰਾਓ ਅੰਬੇਦਕਰ ਦੇ ਜਨਮ ਦਿਹਾੜੇ 'ਤੇ ਹੋਈ ਸੂਬਾ ਪੱਧਰੀ ਰੈਲੀ 'ਚ ਸ਼ਮੂਲੀਅਤ ਕਰਨ ਤੋਂ ਪਹਿਲਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਖੇ।ਉਨ੍ਹਾਂ ਭਗਵੰਤ ਮਾਨ ਸਰਕਾਰ ਨੂੰ ਵਾਅਦਿਆਂ ਤੋਂ ਮੁਕਰਨ ਵਾਲੀ ਸਰਕਾਰ ਗਰਦਾਨਿਆ ਤੇ ਕਿਹਾ ਕਿ ਸਰਕਾਰ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਕਰਨ ਦੇ ਦਾਅਵਿਆਂ ਦੇ ਉਲਟ ਨਸ਼ਿਆਂ ਦਾ ਰੁਝਾਨ ਵਧਿਆ ਹੈ ਤੇ ਭ੍ਰਿਸ਼ਟਾਚਾਰ ਬਾਦਸਤੂਰ ਜਾਰੀ ਹੈ। ਕਰੀਮਪੁਰੀ ਨੇ ਬਾਬਾ ਸਾਹਿਬ ਦੇ ਜਨਮ ਦਿਹਾੜੇ 'ਤੇ ਦੇਸ਼ ਵਾਸੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਭਗਵੰਤ ਮਾਨ ਸਰਕਾਰ ਦੇ ਹੁਣ ਤੱਕ ਦੇ ਕਾਰਜਕਾਲ 'ਚ ਸ਼ਰਾਰਤੀ ਅਨਸਰਾਂ ਵੱਲੋਂ 9 ਵਾਰ ਬਾਬਾ ਸਾਹਿਬ ਦੇ ਬੁੱਤ ਤੋੜੇ ਗਏ, ਪਰ ਸਰਕਾਰ ਨੇ ਸੁਰੱਖਿਆ ਨਹੀਂ ਦਿੱਤੀ। ਉਨ੍ਹਾਂ ਲੋਕਾਂ ਨੂੰ ਬਸਪਾ ਦੀ 'ਪੰਜਾਬ ਸੰਭਾਲੋ' ਮੁਹਿੰਮ ਦਾ ਹਿੱਸਾ ਬਣਕੇ 2027 ਦੀਆਂ ਚੋਣਾਂ 'ਚ ਪੰਜਾਬ ਨੂੰ ਉਜਾੜਨ ਵਾਲਿਆਂ ਅਕਾਲੀ-ਭਾਜਪਾ ਤੇ ਕਾਂਗਰਸ ਨੂੰ ਹਰਾਉਣ ਅਤੇ ਭਗਵੰਤ ਮਾਨ ਸਰਕਾਰ ਨੂੰ ਸੱਤਾ ਤੋਂ ਲਾਂਭੇ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਬਲਦੇਵ ਮਹਿਰਾ ਸੂਬਾ ਜਨਰਲ ਸਕੱਤਰ, ਪਰਜਾਪਤ ਸਮਾਜ ਦੇ ਅਜੀਤ ਭੈਣੀ, ਸਾਬਕਾ ਵਿਧਾਇਕ ਨਿਰਮਲ ਸਿੰਘ ਨਿੰਮਾ, ਜੋਗਾ ਸਿੰਘ ਪਨੌਦੀਆ, ਸਕੱਤਰ ਚਮਕੌਰ ਸਿੰਘ ਵੀਰ, ਡਾ: ਮੱਖਣ ਸਿੰਘ ਸੂਬਾ ਸਕੱਤਰ ,ਪੰਜਾਬ ਇੰਚਾਰਜ ਤੀਰਥ ਬੈਨੀਪਾਲ , ਪ੍ਰੀਤਮ ਸਿੰਘ ਜੌਹਲ , ਸਾਬਕਾ ਜਿਲ੍ਹਾ ਪ੍ਰਧਾਨ ਅਮਰੀਕ ਸਿੰਘ ਕੈਂਥ ਅਤੇ ਚਰਨਜੀਤ ਸਿੰਘ ਕੈਂਥ ਆਦਿ ਵੀ ਮੌਜੂਦ ਸਨ।

'ਆਪ' ਸਰਕਾਰ ਨੇ ਕਿਸਾਨਾਂ ਦੀ ਕਣਕ ਨੂੰ ਮੰਡੀਆਂ 'ਚ ਰੋਲਿਆ : ਸਤਪਾਲ ਪੂਨੀਆਂ

ਪਟਿਆਲਾ (ਰਾਜਿੰਦਰ ਸਿੰਘ ਥਿੰਦ)- ਬੀਜੇਪੀ ਦੇ ਸੀਨੀਅਰ ਆਗੂ ਸਤਪਾਲ ਪੂਨੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਕੁੰਭਕਰਨੀ ਨੀਂਦ ਸੁੱਤੀ ਪਈ ਹੈ, ਕਿਸਾਨ ਮੰਡੀਆਂ 'ਚ ਰੁਲ ਰਹੇ ਹਨ, ਲੱਖਾਂ ਟਨ ਕਣਕ ਮੰਡੀਆਂ ਵਿਚ ਪਹੁੰਚ ਚੁੱਕੀ ਹੈ। ਰੋਜ਼ਾਨਾ ਮੌਸਮ ਖਰਾਬ ਹੋ ਰਿਹਾ ਹੈ, ਜਿਸ ਕਰ ਕੇ ਕਿਸਾਨਾਂ ਦੇ ਸਾਹ ਸੁੱਕੇ ਪਏ ਹਨ ਪਰ ਕੇਂਦਰ ਤੇ ਪੰਜਾਬ ਸਰਕਾਰ ਵੱਲੋਂ ਫਸਲ ਦੀ ਖਰੀਦ ਨਹੀਂ ਕੀਤੀ ਜਾ ਰਹੀ, ਜਿਸ ਕਾਰਨ ਹਾਹਾਕਾਰ ਮਚੀ ਹੋਈ ਹੈ। ਕਿਸਾਨ ਬੇਹੱਦ ਨਿਰਾਸ਼ ਹਨ। ਉਹਨਾਂ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ 'ਤੇ ਦੋਸ਼ ਲਗਾਇਆ ਕਿ ਸਰਕਾਰ ਦੀ ਮਿਲੀਭੁਗਤ ਕਾਰਨ ਮੰਡੀਆਂ ਵਿੱਚ ਕਿਸਾਨਾਂ ਦੀ ਫ਼ਸਲ ਰੁਲ ਰਹੀ ਹੈ, ਪ੍ਰੰਤੂ ਸਰਕਾਰ ਕਣਕ ਦੀ ਖ਼ਰੀਦ ਪ੍ਰਤੀ ਬੇਖ਼ਬਰ ਹੈ। ਸਤਪਾਲ ਪੂਨੀਆਂ ਨੇ ਵਿਧਾਨ ਸਭਾ ਹਲਕੇ ਸਨੌਰ ਅਧੀਨ ਪੈਂਦੀਆਂ ਮੰਡੀਆਂ ਦਾ ਦੌਰਾ ਕਰਨ ਉਪਰੰਤ ਪੰਜੋਲਾ ਅਨਾਜ ਮੰਡੀ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਨ ਸਮੇਂ ਇਹਨਾਂ ਵਿਚਾਰਾਂ ਦਾ ਪਰਗਟਾਵਾ ਕੀਤਾ।ਇਸ ਦੌਰਾਨ ਆੜ੍ਹਤੀਆਂ ਤੇ ਕਿਸਾਨਾਂ ਨੇ ਦੱਸਿਆ ਕਿ ਅਜੇ ਤੱਕ ਇਕ ਦਾਣਾ ਵੀ ਨਹੀਂ ਖਰੀਦਿਆ ਗਿਆ। ਲੋਕ ਕਈ ਕਈ ਦਿਨ ਤੋਂ ਮੰਡੀਆਂ 'ਚ ਬੈਠੇ ਹਨ। ਮੰਡੀਆਂ ਵਿਚ ਸਹੂਲਤਾਂ ਵੀ ਨਹੀਂ ਹਨ। ਰੋਜ਼ਾਨਾ ਮੌਸਮ ਖਰਾਬ ਹੋ ਰਿਹਾ ਹੈ। ਸਰਕਾਰ ਨੇ ਸਮੇਂ ਸਿਰ ਖਰੀਦ ਪ੍ਰਬੰਧ ਮੁਕੰਮਲ ਨਹੀਂ ਕੀਤੇ। ਅਜੇ ਤੱਕ ਢੋਆ-ਢੁਆਈ ਦਾ ਟੈਂਡਰ ਨਹੀਂ ਲੱਗਿਆ, ਕਿਸੇ ਵੀ ਖਰੀਦ ਏਜੰਸੀ ਵੱਲੋਂ ਬੋਲੀ ਨਹੀਂ ਕੀਤੀ ਗਈ। ਵਧੀਆ ਕੁਆਲਿਟੀ ਵਾਲੀ ਕਣਕ ਵਿਚ ਵੀ ਨੁਕਸ ਕੱਢ ਕੇ ਜਾਣਬੁੱਝ ਕੇ ਕਿਸਾਨਾਂ ਨੂੰ ਜਲੀਲ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਦੁਰਦਸ਼ਾ ਲਈ ਕੇਂਦਰ ਅਤੇ ਪੰਜਾਬ ਸਰਕਾਰ ਦੋਨੋਂ ਬਰਾਬਰ ਦੇ ਜ਼ਿੰਮੇਵਾਰ ਹਨ।ਇਸ ਮੌਕੇ ਵੱਡੀ ਗਿਣਤੀ ਵਿਚ ਕਿਸਾਨ ਅਤੇ ਆੜ੍ਹਤੀ ਹਾਜ਼ਰ ਸਨ।

ਮਲਕੀਤ ਸਿੰਘ ਗੁਰਾਇਆ ਨੂੰ ਬਣਾਇਆ ਕਾਂਗਰਸ ਕਮੇਟੀ ਦਾ ਜ਼ਿਲ੍ਹਾ ਵਾਈਸ ਪ੍ਰਧਾਨ

ਚੀਮਾ ਮੰਡੀ (ਰਵਿੰਦਰ ਚੀਮਾ)- ਪੰਜਾਬ ਪ੍ਰਦੇਸ਼ ਕਾਂਗਰਸ ਵੱਲੋਂ ਸ੍ਰ ਮਲਕੀਤ ਸਿੰਘ ਗੁਰਾਇਆ ਨੂੰ ਜਿਲਾ ਸੰਗਰੂਰ ਦਾ ਕਾਂਗਰਸ ਕਮੇਟੀ ਦਾ ਵਾਈਸ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ ਮਲਕੀਤ ਸਿੰਘ ਗੁਰਾਇਆ ਨੇ ਦੱਸਿਆ ਕਿ ਹਾਈ ਕਮਾਂਡ ਵੱਲੋਂ ਜੋ ਉਹਨਾਂ ਦੀ ਡਿਊਟੀ ਲਗਾਈ ਗਈ ਹੈ ਉਹ ਆਪਣੀ ਡਿਊਟੀ ਪੂਰੀ ਤਨ ਮਨ ਧਨ ਨਾਲ ਨਿਭਾਉਣਗੇ ਅਤੇ ਹਾਈ ਕਮਾਂਡ ਨੂੰ ਕੋਈ ਵੀ ਸ਼ਿਕਾਇਤ ਦਾ ਮੌਕਾ ਨਹੀਂ ਦੇਣਗੇ ਇਸ ਮੌਕੇ ਉਹਨਾਂ ਨੇ ਰਜਿੰਦਰ ਸਿੰਘ ਰਾਜਾ ਬੀਰ ਕਲਾਂ ਅਤੇ ਸਮੁੱਚੀ ਕਾਂਗਰਸ ਲੀਡਰਸ਼ਿਪ ਦਾ ਦਿਲੋਂ ਧੰਨਵਾਦ ਕੀਤਾ ਹੈ ਜਿਨਾਂ ਨੇ ਉਸ ਨੂੰ ਇਹ ਡਿਊਟੀ ਦੇਣ ਲਈ ਸਮਰੱਥ ਸਮਝਿਆ ਹੈ ।

ਕੇਂਦਰ ਤੇ ਪੰਜਾਬ ਸਰਕਾਰ ਵੱਲੋਂ ਫਸਲ ਦੀ ਖਰੀਦ ਨਹੀਂ ਕੀਤੀ ਜਾ ਰਹੀ : ਰਾਜਿੰਦਰ ਸਿੰਘ

ਪਟਿਆਲਾ (ਰਾਜਿੰਦਰ ਸਿੰਘ ਥਿੰਦ)- ਕਾਂਗਰਸ ਪਾਰਟੀ ਦੇ ਸੀਨੀਅਰ ਆਗੂ, ਹਲਕਾ ਸਮਾਣਾ ਦੇ ਸਾਬਕਾ ਵਿਧਾਇਕ ਰਾਜਿੰਦਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਕੁੰਭਕਰਨੀ ਨੀਂਦ ਸੁੱਤੀ ਪਈ ਹੈ, ਕਿਸਾਨ ਮੰਡੀਆਂ ਚ ਰੁਲ ਰਹੇ ਹਨ, ਲੱਖਾਂ ਟਨ ਕਣਕ ਮੰਡੀਆਂ ਵਿਚ ਪਹੁੰਚ ਚੁੱਕੀ ਹੈ। ਰੋਜ਼ਾਨਾ ਮੌਸਮ ਖਰਾਬ ਹੋ ਰਿਹਾ ਹੈ, ਜਿਸ ਕਰ ਕੇ ਕਿਸਾਨਾਂ ਦੇ ਸਾਹ ਸੁੱਕੇ ਪਏ ਹਨ ਪਰ ਕੇਂਦਰ ਤੇ ਪੰਜਾਬ ਸਰਕਾਰ ਵੱਲੋਂ ਫਸਲ ਦੀ ਖਰੀਦ ਨਹੀਂ ਕੀਤੀ ਜਾ ਰਹੀ, ਜਿਸ ਕਾਰਨ ਹਾਹਾਕਾਰ ਮਚੀ ਹੋਈ ਹੈ। ਕਿਸਾਨ ਬੇਹੱਦ ਨਿਰਾਸ਼ ਹਨ। ਉਹਨਾਂ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਅਤੇ ਕੇਂਦਰ ਦੀ ਮੋਦੀ ਸਰਕਾਰ 'ਤੇ ਦੋਸ਼ ਲਗਾਇਆ ਕਿ ਇਹਨਾਂ ਦੀ ਮਿਲੀਭੁਗਤ ਕਾਰਨ ਮੰਡੀਆਂ ਵਿੱਚ ਕਿਸਾਨਾਂ ਦੀ ਫ਼ਸਲ ਰੁਲ ਰਹੀ ਹੈ, ਪ੍ਰੰਤੂ ਦੋਵੇਂ ਸਰਕਾਰਾਂ ਕਣਕ ਦੀ ਖ਼ਰੀਦ ਪ੍ਰਤੀ ਬੇਖ਼ਬਰ ਹਨ ਅਤੇ ਅੰਨਦਾਤਾ ਮੰਡੀਆਂ ਵਿੱਚ ਰੁਲ ਰਿਹਾ ਹੈ। ਇਸ ਦੌਰਾਨ ਆੜ੍ਹਤੀਆਂ ਤੇ ਕਿਸਾਨਾਂ ਨੇ ਦੱਸਿਆ ਕਿ ਅਜੇ ਤੱਕ ਇਕ ਦਾਣਾ ਵੀ ਨਹੀਂ ਖਰੀਦਿਆ ਗਿਆ। ਲੋਕ ਕਈ ਕਈ ਦਿਨ ਤੋਂ ਮੰਡੀਆਂ 'ਚ ਬੈਠੇ ਹਨ। ਮੰਡੀਆਂ ਵਿਚ ਸਹੂਲਤਾਂ ਵੀ ਨਹੀਂ ਹਨ। ਰੋਜ਼ਾਨਾ ਮੌਸਮ ਖਰਾਬ ਹੋ ਰਿਹਾ ਹੈ।ਰਜਿੰਦਰ ਸਿੰਘ ਨੇ ਕਿਹਾ ਕਿ ਕਾਂਗਰਸ ਸਰਕਾਰ ਸਮੇਂ ਕਦੇ ਵੀ ਕਿਸਾਨਾਂ ਨੂੰ ਸਮੱਸਿਆ ਨਹੀਂ ਆਈ। ਸਰਕਾਰ ਨੇ ਸਮੇਂ ਸਿਰ ਖਰੀਦ ਪ੍ਰਬੰਧ ਮੁਕੰਮਲ ਨਹੀਂ ਕੀਤੇ। ਪਰ ਅਜੇ ਤੱਕ ਢੋਆ-ਢੁਆਈ ਦਾ ਟੈਂਡਰ ਨਹੀਂ ਲੱਗਿਆ, ਕਿਸੇ ਵੀ ਖਰੀਦ ਏਜੰਸੀ ਵੱਲੋਂ ਬੋਲੀ ਨਹੀਂ ਕੀਤੀ ਗਈ। ਵਧੀਆ ਕੁਆਲਿਟੀ ਵਾਲੀ ਕਣਕ ਵਿਚ ਵੀ ਨੁਕਸ ਕੱਢ ਕੇ ਜਾਣਬੁੱਝ ਕੇ ਕਿਸਾਨਾਂ ਨੂੰ ਜਲੀਲ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਦੁਰਦਸ਼ਾ ਲਈ ਕੇਂਦਰ ਅਤੇ ਪੰਜਾਬ ਸਰਕਾਰ ਦੋਨੋਂ ਬਰਾਬਰ ਦੇ ਜ਼ਿੰਮੇਵਾਰ ਹਨ।ਇਸ ਮੌਕੇ ਸੀਨੀਅਰ ਆੜ੍ਹਤੀ ਆਗੂ ਚਿਮਨ ਲਾਲ ਡਕਾਲਾ, ਬਿਸ਼ਨ ਪ੍ਰਕਾਸ਼, ਰਾਜ ਕੁਮਾਰ ਡਕਾਲਾ, ਆੜ੍ਹਤੀ ਐਸੋਸੀਏਸ਼ਨ ਡਕਾਲਾ ਦੇ ਪ੍ਰਧਾਨ ਅਤੁਲ ਗੋਇਲ, ਬਲਾਕ ਸੰਮਤੀ ਦੇ ਸਾਬਕਾ ਪ੍ਰਧਾਨ ਤਰਸੇਮ ਝੰਡੀ, ਦੀਪਕ ਬਾਂਸਲ ਡਕਾਲਾ, ਗਿਆਨ ਬਠੋਈ, ਪ੍ਰਦੀਪ ਸਿੰਘ, ਰਾਜ ਕੁਮਾਰ, ਸ਼ਾਮ ਲਾਲ, ਨੈਬ ਸਿੰਘ ਭਾਨਰੀ, ਬਲਾਕ ਕਾਂਗਰਸ, ਪ੍ਰਧਾਨ ਮੇਘ ਰਾਜ, ਲਲਿਤ ਮਿੱਤਲ, ਮਿਲਨ ਦੀਪ ਸਿੰਘ, ਨੰਬਰਦਾਰ ਸ਼ੀਤਲ ਸਿੰਘ ਭਾਨਰਾ, ਦਵਿੰਦਰ ਸਿੰਘ ਸਰਪੰਚ ਰਾਮਗੜ੍ਹ, ਲਾਡੀ ਮੈਣ, ਬੌਬੀ ਰਾਮਗੜ੍ਹ, ਸਿੱਪੀ ਡਕਾਲਾ, ਜਸਵਿੰਦਰ ਸਿੰਘ ਸਾਬਕਾ ਸਰਪੰਚ ਦੁੱਧੜ, ਰਣਜੀਤ ਸਿੰਘ ਡਕਾਲਾ, ਬਲਰਾਮ ਡਕਾਲਾ, ਬਾਗ ਸਿੰਘ, ਬਲਬੀਰ ਸਿੰਘ ਕੱਲਰਭੈਣੀ ਤੋਂ ਇਲਾਵਾ ਵੱਡੀ ਗਿਣਤੀ ਵਿਚ ਕਿਸਾਨ ਅਤੇ ਆੜ੍ਹਤੀ ਹਾਜ਼ਰ ਸਨ।

ਖਾਲਸਾ ਸਾਜਨਾ ਦਿਵਸ ਨੂੰ ਸਮਰਪਤ ਦਸਤਾਰ ਚੇਤਨਾ ਮਾਰਚ

ਮੋਗਾ (ਇਕਬਾਲ ਸਿੰਘ ਖਹਿਰਾ)- ਬਾਬਾ ਮਹਿੰਗਾ ਸਿੰਘ ਪਾਰਕ ਟੀਮ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸਮੂਹ ਨਗਰ ਨਿਵਾਸੀ ਅਤੇ ਬੂਟਾ ਸਿੰਘ ਦੌਲਤਪੁਰਾ ਦੀ ਅਗਵਾਈ ਹੇਠ ਖਾਲਸਾ ਸਾਜਨਾ ਦਿਵਸ ਨੂੰ ਸਮਰਪਤ ਦੌਲਤਪੁਰਾ ਉੱਚਾ ਤੇ ਨੀਵਾਂ ਵਿੱਚ ਦਸਤਾਰ ਚੇਤਨਾ ਮਾਰਚ ਕੀਤਾ ਗਿਆ। ਇਹ ਚੇਤਨਾ ਮਾਰਚ ਗੁਰਦੁਆਰਾ ਸਮ ਸਾਹਿਬ ਤੋਂ ਆਰੰਭ ਹੋ ਕੇ ਵੱਖ ਵੱਖ ਮੁਹੱਲਿਆਂ ਬਾਜ਼ਾਰਾਂ ਵਿੱਚ ਦੀ ਹੁੰਦਾ ਹੋਇਆ ਗੁਰਦੁਆਰਾ ਸਾਹਿਬ ਵਿੱਚ ਹੀ ਸਮਾਪਤ ਹੋਇਆ।ਇਸ ਦਸਤਾਰ ਚੇਤਨਾ ਮਾਰਚ ਦੌਰਾਨ ਲੋਕਾਂ ਵੱਲੋਂ ਜਿੱਥੇ ਚਾਹ ਪਾਣੀ ਫਰੂਟ ਅਤੇ ਜਲੇਬੀਆਂ ਦੇ ਲੰਗਰ ਲਗਾਏ ਗਏ, ਉਥੇ ਹੀ ਪਿੰਡ ਵਾਸੀਆਂ ਵੱਲੋਂ ਭਾਰੀ ਉਤਸ਼ਾਹ ਨਾਲ ਇਸ ਦਸਤਾਰ ਚੇਤਨਾ ਮਾਰਚ ਦਾ ਸਵਾਗਤ ਕੀਤਾ ਗਿਆ।ਇਸ ਮਾਰਚ ਦੇ ਅੰਤ ਵਿੱਚ ਗੁਰਦੁਆਰਾ ਸਾਹਿਬ ਵਿੱਚ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਪ੍ਰਚਾਰਕ ਅਜਮੇਰ ਸਿੰਘ, ਐਡਵੋਕੇਟ ਰਾਜਵਿੰਦਰ ਸਿੰਘ, ਨਵਾਬ ਕਪੂਰ ਸਿੰਘ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਰਾਜਿੰਦਰ ਸਿੰਘ ਡੱਲਾ, ਬੂਟਾ ਸਿੰਘ ਦੌਲਤਪੁਰਾ, ਗੁਰਦੁਆਰਾ ਕਮੇਟੀ ਦੇ ਪ੍ਰਧਾਨ ਸਾਧੂ ਸਿੰਘ ਵੱਲੋਂ ਮਾਰਚ ਵਿੱਚ ਇਕੱਤਰ ਹੋਏ ਬੱਚਿਆਂ ਨੂੰ ਸਿੱਖ ਇਤਿਹਾਸ ਤੇ ਪ੍ਰੰਪਰਾਵਾਂ ਤੋਂ ਜਾਣੂ ਕਰਵਾਉਂਦਿਆਂ ਸਮਾਜਿਕ ਕੁਰੀਤੀਆਂ ਤੋਂ ਦੂਰ ਰਹਿਣ ਅਤੇ ਨਸ਼ਾ ਰਹਿਤ ਹੋਣ ਦੀ ਪ੍ਰੇਰਨਾ ਕੀਤੀ। ਇਸ ਮੌਕੇ ਰਾਜਿੰਦਰ ਸਿੰਘ ਡੱਲਾ ਵੱਲੋਂ 45 ਦੇ ਕਰੀਬ ਬੱਚਿਆਂ ਨੂੰ ਦਸਤਾਰਾਂ ਤਕਸੀਮ ਕੀਤੀਆਂ ਗਈਆਂ ਅਤੇ ਬੱਚਿਆਂ ਨੂੰ ਕੇਸਾਧਾਰੀ ਹੋਕੇ ਦਸਤਾਰ ਸਜਾਉਣ ਦੀ ਪ੍ਰੇਰਿਤ ਕੀਤਾ।

ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ 'ਚ ਮਨਾਇਆ ਵਿਸਾਖੀ ਦਾ ਤਿਉਹਾਰ

ਹਠੂਰ (ਨਛੱਤਰ ਸੰਧੂ)- ਇਲਾਕੇ ਦੀ ਮੋਹਰੀ ਵਿਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ ਵਿਸਾਖੀ ਦਾ ਤਿਉਹਾਰ ਬਹੁਤ ਹੀ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਸਪੈਸ਼ਲ ਅਸੈਂਬਲੀ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਸਕੂਲ ਅਧਿਆਪਕ ਨੇ ਆਪਣੇ ਭਾਸ਼ਣ ਰਾਹੀਂ ਇਸ ਵਿਸ਼ੇਸ਼ ਦਿਨ ਤੋਂ ਜਾਣੂ ਕਰਵਾਇਆ। ਇਸ ਮੌਕੇ ਵਿਦਿਆਰਥੀਆਂ ਦੁਆਰਾ ਸ਼ਬਦ ਗਾਇਨ ਕੀਤਾ ਗਿਆ। ਜਿਸ ਦਾ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੇ ਬਹੁਤ ਹੀ ਸ਼ਰਧਾ ਨਾਲ ਉਚਾਰਨ ਕੀਤਾ। ਇਸ ਤੋਂ ਬਿਨਾਂ ਗਿੱਧਾ ਤੇ ਭੰਗੜਾ ਪੇਸ਼ ਕੀਤਾ ਗਿਆ। ਇਸ ਮੌਕੇ ਮੌਜੂਦ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਚਰਨ ਸਿੰਘ, ਚੇਅਰਮੈਨ ਯੋਗਿੰਦਰ ਪ੍ਰਸ਼ਾਦ ਸ਼ਰਮਾ ਵੱਲੋਂ ਵਿਦਿਆਰਥੀਆਂ ਦੁਆਰਾ ਪੇਸ਼ ਕੀਤੇ ਗਏ ਇਸ ਰੰਗਾਰੰਗ ਪ੍ਰੋਗਰਾਮ ਦੀ ਸ਼ਲਾਘਾ ਕੀਤੀ ਗਈ। ਪ੍ਰਿੰਸੀਪਲ ਕੁੰਜੂਮੋਲ ਜੋਅ ਤੇ ਵਾਇਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਸਮੂਹ ਸਟਾਫ ਤੇ ਵਿਦਿਆਰਥੀਆਂ ਨੂੰ ਇਸ ਵਿਸ਼ੇਸ਼ ਦਿਨ ਦੀ ਵਧਾਈ ਦਿੰਦੇ ਹੋਏ ਆਪਣੇ ਸੱਭਿਆਚਾਰ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ।

ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ 200 ਕਾਰਡ ਬਣਾਏ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ /ਪੂਜਾ)- ਸਥਾਨਕ ਕੋਟਕਪੂਰਾ ਰੋਡ ਸਥਿਤ ਨਾਰਿੰਦਰਾ ਸੀ.ਐਸ.ਸੀ ਅਕੈਡਮੀ ਵਿਖੇ ਪੰਜਾਬ ਸਰਕਾਰ ਦੀ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ (ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਕੈਸ਼ਲੈੱਸ ਇਲਾਜ) ਮੁਫ਼ਤ ਕਾਰਡ ਬਣਾਉਣ ਦਾ ਕੈਂਪ ਲਗਾਇਆ ਗਿਆ। ਅਕੈਡਮੀ ਦੇ ਸੰਚਾਲਕ ਨਰਿੰਦਰ ਸਿੰਘ ਸੰਧੂ ਨੇ ਦੱਸਿਆ ਕਿ ਜ਼ਿਲ੍ਹਾ ਸਿਹਤ ਵਿਭਾਗ ਦੇ ਸਹਿਯੋਗ ਨਾਲ ਸਿਵਲ ਸਰਜਨ ਡਾ. ਸੁਨੀਲ ਬਾਂਸਲ ਦੀ ਯੋਗ ਅਗਵਾਈ ਹੇਠ ਪਿੰਡ ਚੱਕ ਗਾਂਧਾ ਸਿੰਘ ਵਾਲਾ ਤੇ ਮਾਡਲ ਟਾਊਨ ਵਿਖੇ ਕੈਂਪ ਲਗਾ ਕੇ 200 ਕਾਰਡ ਬਣਾਏ ਗਏ। ਇਹਨਾਂ ਕੈਂਪਾਂ ਨੂੰ ਸਿਰੇ ਚੜਾਉਣ ਵਿੱਚ ਸਮਾਜ ਸੇਵੀ ਸੰਸਥਾ ਸੰਕਲਪ ਐਜੂਕੇਸ਼ਨਲ ਵੈਲਫੇਅਰ ਸੋਸਾਇਟੀ (ਰਜਿ.) ਦਾ ਵਿਸ਼ੇਸ਼ ਸਹਿਯੋਗ ਰਿਹਾ। ਮੁਫ਼ਤ ਕਾਰਡ ਬਣਾਉਣ ਲਈ ਲਾਏ ਇਸ ਕੈਂਪ ਨੂੰ ਸਿਰੇ ਚਾੜ੍ਹਨ ਬਦਲੇ ਨਰਿੰਦਰ ਸਿੰਘ ਸੰਧੂ ਨੇ ਜ਼ਿਲਾ ਪ੍ਰਸ਼ਾਸਨ, ਜ਼ਿਲ੍ਹਾ ਸਿਹਤ ਵਿਭਾਗ,ਆਪਰੇਟਰ ਪਰਵੀਨ ਰਾਣੀ, ਆਸ਼ਾ ਵਰਕਰ ਬਲਜੀਤ ਕੌਰ, ਸੀਮਾ ਰਾਣੀ, ਵੀਰਪਾਲ ਕੌਰ ਤੇ ਵੀਨਾ ਰਾਣੀ ਦਾ ਧੰਨਵਾਦ ਕੀਤਾ।

ਰਕਸ਼ਾ ਪਲੇਵੇ ਸਕੂਲ 'ਚ ਵਿਸਾਖੀ ਧੂਮਧਾਮ ਨਾਲ ਮਨਾਈ

ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ): ਰਕਸ਼ਾ ਪਲੇਵੇ ਸਕੂਲ ਵਿੱਚ ਨੰਨ੍ਹੇ-ਮੁੰਨੇ ਬੱਚਿਆਂ ਵੱਲੋਂ ਵਿਸਾਖੀ ਦਾ ਤਿਉਹਾਰ ਬੜੇ ਹੀ ਉਤਸ਼ਾਹ ਤੇ ਧੂਮਧਾਮ ਨਾਲ ਮਨਾਇਆ ਗਿਆ।ਇਸ ਮੌਕੇ ਬੱਚਿਆਂ ਨੇ ਰੰਗ-ਬਿਰੰਗੇ ਲਿਬਾਸ ਪਹਿਨ ਕੇ ਪ੍ਰੋਗਰਾਮ ਵਿੱਚ ਭਾਗ ਲਿਆ ਤੇ ਵਿਸਾਖੀ ਦੀਆਂ ਖੁਸ਼ੀਆਂ ਮਨਾਈਆਂ। ਸਕੂਲ ਦੀ ਪ੍ਰਿੰਸੀਪਲ ਸਵਾਤੀ ਕਾਲੜਾ ਨੇ ਦੱਸਿਆ ਕਿ ਵਿਸਾਖੀ ਸਿਰਫ਼ ਫਸਲ ਕੱਟਣ ਦਾ ਤਿਉਹਾਰ ਹੀ ਨਹੀਂ, ਸਗੋਂ ਆਪਸੀ ਭਾਈਚਾਰੇ, ਪਿਆਰ ਤੇ ਇਕਤਾ ਦਾ ਪ੍ਰਤੀਕ ਵੀ ਹੈ।ਉਨ੍ਹਾਂ ਬੱਚਿਆਂ ਨੂੰ ਇਸ ਤਿਉਹਾਰ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਤੇ ਮਿਲਜੁਲ ਕੇ ਰਹਿਣ ਦਾ ਸੰਦੇਸ਼ ਦਿੱਤਾ।ਉਨ੍ਹਾਂ ਹੋਰ ਦੱਸਿਆ ਕਿ ਵਿਸਾਖੀ ਪੰਜਾਬ ਦਾ ਪ੍ਰਮੁੱਖ ਤਿਉਹਾਰ ਹੈ, ਜੋ ਕਿਸਾਨਾਂ ਲਈ ਨਵੀਂ ਫਸਲ ਦੀਆਂ ਖੁਸ਼ੀਆਂ ਲੈ ਕੇ ਆਉਂਦਾ ਹੈ।ਇਸੇ ਦਿਨ ਸਿੱਖ ਪੰਥ ਵਿੱਚ ਖਾਲਸਾ ਪੰਥ ਦੀ ਸਥਾਪਨਾ ਹੋਈ ਸੀ, ਜਿਸ ਕਾਰਨ ਇਹ ਦਿਨ ਇਤਿਹਾਸਕ ਤੇ ਧਾਰਮਿਕ ਤੌਰ 'ਤੇ ਵੀ ਬਹੁਤ ਮਹੱਤਵਪੂਰਨ ਹੈ।ਪ੍ਰੋਗਰਾਮ ਦੌਰਾਨ ਬੱਚਿਆਂ ਨੇ ਵੱਖ-ਵੱਖ ਸੰਸਕ੍ਰਿਤਕ ਗਤੀਵਿਧੀਆਂ ਵਿੱਚ ਭਾਗ ਲਿਆ, ਜਿਸ ਨਾਲ ਸਕੂਲ ਦਾ ਮਾਹੌਲ ਪੂਰੀ ਤਰ੍ਹਾਂ ਮੇਲੇ ਵਰਗਾ ਬਣ ਗਿਆ।ਇਸ ਮੌਕੇ ਚਾਹਤ ਕੌਸ਼ਲ, ਪਰਨੀਤ ਕੌਰ, ਕ੍ਰਿਸ਼ਨਾ ਸ਼ਰਮਾ, ਦਿਵਿਆ ਨਾਰੰਗ ਸਮੇਤ ਹੋਰ ਅਧਿਆਪਕ ਮੌਜੂਦ ਸਨ।

ਵਿਸਾਖੀ 'ਤੇ ਅਦਾਰਾ ਡੀ ਡੀ ਐੱਸ ਦੀ ਵੈੱਬਸਾਈਟ ਲਾਂਚ

ਧੂਰੀ, (ਸੁਖਦੇਵ ਧੂਰੀ)- ਅਦਾਰਾ ਡੀ ਡੀ ਐਸ (ਧੂਰੀ ਦੀ ਸਵੇਰ) ਅਖਬਾਰ ਅਤੇ ਨਿਊਜ਼ ਚੈਨਲ ਵੱਲੋਂ ਵਿਸਾਖੀ ਦੇ ਇਤਿਹਾਸਕ ਦਿਹਾੜੇ 'ਤੇ ਆਪਣੀ ਵੈੱਬਸਾਈਟ ਨੂੰ ਲਾਂਚ ਕੀਤਾ। ਇਸ ਮੌਕੇ ਗਊ ਸੇਵਾ ਕਮਿਸ਼ਨ ਪੰਜਾਬ ਦੇ ਚੇਅਰਮੈਨ ਅਸ਼ੋਕ ਕੁਮਾਰ ਲੱਖਾ, ਫੂਡ ਪ੍ਰੋਸੈਸਿੰਗ ਉਦਯੋਗ ਪੰਜਾਬ ਦੇ ਮੈਂਬਰ ਜਸਵੀਰ ਸਿੰਘ ਜੱਸੀ ਸੇਖੋਂ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸਤਿੰਦਰ ਸਿੰਘ ਚੱਠਾ, ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਕਾਤਰੋਂ, ਪੰਜਾਬ ਜਰਨਲਿਜ਼ਮ ਐਸੋਸੀਏਸ਼ਨ ਦੇ ਧੂਰੀ ਦੇ ਪ੍ਰਧਾਨ ਲਖਵੀਰ ਸਿੰਘ ਧਾਂਦਰਾ, ਵਿਕਾਸ ਵਰਮਾ (ਰਾਜਾ) ਨਰੇਸ਼ ਅੱਤਰੀ, ਸੁਰਿੰਦਰ ਸਿੰਘ ਰਾਣਾ, ਅਤੇ ਪੰਜਾਬ ਜਰਨਲਿਜ਼ਮ ਐਸੋਸੀਏਸ਼ਨ ਪ੍ਰੈਸ ਦੇ ਮੈਂਬਰ, ਉੱਘੇ ਸਮਾਜ ਸੇਵੀ ਬਾਂਸਲ (ਬਾਂਸਲ ਸਵੀਟਸ ਵਾਲੇ), ਜਨਕ ਰਾਜ ਮੀਮਸਾ, ਪੰਚਾਇਤੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਮਿੰਟੂ ਨਾਗਪਾਲ ਅਤੇ ਸਮੂਹ ਮੈਂਬਰਾਂ, ਸੰਦੀਪ ਸਿੰਗਲਾ, ਬੀ ਕੇ ਕਲਸੀ, ਅਵਤਾਰ ਸਿੰਘ ਚਕੋਹੀ, ਭਗਵਾਨ ਵਿਸ਼ਵਕਰਮਾ ਮੰਦਿਰ ਕਮੇਟੀ ਪ੍ਰਧਾਨ ਕੁਲਵੀਰ ਸਿੰਘ ਨੰਨੜੇ ਅਤੇ ਸਮੂਹ ਮੈਂਬਰ, ਮਹੰਤ ਪੂਜਾ ਟੀਮ ਅਤੇ ਅਦਾਰਾ ਡੀ ਡੀ ਐਸ ਦੀ ਸਮੁੱਚੀ ਟੀਮ ਅਤੇ ਸ਼ਹਿਰ ਦੀਆਂ ਸਮਾਜਿਕ, ਧਾਰਮਿਕ ਸੰਸਥਾਵਾਂ ਵੱਲੋਂ ਅਦਾਰਾ ਡੀ ਡੀ ਐਸ (ਧੂਰੀ ਦੀ ਸਵੇਰ) ਅਖਬਾਰ ਦੇ ਮੁੱਖ ਸੰਪਾਦਕ ਸੁਖਵਿੰਦਰ ਸਿੰਘ ਪਲਾਹਾ ਨੂੰ ਸਨਮਾਨਤ ਕੀਤਾ ਅਤੇ ਵੈਬਸਾਇਟ ਲਾਂਚ ਕਰਨ 'ਤੇ ਮੁਬਾਰਕਬਾਦ ਦਿੱਤੀ। ਇਸ ਮੌਕੇ ਸੁਖਵਿੰਦਰ ਸਿੰਘ ਪਲਾਹਾ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ।

ਕਣਕ ਦੀ ਖਰੀਦ ਨਾ ਸ਼ੁਰੂ ਹੋਣ ਕਾਰਨ ਕਿਸਾਨ, ਮਜ਼ਦੂਰ ਪ੍ਰੇਸ਼ਾਨ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)- ਸਥਾਨਕ ਅਨਾਜ ਮੰਡੀ ਵਿੱਚ ਕਣਕ ਦੀ ਖਰੀਦ ਸ਼ੁਰੂ ਨਾ ਹੋਣ ਕਾਰਨ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜਿਸ ਦੇ ਰੋਸ ਵਜੋਂ ਅੱਜ ਭਾਈ ਲਾਲੋ ਪੰਜਾਬੀ ਮੰਚ ਦੇ ਆਗੂ ਹਰਜੀਤ ਸਿੰਘ ਖਿਆਲੀ ਦੀ ਅਗਵਾਈ ਹੇਠ ਮਾੜੇ ਪ੍ਰਬੰਧਾਂ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਹਰਜੀਤ ਸਿੰਘ ਖਿਆਲੀ ਨੇ ਸਰਕਾਰ 'ਤੇ ਤਿੱਖੇ ਨਿਸ਼ਾਨੇ ਸਾਧਦਿਆਂ ਕਿਹਾ ਕਿ ਇੱਕ ਪਾਸੇ ਸਰਕਾਰ 24 ਘੰਟਿਆਂ ਵਿੱਚ ਫ਼ਸਲ ਖਰੀਦਣ ਅਤੇ ਅਦਾਇਗੀ ਕਰਨ ਦੇ ਵੱਡੇ-ਵੱਡੇ ਦਾਅਵੇ ਕਰ ਰਹੀ ਹੈ, ਪਰ ਜ਼ਮੀਨੀ ਹਕੀਕਤ ਇਹ ਹੈ ਕਿ ਕਿਸਾਨ ਤੇ ਮਜ਼ਦੂਰ ਪਿਛਲੇ 5 ਦਿਨਾਂ ਤੋਂ ਮੰਡੀਆਂ ਵਿੱਚ ਰੁਲਣ ਲਈ ਮਜਬੂਰ ਹਨ। ਉਨ੍ਹਾਂ ਅੱਗੇ ਕਿਹਾ ਕਿ ਖ਼ਰਾਬ ਮੌਸਮ ਕਾਰਨ ਪਹਿਲਾਂ ਹੀ ਫ਼ਸਲਾਂ ਦਾ ਭਾਰੀ ਨੁਕਸਾਨ ਹੋ ਚੁੱਕਾ ਹੈ ਅਤੇ ਝਾੜ ਵੀ ਘੱਟ ਨਿਕਲ ਰਿਹਾ ਹੈ, ਪਰ ਹੁਣ ਅੰਨਦਾਤਾ ਆਪਣੀ ਫ਼ਸਲ ਨੂੰ ਵੇਚਣ ਲਈ ਮੰਡੀਆਂ ਵਿੱਚ ਖੱਜਲ-ਖੁਆਰ ਹੋ ਰਿਹਾ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਤੁਰੰਤ ਖਰੀਦ ਪ੍ਰਕਿਰਿਆ ਸ਼ੁਰੂ ਨਾ ਕੀਤੀ ਗਈ ਤਾਂ ਆਉਣ ਵਾਲੇ ਦਿਨਾਂ ਵਿੱਚ ਸਮੂਹ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਇਸ ਸਮੇਂ ਨੰਬਰਦਾਰ ਜਸਵੰਤ ਸਿੰਘ ਕਲਾਲ ਮਾਜਰਾ, ਬੇਅੰਤ ਸਿੰਘ, ਕਾਲਾ ਸਿੰਘ, ਚੀਨਾ, ਤਾਰਾ ਸਿੰਘ, ਗੁਰਦੀਪ ਸਿੰਘ ਅਤੇ ਨਿਰਮਲ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਤੇ ਮਜ਼ਦੂਰ ਹਾਜ਼ਰ ਸਨ।

ਦਰਸ਼ਨ ਮਿੱਤਲ ਵੱਲੋਂ ਅਗਰਵਾਲ ਧਰਮਸ਼ਾਲਾ ਦੀ ਪ੍ਰਧਾਨਗੀ ਲਈ ਨਾਮਜ਼ਦਗੀ ਪੱਤਰ ਦਾਖ਼ਲ

ਸਮਾਣਾ (ਇਕਬਾਲ ਸਿੰਘ ਬੱਲ)- ਅਗਰਵਾਲ ਧਰਮਸ਼ਾਲਾ ਦੀਆਂ ਹੋਣ ਜਾ ਰਹੀਆਂ ਚੋਣਾਂ ਨੂੰ ਲੈ ਕੇ ਸ਼ਹਿਰ ਵਿੱਚ ਸਿਆਸੀ ਸਰਗਰਮੀਆਂ ਤੇਜ਼ ਹੋ ਗਈਆਂ ਹਨ। ਇਸੇ ਕੜੀ ਤਹਿਤ ਪ੍ਰਧਾਨਗੀ ਦੇ ਮਜ਼ਬੂਤ ਦਾਅਵੇਦਾਰ ਦਰਸ਼ਨ ਮਿੱਤਲ ਨੇ ਆਪਣੇ ਸਮਰਥਕਾਂ ਸਮੇਤ ਚੋਣ ਕਮੇਟੀ ਕੋਲ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ। ਨਾਮਜ਼ਦਗੀ ਪ੍ਰਕਿਰਿਆ ਸ਼ੁਰੂ ਕਰਨ ਤੋਂ ਪਹਿਲਾਂ ਦਰਸ਼ਨ ਮਿੱਤਲ ਨੇ ਮਹਾਰਾਜ ਅਗਰਸੈਨ ਦੇ ਚਰਨਾਂ ਵਿੱਚ ਮੱਥਾ ਟੇਕਿਆ ਅਤੇ ਅਗਰਵਾਲ ਭਾਈਚਾਰੇ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਇਸ ਮੌਕੇ ਉਨ੍ਹਾਂ ਦੇ ਨਾਲ ਭਾਰੀ ਗਿਣਤੀ ਵਿੱਚ ਬਰਾਦਰੀ ਦੇ ਮੋਹਤਬਰ ਵਿਅਕਤੀ ਮੌਜੂਦ ਸਨ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦਰਸ਼ਨ ਮਿੱਤਲ ਨੇ ਕਿਹਾ ਕਿ ਮੈਂ ਸੰਸਥਾ ਦੇ ਨਿਯਮਾਂ ਅਤੇ ਚੋਣ ਕਮੇਟੀ ਵੱਲੋਂ ਨਿਰਧਾਰਤ ਸਾਰੀਆਂ ਸ਼ਰਤਾਂ ਦਾ ਪੂਰਨ ਸਤਿਕਾਰ ਕਰਦਾ ਹਾਂ। ਮੇਰਾ ਮੁੱਖ ਮਕਸਦ ਅਗਰਵਾਲ ਧਰਮਸ਼ਾਲਾ ਦੀ ਬਿਹਤਰੀ ਅਤੇ ਸਮੁੱਚੇ ਭਾਈਚਾਰੇ ਨੂੰ ਇੱਕਮੁੱਠ ਕਰਕੇ ਲੋਕ ਸੇਵਾ ਦੇ ਕਾਰਜਾਂ ਨੂੰ ਅੱਗੇ ਵਧਾਉਣਾ ਹੈ।ਨਾਮਜ਼ਦਗੀ ਦੌਰਾਨ ਪਹੁੰਚੇ ਅਗਰਵਾਲ ਭਾਈਚਾਰੇ ਦੇ ਲੋਕਾਂ ਨੇ ਦਰਸ਼ਨ ਮਿੱਤਲ ਦੇ ਹੱਕ ਵਿੱਚ ਨਾਅਰੇਬਾਜ਼ੀ ਕਰਦਿਆਂ ਉਨ੍ਹਾਂ ਨੂੰ ਪੂਰਨ ਸਮਰਥਨ ਦੇਣ ਦਾ ਐਲਾਨ ਕੀਤਾ।ਇਸ ਮੌਕੇ ਸ਼ਹਿਰ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਵੋਟਰ ਮੌਜੂਦ ਸਨ।

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ 'ਵਰਸਿਟੀ ਵੱਲੋਂ ਅਗਲੇ ਅਕਾਦਮਿਕ ਸੈਸ਼ਨ ਲਈ ਪ੍ਰਾਸਪੈਕਟਸ ਜਾਰੀ

ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)- ਆਪਣੀ ਅਕਾਦਮਿਕ ਯਾਤਰਾ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਸਾਬਤ ਹੁੰਦੇ ਹੋਏ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ, ਨੇ ਅਕਾਦਮਿਕ ਸੈਸ਼ਨ 2026-27 ਲਈ ਆਪਣਾ ਪ੍ਰਾਸਪੈਕਟਸ ਅਧਿਕਾਰਿਕ ਤੌਰ 'ਤੇ ਜਾਰੀ ਕੀਤਾ। ਨਵਾਂ ਪ੍ਰੋਸਪੈਕਟਸ ਭਵਿੱਖ-ਕੇਂਦਰਿਤ ਸਿੱਖਿਆ, ਆਧੁਨਿਕ ਖੋਜ ਅਤੇ ਵਿਦਿਆਰਥੀਆਂ ਦੇ ਸਰਬੰਗੀਣ ਵਿਕਾਸ ਪ੍ਰਤੀ ਯੂਨੀਵਰਸਿਟੀ ਦੀ ਵਚਨਬੱਧਤਾ ਨੂੰ ਦਰਸਾਉਂਦਾ ਇੱਕ ਦੂਰਦਰਸ਼ੀ ਦਸਤਾਵੇਜ਼ ਹੈ।ਇਹ ਪ੍ਰਾਸਪੈਕਟਸ ਇੱਕ ਗੰਭੀਰ ਅਤੇ ਸ਼ਾਨਦਾਰ ਸਮਾਰੋਹ ਦੌਰਾਨ ਜਾਰੀ ਕੀਤਾ ਗਿਆ, ਜਿਸ ਵਿੱਚ ਯੂਨੀਵਰਸਿਟੀ ਦੇ ਪ੍ਰਮੁੱਖ ਅਧਿਕਾਰੀ ਸ਼ਾਮਲ ਹੋਏ, ਜਿਨ੍ਹਾਂ ਵਿੱਚ ਪ੍ਰੋ. ਪਰਿਤ ਪਾਲ ਸਿੰਘ (ਵਾਈਸ-ਚਾਂਸਲਰ), ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ (ਡੀਨ ਅਕਾਦਮਿਕ ਮਾਮਲੇ), ਪ੍ਰੋ. ਤੇਜਬੀਰ ਸਿੰਘ (ਰਜਿਸਟਰਾਰ), ਪ੍ਰੋ. ਨਵਦੀਪ ਕੌਰ (ਡੀਨ ਰਿਸਰਚ), ਡਾ. ਸਿਕੰਦਰ ਸਿੰਘ (ਡੀਨ ਵਿਦਿਆਰਥੀ ਭਲਾਈ) ਅਤੇ ਡਾ. ਰਾਹੁਲ ਬਦਰੂ (ਕਨਵੀਨਰ, ਦਾਖ਼ਲਾ ਸੈੱਲ) ਸ਼ਾਮਲ ਸਨ। ਇਸ ਮੌਕੇ 'ਤੇ ਫੈਕਲਟੀ ਮੈਂਬਰਾਂ ਡਾ. ਰਿਚਾ ਬਰਾੜ (ਗਣਿਤ ਵਿਭਾਗ) ਅਤੇ ਡਾ. ਦੀਪਕ ਕੁਮਾਰ (ਅਰਥਸ਼ਾਸਤਰ ਵਿਭਾਗ) ਨੇ ਵੀ ਹਾਜ਼ਰੀ ਭਰੀ। ਆਪਣੇ ਸੰਬੋਧਨ ਦੌਰਾਨ ਵਾਈਸ-ਚਾਂਸਲਰ ਪ੍ਰੋ. ਪਰਿਤ ਪਾਲ ਸਿੰਘ ਨੇ ਕਿਹਾ ਕਿ ਇਹ ਪ੍ਰਾਸਪੈਕਟਸ ਸਿਰਫ਼ ਕੋਰਸਾਂ ਦੀ ਸੂਚੀ ਨਹੀਂ ਹੈ, ਬਲਕਿ ਯੂਨੀਵਰਸਿਟੀ ਦੇ ਵਿਜ਼ਨ ਅਤੇ ਮੁੱਲਾਂ ਦੀ ਪ੍ਰਤੀਕ ਹੈ। ਪੰਜਾਬ ਦੀ ਧਾਰਮਿਕ ਅਤੇ ਸੰਸਕ੍ਰਿਤਿਕ ਵਿਰਾਸਤ ਵਿੱਚ ਜੜ੍ਹੀ ਹੋਈ ਇਹ ਸੰਸਥਾ ਸਿਰਫ਼ ਡਿਗਰੀਧਾਰਕ ਨਹੀਂ ਤਿਆਰ ਕਰਦੀ, ਸਗੋਂ ਅਜਿਹੇ ਸੰਵੇਦਨਸ਼ੀਲ ਅਤੇ ਜ਼ਿੰਮੇਵਾਰ ਨਾਗਰਿਕ ਤਿਆਰ ਕਰਦੀ ਹੈ ਜੋ ਇੱਕ ਮਨੁੱਖੀ, ਨੈਤਿਕ ਅਤੇ ਟਿਕਾਊ ਭਵਿੱਖ ਦੀ ਰਚਨਾ ਵਿੱਚ ਯੋਗਦਾਨ ਪਾ ਸਕਣ।



ਸਿਵਲ ਹਸਪਤਾਲ ਤਲਵੰਡੀ ਸਾਬੋ 'ਚ ਲਾਇਆ ਖੂਨ ਦਾਨ ਕੈਂਪ

ਤਲਵੰਡੀ ਸਾਬੋ (ਜਗਦੀਪ ਗਿੱਲ)- ਸਿਹਤ ਵਿਭਾਗ ਬਠਿੰਡਾ ਦੁਆਰਾ ਸਿਵਲ ਸਰਜਨ ਡਾਕਟਰ ਤਪਿੰਦਰ ਜੋਤ ਦੀ ਯੋਗ ਅਗਵਾਈ ਹੇਠ ਅਤੇ ਸਬ ਡਵੀਜ਼ਨਲ ਦੇ ਐੱਸ.ਐੱਮ.ਓ. ਰਵੀ ਕਾਂਤ ਦੀ ਸਮੁੱਚੀ ਦੇਖ ਰੇਖ ਹੇਠ ਲਗਾਏ ਗਏ ਖੂਨਦਾਨ ਕੈਂਪ ਬਾਰੇ ਜਾਣਕਾਰੀ ਦਿੰਦਿਆਂ ਬਲੱਡ ਬੈਂਕ ਦੇ ਡਾਕਟਰ ਰਿਤਿਕਾ ਅਤੇ ਡਾਕਟਰ ਗੁੰਜਣ ਨੇ ਦੱਸਿਆ ਕਿ ਵਿਸਾਖੀ ਦੇ ਮੌਕੇ ਜਿੱਥੇ ਸੰਗਤਾਂ ਨਤਮਸਤਕ ਹੋਣ ਪਹੁੰਚ ਰਹੀਆਂ ਹਨ, ਉੱਥੇ ਹੀ ਸਿਹਤ ਵਿਭਾਗ ਬਠਿੰਡਾ ਵੱਲੋਂ ਮਾਨਵਤਾ ਦੀ ਭਲਾਈ ਲਈ ਇਹ ਉਪਰਾਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਗਰਮੀ ਦੇ ਮੌਸਮ ਵਿੱਚ ਅਕਸਰ ਬਲੱਡ ਬੈਂਕਾਂ ਵਿੱਚ ਖੂਨ ਦੀ ਕਮੀ ਹੋ ਜਾਂਦੀ ਹੈ, ਜਿਸ ਨੂੰ ਪੂਰਾ ਕਰਨ ਲਈ ਕੈਂਪ 'ਚ ਇਕੱਤਰ ਕੀਤਾ 140 ਯੂਨਿਟ ਖੂਨ ਬਹੁਤ ਸਹਾਇਕ ਸਿੱਧ ਹੋਵੇਗਾ।ਐੱਸ ਐਮ ਓ ਦੀ ਪ੍ਰੇਰਨਾ ਸਦਕਾ ਸਿਹਤ ਕਰਮਚਾਰੀਆਂ ਅਤੇ ਪੁਲਿਸ ਕਰਮਚਾਰੀਆਂ ਸਮੇਤ 65 ਲੋਕਾਂ ਨੇ ਖੂਨ ਦਾਨ ਕੀਤਾ। ਇਸ ਮੌਕੇ ਡਾ. ਅੰਕੁਰ ਸਿੰਗਲਾ ਮਨੋਰੋਗ ਮਾਹਰ ਨੇ ਵੀ ਰਕਤ ਦਾਨ ਕਰਕੇ ਲੋਕਾਂ ਨੂੰ ਪ੍ਰੇਰਿਤ ਕੀਤਾ। ਇਸ ਦੇ ਨਾਲ ਹੀ ਜਗਸੀਰ ਸਿੰਘ (ਸਬ ਇੰਸਪੈਕਟਰ, ਪੰਜਾਬ ਪੁਲਿਸ), ਸੁਰਿੰਦਰ ਸ਼ਰਮਾ (ਹੈੱਡ ਕਾਂਸਟੇਬਲ, ਪੰਜਾਬ ਪੁਲਿਸ), ਸੀਨੀਅਰ ਫਾਰਮੇਸੀ ਅਫਸਰ ਜਸਬੀਰ ਸਿੰਘ, ਰੇਡੀਓਗ੍ਰਾਫਰ ਵਰਿੰਦਰ ਸਿੰਘ, ਫਾਰਮੇਸੀ ਅਫਸਰ ਗਗਨਦੀਪ ਕੌਰ ਸੰਧੂ ਵੱਲੋਂ ਵੀ ਖੂਨ ਦਾਨ ਕੀਤਾ।

ਸੁਖਵਿੰਦਰ ਸਿੰਘ ਸੱਤੂ ਬਡਰੁੱਖਾਂ ਪੰਜਾਬ ਪ੍ਰਦੇਸ਼ ਕਾਂਗਰਸ ਦੇ ਜ਼ਿਲ੍ਹਾ ਜਨਰਲ ਸਕੱਤਰ ਬਣੇ

ਸੰਗਰੂਰ (ਪ੍ਰਵੀਨ ਸਿੰਘ)- ਪੰਜਾਬ ਪ੍ਰਦੇਸ਼ ਕਾਂਗਰਸ ਪਾਰਟੀ ਵੱਲੋਂ ਲੰਘੇ ਦਿਨ ਜਿਲ੍ਹਾ ਸੰਗਰੂਰ ਕਮੇਟੀ ਦੇ ਨਵੇਂ ਅਹੁਦੇਦਾਰਾਂ ਦੀ ਸੂਚੀ ਜਾਰੀ ਕੀਤੀ ਗਈ ਹੈ। ਜਿਸ ਵਿੱਚ ਸੁਖਵਿੰਦਰ ਸਿੰਘ ਸੱਤੂ ਬਡਰੁੱਖਾਂ ਨੂੰ ਜਨਰਲ ਸਕੱਤਰ ਜ਼ਿਲਾ ਕਾਂਗਰਸ ਕਮੇਟੀ ਨਿਯੁਕਤ ਕੀਤਾ ਗਿਆ ਹੈ। ਕਾਂਗਰਸ ਪਾਰਟੀ ਵੱਲੋਂ ਨਿਯੁਕਤੀ ਮਿਲਣ 'ਤੇ ਸੁਖਵਿੰਦਰ ਸਿੰਘ ਸੱਤੂ ਨੇ ਕਾਂਗਰਸ ਪ੍ਰਧਾਨ ਸ੍ਰ ਅਮਰਿੰਦਰ ਸਿੰਘ ਰਾਜਾ ਵੜਿੰਗ ਸਾਬਕਾ ਕੈਬਨਿਟ ਮੰਤਰੀ ਸ਼੍ਰੀ ਵਿਜੇਂਦਰ ਸਿੰਗਲਾ ਜੀ,ਸ਼੍ਰੀ ਵਿਪਨ ਸ਼ਰਮਾ ਓ ਐਸ ਡੀ ਰਾਜਾ ਵੜਿੰਗ,ਜ਼ਿਲ੍ਹਾ ਪ੍ਰਧਾਨ ਜਗਦੇਵ ਗਾਗਾ, ਰਾਜਿੰਦਰ ਦੀਪਾ, ਜਸਵਿੰਦਰ ਧੀਮਾਨ, ਰਾਜਾ ਬੀਰ ਕਲਾਂ, ਭਰਤ ਗਰਗ ਪੀ.ਏ. ਵਿਜੇਂਦਰ ਸਿੰਗਲਾ, ਗੁਰਤੇਜ ਸਿੰਘ ਐਡਵੋਕੇਟ, ਕੁਲਜੀਤ ਸਿੰਘ ਸਰਪੰਚ ,ਹਰਪਾਲ ਸਿੰਘ ਸਾਬਕਾ ਚੇਅਰਮੈਨ ਬਲਾਕ ਸੰਮਤੀ,ਹਰਪਾਲ ਸਿੰਘ ਸੋਨੂ ਰਿਜਰਵਰ ਹਲਕਾ ਸੁਨਾਮ, ਰਿੰਕੂ ਬਾਂਸਲ, ਗੁਰਮੁਖ ਮੋਖਾ ਗੁਰੂ ਪ੍ਰਧਾਨ, ਹਰਿੰਦਰ ਹਿੰਦਾ ਸੈਕਟਰੀ, ਰਿੰਕੂ, ਤਰਸੇਮ, ਬਾਰਾ, ਹੈਰੀ, ਸੰਦੀਪ, ਹੋਸਨ, ਗੈਰੀ ਸਮੇਤ ਸਮੂਹ ਕਾਂਗਰਸੀ ਆਗੂਆਂ ਅਤੇ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਉਹਨਾਂ ਨੂੰ ਮਿਲੀ ਜਿੰਮੇਵਾਰੀ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਕਾਂਗਰਸ ਪਾਰਟੀ ਦੀ ਚੜ੍ਹਦੀ ਕਲਾ ਅਤੇ ਬਿਹਤਰੀ ਲਈ ਸਮਰਪਿਤ ਭਾਵਨਾ ਨਾਲ ਕੰਮ ਕਰਨਗੇ।

ਪੈਰਾਡਾਈਜ਼ ਸਕੂਲ 'ਚ ਮਨਾਈ ਵਿਸਾਖੀ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)- ਪੈਰਾਡਾਈਜ਼ ਇੰਟਰਨੈਸ਼ਨਲ ਸਕੂਲ, ਘੱਗਾ ਵਿਖੇ ਵਿਸਾਖੀ ਦਾ ਤਿਉਹਾਰ ਬੜੀ ਧੂਮ-ਧਾਮ ਨਾਲ ਮਨਾਇਆ ਗਿਆ। ਰੰਗ ਬਿਰੰਗੀਆਂ ਪੋਸ਼ਾਕਾਂ ਪਾ ਕੇ ਛੋਟੇ-ਛੋਟੇ ਬੱਚੇ ਸਭ ਦਾ ਮਨਮੋਹ ਰਹੇ ਸਨ। ਪ੍ਰੋਗਰਾਮ ਦੀ ਸ਼ੁਰੂਆਤ ਸਕੂਲੀ ਬੱਚਿਆ ਦੁਆਰਾ ਸਕੂਲ ਸ਼ਬਦ ਗਾ ਕੇ ਕੀਤੀ ਗਈ। ਇਸ ਉਪਰੰਤ ਛੋਟੇ-ਛੋਟੇ ਵਿਦਿਆਰਥੀਆਂ ਵੱਲੋਂ ਵਿਸਾਖੀ ਦੇ ਮਹੱਤਵ ਨੂੰ ਦਰਸਾਉਂਦੀ ਕਵਿਤਾ ਪੇਸ਼ ਕੀਤੀ ਗਈ। ਪਹਿਲੀ ਅਤੇ ਦੂਸਰੀ ਜਮਾਤ ਦੀਆਂ ਵਿਦਿਆਰਥੀਆ ਦੁਆਰਾ ਪੇਸ਼ ਕੀਤਾ ਗਿਆ ਡਾਂਸ ਵੀ ਖਿੱਚ ਦਾ ਕੇਂਦਰ ਰਿਹਾ। ਤੀਜੀ ਅਤੇ ਚੌਥੀ ਜਮਾਤ ਦੇ ਵਿਦਿਆਰਥੀਆਂ ਦੁਆਰਾ ਪੇਸ਼ ਕੀਤੀ ਗਈ ਕਵਿਤਾ ਨੇ ਸਭ ਦਾ ਮਨ ਮੋਹ ਲਿਆ।

ਵਿਦਿਆਰਥੀਆਂ ਵੱਲੋਂ ਕਿਸਾਨ ਦੀ ਜਿੰਦਗੀ ਨੂੰ ਦਰਸਾਉਂਦਾ ਹੋਇਆ ਬੜਾ ਭਾਵੁਕ ਐਕਟ ਪੇਸ਼ ਕੀਤਾ ਗਿਆ। ਵਿਦਿਆਰਥੀਆਂ ਵੱਲੋਂ ਪੇਸ਼ ਕੀਤਾ ਗਿਆ ਭੰਗੜਾ ਪ੍ਰੋਗਰਾਮ ਨੂੰ ਸਿਖਰ 'ਤੇ ਲੈ ਗਿਆ। ਅੰਤ ਵਿੱਚ ਸਕੂਲ ਪ੍ਰਿੰਸੀਪਲ ਡਾ ਪਰਮਿੰਦਰ ਕੌਰ ਵਿਦਿਆਰਥੀਆਂ ਦੇ ਰੁਬਰੂ ਹੋਏ ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਵਿਸਾਖੀ ਦੇ ਇਤਿਹਾਸਿਕ ਆਰਥਿਕ, ਸਭਿਆਚਾਰਕ ਅਤੇ ਧਾਰਮਿਕ ਪਹਿਲੂਆਂ ਤੋਂ ਜਾਣੂ ਕਰਵਾਇਆ। ਸਕੂਲ ਦੇ ਚੇਅਰਮੈਨ ਡਾ ਅੰਮ੍ਰਿਤਪਾਲ ਸਿੰਘ ਕਾਲੇਕਾ ਨੇ ਵੀ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ।



ਗੁਰਦੁਆਰਾ ਸਾਹਿਬ ਵਿਖੇ ਖਾਲਸਾ ਸਾਜਨਾ ਦਿਵਸ ਨੂੰ ਸਮਰਪਤ ਗੁਰਮਤਿ ਮੁਕਾਬਲੇ ਕਰਵਾਏ

ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)- ਖਾਲਸਾ ਪੰਥ ਦੇ ਸਾਜਨਾ ਦਿਵਸ ਅਤੇ ਵਿਸਾਖੀ ਦੇ ਪਵਿੱਤਰ ਤਿਉਹਾਰ ਨੂੰ ਸਮਰਪਤ ਗੁਰਦੁਆਰਾ ਪਾਤਸ਼ਾਹੀ ਛੇਵੀਂ ਮਹਿਲ ਕਲਾਂ ਵਿਖੇ ਧਾਰਮਿਕ ਸਮਾਗਮ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ। ਇਸ ਮੌਕੇ ਬੱਚਿਆਂ ਵਿੱਚ ਧਾਰਮਿਕ ਚੇਤਨਾ ਅਤੇ ਸਿੱਖ ਵਿਰਸੇ ਪ੍ਰਤੀ ਰੁਚੀ ਵਧਾਉਣ ਦੇ ਉਦੇਸ਼ ਨਾਲ ਗੁਰਬਾਣੀ ਕੰਠ, ਕਵੀਸ਼ਰੀ, ਦਸਤਾਰ ਸਜਾਉਣ ਅਤੇ ਲੰਮੇ ਕੇਸਾਂ ਦੇ ਮੁਕਾਬਲੇ ਕਰਵਾਏ ਗਏ। ਪੰਜਾਬ ਐਜੂਕੇਟ ਮਿਸ਼ਨ ਦੇ ਸੇਵਾਦਾਰਾਂ ਨੇ ਸਮਾਗਮ ਨੂੰ ਸਫਲ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ।ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਸ਼ੇਰ ਸਿੰਘ ਖ਼ਾਲਸਾ, ਸਰਪੰਚ ਸਰਬਜੀਤ ਸਿੰਘ ਸੰਭੂ ਨੇ ਕਿਹਾ ਕਿ ਅਜਿਹੇ ਮੁਕਾਬਲੇ ਬੱਚਿਆਂ ਨੂੰ ਗੁਰਬਾਣੀ ਅਤੇ ਗੁਰ ਇਤਿਹਾਸ ਨਾਲ ਜੋੜਨ ਦੇ ਨਾਲ ਨਾਲ ਉਨ੍ਹਾਂ ਦੇ ਚਰਿੱਤਰ ਨਿਰਮਾਣ 'ਚ ਵੀ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਹਰ ਪਿੰਡ ਅਤੇ ਸ਼ਹਿਰ 'ਚ ਅਜਿਹੇ ਧਾਰਮਿਕ ਮੁਕਾਬਲੇ ਕਰਵਾਉਣ ਦੀ ਲੋੜ ਹੈ, ਤਾਂ ਜੋ ਨਵੀਂ ਪੀੜ੍ਹੀ ਨੂੰ ਸਿੱਖ ਵਿਰਸੇ ਨਾਲ ਜੋੜਿਆ ਜਾ ਸਕੇ।ਮੁਕਾਬਲਿਆਂ ਦੀ ਜੱਜਮੈਂਟ ਪੰਜਾਬ ਐਜੂਕੇਟ ਮਿਸ਼ਨ ਦੇ ਸੇਵਾਦਾਰ ਭਾਈ ਮਲਕੀਤ ਸਿੰਘ ਖ਼ਾਲਸਾ, ਬੀਬੀ ਸੁਰਿੰਦਰ ਕੌਰ ਮਹਿਲ ਕਲਾਂ ਅਤੇ ਭਾਈ ਸਤਨਾਮ ਸਿੰਘ ਖ਼ਾਲਸਾ ਵੱਲੋਂ ਕੀਤੀ ਗਈ।ਸਮਾਗਮ ਦੇ ਅੰਤ ਵਿੱਚ ਵੱਖ-ਵੱਖ ਮੁਕਾਬਲਿਆਂ ਵਿੱਚ ਜੇਤੂ ਰਹੇ ਬੱਚਿਆਂ ਨੂੰ ਨਗਦ ਇਨਾਮ, ਸਨਮਾਨ ਚਿੰਨ੍ਹ ਅਤੇ ਸਿਰਪਾਓ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਰਜਿੰਦਰਪਾਲ ਸਿੰਘ ਚੀਮਾ, ਰਣਜੀਤ ਸਿੰਘ ਬਿੱਟੂ, ਨੰਬਰਦਾਰ ਆਤਮਾ ਸਿੰਘ, ਕਰਨੈਲ ਸਿੰਘ ਢੈਪਈ, ਅਮਰਜੀਤ ਸਿੰਘ ਬੱਸੀਆਂ, ਅਜਮੇਰ ਸਿੰਘ ਧਾਲੀਵਾਲ, ਨੰਬਰਦਾਰ ਜਗਦੇਵ ਸਿੰਘ, ਮੇਜਰ ਸਿੰਘ ਕਲੇਰ, ਭਾਈ ਜਸਗੀਰ ਸਿੰਘ ਖ਼ਾਲਸਾ ਅਤੇ ਪਵਨਦੀਪ ਕੌਰ, ਭਾਈ ਨੱਥਾ ਸਿੰਘ ਆਦਿ ਹਾਜ਼ਰ ਸਨ।

ਆਕਸਫੋਰਡ ਸਕੂਲ ਦੇ ਵਿਹੜੇ ਮਨਾਇਆ ਵਿਸਾਖੀ ਦਾ ਤਿਉਹਾਰ ਤੇ ਡਾ.ਅੰਬੇਡਕਰ ਜੈਯੰਤੀ

ਬਠਿੰਡਾ (ਰਾਜੀਵ ਗੋਇਲ) 'ਦ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ' ਭਗਤਾ ਭਾਈ ਕਾ 'ਚ ਖਾਲਸੇ ਦਾ ਜਨਮ ਦਿਹਾੜਾ ਖ਼ਾਲਸਾ-ਸਿਰਜਨਾ ਦਿਵਸ ਭਾਵ ਵਿਸਾਖੀ ਦਾ ਤਿਉਹਾਰ ਅਤੇ ਡਾ. ਅੰਬੇਡਕਰ ਜੈਯੰਤੀ ਨੂੰ ਬੜੀ ਹੀ ਸ਼ਰਧਾ ਅਤੇ ਚਾਅ ਨਾਲ ਮਨਾਇਆ ਗਿਆ। ਇਸ ਸਮੇਂ ਸਕੂਲ ਦੇ ਜੂਨੀਅਰ ਅਤੇ ਸੀਨੀਅਰ ਵਿਦਿਆਰਥੀਆਂ ਵੱਲੋਂ ਗਿੱਧਾ, ਭੰਗੜਾ ਪੇਸ਼ ਕੀਤੇ ਗਏ। ਨਰਸਰੀ ਜਮਾਤ ਦੇ ਨੰਨ੍ਹੇ ਵਿਦਿਆਰਥੀਆਂ ਨੇ ਫੈਂਸੀ ਡਰੈੱਸ ਵਿੱਚ ਸਭ ਦਾ ਮਨ ਮੋਹ ਲਿਆ। ਇਸ ਸਮੇਂ ਕਵੀਸ਼ਰੀ ਅਤੇ ਮਾਨਯੋਗ ਡਾ.ਅੰਬੇਡਕਰ ਜੈਯੰਤੀ ਦੇ ਯੋਗਦਾਨ ਨੂੰ ਇੱਕ ਗੀਤ ਵਿੱਚ ਪੇਸ਼ ਕੀਤਾ ਗਿਆ। ਨਿਹੰਗ-ਸਿੰਘਾਂ ਦੀ ਪੁਸ਼ਾਕ ਵਿੱਚ ਸਜੇ ਵਿਦਿਆਰਥੀਆਂ ਨੇ ਗਤਕੇ ਦੀ ਪੇਸ਼ਕਾਰੀ ਕੀਤੀ। ਇਸ ਮੌਕੇ ਨੌਂਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਇੱਕ ਕੋਰੀਓਗ੍ਰਾਫ਼ੀ ਵੀ ਪੇਸ਼ ਕੀਤੀ ਗਈ। ਪ੍ਰੋਗਰਾਮ ਦੇ ਅੰਤ ਵਿੱਚ ਸਕੂਲ ਦੇ ਪ੍ਰਿੰਸੀਪਲ ਰੂਪ ਲਾਲ ਬਾਂਸਲ ਨੇ ਕਿਹਾ ਕਿ ਇਹ ਤਿਉਹਾਰ ਸਾਨੂੰ ਵਿਰਸੇ ਵਿੱਚ ਮਿਲੇ ਹਨ ਅਤੇ ਅਸੀਂ ਬਹੁਤ ਭਾਗਾਂ ਵਾਲੇ ਹਾਂ ਕਿ ਅਸੀਂ ਇੱਕ ਅਮੀਰ ਵਿਰਸੇ ਦੇ ਮਾਲਕ ਹਾਂ। ਇਸ ਸਮੇਂ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਮੈਂਬਰ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ 'ਸ਼ੈਰੀ ਢਿੱਲੋਂ' (ਵਾਈਸ ਚੇਅਰਮੈਨ), ਗੁਰਮੀਤ ਸਿੰਘ ਗਿੱਲ ਸਰਪੰਚ (ਵਿੱਤ-ਸਕੱਤਰ) ਨੇ ਵੀ ਵਿਦਿਆਰਥੀਆਂ ਨੂੰ ਆਪਣੇ ਵਿਰਸੇ ਅਤੇ ਸੱਭਿਆਚਾਰ ਨਾਲ ਜੁੜਨ ਦਾ ਸੁਨੇਹਾ ਦਿੱਤਾ।

ਮਾਸਟਰ ਰਘਬੀਰ ਸਿੰਘ ਦੀ ਅੰਤਮ ਅਰਦਾਸ ਮੌਕੇ ਵੱਡੀ ਗਿਣਤੀ 'ਚ ਸ਼ਾਮਲ ਹੋਈਆਂ ਸੰਗਤਾਂ

ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)- ਮਾਤਾ ਗੁਜਰੀ ਕਾਲਜ ਫ਼ਤਿਹਗੜ੍ਹ ਸਾਹਿਬ ਦੇ ਵਾਈਸ ਪ੍ਰਿੰਸੀਪਲ ਦੇ ਪਿਤਾ ਮਾਸਟਰ ਰਘਬੀਰ ਸਿੰਘ ਤਕਰੀਬਨ 82 ਸਾਲ ਦੀ ਉਮਰ ਵਿੱਚ ਸਦੀਵੀ ਵਿਛੋੜਾ ਦੇ ਗਏ, ਜਿਨ੍ਹਾਂ ਦੀ ਅੰਤਿਮ ਅਰਦਾਸ ਵਾਹਗਾ ਬਾਰਡਰ ਨੇੜੇ ਉਨ੍ਹਾਂ ਦੇ ਜੱਦੀ ਪਿੰਡ ਰੋੜਾਂਵਾਲਾ ਖੁਰਦ, ਜ਼ਿਲ੍ਹਾ ਅੰਮ੍ਰਿਤਸਰ ਵਿਖੇ ਸੰਪੰਨ ਹੋਈ ਜਿਸ ਵਿੱਚ ਵੱਡੀ ਗਿਣਤੀ ਵਿੱਚ ਰਿਸ਼ਤੇਦਾਰਾਂ, ਦੋਸਤਾਂ-ਮਿੱਤਰਾਂ, ਇਲਾਕੇ ਦੀਆਂ ਮਾਣਯੋਗ ਸ਼ਖ਼ਸੀਅਤਾਂ ਅਤੇ ਵੱਖ-ਵੱਖ ਸੰਸਥਾਵਾਂ ਦੇ ਸਟਾਫ਼ ਮੈਂਬਰਾਂ ਨੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ। ਮਾਸਟਰ ਰਘਬੀਰ ਸਿੰਘ ਦੀ ਧਰਮ ਪਤਨੀ ਮਨਜੀਤ ਕੌਰ, ਵੱਡੇ ਭਰਾ ਕੁਲਵੰਤ ਸਿੰਘ (ਰਿਟਾਇਰਡ ਏ.ਡੀ.ਓ.) ਅਤੇ ਭਤੀਜੇ ਸੁਖਬੀਰ ਸਿੰਘ ਨੇ ਅੰਤਿਮ ਅਰਦਾਸ ਮੌਕੇ ਹਾਜ਼ਰ ਸਾਰੀ ਸੰਗਤ ਅਤੇ ਸ਼ੋਕ ਸੰਦੇਸ਼ ਭੇਜਣ ਵਾਲੇ ਸੱਜਣਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਮਾਸਟਰ ਰਘਬੀਰ ਸਿੰਘ ਆਪਣੇ ਪਿੱਛੇ ਤਿੰਨ ਸਪੁੱਤਰ ਅਤੇ ਦੋ ਬੇਟੀਆਂ ਛੱਡ ਗਏ ਹਨ। ਉਨ੍ਹਾਂ ਦੇ ਵੱਡੇ ਸਪੁੱਤਰ ਡਾ. ਬਿਕਰਮਜੀਤ ਸਿੰਘ, ਮਾਤਾ ਗੁਜਰੀ ਕਾਲਜ, ਸ੍ਰੀ ਫ਼ਤਿਹਗੜ੍ਹ ਸਾਹਿਬ ਵਿਖੇ ਵਾਈਸ ਪ੍ਰਿੰਸੀਪਲ ਹਨ। ਦੂਜੇ ਸਪੁੱਤਰ ਇੰਜੀਨੀਅਰ ਅਮਨਬੀਰ ਸਿੰਘ ਬਿਜਲੀ ਬੋਰਡ ਵਿੱਚ ਜੂਨੀਅਰ ਇੰਜੀਨੀਅਰ ਵਜੋਂ ਸੇਵਾ ਨਿਭਾ ਰਹੇ ਹਨ, ਜਦਕਿ ਸਭ ਤੋਂ ਛੋਟੇ ਸਪੁੱਤਰ ਨਵਜੀਤ ਸਿੰਘ ਲਾਲ਼ੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਟਾਰੀ ਵਿਖੇ ਲੈਕਚਰਾਰ ਵਜੋਂ ਸੇਵਾਵਾਂ ਨਿਭਾ ਰਹੇ ਹਨ।ਇਸ ਮੌਕੇ ਮਾਤਾ ਗੁਜਰੀ ਕਾਲਜ, ਸ੍ਰੀ ਫ਼ਤਹਿਗੜ੍ਹ ਸਾਹਿਬ, ਬਾਬਾ ਜ਼ੋਰਾਵਰ ਸਿੰਘ ਬਾਬਾ ਫ਼ਤਹਿ ਸਿੰਘ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਫ਼ਤਿਹਗੜ੍ਹ ਸਾਹਿਬ, ਬਿਜਲੀ ਘਰ ਸ਼ਹੂਰਾ ਅਤੇ ਅਟਾਰੀ, ਓਲੰਪੀਅਨ ਸ਼ਮਸ਼ੇਰ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਟਾਰੀ ਦੇ ਸਟਾਫ਼ ਨੇ ਵੀ ਅੰਤਿਮ ਅਰਦਾਸ ਮੌਕੇ ਹਾਜ਼ਰੀ ਲਗਵਾ ਕੇ ਪਰਵਾਰ ਨਾਲ ਦੁੱਖ ਪ੍ਰਗਟ ਕੀਤਾ। ਟੈਕਨੀਕਲ ਸਰਵਿਸ ਯੂਨੀਅਨ ਦੇ ਸੀਨੀਅਰ ਆਗੂ ਜਗਤਾਰ ਸਿੰਘ ਉੱਪਲ ਨੇ ਵਿਛੜੀ ਰੂਹ ਨੂੰ ਭਾਵਪੂਰਵਕ ਸ਼ਰਧਾਂਜਲੀ ਭੇਂਟ ਕੀਤੀ।ਪਰਵਾਰ ਨਾਲ ਸ਼ੋਕ ਪ੍ਰਗਟ ਕਰਨ ਵਾਲਿਆਂ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਜੂਨੀਅਰ ਮੀਤ ਪ੍ਰਧਾਨ ਅਵਤਾਰ ਸਿੰਘ ਰਿਆ, ਸਕੱਤਰ ਵਿੱਦਿਆ ਇੰਜੀਨੀਅਰ ਸੁਖਮਿੰਦਰ ਸਿੰਘ, ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ, ਪ੍ਰਿੰਸੀਪਲ ਦਿਲਬਾਗ ਸਿੰਘ ਮਾਨ, ਪ੍ਰਿੰਸੀਪਲ ਡਾ. ਗੁਰਨਾਮ ਸਿੰਘ ਰਸੂਲਪੁਰ, ਪ੍ਰਿੰਸੀਪਲ ਡਾ. ਸੁਖਦੇਵ ਸਿੰਘ ਪੰਜੋਖਰਾ ਸਾਹਿਬ, ਹਾਕੀ ਓਲੰਪੀਅਨ ਸ਼ਮਸ਼ੇਰ ਸਿੰਘ ਅਤੇ ਓਲੰਪੀਅਨ ਜੁਗਰਾਜ ਸਿੰਘ ਆਦਿ ਸ਼ਾਮਲ ਸਨ। ਮੰਚ ਸੰਚਾਲਨਜੈਮਲ ਸਿੰਘ ਨੇ ਕੀਤਾ।



ਵਿਸਾਖੀ ਨੂੰ ਸਮਰਪਿਤ ਦੂਸਰਾ ਕਬੱਡੀ ਕੱਪ; ਲੰਗਾਹ ਨੇ ਕੀਤੀ ਮੁੱਖ ਮਹਿਮਾਨ ਵਜੋਂ ਸ਼ਿਰਕਤ

ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)-ਇਤਿਹਾਸਿਕ ਕਸਬਾ ਡੇਰਾ ਬਾਬਾ ਨਾਨਕ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਖਾਲਸਾ ਪੰਥ ਦੇ ਸਾਜਨਾ ਦਿਵਸ ਵਿਸਾਖੀ ਦੇ ਦਿਹਾੜੇ ਨੂੰ ਸਮਰਪਿਤ ਦੂਸਰਾ ਕਬੱਡੀ ਕੱਪ ਕਰਵਾਇਆ ਗਿਆ।ਇਸ ਮੌਕੇ ਮੁੱਖ ਮਹਿਮਾਨ ਵਜੋਂ ਜ਼ਿਲ੍ਹਾ ਜਥੇਦਾਰ ਤੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਜਥੇਦਾਰ ਸੁੱਚਾ ਸਿੰਘ ਲੰਗਾਹ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਪੰਜਾਬ ਦੀਆਂ ਵੱਖ-ਵੱਖ ਨਾਮਵਰ ਕਬੱਡੀ ਟੀਮਾਂ ਦਰਮਿਆਨ ਸ਼ੋਅ ਮੈਚ ਖੇਡੇ ਗਏ ਜਿਨ੍ਹਾਂ ਵਿੱਚ ਬਾਬਾ ਜ਼ੋਰਾਵਰ ਸਿੰਘ ਬਾਬਾ ਫ਼ਤਿਹ ਸਿੰਘ ਕਬੱਡੀ ਕਲੱਬ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਟੀਮ ਨੂੰ ਸਾਢੇ 40 ਅੰਕ ਤੇ ਮਹਾਂਵੀਰ ਕਬੱਡੀ ਕਲੱਬ ਯੂਐੱਸਏ ਦੀ ਟੀਮ ਨੂੰ 24 ਅੰਕ ਪ੍ਰਾਪਤ ਹੋਏ।ਫਾਈਨਲ ਮੁਕਾਬਲਾ ਬਾਬਾ ਜ਼ੋਰਾਵਰ ਸਿੰਘ ਫ਼ਤਿਹ ਸਿੰਘ ਕਬੱਡੀ ਅਕੈਡਮੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਬਾਬਾ ਦੀਪ ਸਿੰਘ ਕਬੱਡੀ ਕਲੱਬ ਸ਼ਿਕਾਰ ਮਾਛੀਆਂ ਦੀਆਂ ਟੀਮਾਂ ਦਰਮਿਆਨ ਖੇਡਿਆ ਗਿਆ ਜਿਸ ਵਿੱਚੋਂ ਬਾਬਾ ਦੀਪ ਸਿੰਘ ਕਬੱਡੀ ਕਲੱਬ ਸ਼ਿਕਾਰ ਵੱਲੋਂ 29 ਅੰਕ ਪ੍ਰਾਪਤ ਕਰਕੇ ਕਬੱਡੀ ਕੱਪ ਤੇ ਕਬਜ਼ਾ ਕੀਤਾ ਗਿਆ।ਜਥੇਦਾਰ ਸੁੱਚਾ ਸਿੰਘ ਲੰਗਾਹ ਵੱਲੋਂ ਪਹਿਲੇ ਸਥਾਨ 'ਤੇ ਆਉਣ ਵਾਲੀ ਟੀਮ ਨੂੰ 51000 ਰੁਪਏ ਦਾ ਨਗਦ ਇਨਾਮ ਤੇ ਟਰਾਫ਼ੀ ਤੇ ਦੂਸਰੇ ਸਥਾਨ ਤੇ ਆਉਣ ਵਾਲੀ ਟੀਮ ਨੂੰ 41000 ਰੁਪਏ ਦਾ ਨਗਦ ਇਨਾਮ ਤੇ ਸਨਮਾਨ ਚਿੰਨ੍ਹ ਦੇ ਕੇ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮੈਨੇਜਰ ਸਤਨਾਮ ਸਿੰਘ ਗੋਸਲ,ਬਾਬਾ ਗੁਰਪ੍ਰੀਤ ਸਿੰਘ ਕਾਰ ਸੇਵਾ ਵਾਲੇ, ਬਾਬਾ ਬਿਸ਼ਨ ਸਿੰਘ ਪੱਪੂ ਕਾਰ ਸੇਵਾ ਵਾਲੇ, ਅਸ਼ੋਕ ਕੁਮਾਰ ਸ਼ਰਮਾ ਐੱਸਐੱਚਓ ਡੇਰਾ ਬਾਬਾ ਨਾਨਕ, ਅਮਰ ਸਿੰਘ ਐੱਸਐੱਚਓ ਕਰਤਾਰਪੁਰ ਕੋਰੀਡੋਰ, ਬਿਕਰਮਜੀਤ ਸਿੰਘ, ਸਤਨਾਮ ਸਿੰਘ ਪਟਵਾਰੀ, ਹਰਸਿਮਰਤ ਸਿੰਘ ਬਾਜਵਾ, ਕੁਲਜੀਤ ਸਿੰਘ, ਧਰਮਪਾਲ ਸਿੰਘ ਮੱਤਰੀ, ਸੁਰਜੀਤ ਸਿੰਘ, ਜਥੇਦਾਰ ਰਜਿੰਦਰ ਸਿੰਘ ਬਾਜਵਾ, ਅੰਮ੍ਰਿਤ ਭਿੰਡਰ ਪੀ ਏ, ਗੁਰਪ੍ਰੀਤ ਸਿੰਘ,ਬਲਵਿੰਦਰ ਸਿੰਘ ਢਿਲਵਾਂ, ਜਸਪਿੰਦਰ ਸਿੰਘ ਝੰਗੀ, ਜੱਗਾ ਤਲਵੰਡੀ ਗੋਰਾਇਆ, ਗੋਰਾ ਗੁਰਚੱਕ, ਬਲਜੀਤ ਸਿੰਘ ਖੰਨਾ, ਰਾਮ ਲਾਲ ਸੈਕਟਰੀ, ਸਿਮਰ ਸਾਹਰੀ, ਅਮਰਜੀਤ ਸ਼ਰਮਾ ਸਾਧਾਵਾਲੀ, ਜੋਗਾ ਸਿੰਘ ਮਾਨ, ਸੁਖਵਿੰਦਰ ਸਿੰਘ ਪਕੀਵਾ, ਹਰਜੀਤ ਬਿੱਟਾ ਸਿੰਘਪੁਰਾ, ਪਲਵਿੰਦਰ ਸਿੰਘ ਰਾਮ ਦਿਵਾਲੀ, ਪ੍ਰਤਾਪ ਸਿੰਘ ਪੱਲੇ ਨੰਗਲ, ਸੁਖਚੈਨ ਸਿੰਘ ਵੈਰੋਕੇ, ਕਸ਼ਮੀਰ ਸਿੰਘ ਰਣਸੀਕੇ, ਕੋਚ ਸੁੱਖਾ ਚਾਕਾਂਵਾਲੀ, ਕੋਚ ਭਿੰਡਾ ਸ਼ਿਕਾਰ ਮਾਛੀਆਂ, ਸ਼ਮਸ਼ੇਰ ਠੱਠਾ, ਵਿਸ਼ਾਲ ਸ਼ਰਮਾ ਦੁੱਧਰਾਏ, ਸਾਬਕਾ ਕੌਂਸਲਰ ਤਰਲੋਚਨ ਸਿੰਘ, ਸਾਬਕਾ ਇੰਸਪੈਕਟਰ ਸਵਰਨ ਸਿੰਘ, ਅਮਰਜੀਤ ਸ਼ਰਮਾ ਸਾਧਾਵਾਲੀ, ਜਸਪਾਲ ਸਿੰਘ ਵੈਰੋਕੇ, ਅਮਰੀਕ ਸਿੰਘ ਵੈਰੋਕੇ, ਸੰਦੀਪ ਸਿੰਘ ਵੇਰੋਕੇ, ਗੁਰਵਿੰਦਰ ਸਿੰਘ ਖਾਸਾਂਵਾਲੀ, ਪਿੰਕਾ ਪੱਲੇ ਨੰਗਲ, ਜੋਤੀ ਧਾਰੋਵਾਲੀ, ਗੁਰਭੇਜ ਸਿੰਘ ਖਾਸਾਵਾਲੀ, ਜਗਦੀਪ ਸਿੰਘ ਸ਼ਿਕਾਰ, ਪ੍ਰਚਾਰਕ ਜਗਦੀਪ ਸਿੰਘ, ਸੁਖਵਿੰਦਰ ਸਿੰਘ ਖਜ਼ਾਨਚੀ, ਪ੍ਰਗਟ ਸਿੰਘ ਮੂਲੋਵਾਲੀ, ਹਰਵੰਤ ਸਿੰਘ, ਕੁਲਵੰਤ ਸਿੰਘ ਸ਼ਿਕਾਰ, ਗ੍ਰੰਥੀ ਜਗਵਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਸੰਗਤਾਂ ਹਾਜ਼ਰ ਸਨ।

ਪੈਨਸ਼ਨਰਾਂ ਦੇ ਹੱਕ 'ਚ ਆਏ ਫੈਸਲੇ ਨੂੰ ਸਰਕਾਰ ਵੱਲੋਂ ਲਾਗੂ ਨਾ ਕਰਨ ਦੀ ਨਿਖੇਧੀ

ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)-ਪੈਨਸ਼ਨਰਜ਼ ਐਸੋਸੀਏਸ਼ਨ ਪੰਜਾਬ ਰਾਜ ਪਾਵਰਕਾਮ ਕਾਰਪੋਰੇਸ਼ਨ ਮੰਡਲ ਅਜਨਾਲਾ ਦੇ ਪ੍ਰਧਾਨ ਸਰਬਜੀਤ ਸਿੰਘ ਪੰਨੂ ਦੀ ਅਗਵਾਈ ਹੇਠ ਆਗੂਆਂ ਤੇ ਵਰਕਰਾਂ ਦੀ ਭਰਵੀਂ ਮੀਟਿੰਗ ਹੋਈ।ਇਸ ਮੌਕੇ ਪ੍ਰਧਾਨ ਪੰਨੂ ਤੇ ਅਮਰਜੀਤ ਸਿੰਘ ਸਰਕਾਰੀਆ ਨੇ ਪੈਨਸ਼ਨਰਜ਼ ਮੁਲਾਜ਼ਮ ਵਰਗ ਦੇ ਹੱਕ ਵਿੱਚ ਆਏ ਫੈਸਲਿਆਂ ਨੂੰ ਸਰਕਾਰ ਵੱਲੋਂ ਲਾਗੂ ਨਾ ਕਰਨ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕਰਦਿਆਂ ਰੋਸ ਪ੍ਰਦਰਸ਼ਨ ਕਰਦਿਆਂ ਨਾਅਰੇਬਾਜ਼ੀ ਕੀਤੀ ਗਈ।

ਇਸ ਮੌਕੇ ਉਨ੍ਹਾਂ ਨੇ ਹਾਈਕੋਰਟ ਦੇ ਫੈਸਲੇ ਅਨੁਸਾਰ 58 ਫੀਸਦੀ ਮਹਿਗਾਈ ਭੱਤਾ ਮੁਲਾਜ਼ਮਾਂ ਤੇ ਪੈਨਸ਼ਨਰਜ਼ ਨੂੰ ਦਿੱਤੇ ਜਾਣ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ, ਛੇਵੇਂ ਪੇਅ ਕਮਿਸ਼ਨ ਦੀ ਰਿਪੋਰਟ ਵਿੱਚ ਰਹਿ ਗਈਆਂ ਤਰੁੱਟੀਆਂ ਦੂਰ ਕਰਕੇ ਸਾਰਾ ਬਕਾਇਆ ਕਿਸ਼ਤਾਂ ਦੀ ਬਜਾਏ ਇਕੋ ਸਮੇਂ ਏਰੀਅਰ ਦੇਣ, ਪੈਨਸ਼ਨਰਾਂ ਲਈ 2.59 ਦਾ ਫਾਰਮੂਲਾ ਲਾਗੂ ਕਰਨ, ਹਰ ਮਹੀਨੇ ਤਨਖਾਹ ਵਿੱਚੋਂ 200 ਰੁਪਏ ਕਟੌਤੀ ਖਤਮ ਕਰਨ, ਬਜ਼ੁਰਗ ਪੈਨਸ਼ਨਰਜ਼ ਨੂੰ ਲਾਈਫ ਸਰਟੀਫਿਕੇਟ ਦੇਣ ਲਈ ਡਿਜੀਟਲ ਪ੍ਰਕਿਰਿਆ ਨੂੰ ਸੁਖਾਲੀ ਬਣਾਏ ਜਾਣ, ਡੀ. ਏ. ਦੀਆਂ ਕਿਸ਼ਤਾਂ ਦਾ ਬਕਾਇਆ ਦੇਣ ਅਤੇ ਕੱਚੇ ਕਾਮਿਆਂ ਨੂੰ ਪੱਕੇ ਕਰਨ ਆਦਿ ਮੰਗਾਂ ਨੂੰ ਛੇਤੀ ਹੱਲ ਕਰਨ ਦੀ ਮੰਗ ਕੀਤੀ।ਇਸ ਮੌਕੇ ਉਨ੍ਹਾਂ ਨੇ ਦੱਸਿਆ ਕਿ ਜੇਕਰ ਪੰਜਾਬ ਸਰਕਾਰ ਨੇ ਉਨ੍ਹਾਂ ਦੀਆਂ ਹੱਕੀ ਮੰਗਾਂ ਨਾ ਮੰਨੀਆਂ ਤਾਂ ਉਹ ਇਸ ਦਾ ਖਮਿਆਜ਼ਾ ਆਗਾਮੀ ਵਿਧਾਨ ਸਭਾ ਤੇ ਹਰ ਪ੍ਰਕਾਰ ਦੀਆਂ ਚੋਣਾਂ ਦੌਰਾਨ ਭੁਗਤਣ ਲਈ ਤਿਆਰ ਰਹੇ।

ਇਸ ਮੌਕੇ ਜਥੇਬੰਦੀ ਦੇ ਆਗੂ ਮਲਕੀਤ ਸਿੰਘ ਈਸਾਪੁਰ, ਗੁਰਲਾਲ ਸਿੰਘ ਵਿਰਕ, ਨਿਸ਼ਾਨ ਸਿੰਘ ਚੱਠਾ, ਦਲਬੀਰ ਸਿੰਘ ਪੰਨੂ, ਕੰਵਲਜੀਤ ਸਿੰਘ ਜੌਹਲ, ਇੰਦਰਜੀਤ ਸਿੰਘ ਧਰਮਕੋਟ, ਸਵਿੰਦਰ ਸਿੰਘ ਸਿੱਧੂ, ਅਮਰੀਕ ਸਿੰਘ, ਹਰਦੇਵ ਸਿੰਘ ਕੋਟਲਾ ਗੁੱਜਰਾਂ, ਬਲਕਾਰ ਸਿੰਘ ਥੋਬਾ, ਦਲਬੀਰ ਸਿੰਘ ਡੋਗਰ, ਸੁਖਦੇਵ ਸਿੰਘ ਸੁਧਾਰ , ਸਤਨਾਮ ਸਿੰਘ ਰੰਧਾਵਾ, ਜਗਬੀਰ ਸਿੰਘ ਮੁਹਾਰ ਆਦਿ ਹਾਜ਼ਰ ਸਨ।

ਮੁੱਖ ਮੰਤਰੀ ਮਾਨ ਅੱਜ ਦਾਣਾ ਮੰਡੀ ਬਟਾਲਾ ਪਹੁੰਚਣਗੇ: ਸ਼ੈਰੀ ਕਲਸੀ

ਕਿਹਾ-ਬਟਾਲਾ ਹਲਕੇ ਦੇ ਲੋਕ ਇਸ ਵਿਸ਼ਾਲ ਰੈਲੀ 'ਚ ਹੁੰਮ-ਹੁੰਮਾ ਕੇ ਪਹੁੰਚਣ

ਬਟਾਲਾ, (ਡਾ. ਮਲਵਿੰਦਰ ਸਿੰਘ)-16 ਅਪ੍ਰੈਲ ਦਿਨ ਵੀਰਵਾਰ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾਣਾ ਮੰਡੀ ਬਟਾਲਾ ਵਿਖੇ ਪਹੁੰਚ ਰਹੇ ਹਨ ਜਿਸਦੇ ਸਬੰਧ ਵਿਚ ਆਮ ਆਦਮੀ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਹਲਕਾ ਵਿਧਾਇਕ ਬਟਾਲਾ ਨੇ ਬਟਾਲਾ ਕਲੱਬ ਵਿਖੇ ਮੀਡੀਆ ਦੇ ਰੂ-ਬਰੂ ਹੁੰਦਿਆਂ ਰੈਲੀ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਰੈਲੀ ਨੂੰ ਇਤਿਹਾਸਕ ਬਣਾਇਆ ਜਾਵੇਗਾ।ਵਿਧਾਇਕ ਸ਼ੈਰੀ ਕਲਸੀ ਨੇ ਬਟਾਲਾ ਹਲਕੇ ਦੇ ਲੋਕਾਂ ਨੂੰ ਇਸ ਰੈਲੀ ਵਿਚ ਹੁੰਮ-ਹੁੰਮਾ ਕੇ ਪਹੁੰਚਣ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਅਤੇ ਪਾਰਟੀ ਵਰਕਰ ਰੈਲੀ ਨੂੰ ਲੈ ਕੇ ਪੱਬਾਂ ਭਾਰ ਹੋ ਗਏ ਹਨ। ਉਨ੍ਹਾਂ ਨੇ ਸਮੂਹ ਪੰਚ, ਸਰਪੰਚ ਅਤੇ ਪਾਰਟੀ ਦੇ ਅਹੁਦੇਦਾਰਾਂ ਨੂੰ ਅਪੀਲ ਕੀਤੀ ਕਿ ਵੱਡੀ ਗਿਣਤੀ ਵਿਚ ਰੈਲੀ ਵਿਚ ਸ਼ਾਮਲ ਹੋਵੋ ਤਾਂ ਜੋ ਇਸ ਰੈਲੀ ਨੂੰ ਇਤਿਹਾਸਕ ਬਣਾਇਆ ਜਾ ਸਕੇ।ਇਸ ਮੌਕੇ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਯਸ਼ਪਾਲ ਚੌਹਾਨ, ਮਾਰਕਿਟ ਕਮੇਟੀ ਬਟਾਲਾ ਦੇ ਚੇਅਰਮੈਨ ਮਾਨਿਕ ਮਹਿਤਾ, ਸੀਨੀਅਰ ਆਗੂ ਬਲਬੀਰ ਸਿੰਘ ਬਿੱਟੂ, ਚੇਅਰਮੈਨ ਚਰਨਜੀਤ ਸਿੰਘ ਪਾਰੋਵਾਲ, ਨੌਜਵਾਨ ਆਪ ਆਗੂ ਅੰਮ੍ਰਿਤ ਕਲਸੀ, ਕੌਂਸਲਰ ਬਲਵਿੰਦਰ ਸਿੰਘ, ਮਿੰਟਾ, ਮਾਸਟਰ ਤਿਲਕ ਰਾਜ, ਗੁਰਪ੍ਰੀਤ ਸਿੰਘ ਰਾਜੂ, ਜ਼ਿਲ੍ਹਾ ਯੂਥ ਵਾਇਸ ਪ੍ਰਧਾਨ ਵਰੁਣ ਵਰਮਾ, ਅਵਤਾਰ ਸਿੰਘ ਕਲਸੀ, ਪ੍ਰਧਾਨ ਵੀਨੂੰ ਕਾਹਲੋਂ, ਭੁਪਿੰਦਰ ਸਿੰਘ, ਅਮਰੀਕ ਸਿੰਘ ਲੰਬੜਦਾਰ, ਬਲਵਿੰਦਰ ਸਿੰਘ, ਅੰਕੁਸ਼ ਮਹਿਤਾ, ਦਾਸ ਕਰਨ, ਐਡਵੋਕੇਟ ਮਨਜੀਤ ਸਿੰਘ, ਮਨਜੀਤ ਸਿੰਘ ਬੁਮਰਾਹ, ਤਜਿੰਦਰ ਬੰਟੀ, ਧੀਰਜ ਰਿੰਕਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਪ ਆਗੂ ਹਾਜ਼ਰ ਸਨ।

ਜਸਕਰਨ ਸਿੰਘ ਜੱਸ ਭੰਗੂ ਆੜ੍ਹਤੀ ਐਸੋਸੀਏਸ਼ਨ ਪੰਜਾਬ ਦੇ ਮੀਤ ਪ੍ਰਧਾਨ ਬਣੇ

ਮਜੀਠਾ (ਸੋਇਮ ਆਨੰਦ)-ਆੜ੍ਹਤੀ ਐਸੋਸੀਏਸ਼ਨ ਪੰਜਾਬ ਦੀ ਇੱਕ ਵਿਸ਼ੇਸ਼ ਮੀਟਿੰਗ ਆੜ੍ਹਤੀ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਜਸਵਿੰਦਰ ਸਿੰਘ ਰਾਣਾ ਦੀ ਅਗਵਾਈ ਹੇਠ ਭਗਤਾਂ ਵਾਲਾ ਦਾਣਾ ਮੰਡੀ ਵਿਖੇ ਹੋਈ।ਇਸ ਮੀਟਿੰਗ ਵਿੱਚ ਆੜ੍ਹਤੀਆਂ ਨੂੰ ਆ ਰਹੀਆਂ ਦਰਪੇਸ਼ ਮੁਸ਼ਕਿਲਾਂ 'ਤੇ ਵਿਚਾਰ ਚਰਚਾ ਕੀਤੀ ਗਈ।ਇਸ ਮੀਟਿੰਗ ਵਿੱਚ ਹਲਕਾ ਮਜੀਠਾ ਦੇ ਨੌਜਵਾਨ ਆਗੂ ਆੜ੍ਹਤੀ ਐਸੋਸੀਏਸ਼ਨ ਮਜੀਠਾ ਦੇ ਪ੍ਰਧਾਨ ਜਸਕਰਨ ਸਿੰਘ ਜੱਸ ਭੰਗੂ ਨੂੰ ਆੜ੍ਹਤੀ ਐਸੋਸੀਏਸ਼ਨ ਪੰਜਾਬ ਵੱਲੋਂ ਪੰਜਾਬ ਦਾ ਮੀਤ ਪ੍ਰਧਾਨ ਥਾਪਿਆ ਗਿਆ।ਇਸ ਮੌਕੇ ਜੱਸ ਭੰਗੂ ਨੇ ਕਿਹਾ ਕਿ ਆੜ੍ਹਤੀ ਐਸੋਸੀਏਸ਼ਨ ਪੰਜਾਬ ਨੇ ਮੇਰੇ 'ਤੇ ਜੋ ਵਿਸ਼ਵਾਸ ਜਤਾਇਆ ਹੈ ਮੈਂ ਉਸ 'ਤੇ ਪੂਰਾ ਖਰਾ ਉਤਰਨ ਦਾ ਯਤਨ ਕਰਾਂਗਾ ਤੇ ਐਸੋਸੀਏਸ਼ਨ ਦੇ ਮੋਢੇ ਨਾਲ ਮੋਢਾ ਜੋੜ ਕੇ ਇਸ ਨੂੰ ਹੋਰ ਮਜ਼ਬੂਤ ਕਰਨ ਲਈ ਵੱਧ ਤੋਂ ਵੱਧ ਮਿਹਨਤ ਕਰਾਂਗਾ।ਇਸ ਮੌਕੇ ਪੰਜਾਬ ਪ੍ਰਧਾਨ ਰਾਣਾ ਨੇ ਕਿਹਾ ਕਿ ਆੜ੍ਹਤੀਆਂ ਦੇ ਹਰੇਕ ਮਸਲੇ ਨੂੰ ਸਰਕਾਰ ਤੱਕ ਪਹੁੰਚਾ ਕੇ ਆੜ੍ਹਤੀਆਂ ਦੇ ਮਸਲੇ ਪਹਿਲ ਦੇ ਆਧਾਰ 'ਤੇ ਹੱਲ ਕਰਵਾਏ ਜਾਣਗੇ।ਇਸ ਮੌਕੇ ਪੰਜਾਬ ਪ੍ਰਧਾਨ ਜਸਵਿੰਦਰ ਸਿੰਘ ਰਾਣਾ ਨਾਲ ਮੀਤ ਪ੍ਰਧਾਨ ਨਰਿੰਦਰ ਸਿੰਘ ਬਹਿਲ, ਜਸਵਿੰਦਰ ਸਿੰਘ ਥਾਂਦੇ ਖਜਾਨਚੀ, ਸੁਖਚੈਨ ਸਿੰਘ ਸੁੱਖ ਭੰਗੂ, ਪ੍ਰਦੀਪ ਸਿੰਘ ਢੰਡ, ਅਨੂਪ ਸਿੰਘ ਸੰਧੂ, ਦੀਪਕ ਅਰੋੜਾ, ਰੋਮੀ ਨਾਗ, ਬਲਵਿੰਦਰ ਸਿੰਘ ਭਗਵਾਂ, ਗੁਰਮੇਜ ਸਿੰਘ, ਮਲਕੀਤ ਸਿੰਘ, ਪ੍ਰਿੰਸ ਖੈਰਾਬਾਦ, ਸਤਬੀਰ ਸਿੰਘ ਨਾਗ, ਰਾਣਾ ਨਾਗ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆੜ੍ਹਤੀ ਹਾਜ਼ਰ ਸਨ।

ਬਾਬਾ ਸਾਹਿਬ ਦਾ ਜਨਮ ਦਿਹਾੜਾ ਮਨਾਇਆ



ਛੇਹਰਟਾ, (ਮਨੋਜ ਕੁਮਾਰ):ਮੰਗਲਵਾਰ ਨੂੰ ਰੋਡਵੇਜ਼ ਵਰਕਸ਼ਾਪ ਵਿਚ ਪੰਜਾਬ ਰੋਡਵੇਜ਼ ਅੰਮ੍ਰਿਤਸਰ-2 ਦੇ ਮੁਲਾਜ਼ਮਾਂ ਵੱਲੋਂ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦਾ 135ਵਾਂ ਜਨਮ ਦਿਹਾੜਾ ਮਨਾਇਆ ਗਿਆ। ਇਸ ਮੌਕੇ ਅਜੈ ਸਨੋਤਰਾ ਨੇ ਬਾਬਾ ਸਾਹਿਬ ਦੀ ਜੀਵਨੀ ਤੋਂ ਕਰਮਚਾਰੀਆਂ ਨੂੰ ਜਾਣੂੰ ਕਰਵਾਇਆ। ਭਾਰਤੀਆ ਵਾਲਮੀਕਿ ਧਰਮ ਸਮਾਜ ਦੇ ਜ਼ਿਲ੍ਹਾ ਅੰਮ੍ਰਿਤਸਰ ਦੇ ਜਨਰਲ ਸਕੱਤਰ ਸੰਨੀ ਜੈਕਸਨ ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ। ਇਸ ਮੌਕੇ ਕੰਵਲਜੀਤ ਸਿੰਘ, ਇੰਦਰਜੀਤ ਸਿੰਘ, ਸੁਨੀਲ ਭੱਟੀ, ਅਜੇ ਸ਼ਰਮਾ, ਸ਼ੁਭਮ, ਅਜੇ ਮੱਟੂ, ਰਮਨਦੀਪ ਛੀਨਾ, ਗੁਰਵਿੰਦਰ ਸਿੰਘ ਹੇਰ, ਪ੍ਰਗਟ ਸਿੰਘ, ਮਨਦੀਪ ਸਿੰਘ, ਲਾਭ ਸਿੰਘ, ਮਨਪ੍ਰੀਤ ਸਿੰਘ, ਰਣਧੀਰ ਸਿੰਘ ਆਦਿ ਹਾਜ਼ਰ ਸਨ।

'ਪੈਰਾਂ ਹੇਠਲਾ ਅੰਬਰ' ਲਈ ਅਨੰਤ ਗਿੱਲ ਨੂੰ ਮੁਬਾਰਕਬਾਦ !

ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-'ਪੈਰਾਂ ਹੇਠਲਾ ਅੰਬਰ' ਅਨੰਤ ਗਿੱਲ ਦੀ ਪਲੇਠੀ ਕਿਤਾਬ ਹੈ। ਉਸਦੀਆਂ ਕਵਿਤਾਵਾਂ ਨੂੰ ਪਾਠਕਾਂ ਨੇ ਅਖ਼ਬਾਰਾਂ ਅਤੇ ਰਸਾਲਿਆਂ ਵਿਚ ਅਕਸਰ ਪੜ੍ਹਿਆ ਤੇ ਮਾਣਿਆ ਹੈ। ਕਵਿਤਾ ਨੂੰ ਉਹ ਰੂਹ ਨਾਲ ਕਾਗਜ਼ਾਂ 'ਤੇ ਉਤਾਰਦੀ ਹੈ।ਸ਼ਾਇਰ ਅਮਰਦੀਪ ਸਿੰਘ ਗਿੱਲ ਨੇ ਕਿਹਾ ਕਿ ਅਨੰਤ ਦੀ ਕਵਿਤਾ ਵਿਚ ਰੋਹ ਹੈ, ਸੰਵੇਦਨਾ ਹੈ, ਅਹਿਸਾਸ ਹਨ ਤੇ ਸੁਆਦ ਹੈ। ਅਮਰਦੀਪ ਸਿੰਘ ਗਿੱਲ ਆਖਦੇ ਹਨ ਕਿ ਅਨੰਤ ਦੇ ਸ਼ਬਦਾਂ 'ਚ ਉਹੀ ਨਿੱਘ ਹੈ ਜੋ ਨਿੱਘ ਉਸਦੇ ਵਿਅਕਤੀਤਵ 'ਚ ਹੈ। ਅਦਾਰਾ ਸ਼ਬਦ ਸਾਂਝ ਲਾਇਬ੍ਰੇਰੀ ਮਾਨ ਸੈਂਡਵਾਲ ਨਾਲ ਗੱਲ ਕਰਦਿਆਂ ਫ਼ਿਲਮਕਾਰ ਅਮਰਦੀਪ ਸਿੰਘ ਗਿੱਲ ਨੇ ਭਾਵੁਕ ਹੁੰਦਿਆਂ ਕਿਹਾ ਕਿ ਜੇ ਬਾਪੂ ਕਾਮਰੇਡ ਸੁਰਜੀਤ ਗਿੱਲ ਜਿਊਂਦੇ ਹੁੰਦੇ ਤਾਂ ਗੱਲ ਹੋਰ ਸੀ, ਹੁਣ ਉਹ ਤਾਂ ਰਹੇ ਨਹੀਂ.. ਸੋ ਬਾਪੂ ਦੇ ਨਾ ਹੋਣ ਦੀ ਹਾਲਤ 'ਚ ਮੈਂ ਅਨੰਤ ਦੀ ਇਸ ਕਿਤਾਬ ਦਾ ਪੱਲਾ ਪੰਜਾਬੀ ਸਾਹਿਤ ਜਗਤ ਨੂੰ ਫੜਾਉਂਦਾ ਹਾਂ। ਉਨ੍ਹਾਂ ਨੇ ਅਨੰਤ ਗਿੱਲ ਨੂੰ ਪਹਿਲੀ ਕਾਵਿ-ਪੁਸਤਕ 'ਪੈਰਾਂ ਹੇਠਲਾ ਅੰਬਰ' ਲਈ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਤੁਸੀਂ ਕਵਿਤਾ ਵਰਗਾ ਖ਼ੂਬਸੂਰਤ ਕਾਰਜ ਕਰਦੇ ਰਹੋ।

ਹਨੂੰਮਾਨ ਮੰਦਰ 'ਚ ਕੀਰਤਨ ਕਰਵਾਇਆ

ਛੇਹਰਟਾ, (ਮਨੋਜ ਕੁਮਾਰ): ਸ਼੍ਰੀ ਹਨੂੰਮਾਨ ਜਨਮ ਮਹਾਉਤਸਵ ਦੇ ਸ਼ੁਭ ਮੌਕੇ 'ਤੇ ਸ਼੍ਰੀ ਸਾਲਾਸਰ ਬਾਲਾਜੀ ਸੇਵਾ ਪਰਿਵਾਰ ਵੱਲੋਂ ਸ਼੍ਰੀ ਵੱਡਾ ਹਨੂੰਮਾਨ ਮੰਦਰ, ਸ਼੍ਰੀ ਦੁਰਗਿਆਣਾ ਤੀਰਥ ਵਿਖੇ ਚੌਥਾ 'ਇਕ ਸ਼ਾਮ ਬਾਲਾਜੀ ਦੇ ਨਾਮ' ਕੀਰਤਨ ਕਰਵਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿਚ ਸ਼ਰਧਾਲੂਆਂ ਨੇ ਮੰਦਰ ਵਿਚ ਮੱਥਾ ਟੇਕਿਆ ਤੇ ਸ਼੍ਰੀ ਹਨੂੰਮਾਨ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਪੰਜਾਬ ਪ੍ਰਧਾਨ ਅਨੁਜ ਖੇਮਕਾ ਨੂੰ ਸਾਲਾਸਰ ਬਾਲਾਜੀ ਸੇਵਾ ਪਰਿਵਾਰ ਦੇ ਮੁੱਖ ਸੇਵਾਦਾਰ ਅੰਕੁਸ਼ ਚੋਪੜਾ ਨੇ ਸਨਮਾਨਿਤ ਕੀਤਾ। ਅੰਤ ਵਿਚ ਸ਼ਰਧਾਲੂਆਂ ਵਿਚ ਪ੍ਰਸ਼ਾਦ ਵੰਡਿਆ ਗਿਆ।

ਡੀ ਡੀ ਆਈ ਸਕੂਲ 'ਚ ਵਿਸਾਖੀ ਨੂੰ ਸਮਰਪਿਤ ਸੱਭਿਆਚਾਰਕ ਪ੍ਰੋਗਰਾਮ



ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਥਾਨਕ ਕਸਬੇ ਦੇ ਨਾਲ ਲੱਗਦੇ ਪਿੰਡ ਪਿੰਡੀ ਦੇ ਡੀ. ਡੀ. ਆਈ. ਸਕੂਲ ਦੇ ਐਮ. ਡੀ. ਸਰਦਾਰ ਇੰਦਰਜੀਤ ਸਿੰਘ ਭਾਟੀਆ ਦੀ ਰਹਿਨੁਮਾਈ ਹੇਠ ਸਕੂਲ ਦੇ ਪ੍ਰਿੰਸੀਪਲ ਮੈਡਮ ਸਵਲੀਨ ਭਾਟੀਆ ਵੱਲੋਂ ਸਕੂਲ ਵਿੱਚ ਵਿਸਾਖੀ ਦੇ ਤਿਉਹਾਰ ਨੂੰ ਮੁੱਖ ਰੱਖਦੇ ਹੋਏ ਇੱਕ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਵਾਇਆ ਗਿਆ ਇਸ ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਦੇ ਨੰਨੇ ਮੁੰਨੇ ਬੱਚਿਆਂ ਵੱਲੋਂ ਸ਼ਬਦ ਗਾਇਨ ਕਰਕੇ ਕੀਤੀ ਗਈ।ਇਸ ਤੋਂ ਉਪਰੰਤ ਬੱਚਿਆਂ ਵੱਲੋਂ ਜਲ੍ਹਿਆਂਵਾਲੇ ਬਾਗ 'ਤੇ ਹੋਏ ਹਮਲੇ ਦਾ ਦ੍ਰਿਸ਼ ਪੇਸ਼ ਕਰਨ ਦੇ ਨਾਲ ਨਾਲ ਕਵੀਸ਼ਰੀ, ਗਤਕਾ, ਵਿਸਾਖੀ ਦੇ ਇਤਿਹਾਸ 'ਤੇ ਸਪੀਚ ਆਦਿ ਪੇਸ਼ ਕੀਤੀ ਗਈ।ਇਸ ਦਰਮਿਆਨ ਸਕੂਲ ਦੇ ਬੱਚਿਆਂ ਦੇ ਦਸਤਾਰ ਦੇ ਮੁਕਾਬਲੇ ਵੀ ਕਰਵਾਏ ਗਏ ਜਿਸ ਵਿੱਚ ਪਹਿਲੇ, ਦੂਜੇ ਸਥਾਨ ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਐਮ. ਡੀ. ਇੰਦਰਜੀਤ ਸਿੰਘ ਭਾਟੀਆ ਅਤੇ ਪ੍ਰਿੰਸੀਪਲ ਮੈਡਮ ਨੇ ਸਨਮਾਨਿਤ ਕੀਤਾ।ਇਸ ਦਰਮਿਆਨ ਪ੍ਰਿੰਸੀਪਲ ਨੇ ਆਪਣੇ ਸੰਬੋਧਨ ਵਿੱਚ ਵਿਸਾਖੀ ਦੇ ਤਿਉਹਾਰ ਬਾਰੇ ਜਾਣਕਾਰੀ ਦਿੱਤੀ ਤੇ ਦੱਸਿਆ ਕਿ ਵਿਸਾਖੀ ਦੀ ਕੀ ਅਹਿਮੀਅਤ ਹੈ।ਫੋਟੋ ਕੈਪਸ਼ਨ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕਰਨ ਮੌਕੇ ਸਕੂਲ ਸਟਾਫ ਹਾਜ਼ਰ ਸੀ।

ਸੈਕਰਡ ਸੋਲਜ਼ ਕਾਨਵੈਂਟ ਸਕੂਲ ਕਾਲੇ ਦਾ ਅੱਠਵੀਂ ਜਮਾਤ ਦਾ ਨਤੀਜਾ ਸ਼ਾਨਦਾਰ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਹਾਲ ਹੀ ਵਿੱਚ ਐਲਾਨੇ ਗਏ ਅੱਠਵੀਂ ਜਮਾਤ ਦੇ ਨਤੀਜਿਆਂ ਵਿੱਚ ਸੈਕਰਡ ਸੋਲਜ਼ ਕਾਨਵੈਂਟ ਸਕੂਲ ਕਾਲੇ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਦੱਸ ਦਈਏ ਕਿ ਸਕੂਲ ਦੀ ਵਿਦਿਆਰਥਣ ਵੇਦਿਕਾ ਸ਼ਰਮਾ ਨੇ 94 ਪ੍ਰਤੀਸ਼ਤ, ਨਵਨੀਤ ਕੌਰ ਨੇ 93 ਪ੍ਰਤੀਸ਼ਤ ਤੇ ਗੁਰਨੂਰ ਕੌਰ ਨੇ 92 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਸਕੂਲ, ਆਪਣੇ ਮਾਂ-ਪਿਓ ਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ।ਸਕੂਲ ਮੈਨੇਜਮੈਂਟ ਕਮੇਟੀ ਤੇ ਸਮੂਹ ਅਧਿਆਪਕਾਂ ਵੱਲੋਂ ਇਨ੍ਹਾਂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਕੰਧਾਲ ਸਿੰਘ ਬਾਠ ਨੇ ਕਿਹਾ ਕਿ ਉਨ੍ਹਾਂ ਦੀਆਂ ਹੋਣਹਾਰ ਵਿਦਿਆਰਥਣਾਂ ਨੇ ਅੱਠਵੀਂ ਜਮਾਤ ਵਿੱਚੋਂ ਚੰਗੇ ਅੰਕ ਹਾਸਲ ਕਰਕੇ ਸਕੂਲ ਦਾ ਨਾਂਅ ਚਮਕਾਇਆ ਹੈ। ਵਿਦਿਆਰਥੀਆਂ ਦੀ ਹਰ ਇੱਕ ਪ੍ਰਾਪਤੀ ਨੂੰ ਸਕੂਲ ਦੀ ਪ੍ਰਾਪਤੀ ਦੱਸਦਿਆਂ ਕੰਧਾਲ ਸਿੰਘ ਨੇ ਕਿਹਾ ਕਿ ਵਿਦਿਆਰਥੀਆਂ ਦੀ ਵਿਲੱਖਣ ਪ੍ਰਾਪਤੀ ਦਾ ਸਿਹਰਾ ਮਿਹਨਤੀ ਅਧਿਆਪਕਾਂ ਦੇ ਸਿਰ ਬੱਝਦਾ ਹੈ।ਉਨ੍ਹਾਂ ਕਿਹਾ ਕਿ ਅਧਿਆਪਕ ਸਾਰਾ ਸਾਲ ਮਿਹਨਤ ਨਾਲ ਪੜ੍ਹਾ ਕੇ ਵਿਦਿਆਰਥੀਆਂ ਨੂੰ ਚੰਗੇ ਨਤੀਜਿਆਂ ਲਈ ਤਿਆਰ ਕਰਦੇ ਹਨ।ਉਨ੍ਹਾਂ ਸਕੂਲ ਦੇ ਸਮੂਹ ਅਧਿਆਪਕਾਂ ਨੂੰ ਮੁਬਾਰਕਬਾਦ ਦਿੰਦਿਆਂ ਭਵਿੱਖ ਵਿੱਚ ਹੋਰ ਡਟ ਕੇ ਕੰਮ ਕਰਨ ਲਈ ਪ੍ਰੇਰਿਆ।ਅੰਤ ਵਿੱਚ ਉਨ੍ਹਾਂ ਸਕੂਲ ਦੇ ਸਮੂਹ ਵਿਦਿਆਰਥੀਆਂ ਨੂੰ ਲਗਨ ਨਾਲ ਪੜ੍ਹ ਕੇ ਉਚੇ ਮੁਕਾਮ ਹਾਸਲ ਕਰਨ ਦਾ ਸੁਨੇਹਾ ਦਿੱਤਾ।ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਲਖਬੀਰ ਕੌਰ, ਸਟਾਫ ਮੈਂਬਰ ਤੇ ਵਿਦਿਆਰਥੀ ਹਾਜ਼ਰ ਸਨ।

ਐੱਮ ਸੀ ਐੱਸ ਪਠਾਨਕੋਟ 'ਚ ਸ਼ਾਨਦਾਰ ਵਿਸਾਖੀ ਤੇ ਡਾ. ਅੰਬੇਡਕਰ ਜਯੰਤੀ ਮਨਾਈ

ਪਠਾਨਕੋਟ (ਦਵਿੰਦਰ ਸਿੰਘ)-ਵਿਸਾਖੀ ਅਤੇ ਅੰਬੇਡਕਰ ਜਯੰਤੀ ਦਾ ਤਿਉਹਾਰ ਐੱਮ ਸੀ ਐੱਸ ਪਠਾਨਕੋਟ ਵਿੱਚ ਬਹੁਤ ਉਤਸ਼ਾਹ ਅਤੇ ਸ਼ਰਧਾ ਨਾਲ ਮਨਾਇਆ ਗਿਆ।ਇੱਕ ਸੰਖੇਪ ਭਾਸ਼ਣ ਵਿੱਚ ਗੁਰੂ ਗੋਬਿੰਦ ਸਿੰਘ ਵੱਲੋਂ ਕੀਤੀ ਗਈ ਖਾਲਸਾ ਪੰਥ ਦੀ ਸਥਾਪਨਾ 'ਤੇ ਰੌਸ਼ਨੀ ਪਾਈ ਗਈ, ਜਿਸ ਨਾਲ ਇਹ ਮੌਕਾ ਹੋਰ ਵੀ ਅਰਥਪੂਰਨ ਬਣ ਗਿਆ।ਵਿਦਿਆਰਥੀਆਂ ਨੇ ਡਾ. ਬੀ. ਆਰ. ਅੰਬੇਡਕਰ ਦੀ ਜਯੰਤੀ ਮੌਕੇ ਉਨ੍ਹਾਂ ਨੂੰ ਸ਼ਰਧਾਂਜਲੀ ਵੀ ਅਰਪਿਤ ਕੀਤੀ।ਭਾਸ਼ਣਾਂ ਅਤੇ ਪੇਸ਼ਕਾਰੀਆਂ ਵਿੱਚ ਭਾਰਤੀ ਸੰਵਿਧਾਨ ਵਿੱਚ ਉਨ੍ਹਾਂ ਦੇ ਅਮੋਲ ਯੋਗਦਾਨ ਅਤੇ ਸਮਾਜ ਵਿੱਚ ਸਮਾਨਤਾ ਅਤੇ ਨਿਆਂ ਨੂੰ ਉਤਸ਼ਾਹ ਦੇਣ ਵਿੱਚ ਉਨ੍ਹਾਂ ਦੀ ਭੂਮਿਕਾ ਉਤੇ ਚਾਨਣ ਪਾਇਆ ਗਿਆ।ਉਤਸਵ ਦਾ ਮੁੱਖ ਆਕਰਸ਼ਣ ਜੋਸ਼ੀਲੇ ਭੰਗੜੇ ਅਤੇ ਗਿੱਧੇ ਦੇ ਪ੍ਰਦਰਸ਼ਨ ਸਨ।ਰੰਗ-ਬਰੰਗੇ ਰਵਾਇਤੀ ਪਹਿਰਾਵੇ ਪਾ ਕੇ ਵਿਦਿਆਰਥੀਆਂ ਨੇ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਖ਼ੂਬਸੂਰਤੀ ਨਾਲ ਦਰਸਾਇਆ।ਸਕੂਲ ਨੂੰ ਸਜਾਇਆ ਗਿਆ ਸੀ, ਜੋ ਫਸਲਾਂ ਅਤੇ ਸੱਭਿਆਚਾਰਕ ਮਾਣ ਦੀ ਭਾਵਨਾ ਨੂੰ ਪ੍ਰਗਟ ਕਰਦਾ ਸੀ।ਪ੍ਰਧਾਨ ਵਿਨੋਦ ਮਹਾਜਨ ਅਤੇ ਸੁਸ਼ਮਾ ਮਹਾਜਨ, ਉਪ ਪ੍ਰਧਾਨ ਆਕਾਸ਼ ਮਹਾਜਨ ਅਤੇ ਰੋਹਤ ਮਹਾਜਨ, ਅਤੇ ਪ੍ਰਿੰਸਿਪਲ ਰਸ਼ਮੀ ਆਹਲੂਵਾਲੀਆ ਦੀ ਦੂਰਦਰਸ਼ਤਾ ਅਤੇ ਮਾਰਗਦਰਸ਼ਨ ਨੇ ਇਸ ਉਤਸਵ ਨੂੰ ਸਿਰੇ ਚਾੜ੍ਹਿਆ। ਪ੍ਰਿੰਸਿਪਲ ਵੱਲੋਂ ਵਿਦਿਆਰਥੀਆਂ ਨੂੰ ਏਕਤਾ, ਸਮਾਨਤਾ ਅਤੇ ਸੱਭਿਆਚਾਰਕ ਸਾਂਝ ਦੇ ਮੁੱਲਾਂ ਨੂੰ ਬਣਾਈ ਰੱਖਣ ਲਈ ਪ੍ਰੇਰਿਤ ਕੀਤਾ ਗਿਆ।

ਡਾ. ਭੀਮ ਰਾਓ ਅੰਬੇਡਕਰ ਸਮੁੱਚੀ ਮਾਨਵਤਾ ਲਈ ਚਾਨਣ ਮੁਨਾਰਾ ਸਨ: ਦੇਵੀ ਕੁਮਾਰੀ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਪੰਜਾਬ ਖੇਤ ਮਜ਼ਦੂਰ ਸਭਾ ਦੇ ਆਗੂ ਦਲਬੀਰ ਸਿੰਘ ਸਰਹਾਲੀ ਕਲਾਂ, ਸਰਵਣ ਸਿੰਘ ਕਿਰਤੋਵਾਲ ਕਲਾਂ ਦੀ ਅਗਵਾਈ ਵਿਚ ਪਿੰਡ ਕਿਰਤੋਵਾਲ ਕਲਾਂ ਵਿੱਚ ਸਭਾ ਦੇ ਆਗੂਆਂ ਵੱਲੋਂ ਭਾਰਤ ਰਤਨ ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਨ ਉਤਸ਼ਾਹ ਤੇ ਸਤਿਕਾਰ ਨਾਲ ਮਨਾਇਆ ਗਿਆ।ਇਸ ਮੌਕੇ ਪੰਜਾਬ ਖੇਤ ਮਜ਼ਦੂਰ ਸਭਾ ਦੀ ਜਰਨਲ ਸਕੱਤਰ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਡਾ. ਅੰਬੇਡਕਰ ਜਿੱਥੇ ਦਲਿਤ ਲੋਕਾਂ ਦੀ ਬਿਹਤਰੀ ਲਈ ਕਾਰਜਾਂ ਨੂੰ ਸਮਰਪਿਤ ਸਨ, ਉੱਥੇ ਉਹ ਸਮੁੱਚੀ ਮਾਨਵਤਾ ਲਈ ਚਾਨਣ ਮੁਨਾਰਾ ਸਨ।ਦਲਿਤ ਲੋਕਾਂ ਨੂੰ ਆਪਣੀ ਹੋਣੀ ਦੇ ਆਪ ਮਾਲਕ ਬਣਨ ਲਈ ਡਾ. ਅੰਬੇਡਕਰ ਨੇ ਸਿੱਖਿਆ ਪ੍ਰਾਪਤ ਕਰਨ, ਸੰਗਠਤ ਹੋਣ ਅਤੇ ਸੰਘਰਸ਼ਾਂ ਦੇ ਪਾਂਧੀ ਬਣਨ ਦਾ ਮਹੱਤਵਪੂਰਨ ਰਸਤਾ ਦਿਖਾਇਆ।ਇਸਦੇ ਚੰਗੇ ਅਸਰ ਵੀ ਨਜ਼ਰ ਆਏ, ਪਰ ਸਮੇਂ-ਸਮੇਂ ਦੀਆਂ ਸਰਕਾਰਾਂ ਨੇ ਦਲਿਤ ਵਰਗ ਪ੍ਰਤੀ ਆਪਣੇ ਫਰਜ਼ਾਂ ਤੋਂ ਅਵੇਸਲਿਆਂ ਰਹਿ ਕੇ ਡਾ. ਅੰਬੇਡਕਰ ਨਾਲ ਧੋਖਾ ਕੀਤਾ ਹੈ।ਡਾ. ਅੰਬੇਡਕਰ ਦੇ ਸੁਪਨਿਆਂ ਦੀ ਪੂਰਤੀ ਦੇ ਰਾਹ ਵਿੱਚ ਅੱਜ ਵੀ ਅੜਿੱਕੇ ਡਾਹੇ ਜਾ ਰਹੇ ਹਨ।ਕਾਮਰੇਡ ਸਰਹਾਲੀ ਕਲਾਂ ਨੇ ਕਿਹਾ ਕਿ ਦਲਿਤ ਔਰਤਾਂ ਨੂੰ ਆਪਣੇ ਹੱਕ ਪਛਾਨਣ ਲਈ ਹਮੇਸ਼ਾ ਉਨ੍ਹਾਂ ਨੇ ਪ੍ਰੇਰਿਤ ਕੀਤਾ ਹੈ।ਡਾ. ਅੰਬੇਡਕਰ ਨੇ ਭਾਰਤ ਦੇ ਸੰਵਿਧਾਨ ਵਿੱਚ ਦਲਿਤ ਵਰਗ ਦੇ ਹਿੱਤਾਂ ਲਈ ਇਤਿਹਾਸਕ ਕੰਮ ਕੀਤਾ।ਦਲਿਤ ਵਰਗ ਦੇ ਹੱਕ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ।ਮੌਜੂਦਾ ਦੌਰ ਵਿੱਚ ਭਾਜਪਾ ਅਤੇ ਕੇਂਦਰ ਦੇ ਹਾਕਮਾਂ ਵੱਲੋਂ ਸੰਵਿਧਾਨ ਨੂੰ ਬਦਲ ਦੇਣ ਦੇ ਮਨਸੂਬੇ ਘੜੇ ਜਾ ਰਹੇ ਹਨ।ਮਨੂੰ ਸਿਮਰਤੀ ਨੂੰ ਸੰਵਿਧਾਨ ਮੰਨ ਲੈਣ ਦੀਆਂ ਗੱਲਾਂ ਕੀਤੀਆ ਜਾ ਰਹੀਆਂ ਹਨ।ਮਨੂੰ ਸਿਮਰਤੀ ਵਿੱਚ ਦਲਿਤ ਅਤੇ ਔਰਤਾਂ ਲਈ ਘਿਰਨਾ ਭਰੇ ਸ਼ਬਦ ਵਰਤੇ ਗਏ ਹਨ।ਮੌਜੂਦਾ ਦੌਰ ਵਿੱਚ ਸਿੱਖਿਅਤ ਤੇ ਸੰਗਠਿਤ ਹੋਣ ਦੀ ਪਹਿਲਾਂ ਨਾਲੋਂ ਵਧੇਰੇ ਲੋੜ ਹੈ।ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਸੁਖਦੇਵ ਸਿੰਘ ਕੋਟ ਧਰਮ ਚੰਦ ਕਲਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਮਜ਼ਦੂਰ ਵਰਗ ਅਨੇਕਾਂ ਸਮੱਸਿਆਵਾਂ ਵਿੱਚ ਘਿਰਿਆ ਹੋਇਆ ਹੈ।ਇਸ ਵਰਗ ਵਿੱਚ ਵਧੇਰੇ ਗਿਣਤੀ ਦਲਿਤ ਲੋਕਾਂ ਦੀ ਹੈ।ਉਨ੍ਹਾਂ ਕਿਹਾ ਕਿ ਡਾ. ਅੰਬੇਡਕਰ ਨੂੰ ਸੱਚੀ ਸ਼ਰਧਾਂਜਲੀ ਏਹੋ ਹੋਵੇਗੀ ਕਿ ਉਨ੍ਹਾਂ ਦੀਆਂ ਸਿੱਖਿਆਵਾਂ 'ਤੇ ਚੱਲ ਕੇ ਅੱਗੇ ਵਧਿਆ ਜਾਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਦੇਵ ਸਿੰਘ, ਨਛੱਤਰ ਸਿੰਘ, ਸੋਨਾ ਸਿੰਘ, ਨੀਤੂ, ਸਰਬਜੀਤ ਕੌਰ, ਸੋਮਾ, ਕਿਰਤੋਵਾਲ ਕਲਾਂ, ਕਸ਼ਮੀਰ ਸਿੰਘ, ਮਨਪ੍ਰੀਤ ਕੌਰ, ਬਲਜਿੰਦਰ ਕੌਰ, ਸੀਮਾ ਸਰਹਾਲੀ ਕਲਾਂ ਆਦਿ ਹਾਜ਼ਰ ਸਨ।

ਹਰਭਜਨ ਖੇਮਕਰਨੀ ਦੀ ਕਿਤਾਬ 'ਮੁੱਲ ਵਿਕਦਾ ਸਮਾਂ' ਲੋਕ ਅਰਪਿਤ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਜਨਵਾਦੀ ਲੇਖਕ ਸੰਘ ਵੱਲੋਂ ਪੰਜਾਬੀ ਸਾਹਿਤਕਾਰ ਹਰਭਜਨ ਖੇਮਕਰਨੀ ਦੇ ਨਵ-ਪ੍ਰਕਾਸ਼ਿਤ ਕਹਾਣੀ ਸੰਗ੍ਰਹਿ 'ਮੁੱਲ ਵਿਕਦਾ ਸਮਾਂ' ਨੂੰ ਲੋਕ ਅਰਪਿਤ ਕੀਤਾ ਗਿਆ।ਖੇਮਕਰਨੀ ਦੇ ਘਰ ਹੋਏ ਇਸ ਸੰਖੇਪ ਪਰ ਅਰਥ ਭਰਪੂਰ ਸਾਹਿਤਕ ਸਮਾਗਮ ਦਾ ਆਗਾਜ਼ ਕਰਦਿਆਂ ਕਥਾਕਾਰ ਦੀਪ ਦੇਵਿੰਦਰ ਸਿੰਘ ਨੇ ਕਿਹਾ ਕਿ ਚਰਚਾ ਅਧੀਨ ਪੁਸਤਕ 'ਮੁੱਲ ਵਿਕਦਾ ਸਮਾਂ' ਦੀਆਂ ਸਮੁੱਚੀਆਂ ਕਹਾਣੀਆਂ ਮਨੁੱਖੀ ਜੀਵਨ ਦਾ ਸਾਹ- ਸਤ ਹਨ ਅਤੇ ਸਮਾਜਿਕ ਰਿਸ਼ਤਿਆਂ ਨੂੰ ਰੂਪਮਾਨ ਕਰਦੀਆਂ ਹਨ।ਨਾਵਲਕਾਰ ਵਜ਼ੀਰ ਸਿੰਘ ਰੰਧਾਵਾ ਨੇ ਕਿਹਾ ਕਿ ਖੇਮਕਰਨੀ ਦੀ ਲੇਖਣੀ ਮਨੁੱਖੀ ਮਨ ਵਿੱਚ ਉਪਜੇ ਭਾਵਾਂ ਦੀ ਤਰਜਮਾਨੀ ਕਰਦਿਆਂ ਸਾਰਥਿਕ ਸੁਨੇਹਾ ਦਿੰਦੀ ਹੈ। ਸੁਮੀਤ ਸਿੰਘ ਅਤੇ ਜ਼ਿਲ੍ਹਾ ਭਾਸ਼ਾ ਖੋਜ ਅਫਸਰ ਡਾ: ਇੰਦਰਜੀਤ ਸਿੰਘ ਨੇ ਕਿਹਾ ਕਿ ਇਸ ਪੁਸਤਕ ਵਿਚਲੀਆਂ ਕਹਾਣੀਆਂ ਜ਼ਿੰਦਗੀ ਦੀਆਂ ਵਿਭਿੰਨ ਪਰਤਾਂ ਅਤੇ ਦੁਸ਼ਵਾਰੀਆਂ ਨੂੰ ਪਰਗਟ ਕਰਦੀਆਂ ਹਨ।ਸੁਖਬੀਰ ਖੁਰਮਣੀਆਂ ਅਤੇ ਧਰਵਿੰਦਰ ਔਲਖ ਨੇ ਖੇਮਕਰਨੀ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੀਆਂ ਕਥਾ-ਜੁਗਤਾਂ ਬੰਦੇ ਅੰਦਰ ਨਵੀਂ ਊਰਜਾ ਬਖਸ਼ਦੀਆਂ ਹਨ।ਡਾ: ਪਰਸ਼ੋਤਮ, ਗੁਰਪ੍ਰਤਾਪ ਸਿੰਘ ਅਤੇ ਹਰਿੰਦਰਪਾਲ ਸਿੰਘ ਨੇ ਵੀ ਆਪਣੇ ਵਿਚਾਰ ਰੱਖੇ ਜਦਕਿ ਹਰਭਜਨ ਖੇਮਕਰਨੀ ਨੇ ਸਮੁੱਚੀ ਚਰਚਾ ਨੂੰ ਸਮੇਟਦਿਆਂ ਸਭ ਦਾ ਧੰਨਵਾਦ ਕੀਤਾ।

ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਵਿਖੇ ਮਨਾਈ ਡਾ. ਭੀਮ ਰਾਓ ਅੰਬੇਡਕਰ ਜੈਅੰਤੀ

ਧਾਰੀਵਾਲ, (ਮਨਦੀਪ ਵਿੱਕੀ) ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ, ਸਕੱਤਰ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਸਕੂਲ ਵਿਖੇ ਡਾ.ਭੀਮ ਰਾਓ ਅੰਬੇਦਕਰ ਜੈਅੰਤੀ ਬੜੀ ਸ਼ਰਧਾ ਭਾਵਨਾ ਨਾਲ ਮਨਾਈ। ਸਵੇਰੇ ਅਸੈਂਬਲੀ ਦੌਰਾਨ ਵਿਦਿਆਰਥੀਆਂ ਨੇ ਭਾਸ਼ਣ, ਕਵਿਤਾਵਾਂ ਅਤੇ ਗੀਤ ਪੇਸ਼ ਕਰਦੇ ਹੋਏ ਡਾ: ਭੀਮ ਰਾਓ ਦੇ ਜੀਵਨ ਅਤੇ ਸੰਘਰਸ਼ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਪ੍ਰਿੰਸੀਪਲ ਸ੍ਰੀਮਤੀ ਕਿਰਨ ਕੇਸਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਡਾ. ਅੰਬੇਡਕਰ ਜੀ ਨੇ ਸਮਾਜ ਵਿੱਚ ਸਮਾਨਤਾ ਅਤੇ ਸਿੱਖਿਆ ਦੀ ਮਹੱਤਤਾ ਨੂੰ ਉਭਾਰਿਆ ਅਤੇ ਸਾਨੂੰ ਉਨ੍ਹਾਂ ਦੇ ਦਿਖਾਏ ਰਾਹ 'ਤੇ ਚੱਲਣਾ ਚਾਹੀਦਾ ਹੈ। ਡਾ. ਅੰਬੇਡਕਰ ਜੀ ਨੇ ਭਾਰਤ ਦੇ ਸੰਵਿਧਾਨ ਨੂੰ ਤਿਆਰ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ। ਇਹ ਦਿਨ ਸਾਨੂੰ ਸਿਖਾਉਂਦਾ ਹੈ ਕਿ ਸਿੱਖਿਆ, ਸਮਾਨਤਾ ਅਤੇ ਏਕਤਾ ਨਾਲ ਹੀ ਸਮਾਜ ਨੂੰ ਅੱਗੇ ਲਿਜਾਇਆ ਜਾ ਸਕਦਾ ਹੈ। ਅੰਬੇਡਕਰ ਜਯੰਤੀ ਸਿਰਫ ਇੱਕ ਦਿਹਾੜਾ ਨਹੀਂ, ਸਗੋਂ ਨਿਆਂ ਅਤੇ ਸਮਾਨਤਾ ਦਾ ਸੰਦੇਸ ਹੈ। ਡਾ. ਅੰਬੇਡਕਰ ਦਾ ਯੋਗਦਾਨ ਸਾਡੇ ਦੇਸ ਨੂੰ ਇੱਕ ਮਜ਼ਬੂਤ ਅਤੇ ਨਿਆਂਪ੍ਰਧਾਨ ਲੋਕਤੰਤਰ ਬਣਾਉਣ ਵਿੱਚ ਬਹੁਤ ਮਹੱਤਵਪੂਰਨ ਹੈ। ਉਹ ਸਾਨੂੰ ਸਿਖਾਉਂਦੇ ਹਨ ਕਿ ਹੱਕਾਂ ਲਈ ਲੜਨਾ ਅਤੇ ਸਿੱਖਿਆ ਹਾਸਲ ਕਰਨਾ ਬਹੁਤ ਜ਼ਰੂਰੀ ਹੈ।

ਬਾਲ ਵਿੱਦਿਆ ਮਾਡਰਨ ਹਾਈ ਸਕੂਲ ਧਾਰੀਵਾਲ ਦਾ ਨਤੀਜਾ ਸੌ ਫੀਸਦੀ ਰਿਹਾ



ਧਾਰੀਵਾਲ, (ਮਨਦੀਪ ਵਿੱਕੀ)-ਬਾਲ ਵਿੱਦਿਆ ਮਾਡਰਨ ਹਾਈ ਸਕੂਲ ਧਾਰੀਵਾਲ ਦਾ ਅੱਠਵੀਂ ਜਮਾਤ ਦਾ ਨਤੀਜਾ ਸੌ ਫੀਸਦੀ ਰਿਹਾ ਹੈ, ਸਾਰੇ ਹੀ ਵਿਦਿਆਰਥੀ ਪਹਿਲੇ ਦਰਜੇ ਵਿੱਚ ਪਾਸ ਹੋਏ ਹਨ। ਇਸ ਸਬੰਧੀ ਸਕੂਲ ਪ੍ਰਿੰਸੀਪਲ ਰੁਪਿੰਦਰ ਕੌਰ ਕਾਹਲੋਂ ਨੇ ਖ਼ਸ਼ੀ ਪ੍ਰਗਟ ਕਰਦਿਆਂ ਦੱਸਿਆ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਮਾਰਚ ਵਿੱਚ ਲਈ ਗਈ ਅੱਠਵੀਂ ਜਮਾਤ ਦੀ ਪ੍ਰੀਖਿਆ ਵਿੱਚ ਸਕੂਲ ਦੇ 20 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ ਸੀ।

ਇਸ ਅੱਠਵੀਂ ਜਮਾਤ ਨਤੀਜੇ ਵਿੱਚੋਂ ਸਕੂਲ ਦੇ ਵਿਦਿਆਰਥੀ ਨਿਰਮਲ ਸਿੰਘ ਨੇ 532 ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਪਹਿਲਾ ਸਥਾਨ, ਕੀਰਤੀ ਕੁਮਾਰੀ ਨੇ 504 ਅੰਕ ਪ੍ਰਾਪਤ ਕਰਕੇ ਦੂਸਰਾ ਸਥਾਨ, ਮਾਨਵੀ ਅਤੇ ਲਵਪ੍ਰੀਤ ਕੌਰ ਨੇ 494 ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਨ੍ਹਾਂ ਤੋਂ ਇਲਾਵਾ ਵੀ ਸਾਰੇ ਵਿਦਿਆਰਥੀ ਪਹਿਲੇ ਦਰਜੇ ਵਿੱਚ ਪਾਸ ਹੋਏ ਹਨ।

ਸਕੂਲ ਪ੍ਰਿੰਸੀਪਲ ਰੁਪਿੰਦਰ ਕੌਰ ਨੇ ਦੱਸਿਆ ਇਹ ਚੰਗਾ ਨਤੀਜਾ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਸਾਂਝੀ ਮਿਹਨਤ ਦਾ ਫਲ ਹੈ। ਉਹਨਾਂ ਨੇ ਇਸ ਸ਼ਾਨਦਾਰ ਨਤੀਜੇ ਲਈ ਵਿਦਿਆਰਥੀਆਂ, ਉਹਨਾਂ ਦੇ ਮਾਪਿਆਂ ਅਤੇ ਸਕੂਲ ਦੇ ਅਧਿਆਪਕਾਂ ਨੂੰ ਵਧਾਈ ਦਿੱਤੀ।

ਇਸ ਮੌਕੇ ਸੀਨੀਅਰ ਅਧਿਆਪਕ ਪਲਵਿੰਦਰ ਸੋਹਲ ਅਤੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

ਬਚਪਨ ਪਲੇਅ ਤੇ ਅਕੈਡਮਿਕ ਹਾਈਟ ਸਕੂਲ 'ਚ ਮਨਾਇਆ ਵਿਸਾਖੀ ਦਾ ਪਵਿੱਤਰ ਦਿਹਾੜਾ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਬਚਪਨ ਪਲੇਅ ਸਕੂਲ ਅਤੇ ਅਕੈਡਮਿਕ ਹਾਈਟ ਸਕੂਲ ਵਿੱਚ ਵਿਸਾਖੀ ਦਾ ਪਵਿੱਤਰ ਦਿਹਾੜਾ ਬੜੀ ਰੌਣਕ ਅਤੇ ਉਤਸ਼ਾਹ ਨਾਲ ਮਨਾਇਆ ਗਿਆ।ਸਕੂਲ ਦਾ ਵੇਹੜਾ ਕਣਕ ਦੀਆਂ ਬੱਲੀਆਂ, ਫੁੱਲਕਾਰੀਆਂ ਅਤੇ ਰੰਗ-ਬਰੰਗੀ ਸਜਾਵਟ ਨਾਲ ਸੁੰਦਰ ਢੰਗ ਨਾਲ ਸਜਾਇਆ ਗਿਆ ਸੀ।

ਹਰ ਪਾਸੇ ਪੰਜਾਬੀ ਰੀਤ-ਰਿਵਾਜ ਦੀ ਝਲਕ ਨਜ਼ਰ ਆ ਰਹੀ ਸੀ ਅਤੇ ਮੇਲੇ ਵਰਗਾ ਮਾਹੌਲ ਬਣਿਆ ਹੋਇਆ ਸੀ।ਇਸ ਮੌਕੇ ਐਮ. ਡੀ. ਸੰਤੋਸ਼ ਬਜਾਜ, ਅਕੈਡਮਿਕ ਹਾਈਟ ਸਕੂਲ ਦੇ ਮੁਖੀ ਅੰਸ਼ ਬਜਾਜ ਅਤੇ ਬਚਪਨ ਪਲੇ ਸਕੂਲ ਦੀ ਮੁਖੀ ਮੋਨਿਕਾ ਖੋਖਰ ਨੇ ਬੱਚਿਆਂ, ਮਾਪਿਆਂ ਅਤੇ ਅਧਿਆਪਕ ਵਰਗ ਨੂੰ ਵਿਸਾਖੀ ਦੀਆਂ ਦਿਲੋਂ ਵਧਾਈਆਂ ਦਿੱਤੀਆਂ। ਉਨ੍ਹਾਂ ਨੇ ਆਪਣੇ ਸੰਬੋਧਨ ਦੌਰਾਨ ਆਖਿਆ ਕਿ ਵਿਸਾਖੀ ਫਸਲਾਂ ਦੀ ਖ਼ੁਸ਼ੀ ਦਾ ਦਿਹਾੜਾ ਹੈ ਅਤੇ ਨਾਲ ਹੀ ਖਾਲਸਾ ਪੰਥ ਦੀ ਸਾਜਨਾ ਨਾਲ ਸੰਬੰਧਿਤ ਮਹੱਤਵਪੂਰਨ ਇਤਿਹਾਸਕ ਦਿਨ ਵੀ ਹੈ।ਨੰਨ੍ਹੇ-ਮੁੰਨੇ ਬੱਚਿਆਂ ਵੱਲੋਂ ਰੰਗ-ਬਰੰਗੀਆਂ ਪੇਸ਼ਕਾਰੀਆਂ ਕੀਤੀਆਂ ਗਈਆਂ।ਬੱਚਿਆਂ ਨੇ ਭੰਗੜਾ ਅਤੇ ਗਿੱਧਾ ਪੇਸ਼ ਕਰਕੇ ਹਾਜ਼ਰ ਸੰਗਤ ਦਾ ਮਨ ਮੋਹ ਲਿਆ। ਉਨ੍ਹਾਂ ਦੇ ਚਿਹਰਿਆਂ ਤੇ ਖ਼ੁਸ਼ੀ ਅਤੇ ਆਤਮ-ਵਿਸ਼ਵਾਸ ਸਪਸ਼ਟ ਦਿਖਾਈ ਦੇ ਰਿਹਾ ਸੀ।ਸਮਾਗਮ ਦੀ ਕਾਮਯਾਬੀ ਵਿੱਚ ਅਧਿਆਪਕ ਰਿੰਕੀ ਕੁਕਰੇਜਾ, ਰੀਨਾ ਸ਼ਰਮਾ, ਜੋਬਨਜੀਤ ਕੌਰ, ਪ੍ਰਭਦੀਪ ਕੌਰ, ਜਗਰੂਪ ਕੌਰ, ਨਵਜੀਤ ਕੌਰ, ਸੁਖਪ੍ਰੀਤ ਕੌਰ, ਅਮਨਦੀਪ ਕੌਰ, ਸੰਦੀਪ ਕੌਰ ਅਤੇ ਨਵਰਾਜ ਕੌਰ ਦਾ ਵਿਸ਼ੇਸ਼ ਯੋਗਦਾਨ ਰਿਹਾ।

ਗ੍ਰਾਮ ਪੰਚਾਇਤ ਭੰਗਾਲੀ ਕਲਾਂ ਵੱਲੋਂ ਬਾਬਾ ਸਾਹਿਬ ਨੂੰ ਸ਼ਰਧਾਂਜਲੀ

ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)-ਹਲਕਾ ਮਜੀਠਾ ਦੇ ਪਿੰਡ ਭੰਗਾਲੀ ਕਲਾਂ ਵਿਖੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਜਨਮ ਦਿਹਾੜੇ ਤੇ ਗ੍ਰਾਮ ਪੰਚਾਇਤ ਭੰਗਾਲੀ ਕਲਾਂ ਅਤੇ ਵੱਖ ਵੱਖ ਪਾਰਟੀਆਂ ਦੇ ਆਗੂਆਂ ਵੱਲੋਂ ਬਾਬਾ ਸਾਹਿਬ ਭੀਮ ਰਾਓ ਡਾਕਟਰ ਅੰਬੇਡਕਰ ਦਾ ਜਨਮ ਦਿਹਾੜਾ ਮਨਾਇਆ ਗਿਆ ਅਤੇ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।

ਇਸ ਸਮੇਂ ਸਰਪੰਚ ਪਲਵਿੰਦਰ ਕੌਰ ਚੇਅਰਮੈਨ ਹਰਦੀਸ ਸਿੰਘ ਭੰਗਾਲੀ ਅਤੇ ਸਮੂਹ ਅਹੁਦੇਦਾਰਾਂ ਵੱਲੋਂ ਕੇਕ ਵੀ ਕੱਟਿਆ ਗਿਆ।

ਇਸ ਸਮੇਂ ਵੱਖ ਵੱਖ ਬੁਲਾਰਿਆਂ ਨੇ ਕਿਹਾ ਕਿ ਸਾਨੂੰ ਬਾਬਾ ਸਾਹਿਬ ਭੀਮ ਰਾਓ ਡਾਕਟਰ ਅੰਬੇਡਕਰ ਦੀ ਵਿਚਾਰਧਾਰਾ ਨੂੰ ਅਪਣਾਉਣਾ ਚਾਹੀਦਾ ਹੈ।ਇੱਕਮੁੱਠ ਹੋ ਕੇ ਚੱਲਣਾ ਚਾਹੀਦਾ ਹੈ ਅਖੀਰ ਤੇ ਬੁਲਾਰਿਆਂ ਨੇ ਨੌਜਵਾਨ ਪੀੜ੍ਹੀ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਵਰਗੀਆਂ ਭੈੜੀਆਂ ਆਦਤਾਂ ਛੱਡ ਕੇ ਚੰਗੇ ਕਾਰਜਾਂ ਵਾਸਤੇ ਅੱਗੇ ਆਉਣ। ਇਸ ਮੌਕੇ ਸਾਬਕਾ ਸਰਪੰਚ ਇਨਸਾਨ ਸਿੰਘ, ਡਾਕਟਰ ਚੰਦਰ, ਮੋਹਨ ਸਿੰਘ, ਸੁਖਵਿੰਦਰ ਸਿੰਘ, ਪਰਮਿੰਦਰ ਸਿੰਘ, ਜਗਜੀਤ ਸਿੰਘ ਪਟਵਾਰੀ, ਮੈਂਬਰ ਇੰਦਰਜੀਤ ਸਿੰਘ, ਹਰਪਾਲ ਸਿੰਘ, ਅਤਿੰਦਰ ਸਿੰਘ, ਜਸਬੀਰ ਸਿੰਘ, ਬਾਬਾ ਕੁਲਦੀਪ ਸਿੰਘ, ਮੁਖਤਾਰ ਸਿੰਘ, ਸਾਹਿਬ ਸਿੰਘ, ਦਲਵੀਰ ਸਿੰਘ, ਪਵਨਦੀਪ ਸਿੰਘ, ਬਾਬਾ ਰਣਜੀਤ ਸਿੰਘ, ਸੇਵਾ ਸਿੰਘ, ਸਤਨਾਮ ਸਿੰਘ, ਦਿਲਬਾਗ ਸਿੰਘ, ਹਰਦੀਪ ਸਿੰਘ, ਤਰਸੇਮ ਸਿੰਘ, ਰਣਜੀਤ ਸਿੰਘ, ਪੰਡਿਤ ਐੱਸ. ਕੇ. ਸ਼ਾਸਤਰੀ ਅਤੇ ਸਾਬਕਾ ਸਰਪੰਚ ਗੁਰਮੀਤ ਸਿੰਘ ਹਾਜ਼ਰ ਸਨ।

ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਵਿਖੇ ਬੜੇ ਜੋਸ਼ੋ-ਖਰੋਸ਼ ਨਾਲ ਮਨਾਇਆ ਵਿਸਾਖੀ ਦਾ ਦਿਹਾੜਾ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਸਾਹਿਬ ਵਿਖੇ ਵਿਸਾਖੀ ਦੇ ਤਿਉਹਾਰ ਨੂੰ ਮੁੱਖ ਰੱਖਦਿਆਂ ਵਿਦਿਆਰਥੀਆਂ ਵਿੱਚ ਇੱਕ ਸੱਭਿਆਚਾਰਕ ਪ੍ਰੋਗਰਾਮ ਕਰਵਾਇਆ ਗਿਆ।

ਇਸ ਮੌਕੇ ਵਿਸਾਖੀ ਦੇ ਤਿਉਹਾਰ ਦੇ ਸੰਬੰਧ ਵਿੱਚ ਸੱਭਿਆਚਾਰ ਨੂੰ ਪੇਸ਼ ਕਰਦੀ ਵੰਨਗੀ ਦੀ ਪੇਸ਼ਕਾਰੀ ਕਰਦਿਆਂ ਪਹਿਲੀ ਜਮਾਤ ਦੇ ਵਿਦਿਆਰਥੀਆਂ ਵਿੱਚ ਨਿੱਕਾ ਗੱਭਰੂ ਅਤੇ ਨਿੱਕੀ ਮੁਟਿਆਰ ਦਾ ਮੁਕਾਬਲਾ ਕਰਵਾਇਆ ਗਿਆ ਜਿਸ ਵਿੱਚ ਪੰਜਾਬੀ ਲੋਕ-ਨਾਚ, ਭੰਗੜੇ ਅਤੇ ਗਿੱਧੇ ਦਾ ਮੁਕਾਬਲਾ ਕਰਵਾਇਆ ਗਿਆ।ਮਨਕੀਰਤ ਕੌਰ ਜਮਾਤ ਪਹਿਲੀ ਨੇ ਨਿੱਕੀ ਮੁਟਿਆਰ ਅਤੇ ਜੰਗਦੀਪ ਸਿੰਘ ਜਮਾਤ ਪਹਿਲੀ ਨੇ ਨਿੱਕਾ ਗੱਭਰੂ ਦਾ ਖਿਤਾਬ ਹਾਸਲ ਕੀਤਾ।ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸੰਸਥਾ ਦੇ ਡਾਇਰੈਕਟਰ ਡਾ. ਜਤਿੰਦਰਪਾਲ ਸਿੰਘ ਰੰਧਾਵਾ ਅਤੇ ਪ੍ਰਿੰਸੀਪਲ ਮੈਡਮ ਮਨੀਸ਼ਾ ਸੂਦ ਨੇ ਸਾਰਿਆਂ ਨੂੰ ਵਿਸਾਖੀ ਦੀ ਵਧਾਈ ਦਿੱਤੀ ਅਤੇ ਜੇਤੂ ਵਿਦਿਆਰਥੀਆਂ ਨੂੰ ਨਿੱਕਾ ਗੱਭਰੂ ਅਤੇ ਨਿੱਕੀ ਮੁਟਿਆਰ ਦਾ ਖਿਤਾਬ ਦੇ ਕੇ ਸਨਮਾਨਿਤ ਕੀਤਾ ਅਤੇ ਬੱਚਿਆਂ ਦੀ ਹੌਂਸਲਾ ਅਫ਼ਜ਼ਾਈ ਕਰਦਿਆਂ ਉਨ੍ਹਾਂ ਨੂੰ ਹਮੇਸ਼ਾ ਅੱਗੇ ਵੱਧਣ ਅਤੇ ਆਪਣੇ ਸੱਭਿਆਚਾਰ, ਵਿਰਸੇ-ਵਿਰਾਸਤ ਅਤੇ ਇਤਿਹਾਸ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

ਪੱਤਰਕਾਰ ਬਲਜੀਤ ਕਾਹਲੋਂ ਨਮਿੱਤ ਸ਼ਰਧਾਂਜਲੀ ਸਮਾਰਾਗਮ

ਮਜੀਠਾ/ਕੱਥੂਨੰਗਲ/ਜੈਂਤੀਪੁਰ (ਸੋਇਮ ਆਨੰਦ/ਪ੍ਰੀਤਮ ਸਿੰਘ/ਸਿੱਧੂ)-ਸੀਨੀਅਰ ਪ੍ਰਤੀਨਿਧ ਬਲਜੀਤ ਸਿੰਘ ਕਾਹਲੋਂ ਪ੍ਰਧਾਨ ਚੰਡੀਗੜ੍ਹ ਪੱਤਰਕਾਰ ਯੂਨੀਅਨ ਜੋ ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ, ਨਮਿੱਤ ਰੱਖੇ ਪਾਠ ਦੇ ਭੋਗ ਉਨ੍ਹਾਂ ਦੇ ਗ੍ਰਹਿ ਵਿਖੇ ਪਾਉਣ ਉਪਰੰਤ ਕੀਰਤਨ ਤੇ ਅੰਤਿਮ ਅਰਦਾਸ ਗੁਰਦੁਆਰਾ ਭਗਤ ਨਾਮਦੇਵ ਮਰੜੀ ਕਲਾਂ ਵਿਖੇ ਕਰਵਾਇਆ ਗਿਆ ।ਹਜ਼ੂਰੀ ਰਾਗੀ ਭਾਈ ਸਰਬਜੀਤ ਸਿੰਘ ਦੇ ਜਥੇ ਵੱਲੋਂ ਵਿਰਾਗਮਈ ਕੀਰਤਨ ਕੀਤਾ ਗਿਆ। ਇਸ ਮੌਕੇ ਹਿੰਦ ਸਮਾਚਾਰ ਪੱਤਰ ਸਮੂਹ ਦੇ ਚੋਪੜਾ ਪਰਿਵਾਰ ਵੱਲੋਂ ਭੇਜਿਆ ਸ਼ੋਕ ਸੰਦੇਸ਼ ਪ੍ਰਤੀਨਿਧ ਪ੍ਰਿਥੀਪਾਲ ਸਿੰਘ ਵੱਲੋਂ ਪੜ੍ਹਿਆ ਗਿਆ।ਇਸ ਮੌਕੇ ਐਮਪੀ ਔਜਲਾ ਵੱਲੋਂ ਸੱਚਰ ਰਾਹੀਂ ਬਲਜੀਤ ਕਾਹਲੋਂ ਦੀ ਯਾਦ ਵਿੱਚ ਓਪਨ ਜਿਮ ਬਣਾਉਣ ਦਾ ਐਲਾਨ ਕੀਤਾ ਗਿਆ।ਇਸ ਮੌਕੇ ਬਾਬਾ ਸੱਜਣ ਸਿੰਘ ਬੇਰ ਸਾਹਿਬ, ਬਾਬਾ ਮਨਮੋਹਨ ਸਿੰਘ, ਬਾਬਾ ਸਰਦਾਰਾ ਸਿੰਘ, ਕਾਂਗਰਸੀ ਆਗੂ ਭਗਵੰਤਪਾਲ ਸਿੰਘ ਸੱਚਰ, ਅਮਨਦੀਪ ਜੈਂਤੀਪੁਰ, ਭਾਜਪਾ ਆਗੂ ਪ੍ਰਦੀਪ ਸਿੰਘ ਭੁੱਲਰ, ਅਕਾਲੀ ਆਗੂ ਜੋਧ ਸਿੰਘ ਸਮਰਾ, ਤਲਬੀਰ ਸਿੰਘ , ਬਲਬੀਰ ਸਿੰਘ ਬੋਪਾਰਾਏ , ਜਗਵਿੰਦਰ ਸਿੰਘ, ਵਿਜੇ ਕੁਮਾਰ ਬਰੀਏਵਾਲ, ਪ੍ਰਮਜੀਤ ਸਿੰਘ ਪੰਮਾ ਪ੍ਰਧਾਨ, ਵਾਰਸ ਪੰਜਾਬ ਆਗੂ ਨਾਥਵਿੰਦਰ ਸਿੰਘ, ਬਲਜਿੰਦਰ ਸਿੰਘ ਫੌਜੀ, ਡੀ. ਐਮ. ਰਮਨਦੀਪ ਸਿੰਘ, ਬਲਵਿੰਦਰ ਸਿੰਘ ਮਰੜੀ ਕਲਾਂ, ਪ੍ਰਧਾਨ ਜਸਕਰਨ ਸਿੰਘ ਭੰਗੂ, ਸੁਖਚੈਨ ਸਿੰਘ ਸੁੱਖ ਭਗਵਾਂ, ਨਵਦੀਪ ਸਿੰਘ ਸੋਨਾ ਪ੍ਰਧਾਨ, ਅਨੂਪ ਸਿੰਘ ਸੰਧੂ, ਕਾਮਰੇਡ ਬਲਕਾਰ ਸਿੰਘ ਦੁਧਾਲਾ, ਪ੍ਰਕਾਸ਼ ਸਿੰਘ ਭੰਗੂ, ਸੁਖਵਿੰਦਰ ਸਿੰਘ, ਗੁਰਭੇਜ ਰੰਧਾਵਾ, ਸਤਿੰਦਰ ਸਿੰਘ ਸ਼ਾਹ, ਹਰਭੁਪਿੰਦਰ ਸਿੰਘ ਸ਼ਾਹ, ਡੀਆਈਜੀ ਸਤਿੰਦਰ ਸਿੰਘ ਲੁਧਿਆਣਾ, ਚੰਡੀਗੜ੍ਹ ਜਰਨਲਿਸਟ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਜਸਬੀਰ ਸਿੰਘ ਪੱਟੀ, ਮੈਡਮ ਮਮਤਾ, ਕਵਲਜੀਤ ਸਿੰਘ ਵਾਲੀਆ, ਪ੍ਰਧਾਨ ਰਜੇਸ਼ ਗਿੱਲ, ਅਵਤਾਰ ਸਿੰਘ ਅਹੂਜਾ, ਸਕੱਤਰ ਜਸਪਾਲ ਸਿੰਘ, ਸੁਖਚੈਨ ਸਿੰਘ ਤਲਵੰਡੀ, ਕਿਸਾਨ ਆਗੂ ਜਗਜੀਵਨ ਸਿੰਘ ਤਲਵੰਡੀ, ਕਮਲ ਪਹਿਲਵਾਨ, ਮਨਿੰਦਰ ਸਿੰਘ ਸੋਖੀ, ਜਗਤਾਰ ਸਿੰਘ ਸਹਿਮੀ, ਰਮਨ ਸ਼ਰਮਾ, ਸਰਬਜੀਤ ਸਿੰਘ ਵਡਾਲਾ, ਪ੍ਰੀਤਮ ਸਿੰਘ ਚਵਿੰਡਾ, ਜਸਪਾਲ ਸਿੰਘ ਗਿੱਲ, ਸਰਬਜੀਤ ਸਿੰਘ ਏਐੱਸਆਰ, ਮਹਾਂਬੀਰ ਸਿੰਘ ਤੱਗੜ, ਭੁਪਿੰਦਰ ਸਿੰਘ ਗਿੱਲ, ਮਾ. ਭੁਪਿੰਦਰ ਸਿੰਘ, ਰਾਜਬੀਰ ਸਿੰਘ ਚਵਿੰਡਾ, ਸਤਨਾਮ ਸਿੰਘ ਜੱਜ, ਮਨਦੀਪ ਸਿੰਘ ਗਿੱਲ, ਮਨੋਹਰ ਸਿੰਘ ਰੰਧਾਵਾ, ਪਲਵਿੰਦਰ ਸਿੰਘ ਸਰਹਾਲਾ, ਸੋਇਮ ਅਨੰਦ, ਪ੍ਰਮੋਦ ਕੁਮਾਰ, ਵਿੱਕੀ ਭੰਡਾਰੀ, ਰਾਜਾ ਕੋਟਲੀ, ਅਸ਼ਵਨੀ ਕੁਮਾਰ, ਮਨਮੋਹਨ ਸਿੰਘ ਢਿੱਲੋਂ, ਜਗਤਾਰ ਸਿੰਘ ਛਿੰਤ, ਨਿਰਵੈਰ ਸਿੰਘ ਗਿੱਲ, ਰਾਜਵਿੰਦਰ ਸਿੰਘ, ਰਾਕੇਸ਼ ਭੱਟੀ, ਮਹਾਂਬੀਰ ਸਿੰਘ ਗਿੱਲ, ਸ਼ਰਨਜੀਤ ਸਿੰਘ ਗਿੱਲ, ਰਣਬੀਰ ਸਿੰਘ ਮਿੰਟੂ, ਵਿਨੋਦ ਭੀਲੋਵਾਲ, ਦਵਿੰਦਰ ਸੈਫ਼ੀ, ਮਾਨ ਸਿੰਘ ਬੁੱਢਾ ਥੇਹ, ਕਿਸਾਨ ਆਗੂ ਜੋਗਾ ਸਿੰਘ ਨੱਤ, ਪ੍ਰਧਾਨ ਝਿਰਮਲ ਸਿੰਘ ਬੱਜੂਮਾਨ, ਦੁਰਗਾ ਦਾਸ, ਨਵਜੋਤ ਸਿੰਘ ਭੰਗੂ, ਦੀਪਕ ਆੜ੍ਹਤੀ, ਭੁਪਿੰਦਰ ਸਿੰਘ ਭਿੰਡੂ, ਸਰਪੰਚ ਬਿਕਰਮਜੀਤ ਸਿੰਘ, ਹਰਿੰਦਰ ਸਿੰਘ, ਕਾਬਲ ਸਿੰਘ, ਸ਼ਮਸ਼ੇਰ ਸਿੰਘ ਮੂਦਲ, ਦੀਪਕ ਰੌਕੀ, ਮਨਜੀਤ ਸਿੰਘ ਸੋਹੀ, ਜੋਗਾ ਸਿੰਘ ਅਠਵਾਲ, ਹਰਦੀਪ ਸਿੰਘ, ਹਰਜਿੰਦਰ ਸਿੰਘ, ਸ਼ਿਵ ਵਰਿੰਦਰ ਸਿੰਘ, ਸਤੀਸ਼ ਕੁਮਾਰ, ਗੁਰਮੀਤ ਸਿੰਘ ਬੱਲ, ਇਕਬਾਲ ਸਿੰਘ ਮੱਲੀ, ਸਰਪੰਚ ਸੋਨੀ ਕੱਥੂਨੰਗਲ, ਸ਼ੇਰਾ ਤਲਵੰਡੀ, ਲਖਵਿੰਦਰ ਸਿੰਘ ਬੇਗੇਵਾਲ, ਲਾਡੀ ਤਲਵੰਡੀ, ਹਰਬੰਸ ਸਿੰਘ ਮੱਲੀ, ਸੰਦੀਪ ਬਤਾਲਾ, ਘੁੱਲਾ, ਬਿੱਕਰ ਪਧੇਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਨੇਹੀ ਦੁੱਖ ਵਿਚ ਸ਼ਾਮਿਲ ਹੋਏ।

ਡਾ. ਅੰਬੇਡਕਰ ਸੰਵਿਧਾਨ ਦੇ ਰਚੇਤਾ ਹੀ ਨਹੀਂ ਸਨ, ਸਮਾਜਿਕ ਸਮਾਨਤਾ ਦੇ ਮਹਾਨ ਯੋਧਾ ਵੀ ਸਨ: ਸੰਧੂ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਭਾਰਤ ਰਤਨ, ਸੰਵਿਧਾਨ ਰਚੇਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦਾ 135ਵਾਂ ਜਨਮ ਦਿਨ ਭਾਰਤੀ ਜਨਤਾ ਪਾਰਟੀ ਵੱਲੋਂ ਜ਼ਿਲਾ ਤਰਨਤਾਰਨ ਦੇ ਮੁੱਖ ਦਫਤਰ ਵਿਖੇ ਜ਼ਿਲਾ ਪ੍ਰਧਾਨ ਹਰਜੀਤ ਸਿੰਘ ਸੰਧੂ ਦੀ ਅਗਵਾਈ ਹੇਠ ਜ਼ਿਲੇ ਦੇ ਪ੍ਰਮੁੱਖ ਆਗੂਆਂ ਨੇ ਮਨਾਇਆ।ਇਸ ਮੌਕੇ ਤੇ ਜਿਲਾ ਪ੍ਰਧਾਨ ਹਰਜੀਤ ਸਿੰਘ ਸੰਧੂ ਨੇ ਕਿਹਾ ਕਿ ਡਾ. ਅੰਬੇਡਕਰ ਸਿਰਫ ਭਾਰਤੀ ਸੰਵਿਧਾਨ ਦੇ ਰਚੇਤਾ ਹੀ ਨਹੀਂ ਸਨ, ਸਗੋਂ ਉਹ ਸਮਾਜਿਕ ਸਮਾਨਤਾ ਦੇ ਮਹਾਨ ਯੋਧਾ ਵੀ ਸਨ। ਉਨ੍ਹਾਂ ਨੇ ਆਪਣੀ ਜ਼ਿੰਦਗੀ ਦੌਰਾਨ ਦਲਿਤਾਂ, ਪੀੜਤਾਂ ਅਤੇ ਪੱਛੜੇ ਵਰਗਾਂ ਦੇ ਅਧਿਕਾਰਾਂ ਲਈ ਨਿਰੰਤਰ ਲੜਾਈ ਲੜੀ, ਉਨ੍ਹਾਂ ਦੇ ਯਤਨਾਂ ਸਦਕਾ ਹੀ ਅੱਜ ਹਰ ਭਾਰਤੀ ਨੂੰ ਸੰਵਿਧਾਨਕ ਅਧਿਕਾਰ ਮਿਲੇ ਹਨ।ਇਸ ਮੌਕੇ ਮਹਾਂ ਮੰਤਰੀ ਸ਼ਿਵ ਕੁਮਾਰ ਸੋਨੀ ਨੇ ਕਿਹਾ ਕਿ ਭਾਰਤ ਦੇ ਸੰਵਿਧਾਨ ਨਾਲ ਸਮਾਨਤਾ, ਆਜ਼ਾਦੀ ਅਤੇ ਭਾਈਚਾਰੇ ਦੇ ਮੂਲ ਸਿਧਾਂਤਾਂ ਦੀ ਰਖਵਾਲੀ ਹੋ ਰਹੀ ਹੈ ਜਿਸ ਦਾ ਮੁੱਖ ਕਾਰਨ ਡਾ. ਭੀਮ ਰਾਓ ਅੰਬੇਡਕਰ ਦੇ ਵਿਚਾਰ ਅਤੇ ਕੁਰਬਾਨੀ ਹੈ।ਇਸ ਮੌਕੇ ਮੀਤ ਪ੍ਰਧਾਨ ਸਤਨਾਮ ਸਿੰਘ, ਭੁੱਲਰ, ਐੱਸਸੀ ਮੋਰਚਾ ਸਰਕਲ ਸ਼ਹਿਰੀ ਪ੍ਰਧਾਨ ਰਾਮੇਸ਼ ਕਲਸੀ, ਮੋਰਚਾ ਜਨਰਲ ਸਕੱਤਰ ਅਮਨ ਅਰੋੜਾ, ਯੁਵਾ ਮੋਰਚਾ ਜਿਲਾ ਪ੍ਰਧਾਨ ਦਿਨੇਸ਼ ਜੋਸ਼ੀ, ਓਬੀਸੀ ਮੋਰਚਾ ਜ਼ਿਲ੍ਹਾ ਪ੍ਰਧਾਨ ਨਿਸ਼ਾਨ ਸਿੰਘ, ਕਿਸਾਨ ਮੋਰਚਾ ਜ਼ਿਲ੍ਹਾ ਪ੍ਰਧਾਨ ਡਾ. ਅਵਤਾਰ ਸਿੰਘ ਵੇਂਈਪੁਈ, ਘੱਟ ਗਿਣਤੀ ਮੋਰਚਾ ਪ੍ਰਧਾਨ ਸਲੀਮ ਅਹਿਮਦ, ਦਿਵਿਆਗਨ ਸੈੱਲ ਰੋਬਿਨ ਜੌੜਾ, ਸਾਬਕਾ ਸਰਪੰਚ ਸੁਖਦੇਵ ਸਿੰਘ, ਰਣਜੀਤ ਸਿੰਘ ਗਿੱਲ ਵੜੈਚ, ਸੋਨੂ ਮੂਸੇ, ਪਰਮਜੀਤ ਸਿੰਘ ਲਾਲਕਾ, ਬਲਕਾਰ ਸਿੰਘ, ਸਾਹਿਬ ਸਿੰਘ ਸ਼ਹੀਦ, ਰਸਾਲ ਸਿੰਘ, ਬਾਬਾ ਲਖਵਿੰਦਰ ਸਿੰਘ, ਜਸਵੰਤ ਸਿੰਘ, ਹਰਦੇਵ ਸਿੰਘ, ਕੁਲਵੰਤ ਸਿੰਘ, ਮਲਕੀਤ ਸਿੰਘ, ਕਰਮਜੀਤ ਸਿੰਘ, ਬਲਦੇਵ ਸਿੰਘ, ਹੀਰਾ ਸਿੰਘ, ਹਰਚੰਦ ਸਿੰਘ, ਸ਼ਹਿਬਾਜ ਸਿੰਘ, ਸਵਿੰਦਰ ਸਿੰਘ, ਹਰਬੰਸ ਸਿੰਘ, ਸਵਰਨ ਸਿੰਘ, ਦਿਲਬਾਗ ਸਿੰਘ, ਪਰਮਜੀਤ ਸਿੰਘ, ਸਰਦੂਲ ਸਿੰਘ, ਲਵਪ੍ਰੀਤ ਸਿੰਘ, ਕੁਲਵਿੰਦਰ ਸਿੰਘ, ਲਵਦੀਪ ਸਿੰਘ, ਅਮਨਦੀਪ ਸਿੰਘ ਤੋਂ ਇਲਾਵਾ ਜ਼ਿਲ੍ਹਾ ਤਰਨਤਾਰਨ ਤੋਂ ਵੱਖ-ਵੱਖ ਪਾਰਟੀ ਦੇ ਆਗੂ ਅਤੇ ਐਸਸੀ ਮੋਰਚਾ ਆਗੂ ਪ੍ਰਮੁੱਖ ਤੌਰ 'ਤੇ ਹਾਜ਼ਰ ਸਨ।

ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦੇ ਨਿਯਮਾਂ 'ਚ ਤਬਦੀਲੀ ਪੰਜਾਬ ਦੇ ਹਿੱਤਾਂ 'ਤੇ ਸਿੱਧਾ ਹਮਲਾ : ਬੈਂਸ

ਨੰਗਲ ਭਲਾਣ (ਹਰਭਜਨਸਿੰਘ ਢਿੱਲੋਂ)

ਪੰਜਾਬ ਦੇ ਸਿੱਖਿਆ ਮੰਤਰੀ ਤੇ ਹਲਕਾ ਵਿਧਾਇਕ ਸ੍ਰੀ ਅਨੰਦਪੁਰ ਸਾਹਿਬ ਹਰਜੋਤ ਸਿੰਘ ਬੈਂਸ ਨੇ ਕਿਹਾ ਹੈ ਕਿ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਨਾਲ ਸੰਬੰਧਿਤ ਨਿਯਮਾਂ ਵਿੱਚ ਕੀਤੀ ਗਈ ਤਬਦੀਲੀ ਪੰਜਾਬ ਦੇ ਹੱਕਾਂ ਅਤੇ ਹਿਤਾਂ 'ਤੇ ਸਿੱਧਾ ਹਮਲਾ ਹੈ। ਉਨ੍ਹਾਂ ਕਿਹਾ ਕਿ ਮੀਡੀਆ ਰਿਪੋਰਟਾਂ ਰਾਹੀਂ ਇਹ ਜਾਣਕਾਰੀ ਸਾਹਮਣੇ ਆਈ ਹੈ ਕਿ ਹੁਣ ਬੋਰਡ ਵਿੱਚ ਅਫਸਰ ਦੀ ਨਿਯੁਕਤੀ ਲਈ ਪੰਜਾਬੀ ਅਧਿਕਾਰੀ ਹੋਣ ਦੀ ਸ਼ਰਤ ਨੂੰ ਖਤਮ ਕਰ ਦਿੱਤਾ ਗਿਆ ਹੈ, ਜਿਸ ਨਾਲ ਦੇਸ਼ ਦੇ ਕਿਸੇ ਵੀ ਹਿੱਸੇ ਤੋਂ ਅਧਿਕਾਰੀ ਦੀ ਨਿਯੁਕਤੀ ਸੰਭਵ ਬਣ ਗਈ ਹੈ। ਇਹ ਫੈਸਲਾ ਸੂਬੇ ਦੇ ਹੱਕਾਂ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਵਜੋਂ ਵੇਖਿਆ ਜਾ ਰਿਹਾ ਹੈ।ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਨੰਗਲ ਡੈਮ ਸਮੇਤ ਭਾਖੜਾ ਪ੍ਰਣਾਲੀ ਪੰਜਾਬ ਦੇ ਪਾਣੀ ਅਤੇ ਭਵਿੱਖ ਨਾਲ ਜੁੜੀ ਹੋਈ ਹੈ। ਇਸ ਸਿਸਟਮ ਦੇ ਪ੍ਰਬੰਧਨ ਲਈ ਸਥਾਨਕ ਹਾਲਾਤਾਂ, ਮੌਸਮੀ ਤਬਦੀਲੀਆਂ ਅਤੇ ਖੇਤਰੀ ਜ਼ਰੂਰਤਾਂ ਦੀ ਸਮਝ ਬਹੁਤ ਜ਼ਰੂਰੀ ਹੈ, ਜੋ ਸਿਰਫ਼ ਇੱਕ ਪੰਜਾਬੀ ਅਧਿਕਾਰੀ ਹੀ ਪੂਰੀ ਤਰ੍ਹਾਂ ਸਮਝ ਸਕਦਾ ਹੈ। ਬਾਹਰਲੇ ਰਾਜਾਂ ਤੋਂ ਆਏ ਅਧਿਕਾਰੀਆਂ ਲਈ ਇਹ ਸਥਾਨਕ ਸੰਦਰਭ ਸਮਝਣਾ ਮੁਸ਼ਕਿਲ ਹੋ ਸਕਦਾ ਹੈ, ਜਿਸ ਨਾਲ ਨਾ ਸਿਰਫ਼ ਪ੍ਰਬੰਧਨ ਪ੍ਰਭਾਵਿਤ ਹੋਵੇਗਾ, ਸਗੋਂ ਹੜ੍ਹਾਂ ਅਤੇ ਹੋਰ ਖਤਰਨਾਕ ਸਥਿਤੀਆਂ ਦਾ ਜੋਖਮ ਵੀ ਵੱਧ ਸਕਦਾ ਹੈ। ਉਨ੍ਹਾਂ ਕਿਹਾ ਕਿ ਇਹ ਫੈਸਲਾ ਦੇਸ਼ ਦੇ ਸੰਗੀ ਢਾਂਚੇ ਅਤੇ ਰਾਜਾਂ ਦੀ ਸੰਵੈਧਾਨਕ ਸਵੈ-ਸੰਪ੍ਰਭੁਤਾ 'ਤੇ ਵੀ ਸਵਾਲ ਖੜੇ ਕਰਦਾ ਹੈ। ਭਾਰਤ ਰਤਨ ਬਾਬਾ ਸਾਹਿਬ ਡਾ.ਭੀਮ ਰਾਓ ਅੰਬੇਡਕਰ ਵੱਲੋਂ ਤਿਆਰ ਕੀਤੇ ਸੰਵਿਧਾਨ ਵਿੱਚ ਰਾਜਾਂ ਦੇ ਅਧਿਕਾਰਾਂ ਦੀ ਰੱਖਿਆ ਤੇ ਸੰਤੁਲਨ ਦੀ ਗੱਲ ਕੀਤੀ ਗਈ ਹੈ, ਪਰ ਕੇਂਦਰ ਸਰਕਾਰ ਵੱਲੋਂ ਲਿਆ ਗਿਆ ਇਹ ਕਦਮ ਉਸੇ ਦੇ ਖਿਲਾਫ ਹੈ। ਬੈਂਸ ਨੇ ਇਸ ਗੱਲ ਨੂੰ ਵੀ ਮੰਦਭਾਗਾ ਕਰਾਰ ਦਿੱਤਾ ਕਿ ਇਹ ਫੈਸਲਾ ਉਸ ਦਿਨ ਸਾਹਮਣੇ ਆਇਆ ਜਦੋਂ ਦੇਸ਼ ਭਰ ਵਿੱਚ ਵਿਸਾਖੀ ਦੇ ਨਾਲ-ਨਾਲ ਬਾਬਾ ਸਾਹਿਬ ਦੀ ਜਯੰਤੀ ਮਨਾਈ ਜਾ ਰਹੀ ਹੈ।ਹਰਜੋਤ ਸਿੰਘ ਬੈਂਸ ਨੇ ਮੰਗ ਕੀਤੀ ਕਿ ਕੇਂਦਰ ਸਰਕਾਰ ਇਸ ਫੈਸਲੇ ਨੂੰ ਤੁਰੰਤ ਵਾਪਸ ਲਵੇ ਅਤੇ ਪੰਜਾਬ ਦੇ ਹੱਕਾਂ ਦੀ ਰੱਖਿਆ ਯਕੀਨੀ ਬਣਾਏ। ਉਨ੍ਹਾਂ ਨੇ ਪੰਜਾਬ ਵਿੱਚ ਭਾਜਪਾ ਦੇ ਨੇਤਾਵਾਂ ਨੂੰ ਵੀ ਇਸ ਮਾਮਲੇ 'ਤੇ ਆਪਣਾ ਸਟੈਂਡ ਸਾਫ਼ ਕਰਨ ਲਈ ਕਿਹਾ ਅਤੇ ਪੰਜਾਬ ਦੇ ਹਿਤਾਂ ਦੀ ਪੱਖਦਾਰੀ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕਾਂ ਦੇ ਹੱਕਾਂ ਨਾਲ ਕੋਈ ਵੀ ਸਮਝੌਤਾ ਕਬੂਲ ਨਹੀਂ ਕੀਤਾ ਜਾਵੇਗਾ ਅਤੇ ਪੰਜਾਬ ਸਰਕਾਰ ਹਰ ਪੱਧਰ 'ਤੇ ਆਪਣੇ ਹੱਕਾਂ ਦੀ ਰੱਖਿਆ ਲਈ ਵਚਨਬੱਧ ਹੈ।

ਮਰਦਮਸ਼ੁਮਾਰੀ 'ਚ ਅਧਿਆਪਕਾਂ ਦੀਆਂ ਡਿਊਟੀਆਂ ਲੱਗਣ 'ਤੇ ਸਕੂਲ ਰਹਿਣਗੇ ਖਾਲੀ

ਗੋਰਾਇਆ (ਬਿੰਦਰ ਸੁਮਨ)

ਸਕੂਲਾਂ ਦੇ ਨਵੇਂ ਸੈਸ਼ਨ ਦੀ ਸ਼ੁਰੂਆਤ ਵਿੱਚ ਹੀ ਸਰਕਾਰ ਨੇ ਅਧਿਆਪਕਾਂ ਨੂੰ ਵਿਦਿਆਰਥੀਆਂ ਤੋਂ ਦੂਰ ਕਰ ਦਿੱਤਾ ਹੈ। ਅਧਿਆਪਕਾਂ ਦੀ ਨੁਮਾਇੰਦਾ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇਪਾਲ ਸ਼ਰਮਾ ਅਤੇ ਸੂਬਾ ਸਕੱਤਰ ਰੇਸ਼ਮ ਸਿੰਘ ਖੇਮੂਆਣਾ ਨੇ ਇਸ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮਈ ਮਹੀਨੇ ਸ਼ੁਰੂ ਹੋਣ ਵਾਲੀ ਮਰਦਮ ਸ਼ੁਮਾਰੀ ਵਿੱਚ ਵੱਡੀ ਗਿਣਤੀ ਵਿੱਚ ਅਧਿਆਪਕਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਹਨ, ਮਰਦਮਸ਼ੁਮਾਰੀ ਦੀ ਇਹ ਐਕਸਰਸਾਇਜ਼ ਫਰਵਰੀ 2027 ਤੱਕ ਚੱਲੇਗੀ। ਜਿਸ ਕਾਰਨ ਅਧਿਆਪਕ ਅਪ੍ਰੈਲ ਮਹੀਨੇ ਤੋਂ ਹੀ ਮਰਦਮਸ਼ੁਮਾਰੀ ਦੀਆਂ ਟ੍ਰੇਨਿਗਾਂ ਵਿੱਚ ਉਲਝ ਕੇ ਸਕੂਲਾਂ ਤੋਂ ਦੂਰ ਹੋ ਜਾਣਗੇ। ਆਗੂਆਂ ਨੇ ਕਿਹਾ ਕਿ ਇਸ ਤੋਂ ਪਹਿਲਾਂ ਬੀ ਐੱਲ ਓ ਲੱਗੇ ਵੱਡੀ ਗਿਣਤੀ ਅਧਿਆਪਕਾਂ ਨੂੰ ਐੱਸ ਆਈ ਆਰ ਸਰਵੇ ਲਈ ਸਕੂਲਾਂ ਤੋਂ ਬਾਹਰ ਵੋਟਾਂ ਦੇ ਸੁਧਾਈ ਅਤੇ ਵੋਟਾਂ ਬਣਾਉਣ ਦੇ ਕੰਮਾਂ ਵਿੱਚ ਲਗਾ ਰੱਖਿਆ ਹੈ। ਆਗੂਆਂ ਨੇ ਕਿਹਾ ਕਿ ਆਪਣੀਆਂ ਜਿੰਮੇਵਾਰੀਆਂ 'ਤੇ ਅਧਿਆਪਕਾਂ ਵੱਲੋਂ ਨਵੇਂ ਦਾਖਿਲ ਕੀਤੇ ਬੱਚਿਆਂ ਦੇ ਮਾਪੇ ਇਸ ਸਾਰੇ ਵਰਤਾਰੇ ਨੂੰ ਲੈ ਕੇ ਦੁਚਿੱਤੀ ਵਿੱਚ ਹਨ ਕਿ ਅਧਿਆਪਕ ਸਕੂਲਾਂ 'ਚ ਪੜ੍ਹਾਉਣ ਦੀ ਥਾਂ ਵਾਧੂ ਦੇ ਕੰਮਾਂ ਵਿੱਚ ਉਲਝਾ ਰੱਖੇ ਹਨ।ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਸਰਵਣ ਸਿੰਘ ਔਜਲਾ, ਮੀਤ ਪ੍ਰਧਾਨ ਸੁਖਵਿੰਦਰ ਸੁੱਖੀ, ਸੰਯੁਕਤ ਸਕੱਤਰ ਦਲਜੀਤ ਸਮਰਾਲਾ, ਵਿਤ ਸਕੱਤਰ ਜਸਵਿੰਦਰ ਬਠਿੰਡਾ,ਪ੍ਰੈਸ ਸਕੱਤਰ ਲਖਵੀਰ ਮੁਕਤਸਰ, ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਸੁਖਵਿੰਦਰਪ੍ਰੀਤ ਸਿੰਘ, ਜ਼ਿਲ੍ਹਾ ਸਕੱਤਰ ਅਵਤਾਰ ਲਾਲ, ਵਿੱਤ ਸਕੱਤਰ ਅੰਮ੍ਰਿਤਪਾਲ ਸਿੰਘ, ਗੌਰਵ ਕੁਮਾਰ ਅਤੇ ਸ੍ਰੀ ਨਰਿੰਦਰ ਕੁਮਾਰ ਨੇ ਸਰਕਾਰ ਤੋਂ ਮੰਗ ਕੀਤੀ ਕਿ ਮਰਦਮ ਸ਼ੁਮਾਰੀ ਦਾ ਕੰਮ ਕੇਂਦਰ ਸਰਕਾਰ ਦਾ ਹੈ। ਇਸ ਲਈ ਇਸ ਕੰਮ ਵਿੱਚ ਸਾਰੇ ਵਿਭਾਗਾਂ ਦੀਆਂ ਡਿਊਟੀਆਂ ਅਨੁਪਾਤ ਦੇ ਅਧਾਰ 'ਤੇ ਲਗਾਈਆਂ ਜਾਣ। ਜਿਥੋਂ ਤੱਕ ਸੰਭਵ ਹੋ ਸਕੇ ਅਧਿਆਪਕਾਂ ਨੂੰ ਇਸ ਡਿਊਟੀ ਤੋਂ ਛੋਟ ਦਿੱਤੀ ਜਾਵੇ।

ਬਲੱਡ ਡੋਨਰ ਐਂਡ ਵੈੱਲਫੇਅਰ ਸੁਸਾਇਟੀ ਦਾ ਗਠਨ

ਦਸੂਹਾ (ਕਰਨੈਲ ਮਾਂਗਟ)-ਬਲੱਡ ਡੋਨਰ ਐਂਡ ਵੈਲਫੇਅਰ ਸੁਸਾਇਟੀ ਦਸੂਹਾ ਵੱਲੋਂ ਵਿਜੇ ਮਾਲ ਦਸੂਹਾ ਵਿਖੇ ਇੱਕ ਵਿਸ਼ੇਸ਼ ਮੀਟਿੰਗ ਚੇਅਰਮੈਨ ਬਿੱਲਾ ਅਰੋੜਾ ਅਤੇ ਪ੍ਰਧਾਨ ਪਰਮਿੰਦਰ ਸਿੰਘ ਬਬਲੂ ਦੀ ਅਗਵਾਈ ਵਿੱਚ ਆਯੋਜਿਤ ਕੀਤੀ ਗਈ। ਇਸ ਮੌਕੇ ਬਲੱਡ ਡੋਨਰ ਐਂਡ ਵੈਲਫੇਅਰ ਸੁਸਾਇਟੀ ਦਸੂਹਾ ਕਮੇਟੀ ਦਾ ਪੁਨਰ ਗਠਨ ਸਾਰਿਆਂ ਮੈਂਬਰਾਂ ਦੀ ਸਹਿਮਤੀ ਨਾਲ ਕੀਤਾ ਗਿਆ। ਇਸ ਮੌਕੇ ਸਮਾਜ ਸੇਵਾ, ਖ਼ੂਨ ਦਾਨ ਕੈਂਪਾਂ ਦੇ ਵਿਸਥਾਰ ਅਤੇ ਜ਼ਰੂਰਤਮੰਦ ਮਰੀਜ਼ਾਂ ਦੀ ਮਦਦ ਲਈ ਭਵਿੱਖ ਦੀਆਂ ਯੋਜਨਾਵਾਂ 'ਤੇ ਵੀ ਵਿਚਾਰ- ਚਰਚਾ ਕੀਤੀ ਗਈ। ਮਨੀਸ਼ ਕਾਲੀਆ (ਯੂ ਐੱਸ ਏ)ਸਰਪਰਸਤ, ਸੌਰਵ ਫੁੱਲ ਚੇਅਰਮੈਨ, ਬਲਵਿੰਦਰ ਕੌਰ ਲਗਾਣਾ ਵਾਈਸ ਚੇਅਰਮੈਨ, ਮਨੀਸ਼ ਚੌਧਰੀ ਪ੍ਰਧਾਨ, ਸਿਮਰਨ ਸੰਧੂ ਵਾਈਸ ਪ੍ਰਧਾਨ, ਰਾਹੁਲ ਸੈਕਟਰੀ, ਕਨਵ ਰਲ੍ਹੇਨ ਜੁਆਇੰਟ ਸੈਕਟਰੀ, ਅਮਰਜੀਤ ਸਿੰਘ ਕੈਸ਼ੀਅਰ, ਅਵਿਸ਼ੇਕ ਸ਼ਰਮਾ ਮੋਨੂੰ ਸਹਾਇਕ ਕੈਸ਼ੀਅਰ, ਸੰਨੀ ਅਰੋੜਾ ਨੂੰ ਕੈਂਪ ਇੰਚਾਰਜ, ਜਸਪਾਲ ਮਸੀਤੀ, ਪੀ ਆਰ ਓ, ਨਵਦੀਪ ਕੁਮਾਰ ਗੌਤਮ ਤੇ ਲੰਬੜਦਾਰ ਤਜਿੰਦਰ ਸਿੰਘ ਸਰੀਂਹਪੁਰ ਨੂੰ ਪ੍ਰੈਸ ਸਕੱਤਰ ਤੋਂ ਇਲਾਵਾ ਬਿੱਲਾ ਅਰੋੜਾ, ਪਰਮਿੰਦਰ ਸਿੰਘ ਬਬਲੂ ਤੇ ਡਾ. ਦਿਲਬਾਗ ਸਿੰਘ ਹੁੰਦਲ ਨੂੰ ਮੁੱਖ ਸਲਾਹਕਾਰ ਸਰਬਸੰਮਤੀ ਨਾਲ ਨਿਯੁਕਤ ਕੀਤਾ ਗਿਆ।

ਡਾ. ਅੰਬੇਡਕਰ ਦੇ ਜਨਮ ਦਿਨ ਨੂੰ ਸਮਰਪਤ ਪ੍ਰਤੀਯੋਗਤਾ ਕਰਵਾਈ

ਹੁਸ਼ਿਆਰਪੁਰ (ਓ ਪੀ ਰਾਣਾ)-ਡਾ. ਅੰਬੇਡਕਰ ਸੋਸ਼ਲ ਵੈਲਫੇਅਰ ਸੋਸਾਇਟੀ ਮਹੱਲਾ ਅਸਲਾਮਾਬਾਦ ਵੱਲੋਂ ਬਾਵਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ 135 ਵੇਂ ਜਨਮ ਦਿਨ ਨੂੰ ਸਮਰਪਤ ਉਨਾਂ ਦੀ ਬਹੁਤ ਹੀ ਚਰਚਿਤ ਕਿਤਾਬ ਰਾਹਦਾਰੀ ਦੀ ਉਡੀਕ ਵਿੱਚ ਜੋ ਕਿ ਕੋਲੰਬੀਆ ਯੂਨੀਵਰਸਿਟੀ ਅਮਰੀਕਾ ਵਿੱਚ ਪੜਾਈ ਜਾਂਦੀ ਹੈ ਵਿੱਚੋਂ ਬੱਚਿਆਂ ਦੀ ਮੁਕਾਬਲਾ ਪ੍ਰਤੀਯੋਗਤਾ ਕਰਾਈ ਗਈ । ਇਸ ਸਬੰਧੀ ਜਾਣਕਾਰੀ ਦਿੰਦੇ ਹੋਈ ਸੁਸਾਇਟੀ ਦੇ ਪ੍ਰਧਾਨ ਮਾਸਟਰ ਸੁਰਜੀਤ ਰਾਜਾ, ਜਨਰਲ ਸਕੱਤਰ ਮਾਸਟਰ ਸੁਖਦੇਵ, ਖਜਾਨਚੀ ਹਨੀ ਰਾਜਾ, ਸਲਾਹਕਾਰ ਕੁਲਦੀਪ ਤੇ ਸੋਨੂ ਅਤੇ ਧਨਜੀਤ ਨੇ ਦੱਸਿਆ ਕਿ ਇਸ ਪ੍ਰਤੀਯੋਗਿਤਾ ਵਿੱਚ ਮਹੱਲਾ ਅਸਲਾਮਾਬਾਦ ਦੇ 30 ਬੱਚਿਆਂ ਨੇ ਭਾਗ ਲਿਆ।

ਡਾ. ਅੰਬੇਡਕਰ ਦੇ ਜਨਮ ਦਿਵਸ 'ਤੇ ਚੇਤਨਾ ਮਾਰਚ ਕੱਢਿਆ

ਅਲਾਵਲਪੁਰ (ਮਦਨ ਬੰਗੜ)-ਡਾ. ਬੀ ਆਰ ਅੰਬੇਦਕਰ ਦੇ 135ਵੇਂ ਜਨਮ ਦਿਵਸ ਨੂੰ ਸਮਰਪਿਤ ਅਲਾਵਲਪੁਰ ਵਿਖੇ ਵਿਸ਼ਾਲ ਚੇਤਨਾ ਮਾਰਚ ਕੱਢਿਆ ਗਿਆ। ਇਹ ਮਾਰਚ ਮਹਲਾ ਪਹਾੜੀਆਂ ਨੇੜੇ ਬੱਸ ਸਟੈਂਡ ਅਲਾਵਲਪੁਰ ਤੋਂ ਸ਼ੁਰੂ ਹੋਇਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਇਲਾਕੇ ਦੇ ਲੋਕਾਂ ਨੇ ਭਾਗ ਲਿਆ।ਇਹ ਚੇਤਨਾ ਮਾਰਚ ਡਾ. ਬੀ.ਆਰ. ਅੰਬੇਡਕਰ ਨੌਜਵਾਨ ਸਭਾ ਅਲਾਵਲਪੁਰ ਅਤੇ ਵੱਖ-ਵੱਖ ਸਮਾਜਿਕ ਤੇ ਧਾਰਮਿਕ ਜਥੇਬੰਦੀਆਂ ਵੱਲੋਂ ਮਿਲ ਕੇ ਆਯੋਜਿਤ ਕੀਤਾ ਗਿਆ। ਮਾਰਚ ਦੌਰਾਨ ਲੋਕਾਂ ਵੱਲੋਂ ਬਾਬਾ ਸਾਹਿਬ ਦੇ ਸਿਧਾਂਤਾਂ ਅਤੇ ਸਮਾਨਤਾ, ਸਿੱਖਿਆ ਤੇ ਹੱਕਾਂ ਲਈ ਉਨ੍ਹਾਂ ਦੀ ਲੜਾਈ ਨੂੰ ਯਾਦ ਕੀਤਾ ਗਿਆ। ਇਹ ਚੇਤਨਾ ਮਾਰਚ ਬੱਸ ਸਟੈਂਡ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਵੱਖ-ਵੱਖ ਮਹੱਲਿਆਂ ਅਤੇ ਮੇਨ ਬਾਜ਼ਾਰ ਵਿੱਚੋਂ ਹੁੰਦਾ ਹੋਇਆ ਮੁੜ ਬੱਸ ਸਟੈਂਡ ਵਿਖੇ ਸਮਾਪਤ ਹੋਇਆ। ਮਾਰਚ ਦੌਰਾਨ ਸ਼ਹਿਰ ਦਾ ਮਾਹੌਲ ਅੰਬੇਡਕਰ ਦੇ ਨਾਅਰਿਆਂ ਨਾਲ ਗੂੰਜਦਾ ਰਿਹਾ ਅਤੇ ਲੋਕਾਂ ਵਿੱਚ ਵੱਡਾ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਬਸਪਾ ਹਲਕਾ ਇੰਚਾਰਜ ਆਦਮਪੁਰ ਬਲਵਿੰਦਰ ਕੁਮਾਰ ਸ਼ਾਮਿਲ ਹੋਏ। ਉਨ੍ਹਾਂ ਤੋਂ ਇਲਾਵਾ ਜਥੇਦਾਰ ਹਰਨਾਮ ਸਿੰਘ, ਕੌਂਸਲਰ ਮਦਨ ਲਾਲ, ਕੌਂਸਲਰ ਪੰਕਜ ਸ਼ਰਮਾ, ਕੌਂਸਲਰ ਮੁਕੱਦਰ ਲਾਲ, ਰਜੀਵ, ਨਰਿੰਦਰ ਸ਼ਰਮਾ, ਰਾਮ ਰਤਨ ਪਪੀ, ਕੁਲਦੀਪ ਕੌਰ, ਮਹਿੰਦਰ ਕੁਮਾਰ, ਬਲਵਿੰਦਰ ਕੁਮਾਰ, ਰਾਜ ਕੁਮਾਰ, ਸੰਦੀਪ ਕੁਮਾਰ, ਸੰਜੀਵ ਖੋਸਲਾ, ਸਾਜਨ ਜਨੇਗਲ ਆਦਿ ਸਮੇਤ ਕਈ ਪ੍ਰਮੁੱਖ ਸ਼ਖਸੀਅਤਾਂ ਨੇ ਹਾਜ਼ਰੀ ਭਰੀ।

ਮਨਜੀਤ ਸਿੰਘ ਨਮਿਤ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ

ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)

ਪਿੰਡ ਰਾਜਪੁਰ ਭਾਈਆਂ ਦੇ ਉੱਘੇ ਸਮਾਜ ਸੇਵਕ, ਸਾਬਕਾ ਸਰਪੰਚ ਰਾਜਪੁਰ ਭਾਈਆਂ, ਸਾਬਕਾ ਪ੍ਰਧਾਨ ਗੁਰਦੁਆਰਾ ਬਾਬਾ ਮੇਜਰ ਸਿੰਘ ਦਾ ਬੀਤੇ ਦਿਨੀ ਦੇਹਾਂਤ ਹੋ ਗਿਆ ਸੀ। ਇਸ ਮੌਕੇ ਦੁੱਖ ਦੀ ਘੜੀ ਵਿੱਚ ਇਲਾਕੇ ਭਰ ਤੋਂ ਵੱਖ ਵੱਖ ਰਾਜਨੀਤਿਕ ਪਾਰਟੀਆਂ, ਧਾਰਮਿਕ ਜਥੇਬੰਦੀਆਂ, ਸਮਾਜਿਕ ਸੰਸਥਾਵਾਂ, ਸੰਤ ਸਮਾਜ, ਨਿਹੰਗ ਜਥੇਬੰਦੀਆਂ ਤੇ ਸਿਆਸੀ ਆਗੂਆਂ ਵੱਲੋਂ ਪਰਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਜਥੇਦਾਰ ਮਨਜੀਤ ਸਿੰਘ ਸਾਬਕਾ ਸਰਪੰਚ ਰਾਜਪੁਰ ਭਾਈਆਂ ਦੀ ਆਤਮਿਕ ਸ਼ਾਂਤੀ ਲਈ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਸ਼ਰਧਾਂਜਲੀਆਂ ਸਮਾਗਮ ਦੌਰਾਨ ਸਿੰਘ ਸਾਹਿਬ ਕੁਲਦੀਪ ਸਿੰਘ ਗੜਗੱਜ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ, ਸੰਤ ਬਾਬਾ ਅਮਰਜੀਤ ਸਿੰਘ ਹਰਖੋਵਾਲ, ਸੰਤ ਬਾਬਾ ਕੇਸਰ ਸਿੰਘ ਈਸਪੁਰ, ਬਾਬਾ ਹਰਚਰਨ ਸਿੰਘ ਅਮਰੀਕਾ, ਬਾਬਾ ਹਰਬੰਸ ਸਿੰਘ ਕੀਰਤਪੁਰ ਸਾਹਿਬ, ਭਾਈ ਰਾਮ ਸਿੰਘ ਹਜੂਰੀ ਰਾਗੀ ਤਖ਼ਤ ਸਾਹਿਬ ਆਨੰਦਪੁਰ ਸਾਹਿਬ ਆਦਿ ਨੇ ਵੈਰਾਗਮਈ ਗੁਰਬਾਣੀ ਕੀਰਤਨ ਕੀਤਾ ਗਿਆ। ਇਸ ਮੌਕੇ ਸ਼ਰਧਾਂਜਲੀ ਸਮਾਗਮ ਦੌਰਾਨ ਜਸਵਿੰਦਰ ਕੌਰ ਪਤਨੀ, ਅਮਰੀਕ ਸਿੰਘ ਭਰਾ, ਗੁਰਪ੍ਰੀਤ ਸਿੰਘ ਸਪੁੱਤਰ, ਪਰਮਿੰਦਰ ਸਿੰਘ ਸਪੁੱਤਰ, ਪਰਮਵੀਰ ਸਿੰਘ ਭਤੀਜਾ, ਗਗਨਦੀਪ ਸਿੰਘ ਭਤੀਜਾ, ਮਨਪ੍ਰੀਤ ਸਿੰਘ ਜਵਾਈ, ਮਨਜਿੰਦਰ ਸਿੰਘ ਜਵਾਈ, ਸੋਹਨ ਸਿੰਘ ਠੰਡਲ ਸਾਬਕਾ ਕੈਬਨਟ ਮੰਤਰੀ ਪੰਜਾਬ, ਜਥੇਦਾਰ ਸੁਰਿੰਦਰ ਸਿੰਘ ਭੁੱਲੇਵਾਲ ਰਾਠਾ, ਪ੍ਰਿੰਸੀਪਲ ਰਸਪਾਲ ਸਿੰਘ ਜਲਵੇਹੜਾ, ਜਸਵਿੰਦਰ ਸਿੰਘ ਨੰਗਲ ਠੰਡਲ, ਹਰਮਿੰਦਰ ਸਿੰਘ ਸੰਧੂ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ ਬਾਦਲ ਚੱਬੇਵਾਲ, ਡਾਕਟਰ ਇਸ਼ਾਂਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ, ਜਥੇਦਾਰ ਗੁਰਨਾਮ ਸਿੰਘ ਸਿੰਗੜੀਵਾਲਾ, ਜਥੇਦਾਰ ਜਤਿੰਦਰ ਸਿੰਘ ਲਾਲੀ ਬਾਜਵਾ, ਸ਼ਸ਼ੀਪਾਲ ਸਿੰਘ ਸੰਘਾ, ਬੀਬੀ ਮਹਿੰਦਰ ਕੌਰ ਜੋਸ਼, ਬੀਬੀ ਸੰਤੋਸ਼ ਕੁਮਾਰੀ ਭੁੰਗਰਨੀ, ਵਰਿੰਦਰ ਸਿੰਘ ਪਰਮਾਰ, ਰਵਿੰਦਰ ਸਿੰਘ ਸਰੋਆ,ਪ੍ਰਧਾਨ ਜਥੇਦਾਰ ਬਲਵੀਰ ਸਿੰਘ ਫੁਗਲਾਣਾ, ਜਥੇਦਾਰ ਸੁਰਜੀਤ ਸਿੰਘ ਮਸੂਤਾ ਭੁੰਗਰਨੀ, ਪੱਤਰਕਾਰ ਜਗਤਾਰ ਸਿੰਘ ਭੁੰਗਰਨੀ, ਬਲਵੀਰ ਸਿੰਘ ਯੂ ਕੇ, ਹਰਪਾਲ ਸਿੰਘ ਸੰਘਾ ਸਾਬਕਾ ਸਰਪੰਚ ਰਾਜਪੁਰ ਭਾਈਆਂ, ਜਸਵੀਰ ਸਿੰਘ ਜੱਸ ਸੀਨੀਅਰ ਅਕਾਲੀ ਆਗੂ ਹੇੜੀਆ, ਬਾਬਾ ਰਾਜ ਕੁਮਾਰ ਟੋਨੀ ਰਾਜਪੁਰ ਭਾਈਆਂ, ਬਾਬਾ ਕੇਵਲ ਰਾਮ ਰਾਜਪੁਰ ਭਾਈਆਂ, ਨੰਦ ਲਾਲ ਸਾਬਕਾ ਸਰਪੰਚ ਰਾਜਪੁਰ ਭਾਈਆਂ, ਮਾਸਟਰ ਰਸਪਾਲ ਸਿੰਘ ਰਾਜਪੁਰ ਭਾਈਆਂ, ਜਥੇਦਾਰ ਹਰਜਾਪ ਸਿੰਘ ਮੱਖਣ ਰਾਜਪੁਰ ਭਾਈਆਂ ਆਦਿ ਹਾਜ਼ਰ ਸਨ।

ਦਸਤਾਰਬੰਦੀ ਮੁਕਾਬਲੇ ਕਰਵਾਏ

ਮੋਰਿੰਡਾ (ਨਿਹਾਲ ਸਿੰਘ ਕਲਸੀ) ਗੁਰਦੁਆਰਾ ਸਿੰਘ ਸਭਾ ਪਿੰਡ ਬੰਗੀਆਂ ਵੱਲੋਂ ਵਿਸਾਖੀ ਦੇ ਤਿਉਹਾਰ ਨੂੰ ਸਮਰਪਿਤ ਦਸਤਾਰਬੰਦੀ ਮੁਕਾਬਲੇ ਕਰਵਾਏ ਗਏ ਜਿਸ ਵਿੱਚ 10 ਸਾਲ ਤੋਂ 15 ਸਾਲ ਤੱਕ ਦੇ ਬੱਚਿਆਂ ਨੇ ਭਾਗ ਲਿਆ। ਇਸ ਸਬੰਧੀ ਜਾਣਕਾਰੀ ਦਿੰਦਿਆ ਪ੍ਰੋਗਰਾਮ ਦੇ ਪ੍ਰਬੰਧਕ ਜੋਗਿੰਦਰ ਸਿੰਘ ਬੰਗੀਆਂ ਨੇ ਦੱਸਿਆ ਕਿ ਇਸ ਮੌਕੇ ਮੁੱਖ ਮਹਿਮਾਨ ਵਜੋਂ ਹਰਜਿੰਦਰ ਸਿੰਘ ਪਵਾਰ ਦਫਤਰ ਜ਼ਿਲ੍ਹਾ ਸਿੱਖਿਆ ਰੂਪਨਗਰ ਸਨ। ਦਸਤਾਰਬੰਦੀ ਮੁਕਾਬਲੇ ਵਿੱਚ ਬੁੱਧ ਨਾਥ ਪੁੱਤਰ ਹਰਜਿੰਦਰ ਸਿੰਘ ਨੇ ਪਹਿਲਾ, ਮਨਟੇਕ ਸਿੰਘ ਪੁੱਤਰ ਮਨਜੀਤ ਸਿੰਘ ਨੇ ਦੂਜਾ ਅਤੇ ਪਰਮਿੰਦਰ ਸਿੰਘ ਪੁੱਤਰ ਦਲਵੀਰ ਸਿੰਘ ਨੇ ਤੀਜਾ ਸਥਾਨ ਹਾਸਿਲ ਕੀਤਾ। ਇਸ ਮੌਕੇ ਜਿੱਥੇ ਜੇਤੂ ਵਿਦਿਆਰਥੀਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ ਉੱਥੇ ਹੀ ਭਾਗ ਲੈਣ ਵਾਲੇ ਸਾਰੇ ਬੱਚਿਆਂ ਨੂੰ ਜੋਗਿੰਦਰ ਸਿੰਘ ਬੰਗੀਆਂ ਅਤੇ ਜਸਵਿੰਦਰ ਸਿੰਘ ਵੱਲੋਂ ਦਸਤਾਰਾ ਭੇਟ ਕੀਤੀਆਂ ਗਈਆਂ। ਗੁਰਮੇਲ ਸਿੰਘ, ਪੰਚਾਇਤ ਮੈਂਬਰ ਮਲਕੀਤ ਸਿੰਘ, ਗੁਲਜਾਰ ਸਿੰਘ ਮੋਰਿੰਡਾ, ਸੰਤੋਖ ਸਿੰਘ, ਦਰਸ਼ਨ ਸਿੰਘ, ਪਰਮਜੀਤ ਸਿੰਘ ਸਰਪੰਚ ਆਦਿ ਹਾਜ਼ਰ ਸਨ।

ਬੀ ਕਾਮ ਦਾ ਨਤੀਜਾ ਰਿਹਾ ਸ਼ਾਨਦਾਰ

ਗੁਰਾਇਆ (ਬਿੰਦਰ ਸੁਮਨ)-ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਐਲਾਨੇ ਗਏ ਨਤੀਜਿਆਂ ਵਿੱਚ ਗੁਰੂ ਗੋਬਿੰਦ ਸਿੰਘ ਯੂਨੀਵਰਸਿਟੀ ਕਾਲਜ ਜੰਡਿਆਲਾ ਦੇ ਬੀ ਕਾਮ ਪਹਿਲਾ ਸਮੈਸਟਰ ਅਤੇ ਤੀਸਰਾ ਸਮੈਸਟਰ ਦੇ ਵਿਦਿਆਰਥੀਆਂ ਦਾ ਸ਼ਾਨਦਾਰ ਨਤੀਜਾ ਰਿਹਾ। ਵਿਦਿਆਰਥੀਆਂ ਨੇ ਆਪਣੀ ਮਿਹਨਤ ਤੇ ਲਗਨ ਸਦਕਾ ਸ਼ਾਨਦਾਰ ਅੰਕ ਪ੍ਰਾਪਤ ਕਰਕੇ ਕਾਲਜ ਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ। ਕਾਮਰਸ ਵਿਭਾਗ ਦੇ ਅਧਿਆਪਕ ਮਨਪ੍ਰੀਤ ਤੇ ਪ੍ਰਭਜੋਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੀ.ਕਾਮ ਸਮੈਸਟਰ ਪਹਿਲਾ ਦੀ ਜੋਤੀ (7.44 ਐੱਸ ਜੀ ਪੀ ਏ) ਨੇ ਪਹਿਲਾ ਸਥਾਨ ਹਾਸਲ ਕੀਤਾ ਹੈ, ਜਦਕਿ ਸਾਹਿਲ ਸ਼ਰਮਾ (7.20 ਐੱਸ ਜੀ ਪੀ ਏ) ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਬੀ.ਕਾਮ ਤੀਜਾ ਸਮੈਸਟਰ ਦੇ ਨਤੀਜਿਆਂ ਵਿੱਚ ਮੁਸਕਾਨ ਤੇ ਹਰਮਨ ਕੌਰ (8.09 ਐੱਸ ਜੀ ਪੀ ਏ)ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਮੱਲਿਆ, ਤਾਨੀਆ ਕੁਮਾਰੀ (7.39 ਐੱਸ ਜੀ ਪੀ ਏ) ਨੇ ਦੂਜਾ ਸਥਾਨ ਪ੍ਰਾਪਤ ਕਰਕੇ ਵੱਡੀ ਪ੍ਰਾਪਤੀ ਦਰਜ ਕੀਤੀ ਹੈ।

ਵਿਸਾਖੀ ਤੇ ਡਾ. ਅੰਬੇਦਕਰ ਜਨਮ ਦਿਹਾੜਾ ਮਨਾਇਆ

ਅਲਾਵਲਪੁਰ (ਮਦਨ ਬੰਗੜ)

ਰਵਿਦਾਸੀਆ ਧਰਮ ਪ੍ਰਚਾਰ ਅਸਥਾਨ ਕਾਹਨਪੁਰ ਵਿਖੇ ਜਗਤ ਗੁਰੂ ਰਵਿਦਾਸ ਮਹਾਰਾਜ ਜੀ ਦੇ ਗੰਗਾ ਘਾਟ੍ਰ ਤੇ ਸਿਲਾ ਤਰਾਏ ਇਤਿਹਾਸਿਕ ਵਿਸਾਖੀ ਪੁਰਬ ਅਤੇ ਮਾਨਵਤਾ ਦੇ ਮਸੀਹਾ ਭਾਰਤ ਰਤਨ ਡਾ. ਭੀਮ ਰਾਓ ਅੰਬੇਦਕਰ ਦਾ ਜਨਮ ਦਿਹਾੜਾ ਸੰਤ ਸੁਰਿੰਦਰ ਦਾਸ ਬਾਵਾ ਜੀ ਦੀ ਸਰਪ੍ਰਸਤੀ ਹੇਠ ਭਾਵਪੂਰਵਕ ਢੰਗ ਨਾਲ ਮਨਾਇਆ ਗਿਆ।ਇਸ ਮੌਕੇ ਅੰਮ੍ਰਿਤ ਵੇਲੇ ਤੋਂ ਹੀ ਅੰਮ੍ਰਿਤ ਬਾਣੀ ਸਤਿਗੁਰ ਰਵਿਦਾਸ ਮਹਾਰਾਜ ਜੀ ਦੇ ਪਾਵਨ ਜਾਪ ਕਰਵਾਏ ਗਏ, ਜੋ ਕਿ ਕੁਲਵਿੰਦਰ ਸਿੰਘ ਅਤੇ ਬੀਬੀ ਸੁਖਵਿੰਦਰ ਕੌਰ ਸਮੇਤ ਸਮੂਹ ਪਰਿਵਾਰ ਲੈਸਟਰ (ਯੂ ਕੇ) ਵੱਲੋਂ ਸਹਿਯੋਗ ਨਾਲ ਕਰਵਾਏ ਗਏ। ਸਮਾਗਮ ਦੌਰਾਨ ਸੰਤ ਸੁਰਿੰਦਰ ਦਾਸ ਬਾਵਾ ਨੇ ਵਿਸਾਖੀ ਪੁਰਬ ਦੇ ਇਤਿਹਾਸਿਕ ਮਹੱਤਵ ਅਤੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਦਕਰ ਜੀ ਦੇ ਜੀਵਨ ਸੰਘਰਸ਼ 'ਤੇ ਚਾਨਣਾ ਪਾਇਆ। ਉਹਨਾਂ ਕਿਹਾ ਕਿ ਜਗਤ ਗੁਰੂ ਰਵਿਦਾਸ ਮਹਾਰਾਜ ਜੀ ਨੇ ਸਾਰੀ ਮਾਨਵਤਾ ਨੂੰ ਗਿਆਨ ਪ੍ਰਾਪਤੀ, ਪਿਆਰ ਅਤੇ ਸਮਾਨਤਾ ਦਾ ਸੰਦੇਸ਼ ਦਿੱਤਾ ਅਤੇ ਬੇਗਮਪੁਰਾ ਦੇ ਸਿਧਾਂਤ ਰਾਹੀਂ ਵਿਸ਼ਵ ਨੂੰ ਲੋਕਤਾਂਤਰਿਕ ਸਮਾਜਵਾਦ ਦੀ ਸੋਚ ਬਖ਼ਸ਼ੀ।ਡਾ. ਅੰਬੇਦਕਰ ਦੀਆਂ ਮੂਰਤੀਆਂ ਨਾਲ ਹੋ ਰਹੀ ਬੇਅਦਬੀ ਤੁਰੰਤ ਬੰਦ ਹੋਣੀ ਚਾਹੀਦੀ ਹੈ। ਇਸ ਦੇ ਨਾਲ ਹੀ ਚਮਾਰਵਾੜਾ ਤੁਗਲਕਾਬਾਦ (ਦਿੱਲੀ) ਦੀ ਜ਼ਮੀਨ ਰਵਿਦਾਸੀਆ ਕੌਮ ਨੂੰ ਦੇਣ ਅਤੇ ਲੋਕਤੰਤਰ ਦੀ ਮਜ਼ਬੂਤੀ ਲਈ ਈ ਵੀ ਐੱਮ ਦੀ ਵਰਤੋਂ 'ਤੇ ਵੀ ਸਵਾਲ ਉਠਾਇਆ।ਇਸ ਮੌਕੇ ਸੰਤ ਹਰਵਿੰਦਰ ਦਾਸ, ਜਗਤ ਗੁਰੂ ਰਵਿਦਾਸ ਸੰਗੀਤ ਅਕੈਡਮੀ ਕਾਹਨਪੁਰ ਅਤੇ ਭਾਈ ਰਵਿੰਦਰ ਸਿੰਘ ਆਦਿ ਨੇ ਹਾਜ਼ਰੀ ਭਰੀ। ਸਟੇਜ ਸਕੱਤਰ ਦੀ ਸੇਵਾ ਸੁਖਵਿੰਦਰ ਗੋਲਡੀ ਵੱਲੋਂ ਬਖੂਬੀ ਨਿਭਾਈ ਗਈ।ਸਮਾਗਮ ਦੇ ਅੰਤ 'ਤੇ ਸੰਗਤਾਂ ਲਈ ਅਟੁੱਟ ਲੰਗਰ ਵਰਤਾਇਆ ਗਿਆ।

ਸਕੂਲ ਆਫ ਐਮੀਨੈਂਸ ਫਾਰ ਗਰਲਜ਼ ਦਾ ਅੱਠਵੀਂ ਦਾ ਨਤੀਜਾ ਸੌ ਫ਼ੀਸਦੀ

ਸ੍ਰੀ ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੌਬੀ)-ਸਥਾਨਕ ਸਕੂਲ ਆਫ ਐਮੀਨੈਂਸ ਫਾਰ ਗਰਲਜ਼ ਸਕੂਲ ਦੀ ਅੱਠਵੀਂ ਜਮਾਤ ਦਾ ਨਤੀਜਾ ਸੌ ਫ਼ੀਸਦੀ ਰਿਹਾ ਹੈ। ਸਕੂਲ ਦੇ ਮੀਡੀਆ ਇੰਚਾਰਜ਼ ਗੁਰਪ੍ਰੀਤ ਸਿੰਘ ਹੀਰਾ ਨੇ ਦੱਸਿਆ ਕਿ ਸਕੂਲ ਵਿਖੇ ਅੱਸੀ ਫ਼ੀਸਦੀ ਤੋਂ ਵੱਧ ਅੰਕ ਲੈਣ ਵਾਲੀਆਂ ਵਿਦਿਆਰਥਣਾਂ ਨੂੰ ਪ੍ਰਿੰਸੀਪਲ ਜਗਤਾਰ ਸਿੰਘ ਲੌਂਗੀਆ ਵੱਲੋਂ ਸਨਮਾਨਤ ਕੀਤਾ ਗਿਆ। ਉਨ੍ਹਾਂ ਸਕੂਲ ਵਿਦਿਆਰਥਣਾਂ ਨੂੰ ਸੈਸ਼ਨ ਦੇ ਸ਼ੁਰੂ ਤੋਂ ਹੀ ਲਗਨ ਤੇ ਮਿਹਨਤ ਨਾਲ ਪੜ੍ਹਾਈ ਸ਼ੁਰੂ ਕਰਨ ਲਈ ਪ੍ਰੇਰਿਤ ਕੀਤਾ।ਹੀਰਾ ਨੇ ਦੱਸਿਆ ਕਿ ਕੁੱਲ 35 ਵਿਦਿਆਰਥਣਾਂ ਪ੍ਰੀਖਿਆ ਵਿੱਚ ਬੈਠੀਆਂ ਸਨ, ਜਿਨ੍ਹਾਂ ਸਾਰੀਆਂ ਨੇ ਹੀ ਵਧੀਆ ਅੰਕ ਲੈ ਕੇ ਅਗਲੀ ਜਮਾਤ ਵਿੱਚ ਥਾਂ ਬਣਾਈ ਹੈ। ਉਨ੍ਹਾਂ ਦੱਸਿਆ ਕਿ ਵਿਦਿਆਰਥਣ ਸੁਖਪ੍ਰੀਤ ਕੌਰ ਨੇ ਪਹਿਲਾ, ਤਨਵੀਰ ਕੌਰ ਨੇ ਦੂਜਾ ਅਤੇ ਕਿਰਨਪ੍ਰੀਤ ਕੌਰ ਨੇ ਸਕੂਲ ਵਿੱਚੋਂ ਤੀਜਾ ਸਥਾਨ ਹਾਸਲ ਕੀਤਾ। ਇਨ੍ਹਾਂ ਤੋਂ ਇਲਾਵਾ ਕ੍ਰਮਵਾਰ ਸਿਮਰਨ ਕੌਰ, ਸਾਰਿਕਾ ਸ਼ਰਮਾ, ਸਿਮਰਨਜੋਤ ਕੌਰ, ਅਰਸ਼ਦੀਪ ਕੌਰ ਨੇ ਅੱਸੀ ਫੀਸਦੀ ਤੋਂ ਵੱਧ ਅੰਕ ਲੈਣ ਵਿੱਚ ਸਫਲਤਾ ਹਾਸਲ ਕੀਤੀ। ਅਧਿਆਪਕਾ ਹਰਨੀਰ ਕੌਰ ਮਾਂਗਟ ਨੇ ਦੱਸਿਆ ਕਿ ਉਕਤ ਜਮਾਤ ਦੀ ਇੰਚਾਰਜ ਅਧਿਆਪਕਾ ਸੁਖਵਿੰਦਰ ਕੌਰ ਦਾ ਵੀ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ।

ਵਿਸਾਖੀ ਮੇਲਾ ਮਨਾਇਆ

ਨਵਾਂਸ਼ਹਿਰ (ਮਨੋਜ ਲਾਡੀ)-ਡਾ. ਆਸਾ ਨੰਦ ਆਰੀਆ ਸਕੂਲ ਵਿਖੇ ਵਿਸਾਖੀ ਦੇ ਤਿਉਹਾਰ ਨੂੰ ਸਮਰਪਤ ਇੱਕ ਰੰਗੀਨ ਮੇਲਾ ਅਤੇ ਓਰੀਐਂਟੇਸ਼ਨ ਸਮਾਗਮ ਕਰਵਾਇਆ। ਜਿਸ ਦੌਰਾਨ ਪਹਿਲੀ ਤੋਂ ਚੌਥੀ ਜਮਾਤ ਦੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਵਿਸ਼ੇਸ਼ ਤੌਰ ਤੇ ਸੱਦਾ ਦਿੱਤਾ ਗਿਆ । ਇਸ ਸਮਾਗਮ ਦੀ ਸ਼ੁਰੂਆਤ ਸਕੂਲ ਡਾਇਰੈਕਟਰ ਅਚਲਾ ਭੱਲਾ ਅਤੇ ਪ੍ਰਿੰ. ਅਮਿਤ ਸੱਭਰਵਾਲ ਦੇ ਨਿੱਘੇ ਸਵਾਗਤ ਨਾਲ ਹੋਈ। ਅਧਿਆਪਕਾਂ ਨੇ ਮਾਪਿਆਂ ਨੂੰ ਉਨ੍ਹਾਂ ਦੇ ਵਿਸ਼ੇ ਦੇ ਅਧਿਆਪਨ ਤਰੀਕਿਆਂ, ਸਿਲੇਬਸ ਅਤੇ ਬੱਚਿਆਂ ਦੇ ਸਮੁੱਚੇ ਵਿਕਾਸ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਸਮਾਗਮ ਦੌਰਾਨ ਮਾਪਿਆਂ ਦੇ ਸੁਝਾਵਾਂ ਅਤੇ ਵਿਚਾਰਾਂ ਨੂੰ ਵੀ ਗੰਭੀਰਤਾ ਨਾਲ ਸੁਣਿਆ ਗਿਆ। ਜਿਸ ਨਾਲ ਸਕੂਲ ਅਤੇ ਮਾਪਿਆਂ ਵਿਚਕਾਰ ਬਿਹਤਰ ਤਾਲਮੇਲ ਬਣਿਆ। ਵਿਸਾਖੀ ਦੇ ਤਿਓਹਾਰ ਦੌਰਾਨ ਬੱਚਿਆਂ ਨੇ ਸੱਭਿਆਚਾਰਕ ਪ੍ਰਦਰਸ਼ਨਾਂ ਨਾਲ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ ਤੇ ਰਵਾਇਤੀ ਪਕਵਾਨਾਂ ਦਾ ਪ੍ਰਦਰਸ਼ਨ ਕਰਦੇ ਹੋਏ ਕਈ ਤਰ੍ਹਾਂ ਦੇ ਖਾਣੇ ਦੇ ਸਟਾਲ ਲਗਾਏ। ਬੱਚਿਆਂ ਵੱਲੋਂ ਪੇਸ਼ ਕੀਤੇ ਭੰਗੜੇ ਅਤੇ ਗਿੱਧੇ ਨਾਲ ਪੰਜਾਬੀ ਸੱਭਿਆਚਾਰ ਦੀ ਝਲਕ ਦੇਖਣ ਨੂੰ ਮਿਲੀ ਜਿਸ ਨਾਲ ਹਾਜ਼ਰੀਨ ਦਾ ਭਰਪੂਰ ਮਨੋਰੰਜਨ ਹੋਇਆ। ਪ੍ਰੋਗਰਾਮ ਦੇ ਅਖੀਰ ਵਿਚ ਡਾਇਰੈਕਟਰ ਅਚਲਾ ਭੱਲਾ ਤੇ ਪ੍ਰਿੰ. ਅਮਿਤ ਸੱਭਰਵਾਲ ਨੇ ਸਾਰੇ ਮਾਪਿਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।

ਵਿਧਾਇਕ ਵੱਲੋਂ ਜ਼ੀਰਕਪੁਰ ਤੋਂ ਅੰਮ੍ਰਿਤਸਰ ਦੇ ਧਾਰਮਿਕ ਸਥਾਨਾਂ ਦੀ ਯਾਤਰਾ ਲਈ ਬੱਸ ਰਵਾਨਾ

ਜ਼ੀਰਕਪੁਰ (ਵਿਨੈ ਕੁਮਾਰ ਜੈਨ)-ਹਲਕਾ ਵਿਧਾਇਕ ਸ: ਕੁਲਜੀਤ ਸਿੰਘ ਰੰਧਾਵਾ ਨੇ ਆਪਣੇ ਹਲਕੇ ਜ਼ੀਰਕਪੁਰ ਦੇ ਪਿੰਡ ਲੋਹਗੜ੍ਹ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਅੰਮ੍ਰਿਤਸਰ ਵਾਸਤੇ ਧਾਰਮਿਕ ਸਥਾਨਾਂ ਦੇ ਮੁਫ਼ਤ ਦਰਸ਼ਨਾਂ ਲਈ ਸ਼ਰਧਾਲੂਆਂ ਦੀ 22ਵੀਂ ਬੱਸ ਰਵਾਨਾ ਕੀਤੀ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਇਹ ਸ਼ਰਧਾਲੂ ਸ੍ਰੀ ਦਰਬਾਰ ਸਾਹਿਬ, ਸ੍ਰੀ ਦੁਰਗਿਆਨਾ ਮੰਦਰ, ਰਾਮ ਤੀਰਥ ਵਿਖੇ ਸ੍ਰੀ ਬਾਲਮੀਕੀ ਮੰਦਰ, ਵਾਘਾ ਬਾਰਡਰ ਅਤੇ ਜਲਿਆਂਵਾਲਾ ਬਾਗ ਜਾਣਗੇ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਯਾਤਰੀਆਂ ਦੇ ਰਹਿਣ, ਖਾਣ-ਪੀਣ ਅਤੇ ਸੁਰੱਖਿਆ ਲਈ ਪੂਰੇ ਪ੍ਰਬੰਧ ਕੀਤੇ ਗਏ ਹਨ। ਹਰ ਬੱਸ ਦੇ ਨਾਲ ਇੱਕ ਗਾਈਡ ਅਤੇ ਸੀਨੀਅਰ ਸਿਟੀਜ਼ਨਾਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦੇ ਹੋਏ ਇੱਕ ਸਿਹਤ ਮਾਹਿਰ ਵੀ ਮੁਹੱਈਆ ਕਰਵਾਇਆ ਗਿਆ ਹੈ, ਤਾਂ ਜੋ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

ਖਾਲਸਾ ਸਾਜਨਾ ਦਿਵਸ ਮੌਕੇ ਗੁਰਮਤਿ ਸਮਾਗਮ

ਮੋਰਿੰਡਾ (ਨਿਹਾਲ ਸਿੰਘ ਕਲਸੀ)

ਡੇਰਾ ਕਾਰ ਸੇਵਾ ਮੋਰਿੰਡਾ ਵੱਲੋਂ ਖਾਲਸਾ ਸਾਜਨਾ ਦਿਵਸ ਮੌਕੇ ਇਤਿਹਾਸਕ ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕੀਤੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਮੈਨੇਜਰ ਦਵਿੰਦਰ ਸਿੰਘ ਨੇ ਦੱਸਿਆ ਕਿ ਇਸ ਮੌਕੇ ਦੀਵਾਨ ਸਜਾਏ ਗਏ। ਜਿਸ ਵਿੱਚ ਸਿੱਖ ਕੌਮ ਦੇ ਪ੍ਰਸਿੱਧ ਰਾਗੀ ਬੀਬੀ ਰਵਿੰਦਰ ਕੌਰ ਤਰਨਤਾਰਨ, ਭਾਈ ਹਰਦੀਪ ਸਿੰਘ ਲੁਧਿਆਣਾ, ਭਾਈ ਗੁਰਜੀਤ ਸਿੰਘ ਬੈਕਾ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ, ਭਾਈ ਸੇਵਕ ਸਿੰਘ ਕੰਵਲ ਤੇ ਗਿਆਨੀ ਹਰਵਿੰਦਰ ਸਿੰਘ ਮਨੈਲੀ ਆਦਿ ਨੇ ਆਪਣੇ ਜਥਿਆਂ ਸਮੇਤ ਕਥਾ ਅਤੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਉਹਨਾਂ ਕਥਾ ਤੇ ਕੀਰਤਨ ਰਾਹੀਂ ਸੰਗਤਾਂ ਨੂੰ ਖਾਲਸਾ ਸਾਜਨਾ ਦਿਵਸ ਵਿਸਾਖੀ ਸਬੰਧੀ ਵਿਸਥਾਰ ਪੂਰਵਕ ਚਾਨਣਾ ਪਾਇਆ ਤੇ ਗੁਰਬਾਣੀ ਨਾਲ ਜੁੜਨ, ਅਮ੍ਰਿਤ ਛਕਣ, ਕਿਰਤ ਕਰਨ, ਵੰਡ ਛਕਣ ਦੀ ਪ੍ਰੇਰਨਾ ਦਿੱਤੀ। ਉਹਨਾਂ ਆਖਿਆ ਕਿ ਸਾਨੂੰ ਗੁਰੂ ਦੇ ਦਰਸਾਏ ਮਾਰਗ ਤੇ ਚਲਦਿਆਂ ਜ਼ਬਰ ਜ਼ੁਲਮ ਖਿਲਾਫ ਡਟਣ ਤੇ ਲੋੜਵੰਦ ਲੋਕਾਂ ਦੀ ਮੱਦਦ ਕਰਨ ਲਈ ਅੱਗੇ ਆਉਣ ਦੀ ਅਪੀਲ ਕੀਤੀ। ਇਸ ਮੌਕੇ ਡੇਰਾ ਕਾਰ ਸੇਵਾ ਮੁੱਖੀ ਬਾਬਾ ਸੁਰਿੰਦਰ ਸਿੰਘ ਕਾਰ ਸੇਵਾ ਦਿੱਲੀ ਵਾਲਿਆਂ ਤੇ ਪ੍ਰਬੰਧਕਾਂ ਵੱਲੋਂ ਹਾਜ਼ਰੀ ਭਰਨ ਵਾਲੇ ਜਥਿਆਂ ਅਤੇ ਪਤਵੰਤੇ ਸੱਜਣਾਂ ਨੂੰ ਸਿਰੋਪਾਓ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਹੋਰਨਾਂ ਤੋਂ ਇਲਾਵਾ ਸਾਬਕਾ ਸਰਪੰਚ ਬਲਜਿੰਦਰ ਸਿੰਘ ਰੌਣੀ, ਕਰਨੈਲ ਸਿੰਘ ਜੀਤ ਵਾਇਸ ਚੇਅਰਮੈਨ ਪੀ ਏ ਡੀ ਬੈਂਕ, ਜਥੇਦਾਰ ਜਗਜੀਤ ਸਿੰਘ ਰਤਨਗੜ੍ਹ ਸਾਬਕਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ, ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਜੁਝਾਰ ਸਿੰਘ ਮਾਵੀ ਸਾਬਕਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਰੂਪਨਗਰ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਆਗੂ ਗੁਰਚਰਨ ਸਿੰਘ ਢੋਲਣ ਮਾਜਰਾ, ਸ਼ੇਰ ਸਿੰਘ ਡੂਮਛੇੜੀ, ਉੱਘੇ ਸਮਾਜ ਸੇਵਕ ਹਰਮਿੰਦਰ ਸਿੰਘ ਲੱਕੀ, ਗੁਰਮੁੱਖ ਸਿੰਘ ਸੰਤ ਨਗਰ, ਹਰਦੀਪ ਸਿੰਘ ਅਨੰਦ, ਹਰਬੰਸ ਸਿੰਘ ਕਾਲਾ ਸਮਾਣਾ, ਜਥੇਦਾਰ ਜੋਗਿੰਦਰ ਸਿੰਘ ਬੰਗੀਆਂ ਸਾਬਕਾ ਮੈਂਬਰ ਬਲਾਕ ਸੰਮਤੀ ਮੋਰਿੰਡਾ, ਨਵਤੇਜ ਸਿੰਘ ਤੇਜੀ, ਗੁਰਪ੍ਰੀਤ ਸਿੰਘ ਬਾਲਸੰਡਾ, ਬਾਬਾ ਕੇਸਰ ਸਿੰਘ ਮਨੈਲੀ, ਮਾਂ ਹਾਕਮ ਸਿੰਘ, ਗੁਰਮੀਤ ਸਿੰਘ ਕਾਂਝਲਾ, ਸੂਬੇਦਾਰ ਦਰਸ਼ਨ ਸਿੰਘ, ਭਾਗ ਸਿੰਘ, ਭੁਪਿੰਦਰ ਸਿੰਘ, ਸਿਮਰਨ ਸਿੰਘ ਆਦਿ ਪਤਵੰਤੇ ਸੱਜਣ ਹਾਜ਼ਰ ਸਨ।

ਸਿਲਵਰ ਓਕ ਸਕੂਲ 'ਚ ਵਿਸਾਖੀ ਦਾ ਤਿਉਹਾਰ ਮਨਾਇਆ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਮਿਥਲੇਸ਼ ਗਰਗ)

ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ, ਸ਼ਾਹਬਾਜ਼ਪੁਰ ਵਿਖੇ ਵਿਸਾਖੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਗਿਆ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿੱਚ ਅਧਿਆਪਕਾਂ ਨੇ ਬੱਚਿਆਂ ਨੂੰ ਵਿਸਾਖੀ ਦੇ ਇਤਿਹਾਸ ਦੇ ਬਾਰੇ ਜਾਣੂ ਕਰਵਾਇਆ। ਇਸ ਦੌਰਾਨ ਸਕੂਲ ਦੇ ਸੀ ਸੀ ਏ ਵਿਭਾਗ ਵੱਲੋਂ ਬੱਚਿਆਂ ਦੇ ਦਸਤਾਰ ਸਜਾਉਣ ਦੇ ਤੇ ਵਿਸਾਖੀ ਦੇ ਇਤਿਹਾਸ ਨਾਲ ਸੰਬੰਧਿਤ ਕੁਇਜ਼ ਮੁਕਾਬਲੇ ਕਰਵਾਏ ਗਏ। ਇਸ ਦੌਰਾਨ ਨੌਵੀਂ ਅਤੇ ਦਸਵੀਂ ਕਲਾਸ ਦੇ ਵਿਦਿਆਰਥੀਆਂ ਦੇ ਹਾਊਸ ਵਾਈਜ ਦਸਤਾਰ ਸਜਾਉਣ ਦੇ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਜੂਪੀਟਰ ਹਾਊਸ ਦੇ ਵਿਦਿਆਰਥੀ ਪਰਮਜੀਤ ਸਿੰਘ ਨੇ ਦੂਸਰਾ ਅਰਥ ਹਾਊਸ ਦੇ ਅਮਨਪ੍ਰੀਤ ਸਿੰਘ ਅਤੇ ਮਾਰਸ ਹਾਊਸ ਦੇ ਸਹਿਜ ਵੀਰ ਸਿੰਘ ਨੇ ਸਾਂਝੇ ਤੌਰ 'ਤੇ ਅਤੇ ਤੀਸਰਾ ਸਥਾਨ ਮਰਕਰੀ ਹਾਊਸ ਦੇ ਅੰਮ੍ਰਿਤਪਾਲ ਸਿੰਘ ਨੇ ਹਾਸਿਲ ਕੀਤਾ। ਵਿਸਾਖੀ ਕੁਇਜ਼ ਪ੍ਰਤਿਯੋਗਤਾ ਦੇ ਵਿੱਚ ਮਰਕਰੀ ਹਾਊਸ ਦੀ ਟੀਮ ਪਹਿਲੇ ਸਥਾਨ ਤੇ ਰਹੀ ਦੂਸਰੇ ਸਥਾਨ ਤੇ ਅਰਥ ਹਾਊਸ ਦੀ ਟੀਮ ਨੇ ਕਬਜ਼ਾ ਕੀਤਾ ਅਤੇ ਤੀਜਾ ਸਥਾਨ ਸਾਂਝੇ ਤੌਰ ਤੇ ਮਾਰਸ ਅਤੇ ਜੂਪੀਟਰ ਹਾਊਸ ਦੇ ਹਿੱਸੇ ਆਇਆ। ਵੱਖ-ਵੱਖ ਮੁਕਾਬਲਿਆਂ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਤੇ ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਬੱਚਿਆਂ ਨੂੰ ਵਿਸਾਖੀ ਦੇ ਮਹੱਤਵ ਬਾਰੇ ਜਾਣੂ ਕਰਵਾਇਆ। ਮੈਨੇਜਰ ਗਜਿੰਦਰ ਪਾਲ ਸਿੰਘ ਅਤੇ ਤਰਨ ਸੈਣੀ ਨੇ ਸਮੂਹ ਸਟਾਫ ਅਤੇ ਬੱਚਿਆਂ ਨੂੰ ਵਿਸਾਖੀ ਦੀ ਮੁਬਾਰਕਬਾਦ ਦਿੱਤੀ। ਇਸ ਮੌਕੇ ਤੇ ਅਮਰਜੀਤ ਕੌਰ ਸੈਣੀ, ਜਗਬੰਧਨ ਸਿੰਘ, ਗੁਰਪ੍ਰੀਤ, ਵਿਸ਼ਾਲੀ, ਨੇਹਾ, ਰਜਮੀਤ, ਰਾਜਵੀਰ ਕੌਰ, ਸੁਮੀਤ, ਪਰਮਜੀਤ, ਅਰਚਨਾ, ਹਰਜੀਤ, ਹਰਮਿੰਦਰ, ਵਿਨੇ ਤੇ ਬਾਕੀ ਸਟਾਫ ਮੌਜੂਦ ਸੀ।

ਵਿਸਾਖੀ ਜੋੜ ਮੇਲਾ ਮਨਾਇਆ

ਬੰਗਾ (ਅਵਤਾਰ ਕਲੇਰ)-ਸਰਬ ਸਾਂਝਾ ਦਰਬਾਰ ਰੱਤੂ ਜਠੇਰੇ ਅਸਥਾਨ ਬਾਬਾ ਡੋਗਰ ਪੀਰ, ਬਾਬਾ ਜਾਹਰ ਪੀਰ ਤੇ ਬਾਬਾ ਸੇਲਬਰਾਹ ਪਿੰਡ ਝੰਡੇਰਾਂ ਵਿਖੇ ਸਲਾਨਾ ਵਿਸਾਖੀ ਜੋੜ ਮੇਲਾ ਪ੍ਰਬੰਧਕ ਕਮੇਟੀ ਅਤੇ ਸਮੂਹ ਰੱਤੂ ਪਰਵਾਰ ਵਲੋਂ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਨਿਸ਼ਾਨ ਸਾਹਿਬ ਸਜਾਏ ਗਏ। ਉਪਰੰਤ ਦੀਵਾਨ ਸਜਾਏ ਗਏ ਜਿਸ ਵਿੱਚ ਰਾਗੀ-ਢਾਡੀ, ਕੀਰਤਨੀ ਜਥਿਆਂ ਅਤੇ ਨਾਮਵਰ ਕਲਾਕਾਰਾਂ ਨੇ ਹਾਜ਼ਰੀਆਂ ਭਰੀਆਂ। ਪ੍ਰਧਾਨ ਮੇਜਰ ਰਾਮ ਰੱਤੂ ਨੇ ਸੰਗਤਾਂ ਨੂੰ ਜੀ ਆਇਆਂ ਕਿਹਾ ਅਤੇ ਸਾਰਿਆਂ ਦਾ ਧੰਨਵਾਦ ਕੀਤਾ। ਪ੍ਰਬੰਧਕਾਂ ਵੱਲੋਂ ਪਹੁੰਚੇ ਹੋਏ ਕਲਾਕਾਰਾਂ ਦਾਨੀ ਸੱਜਣਾਂ ਤੇ ਸੇਵਾਦਾਰਾਂ ਨੂੰ ਸਨਮਾਨਿਤ ਕੀਤਾ ਗਿਆ। ਦਰਬਾਰ ਤੇ ਚਾਹ ਪਕੌੜੇ ਅਤੇ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਪ੍ਰਧਾਨ ਮੇਜਰ ਰਾਮ ਰੱਤੂ, ਕੁਲਦੀਪ ਕੁਮਾਰ, ਇਰਵਨ ਰੱਤੂ, ਡਾ. ਸੁਰਿੰਦਰ ਕੁਮਾਰ ਸਰਪੰਚ, ਮਹਿੰਦਰ ਰਾਮ ਰੱਤੂ, ਬਿਸ਼ਨ ਲਾਲ ਸਰਹਾਲ ਮੁੰਡੀ, ਕਿਸ਼ੋਰੀ ਲਾਲ ਸਰਪੰਚ ਚੱਕ ਗੁਰੂ, ਰਾਮ ਪ੍ਰਕਾਸ਼ ਰੱਤੂ, ਸਤਵਿੰਦਰ ਕੁਮਾਰ, ਪਰਗਣ ਸਿੰਘ ਸ਼ੇਰਗਿੱਲ, ਮੰਗਤ ਰਾਮ ਤੋਂ ਇਲਾਵਾ ਭਾਰੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

ਸ੍ਰੀ ਅਨੰਦਪੁਰ ਸਾਹਿਬ 'ਚ ਡਾ. ਅੰਬੇਡਕਰ ਦਾ ਮੈਟਲ ਬੁੱਤ ਲੱਗੇਗਾ : ਬੈਂਸ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)

ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ ਅਰਸ਼ਵਿੰਦਰ ਕੌਰ ਉੱਘੇ ਸਮਾਜ ਸੇਵੀ ਤੇ ਰਾਜ ਘਈ ਪ੍ਰਧਾਨ ਆਦਿ ਅੰਬੇਦਕਰ ਸਮਾਜ ਵੱਲੋਂ ਨੇੜੇ ਚਰਨ ਗੰਗਾ ਸਟੇਡੀਅਮ ਵੀ ਆਈ ਪੀ ਪਾਰਕਿੰਗ ਵਿਖੇ ਬਹੁਤ ਹੀ ਉਤਸ਼ਾਹ ਦੇ ਨਾਲ ਮਨਾਇਆ ਗਿਆ। ਇਸ ਮੌਕੇ ਤੇ ਹਰਜੋਤ ਸਿੰਘ ਬੈਂਸ ਹਲਕਾ ਵਿਧਾਇਕ ਸਿੱਖਿਆ ਮੰਤਰੀ ਪੰਜਾਬ ਮੁੱਖ ਮਹਿਮਾਨ ਦੇ ਤੌਰ ਤੇ ਪਹੁੰਚੇ। ਉਨਾਂ ਦੇ ਆਉਣ ਤੇ ਫੁੱਲਾਂ ਦੀ ਵਰਖਾ ਕੀਤੀ ਗਈ ਅਤੇ ਫੁੱਲਾਂ ਦਾ ਗੁਲਦਸਤਾ ਦੇ ਕੇ ਉਹਨਾਂ ਨੂੰ ਜੀ ਆਇਆਂ ਆਖਿਆ ਗਿਆ। ਉਹਨਾਂ ਬਾਬਾ ਏ ਕੌਮ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਟ ਕੀਤੇ। ਪ੍ਰਬੰਧਕਾਂ ਵੱਲੋਂ ਧੂਮ ਧੜਾਕੇ ਦੇ ਨਾਲ ਬਾਬਾ ਸਾਹਿਬ ਅਮਰ ਰਹੇ ਬਾਬਾ ਸਾਹਿਬ ਤੇਰੀ ਸੋਚ ਤੇ ਪਹਿਰਾ ਦਿਆਂਗੇ ਠੋਕ ਕੇ, ਜੈ ਭੀਮ ਜੈ ਭਾਰਤ ਦੇ ਜੈਕਾਰਿਆਂ ਦੇ ਨਾਲ ਸਾਰਾ ਪੰਡਾਲ ਗੂੰਜ ਉੱਠਿਆ।ਉਹਨਾਂ ਨੇ ਕਿਹਾ ਕਿ ਡਾ. ਭੀਮ ਰਾਓ ਅੰਬੇਡਕਰ ਦੇ ਸੰਵਿਧਾਨ ਦੀ ਬਦੌਲਤ ਗਰੀਬ ਮਾਂ ਬਾਪ ਦਾ ਪੁੱਤ ਪੰਜਾਬ ਦਾ ਸਿੱਖਿਆ ਮੰਤਰੀ ਬਣਿਆ ਅਤੇ ਮੇਰੇ ਤੋਂ ਇਲਾਵਾ ਦੇਸ਼ ਦੀਆਂ ਬੇਟੀਆਂ ਅਤੇ ਗਰੀਬ ਮਾਂ ਬਾਪ ਦੇ ਬੱਚੇ ਬੜੇ ਬੜੇ ਸੰਵਿਧਾਨਿਕ ਅਹੁਦਿਆਂ ਤੱਕ ਪਹੁੰਚੇ।ਇਸ ਮੌਕੇ 'ਤੇ ਹਰਜੋਤ ਸਿੰਘ ਬੈਂਸ ਸਿੱਖਿਆ ਮੰਤਰੀ ਪੰਜਾਬ ਨੇ ਐਲਾਨ ਕੀਤਾ ਕਿ ਡਾ. ਭੀਮ ਰਾਓ ਅੰਬੇਡਕਰ ਦਾ ਮੈਟਲ ਦਾ ਬੁੱਤ 30 ਲੱਖ ਰੁਪਏ ਦੀ ਲਾਗਤ ਨਾਲ ਲਗਾਇਆ ਜਾਵੇਗਾ ਤੇ ਅੰਬੇਡਕਰ ਭਵਨ ਦਾ ਵਿਸਤਾਰ ਕੀਤਾ ਜਾਵੇਗਾ।ਇਸ ਮੌਕੇ ਰੰਗਾ ਰੰਗ ਪ੍ਰੋਗਰਾਮ ਵੀ ਕੀਤਾ ਗਿਆ ਜਿਸ ਵਿੱਚ ਬੱਚਿਆਂ ਨੇ ਡਾਂਸ ਦੇ ਜਰੀਏ ਬਾਬਾ ਸਾਹਿਬ ਦਾ ਜੀਵਨ ਦਰਸਾਇਆ। ਇਸ ਮੌਕੇ ਤੇ ਦਲੀਪ ਹੰਸ ਮੈਂਬਰ ਦਲਿਤ ਵਿਕਾਸ ਬੋਰਡ ਪੰਜਾਬ, ਦਇਆ ਸਿੰਘ ਸਾਬਕਾ ਲੈਕਚਰਾਰ ਐਜੂਕੇਸ਼ਨ ਕੋਆਰਡੀਨੇਟਰ, ਕੁਲਵਿੰਦਰਜੀਤ ਸਿੰਘ ਭਾਟੀਆ ਸੀਨੀਅਰ ਪੱਤਰਕਾਰ, ਸ਼ਿਵ ਕੁਮਾਰ ਕਾਲੀਆ ਸੀਨੀਅਰ ਪੱਤਰਕਾਰ, ਹਲਵਾਈ ਬਿੰਦਰ ਸੱਧੇਵਾਲ, ਰਜਿੰਦਰ ਗਿੱਲ ਅੰਬੇਡਕਰ ਵਿਚਾਰਕ, ਸੰਨੀ ਬੈਂਸ ਪ੍ਰਧਾਨ, ਡਾਕਟਰ ਭਰਤ ਜਸਵਾਲ, ਰਾਹੁਲ ਮੀਨਾ ਸੀਨੀਅਰ ਮੈਨੇਜਰ ਕੈਨਰਾ ਬੈਂਕ, ਕੁਲਦੀਪ ਸਿੰਘ ਬੰਗਾ, ਐਡਵੋਕੇਟ ਰਾਣਾ ਰਣ ਬਹਾਦਰ, ਮਾਸਟਰ ਗੁਰਦਰਸ਼ਨ ਦਰਸ਼ੀ, ਪ੍ਰਧਾਨ ਰਵੀ ਹੰਸ, ਰਾਮ ਧਾਪ, ਐਡਵੋਕੇਟ ਜਗਵੰਤ ਸਿੰਘ ਮੀਆਂਪੁਰੀ, ਦਾਨਿਸ਼ਵੀਰ ਸਿੰਘ ਐਸ ਐਚ ਓ, ਸੋਨੀਆ ਸ਼ਰਮਾ, ਕਾਮਰੇਡ ਕੁਲਦੀਪ, ਰਾਮ ਪ੍ਰਕਾਸ਼ ਚੰਦੇਲ, ਤਜਿੰਦਰ ਕੌਰ ਬੈਂਸ, ਪ੍ਰਦੀਪ ਕੁਮਾਰ ਆਦਿ ਹਾਜ਼ਰ ਸਨ।

ਲਛਮਣ ਸੋਬਤੀ ਸ਼ਹਿਰੀ ਪ੍ਰਧਾਨ ਨਿਯੁਕਤ



ਸ਼ਾਹਕੋਟ (ਗਿਆਨ ਸੈਦਪੁਰੀ)-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਵੱਲੋਂ ਪੰਜਾਬ ਦੇ ਵੱਖ ਵੱਖ ਹਲਕਿਆਂ ਦੇ ਵਿੱਚ ਬਲਾਕ ਪ੍ਰਧਾਨਾਂ ਅਤੇ ਸ਼ਹਿਰੀ ਪ੍ਰਧਾਨਾਂ ਦੀ ਨਿਯੁਕਤੀ ਦੀ ਲਿਸਟ ਜਾਰੀ ਕੀਤੀ ਗਈ ਹੈ। ਜਿਸ ਵਿੱਚ ਹਲਕਾ ਸ਼ਾਹਕੋਟ ਦੇ ਸ਼ਾਹਕੋਟ ਸ਼ਹਿਰ ਤੋਂ ਲਛਮਣ ਸੋਬਤੀ ਨੂੰ ਸ਼ਹਿਰੀ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਸੋਬਤੀ ਵੱਲੋਂ ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਹਲਕਾ ਵਿਧਾਇਕ ਅਤੇ ਜ਼ਿਲ੍ਹਾ ਪ੍ਰਧਾਨ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਨੇ ਜੋ ਉਹਨਾਂ ਨੂੰ ਜਿੰਮੇਵਾਰੀ ਸੌਂਪੀ ਹੈ, ਉਹ ਉਸ ਜੁੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਗੇ। ਉਹਨਾਂ ਕਿਹਾ ਉਹ ਮਿਸ਼ਨ 2027 ਲਈ ਪਹਿਲਾਂ ਵੀ ਸਰਗਰਮ ਸਨ ਪਰ ਅੱਜ ਤੋਂ ਪਾਰਟੀ ਗਤੀਵਿਧੀਆਂ ਨੂੰ ਵਧੇਰੇ ਤੇਜ਼ੀ ਦਿੱਤੀ ਜਾਵੇਗੀ।ਇਸ ਮੌਕੇ ਨਵ ਨਿਯੁਕਤ ਸ਼ਹਿਰੀ ਪ੍ਰਧਾਨ ਲਛਮਣ ਸੋਬਤੀ ਨੇ ਸੁਖਦੀਪ ਸਿੰਘ ਕੰਗ ਪੀ ਏ, ਗੁਲਜ਼ਾਰ ਸਿੰਘ ਥਿੰਦ ਪ੍ਰਧਾਨ ਨਗਰ ਪੰਚਾਇਤ ਸ਼ਾਹਕੋਟ ਅਤੇ ਸੁਰਿੰਦਰਜੀਤ ਸਿੰਘ ਚੱਠਾ ਬਲਾਕ ਪ੍ਰਧਾਨ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

ਡਾ. ਅੰਬੇਡਕਰ ਦੇ ਦੱਸੇ ਹੋਏ ਰਸਤੇ 'ਤੇ ਚੱਲਣ ਦੀ ਲੋੜ : ਇੰਦਰਜੀਤ ਕੌਰ ਮਾਨ

ਨਕੋਦਰ (ਮਨਜੀਤ ਮਾਨ)-ਨਕੋਦਰ ਦੇ ਅੰਬੇਡਕਰ ਚੌਂਕ ਨਕੋਦਰ ਵਿਖੇ ਡਾ. ਭੀਮ ਰਾਓ ਅੰਬੇਦਕਰ ਦੀ 135ਵੀਂ ਜਯੰਤੀ ਹਲਕਾ ਨਕੋਦਰ ਦੇ ਐੱਮ ਐੱਲ ਏ ਇੰਦਰਜੀਤ ਕੌਰ ਮਾਨ ਦੀ ਅਗਵਾਈ ਵਿੱਚ ਮਨਾਈ ਗਈ। ਸਭ ਤੋਂ ਪਹਿਲਾਂ ਇੰਦਰਜੀਤ ਕੌਰ ਮਾਨ ਤੇ ਉਹਨਾਂ ਦੀ ਪੂਰੀ ਨਕੋਦਰ ਟੀਮ ਨੇ ਬਾਬਾ ਸਾਹਿਬ ਅੰਬੇਦਕਰ ਦੇ ਬੁੱਤ ਤੇ ਫੁੱਲ ਮਾਲਾਵਾਂ ਭੇਟ ਕੀਤੀਆਂ ਤੇ ਇਸ ਤੋਂ ਬਾਅਦ ਲੱਡੂ ਵੰਡ ਕੇ ਖੁਸ਼ੀ ਮਨਾਈ ਗਈ। ਇੰਦਰਜੀਤ ਕੌਰ ਮਾਨ ਨੇ ਪ੍ਰੈਸ ਵਾਰਤਾ ਰਾਹੀਂ ਜਾਣਕਾਰੀ ਦਿੰਦੇ ਹੋਏ ਕਿਹਾ ਸਾਨੂੰ ਸਾਰਿਆਂ ਨੂੰ ਓਹਨਾ ਦੇ ਦਰਸਾਏ ਮਾਰਗ ਤੇ ਚਲਣ ਦੀ ਬਹੁਤ ਜਿਆਦਾ ਜ਼ਰੂਰਤ ਹੈ ਕਿਉਂਕਿ ਇਸ ਨਾਲ ਹੀ ਸਮਾਜ ਤਰੱਕੀ ਕਰਦਾ ਹੈ ਤੇ ਸਮਾਜ ਵਿਚ ਸਮਾਨਤਾ ਤੇ ਨਿਆਂ ਸਥਾਪਿਤ ਕੀਤਾ ਜਾ ਸਕਦਾ ਹੈ। ਐਮ ਐਲ ਏ ਇੰਦਰਜੀਤ ਕੌਰ ਮਾਨ ਦੀ ਨਕੋਦਰ ਟੀਮ ਜਿਸ ਵਿੱਚ ਸ਼ਾਂਤੀ ਸਰੂਪ ਸਟੇਟ ਸੈਕਟਰੀ ਸੀ ਐਸ ਟੀ ਵਿੰਗ, ਬਲਦੇਵ ਸਹੋਤਾ, ਨਰੇਸ਼ ਕੁਮਾਰ, ਜਸਵੀਰ ਸਿੰਘ ਧੰਜਲ ਹਲਕਾ ਸੰਗਠਨ ਇੰਚਾਰਜ, ਰਵੀ ਕੁਮਾਰ ਬਸਰਾ, ਰਮੇਸ਼ ਸੋਧੀ, ਪਰਥਰਾਜ ਰਾਜਾ ਸਾਬਕਾ ਐੱਮ ਸੀ, ਸੁਖਵਿੰਦਰ ਗਡਵਾਲ, ਹੈਪੀ ਸੀਓ ਵਾਲ, ਹਿਮਾਂਸ਼ੂ ਜੈਨ, ਅਸ਼ਵਨੀ ਕੋਹਲੀ,ਬੀ. ਕੇ ਜੀ, ਸੰਜੀਵ ਆਹੂਜਾ, ਬੋਬੀ ਭੱਟੀ, ਬੋਬੀ ਸ਼ਰਮਾ, ਵਿੱਕੀ ਭਗਤ, ਗੀਤਾ ਬਸਰਾ, ਅਜੇ ਵਰਮਾ, ਅਰੁਣ ਕੁਮਾਰ ਲੱਕੀ, ਚੰਦਰਭੂਸ਼ਣ ਤਿਵਾੜੀ ਮੌਜੂਦ ਸਨ। ਇਸ ਮੌਕੇ ਤੇ ਮੰਗਤ ਕਲੇਰ ਦਾ ਵਿਸ਼ੇਸ਼ ਯੋਗਦਾਨ ਰਿਹਾ।

ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਨ ਮਨਾਇਆ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਬਹੁ-ਰੰਗ ਕਲਾਮੰਚ ਹੁਸ਼ਿਆਰਪੁਰ ਵੱਲੋਂ ਮਾਈ ਭਾਰਤ ਹੁਸ਼ਿਆਰਪੁਰ ਦੇ ਜ਼ਿਲ੍ਹਾ ਯੁਵਾ ਅਧਿਕਾਰੀ ਦੇ ਦਿਸ਼ਾ-ਨਿਰਦੇਸ਼ ਉਪਰ ਡਾ. ਭੀਮ ਰਾਓ ਅੰਬੇਡਕਰ ਦੇ 135ਵੇਂ ਜਨਮ ਦਿਨ ਤੇ ਸਥਾਨਕ ਭਗਤ ਨਗਰ ਦੇ ਬਾਬਾ ਸਾਹਿਬ ਸਮਾਰਕ ਉਪਰ ਡਾ. ਭੀਮ ਰਾਓ ਅੰਬੇਡਕਰ ਨੂੰ ਫੁੱਲਾਂ ਦੇ ਹਾਰ ਪਾ ਕੇ ਮਨਾਇਆ ਗਿਆ। ਇਸ ਮੌਕੇ ਤੇ ਸਿੱਖਿਆ ਵਿਭਾਗ ਦੇ ਰਿਟਾਇਰਡ ਡਿਪਟੀ ਡਾਇਰੈਕਟਰ ਅਸ਼ਵਨੀ ਕੁਮਾਰ ਦੱਤਾ, ਐੱਮ ਸੀ ਵਰੁਨ ਸ਼ਰਮਾ, ਸਤਿ ਸ੍ਰੀ ਅਕਾਲ ਦੋਆਬਾ ਦੇ ਪ੍ਰਧਾਨ ਰਮੇਸ਼ ਕੁਮਾਰ ਅਜਤੇ ਬਹੁ-ਰੰਗ ਕਲਾ ਮੰਚ ਦੇ ਸਰਪ੍ਰਸਤ ਨਿਰਦੇਸ਼ਕ ਅਸ਼ੋਕ ਪੁਰੀ ਵਿਸ਼ੇਸ਼ ਤੌਰ ਤੇ ਹਾਜ਼ਿਰ ਹੋਏ। ਬਾਬਾ ਸਾਹਿਬ ਡਾ: ਭੀਮ ਰਾਓ ਅੰਬੇਡਕਰ ਨੂੰ ਫੁੱਲਾਂ ਦੇ ਹਾਰ ਪਾਉਣ ਉਪਰੰਤ ਅਸ਼ੋਕ ਪੁਰੀ ਨੇ ਕਿਹਾ ਕਿ ਡਾ. ਅੰਬੇਡਕਰ ਦੀ ਵਿਚਾਰ ਧਾਰਾ ਸਾਰੇ ਭਾਰਤੀ ਰਾਸ਼ਟਰ ਨੂੰ ਇੱਕ ਮੰਨਣ ਦੀ ਹੈ, ਉਹ ਇੱਕ ਜੁਝਾਰੂ ਨੇਤਾ, ਵਧੀਆ ਅਰਥ ਸ਼ਾਸਤਰੀ, ਵਿਦਿਆ ਸ਼ਾਸਤਰੀ, ਸੰਪਾਦਕ, ਸਮਾਜ ਸੁਧਾਰਕ ਅਤੇ ਸੰਵਿਧਾਨ ਦੇ ਰਚੇਤਾ ਸਨ। ਇਸ ਉਪਰੰਤ ਰਿਟਾਇਰਡ ਡਿਪਟੀ ਡਾਇਰੈਕਟਰ ਅਸ਼ਵਨੀ ਕੁਮਾਰ ਦੱਤਾ ਨੇ ਕਿਹਾ ਕਿ ਬਾਬਾ ਸਾਹਿਬ ਦੀ ਸੋਚ ਦੇ ਭਾਰਤ ਦੀ ਸਿਰਜਣਾ ਅਜੇ ਵੀ ਬਾਕੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਚਾਹੀਦਾ ਹੈ ਕਿ ਅੱਜ ਵੀ ਜੀਵਨ ਦੇ ਪਹਿਲੇ ਸਿਧਾਂਤ ਵਿਦਿਆ ਨੂੰ ਪ੍ਰਮੁੱਖਤਾ ਮਿਲਨੀ ਚਾਹੀਦੀ ਹੈ।

ਯੂਕਰੇਨ ਸਰਹੱਦ 'ਚ ਫਸੇ ਨੌਜਵਾਨ ਦੇ ਪਰਵਾਰ ਵੱਲੋਂ ਸੀਚੇਵਾਲ ਨਾਲ ਮੁਲਾਕਾਤ

ਗਗਨਦੀਪ ਦੀ ਸੁਰੱਖਿਅਤ ਵਾਪਸੀ ਲਈ ਲਗਾਈ ਮਦਦ ਦੀ ਗੁਹਾਰ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)

ਰੂਸ-ਯੂਕਰੇਨ ਵਿਚਾਲੇ ਚੱਲ ਰਹੇ ਭਿਆਨਕ ਯੁੱਧ ਨੇ ਇੱਕ ਹੋਰ ਪਰਵਾਰ ਨੂੰ ਗੰਭੀਰ ਸੰਕਟ ਵਿੱਚ ਧੱਕ ਦਿੱਤਾ ਹੈ। ਪਟਿਆਲਾ ਦਾ ਹੋਣਹਾਰ 35 ਸਾਲਾ ਦੋ ਭੈਣਾ ਦਾ ਸਹਾਰਾ ਨੌਜਵਾਨ ਗਗਨਦੀਪ ਸਿੰਘ, ਜੋ ਉਚੇਰੀ ਸਿੱਖਿਆ ਦੇ ਸੁਪਨੇ ਲੈ ਕੇ ਰੂਸ ਗਿਆ ਸੀ, ਜੰਗ ਦੇ ਮੈਦਾਨ ਵਿੱਚ ਮੌਤ ਦੇ ਸਾਏ ਹੇਠ ਫਰੰਟਲਾਇਨ ਤੇ ਜੰਗ ਲੜਨ ਲਈ ਮਜਬੂਰ ਹੈ। ਇਸ ਬਾਰੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਵਿਦੇਸ਼ ਮੰਤਰਾਲੇ ਨੂੰ ਪੱਤਰ ਲਿਖਕੇ ਗਗਨਦੀਪ ਦੀ ਸੁਰੱਖਿਅਤ ਭਾਰਤ ਵਾਪਸੀ ਲਈ ਅਪੀਲ ਕੀਤੀ ਗਈ ਹੈ।ਪੀੜਤ ਪਰਿਵਾਰ ਨੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨਾਲ ਨਿਰਮਲ ਕੁਟੀਆ ਸੁਲਤਾਨਪੁਰ ਲੋਧੀ ਵਿਖੇ ਮੁਲਾਕਾਤ ਦੌਰਾਨ ਦੱਸਿਆ ਕਿ ਗਗਨਦੀਪ ਨੂੰ ਨੌਕਰੀ ਦਾ ਝਾਂਸਾ ਦੇ ਕੇ ਧੋਖੇ ਨਾਲ ਰੂਸ ਆਰਮੀ ਵਿੱਚ ਭਰਤੀ ਕਰਵਾ ਦਿੱਤਾ ਗਿਆ ਸੀ। ਗਗਨਦੀਪ ਦੀ ਭੈਣ ਲਖਵਿੰਦਰ ਕੌਰ ਨੇ ਦੱਸਿਆ ਕਿ ਗਗਨਦੀਪ ਐੱਮ ਏ ਕਰਨ ਤੋਂ ਬਾਅਦ ਜੂਨ 2025 ਵਿੱਚ ਉਚੇਰੀ ਸਿੱਖਿਆ ਲਈ ਸਟੱਡੀ ਵੀਜ਼ੇ ਤੇ ਰੂਸ ਗਿਆ ਸੀ। ਸ਼ੁਰੂਆਤੀ ਕੁਝ ਮਹੀਨਿਆਂ ਤੱਕ ਉਹ ਪਰਿਵਾਰ ਨਾਲ ਲਗਾਤਾਰ ਸੰਪਰਕ ਵਿੱਚ ਰਿਹਾ, ਪਰ ਸਤੰਬਰ 2025 ਤੋਂ ਬਾਅਦ ਉਸਦਾ ਸੰਪਰਕ ਘੱਟ ਹੋ ਗਿਆ। ਬਾਅਦ ਵਿੱਚ ਮਿਲੇ ਸੰਦੇਸ਼ਾਂ ਰਾਹੀਂ ਪਤਾ ਲੱਗਾ ਕਿ ਉਸ ਨੂੰ ਉਸਦੇ ਹੀ ਸਾਥੀ ਨੇ ਗਾਰਡ ਦੀ ਨੌਕਰੀ ਦਾ ਝਾਂਸਾ ਦੇ ਕੇ ਰਸ਼ੀਅਨ ਆਰਮੀ ਵਿੱਚ ਭਰਤੀ ਕਰਵਾ ਦਿੱਤਾ ਗਿਆ ਹੈ।ਲਖਵਿੰਦਰ ਕੌਰ ਨੇ ਦੱਸਿਆ ਗਗਨਦੀਪ ਪਿਛਲੇ ਲਗਭਗ 7 ਮਹੀਨਿਆਂ ਤੋਂ ਯੂਕਰੇਨ ਯੁੱਧ ਵਿੱਚ ਫਰੰਟਲਾਈਨ 'ਤੇ ਜੰਗ ਲੜਨ ਲਈ ਮਜਬੂਰ ਹੈ, ਜਦਕਿ ਉਸਨੂੰ ਜੰਗ ਦੀ ਕੋਈ ਸਿਖਲਾਈ ਨਹੀਂ ਸੀ। ਉਸਦੇ ਸਾਥੀਆਂ ਦੀ ਮੌਤ ਹੋ ਚੁੱਕੀ ਹੈ, ਜਿਸ ਕਾਰਨ ਗਗਨਦੀਪ ਮਾਨਸਿਕ ਤੌਰ 'ਤੇ ਬਹੁਤ ਪ੍ਰਭਾਵਿਤ ਹੈ। ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ ਕਿ ਇਹ ਮਾਮਲਾ ਉਹ ਜਨਵਰੀ ਮਹੀਨੇ ਤੋਂ ਲਗਾਤਾਰ ਵਿਦੇਸ਼ ਮੰਤਰਾਲੇ ਕੋਲ ਉਠਾ ਰਹੇ ਹਨ। ਉਨ੍ਹਾਂ ਨੇ ਦੱਸਿਆ ਕਿ ਭਾਰਤੀ ਦੂਤਾਵਾਸ ਵੱਲੋਂ ਵੀ ਗਗਨਦੀਪ ਦੀ ਰਿਹਾਈ ਲਈ ਯਤਨ ਜਾਰੀ ਹਨ। ਉਹਨਾਂ ਮੁੜ ਤੋਂ ਭਾਰਤ ਸਰਕਾਰ ਨੂੰ ਅਪੀਲ ਕੀਤੀ ਕਿ ਇਸ ਗੰਭੀਰ ਸਥਿਤੀ ਵਿੱਚ ਤੁਰੰਤ ਦਖਲ ਦਿੱਤਾ ਜਾਵੇ ਅਤੇ ਰੂਸ ਸਰਕਾਰ ਨਾਲ ਸੰਪਰਕ ਕਰਕੇ ਗਗਨਦੀਪ ਸਿੰਘ ਨੂੰ ਸੁਰੱਖਿਅਤ ਤਰੀਕੇ ਨਾਲ ਵਾਪਸ ਭਾਰਤ ਲਿਆਂਦਾ ਜਾਵੇ।

ਸੀਚੇਵਾਲ ਨੇ ਵੱਖ-ਵੱਖ ਪਿੰਡਾਂ ਨੂੰ ਪਾਣੀ ਵਾਲੀਆਂ ਟੈਂਕੀਆਂ ਸੌਂਪੀਆਂ

ਸ਼ਾਹਕੋਟ (ਗਿਆਨ ਸੈਦਪੁਰੀ)

ਨਿਰਮਲ ਕੁਟੀਆ ਸੀਚੇਵਾਲ ਵਿਖੇ ਪਦਮ ਸ੍ਰੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ 5000 ਲੀਟਰ ਪਾਣੀ ਦੀ ਕਪੈਸਿਟੀ ਵਾਲੀਆਂ ਟੈਂਕੀਆਂ ਹਲਕੇ ਦੀਆਂ ਵੱਖ-ਵੱਖ ਪੰਚਾਇਤਾਂ ਨੂੰ ਸੌਂਪੀਆਂ। ਇਸੇ ਸਿਲਸਿਲੇ ਤਹਿਤ ਪਿੰਡ ਸੈਦਪੁਰ ਝਿੜੀ ਦੇ ਸਰਪੰਚ ਤਰਸੇਮ ਸਿੰਘ ਧੰਜੂ ਅਤੇ ਹੋਰ ਪਤਵੰਤਿਆਂ ਨੇ ਪਾਣੀ ਵਾਲੀ ਟੈਂਕੀ ਪ੍ਰਾਪਤ ਕੀਤੀ।ਸੰਤ ਸੀਚੇਵਾਲ ਨੇ ਕਿਹਾ ਕਿ ਪਾਣੀ ਹਰ ਮਨੁੱਖ ਦੀ ਮੁੱਢਲੀ ਲੋੜ ਹੈ।ਇਸ ਲੋੜ ਨੂੰ ਧਿਆਨ ਵਿੱਚ ਰੱਖਦਿਆਂ ਉਹਨਾਂ ਆਪਣੇ ਅਖਤਿਆਰੀ ਕੋਟੇ ਵਿੱਚੋਂ 225 ਟੈਂਕੀਆਂ ਮੁਹੱਈਆ ਕਰਵਾਈਆਂ ਹਨ। ਇਹਨਾਂ ਟੈਂਕੀਆਂ ਦੀ ਕੁਆਲਿਟੀ ਬੜੀ ਸ਼ਾਨਦਾਰ ਹੈ। ਇਹ ਲੰਬਾ ਸਮਾਂ ਖਰਾਬ ਨਹੀਂ ਹੁੰਦੀਆਂ। ਸੰਤ ਸੀਚੇਵਾਲ ਨੇ ਟੈਂਕੀਆਂ ਪ੍ਰਾਪਤ ਕਰਨ ਵਾਲੀਆਂ ਪੰਚਾਇਤਾਂ ਨੂੰ ਟੈਂਕੀਆਂ ਦੀ ਸਾਂਭ ਸੰਭਾਲ ਦਾ ਵਿਸ਼ੇਸ਼ ਧਿਆਨ ਰੱਖਣ ਲਈ ਤਾਗੀਦ ਕੀਤੀ। ਉਹਨਾਂ ਕਿਹਾ ਕਿ ਉਹ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦੇ ਹਨ। ਮਾਨ ਹੁਰੀਂ ਮੈਨੂੰ ਰਾਜ ਸਭਾ ਵਿੱਚ ਲੈ ਕੇ ਗਏ। ਰਾਜ ਸਭਾ ਦਾ ਮੈਂਬਰ ਹੋਣ ਦੀ ਹੈਸੀਅਤ ਵਿੱਚ ਉਹ ਆਪਣੇ ਖੇਤਰ ਦੇ ਲੋਕਾਂ ਦੀ ਸੇਵਾ ਕਰ ਸਕੇ ਹਨ।ਇਸ ਮੌਕੇ ਸ਼ਰਾਇਨ ਬੋਰਡ ਭਗਵਾਨ ਵਾਲਮੀਕ ਤੀਰਥ ਅੰਮ੍ਰਿਤਸਰ ਦੇ ਚੇਅਰਮੈਨ ਬਾਲ ਯੋਗੀ ਬਾਬਾ ਪ੍ਰਗਟ ਨਾਥ, ਏਕ ਉਕਾਂਰ ਚੈਰੀਟੇਬਲ ਟਰਸਟ ਨਿਰਮਲ ਕੁਟੀਆ ਸੀਚੇਵਾਲ ਦੇ ਵਿੱਤ ਸਕੱਤਰ ਸੁਰਜੀਤ ਸਿੰਘ ਸ਼ੈਂਟੀ ਤੇ ਪੀ ਏ ਪਾਲ ਸਿੰਘ ਨੌਲੀ ਵੀ ਮੌਜੂਦ ਸਨ।ਪਿੰਡ ਸੈਦਪੁਰ ਝਿੜੀ ਦੀ ਪੰਚਾਇਤ ਨੂੰ ਟੈਂਕੀ ਮੁਹੱਈਆ ਕਰਵਾਉਣ ਲਈ ਸਰਪੰਚ ਤਰਸੇਮ ਸਿੰਘ ਧੰਜੂ ਤੇ ਅਮਨਦੀਪ ਸਿੰਘ ਸੈਦਪੁਰੀ ਨੇ ਸੰਤ ਸੀਚੇਵਾਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਮਾਨਵਤਾ ਦੀ ਭਲਾਈ ਲਈ ਹਮੇਸ਼ਾ ਤੱਤਪਰ ਰਹਿੰਦੇ ਹਨ। ਇਸੇ ਲਈ ਲੋਕ ਉਹਨਾਂ ਦਾ ਦਿਲੋਂ ਸਤਿਕਾਰ ਕਰਦੇ ਹਨ।ਹੋਰਨਾਂ ਤੋਂ ਇਲਾਵਾ ਕਾਮਰੇਡ ਸਰਬਣ ਕੁਮਾਰ ਬਿੱਲਾ ਪੰਚ, ਵਿਜੇ ਕੁਮਾਰ ਪੰਚ, ਪ੍ਰੀਤਮ ਸਿੰਘ ਸਾਬਕਾ ਸਰਪੰਚ, ਸੰਦੀਪ ਕੁਮਾਰ, ਤਲਵਿੰਦਰ ਸਿੰਘ ਧੰਜੂ, ਸ਼ਾਮ ਲਾਲ ਸਾਬਕਾ ਪੰਚ, ਅਮਰੀਕ ਸਿੰਘ ਜੰਮੂ ਸਾਬਕਾ ਪੰਚ, ਮਨੀ ਆਦਿ ਮੌਜੂਦ ਸਨ।

ਜੇ ਜੇ ਪਬਲਿਕ ਸਕੂਲ ਦਾ ਨਤੀਜਾ ਰਿਹਾ 100 ਫੀਸਦੀ

ਬਲਾਚੌਰ (ਜਸਵਿੰਦਰ ਬੈਂਸ)- ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਿਵੀਜ਼ਨ ਬਲਾਚੌਰ ਦੇ ਨਾਮਵਰ ਵਿਦਿਅਕ ਸੰਸਥਾ ਜੇ ਜੇ ਪਬਲਿਕ ਸਕੂਲ, ਕੰਗਣਾ ਬੇਟ ਦਾ ਨਤੀਜਾ ਸ਼ਾਨਦਾਰ ਰਿਹਾ। ਸਕੂਲ ਦੇ ਪ੍ਰਿੰਸੀਪਲ ਸੁਰਜੀਤ ਸਿੰਘ ਲੋਹਟ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਕੂਲ ਦਾ ਨਤੀਜਾ 100

ਫੀਸਦੀ ਰਿਹਾ ਹੈ ਤੇ ਵਿਦਿਆਰਥੀਆਂ ਨੇ ਬਹੁਤ ਚੰਗੇ ਅੰਕ ਪ੍ਰਾਪਤ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ ਹੈ।ਸਕੂਲ ਦੇ ਨਤੀਜਿਆਂ ਵਿੱਚ ਹੇਠ ਲਿਖੇ ਵਿਦਿਆਰਥੀਆਂ ਨੇ ਪਹਿਲੀਆਂ, ਪੁਜ਼ੀਸ਼ਨਾਂ ਹਾਸਲ ਕੀਤੀਆਂ-ਅਲੀਸ਼ਾ ਬੰਗਾ - 94% ਅੰਕ, ਰਾਜਵੀਰ 92% ਅੰਕ, ਪ੍ਰਭਜੋਤ ਕੌਰ 90% ਅੰਕ, ਸਮਦਿਸ਼ਾ, 90% ਅੰਕ। ਸਕੂਲ ਦੀ ਚੇਅਰਪਰਸਨ ਸੁਸ਼ੀਲਾ ਰਾਣਾ ਅਤੇ ਪ੍ਰਿੰਸੀਪਲ ਸੁਰਜੀਤ ਸਿੰਘ ਲੋਹਟ ਨੇ ਬੱਚਿਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਇਸ ਸ਼ਾਨਦਾਰ ਸਫਲਤਾ ਦੀ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਹ ਨਤੀਜਾ ਅਧਿਆਪਕਾਂ ਦੀ ਮਿਹਨਤ ਅਤੇ ਬੱਚਿਆਂ ਦੀ ਲਗਨ ਦਾ ਸਿੱਟਾ ਹੈ।ਇਸ ਮੌਕੇ ਸਕੂਲ ਦਾ ਸਮੂਹ ਸਟਾਫ ਅਤੇ ਅਧਿਆਪਕ ਜਿਨ੍ਹਾਂ ਵਿੱਚ ਜੈਸਮੀਨ, ਪੂਨਮ ਕੁਮਾਰੀ, ਕੁਸਮ ਕਲੇਰ, ਚਰਨਪ੍ਰੀਤ ਕੌਰ ਆਦਿ ਹਾਜ਼ਰ ਸਨ।

ਡਾ. ਅੰਬੇਡਕਰ ਜਯੰਤੀ ਜੰਗ ਵਿਰੋਧੀ ਦਿਵਸ ਵਜੋਂ ਮਨਾਈ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਪਿੰਡ ਚੰਗੜਵਾਂ ਵਿਖੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੀ ਸਥਾਨਕ ਇਕਾਈ ਨੇ ਡਾ. ਬੀ ਆਰ ਅੰਬੇਦਕਰ ਦੇ ਜਨਮ ਦਿਵਸ 'ਤੇ ਜੰਗ ਵਿਰੋਧੀ ਦਿਵਸ ਮਨਾਇਆ। ਸਾਮਰਾਜੀ ਤਾਕਤਾਂ ਆਪਣੇ

ਡਗਮਗਾ ਰਹੇ ਆਰਥਿਕ ਢਾਂਚੇ ਨੂੰ ਬਚਾਉਣ ਲਈ ਦੁਨੀਆਂ ਨੂੰ ਜੰਗ ਦੀ ਭੱਠੀ 'ਚ ਝੋਂਕ ਰਹੀਆਂ ਹਨ। ਜੰਗ ਦਾ ਸਿੱਧਾ ਅਸਰ ਆਮ ਲੋਕਾਂ 'ਤੇ ਪੈਂਦਾ ਹੈ। ਇਸ ਦੀ ਝਲਕ ਈਰਾਨ ਅਮਰੀਕਾ ਜੰਗ ਦੌਰਾਨ ਭਾਰਤ 'ਚ ਰਸੋਈ ਗੈਸ ਦੀ ਕਿੱਲਤ ਅਤੇ ਵਧਦੀ ਕੀਮਤ ਤੋਂ ਸਾਫ਼ ਮਿਲਦੀ ਹੈ। ਮਨਰੇਗਾ ਵਰਕਰਜ਼ ਯੂਨੀਅਨ ਪੰਜਾਬ ਦੇ ਸੂਬਾ ਕਨਵੀਨਰ ਦੀਪਕ ਤਲਵਾੜਾ ਨੇ ਨੌਜਵਾਨਾਂ ਨੂੰ ਜਥੇਬੰਦ ਹੋਣ ਦਾ ਹੋਕਾ ਦਿੱਤਾ। ਮੌਜੂਦਾ ਰਵਾਇਤੀ ਪਾਰਟੀਆਂ 'ਤੇ ਨੌਜਵਾਨ ਵਿਰੋਧੀ ਨੀਤੀਆਂ ਘੜਨ ਦੇ ਦੋਸ਼ ਲਗਾਏ। ਹੋਰਨਾਂ ਤੋਂ ਇਲਾਵਾ ਰਾਜੇਸ਼ ਕੁਮਾਰ, ਪਵਨ ਕੁਮਾਰ, ਮਨੋਜ ਕੁਮਾਰ, ਲੱਕੀ, ਦਵਿੰਦਰ ਸਿੰਘ, ਮਨਜੀਤ ਸਿੰਘ ਕਤਰਾਲਾ, ਵਿਜੇ ਕੁਮਾਰ, ਅਮਿਤ ਕੁਮਾਰ ਆਦਿ ਹਾਜ਼ਰ ਸਨ।

ਖਾਲਸਾ ਸਾਜਨਾ ਦਿਵਸ ਸ਼ਰਧਾ ਨਾਲ ਮਨਾਇਆ

ਡੇਰਾਬੱਸੀ (ਵਿਨੈ ਕੁਮਾਰ ਜੈਨ)

ਖਾਲਸਾ ਸਾਜਨਾ ਦਿਵਸ ਦੇ ਪਾਵਨ ਮੌਕੇ 'ਤੇ ਗੁਰਦੁਆਰਾ ਦਿਹਾਤੀ ਗੁਰੂ ਸਿੰਘ ਸਭਾ ਮੇਨ ਰੋਡ ਡੇਰਾਬੱਸੀ ਵਿਖੇ ਬਹੁਤ ਹੀ ਸ਼ਰਧਾ ਅਤੇ ਉਤਸ਼ਾਹ ਨਾਲ ਵਿਸ਼ਾਲ ਧਾਰਮਿਕ ਸਮਾਗਮ ਕਰਵਾਏ ਗਏ। ਇਸ ਮੌਕੇ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਉਪਰੰਤ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ, ਜਿਸ ਨਾਲ ਸੰਗਤਾਂ ਨੇ ਆਤਮਿਕ ਸ਼ਾਂਤੀ ਪ੍ਰਾਪਤ ਕੀਤੀ। ਸਮਾਗਮ ਦੌਰਾਨ ਸਿੱਖ ਇਤਿਹਾਸ ਵਿੱਚ ਖਾਲਸਾ ਪੰਥ ਦੀ ਸਥਾਪਨਾ ਦੇ ਮਹੱਤਵ ਨੂੰ ਵੀ ਯਾਦ ਕੀਤਾ ਗਿਆ ਤੇ ਸੰਗਤਾਂ ਨੂੰ ਗੁਰੂ ਸਾਹਿਬਾਨ ਦੇ ਦਰਸਾਏ ਰਸਤੇ 'ਤੇ ਤੁਰਨ ਲਈ ਪ੍ਰੇਰਿਤ ਕੀਤਾ ਗਿਆ।ਇਸ ਦੌਰਾਨ ਗੁਰਦੁਆਰਾ ਸਾਹਿਬ ਦੀ ਪਹਿਲੀ ਮੰਜ਼ਿਲ 'ਤੇ ਬਣਨ ਵਾਲੇ ਵਿਸ਼ਾਲ ਦੀਵਾਨ ਹਾਲ ਦੀ ਸ਼ੁਰੂਆਤ ਵੀ ਕਰਵਾਈ ਗਈ। ਦਮਦਮੀ ਟਕਸਾਲ ਤੋਂ ਪਹੁੰਚੇ ਪੰਜ ਪਿਆਰਿਆਂ ਵੱਲੋਂ ਰਿਵਾਇਤੀ ਤੌਰ 'ਤੇ ਪੰਜ ਇੱਟਾਂ ਰੱਖ ਕੇ ਇਸ ਪਵਿੱਤਰ ਕਾਰਜ ਦਾ ਆਰੰਭ ਕੀਤਾ ਗਿਆ। ਪ੍ਰਬੰਧਕ ਕਮੇਟੀ ਮੁਤਾਬਕ ਇਸ ਇਮਾਰਤ ਦੇ ਨਿਰਮਾਣ 'ਤੇ ਲਗਭਗ ਡੇਢ ਕਰੋੜ ਰੁਪਏ ਦੀ ਲਾਗਤ ਆਵੇਗੀ, ਜਿਸ ਨੂੰ ਸੰਗਤਾਂ ਦੇ ਸਹਿਯੋਗ ਨਾਲ ਪੂਰਾ ਕੀਤਾ ਜਾਵੇਗਾ।ਸਮਾਗਮ ਵਿੱਚ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ, ਸਾਬਕਾ ਵਿਧਾਇਕ ਐਨ ਕੇ ਸ਼ਰਮਾ ਅਤੇ ਭਾਜਪਾ ਦੇ ਆਗੂ ਗੁਰਦਰਸ਼ਨ ਸੈਣੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਨੇ ਗੁਰੂ ਘਰ ਵਿੱਚ ਮੱਥਾ ਟੇਕਦਿਆਂ ਸੰਗਤਾਂ ਨੂੰ ਖਾਲਸਾ ਸਾਜਨਾ ਦਿਵਸ ਦੀਆਂ ਵਧਾਈਆਂ ਦਿੱਤੀਆਂ ਅਤੇ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਸਾਨੂੰ ਆਪਣੇ ਇਤਿਹਾਸ ਅਤੇ ਮੂਲਿਆਂ ਨਾਲ ਜੋੜਦੇ ਹਨ। ਅੰਤ ਵਿੱਚ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਕੈਂਸਰ ਸੰਬੰਧੀ ਫਰੀ ਚੈਕਅੱਪ ਟੈਸਟ ਤੇ ਮੈਡੀਕਲ ਕੈਂਪ ਭਲਕੇ

ਮੁਹਾਲੀ (ਗੁਰਜੀਤ ਬਿੱਲਾ)-ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਵਰਲਡ ਕੈਂਸਰ ਕੇਅਰ ਚੈਰੀਟੇਬਲ ਟਰੱਸਟ ਦੇ ਸਹਿਯੋਗ ਨਾਲ ਕੈਂਸਰ ਸਬੰਧੀ ਫਰੀ ਚੈਕਅੱਪ ਟੈਸਟ ਅਤੇ ਮੈਡੀਕਲ ਕੈਂਪ ਦਾ ਆਯੋਜਨ 17 ਅਪ੍ਰੈਲ ਨੂੰ ਸਵੇਰੇ 10 ਵਜੇ ਤੋਂ ਦੁਪਿਹਰ 4 ਵਜੇ ਤੱਕ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਅਤੇ ਸਤਵਿੰਦਰ ਸਿੰਘ ਸੌਂਧੀ ਨੇ ਦੱਸਿਆ ਕਿ ਇਸ ਕੈਂਪ ਵਿੱਚ ਕੈਂਸਰ ਦੀ ਜਾਂਚ ਲਈ ਔਰਤਾਂ ਦੀ ਛਾਤੀ ਲਈ ਮੈਮੋਗ੍ਰਾਫੀ ਟੈਸਟ, ਔਰਤਾਂ ਦੀ ਬੱਚੇਦਾਨੀ ਲਈ ਟੈਸਟ, ਪੈਪ ਸਮੀਅਰ ਟੈਸਟ, ਪੀ ਐਸ ਏ ਟੈਸਟ, ਮੂੰਹ ਅਤੇ ਗੱਲੇ ਦੀ ਜਾਂਚ ਲਈ ਟੈਸਟ, ਮਰਦਾਂ ਦੇ ਗਦੂਦਾਂ ਦੀ ਜਾਂਚ ਲਈ ਟੈਸਟ, ਖੂਨ ਦੇ ਕੈਂਸਰ ਦੀ ਜਾਂਚ ਲਈ ਟੈਸਟ ਕੀਤੇ ਜਾਣਗੇ। ਇਸ ਤੋਂ ਇਲਾਵਾ ਸ਼ੁਗਰ ਅਤੇ ਬੀ ਪੀ ਚੈਕਅੱਪ, ਹੱਡੀਆਂ ਦੀ ਜਾਂਚ ਲਈ ਟੈਸਟ, ਜਨਰਲ ਦਵਾਈਆਂ ਅਤੇ ਕੈਂਸਰ ਦੇ ਮਰੀਜਾਂ ਨੂੰ ਸਹੀ ਸਲਾਹ ਦਿੱਤੀ ਜਾਵੇਗੀ।

ਨਿਰੋਗ ਯੋਗ ਸੰਸਥਾ ਨੇ ਵਿਸਾਖੀ ਦਾ ਦਿਹਾੜਾ ਮਨਾਇਆ

ਸ਼ਾਹਕੋਟ (ਗਿਆਨ ਸੈਦਪੁਰੀ)

ਨਿਰੋਗ ਜੋਗ ਸੰਸਥਾ ਰਜਿ. ਸ਼ਾਹਕੋਟ ਵੱਲੋਂ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਯੋਗ ਆਸ਼ਰਮ ਨਵਾਂ ਕਿਲਾ ਰੋਡ ਸ਼ਾਹਕੋਟ ਵਿਖੇ ਵਿਸਾਖੀ ਮੇਲਾ ਕਰਵਾਇਆ ਗਿਆ। ਮੇਲੇ ਵਿੱਚ ਖੂਬ ਰੌਣਕਾਂ ਲੱਗੀਆਂ। ਸਾਰੇ ਪ੍ਰਬੰਧਕਾਂ ਨੇ ਕੇਸਰੀ ਦਸਤਾਰਾਂ ਸਜਾ ਕੇ ਮੇਲੇ ਦੇ ਮਾਹੌਲ ਨੂੰ ਹੋਰ ਦਿਲਚਸਪ ਬਣਾ ਦਿੱਤਾ।ਸਵੇਰ ਵੇਲੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦਾ ਭੋਗ ਪਾਇਆ ਗਿਆ। ਉਪਰੰਤ ਭਾਈ ਕੁਲਵੰਤ ਸਿੰਘ ਮੱਖੂ ਵਾਲਿਆਂ ਦੇ ਕੀਰਤਨੀ ਜਥੇ ਨੇ ਰਸ ਭਿੰਨੇ ਕੀਰਤਨ ਨਾਲ ਨਿਹਾਲ ਕੀਤਾ।ਮੇਲੇ ਦਾ ਅਸਲੀ ਰੰਗ ਬੱਚਿਆਂ ਵੱਲੋਂ ਪੇਸ਼ ਕੀਤੇ ਸੱਭਿਆਚਾਰਕ ਪ੍ਰੋਗਰਾਮ ਨਾਲ ਉਭਰ ਕੇ ਸਾਹਮਣੇ ਆਇਆ। ਮੀਤ ਭੰਗੜਾ ਗਰੁੱਪ ਸ਼ਾਹਕੋਟ ਵੱਲੋਂ ਧਰਮਿੰਦਰ ਸਿੰਘ ਰੂਪਰਾ ਦੀ ਅਗਵਾਈ ਵਿੱਚ ਹੋਏ ਸੱਭਿਆਚਾਰਕ ਪ੍ਰੋਗਰਾਮ ਵਿੱਚ ਪੰਜਾਬ ਦਾ ਰੰਗ ਨਜ਼ਰ ਆਇਆ। ਡਾ. ਨਰੇਸ਼ ਸੱਗੂ ਦੀ ਅਗਵਾਈ ਵਿੱਚ ਮੈਡੀਕਲ ਕੈਂਪ ਲਾਇਆ ਗਿਆ। ਨਿਰੋਗ ਜੋਗ ਸੰਸਥਾ ਦੇ ਸਰਪਰਸਤ ਰਤਨ ਸਿੰਘ ਰੱਖੜਾ, ਸਰਪ੍ਰਸਤ ਹਰਪਾਲ ਸਿੰਘ ਮੈਸਨ, ਬਖਸ਼ੀਸ਼ ਸਿੰਘ ਮਠਾੜੂ ਯੋਗ ਗੁਰੂ, ਜਗਦੀਸ਼ ਰਾਏ ਗੋਇਲ, ਪ੍ਰਧਾਨ ਦੀਪਕ ਸ਼ਰਮਾ, ਵਾਇਸ ਪ੍ਰਧਾਨ ਸੁਰਿੰਦਰ ਸਿੰਘ, ਜਨਰਲ ਸਕੱਤਰ ਰਾਹੁਲ ਠਾਕੁਰ, ਕੈਸ਼ੀਅਰ ਬਿਕਰਮਜੀਤ ਸਿੰਘ ਸੁਖੀਜਾ, ਚਰਨਜੀਤ ਅਰੋੜਾ, ਸੁਖਦੀਪ ਸਿੰਘ, ਸੰਜੀਵ ਪੁਰੀ, ਮੁਕੇਸ਼ ਮਾਥੁਰ ਯੋਗ ਟੀਚਰ, ਸੁਰਿੰਦਰ ਪਾਲ ਸਿੰਘ ਆਦਿ ਨੇ ਆਪੋ ਆਪਣੀਆਂ ਡਿਊਟੀਆਂ ਬਖੂਬੀ ਨਿਭਾਈਆਂ।ਸਟੇਜ ਸਕੱਤਰ ਦੇ ਫਰਜ਼ ਮਾਸਟਰ ਜਤਿੰਦਰ ਪਾਲ ਸਿੰਘ ਜੱਸਲ ਨੇ ਨਿਭਾਏ।ਮੇਲੇ ਵਿੱਚ ਵਿਸ਼ੇਸ਼ ਮਹਿਮਾਨਾਂ ਵਜੋਂ ਰਣਜੀਤ ਕੌਰ ਕਾਕੜ ਕਲਾਂ ਡਾਇਰੈਕਟਰ ਇਨਫੋਟੈਕ ਪੰਜਾਬ, ਨਗਰ ਪੰਚਾਇਤ ਸ਼ਾਹਕੋਟ ਦੇ ਪ੍ਰਧਾਨ ਗੁਲਜਾਰ ਸਿੰਘ ਥਿੰਦ, ਸੁਖਦੀਪ ਸਿੰਘ ਕੰਗ ਪੀ ਏ ਸ਼ਾਮਿਲ ਹੋਏ।ਹੋਰਨਾਂ ਤੋਂ ਇਲਾਵਾ ਸੰਜੀਵ ਸੋਬਤੀ, ਬੰਟੀ ਬੱਠਲਾ ਪ੍ਰਧਾਨ ਵਾਤਾਵਰਨ ਸੁਧਾਰ ਸੋਸਾਇਟੀ, ਲਛਮਣ ਸੋਬਤੀ, ਡਾ. ਰਾਜੇਸ਼ ਚੌਹਾਨ, ਗੁਰਮੀਤ ਕੌਰ ਪ੍ਰਧਾਨ ਮਹਿਲਾ ਸ਼ਕਤੀ, ਮੋਨਿਕਾ ਅਗੱਰਵਾਲ, ਸਤੀਸ਼ ਰਿਹਾਨ ਸਾਬਕਾ ਪ੍ਰਧਾਨ ਨਗਰ ਪੰਚਾਇਤ ਸ਼ਾਹਕੋਟ, ਪ੍ਰਸ਼ੋਤਮ ਪਾਸੀ, ਪਵਨ ਅੱਗਰਵਾਲ ਸਾਬਕਾ ਮੈਂਬਰ ਨਗਰ ਪੰਚਾਇਤ ਸ਼ਾਹਕੋਟ, ਸੋਨੂੰ ਮਿੱਤਲ, ਮਲਕੀਤ ਸਿੰਘ ਜੋਸਨ, ਪੂਰਨ ਸਿੰਘ ਢੇਸੀ, ਰਾਕੇਸ਼ ਚਿਤਕਾਰਾ, ਮਲਕੀਤ ਸਿੰਘ ਢੰਡੋਵਾਲ ਆਦਿ ਮੌਜੂਦ ਸਨ।

ਕੈਬਨਿਟ ਮੰਤਰੀ ਵੱਲੋਂ ਬਾਬਾ ਸਾਹਿਬ ਦਾ ਬੁੱਤ ਸਥਾਪਤ ਕਰਨ ਦਾ ਐਲਾਨ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)- ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਦਿਹਾੜੇ ਮੌਕੇ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਨੇੜੇ ਚਰਨ ਗੰਗਾ ਸਟੇਡੀਅਮ ਵੀ ਆਈ ਪੀ ਪਾਰਕਿੰਗ ਵਿੱਚ ਸ਼ਾਨਦਾਰ ਸਮਾਗਮ ਆਯੋਜਿਤ ਕੀਤਾ ਗਿਆ। ਇਹ ਸਮਾਗਮ ਅਰਸ਼ਵਿੰਦਰ ਕੌਰ ਉੱਘੇ ਸਮਾਜ ਸੇਵੀ ਤੇ ਰਾਜ ਘਈ ਪ੍ਰਧਾਨ ਆਦਿ ਅੰਬੇਡਕਰ ਸਮਾਜ ਵੱਲੋਂ ਉਤਸਾਹ ਨਾਲ ਮਨਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਮੂਲੀਅਤ ਕੀਤੀ। ਸਮਾਗਮ ਦੌਰਾਨ ਜੈ ਭੀਮ ਜੈ ਭਾਰਤ ਦੇ ਨਾਅਰਿਆਂ ਨਾਲ ਪੂਰਾ ਪੰਡਾਲ ਗੂੰਜ ਉੱਠਿਆ ਤੇ ਬਾਬਾ ਸਾਹਿਬ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।ਇਸ ਮੌਕੇ 'ਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਬਾਬਾ ਸਾਹਿਬ ਵੱਲੋਂ ਬਣਾਏ ਗਏ ਭਾਰਤੀ ਸੰਵਿਧਾਨ ਨੇ ਦੇਸ਼ ਦੇ ਹਰ ਨਾਗਰਿਕ ਨੂੰ ਸਮਾਨਤਾ ਦਾ ਅਧਿਕਾਰ ਦਿੱਤਾ ਹੈ।ਉਨ੍ਹਾਂ ਹੋਰ ਦੱਸਿਆ ਕਿ ਪੰਜਾਬ ਸਰਕਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰ ਰਹੀ ਹੈ ਅਤੇ ਸਿੱਖਿਆ ਅਤੇ ਵਿਕਾਸ ਖੇਤਰ ਵਿੱਚ ਅਹਿਮ ਕਦਮ ਚੁੱਕੇ ਗਏ ਹਨ।ਉਨ੍ਹਾਂ ਐਲਾਨ ਕੀਤਾ ਕਿ ਗੁਰੂ ਨਗਰੀ ਵਿੱਚ ਬਾਬਾ ਸਾਹਿਬ ਦਾ 30 ਲੱਖ ਰੁਪਏ ਦੀ ਲਾਗਤ ਨਾਲ ਧਾਤੂ ਬੁੱਤ ਸਥਾਪਿਤ ਕੀਤਾ ਜਾਵੇਗਾ ਤੇ ਅੰਬੇਡਕਰ ਭਵਨ ਦਾ ਵਿਸਤਾਰ ਵੀ ਕੀਤਾ ਜਾਵੇਗਾ।ਸਮਾਗਮ ਦੌਰਾਨ ਬੱਚਿਆਂ ਨੇ ਡਾਂਸ ਅਤੇ ਕਲਾ ਰਾਹੀਂ ਬਾਬਾ ਸਾਹਿਬ ਦੇ ਜੀਵਨ ਨੂੰ ਦਰਸਾਇਆ।

ਬ੍ਰਿਟਿਸ਼ ਲੌਰੀਏਟ ਸਕੂਲ 'ਚ ਵਿਸਾਖੀ ਦਾ ਤਿਉਹਾਰ ਮਨਾਇਆ

ਚੰਡੀਗੜ੍ਹ (ਗੁਰਜੀਤ ਬਿੱਲਾ)- ਬ੍ਰਿਟਿਸ਼ ਲੌਰੀਏਟ ਸਕੂਲ ਵਿੱਚ ਵਿਸਾਖੀ ਦਾ ਤਿਉਹਾਰ ਬੜੇ ਉਤਸ਼ਾਹ ਅਤੇ ਰਵਾਇਤੀ ਢੰਗ ਨਾਲ ਮਨਾਇਆ ਗਿਆ। ਇਹ ਸਮਾਰੋਹ ਸਕੂਲ ਦੀ ਸਮੂਹਿਕ ਅਤੇ ਅਨੁਭਵੀ ਸਿੱਖਿਆ ਪ੍ਰਤੀ ਵਚਨਬੱਧਤਾ ਨੂੰ



ਦਰਸਾਉਂਦਾ ਹੈ, ਜਿਸਦਾ ਮਕਸਦ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਉਣਾ ਹੈ।ਇਸ ਮੌਕੇ ਆਯੋਜਿਤ ਸਮਾਗਮ ਵਿੱਚ ਸੱਭਿਆਚਾਰਕ ਅਮੀਰੀ ਨੂੰ ਦਿਲਚਸਪ ਅਤੇ ਹੁਨਰ-ਅਧਾਰਿਤ ਗਤੀਵਿਧੀਆਂ ਨਾਲ ਸੁਚੱਜੇ ਢੰਗ ਨਾਲ ਜੋੜਿਆ ਗਿਆ, ਜਿਸ ਨਾਲ ਵਿਦਿਆਰਥੀਆਂ ਨੂੰ ਅਰਥਪੂਰਨ ਅਤੇ ਖੁਸ਼ੀਭਰਾ ਅਨੁਭਵ ਪ੍ਰਾਪਤ ਹੋਇਆ। ਵੱਖ-ਵੱਖ ਜਮਾਤਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਕਈ ਰਚਨਾਤਮਕ ਗਤੀਵਿਧੀਆਂ ਵਿੱਚ ਹਿੱਸਾ ਲਿਆ।ਵਿਸਾਖੀ ਥੀਮ 'ਤੇ ਆਧਾਰਿਤ ਵਿਸ਼ੇਸ਼ ਸੈਗਮੈਂਟ ਦੇ ਨਾਲ-ਨਾਲ ਪੈਰਾਗ੍ਰਾਫ ਲਿਖਣ ਤੇ ਪੋਸਟਰ ਬਣਾਉਣ ਦੇ ਮੁਕਾਬਲਿਆਂ ਨੇ ਵਿਦਿਆਰਥੀਆਂ ਵਿੱਚ ਰਚਨਾਤਮਕ ਪ੍ਰਗਟਾਵੇ ਨੂੰ ਉਤਸ਼ਾਹਿਤ ਕੀਤਾ ਅਤੇ ਉਨ੍ਹਾਂ ਦੇ ਸੰਚਾਰ ਤੇ ਆਲੋਚਨਾਤਮਕ ਸੋਚ ਦੇ ਹੁਨਰਾਂ ਨੂੰ ਨਿਖਾਰਿਆ। ਇਸ ਤੋਂ ਇਲਾਵਾ, ਇੱਕ ਇੰਟਰਐਕਟਿਵ ਕੁਇਜ਼ ਮੁਕਾਬਲੇ ਨੇ ਗਿਆਨ-ਨਿਰਮਾਣ ਅਤੇ ਪੁੱਛਗਿੱਛ-ਅਧਾਰਤ ਸਿੱਖਿਆ ਨੂੰ ਹੋਰ ਮਜ਼ਬੂਤ ਕੀਤਾ।

ਸਰਕਾਰ ਹਰ ਨਾਗਰਿਕ ਨੂੰ ਸਿਹਤ ਸੇਵਾਵਾਂ ਦੇਣ ਲਈ ਵਚਨਬੱਧ: ਡਾ. ਬਲਬੀਰ ਸਿੰਘ

ਨਵਾਂਸ਼ਹਿਰ (ਮਨੋਜ ਲਾਡੀ)

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਨਵਾਂਸ਼ਹਿਰ ਦੇ ਮੀਟਿੰਗ ਹਾਲ ਵਿਖੇ

ਜ਼ਿਲ੍ਹਾ ਅਧਿਕਾਰੀਆਂ ਦੀ ਉੱਚ-ਪੱਧਰੀ ਮੀਟਿੰਗ ਕੀਤੀ। ਮੀਟਿੰਗ ਦੌਰਾਨ ਕੈਬਨਿਟ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਨੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ, ਯੁੱਧ ਨਸ਼ਿਆਂ ਵਿਰੁੱਧ ਅਤੇ ਵਾਟਰ/ਵੈਕਟਰ ਬੋਰਨ ਬੀਮਾਰੀਆਂ (ਜਿਵੇਂ ਡੇਂਗੂ/ਮਲੇਰੀਆ) ਦੀ ਰੋਕਥਾਮ ਸਬੰਧੀ ਕੀਤੀ ਗਈ ਪ੍ਰਗਤੀ ਦਾ ਜਾਇਜ਼ਾ ਲਿਆ ਹੈ। ਇਸ ਮੀਟਿੰਗ ਵਿੱਚ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ, ਵਧੀਕ ਡਿਪਟੀ ਕਮਿਸ਼ਨਰ ਅਵਨੀਤ ਕੌਰ, ਐੱਸ ਡੀ ਐੱਮ ਨਵਾਂਸ਼ਹਿਰ ਅਨਮਜਯੋਤ ਕੌਰ, ਐੱਸ ਡੀ ਐੱਮ ਬੰਗਾ ਵਿਪਨ ਭੰਡਾਰੀ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀ ਹਾਜ਼ਰ ਸਨ।ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ ਨੇ ਜ਼ਿਲ੍ਹਾ ਸਿਵਲ ਹਸਪਤਾਲ ਵੱਲੋਂ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਬਣਾਏ ਜਾ ਰਹੇ ਕਾਰਡਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਅਤੇ ਸਬੰਧਤ ਅਧਿਕਾਰੀਆਂ ਨੂੰ ਯੋਜਨਾ ਦੇ ਲਾਭਪਾਤਰੀਆਂ ਦੀ ਰਜਿਸਟ੍ਰੇਸ਼ਨ ਵਧਾਉਣ 'ਤੇ ਵਿਸਥਾਰ ਨਾਲ ਵਿਚਾਰ-ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਮੀਟਿੰਗ ਦਾ ਮੁੱਖ ਮੰਤਵ ਸੂਬੇ ਵਿੱਚ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨਾ ਅਤੇ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਯਕੀਨੀ ਬਣਾਉਣਾ ਹੈ। ਉਨ੍ਹਾਂ ਨੇ ਅਧਿਕਾਰੀਆਂ ਨੂੰ ਕਮਿਊਨਿਟੀ ਵਿੱਚ ਲੋਕਾਂ ਨੂੰ ਜਾਗਰੂਕ ਕਰਨ, ਕੈਂਪ ਲਗਾਉਣ ਅਤੇ ਕਾਮਨ ਸਰਵਿਸ ਸੈਂਟਰਾਂ ਵਿੱਚ ਰਜਿਸਟ੍ਰੇਸ਼ਨ ਵਧਾਉਣ ਲਈ ਨਿਰਦੇਸ਼ ਦਿੱਤੇ।ਮੀਟਿੰਗ ਦੌਰਾਨ ਨਸ਼ਿਆਂ ਵਿਰੁੱਧ ਚੱਲ ਰਹੀ ਮੁਹਿੰਮ ਦੀ ਵੀ ਵਿਸਤ੍ਰਿਤ ਸਮੀਖਿਆ ਕੀਤੀ।

ਡਿਪਟੀ ਕਮਿਸ਼ਨਰ ਨੇ ਡਾ. ਅੰਬੇਡਕਰ ਨੂੰ ਸ਼ਰਧਾ ਦੇ ਫੁੱਲ ਕੀਤੇ ਭੇਟ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਦੀ 135ਵੀਂ ਜੈਅੰਤੀ ਮੌਕੇ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਬਾਬਾ ਸਾਹਿਬ ਦੇ ਬੁੱਤ 'ਤੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਸੱਦਾ ਦਿੱਤਾ ਕਿ ਭਾਰਤ ਰਤਨ ਡਾ. ਅੰਬੇਡਕਰ ਵੱਲੋਂ ਸਿਖਿਅਤ ਬਣੋ ਦੇ ਦਿੱਤੇ ਸੰਕਲਪ ਨੂੰ ਵੱਧ ਤੋਂ ਵੱਧ ਫੈਲਾਅ ਕੇ ਬੱਚਿਆਂ ਨੂੰ ਸਿਖਿਅਤ ਬਣਾਇਆ ਜਾਵੇ ਤਾਂ ਜੋ ਉਨ੍ਹਾਂ ਵਲੋਂ ਸੰਜੋਏ ਸੁਪਨਿਆਂ ਦਾ ਸਮਾਜ ਸਿਰਜਿਆ ਜਾ ਸਕੇ। ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ/ਕਰਮਚਾਰੀਆਂ ਅਤੇ ਬੱਚਿਆਂ ਸਮੇਤ ਲੋਕਾਂ ਨੂੰ ਬਾਬਾ ਸਾਹਿਬ ਦੇ ਜਨਮ ਦਿਵਸ

ਦੀ ਵਧਾਈ ਦਿੰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਬਾਬਾ ਸਾਹਿਬ ਦੇ ਸੰਘਰਸ਼ਮਈ ਜੀਵਨ ਅਤੇ ਸੰਵਿਧਾਨ ਦੇ ਨਿਰਮਾਣ ਵਿਚ ਉਨ੍ਹਾਂ ਦਾ ਵਡਮੁੱਲਾ ਯੋਗਦਾਨ ਦੇਸ਼ ਵਾਸੀਆਂ ਲਈ ਹਮੇਸ਼ਾ ਰਾਹ ਦਸੇਰਾ ਰਹੇਗਾ। ਉਨ੍ਹਾਂ ਕਿਹਾ ਕਿ ਡਾ. ਅੰਬੇਡਕਰ ਵੱਲੋਂ ਦੇਸ਼ ਵਾਸੀਆਂ ਨੂੰ ਦਿੱਤੇ ਸੰਵਿਧਾਨ ਦੀ ਮਿਸਾਲ ਦੁਨੀਆਂ ਭਰ ਵਿਚ ਨਹੀਂ ਮਿਲਦੀ ਜੋ ਕਿ ਸਮਾਨਤਾ, ਨਿਆ, ਮਨੁੱਖੀ ਅਧਿਕਾਰਾਂ, ਔਰਤਾਂ ਦੇ ਹੱਕਾਂ ਅਤੇ ਦੇਸ਼ ਨੂੰ ਇਕ ਮਾਲਾ ਵਿਚ ਪਰੋਣ ਦੀ ਗਵਾਹੀ ਭਰਦਾ ਹੈ।

ਫਾਲਕਨ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ 'ਚ ਵਿਸਾਖੀ ਮਨਾਈ

ਸੁਲਤਾਨਪੁਰ ਲੋਧੀ (ਹਨੀ)-ਫਾਲਕਨ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ 'ਚ ਵਿਸਾਖੀ ਦਾ ਤਿਉਹਾਰ ਬੜੀ ਧੂਮਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਨੇ ਰੰਗ-ਬਿਰੰਗੇ ਪੰਜਾਬੀ ਪਹਿਰਾਵਿਆਂ ਵਿੱਚ ਸ਼ਿਰਕਤ ਕੀਤੀ ਅਤੇ ਸਮਾਗਮ ਦੀ ਰੌਣਕ ਵਧਾਈ। ਸਮਾਗਮ ਦੀ ਸ਼ੁਰੂਆਤ ਪ੍ਰਾਰਥਨਾ ਨਾਲ ਕੀਤੀ ਗਈ, ਜਿਸ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਭੰਗੜਾ ਅਤੇ ਗਿੱਧਾ ਪੇਸ਼ ਕੀਤਾ ਗਿਆ। ਵਿਦਿਆਰਥੀਆਂ ਦੀਆਂ ਰੰਗਾਰੰਗ ਪੇਸ਼ਕਾਰੀਆਂ ਨੇ ਸਭ ਦਾ ਮਨ ਮੋਹ ਲਿਆ। ਇਸ ਤੋਂ ਇਲਾਵਾ ਵਿਸਾਖੀ ਦੇ ਮਹੱਤਵ ਬਾਰੇ ਵੀ ਜਾਣਕਾਰੀ ਦਿੱਤੀ ਗਈ।ਸਕੂਲ ਦੇ ਚੇਅਰਮੈਨ ਕਰਨਲ ਅਜੀਤ ਸਿੰਘ ਢਿੱਲੋਂ ਤੇ ਮੈਨੇਜਿੰਗ ਡਾਇਰੈਕਟਰ ਨਵਦੀਪ ਕੌਰ ਢਿੱਲੋਂ ਨੇ ਵਿਦਿਆਰਥੀਆਂ ਨੂੰ ਵਿਸਾਖੀ ਦੀਆਂ ਵਧਾਈਆਂ ਦਿੱਤੀਆਂ ਤੇ ਇਸ ਤਿਉਹਾਰ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੇ ਸੱਭਿਆਚਾਰ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ।

ਕੁੱਲ ਹਿੰਦ ਕਿਸਾਨ ਸਭਾ ਨੇ ਵਰ੍ਹੇ ਗੰਢ ਮਨਾਈ

ਬੰਗਾ (ਅਵਤਾਰ ਕਲੇਰ)- ਬੰਗਾ ਦੇ ਦੇਸ਼ ਭਗਤ ਨੱਥਾ ਸਿੰਘ ਮੰਢਾਲੀ ਭਵਨ ਦੇ ਕਿਸਾਨ ਆਗੂ ਹਰਬੰਸ ਸਿੰਘ ਮੰਢਾਲੀ ਹਾਲ ਵਿੱਚ ਕਿਸਾਨ ਵਰਕਰਾਂ ਦਾ ਇਕੱਠ ਹੋਇਆ। ਇਸ ਮੌਕੇ ਤੇ ਬੋਲਦਿਆਂ ਰਾਮ ਸਿੰਘ ਨੂਰਪੁਰੀ ਨੇ ਕਿਹਾ ਕਿ 1936 ਤੋਂ ਲੈਕੇ ਹੁਣ ਤੱਕ ਆਲ ਇੰਡੀਆ

ਕਿਸਾਨ ਸਭਾ ਨੇ ਦੇਸ਼ ਵਿਚ ਅਨੇਕਾਂ ਘੋਲ ਲੜੇ ਤੇ ਜਿੱਤੇ ਹਨ।ਕੁੱਲ ਹਿੰਦ ਕਿਸਾਨ ਸਭਾ ਦੇਸ਼ ਵਿਚ ਕਿਸਾਨਾਂ ਦੀ ਸਭ ਤੋਂ ਵੱਡੀ ਜਥੇਬੰਦੀ ਹੈ।ਡੇਢ ਕਰੋੜ ਕਿਸਾਨ ਇਸ ਦੇ ਮੈਂਬਰ ਹਨ ਅਤੇ ਦੇਸ਼ ਦੇ 428 ਜ਼ਿਲ੍ਹਿਆਂ ਵਿਚ ਜ਼ਿਲ੍ਹਾ ਕਮੇਟੀਆਂ ਕੰਮ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਦੇਸ਼ ਦਾ 70 ਪ੍ਰਤੀਸ਼ਤ ਹਿੱਸਾ ਖੇਤੀ ਬਾੜੀ ਤੇ ਨਿਰਭਰ ਹੈ।ਪਰ ਦੇਸ਼ ਵਿੱਚ ਆਜ਼ਾਦੀ ਤੋਂ ਬਾਅਦ ਕੇਂਦਰ ਵਿਚ ਬਣਨ ਵਾਲੀਆਂ ਸਰਕਾਰਾਂ ਨੇ ਦੇਸ਼ ਦੇ ਅੰਨ ਦਾਤਾ ਪ੍ਰਤੀ ਕੋਈ ਉਸਾਰੂ ਪਾਲਸੀਆਂ ਨਹੀਂ ਬਣਾਈਆਂ। ਜਿਸ ਕਰਕੇ ਕਿਸਾਨ ਖ਼ੁਦਕੁਸ਼ੀਆਂ ਦੇ ਰਾਹ ਪੈ ਰਹੇ ਹਨ। ਉਨ੍ਹਾਂ ਕਿਹਾ ਕਿ ਬਿਜਲੀ ਸੋਧ ਬਿੱਲ 2025 ,ਬੀਜ ਸੋਧ ਬਿੱਲ ਕਿਸਾਨਾਂ ਦੇ ਸਿਰ ਤੇ ਤਲਵਾਰ ਦੀ ਤਰ੍ਹਾਂ ਲਟਕ ਰਹੇ ਹਨ। ਇਸ ਲਈ ਕਿਸਾਨ ਜਥੇਬੰਦੀਆਂ ਅਹਿਦ ਕਰਦੀਆਂ ਹਨ ਕਿ ਕਿਸਾਨਾਂ ਦੇ ਹੱਕਾਂ ਲਈ ਸੰਘਰਸ਼ ਜਾਰੀ ਰਹੇਗਾ। ਤਹਿਸੀਲ ਸਕੱਤਰ ਕਮਲਜੀਤ ਰੱਕੜ ਨੇ ਕਿਹਾ ਕਿ ਉਨ੍ਹਾਂ ਦੇ ਪਿੰਡ ਗੋਬਿੰਦਪੁਰ ਵਿਖੇ ਜੋ ਡੰਗਰਾਂ ਦਾ ਹਸਪਤਾਲ ਹੈ ਉਹ ਕਈ ਪਿੰਡਾਂ ਦਾ ਸਾਂਝਾ ਹੈ ਪਰ ਇੱਥੇ ਕੋਈ ਡਾਕਟਰ ਨਹੀਂ ਹੈ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਹੈ ਇੱਥੇ ਜਲਦੀ ਤੋਂ ਜਲਦੀ ਡਾਕਟਰ ਭੇਜਿਆ ਜਾਵੇ। ਇਸ ਮੌਕੇ ਤੇ ਖੇਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਕੁਲਦੀਪ ਝਿੰਗੜ ਤੇ ਕਿਸਾਨ ਆਗੂ ਨਿਰਮਲ ਸਿੰਘ ਨੇ ਵੀ ਸੰਬੋਧਨ ਕੀਤਾ।

ਡਾ. ਅੰਬੇਡਕਰ ਨੇ ਸੰਵਿਧਾਨ ਲਿਖ ਕੇ ਹਰ ਜਾਤੀ ਨੂੰ ਸਮਾਨਤਾ ਦਾ ਹੱਕ ਦਿੱਤਾ : ਗਗਨ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਮਿਥਲੇਸ਼ ਗਰਗ)

ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ ਮਨਾਉਣ ਸਬੰਧੀ ਨੌਜਵਾਨ ਸਭਾ ਪਿੰਡ ਫਿਰੋਜ ਰੋਲੀਆ ਦੇ ਸੰਸਥਾਪਕ ਅਤੇ ਸ਼ਿਵ ਸੈਨਾ ਪੰਜਾਬ ਵੇਟ ਏਰੀਆ ਪ੍ਰਧਾਨ ਤੇ ਜਲੰਧਰ ਯੂਥ ਇੰਚਾਰਜ ਗਗਨ ਪਰੋਜ ਦੀ ਅਗਵਾਈ ਵਿੱਚ ਪਿੰਡ ਪਰੋਜ ਵਿਖੇ ਇੱਕ ਸਮਾਰੋਹ ਦਾ ਆਯੋਜਨ ਕੀਤਾ ਗਿਆ।ਇਸ ਸਮਾਰੋਹ ਵਿੱਚ ਵੱਖ-ਵੱਖ ਧਾਰਮਿਕ ਤੇ ਸਮਾਜਿਕ ਸੰਸਥਾਵਾਂ ਦੇ ਆਗੂਆਂ ਤੋਂ ਇਲਾਵਾ ਸ਼ਿਵ ਸੈਨਾ ਪੰਜਾਬ ਦੇ ਉੱਤਰ ਭਾਰਤ ਪ੍ਰਧਾਨ ਮਿੱਕੀ ਪੰਡਿਤ, ਸ਼ਿਵਮ ਵੈਦ, ਵਿਕਾਸ ਜਸਰਾ, ਗਿੰਦਾ ਪਰੋਜ, ਸੁਖਦੇਵ ਸਿੰਘ ਮੱਟੂ, ਪ੍ਰਿੰਸ ਮੱਟੂ, ਸੰਦੀਪ ਕੁਮਾਰ, ਹਰਮਨ, ਗੋਰਾ ਮੱਟੂ, ਬਲਵੀਰ ਸਿੰਘ, ਅਰਸ਼ ਨੇ ਬਾਬਾ ਸਾਹਿਬ ਅੰਬੇਡਕਰ ਦੀ ਫੋਟੋ ਤੇ ਫੁੱਲਾਂ ਦੀ ਵਰਖਾ ਕਰਦੇ ਹੋਏ ਸਾਰੇ ਲੋਕਾਂ ਨੂੰ ਬਾਬਾ ਸਾਹਿਬ ਦੇ ਜਨਮ ਦਿਨ ਦੀਆਂ ਵਧਾਈਆਂ ਦਿੱਤੀਆਂ।ਸਮਾਰੋਹ 'ਚ ਸ਼ਾਮਿਲ ਇਕੱਠ ਨੂੰ ਸੰਬੋਧਨ ਕਰਦੇ ਹੋਏ ਗਗਨ ਪਰੋਜ ਨੇ ਕਿਹਾ ਕਿ ਬਾਬਾ ਸਾਹਿਬ ਨੇ ਭਾਰਤ ਦਾ ਸੰਵਿਧਾਨ ਲਿਖ ਕੇ ਹਰ ਜਾਤੀ ਨੂੰ ਇੱਕ ਸਮਾਨਤਾ ਦਾ ਹੱਕ ਦਿੱਤਾ ਸੀ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਨੇ ਲੋਕਾਂ ਦੇ ਦਿਲਾਂ ਵਿੱਚ ਇਹ ਭਾਵਨਾ ਜਾਗ੍ਰਿਤ ਕੀਤੀ ਸੀ ਕਿ ਹਰ ਜ਼ੁਲਮ ਦਾ ਨਿਡਰ ਹੋ ਕੇ ਵਿਰੋਧ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਨੂੰ ਸਿਰਫ ਦਲਿਤ ਵਰਗ ਦੇ ਮਸੀਹਾ ਵਜੋਂ ਹੀ ਨਹੀਂ ਜਾਣਿਆ ਜਾਂਦਾ ਸਗੋਂ ਭਾਰਤੀ ਸੰਵਿਧਾਨ ਦੇ ਨਿਰਮਾਤਾ ਅਤੇ ਇੱਕ ਮਹਾਨ ਚਿੰਤਕ ਵਜੋਂ ਵੀ ਸਤਿਕਾਰਿਆ ਜਾਂਦਾ ਹੈ। ਸਮੂਹ ਕਲੱਬ ਮੈਂਬਰਾਂ ਅਤੇ ਮਹਿਮਾਨਾਂ ਨੇ ਬਾਬਾ ਸਾਹਿਬ ਦੇ ਜਨਮ ਦਿਹਾੜੇ ਨੂੰ ਸਮਰਪਿਤ ਵੱਖ-ਵੱਖ ਪਕਵਾਨਾਂ ਦਾ ਲੰਗਰ ਸ਼ਰਧਾਲੂਆਂ ਨੂੰ ਵਰਤਾਇਆ।

ਗੁੱਲਪੁਰ ਦੀ ਪੰਚਾਇਤ ਨੂੰ ਵਿਕਾਸ ਕਾਰਜਾਂ ਲਈ ਦੋ ਲੱਖ ਦਾ ਚੈੱਕ ਭੇਟ

ਬਲਾਚੌਰ (ਜਸਵਿੰਦਰ ਬੈਂਸ)- ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਿਵੀਜ਼ਨ ਬਲਾਚੌਰ ਦੇ ਪਿੰਡ ਗੁਲਪੁਰ ਤੋਂ ਸ਼ਹੀਦ ਸਿਪਾਹੀ ਬਲਜਿੰਦਰ ਸਿੰਘ ਯਾਦਗਾਰੀ ਸਰਕਾਰੀ ਪ੍ਰਾਇਮਰੀ ਸਕੂਲ ਗੁੱਲਪੁਰ ਵਿਖੇ ਐਸ ਐਮ ਸੀ ਤੇ ਗ੍ਰਾਮ ਪੰਚਾਇਤ ਵਲੋਂ ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ । ਇਸ ਵਿੱਚ ਪੜ੍ਹਾਈ, ਖੇਡਾਂ ਤੇ ਸਮਾਜ ਭਲਾਈ ਵਿੱਚ ਨਾਮਣਾ ਖੱਟਣ ਵਾਲੇ ਵਿਦਿਆਰਥੀਆਂ ਤੇ ਪਿੰਡ ਦੇ ਸੱਜਣਾਂ ਨੂੰ ਸਨਮਾਨਿਤ ਕੀਤਾ ਗਿਆ। ਮੈਡਮ ਸੰਤੋਸ਼ ਕਟਾਰੀਆ ਤੇ ਸ੍ਰੀ ਅਸ਼ੋਕ ਕਟਾਰੀਆ ਵਲੋਂ ਵਲੋਂ ਸਕੂਲ ਸਟਾਫ਼, ਐਸ ਐਮ ਸੀ ਤੇ ਗ੍ਰਾਮ ਪੰਚਾਇਤ ਵਲੋਂ ਕੀਤੇ ਯਤਨਾਂ ਦੀ ਸ਼ਲਾਘਾ ਕੀਤੀ ਗਈ ਤੇ ਪਿੰਡ ਦੇ ਵਿਕਾਸ ਕਾਰਜਾਂ ਲਈ ਦੋ ਲੱਖ ਦਾ ਚੈੱਕ ਭੇਟ ਕੀਤਾ ਗਿਆ ।ਇਸ ਸਮੇਂ ਸਰਪੰਚ ਕਸ਼ਮੀਰ ਸਿੰਘ ਖ਼ਾਲਸਾ, ਕੈਪਟਨ ਅਮਰਜੀਤ ਸਿੰਘ, ਪ੍ਰਧਾਨ ਝਲਮਣ ਸਿੰਘ, ਪ੍ਰਧਾਨ ਸੂਬੇਦਾਰ ਜਗਰੂਪ ਸਿੰਘ ਝੱਜ, ਮਾਸਟਰ ਮੋਹਣ ਸਿੰਘ,ਗੁਰਵਿੰਦਰ ਸਿੰਘ ਪੰਚ, ਗੁਰਦੀਪ ਸਿੰਘ ਪੰਚ, ਰੇਸ਼ਮ ਸਿੰਘ ਭਾਲੜੂ, ਯੁੱਧਵੀਰ ਸਿੰਘ ਭਾਲੜੂ, ਰਣਜੀਤ ਸਿੰਘ ਮੱਖਣ, ਐਸ ਐਮ ਸੀ ਚੇਅਰਮੈਨ ਕੁਲਦੀਪ ਕੌਰ, ਸਨੇਹ ਲਤਾ, ਅਮਰਜੀਤ ਕੌਰ, ਪ੍ਰੀਤ ਤੇ ਬੀਬੀ ਅਮਰ ਕੌਰ ਹਾਜ਼ਰ ਸਨ।ਸਰਪੰਚ ਕਸ਼ਮੀਰ ਸਿੰਘ ਖ਼ਾਲਸਾ ਵੱਲੋਂ ਐੱਮ ਐੱਲ ਏ ਤੇ ਆਏ ਹੋਏ ਸੱਜਣਾਂ ਦਾ ਧੰਨਵਾਦ ਕੀਤਾ ਗਿਆ।

ਬਾਬਾ ਬਲਵੰਤ ਸਿੰਘ ਸੰਗੀਤ ਅਕੈਡਮੀ ਦਾ ਉਦਘਾਟਨ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਮਿਥਲੇਸ਼ ਗਰਗ)

ਗੁਰਮਤ ਸੰਗੀਤ ਤੇ ਤੰਤੀ ਸਾਜਾਂ ਦੀ ਸਿੱਖਿਆ ਦੇਣ ਦੇ ਮੰਤਵ ਨਾਲ ਸੰਤ ਬਾਬਾ ਗੁਰਦਿਆਲ ਸਿੰਘ ਦੀ ਸਰਪ੍ਰਸਤੀ ਹੇਠ ਟਾਂਡਾ ਚ ਖੋਲੀ ਗਈ ਬਾਬਾ ਬਲਵੰਤ ਸਿੰਘ ਸੰਗੀਤ ਅਕੈਡਮੀ ਦਾ ਸਿੱਖ ਜਗਤ 'ਚ ਵੱਡਾ ਵਡਮੂਲਾ ਯੋਗਦਾਨ ਰਹੇਗਾ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਖਾਲਸੇ ਦੇ ਜਨਮ ਦਿਹਾੜੇ ਮੌਕੇ ਟਾਂਡਾ 'ਚ ਇਸ ਫਰੀ ਸਗੀਤ ਅਕੈਡਮੀ ਦਾ ਉਦਘਾਟਨ ਕਰਦਿਆਂ ਕੀਤਾ। ਤਪ ਅਸਥਾਨ ਬਾਬਾ ਬਲਵੰਤ ਸਿੰਘ ਵਿਖੇ ਇਸ ਮੌਕੇ ਕਰਵਾਏ ਗਏ ਇੱਕ ਵਿਸ਼ਾਲ ਸਮਾਗਮ ਦੌਰਾਨ ਜਿੱਥੇ ਸੈਂਕੜੇ ਬੱਚਿਆਂ ਨੇ ਤੰਤੀ ਸਾਜਾਂ ਨਾਲ ਨਾਲ ਗੁਰਬਾਣੀ ਕੀਰਤਨ ਕੀਤਾ ਉੱਥੇ ਜਥੇਦਾਰ ਧਾਮੀ ਨੇ ਇਸ ਮਹਾਨ ਉਪਰਾਲੇ ਲਈ ਸਿੱਖ ਸੰਗਤ ਦੇ ਸਨਮੁਖ ਹੁੰਦੇ ਸੰਤ ਬਾਬਾ ਗੁਰਦਿਆਲ ਸਿੰਘ ਹੁਰਾਂ ਦੇ ਇਸ ਪਰਉਪਕਾਰੀ ਕਾਰਜ ਦੀ ਸ਼ਲਾਘਾ ਕੀਤੀ ਤੇ ਪੰਜਾਬ ਦੀਆਂ ਪੰਥਕ ਜਥੇਬੰਦੀਆਂ ਨੂੰ ਅਜਿਹੀਆਂ ਸੰਗੀਤ ਅਕੈਡਮੀਆਂ ਖੋਲਣ ਲਈ ਪ੍ਰੇਰਿਆ। ਇਸ ਮੌਕੇ ਬੋਲਦਿਆਂ ਸੰਤ ਬਾਬਾ ਗੁਰਦਿਆਲ ਸਿੰਘ ਨੇ ਕਿਹਾ ਕਿ ਮੁੱਢ ਤੋਂ ਹੀ ਸਿੱਖ ਬੱਚਿਆਂ ਨੂੰ ਬਾਣੀ ਤੇ ਬਾਣੇ ਦੇ ਧਾਰਨੀ ਬਣਾਉਣ ਤੋਂ ਇਲਾਵਾ ਸ਼ੁੱਧ ਬਾਣੀ ਤਾਂਤੀ ਸਾਜਾਂ ਦੀ ਕਲਾ ਤੇ ਗੁਰਮਤ ਸੰਗੀਤ



ਨਾਲ ਪੂਰਨ ਤੌਰ ਤੇ ਗਿਆਨਵਾਨ ਬਣਾਉਣਾ ਇਹ ਸੰਗੀਤ ਅਕੈਡਮੀ ਦਾ ਮੁੱਖ ਆਦੇਸ਼ ਰਹੇਗਾ। ਸੰਤ ਸਮਾਜ ਵੱਲੋਂ ਸੰਤ ਬਾਬਾ ਗੁਰਦੀਪ ਸਿੰਘ ਖਜਾੜੇ ਵਾਲੇ, ਸੰਤ ਬਾਬਾ ਹਰਜਿੰਦਰ ਸਿੰਘ ਬਰਾੜ, ਸੰਤ ਅਮਰੀਕ ਸਿੰਘ ਭੈਣੀ ਵਾਲੇ, ਸੰਤ ਹਰਵਿੰਦਰ ਸਿੰਘ ਰੌਲੀ ਵਾਲੇ, ਸੰਤ ਮਨਵੀਰ ਸਿੰਘ ਡੇਰਾ ਬਾਬਾ ਨਾਨਕ, ਬਾਬਾ ਗੁਰਨਵੀਨ ਸਿੰਘ ਗੰਗਾ ਨਗਰ ਤੋਂ ਇਲਾਵਾ ਉਸਤਾਦ ਹੀਰਾ ਸਿੰਘ ਰਤਨ, ਜਥੇਦਾਰ ਹਰਮੇਲ ਪ੍ਰਕਾਸ਼ ਸਿੰਘ ਤੇ ਹੋਰ ਅਹਿਮ ਪੰਥਕ ਸ਼ਖ਼ਸ਼ੀਅਤਾਂ ਹਾਜ਼ਰ ਸਨ।

ਪੰਜਾਬ ਸਰਕਾਰ ਨੇ ਕਿਸਾਨਾਂ ਤੇ ਜ਼ਮੀਨ ਮਾਲਕਾਂ ਲਈ ਕੀਤਾ ਰਾਹਤ ਦਾ ਐਲਾਨ

ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)- ਸੂਬੇ ਦੇ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਤੇ ਮੋਹਾਲੀ ਦੇ ਐੱਮ ਐੱਲ ਏ ਕੁਲਵੰਤ ਸਿੰਘ ਮੋਹਾਲੀ ਦੇ ਐਰੋਟ੍ਰੋਪੋਲਿਸ ਪ੍ਰੋਜੈਕਟ ਵਿੱਚ ਜ਼ਮੀਨ ਅਧਿਗ੍ਰਹਿਣ ਨਾਲ ਪ੍ਰਭਾਵਿਤ ਕਿਸਾਨਾਂ/ਜ਼ਮੀਨ ਮਾਲਕਾਂ ਵੱਲੋਂ ਆਪਣੀਆਂ ਸਮੱਸਿਆਵਾਂ ਨੂੰ ਲੈ ਕੇ ਪਿਛਲੇ ਕਈ ਦਿਨਾਂ ਤੋਂ ਗਮਾਡਾ ਦਫ਼ਤਰ ਮੋਹਾਲੀ ਦੇ ਬਾਹਰ ਜਾਰੀ ਭੁੱਖ ਹੜਤਾਲ ਕਿਸਾਨ ਆਗੂਆਂ ਨੂੰ ਜੂਸ ਪਿਲਾ ਕੇ ਅਤੇ ਉਨ੍ਹਾਂ ਵੱਲੋਂ ਰੱਖੀਆਂ ਮੰਗਾਂ ਨੂੰ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਮੰਨਣ ਦਾ ਐਲਾਨ ਕਰਕੇ ਖਤਮ ਕਰਵਾਈ। ਇਸ ਮੌਕੇ ਗਮਾਡਾ ਦੇ ਮੁੱਖ ਪ੍ਰਸ਼ਾਸਕ ਸਾਕਸ਼ੀ ਸਾਹਨੀ ਤੇ ਲੈਂਡ ਐਕੁਜ਼ੀਸ਼ਨ ਅਫ਼ਸਰ ਰੋਹਿਤ ਜਿੰਦਲ ਵੀ ਮੌਜੂਦ ਸਨ।ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਪੰਜਾਬ ਦੀ ਭਗਵੰਤ ਸਿੰਘ ਮਾਨ ਸਰਕਾਰ ਹਮੇਸ਼ਾ ਕਿਸਾਨ ਅਤੇ ਜ਼ਮੀਨ ਮਾਲਕਾਂ ਦੇ ਹਿਤਾਂ ਨੂੰ ਅੱਗੇ ਰੱਖ ਕੇ ਚਲਦੀ ਹੈ। ਸੂਬੇ ਵਿੱਚ ਕੋਈ ਵੀ ਕਿਸਾਨਾਂ ਨਾਲ ਜੁੜਿਆ ਫੈਸਲਾ ਉਨ੍ਹਾਂ ਦੀ ਸਹਿਮਤੀ ਬਿਨਾਂ ਨਹੀਂ ਲਿਆ ਜਾਂਦਾ। ਉਨ੍ਹਾਂ ਕਿਹਾ ਕਿ ਮੋਹਾਲੀ ਵਿੱਚ ਵੀ ਐਰੋਟ੍ਰੋਪੋਲਿਸ ਪ੍ਰੋਜੈਕਟ ਦੇ ਈ, ਐੱਫ, ਜੀ, ਐੱਚ, ਆਈ, ਜੇ ਬਲਾਕਾਂ ਦੇ ਵਿਕਾਸ ਲਈ ਜ਼ਮੀਨ ਅਕਵਾਇਰ ਕਰਨ ਦਾ ਕੰਮ ਵੀ ਕਿਸਾਨਾਂ ਦੀ ਸਹਿਮਤੀ ਨਾਲ ਹੀ ਕੀਤਾ ਜਾਵੇਗਾ।ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਪਣੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਹਰ ਇੱਕ ਵਰਗ ਨਾਲ ਕੀਤੇ ਵਾਅਦੇ ਅਤੇ ਗਾਰੰਟੀਆਂ ਨੂੰ ਪੂਰਾ ਕੀਤਾ ਗਿਆ ਹੈ।

ਡਾ. ਅੰਬੇਡਕਰ ਦੇ ਲਿਖੇ ਸੰਵਿਧਾਨ 'ਤੇ ਸਾਨੂੰ ਸਾਰਿਆਂ ਨੂੰ ਪਹਿਰਾ ਦੇਣਾ ਚਾਹੀਦੈ : ਸੁਰਿੰਦਰ ਜਾਜਾ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਮਿਥਲੇਸ਼ ਗਰਗ)- ਭਗਵਾਨ ਵਾਲਮੀਕਿ ਮੰਦਰ ਵੈਲਫੇਅਰ ਕਮੇਟੀ ਦੇ ਪ੍ਰਧਾਨ ਸੁਰਜੀਤ ਰਾਜਾ ਦੀ ਅਗਵਾਈ ਵਿੱਚ ਭਗਵਾਨ ਵਾਲਮੀਕਿ ਮੰਦਰ ਹਰਸੀ ਪਿੰਡ ਵਿਖੇ ਇੱਕ ਸਮਾਰੋਹ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਡਾ. ਭੀਮ ਰਾਓ ਅੰਬੇਦਕਰ ਦਾ ਜਨਮ ਦਿਹਾੜਾ ਬੜੇ ਉਤਸ਼ਾਹ ਅਤੇ ਸ਼ਰਧਾ ਪੂਰਵਕ ਮਨਾਇਆ ਗਿਆ। ਸਮਾਰੋਹ ਵਿੱਚ ਭਾਰਤੀ ਵਾਲਮੀਕਿ ਧਰਮ ਸਮਾਜ (ਭਾਵਾਧਸ) ਦੇ ਰਾਸ਼ਟਰੀ ਸੰਚਾਲਕ ਸੁਰਿੰਦਰ ਜਾਜਾ ਤੋਂ ਇਲਾਵਾ ਵੱਖ-ਵੱਖ ਸੰਸਥਾਵਾਂ ਦੇ ਆਗੂਆਂ ਨੇ ਭਾਗ ਲਿਆ।ਇਸ ਮੌਕੇ ਤੇ ਇਨ੍ਹਾਂ ਤੋਂ ਇਲਾਵਾ ਸੁਨੀਲ ਜਾਜਾ, ਰਾਜ ਕੁਮਾਰ, ਸੁਰਜੀਤ ਗੀਤਾ, ਬਲਬੀਰ ਬਬਲੀ, ਸੁਨੀਲ ਕੁਮਾਰ, ਅਸ਼ੋਕ ਕੁਮਾਰ, ਕੀਮਤੀ ਲਾਲ, ਰਾਮਪਾਲ, ਕੁਲਦੀਪ ਦੀਪਾ, ਰਮਣ ਸਾਬੀ, ਗੁਰਪ੍ਰੀਤ ਗੋਪੀ, ਸੰਨੀ ਸ਼ਹਿਜ਼ਾਦਾ, ਲਵਦੀਪ ਲੱਬੀ, ਹਰਮੇਸ਼, ਜੈਕੀ, ਵਿਜੇ ਕੁਮਾਰ, ਬਲਰਾਜ, ਜਸਵੀਰ ਯੋਧਾ, ਸੁਰਜੀਤ ਰਾਜਾ, ਸੁਰਿੰਦਰ ਜਾਜਾ ਅਤੇ ਸਮੂਹ ਮੰਦਰ ਕਮੇਟੀ ਮੈਂਬਰਾਂ ਨੇ ਡਾਕਟਰ ਭੀਮ ਰਾਓ ਅੰਬੇਦਕਰ ਦੀ ਮੂਰਤੀ ਤੇ ਫੁੱਲਾਂ ਦਾ ਹਾਰ ਪਾ ਕੇ ਸਾਰਿਆਂ ਨੂੰ ਬਾਬਾ ਸਾਹਿਬ ਦੇ ਜਨਮ ਦਿਹਾੜੇ ਦੀਆਂ ਵਧਾਈਆਂ ਦਿੱਤੀਆਂ।ਸਮਾਰੋਹ ਨੂੰ ਸੰਬੋਧਨ ਕਰਦੇ ਹੋਏ ਰਾਸ਼ਟਰੀ ਸੰਚਾਲਕ ਸੁਰਿੰਦਰ ਜਾਜਾ ਨੇ ਕਿਹਾ ਕਿ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਵੱਲੋਂ ਲਿਖਿਆ ਗਿਆ ਸੰਵਿਧਾਨ 26 ਜਨਵਰੀ 1950 ਵਿੱਚ ਲਾਗੂ ਹੋਇਆ ਸੀ ਜਿਸ ਵਿੱਚ ਬਾਬਾ ਸਾਹਿਬ ਜੀ ਨੇ ਆਪਣੇ ਸੰਵਿਧਾਨ ਵਿੱਚ ਹਰ ਨਾਗਰਿਕ ਨੂੰ ਸਮਾਨਤਾ ਦਾ ਅਧਿਕਾਰ ਦਿੱਤਾ ਸੀ ਅਤੇ ਗਰੀਬ ਦਲਿਤ ਪਿਛੜੀ ਜਾਤੀ ਨੂੰ ਉਨ੍ਹਾਂ ਦੇ ਬਣਦੇ ਹੱਕ ਦਿੱਤੇ ਸਨ। ਉਨ੍ਹਾਂ ਕਿਹਾ ਕਿ ਬੀਤੇ 79 ਸਾਲਾਂ ਤੋਂ ਹਰ ਸਰਕਾਰ ਨੇ ਆਪਣੇ ਸਵਾਰਥਾਂ ਨੂੰ ਪੂਰਾ ਕਰਨ ਲਈ ਅਮੀਰਾਂ ਨੂੰ ਹੋਰ ਅਮੀਰ ਅਤੇ ਗਰੀਬਾਂ ਨੂੰ ਹੋਰ ਗਰੀਬ ਬਣਾ ਦਿੱਤਾ ਹੈ। ਸੁਰਿੰਦਰ ਜਾਜਾ ਨੇ ਕਿਹਾ ਕਿ ਬਾਬਾ ਸਾਹਿਬ ਦੀ ਬਦੌਲਤ ਹੀ ਅੱਜ ਦਲਿਤ ਸਮਾਜ ਅਤੇ ਪਿਛੜੀਆਂ ਜਾਤੀਆਂ ਦੇ ਲੋਕ ਸਮਾਜ ਵਿੱਚ ਸਿਰ ਉਠਾ ਕੇ ਆਪਣੀ ਜ਼ਿੰਦਗੀ ਬਤੀਤ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਭਾਰਤ ਦੇ ਲੋਕਾਂ ਨੂੰ ਖੁਸ਼ਹਾਲ ਨਾਗਰਿਕ ਅਤੇ ਭਾਰਤ ਨੂੰ ਇੱਕ ਮਹਾਨ ਰਾਸ਼ਟਰ ਦੇ ਰੂਪ ਵਿੱਚ ਦੇਖਣਾ ਚਾਹੁੰਦੀ ਹੈ ਤਾਂ ਬਾਬਾ ਸਾਹਿਬ ਜੀ ਦੇ ਲਿਖੇ ਹੋਏ ਸੰਵਿਧਾਨਾਂ ਦੀ ਨੀਤੀ ਨੂੰ ਪੂਰੀ ਤਰ੍ਹਾਂ ਅਪਣਾਵੇ ਤਾਂ ਜੋ ਸਮਾਜ ਦੇ ਹਰ ਵਰਗ ਵਿੱਚ ਖੁਸ਼ਹਾਲੀ ਦਾ ਮਾਹੌਲ ਪੈਦਾ ਹੋ ਸਕੇ।

ਡੇਰਾਬੱਸੀ ਵਿਖੇ ਸ੍ਰੀਮਦ ਭਾਗਵਤ ਕਥਾ ਦਾ ਸ਼ੁਭ ਆਰੰਭ

ਡੇਰਾਬੱਸੀ (ਵਿਨੈ ਕੁਮਾਰ ਜੈਨ)

ਸਥਾਨਕ ਸਰਸਵਤੀ ਵਿਹਾਰ ਸਥਿਤ ਭਗਵਾਨ ਪਰਸ਼ੂਰਾਮ ਭਵਨ ਵਿਖੇ ਸ੍ਰੀ ਰਾਮਲੀਲਾ ਕਮੇਟੀ ਤੇ ਬ੍ਰਾਹਮਣ ਸਭਾ 359 ਵੱਲੋਂ ਭਗਵਾਨ ਪਰਸ਼ੁਰਾਮ ਜਨਮ ਉਤਸਵ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਇਸ ਪਵਿੱਤਰ ਮੌਕੇ 'ਤੇ ਕਰਵਾਏ ਜਾ ਰਹੇ 27ਵੇਂ ਸ੍ਰੀਮਦ ਭਾਗਵਤ ਕਥਾ ਗਿਆਨ ਯੱਗ ਦਾ ਸ਼ੁਭ ਆਰੰਭ ਇੱਕ ਵਿਸ਼ਾਲ ਅਤੇ ਮਨਮੋਹਕ ਕਲਸ਼ ਯਾਤਰਾ ਨਾਲ ਕੀਤਾ ਗਿਆ। ਇਸ ਯਾਤਰਾ ਵਿੱਚ ਇਲਾਕੇ ਦੀਆਂ ਸੈਂਕੜੇ ਮਹਿਲਾਵਾਂ ਨੇ ਰਵਾਇਤੀ ਪਹਿਰਾਵੇ ਵਿੱਚ ਸਿਰਾਂ 'ਤੇ ਕਲਸ਼ ਰੱਖ ਕੇ ਸ਼ਮੂਲੀਅਤ ਕੀਤੀ, ਜਿਸ ਨਾਲ ਪੂਰਾ ਵਾਤਾਵਰਣ ਭਗਤੀ ਦੇ ਰੰਗ ਵਿੱਚ ਰੰਗਿਆ ਗਿਆ। ਕਲਸ਼ ਯਾਤਰਾ ਸ਼ਹਿਰ ਦੇ ਮੁੱਖ ਮਾਰਗਾਂ ਤੋਂ ਹੁੰਦੀ ਹੋਈ ਕਥਾ ਸਥਾਨ 'ਤੇ ਪਹੁੰਚੀ। ਯਾਤਰਾ ਦੌਰਾਨ ਸ਼ਰਧਾਲੂਆਂ ਦਾ ਉਤਸ਼ਾਹ ਦੇਖਣਯੋਗ ਸੀ। ਪੰਜਾਬ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਦੇ ਚੇਅਰਮੈਨ ਸੁਭਾਸ਼ ਸ਼ਰਮਾ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਕਲਸ਼ ਯਾਤਰਾ ਦਾ ਸਵਾਗਤ ਕੀਤਾ। ਯਾਤਰਾ ਦੇ ਮਾਰਗ ਵਿੱਚ ਨੀਲਾ ਭਵਨ ਦੇ ਨੇੜੇ ਭਾਰਤ ਵਿਕਾਸ ਪਰੀਸ਼ਦ ਡੇਰਾਬੱਸੀ ਵੱਲੋਂ ਸ਼ਰਧਾਲੂਆਂ ਲਈ ਜਲਪਾਨ ਅਤੇ ਫਲ-ਫਰੂਟ ਦੀ ਸੇਵਾ ਲਗਾਈ ਗਈ। ਇਸ 27ਵੀਂ ਭਾਗਵਤ ਕਥਾ ਦੇ ਪਹਿਲੇ ਦਿਨ ਵਿਸ਼ਵ ਪ੍ਰਸਿੱਧ ਕਥਾ ਵਿਆਸ ਸਾਧਿਕਾ ਦੇਵੀ ਸ਼੍ਰੀ ਗੌਰਾਂਗੀ ਪ੍ਰਿਆ ਜੀ ਮਹਾਰਾਜ ਨੇ ਆਪਣੀ ਸੁਰੀਲੀ ਅਤੇ ਪ੍ਰਭਾਵਸ਼ਾਲੀ ਸ਼ੈਲੀ ਵਿੱਚ ਕਥਾ ਦਾ ਗਾਇਨ ਸ਼ੁਰੂ ਕੀਤਾ। ਉਨ੍ਹਾਂ ਨੇ ਮੌਜੂਦਾ ਸਮੇਂ ਵਿੱਚ ਅਧਿਆਤਮਿਕਤਾ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਸਭਾ ਦੇ ਪ੍ਰਧਾਨ ਰਵਿੰਦਰ ਵੈਸ਼ਨਵ ਨੇ ਦੱਸਿਆ ਕਿ ਇਹ ਕਥਾ ਸਰਸਵਤੀ ਵਿਹਾਰ ਦੀ ਗਲੀ ਨੰਬਰ 5 ਵਿੱਚ ਸਥਿਤ ਭਗਵਾਨ ਪਰਸ਼ੂਰਾਮ ਭਵਨ ਵਿੱਚ ਲਗਾਤਾਰ ਜਾਰੀ ਰਹੇਗੀ। ਉਨ੍ਹਾਂ ਦੱਸਿਆ ਕਿ 19 ਦਸੰਬਰ ਨੂੰ ਭਗਵਾਨ ਪਰਸ਼ੁਰਾਮ ਜੀ ਦੇ ਜਨਮ ਉਤਸਵ ਦੇ ਸ਼ੁਭ ਦਿਹਾੜੇ 'ਤੇ ਮੰਦਰ ਵਿੱਚ ਵਿਸ਼ੇਸ਼ ਹਵਨ-ਯੱਗ ਕੀਤਾ ਜਾਵੇਗਾ ਅਤੇ ਉਸ ਉਪਰੰਤ ਵਿਸ਼ਾਲ ਭੰਡਾਰਾ ਵਰਤਾਇਆ ਜਾਵੇਗਾ।ਇਸ ਉਦਘਾਟਨੀ ਸਮਾਰੋਹ ਵਿੱਚ ਮਾਸਟਰ ਹਰਬੰਸ ਲਾਲ, ਰਾਕੇਸ਼ ਅਚਿੰਤ, ਅਨਿਲ ਸ਼ਰਮਾ, ਅਸ਼ੋਕ ਸ਼ਰਮਾ, ਬ੍ਰਿਜ ਬਿਹਾਰੀ ਪਾਂਡੇ, ਯੋਗੇਸ਼ ਅਤਰੀ, ਸਤਪਾਲ ਅਤਰੀ, ਗੋਵਿੰਦ ਸ਼ਰਮਾ, ਜਿਤੇਂਦਰ ਅੰਗਰਿਸ਼, ਵਰਿੰਦਰ ਸ਼ਰਮਾ ਤੇ ਹੋਰ ਕਈ ਧਾਰਮਿਕ ਤੇ ਸਮਾਜਿਕ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ।

ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ 'ਤੇ ਚਲਾਨ ਕੱਟੇ

ਬਲਾਚੌਰ / ਪੋਜੇਵਾਲ (ਜਸਵਿੰਦਰ ਬੈਂਸ, ਰਾਮ ਲਾਲ)-ਐੱਸ ਐੱਸ ਪੀ ਤੁਸ਼ਾਰ ਗੁਪਤਾ ਅਤੇ ਡੀ.ਐਸ.ਪੀ. ਸਬ-ਡਿਵੀਜ਼ਨ ਬਲਾਚੌਰ ਹਿੰਮਤ ਮਲਹੋਤਰਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਹੁਕਮਾਂ ਦੀ ਪਾਲਣਾ ਕਰਦਿਆਂ ਅੱਜ ਐਸ.ਐਚ.ਓ. ਸਿਟੀ ਇੰਸਪੈਕਟਰ ਕਮਲ ਤਨੇਜਾ ਦੀ ਅਗਵਾਈ ਵਿੱਚ ਪੁਲਿਸ ਪਾਰਟੀ ਵੱਲੋਂ ਸਿਆਣਾ ਮੋੜ 'ਤੇ ਵਿਸ਼ੇਸ਼ ਨਾਕਾ ਲਗਾਇਆ ਗਿਆ। ਇਸ ਨਾਕੇਬੰਦੀ ਦੌਰਾਨ ਆਉਣ-ਜਾਣ ਵਾਲੇ

ਸ਼ੱਕੀ ਵਾਹਨਾਂ ਅਤੇ ਮਾੜੇ ਅਨਸਰਾਂ ਦੀ ਬਾਰੀਕੀ ਨਾਲ ਚੈਕਿੰਗ ਕੀਤੀ ਗਈ।ਚੈਕਿੰਗ ਅਭਿਆਨ ਦੌਰਾਨ ਪੁਲਿਸ ਵੱਲੋਂ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਵਿਰੁੱਧ ਕਾਰਵਾਈ ਕਰਦਿਆਂ ਮੌਕੇ 'ਤੇ 4 ਚਲਾਨ ਕੱਟੇ ਗਏ। ਇਹ ਚਲਾਨ ਖਾਸ ਤੌਰ 'ਤੇ ਉਨ੍ਹਾਂ ਗੱਡੀਆਂ ਦੇ ਕੀਤੇ ਗਏ ਜਿਨ੍ਹਾਂ ਨੇ ਸ਼ੀਸ਼ਿਆਂ ਦੇ ਅੰਦਰ ਕਾਲੀਆਂ ਜਾਲੀਆਂ ਲਗਾਈਆਂ ਹੋਈਆਂ ਸਨ।ਐੱਸ ਐੱਚ ਓ ਕਮਲ ਤਨੇਜਾ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸ਼ਹਿਰ ਦੀ ਅਮਨ-ਸ਼ਾਂਤੀ ਨੂੰ ਬਰਕਰਾਰ ਰੱਖਣ ਅਤੇ ਮਾੜੇ ਅਨਸਰਾਂ ਨੂੰ ਨੱਥ ਪਾਉਣ ਲਈ ਇਹ ਮੁਹਿੰਮ ਵਿੱਢੀ ਗਈ ਹੈ।

ਪੀ.ਐਸ.ਆਈ.ਈ.ਸੀ. ਨੇ ਉਦਯੋਗਿਕ ਪਲਾਟਾਂ ਲਈ ਮਾਲਕੀ ਹੱਕ ਖੋਲ੍ਹੇ

ਜ਼ੀਰੋ ਸਟੈਂਪ ਡਿਊਟੀ ਨਾਲ ਲੀਜ਼ਹੋਲਡ ਪਲਾਟਾਂ ਨੂੰ ਫ੍ਰੀਹੋਲਡ ਵਿੱਚ ਤਬਦੀਲ ਕਰਾਉਣ ਲਈ ਯਕਮੁਸ਼ਤ ਮੌਕਾ

ਲੀਜ਼ਹੋਲਡ ਪਲਾਟਾਂ ਨੂੰ ਫ੍ਰੀਹੋਲਡ ਵਿੱਚ ਤਬਦੀਲ ਕਰਾਉਣ ਦੇ ਮੁੱਖ ਫ਼ਾਇਦੇ:

1. 30.04.2026 ਤੱਕ ਪ੍ਰਾਪਤ ਹੋਈਆਂ ਅਰਜ਼ੀਆਂ ਲਈ ਲੀਜ਼ਹੋਲਡ ਉਦਯੋਗਿਕ ਸੰਪਤੀਆਂ ਨੂੰ ਫ੍ਰੀਹੋਲਡ ਵਿੱਚ ਤਬਦੀਲ ਕਰਾਉਣ ਸਮੇਂ ਕਨਵੇਐਂਸ ਡੀਡ ਰਜਿਸਟ੍ਰੇਸ਼ਨ 'ਤੇ ਸਟੈਂਪ ਡਿਊਟੀ ਤੋਂ ਯਕਮੁਸ਼ਤ ਮੁਕੰਮਲ ਛੋਟ।
2. ਫ੍ਰੀਹੋਲਡ ਪਲਾਟਾਂ ਲਈ ਪੋਸਟ-ਅਲਾਟਮੈਂਟ ਸੇਵਾਵਾਂ ਨੂੰ ਸਰਲ ਬਣਾ ਕੇ ਇਨ੍ਹਾਂ ਨੂੰ ਸਿਰਫ਼ ਦੋ ਹੈੱਡਾਂ ਵਿੱਚ ਵੰਡਿਆ ਗਿਆ ਹੈ- 5 ਲਾਜ਼ਮੀ ਅਤੇ 18 ਵਿਕਲਪਿਕ ਸੇਵਾਵਾਂ; ਅੱਗੇ ਇਸ ਨੂੰ ਤਿੰਨ ਯੂਨੀਫਾਈਡ ਕੈਟਾਗਿਰੀਜ਼ ਵਿੱਚ ਸ਼ਾਮਲ ਕੀਤਾ ਗਿਆ ਹੈ, ਜਿਸ ਨਾਲ ਅਲਾਟੀਆਂ ਲਈ ਕਾਰੋਬਾਰ ਕਰਨ ਦੀ ਆਸਾਨੀ ਅਤੇ ਕੁਸ਼ਲਤਾ ਵਿੱਚ ਮਹੱਤਵਪੂਰਨ ਸੁਧਾਰ ਹੋਵੇਗਾ।
3. ਫ੍ਰੀਹੋਲਡ ਪਲਾਟਾਂ ਨਾਲ ਸਬੰਧਤ ਸਾਰੀਆਂ ਸੇਵਾਵਾਂ ਲਈ ਸਮਾਂ-ਸੀਮਾਵਾਂ ਨੂੰ ਤਰਕਸੰਗਤ ਬਣਾਇਆ ਅਤੇ ਘਟਾਇਆ ਗਿਆ ਹੈ। ਇਸ ਤੋਂ ਇਲਾਵਾ ਤੇਜ਼ੀ ਨਾਲ ਫ਼ੈਸਲਾ ਲੈਣ ਨੂੰ ਯਕੀਨੀ ਬਣਾਉਣ ਲਈ ਅਜਿਹੇ ਮਾਮਲਿਆਂ ਦੇ ਨਿਪਟਾਰੇ ਲਈ ਅਸਟੇਟ ਅਫਸਰ (ਈ.ਓ.) ਨੂੰ ਉੱਚ ਅਥਾਰਿਟੀ ਵਜੋਂ ਮਨੋਨੀਤ ਕੀਤਾ ਗਿਆ ਹੈ।
4. ਬੈਂਕਾਂ/ਐਨ.ਬੀ.ਐਫ.ਸੀਜ਼ ਕੋਲ ਗਿਰਵੀ ਪਈਆਂ ਲੀਜ਼ਹੋਲਡ ਸੰਪਤੀਆਂ ਫ੍ਰੀਹੋਲਡ ਵਿੱਚ ਤਬਦੀਲ ਕਰਾਉਣ ਦੇ ਯੋਗ ਹੋਣਗੀਆਂ, ਬਸ਼ਰਤੇ ਕਿ ਸਬੰਧਤ ਬੈਂਕ/ਐਨ.ਬੀ.ਐਫ.ਸੀ. ਤੋਂ ਇਤਰਾਜ਼ਹੀਣਤਾ ਸਰਟੀਫਿਕੇਟ (ਐਨ.ਓ.ਸੀ.) ਜਮ੍ਹਾਂ ਕਰਵਾਇਆ ਜਾਵੇ।
5. ਫ੍ਰੀਹੋਲਡ ਪਲਾਟ ਧਾਰਕਾਂ ਨੂੰ ਹਲਫ਼ਨਾਮਿਆਂ ਦੀ ਥਾਂ ਸਵੈ-ਘੋਸ਼ਣਾ ਪੱਤਰ ਜਮ੍ਹਾਂ ਕਰਾਉਣ ਦੀ ਇਜਾਜ਼ਤ ਹੋਵੇਗੀ, ਜਿਸ ਨਾਲ ਪ੍ਰਕਿਰਿਆ ਸਬੰਧੀ ਵੱਖ-ਵੱਖ ਲੋੜਾਂ ਸਰਲ ਬਣਨਗੀਆਂ।
6. ਜਿਨ੍ਹਾਂ ਮਾਮਲਿਆਂ ਵਿੱਚ ਮੌਜੂਦਾ ਲੀਜ਼ਹੋਲਡ ਸਮਝੌਤੇ ਵਿੱਚ ਕੀਮਤ ਵਾਧੇ (ਅਨਅਰਨਡ ਇਨਕ੍ਰੀਜ਼) ਲਈ ਕੋਈ ਉਪਬੰਧ ਨਹੀਂ, ਉੱਥੇ ਫ੍ਰੀਹੋਲਡ ਵਿੱਚ ਤਬਾਦਲੇ ਸਮੇਂ ਇਹ ਲਾਗੂ ਨਹੀਂ ਹੋਵੇਗਾ।
7. ਪਰਿਵਾਰ ਅੰਦਰ ਕੀਤੇ ਜਾਣ ਵਾਲੇ ਤਬਾਦਲਿਆਂ, ਜਿਨ੍ਹਾਂ ਵਿੱਚ ਵਿਰਾਸਤ ਅਤੇ ਅਲਾਟੀ ਦੀ ਮੌਤ ਤੋਂ ਬਾਅਦ ਹੋਣ ਵਾਲੇ ਤਬਾਦਲੇ ਸ਼ਾਮਲ ਹਨ, ਦੇ ਮਾਮਲਿਆਂ ਵਿੱਚ, ਜਦੋਂ ਲੀਜ਼ਹੋਲਡ ਤੋਂ ਫ੍ਰੀਹੋਲਡ ਵਿੱਚ ਤਬਾਦਲੇ ਦਾ ਵਿਕਲਪ ਵਰਤਿਆ ਜਾ ਰਿਹਾ ਹੋਵੇ ਤਾਂ ਕੋਈ ਕੀਮਤ ਵਾਧਾ (ਅਨਅਰਨਡ ਇਨਕ੍ਰੀਜ਼) ਚਾਰਜ ਨਹੀਂ ਲੱਗੇਗਾ।
8. ਜੇਕਰ ਅਰਜ਼ੀਆਂ 30.04.2026 ਨੂੰ ਜਾਂ ਇਸ ਤੋਂ ਪਹਿਲਾਂ ਜਮ੍ਹਾਂ ਕਰਵਾਈਆਂ ਜਾਂਦੀਆਂ ਹਨ ਤਾਂ ਅਲਾਟੀ ਲੀਜ਼ਹੋਲਡ ਤੋਂ ਫ੍ਰੀਹੋਲਡ ਵਿੱਚ ਤਬਾਦਲੇ 'ਤੇ 1,800 ਪ੍ਰਤੀ ਵਰਗ ਗਜ਼ ਦੇ ਹਿਸਾਬ ਨਾਲ ਬੱਚਤ ਲਾਭ ਪ੍ਰਾਪਤ ਕਰ ਸਕਦੇ ਹਨ। ਅਸਲ ਬੱਚਤ ਲਾਭ ਜਗ੍ਹਾ ਅਤੇ ਲਾਗੂ ਕੁਲੈਕਟਰ ਦਰਾਂ ਦੇ ਆਧਾਰ 'ਤੇ ਵੱਖ-ਵੱਖ ਹੋ ਸਕਦੇ ਹਨ।

ਸ. ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ

ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਲਿਮਟਿਡ

ਵਿਸਾਖੀ ਤੇ ਅੰਬੇਡਕਰ ਜਯੰਤੀ ਮੌਕੇ ਵਿਸ਼ੇਸ਼ ਸਭਾ ਕਰਵਾਈ

ਗੁਰਾਇਆ (ਬਿੰਦਰ ਸੁਮਨ)-ਐੱਸ ਟੀ ਐੱਸ ਵਰਲਡ ਸਕੂਲ ਵਿੱਚ ਵਿਸਾਖੀ ਤੇ ਡਾ. ਭੀਮ ਰਾਓ ਅੰਬੇਡਕਰ ਜਯੰਤੀ ਦੇ ਪਾਵਨ ਮੌਕੇ 'ਤੇ ਬਾਰ੍ਹਵੀਂ 'ਏ' ਦੇ ਵਿਦਿਆਰਥੀਆਂ ਵੱਲੋਂ ਇੱਕ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦਾ ਸੰਚਾਲਨ ਹਰਜੋਤ, ਪ੍ਰਭਦੀਪ ਅਤੇ ਸੁਖਲੀਨ ਵੱਲੋਂ ਬੜੇ ਆਤਮਵਿਸ਼ਵਾਸ ਤੇ ਸੁਚੱਜੇ ਢੰਗ ਨਾਲ ਕੀਤਾ ਗਿਆ।ਹਰਲੀਨ ਕੌਰ ਵੱਲੋਂ ਅੱਜ ਦਾ ਵਿਚਾਰ ਪੇਸ਼ ਕੀਤਾ ਗਿਆ, ਜਿਸ ਨੇ ਸਾਰਿਆਂ ਨੂੰ ਪ੍ਰੇਰਿਤ ਕੀਤਾ, ਜਦਕਿ ਪ੍ਰਭਨੂਰ ਕੌਰ ਨੇ ਨਵਾਂ ਸ਼ਬਦ ਉਸ ਦੇ ਅਰਥ ਅਤੇ ਵਾਕ ਸਮੇਤ ਦੱਸ ਕੇ ਵਿਦਿਆਰਥੀਆਂ ਦਾ ਗਿਆਨ ਵਧਾਇਆ। ਸੁਖਮਨਜੀਤ ਕੌਰ ਨੇ ਦੇਸ਼-ਵਿਦੇਸ਼ ਦੀਆਂ ਤਾਜ਼ਾ ਖ਼ਬਰਾਂ ਸਾਂਝੀਆਂ ਕਰਕੇ ਸਾਰਿਆਂ ਨੂੰ ਜਾਗਰੂਕ ਕੀਤਾ।ਕਾਰਜਕ੍ਰਮ ਦਾ ਮੁੱਖ ਆਕਰਸ਼ਣ ਡਾ. ਭੀਮ ਰਾਓ ਅੰਬੇਡਕਰ ਦੇ ਜੀਵਨ 'ਤੇ ਆਧਾਰਿਤ ਨਾਟਕ ਸੀ, ਜਿਸ ਨੂੰ ਜਤਿਨ, ਹਰਜੋਤ, ਪਰਨੀਤ, ਪ੍ਰਭਜੋਤ ਅਤੇ ਰਾਘਵ ਵੱਲੋਂ ਬੜੀ ਪ੍ਰਭਾਵਸ਼ਾਲੀ ਅਦਾਕਾਰੀ ਨਾਲ ਪੇਸ਼ ਕੀਤਾ ਗਿਆ। ਇਸ ਨਾਟਕ ਨੇ ਉਨ੍ਹਾਂ ਦੇ ਸੰਘਰਸ਼, ਸਿੱਖਿਆ ਅਤੇ ਸਮਾਨਤਾ ਦੇ ਸੰਦੇਸ਼ ਨੂੰ ਬਹੁਤ ਹੀ ਸੁੰਦਰ ਢੰਗ ਨਾਲ ਦਰਸਾਇਆ।ਇਸ ਤੋਂ ਇਲਾਵਾ ਗੁਰਲੀਨ ਕੌਰ ਵੱਲੋਂ ਖਾਲਸਾ ਪੰਥ ਬਾਰੇ ਕਵਿਤਾ ਪੇਸ ਕੀਤੀ ਗਈ, ਜਿਸ ਨੇ ਮਾਹੌਲ ਨੂੰ ਭਾਵੁਕ ਬਣਾ ਦਿੱਤਾ। ਭੰਗੜੇ ਦੀ ਉਤਸ਼ਾਹਪੂਰਣ ਪ੍ਰਸਤੁਤੀ ਪਰਨੀਤ, ਪ੍ਰਭਦੀਪ, ਤਰਨਵੀਰ, ਹਰਨੀਤ, ਨਿਹਾਰਿਕਾ, ਦਿਕਸ਼ਾ, ਹਰਜੋਤ ਸਿੰਘ, ਸੁਨਵੀਰ ਸਿੰਘ ਅਤੇ ਹਰਮਨ ਸਿੰਘ ਵੱਲੋਂ ਕੀਤੀ ਗਈ, ਜਿਸ ਨਾਲ ਪੂਰਾ ਮਾਹੌਲ ਖੁਸ਼ੀ ਅਤੇ ਜੋਸ਼ ਨਾਲ ਭਰ ਗਿਆ।ਇਹ ਸਾਰਾ ਪ੍ਰੋਗਰਾਮ ਅਧਿਆਪਕ ਰਾਹੁਲ ਬਤਰਾ ਦੇ ਯੋਗ ਮਾਰਗਦਰਸ਼ਨ ਹੇਠ ਬਹੁਤ ਹੀ ਸੁਚੱਜੇ ਢੰਗ ਨਾਲ ਸਫ਼ਲਤਾਪੂਰਵਕ ਸੰਪੰਨ ਹੋਇਆ।

ਵਿਧਾਇਕ ਵੱਲੋਂ 1 ਕਰੋੜ 60 ਲੱਖ ਦੀ ਲਾਗਤ ਨਾਲ ਤਿਆਰ ਧਰਮਸ਼ਾਲਾ ਲੋਕਾਂ ਨੂੰ ਸਮਰਪਤ

ਡੇਰਾਬਸੀ (ਵਿਨੈ ਕੁਮਾਰ ਜੈਨ)-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਹੇਠ ਹਲਕਾ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਵਾਰਡ ਨੰਬਰ 17, ਡੇਰਾਬੱਸੀ ਵਿੱਚ ਨਗਰ ਕੌਂਸਲ ਦੁਆਰਾ ਤਿਆਰ ਕੀਤੀ ਗਈ ਆਧੁਨਿਕ ਸੁਵਿਧਾਵਾਂ ਨਾਲ ਲੈਸ ਧਰਮਸ਼ਾਲਾ ਦਾ ਸ਼ਾਨਦਾਰ ਉਦਘਾਟਨ ਕਰਕੇ ਇਸ ਨੂੰ ਲੋਕਾਂ ਨੂੰ ਸਮਰਪਿਤ ਕੀਤਾ ਗਿਆ।ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਇਹ ਪ੍ਰੋਜੈਕਟ ਕਰੀਬ 1 ਕਰੋੜ 60 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤਾ ਗਿਆ ਹੈ, ਜਿਸ ਨਾਲ ਇਲਾਕੇ ਦੇ ਵਸਨੀਕਾਂ ਨੂੰ ਇੱਕ ਵਧੀਆ ਸਾਂਝਾ ਸਮਾਗਮ ਰਚਾਉਣ ਵਾਲਾ ਕੇਂਦਰ ਪ੍ਰਾਪਤ ਹੋਇਆ ਹੈ।ਉਨ੍ਹਾਂ ਕਿਹਾ ਕਿ ਧਰਮਸ਼ਾਲਾ ਦੀ ਉਸਾਰੀ ਨਾਲ ਇਲਾਕੇ ਦੇ ਲੋਕਾਂ ਨੂੰ ਵੱਖ-ਵੱਖ ਸਮਾਜਿਕ, ਸੱਭਿਆਚਾਰਕ ਅਤੇ ਧਾਰਮਿਕ ਸਮਾਗਮ ਕਰਨ ਲਈ ਇੱਕ ਉਚਿਤ ਅਤੇ ਸੁਵਿਧਾਜਨਕ ਥਾਂ ਮਿਲੀ ਹੈ। ਇਸ ਨਾਲ ਨਾ ਸਿਰਫ਼ ਲੋਕਾਂ ਦੇ ਸਮਾਗਮ ਆਸਾਨੀ ਨਾਲ ਹੋਣਗੇ, ਸਗੋਂ ਸਮਾਜਿਕ ਏਕਤਾ ਅਤੇ ਭਾਈਚਾਰੇ ਨੂੰ ਵੀ ਹੋਰ ਮਜ਼ਬੂਤੀ ਮਿਲੇਗੀ।ਵਿਧਾਇਕ ਨੇ ਅੱਗੇ ਦੱਸਿਆ ਕਿ ਇਹ ਧਰਮਸ਼ਾਲਾ ਵਿਆਹ ਸਮਾਗਮਾਂ ਲਈ ਮੈਰਿਜ ਪੈਲੇਸ ਵਜੋਂ ਵੀ ਵਰਤੀ ਜਾ ਸਕੇਗੀ, ਜਿਸ ਨਾਲ ਇਲਾਕੇ ਦੇ ਲੋਕਾਂ ਨੂੰ ਵੱਡੇ ਖਰਚ ਤੋਂ ਬਚਤ ਹੋਵੇਗੀ ਅਤੇ ਉਹਨਾਂ ਨੂੰ ਨੇੜੇ ਹੀ ਉਚਿਤ ਥਾਂ ਉਪਲਬਧ ਹੋਵੇਗੀ।ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕ-ਭਲਾਈ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਵੱਡੇ ਪੱਧਰ 'ਤੇ ਕੰਮ ਕੀਤੇ ਜਾ ਰਹੇ ਹਨ ਅਤੇ ਡੇਰਾਬੱਸੀ ਹਲਕੇ ਵਿੱਚ ਵੀ ਵਿਕਾਸ ਕਾਰਜਾਂ ਨੂੰ ਤੇਜੀ ਨਾਲ ਅੱਗੇ ਵਧਾਇਆ ਜਾ ਰਿਹਾ ਹੈ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਭਵਿੱਖ ਵਿੱਚ ਵੀ ਇਲਾਕੇ ਦੇ ਵਿਕਾਸ ਲਈ ਹੋਰ ਅਹਿਮ ਪ੍ਰੋਜੈਕਟ ਲਾਗੂ ਕੀਤੇ ਜਾਣਗੇ।ਇਸ ਮੌਕੇ ਇਲਾਕੇ ਦੇ ਪਤਵੰਤੇ ਵਿਅਕਤੀਆਂ, ਨਗਰ ਕੌਂਸਲ ਦੇ ਅਧਿਕਾਰੀਆਂ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

ਵਿਸਾਖੀ ਨੂੰ ਸਮਰਪਤ ਵਲਟੋਹਾ ਵਿਸ਼ੇਸ਼ ਸਪਲੀਮੈਂਟ

ਵਿਸਾਖੀ ਅਤੇ ਡਾ. ਬੀ ਆਰ ਅੰਬੇਡਕਰ ਦੇ ਜਨਮ ਦਿਨ 'ਤੇ ਵਲਟੋਹਾ ਸਪਲੀਮੈਂਟ ਕੱਢਣ 'ਤੇ ਇਲਾਕਾ ਨਿਵਾਸੀਆਂ ਨੂੰ ਬਹੁਤ-ਬਹੁਤ ਮੁਬਾਰਕਾਂ

ਸਰਵਣ ਸਿੰਘ ਧੁੰਨ
ਐਮ ਐਲ ਏ, ਹਲਕਾ ਖੇਮਕਰਨ

ਸਰਪੰਚ ਜੁਗਰਾਜ ਸਿੰਘ (ਮਿੱਠੂ)
ਦਸ਼ਮੇਸ਼ ਨਗਰ

ਜਸਵਿੰਦਰ ਸਿੰਘ

ਵਿਸਾਖੀ ਅਤੇ ਡਾ. ਬੀ ਆਰ ਅੰਬੇਡਕਰ ਦੇ ਜਨਮ ਦਿਨ 'ਤੇ ਵਲਟੋਹਾ ਸਪਲੀਮੈਂਟ ਕੱਢਣ 'ਤੇ ਇਲਾਕਾ ਨਿਵਾਸੀਆਂ ਨੂੰ ਬਹੁਤ-ਬਹੁਤ ਮੁਬਾਰਕਾਂ

ਰਣਜੀਤ ਸਿੰਘ ਮੈਮੋਰੀਅਲ ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਕੋਟਬੁੱਢਾ (ਤਰਨ ਤਾਰਨ)

ਸੁਖਵਿੰਦਰ ਸਿੰਘ ਭੱਲਾ
ਮੈਨੇਜਿੰਗ ਡਾਇਰੈਕਟਰ

ਬੁੱਢਾ ਸਿੰਘ
ਮੈਨੇਜਿੰਗ ਡਾਇਰੈਕਟਰ

ਵਿਸਾਖੀ ਅਤੇ ਡਾ. ਬੀ ਆਰ ਅੰਬੇਡਕਰ ਦੇ ਜਨਮ ਦਿਨ 'ਤੇ ਵਲਟੋਹਾ ਸਪਲੀਮੈਂਟ ਕੱਢਣ 'ਤੇ ਇਲਾਕਾ ਨਿਵਾਸੀਆਂ ਨੂੰ ਬਹੁਤ-ਬਹੁਤ ਮੁਬਾਰਕਾਂ

ਕਲਗੀਧਰ ਪਬਲਿਕ ਸੀਨੀ. ਸੈਕੰ. ਸਕੂਲ, ਭਿਖੀਵਿੰਡ

ਇੰਦਰਜੀਤ ਸਿੰਘ
ਡਾਇਰੈਕਟਰ

ਵਿਸਾਖੀ ਅਤੇ ਡਾ. ਬੀ ਆਰ ਅੰਬੇਡਕਰ ਦੇ ਜਨਮ ਦਿਨ 'ਤੇ ਵਲਟੋਹਾ ਸਪਲੀਮੈਂਟ ਕੱਢਣ 'ਤੇ ਇਲਾਕਾ ਨਿਵਾਸੀਆਂ ਨੂੰ ਬਹੁਤ-ਬਹੁਤ ਮੁਬਾਰਕਾਂ

ਆਈ ਟੀ ਗਰਲਜ਼ ਕਾਲਜ ਅਲਗੋ ਕੋਠੀ

ਪਰਮਿੰਦਰ ਸਿੰਘ

ਵਿਸਾਖੀ ਅਤੇ ਡਾ. ਬੀ ਆਰ ਅੰਬੇਡਕਰ ਦੇ ਜਨਮ ਦਿਨ 'ਤੇ ਵਲਟੋਹਾ ਸਪਲੀਮੈਂਟ ਕੱਢਣ 'ਤੇ ਇਲਾਕਾ ਨਿਵਾਸੀਆਂ ਨੂੰ ਬਹੁਤ-ਬਹੁਤ ਮੁਬਾਰਕਾਂ

ਗੁਰੂਕੁਲ ਸੀਨੀ. ਸੈਕੰ. ਸਕੂਲ ਭਿੱਖੀਵਿੰਡ

ਲੁਕੇਸ ਮਲਹੋਤਰਾ
ਚੇਅਰਮੈਨ

ਕਾਮਰੇਡ ਕਿਰਨਜੀਤ ਕੌਰ ਵਲਟੋਹਾ
ਸੀ ਪੀ ਆਈ ਬਲਾਕ ਸਕੱਤਰ

ਵਿਸਾਖੀ ਅਤੇ ਡਾ. ਬੀ ਆਰ ਅੰਬੇਡਕਰ ਦੇ ਜਨਮ ਦਿਨ 'ਤੇ ਵਲਟੋਹਾ ਸਪਲੀਮੈਂਟ ਕੱਢਣ 'ਤੇ ਇਲਾਕਾ ਨਿਵਾਸੀਆਂ ਨੂੰ ਬਹੁਤ-ਬਹੁਤ ਮੁਬਾਰਕਾਂ

ਮਰਹੂਮ ਕਾਮਰੇਡ ਕੁਲਵਿੰਦਰ ਸਿੰਘ ਵਲਟੋਹਾ

ਡਾ. ਪਰਵਿੰਦਰ ਸਿੰਘ ਖਾਹਰਾ

ਵਿਸਾਖੀ ਅਤੇ ਡਾ. ਬੀ ਆਰ ਅੰਬੇਡਕਰ ਦੇ ਜਨਮ ਦਿਨ 'ਤੇ ਵਲਟੋਹਾ ਸਪਲੀਮੈਂਟ ਕੱਢਣ 'ਤੇ ਇਲਾਕਾ ਨਿਵਾਸੀਆਂ ਨੂੰ ਬਹੁਤ-ਬਹੁਤ ਮੁਬਾਰਕਾਂ

ਖਾਹਰਾ ਹਸਪਤਾਲ
ਬਹਾਦਰ ਨਗਰ ਰੋਡ, ਵਲਟੋਹਾ
ਮੋਬਾ. 98151-16515

ਜਸਵਿੰਦਰ ਸਿੰਘ
ਐਮ ਡੀ

ਵਿਸਾਖੀ ਅਤੇ ਡਾ. ਬੀ ਆਰ ਅੰਬੇਡਕਰ ਦੇ ਜਨਮ ਦਿਨ 'ਤੇ ਵਲਟੋਹਾ ਸਪਲੀਮੈਂਟ ਕੱਢਣ 'ਤੇ ਇਲਾਕਾ ਨਿਵਾਸੀਆਂ ਨੂੰ ਬਹੁਤ-ਬਹੁਤ ਮੁਬਾਰਕਾਂ

ਬਾਬਾ ਸੰਤ ਖਾਲਸਾ ਪਬਲਿਕ ਹਾਈ ਸਕੂਲ ਤੁਤ, ਤਰਨ ਤਰਨ

ਵਿਸਾਖੀ ਅਤੇ ਡਾ. ਬੀ ਆਰ ਅੰਬੇਡਕਰ ਦੇ ਜਨਮ ਦਿਨ 'ਤੇ ਵਲਟੋਹਾ ਸਪਲੀਮੈਂਟ ਕੱਢਣ 'ਤੇ ਇਲਾਕਾ ਨਿਵਾਸੀਆਂ ਨੂੰ ਬਹੁਤ-ਬਹੁਤ ਮੁਬਾਰਕਾਂ

ਨਛੱਤਰ ਸਿੰਘ ਪੰਨੂ
ਜ਼ਿਲ੍ਹਾ ਪ੍ਰਧਾਨ ਕਿਰਤੀ ਕਿਸਾਨ ਯੂਨੀ.

ਸਤਪਾਲ ਸਿੰਘ ਨੱਥੇਕੇ
ਜ਼ਿਲ੍ਹਾ ਜਨਰਲ ਸਕੱਤਰ ਕਿਰਤੀ ਕਿਸਾਨ ਯੂਨੀ.

ਸੁਖਚੈਨ ਸਿੰਘ ਜ਼ਿਲ੍ਹਾ ਮੀਤ ਪ੍ਰਧਾਨ ਕਿਰਤੀ ਕਿਸਾਨ ਯੂਨੀ.

ਘਰ ਦੀ ਰੌਣਕ

ਪ੍ਰਭਨੂਰ ਸਿੰਘ



ਗੁਰਲੀਨ ਕੌਰ

ਹਰਲੀਨ ਕੌਰ

ਹਰਨੂਰ ਸਿੰਘ

ਗੁਰਨੂਰ ਸਿੰਘ

ਗੁਰਤਾਜ ਸਿੰਘ

ਵਿਸਾਖੀ ਅਤੇ ਡਾ. ਬੀ ਆਰ ਅੰਬੇਡਕਰ ਦੇ ਜਨਮ ਦਿਨ 'ਤੇ ਵਲਟੋਹਾ ਸਪਲੀਮੈਂਟ ਕੱਢਣ 'ਤੇ ਇਲਾਕਾ ਨਿਵਾਸੀਆਂ ਨੂੰ ਬਹੁਤ-ਬਹੁਤ ਮੁਬਾਰਕਾਂ

ਸਵਰਗੀ ਸ. ਗੁਰਮੁੱਖ ਸਿੰਘ
ਸੀਨੀਅਰ ਆਗੂ ਸ਼੍ਰੋਮਣੀ ਅਕਾਲੀ ਦਲ

ਵਿਸਾਖੀ ਅਤੇ ਡਾ. ਬੀ ਆਰ ਅੰਬੇਡਕਰ ਦੇ ਜਨਮ ਦਿਨ 'ਤੇ ਵਲਟੋਹਾ ਸਪਲੀਮੈਂਟ ਕੱਢਣ 'ਤੇ ਇਲਾਕਾ ਨਿਵਾਸੀਆਂ ਨੂੰ ਬਹੁਤ-ਬਹੁਤ ਮੁਬਾਰਕਾਂ

ਸਰਵਣ ਸਿੰਘ ਧੁੰਨ
ਐਮ ਐਲ ਏ, ਹਲਕਾ ਖੇਮਕਰਨ

ਦਲਜੀਤ ਸਿੰਘ ਮੰਡ
ਵਲਟੋਹਾ ਖੁਰਦ

ਵਿਸਾਖੀ ਅਤੇ ਡਾ. ਬੀ ਆਰ ਅੰਬੇਡਕਰ ਦੇ ਜਨਮ ਦਿਨ 'ਤੇ ਵਲਟੋਹਾ ਸਪਲੀਮੈਂਟ ਕੱਢਣ 'ਤੇ ਇਲਾਕਾ ਨਿਵਾਸੀਆਂ ਨੂੰ ਬਹੁਤ-ਬਹੁਤ ਮੁਬਾਰਕਾਂ

ਗੁਰਜੰਟ ਸਿੰਘ
ਸਮਾਜ ਸੇਵਕ ਬਹਾਦਰ ਨਗਰ

ਜਰਨੈਲ ਸਿੰਘ
ਯੂਥ ਅਕਾਲੀ ਆਗੂ ਬਹਾਦਰ ਨਗਰ

ਲੋਹੜੀ ਅਤੇ ਮਾਘੀ ਦੇ ਸ਼ੁਭ ਦਿਹਾੜੇ 'ਤੇ ਵਲਟੋਹਾ ਸਪਲੀਮੈਂਟ ਕੱਢਣ 'ਤੇ ਇਲਾਕਾ ਨਿਵਾਸੀਆਂ ਨੂੰ ਬਹੁਤ-ਬਹੁਤ ਮੁਬਾਰਕਾਂ

ਸਾਹਿਬਜ਼ਾਦਾ ਅਜੀਤ ਸਿੰਘ ਪਬਲਿਕ ਸੀਨੀ. ਸੈਕੰ. ਸਕੂਲ ਵਰਨਾਲਾ
ਹਰਪ੍ਰੀਤ ਸਿੰਘ
ਡਾਇਰੈਕਟਰ

ਧੰਨਵਾਦ

ਸਮੂਹ ਇਲਾਕਾ ਨਿਵਾਸੀ-ਸੱਜਣਾਂ ਮਿੱਤਰਾਂ ਦਾ ਧੰਨਵਾਦ ਜਿਨ੍ਹਾਂ ਇਸ ਨਿਮਾਣੇ ਨੂੰ 'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਸਪਲੀਮੈਂਟ ਪ੍ਰਕਾਸ਼ਤ ਕਰਨ ਵਿੱਚ ਮਦਦ ਕੀਤੀ ਹੈ ਤੇ ਇਸ ਕਾਬਲ ਸਮਝਿਆ ਹੈ। ਆਸ ਕਰਦਾ ਹਾਂ ਕਿ ਅੱਗੇ ਤੋਂ ਵੀ ਦਾਸ ਨੂੰ ਅਖਬਾਰਾਂ ਵਿੱਚ ਬੇਧੜਕ ਹੋ ਕੇ ਲਿਖਣ ਲਈ ਹੌਸਲਾ ਅਫਜ਼ਾਈ ਕਰਦੇ ਰਹੋਗੇ।

ਰਣਜੀਤ ਸਿੰਘ (ਪੱਤਰਕਾਰ ਵਲਟੋਹਾ)
ਮੋਬਾ. 97813-02501